ਸ਼ੁੱਕਰਵਾਰ, 12 ਜੂਨ, 2026
29 ਜੇਠ { ਨਾਨਕਸ਼ਾਹੀ 558
ਬਿਕਰਮੀ 2083 }
ਜਿਲਦ/VOL. : 75
ਅੰਕ/NO. : 11

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 12 JUNE, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਇਸਕੋ ਭੀ ਗੁੜਗਾਓਂ ਬਨਾ ਦੀਆ !



**ਲੇਹ** : ਲੱਦਾਖ ਦੇ ਸੁੰਦਰ ਨੁਬਰਾ-ਪੈਂਗੋਂਗ ਰੂਟ 'ਤੇ ਵੱਡੇ ਪੱਧਰ 'ਤੇ ਟ੍ਰੈਫਿਕ ਜਾਮ ਨੂੰ ਦਰਸਾਉਂਦੀ ਇੱਕ ਵਾਇਰਲ ਵੀਡੀਓ ਨੇ ਭਾਰਤ ਦੇ ਸਭ ਤੋਂ ਵਾਤਾਵਰਣਕ ਤੌਰ 'ਤੇ ਸੰਵੇਦਨਸ਼ੀਲ ਖੇਤਰਾਂ ਵਿੱਚੋਂ ਇੱਕ 'ਤੇ ਸੈਰ-ਸਪਾਟੇ ਅਤੇ ਇਸ ਦੇ ਪ੍ਰਭਾਵ ਬਾਰੇ ਚਿੰਤਾਵਾਂ ਨੂੰ ਮੁੜ ਸੁਰਜੀਤ ਕਰ ਦਿੱਤਾ ਹੈ।
ਲੋਕ ਸਵਾਲ ਕਰ ਰਹੇ ਹਨ ਕਿ ਕੀ ਨਾਜ਼ੁਕ ਹਿਮਾਲਿਆਈ ਲੈਂਡਸਕੇਪ ਵਿੱਚ ਬੇਰੋਕ ਸੈਲਾਨੀ ਆਵਾਜਾਈ ਟਿਕਾਊ ਹੈ। ਇੱਕ ਬੰਦੇ ਨੇ ਟਵੀਟ ਕੀਤਾ ਹੈ : ਧੀਰੇ-ਧੀਰੇ ਮਨਾਲੀ ਸ਼ਨਾਲੀ ਬਨ ਰਹੀ ਹੈ। ਇਸਕੋ ਭੀ ਗੁੜਗਾਓਂ ਬਨਾ ਦੀਆ।

# ਸੁਪਰੀਮ ਕੋਰਟ ਵੱਲੋਂ ਘਰੇਲੂ ਮਹਿਲਾਵਾਂ ਨੂੰ ਰਾਸ਼ਟਰ ਨਿਰਮਾਤਾ ਦਾ ਦਰਜਾ

### ਪੇਸ਼ੇਵਰਾਂ ਨਾਲ ਤੁਲਨਾ ਕਰਕੇ ਬੀਬੀਆਂ ਦੇ ਯੋਗਦਾਨ ਨੂੰ ਘਟਾਇਆ ਨਹੀਂ ਜਾ ਸਕਦਾ

**ਨਵੀਂ ਦਿੱਲੀ (ਨ ਜ਼ ਸ)**
ਸੁਪਰੀਮ ਕੋਰਟ ਨੇ ਵੀਰਵਾਰ ਇਤਿਹਾਸਕ ਫੈਸਲਾ ਸੁਣਾਉਂਦਿਆਂ ਘਰੇਲੂ ਮਹਿਲਾਵਾਂ (ਹੋਮਮੇਕਰ) ਨੂੰ 'ਦੇਸ਼ ਨਿਰਮਾਤਾ' (ਨੇਸ਼ਨ ਬਿਲਡਰ) ਵਜੋਂ ਅਹਿਮ ਦਰਜਾ ਦਿੱਤਾ। ਉਸ ਨੇ ਕਿਹਾ ਕਿ ਕਿਸੇ ਹਾਦਸੇ ਵਿੱਚ ਪਤਨੀ ਦੀ ਮੌਤ ਹੋਣ ਦੀ ਸੂਰਤ ਵਿੱਚ ਪਰਵਾਰ ਨੂੰ ਮਿਲਣ ਵਾਲੀ ਘਰੇਲੂ ਦੇਖਭਾਲ ਦੇ ਨੁਕਸਾਨ ਦਾ ਮੁਲੰਕਣ ਘੱਟੋ-ਘੱਟ 30,000 ਰੁਪਏ ਪ੍ਰਤੀ ਮਹੀਨਾ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਦੇ ਕੰਮ ਦੀ ਤੁਲਨਾ ਪੇਸ਼ੇਵਰਾਂ ਨਾਲ ਕਰਕੇ ਉਨ੍ਹਾਂ ਦੇ ਯੋਗਦਾਨ ਨੂੰ ਘੱਟ ਨਹੀਂ ਸਮਝਿਆ ਜਾ ਸਕਦਾ। ਜਸਟਿਸ ਸੰਜੇ ਕਰੋਲ ਅਤੇ ਜਸਟਿਸ ਐੱਨ ਕੋਟੀਸ਼ਵਰ ਸਿੰਘ ਦੀ ਬੈਂਚ ਨੇ ਸਪੱਸ਼ਟ ਕੀਤਾ ਕਿ ਮੋਟਰ ਵਾਹਨ ਹਾਦਸਾ ਕਲੇਮ ਦੇ ਮਾਮਲਿਆਂ ਵਿੱਚ



ਇੱਕ ਘਰੇਲੂ ਮਹਿਲਾ ਵੱਲੋਂ ਪਰਵਾਰ ਦੀ ਕੀਤੀ ਜਾਂਦੀ ਦੇਖਭਾਲ ਦੇ ਨੁਕਸਾਨ ਨੂੰ ਇੱਕ ਵੱਖਰਾ ਅਤੇ ਮੁਆਵਜ਼ਾ ਯੋਗ ਆਧਾਰ ਮੰਨਿਆ ਜਾਵੇਗਾ। ਉਸ ਨੇ ਇੱਕ ਸੜਕ ਹਾਦਸੇ ਵਿੱਚ ਆਪਣੀ ਪਤਨੀ ਨੂੰ ਗੁਆਉਣ ਵਾਲੇ ਵਿਅਕਤੀ ਨੂੰ ਵਾਧੂ ਮੁਆਵਜ਼ਾ ਦੇਣ ਦਾ ਹੁਕਮ ਸੁਣਾਉਂਦਿਆਂ ਇਹ ਟਿੱਪਣੀ ਕੀਤੀ। ਫੈਸਲਾ ਸੁਣਾਉਂਦਿਆਂ ਜਸਟਿਸ ਕਰੋਲ ਨੇ ਕਿਹਾ, "ਸਾਡਾ ਮੰਨਣਾ ਹੈ ਕਿ ਇੱਕ ਘਰੇਲੂ ਮਹਿਲਾ ਮਨੁੱਖੀ ਵਿਕਾਸ ਅਤੇ ਦੇਸ਼ ਦੀ ਪ੍ਰਗਤੀ ਵਿੱਚ ਵੱਡਾ ਯੋਗਦਾਨ ਪਾਉਂਦੀ ਹੈ। ਘਰੇਲੂ ਮਹਿਲਾ ਅਸਲ ਵਿੱਚ ਦੇਸ਼ ਦਾ ਨਿਰਮਾਣ ਕਰਦੀ ਹੈ। ਇਸ ਲਈ ਅਸੀਂ ਇਹ ਸਿਧਾਂਤ ਤੈਅ ਕੀਤੇ ਹਨ ਅਤੇ ਘਰੇਲੂ ਦੇਖਭਾਲ ਦੇ ਨੁਕਸਾਨ ਵਜੋਂ ਘੱਟੋ-ਘੱਟ 30,000 ਰੁਪਏ ਮਹੀਨਾਵਾਰ ਆਮਦਨ ਨਿਰਧਾਰਤ ਕੀਤੀ ਹੈ।" ਉਨ੍ਹਾ ਉਮੀਦ ਜਤਾਈ ਕਿ ਹੁਣ 'ਹੋਮਮੇਕਰ' ਸ਼ਬਦ ਨੂੰ 'ਨੇਸ਼ਨ ਬਿਲਡਰ' (ਦੇਸ਼ ਨਿਰਮਾਤਾ) ਦੇ ਰੂਪ ਵਿੱਚ ਪਛਾਣ ਮਿਲੇਗੀ। ਬੈਂਚ ਨੇ ਕਿਹਾ ਕਿ ਮੋਟਰ ਵਹੀਕਲ ਐਕਟ ਤਹਿਤ ਮੁਆਵਜ਼ਾ ਤੈਅ ਕਰਦੇ ਸਮੇਂ ਪਰਵਾਰ ਨੂੰ ਹੋਣ ਵਾਲੇ ਇਸ ਨੁਕਸਾਨ ਨੂੰ ਸੁਤੰਤਰ ਮਾਨਤਾ ਮਿਲਣੀ ਚਾਹੀਦੀ ਹੈ। ਇਹ ਆਧਾਰ ਸੁਪਰੀਮ ਕੋਰਟ ਦੇ 'ਪ੍ਰਣਯ ਸੇਠੀ' ਮਾਮਲੇ ਵਿੱਚ ਪਹਿਲਾਂ ਤੋਂ ਤੈਅਸ਼ੁਦਾ ਮੁਆਵਜ਼ੇ ਦੇ ਨਿਯਮਾਂ ਤੋਂ ਇਲਾਵਾ (ਵਾਧੂ) ਹੋਵੇਗਾ। ਇਹ ਫੈਸਲਾ ਅਦਾਲਤ ਦੇ ਉਸ ਪੁਰਾਣੇ ਫੈਸਲੇ ਨਾਲੋਂ ਵੱਡਾ ਸੁਧਾਰ ਹੈ, ਜਿਸ ਵਿੱਚ ਕਿਹਾ ਗਿਆ ਸੀ ਕਿ ਘਰੇਲੂ ਮਹਿਲਾਵਾਂ ਦੀ ਆਮਦਨ ਇੱਕ ਦਿਹਾੜੀਦਾਰ • ਬਾਕੀ ਸਫਾ 2 'ਤੇ

### ਮਾਮਲਾ ਪੰਜਾਬ ਦੀ ਬੀਬੀ ਦੀ ਮੌਤ ਦਾ

ਸੁਪਰੀਮ ਕੋਰਟ ਦਾ ਇਹ ਫੈਸਲਾ ਪੰਜਾਬ ਤੋਂ ਇੱਕ ਮੋਟਰ ਐਕਸੀਡੈਂਟ ਦਾਅਵੇ ਵਿੱਚ ਆਇਆ। ਨਵੰਬਰ 2001 ਵਿੱਚ, ਰੇਸ਼ਮਾ ਨਾਂਅ ਦੀ ਇੱਕ ਔਰਤ ਦੀ ਸੜਕ ਹਾਦਸੇ ਵਿੱਚ ਮੌਤ ਹੋ ਗਈ ਸੀ। ਉਸ ਦੇ ਪਤੀ ਅਤੇ ਤਿੰਨ ਬੱਚਿਆਂ ਨੇ ਮੁਆਵਜ਼ੇ ਦੀ ਮੰਗ ਕਰਦੇ ਹੋਏ ਮੋਟਰ ਐਕਸੀਡੈਂਟ ਕਲੇਮ ਟ੍ਰਿਬਿਊਨਲ ਤੱਕ ਪਹੁੰਚ ਕੀਤੀ। ਟ੍ਰਿਬਿਊਨਲ ਨੇ 2003 ਵਿੱਚ ਮੁਆਵਜ਼ਾ ਦਿੱਤਾ, ਪਰ ਇਹ ਮਾਮਲਾ ਸਾਲਾਂ ਤੱਕ ਅਣਸੁਲਝਿਆ ਰਿਹਾ। ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਦਸੰਬਰ 2024 ਵਿੱਚ 8 ਲੱਖ ਰੁਪਏ ਤੋਂ ਵੱਧ ਦੇ ਮੁਆਵਜ਼ੇ ਦਾ ਹੁਕਮ ਦਿੱਤਾ। ਫਿਰ ਇਹ ਮਾਮਲਾ ਸੁਪਰੀਮ ਕੋਰਟ ਤੱਕ ਪਹੁੰਚ ਗਿਆ। ਹਾਦਸੇ ਦੇ ਦੋ ਦਹਾਕੇ ਬਾਅਦ ਵੀ ਫੈਸਲੇ ਵਿੱਚ ਦੇਰੀ 'ਤੇ ਚਿੰਤਾ ਪ੍ਰਗਟਾਉਂਦਿਆਂ ਸੁਪਰੀਮ ਕੋਰਟ ਨੇ ਕਿਹਾ ਕਿ ਮੋਟਰ ਦੁਰਘਟਨਾ ਮੁਆਵਜ਼ੇ ਦੇ ਦਾਅਵਿਆਂ ਦਾ ਫੈਸਲਾ ਆਮ ਤੌਰ 'ਤੇ ਇੱਕ ਸਾਲ ਦੇ ਅੰਦਰ ਹੋਣਾ ਚਾਹੀਦਾ ਹੈ।

# ਅਮਰੀਕੀ ਹਮਲਿਆਂ 'ਚ ਭਾਰਤੀ ਮਲਾਹ ਕਸੂਤੇ ਫਸੇ

### ਚਾਰ ਦਿਨਾਂ 'ਚ ਤਿੰਨ ਜਹਾਜ਼ਾਂ 'ਤੇ ਹਮਲਾ

**ਨਵੀਂ ਦਿੱਲੀ (ਨ ਜ਼ ਸ)**
ਚਾਰ ਦਿਨਾਂ ਵਿੱਚ ਕਮਰਸ਼ੀਅਲ ਜਹਾਜ਼ਾਂ 'ਤੇ ਤਿੰਨ ਹਮਲਿਆਂ ਨੇ ਭਾਰਤ ਲਈ ਇੱਕ ਅਸਹਿਜ ਹਕੀਕਤ ਨੂੰ ਉਜਾਗਰ ਕਰ ਦਿੱਤਾ ਹੈ। ਭਾਰਤੀ ਮਲਾਹ ਆਪਣੇ ਆਪ ਨੂੰ ਇੱਕ ਅਜਿਹੀ ਜੰਗ ਦੇ ਮੂਹਰੇ ਪਾ ਰਹੇ ਹਨ, ਜੋ ਉਨ੍ਹਾਂ ਦੀ ਆਪਣੀ ਨਹੀਂ ਹੈ। ਤਾਜ਼ਾ ਘਟਨਾ ਵੀਰਵਾਰ ਨੂੰ ਵਾਪਰੀ, ਜਦੋਂ ਓਮਾਨ ਦੇ ਤੱਟ 'ਤੇ ਸ਼ਿਨਾਸ ਬੰਦਰਗਾਹ ਦੇ ਨੇੜੇ ਐੱਮ ਟੀ ਜਲਵੀਰ 'ਤੇ ਹਮਲਾ ਹੋਇਆ। ਸ਼ੁਰੂਆਤੀ ਰਿਪੋਰਟਾਂ ਅਨੁਸਾਰ ਜਹਾਜ਼ 'ਤੇ ਲਗਭਗ 20 ਭਾਰਤੀ ਚਾਲਕ ਦਲ ਦੇ ਮੈਂਬਰ ਸਵਾਰ ਸਨ।
8 ਜੂਨ ਨੂੰ, ਪਲਾਊ-ਝੰਡੇ ਵਾਲੇ ਐੱਮ ਟੀ ਮੈਰੀਵੈਕਸ, ਜਿਸ ਵਿੱਚ 24 ਭਾਰਤੀ ਨਾਗਰਿਕ ਸਵਾਰ ਸਨ, ਨੂੰ ਅਮਰੀਕੀ ਫੌਜਾਂ ਨੇ ਕਥਿਤ ਤੌਰ 'ਤੇ ਨਾਕਾਬੰਦੀ ਦੀ ਉਲੰਘਣਾ ਕਰਨ ਅਤੇ ਈਰਾਨੀ ਬੰਦਰਗਾਹ ਵੱਲ ਵਧਣ ਦੀ ਕੋਸ਼ਿਸ਼ ਕਰਨ ਤੋਂ ਬਾਅਦ ਟੱਕਰ ਮਾਰ ਦਿੱਤੀ ਸੀ। ਓਮਾਨੀ ਅਧਿਕਾਰੀਆਂ ਨੇ ਸਾਰੇ ਚਾਲਕ ਦਲ ਦੇ ਮੈਂਬਰਾਂ ਨੂੰ ਬਚਾ ਲਿਆ ਸੀ। ਇੱਕ ਦਿਨ ਬਾਅਦ 9 ਜੂਨ ਨੂੰ ਇੱਕ ਹੋਰ ਟੈਂਕਰ, ਐੱਮ ਟੀ ਸੈਟੇਬੇਲੋ 'ਤੇ ਅਮਰੀਕਾ ਵੱਲੋਂ ਕੀਤੇ ਗਏ ਹਮਲੇ ਵਿੱਚ 24 ਭਾਰਤੀ ਚਾਲਕ ਦਲ ਦੇ ਮੈਂਬਰਾਂ ਵਿੱਚੋਂ 21 ਨੂੰ ਬਚਾਅ ਲਿਆ ਗਿਆ, ਪਰ ਤਿੰਨ ਦੀ ਮੌਤ ਹੋ ਗਈ। ਇਹ ਮੌਤਾਂ ਹਾਲ ਹੀ ਦੇ ਸਾਲਾਂ ਵਿੱਚ ਖਾੜੀ ਵਿੱਚ ਭਾਰਤੀ ਮਲਾਹਾਂ ਨਾਲ ਸੰਬੰਧਤ ਸਭ ਤੋਂ ਘਾਤਕ ਘਟਨਾਵਾਂ ਵਿੱਚੋਂ ਇੱਕ ਸਨ।
ਭਾਰਤ ਲਈ, ਇਹ ਘਟਨਾਵਾਂ ਇੱਕ ਰਣਨੀਤਕ ਕਮਜ਼ੋਰੀ ਨੂੰ ਉਜਾਗਰ ਕਰਦੀਆਂ ਹਨ। ਭਾਰਤੀ ਨਾਗਰਿਕ ਗਲੋਬਲ ਸ਼ਿਪਿੰਗ ਵਿੱਚ ਸਭ ਤੋਂ ਵੱਡੇ ਕਾਰਜ ਬਲਾਂ ਵਿੱਚੋਂ ਇੱਕ ਹਨ, ਹਜ਼ਾਰਾਂ ਵਿਦੇਸ਼ੀ ਝੰਡੇ ਵਾਲੇ ਜਹਾਜ਼ਾਂ 'ਤੇ ਕੰਮ ਕਰਦੇ ਹਨ, ਜੋ ਟਕਰਾਅ ਵਾਲੇ ਪਾਣੀਆਂ ਵਿੱਚੋਂ ਲੰਘਦੇ ਹਨ। ਫਿਰ ਵੀ ਮਨਜ਼ੂਰਸ਼ੁਦਾ ਜਾਂ ਉੱਚ-ਜੋਖਮ ਵਾਲੇ ਜਹਾਜ਼ਾਂ 'ਤੇ ਉਨ੍ਹਾਂ ਦੀ ਮੌਜੂਦਗੀ ਉਨ੍ਹਾਂ ਨੂੰ ਭੂ-ਰਾਜਨੀਤਕ ਟਕਰਾਅ ਦਾ ਸਾਹਮਣਾ ਕਰਨ ਲਈ ਮਜਬੂਰ ਕਰਦੀ ਹੈ, ਜਿਸ 'ਤੇ ਉਨ੍ਹਾਂ ਦਾ ਬਹੁਤ ਘੱਟ ਕੰਟਰੋਲ ਹੁੰਦਾ ਹੈ।
ਸੈਟੇਬੇਲੋ • ਬਾਕੀ ਸਫਾ 2 'ਤੇ

### ਮੋਦੀ ਟਰੰਪ ਦਾ ਕਾਹਦਾ ਧੰਨਵਾਦ ਕਰ ਰਹੇ : ਕੇਜਰੀਵਾਲ

**ਨਵੀਂ ਦਿੱਲੀ (ਨ ਜ਼ ਸ)**-ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਵੀਰਵਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਧੰਨਵਾਦ ਕਰਨ ਦੇ ਸੰਦੇਸ਼ 'ਤੇ ਸਵਾਲ ਉਠਾਇਆ ਅਤੇ ਕਿਹਾ ਕਿ ਵਿਦੇਸ਼ਾਂ ਨਾਲ ਸੰਬੰਧਾਂ ਵਿੱਚ ਭਾਰਤ ਦੀ ਪ੍ਰਭੂਸੱਤਾ, ਮਾਣ ਅਤੇ ਰਾਸ਼ਟਰੀ ਹਿੱਤ ਸਭ ਤੋਂ ਉੱਪਰ ਰਹਿਣੇ ਚਾਹੀਦੇ ਹਨ। ਭਾਰਤੀਆਂ ਨੂੰ ਲਿਜਾਣ ਵਾਲੇ ਜਹਾਜ਼ਾਂ 'ਤੇ ਅਮਰੀਕੀ ਹਮਲਿਆਂ ਤੇ ਭਾਰਤੀ ਨਾਗਰਿਕਾਂ ਦੀ ਮੌਤ ਨਾਲ ਸੰਬੰਧਤ ਘਟਨਾਵਾਂ ਦਾ ਹਵਾਲਾ ਦਿੰਦਿਆਂ ਕੇਜਰੀਵਾਲ ਨੇ ਪੁੱਛਿਆ ਕਿ ਪ੍ਰਧਾਨ ਮੰਤਰੀ ਅਸਲ ਵਿੱਚ ਕਿਸ ਲਈ ਧੰਨਵਾਦ ਪ੍ਰਗਟ ਕਰ ਰਹੇ ਸਨ। ਉਨ੍ਹਾ ਕਿਹਾ ਕਿ ਸਥਿਤੀ ਦੇਸ਼ ਲਈ ਸ਼ਰਮਨਾਕ ਹੁੰਦੀ ਜਾ ਰਹੀ ਹੈ ਅਤੇ ਦੋਸ਼ ਲਗਾਇਆ ਕਿ ਪ੍ਰਧਾਨ ਮੰਤਰੀ ਅਮਰੀਕਾ ਨਾਲ ਆਪਣੇ ਸੰਬੰਧਾਂ ਵਿੱਚ ਭਾਰਤ ਦੇ ਹਿੱਤਾਂ ਦੀ ਮਜ਼ਬੂਤੀ ਨਾਲ ਰੱਖਿਆ ਕਰਨ ਵਿੱਚ ਅਸਫਲ ਰਹੇ ਹਨ। ਪ੍ਰਧਾਨ ਮੰਤਰੀ ਵਜੋਂ ਰਿਕਾਰਡ ਕਾਇਮ ਕਰਨ 'ਤੇ ਟਰੰਪ ਦੀਆਂ ਸ਼ੁਭਕਾਮਨਾਵਾਂ ਦਾ ਮੋਦੀ ਨੇ ਧੰਨਵਾਦ ਕੀਤਾ ਸੀ।

### ਆਦਿੱਤਿਆ ਦੇ ਪਰਵਾਰ ਵੱਲੋਂ ਉੱਚ ਪੱਧਰੀ ਜਾਂਚ ਦੀ ਮੰਗ



**ਸ਼ਿਮਲਾ (ਨ ਜ਼ ਸ)** : ਹਾਰਮੁਜ਼ ਜਲਡਮਰੂ ਵਿੱਚ ਐੱਮ ਟੀ ਸੈਟੇਬੇਲੋ ਜਹਾਜ਼ 'ਤੇ ਹੋਏ ਹਮਲੇ ਵਿੱਚ ਹਮੀਰਪੁਰ ਦੇ ਆਦਿਤਿਆ ਸ਼ਰਮਾ (23) ਦੀ ਮੌਤ ਤੋਂ ਬਾਅਦ ਉਸ ਦੇ ਪਰਵਾਰ ਨੇ ਜਹਾਜ਼ ਦੀ ਕਮਾਂਡ ਤੇ ਜਹਾਜ਼ ਵਿੱਚ ਕੰਮ ਕਰਨ ਦੀਆਂ ਸਥਿਤੀਆਂ ਬਾਰੇ ਗੰਭੀਰ ਦੋਸ਼ ਲਗਾਏ ਹਨ। ਉਸ ਨੇ 9 ਜੂਨ ਦੀ ਘਟਨਾ ਤੋਂ ਪਹਿਲਾਂ ਦੇ ਹਾਲਾਤ ਦੀ ਉੱਚ ਪੱਧਰੀ ਜਾਂਚ ਦੀ ਮੰਗ ਕੀਤੀ ਹੈ।
ਆਦਿੱਤਿਆ ਦੇ ਪਿਤਾ ਰਾਜੇਸ਼ ਸ਼ਰਮਾ ਨੇ ਐੱਕਸ 'ਤੇ ਇੱਕ ਪੋਸਟ ਵਿੱਚ ਦੋਸ਼ ਲਾਇਆ ਕਿ ਉਨ੍ਹਾ ਦੇ ਪੁੱਤਰ ਦਾ ਸੀਨੀਅਰ ਚਾਲਕ ਦਲ ਦੇ ਮੈਂਬਰਾਂ ਵੱਲੋਂ ਸ਼ੋਸ਼ਣ ਕੀਤਾ ਗਿਆ ਸੀ। ਆਦਿੱਤਿਆ ਨੇ ਅਪ੍ਰੈਲ ਵਿੱਚ ਅਸਤੀਫਾ ਦੇਣ ਦੀ ਕੋਸ਼ਿਸ਼ ਕੀਤੀ ਸੀ, ਪਰ ਉਸ ਨੂੰ ਆਪਣੀ ਸ਼ਿਕਾਇਤ ਵਾਪਸ ਲੈਣ ਲਈ ਮਜਬੂਰ ਕੀਤਾ ਗਿਆ ਸੀ। ਇਸ ਤੋਂ ਬਾਅਦ ਉਸ ਨੂੰ ਨਰਕ ਵਰਗੇ • ਬਾਕੀ ਸਫਾ 2 'ਤੇ

### ਗਾਇਕ ਗੁਰੂ ਰੰਧਾਵਾ ਦੇ ਜਿੰਮ 'ਤੇ ਫਾਇਰਿੰਗ

**ਨਵੀਂ ਦਿੱਲੀ** : ਦਿੱਲੀ ਦੇ ਪੱਛਮ ਵਿਹਾਰ ਇਲਾਕੇ ਵਿੱਚ ਉਸ ਵੇਲੇ ਦਹਿਸ਼ਤ ਦਾ ਮਾਹੌਲ ਪੈਦਾ ਹੋ ਗਿਆ, ਜਦੋਂ ਵੀਰਵਾਰ ਨੂੰ ਮਸ਼ਹੂਰ ਪੰਜਾਬੀ ਗਾਇਕ ਗੁਰੂ ਰੰਧਾਵਾ ਦੇ ਬੀ ਡੀ ਐੱਚ ਐੱਸ ਫਿਟਨੈੱਸ' ਜਿੰਮ ਨੂੰ ਨਿਸ਼ਾਨਾ ਬਣਾ ਕੇ ਅੰਨ੍ਹੇਵਾਹ ਫਾਇਰਿੰਗ ਕੀਤੀ ਗਈ। ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ ਦੋ ਨਕਾਬਪੋਸ਼ ਹਮਲਾਵਰਾਂ ਨੇ ਜਿੰਮ ਦੇ ਸ਼ੀਸ਼ੇ ਵਾਲੇ ਫਰੰਟ 'ਤੇ ਕਈ ਰਾਊਂਡ ਫਾਇਰ ਕੀਤੇ ਅਤੇ ਮੌਕੇ ਤੋਂ ਫ਼ਰਾਰ ਹੋ ਗਏ। ਇਸ ਹਮਲੇ ਤੋਂ ਤੁਰੰਤ ਬਾਅਦ ਲਾਰੈਂਸ ਬਿਸ਼ਨੋਈ ਗੈਂਗ ਨੇ ਸੋਸ਼ਲ ਮੀਡੀਆ ਅਤੇ ਇੱਕ ਕਥਿਤ ਆਡੀਓ ਕਲਿੱਪ ਰਾਹੀਂ ਇਸ ਦੀ ਜ਼ਿੰਮੇਵਾਰੀ ਲਈ ਹੈ। ਗੈਂਗ ਦਾ ਕਹਿਣਾ ਹੈ ਕਿ ਗੁਰੂ ਰੰਧਾਵਾ ਦੀ ਬੌਲੀਵੁੱਡ ਅਦਾਕਾਰ ਸਲਮਾਨ ਖਾਨ ਨਾਲ ਵਧਦੀ ਨੇੜਤਾ ਕਾਰਨ ਇਹ ਕਾਰਵਾਈ ਕੀਤੀ ਗਈ ਹੈ। ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਪੋਸਟ ਕਥਿਤ ਤੌਰ 'ਤੇ ਬਿਸ਼ਨੋਈ ਗੈਂਗ ਦੇ ਮੈਂਬਰਾਂ ਆਰਜ਼ੂ ਬਿਸ਼ਨੋਈ ਅਤੇ ਹਰੀ ਬਾਕਸਰ ਵੱਲੋਂ ਪਾਈ ਗਈ ਦੱਸੀ ਜਾ ਰਹੀ ਹੈ।

### ਰਾਹੁਲ ਗਾਂਧੀ ਤੇ ਖੜਗੇ ਦੀ ਅਗਵਾਈ 'ਚ ਲੜਾਂਗੇ ਚੋਣਾਂ-ਰਾਜਾ ਵੜਿੰਗ

**ਚੰਡੀਗੜ੍ਹ** : ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਸਪੱਸ਼ਟ ਕੀਤਾ ਹੈ ਕਿ ਪੰਜਾਬ ਵਿੱਚ ਆਗਾਮੀ ਵਿਧਾਨ ਸਭਾ ਚੋਣਾਂ ਕਾਂਗਰਸ ਆਗੂ ਰਾਹੁਲ ਗਾਂਧੀ ਅਤੇ ਪਾਰਟੀ ਪ੍ਰਧਾਨ ਮੱਲਿਕਾਰਜੁਨ ਖੜਗੇ ਦੀ ਅਗਵਾਈ ਵਿੱਚ ਲੜੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਰਾਜਾ ਵੜਿੰਗ ਸਿਰਫ਼ ਕਾਂਗਰਸ ਦਾ ਇੱਕ ਵਰਕਰ ਹੈ ਅਤੇ ਪਾਰਟੀ ਦਾ ਹਰ ਆਗੂ ਸੰਗਠਨ ਨੂੰ ਮਜ਼ਬੂਤ ਕਰਨ ਲਈ ਮਿਲ ਕੇ ਕੰਮ ਕਰੇਗਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵੜਿੰਗ ਨੇ ਕਿਹਾ ਕਿ ਬੇਅਦਬੀ ਦੇ ਮਾਮਲਿਆਂ ਨੂੰ ਲੈ ਕੇ ਕਾਨੂੰਨ ਤਾਂ ਬਣਾ ਦਿੱਤਾ ਗਿਆ ਹੈ, ਪਰ ਬਹਿਬਲ ਕਲਾਂ ਗੋਲੀਕਾਂਡ ਦੇ ਪੀੜਤ ਪਰਵਾਰਾਂ ਨੂੰ ਅੱਜ ਤੱਕ ਇਨਸਾਫ਼ ਨਹੀਂ ਮਿਲ ਸਕਿਆ ਹੈ। ਉਨ੍ਹਾਂ ਸਵਾਲ ਉਠਾਇਆ ਕਿ ਆਖ਼ਰ ਇਨਸਾਫ਼ ਮਿਲਣ ਵਿੱਚ ਐਨੀ ਦੇਰੀ ਕਿਉਂ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਭਾਜਪਾ, ਅਕਾਲੀ ਦਲ ਅਤੇ ਆਮ ਆਦਮੀ ਪਾਰਟੀ ਕ੍ਰਮਵਾਰ ਈ ਡੀ, ਚਿੱਟਾ ਅਤੇ ਵਿਜੀਲੈਂਸ ਦੀ ਪਾਰਟੀ ਬਣ ਕੇ ਰਹਿ ਗਈਆਂ ਹਨ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਭਾਰਤੀ ਜਨਤਾ ਪਾਰਟੀ ਕੇਂਦਰ ਵਿੱਚ ਇਨਫੋਰਸਮੈਂਟ ਡਾਇਰੈਕਟੋਰੇਟ ਵਰਗੀਆਂ ਏਜੰਸੀਆਂ ਦੀ ਦੁਰਵਰਤੋਂ ਕਰਦੀ ਹੈ, ਉਸੇ ਤਰ੍ਹਾਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਸਰਕਾਰ ਵਿਜੀਲੈਂਸ ਬਿਊਰੋ ਦਾ ਇਸਤੇਮਾਲ ਸਿਆਸੀ ਵਿਰੋਧੀਆਂ ਖ਼ਿਲਾਫ਼ ਕਰ ਰਹੀ ਹੈ।

# ਗਿਆਨੀ ਰਘਬੀਰ ਸਿੰਘ ਨੇ ਸੁਖਬੀਰ ਦੀਆਂ ਮੁਸ਼ਕਲਾਂ ਵਧਾਈਆਂ

### ਕਰ ਲਓ ਕਾਰਵਾਈ, ਮੈਂ ਡਰਨ ਵਾਲਾ ਨਹੀਂ : ਸੁਖਬੀਰ

**ਚੰਡੀਗੜ੍ਹ (ਨ ਜ਼ ਸ)**



ਬਹਿਬਲ ਕਲਾਂ ਪੁਲਸ ਗੋਲੀਬਾਰੀ ਮਾਮਲੇ ਦੀ ਪੜਤਾਲ ਕਰ ਰਹੀ ਵਿਸ਼ੇਸ਼ ਜਾਂਚ ਟੀਮ (ਸਿੱਟ) ਕੋਲ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਦਰਜ ਕਰਵਾਏ ਗਏ ਬਿਆਨ ਤੋਂ ਬਾਅਦ ਸ਼੍ਰੋਮਣੀ ਅਕਾਲੀ ਦਲ (ਬਾਦਲ) ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਲਈ ਕਾਨੂੰਨੀ ਅਤੇ ਸਿਆਸੀ ਮੁਸ਼ਕਲਾਂ ਵਧ ਸਕਦੀਆਂ ਹਨ। ਰਿਪੋਰਟਾਂ ਸੰਕੇਤ ਦਿੰਦੀਆਂ ਹਨ ਕਿ ਬਿਆਨ ਦਰਜ ਕਰਨ ਦੌਰਾਨ ਸੁਖਬੀਰ ਬਾਦਲ ਦੇ ਗੁਨਾਹ ਕਬੂਲਣ ਅਤੇ ਧਾਰਮਿਕ ਪੇਸ਼ੀਆਂ ਨਾਲ ਸੰਬੰਧਤ ਵੀਡੀਓ ਰਿਕਾਰਡਿੰਗਾਂ ਤੇ ਪੁਸ਼ਟੀ ਕਰਨ ਵਾਲੇ ਦਸਤਾਵੇਜ਼ਾਂ ਨੂੰ ਪ੍ਰਮੁੱਖਤਾ ਨਾਲ ਸਾਹਮਣੇ ਲਿਆਂਦਾ ਗਿਆ।
ਸਾਬਕਾ ਜਥੇਦਾਰ ਨੇ ਕਥਿਤ ਤੌਰ 'ਤੇ ਸਿੱਟ ਕੋਲ ਬਿਆਨ ਦਿੱਤਾ ਕਿ ਅਕਾਲੀ ਦਲ ਦੇ ਸ਼ਾਸਨਕਾਲ ਦੌਰਾਨ ਇੱਕ ਸਾਜ਼ਿਸ਼ ਤਹਿਤ ਨਿਹੱਥੇ ਤੇ ਬੇਕਸੂਰ ਪ੍ਰਦਰਸ਼ਨਕਾਰੀਆਂ ਨੂੰ ਨਿਸ਼ਾਨਾ ਬਣਾਇਆ ਗਿਆ ਸੀ।
ਬਹਿਬਲ ਕਲਾਂ ਪੁਲਸ ਗੋਲੀਬਾਰੀ ਦੀ ਘਟਨਾ ਅਕਤੂਬਰ 2015 ਵਿੱਚ ਬੇਅਦਬੀ ਵਿਰੋਧੀ ਪ੍ਰਦਰਸ਼ਨਾਂ ਦੌਰਾਨ ਵਾਪਰੀ ਸੀ, ਜਦੋਂ ਸੂਬੇ ਵਿੱਚ ਅਕਾਲੀ-ਭਾਜਪਾ ਗੱਠਜੋੜ ਦੀ ਸਰਕਾਰ ਸੱਤਾ ਵਿੱਚ ਸੀ। ਇਸ ਘਟਨਾ ਵਿੱਚ ਦੋ ਸਿੱਖ ਪ੍ਰਦਰਸ਼ਨਕਾਰੀਆਂ ਦੀ ਮੌਤ ਹੋ ਗਈ ਸੀ।
ਇਸੇ ਦੌਰਾਨ ਸੁਖਬੀਰ ਸਿੰਘ ਬਾਦਲ ਨੇ ਇੱਥੇ ਪਾਰਟੀ ਦਫਤਰ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਗਿਆਨੀ ਰਘਬੀਰ ਸਿੰਘ ਇਸ ਸਮੇਂ ਸੱਤਾਧਾਰੀ ਆਮ ਆਦਮੀ ਪਾਰਟੀ ਦੇ ਵਰਕਰ ਵਜੋਂ ਕੰਮ ਕਰ ਰਹੇ ਹਨ ਅਤੇ ਅਜਿਹਾ ਕਰਕੇ ਉਹ ਸਰਵਉੱਚ ਸਿੱਖ ਸੰਸਥਾ ਸ੍ਰੀ ਅਕਾਲ ਤਖਤ ਸਾਹਿਬ ਦੀ ਮਰਿਆਦਾ ਨੂੰ ਠੇਸ ਪਹੁੰਚਾ ਰਹੇ ਹਨ। ਉਨ੍ਹਾ ਸਰਕਾਰ ਨੂੰ ਚੈਲੰਜ ਕੀਤਾ, "ਜੇ ਹਿੰਮਤ ਹੈ ਤਾਂ ਸਿੱਧੀ ਮੇਰੇ 'ਤੇ ਕਾਰਵਾਈ ਕਰੋ, ਮੈਂ ਤੁਹਾਡੀਆਂ ਅਜਿਹੀਆਂ ਗਿੱਦੜ-ਭਬਕੀਆਂ ਤੋਂ ਕਿਸੇ ਵੀ ਕੀਮਤ 'ਤੇ ਡਰਨ ਵਾਲਾ ਨਹੀਂ ਹਾਂ।" ਉਨ੍ਹਾ ਦਾਅਵਾ ਕੀਤਾ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਪੰਜਾਬ ਦੇ ਲੋਕਾਂ ਵੱਲੋਂ ਮਿਲ ਰਹੇ ਭਰਵੇਂ ਹੁੰਗਾਰੇ ਅਤੇ ਪਾਰਟੀ ਦੀ ਦਿਨੋ-ਦਿਨ ਵਧ ਰਹੀ ਚੜ੍ਹਤ ਨੂੰ ਵੇਖ ਕੇ 'ਆਪ' ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਬੁਰੀ ਤਰ੍ਹਾਂ ਘਬਰਾਏ ਹੋਏ ਹਨ, ਜਿਸ ਕਾਰਨ ਅਕਾਲੀ ਦਲ ਨੂੰ ਨਿਸ਼ਾਨਾ ਬਣਾਉਣ ਲਈ ਕੋਝੀਆਂ ਸਿਆਸੀ ਚਾਲਾਂ ਚੱਲੀਆਂ ਜਾ ਰਹੀਆਂ ਹਨ।
ਸੁਖਬੀਰ ਬਾਦਲ ਨੇ ਕਿਹਾ ਕਿ ਨਹਿਰੀ ਮਾਮਲਿਆਂ ਦੇ ਗੰਭੀਰ ਮੁੱਦੇ 'ਤੇ ਭਗਵੰਤ ਮਾਨ ਸਰਕਾਰ ਪੰਜਾਬ ਦੇ ਕਿਸਾਨਾਂ ਨੂੰ ਲਗਾਤਾਰ ਗੁੰਮਰਾਹ ਕਰ ਰਹੀ ਹੈ। ਉਨ੍ਹਾ ਚਿੰਤਾ ਪ੍ਰਗਟਾਈ ਕਿ ਭਾਖੜਾ ਡੈਮ ਵਿੱਚ ਪਾਣੀ ਦਾ ਪੱਧਰ ਨਿਰੰਤਰ ਵਧ ਰਿਹਾ ਹੈ, ਪਰ ਪਿਛਲੀ ਵਾਰ ਦੀ ਤਰ੍ਹਾਂ ਇਸ ਵਾਰ ਵੀ ਇਹ ਸਰਕਾਰ ਪੂਰੀ ਤਰ੍ਹਾਂ ਅਵੇਸਲੀ ਬਣੀ ਬੈਠੀ ਹੈ ਅਤੇ ਕਿਸੇ ਵੱਡੇ ਖਤਰੇ ਨੂੰ ਸੱਦਾ ਦੇ ਰਹੀ ਹੈ।
ਉਨ੍ਹਾ ਅਪ੍ਰੈਂਟਿਸ ਲਾਈਨਮੈਨ ਯੂਨੀਅਨ ਦੇ ਹੱਕ ਵਿੱਚ ਆਵਾਜ਼ ਬੁਲੰਦ ਕਰਦਿਆਂ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਨੌਜਵਾਨਾਂ 'ਤੇ ਤਸ਼ੱਦਦ ਦੀ ਨਿਖੇਧੀ ਕੀਤੀ। ਉਨ੍ਹਾ ਕਿਹਾ ਕਿ ਆਮ ਲੋਕਾਂ ਦੀ ਗੱਲ ਕਰਨ ਵਾਲੀ ਸਰਕਾਰ ਦਾ ਅਸਲ ਚਿਹਰਾ ਹੁਣ ਸਭ ਦੇ ਸਾਹਮਣੇ ਆ ਚੁੱਕਾ ਹੈ।

### ਸੁਖਬੀਰ ਬਾਦਲ ਮੁਨਕਰ ਕਿਉਂ ਹੋ ਰਹੇ : ਬਲਤੇਜ ਪੰਨੂ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**



ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਬਹਿਬਲ ਕਲਾਂ ਗੋਲੀ ਕਾਂਡ ਦੀ ਜ਼ਿੰਮੇਵਾਰੀ ਕਬੂਲ ਕੀਤੀ ਸੀ ਅਤੇ ਮੁਆਫੀ ਮੰਗੀ ਸੀ, ਜਿਸ ਕਾਰਨ ਉਨ੍ਹਾ ਦਾ ਹੁਣ ਇਸ ਗੱਲ ਤੋਂ ਇਨਕਾਰ ਕਰਨਾ ਉਨ੍ਹਾ ਦੇ ਆਪਣੇ ਹੀ ਇਕਬਾਲੀਆ ਬਿਆਨ ਦੇ ਬਿਲਕੁਲ ਉਲਟ ਹੈ।
ਉਨ੍ਹਾ ਸਪੱਸ਼ਟ ਕੀਤਾ ਕਿ ਜ਼ਿੰਮੇਵਾਰ ਲੋਕਾਂ ਨੂੰ ਜਨਤਾ ਅਤੇ ਕਾਨੂੰਨ ਦੇ ਸਾਹਮਣੇ ਜਵਾਬ ਦੇਣਾ ਪਵੇਗਾ। ਉਨ੍ਹਾ ਕਿਹਾ ਕਿ ਸਿੱਖਾਂ ਦੀ ਸਰਵਉੱਚ ਅਦਾਲਤ ਅੱਗੇ ਗੁਨਾਹ ਕਬੂਲ ਕਰਨਾ ਅਤੇ ਫਿਰ ਜਨਤਕ ਤੌਰ 'ਤੇ ਇਸ ਤੋਂ ਮੁਨਕਰ ਹੋਣਾ ਸੰਸਥਾ ਦੀ ਮਰਿਆਦਾ ਦੀ ਤੌਹੀਨ ਹੈ ਅਤੇ ਉਨ੍ਹਾਂ ਪੰਜਾਬੀਆਂ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਹੈ, ਜੋ ਪਿਛਲੇ ਇੱਕ ਦਹਾਕੇ ਤੋਂ ਵੱਧ ਸਮੇਂ ਤੋਂ ਇਨਸਾਫ਼ ਦੀ ਉਡੀਕ ਕਰ ਰਹੇ ਹਨ।ਬਲਤੇਜ ਪੰਨੂ ਨੇ ਕਿਹਾ ਕਿ ਜਦੋਂ ਵੀ ਪੰਜਾਬ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਨਾਲ ਸੰਬੰਧਤ ਘਟਨਾਵਾਂ ਵਾਪਰੀਆਂ, ਉਦੋਂ ਅਕਾਲੀ-ਭਾਜਪਾ ਸਰਕਾਰਾਂ ਸੱਤਾ ਵਿੱਚ ਸਨ। ਉਨ੍ਹਾ ਕਿਹਾ ਕਿ ਇਨਸਾਫ਼ ਯਕੀਨੀ ਬਣਾਉਣ ਦੀ ਬਜਾਏ ਉਨ੍ਹਾਂ ਸਰਕਾਰਾਂ ਨੇ ਮਾਮਲਿਆਂ ਨੂੰ ਦਬਾਉਣ ਦਾ ਕੰਮ ਕੀਤਾ ਅਤੇ ਦੋਸ਼ੀਆਂ ਨੂੰ • ਬਾਕੀ ਸਫਾ 2 'ਤੇ

# 'ਕਾਕਰੋਚਾਂ' ਨੇ ਪੁਣੇ ਤੋਂ ਸ਼ੁਰੂ ਕੀਤਾ ਦੇਸ਼-ਵਿਆਪੀ ਪ੍ਰਦਰਸ਼ਨ

**ਮੁੰਬਈ** : ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਨੂੰ ਲੈ ਕੇ ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਨੇ ਪੁਣੇ ਤੋਂ ਦੇਸ਼-ਵਿਆਪੀ ਵਿਰੋਧ ਪ੍ਰਦਰਸ਼ਨਾਂ ਦੀ ਸ਼ੁਰੂਆਤ ਕਰਦਿਆਂ ਐਲਾਨ ਕੀਤਾ ਕਿ ਇਕ ਸਿੱਖਿਆ ਮੈਨੀਫੈਸਟੋ ਜਾਰੀ ਕੀਤਾ ਜਾਵੇਗਾ। ਪਾਰਟੀ ਦੇ ਸੰਸਥਾਪਕ ਅਭੀਜੀਤ ਦੀਪਕੇ ਨੇ ਕਿਹਾ ਕਿ ਵਿਰੋਧ ਪ੍ਰਦਰਸ਼ਨ ਸ਼ਾਂਤੀਪੂਰਨ ਰਹੇਗਾ ਅਤੇ ਸੰਵਿਧਾਨ ਦੇ ਢਾਂਚੇ ਦੇ ਅੰਦਰ ਕੀਤਾ ਜਾਵੇਗਾ।
ਦੀਪਕੇ ਅਨੁਸਾਰ ਸਿੱਖਿਆ ਮੈਨੀਫੈਸਟੋ ਪ੍ਰਸ਼ਨ ਪੱਤਰ ਲੀਕ ਨੂੰ ਰੋਕਣ, ਪ੍ਰੀਖਿਆ ਨਤੀਜਿਆਂ ਦੀ ਸਮੇਂ ਸਿਰ ਘੋਸ਼ਣਾ ਨੂੰ ਯਕੀਨੀ ਬਣਾਉਣ, ਭਰਤੀ ਅਤੇ ਦਾਖਲਾ ਪ੍ਰੀਖਿਆਵਾਂ ਵਿੱਚ ਪਾਰਦਰਸ਼ਤਾ ਨੂੰ ਬਿਹਤਰ ਬਣਾਉਣ, ਪ੍ਰੀਖਿਆ ਅਧਿਕਾਰੀਆਂ ਦੀ ਜਵਾਬਦੇਹੀ ਨੂੰ ਮਜ਼ਬੂਤ ਕਰਨ ਅਤੇ ਪ੍ਰੀਖਿਆਵਾਂ ਵਿੱਚ ਦੇਰੀ ਅਤੇ ਬੇਨਿਯਮੀਆਂ ਕਾਰਨ ਵਿਦਿਆਰਥੀਆਂ ਨੂੰ ਦਰਪੇਸ਼ ਮੁਸ਼ਕਲਾਂ ਨੂੰ ਹੱਲ ਕਰਨ 'ਤੇ ਕੇਂਦਰਤ ਹੈ। ਇਸ ਮੁਹਿੰਮ ਨੂੰ ਇੱਕ ਰਾਸ਼ਟਰੀ ਲਹਿਰ ਦੱਸਦੇ ਹੋਏ ਦੀਪਕੇ ਨੇ ਕਿਹਾ ਕਿ ਇਹ ਲਹਿਰ ਪੁਣੇ ਤੋਂ ਜੈਪੁਰ, ਲਖਨਊ, ਅੰਮ੍ਰਿਤਸਰ ਅਤੇ ਬੈਂਗਲੁਰੂ ਸਮੇਤ ਕਈ ਸ਼ਹਿਰਾਂ ਵਿੱਚ ਪੁੱਜੇਗੀ, ਜਿਸ ਤੋਂ ਬਾਅਦ ਇਹ 20 ਜੂਨ ਨੂੰ ਨਵੀਂ ਦਿੱਲੀ ਦੇ ਜੰਤਰ-ਮੰਤਰ 'ਤੇ ਸਮਾਪਤ ਹੋਵੇਗੀ। ਉਸ ਨੇ ਐਲਾਨ ਕੀਤਾ ਕਿ ਅਸੀਂ ਉਦੋਂ ਤੱਕ ਅਰਾਮ ਨਾਲ ਨਹੀਂ ਬੈਠਾਂਗੇ, ਜਦੋਂ ਤੱਕ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦਾ ਅਸਤੀਫਾ ਨਹੀਂ ਮਿਲ ਜਾਂਦਾ, ਜੋ ਇੱਕ ਕਰੋੜ ਤੋਂ ਵੱਧ ਵਿਦਿਆਰਥੀਆਂ ਦੇ ਭਵਿੱਖ ਨੂੰ ਖਤਰੇ ਵਿੱਚ ਪਾਉਣ ਲਈ ਜ਼ਿੰਮੇਵਾਰ ਹੈ। ਦੀਪਕੇ ਨੇ ਕਿਹਾ, 'ਸੀ ਜੇ ਪੀ ਦਾ ਦੇਸ਼ ਲਈ ਇੱਕ ਵੱਡਾ ਸੰਦੇਸ਼ ਹੈ। ਸਰਕਾਰ ਨੌਜਵਾਨਾਂ ਨੂੰ ਨਜ਼ਰਅੰਦਾਜ਼ ਨਹੀਂ ਕਰ ਸਕਦੀ। ਸਾਨੂੰ ਨਕਲੀ ਕਹਿਣ ਦੀ ਬਜਾਏ ਦੇਸ਼ ਵਿੱਚ ਨੌਜਵਾਨਾਂ ਨੂੰ ਦਰਪੇਸ਼ ਮੁੱਦਿਆਂ ਅਤੇ ਸਮੱਸਿਆਵਾਂ ਨੂੰ ਸਮਝਣ ਦੀ ਕੋਸ਼ਿਸ਼ ਹੋਣੀ ਚਾਹੀਦੀ ਹੈ।'

### ਹਰਿਆਣਾ ਦੀ ਟੀਚਰ ਮੁਅੱਤਲ

ਰੋਹਤਕ : ਜ਼ਿਲ੍ਹਾ ਐਲੀਮੈਂਟਰੀ ਸਿੱਖਿਆ ਅਫ਼ਸਰ ਨੇ ਜ਼ਿਲ੍ਹੇ ਦੇ ਇੱਕ ਸਰਕਾਰੀ ਸਕੂਲ ਵਿੱਚ ਤਾਇਨਾਤ ਗੈਸਟ ਟੀਚਰ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਹੈ। ਜ਼ਿਲ੍ਹਾ ਐਲੀਮੈਂਟਰੀ ਸਿੱਖਿਆ ਦਫ਼ਤਰ ਵੱਲੋਂ ਜਾਰੀ ਕੀਤੇ ਗਏ ਹੁਕਮਾਂ ਅਨੁਸਾਰ, ਸਰਕਾਰੀ ਮਿਡਲ ਸਕੂਲ ਰੈਣਕਪੁਰਾ ਵਿਖੇ ਬਤੌਰ ਗੈਸਟ ਟੀਚਰ ਸੇਵਾਵਾਂ ਨਿਭਾਅ ਰਹੀ ਪ੍ਰਾਇਮਰੀ ਅਧਿਆਪਕਾ ਸੁਲੇਖਾ ਦਲਾਲ ਨੂੰ 8 ਜੂਨ ਤੋਂ ਮੁਅੱਤਲ ਮੰਨਿਆ ਗਿਆ ਹੈ। ਇਹ ਮੁਅੱਤਲੀ ਜਨਤਕ ਤੌਰ 'ਤੇ ਚਰਚਾ ਦਾ ਵਿਸ਼ਾ ਬਣੀ ਹੋਈ ਹੈ ਕਿਉਂਕਿ ਇਹ ਕਾਰਵਾਈ ਸੁਲੇਖਾ ਵੱਲੋਂ 6 ਜੂਨ ਨੂੰ ਦਿੱਲੀ ਵਿਖੇ ਕਾਕਰੋਚ ਜਨਤਾ ਪਾਰਟੀ ਵੱਲੋਂ ਕੀਤੇ ਗਏ ਵਿਰੋਧ ਪ੍ਰਦਰਸ਼ਨ ਵਿੱਚ ਹਿੱਸਾ ਲੈਣ ਤੋਂ ਮਹਿਜ਼ ਕੁਝ ਦਿਨਾਂ ਬਾਅਦ ਸਾਹਮਣੇ ਆਈ ਹੈ। ਸੁਲੇਖਾ ਨੇ ਪ੍ਰਦਰਸ਼ਨ ਵਿੱਚ ਸ਼ਾਮਲ ਹੋਣ ਬਾਰੇ ਪੁੱਛੇ ਗਏ ਸਵਾਲਾਂ ਦਾ ਜਵਾਬ ਦਿੰਦਿਆਂ ਕਿਹਾ ਕਿ ਉਸ ਦਾ ਉਸ ਜਥੇਬੰਦੀ ਨਾਲ ਕੋਈ ਸਿੱਧਾ ਲੈਣਾ-ਦੇਣਾ ਨਹੀਂ ਹੈ। ਉਸ ਨੇ ਸਿਰਫ਼ ਉਨ੍ਹਾਂ ਨੌਜਵਾਨਾਂ ਦੀ ਹਮਾਇਤ ਅਤੇ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਉਭਾਰਨ ਲਈ ਉਸ ਪ੍ਰੋਗਰਾਮ ਵਿੱਚ ਹਿੱਸਾ ਲਿਆ ਸੀ, ਜੋ ਆਪਣੇ ਹੱਕਾਂ ਅਤੇ ਮੁੱਦਿਆਂ ਲਈ ਆਵਾਜ਼ ਬੁਲੰਦ ਕਰ ਰਹੇ ਸਨ।

### ਆਈ ਏ ਐੱਸ ਤੇ ਪੀ ਸੀ ਐੱਸ ਅਧਿਕਾਰੀਆਂ ਦੇ ਤਬਾਦਲੇ ਤੇ ਤਾਇਨਾਤੀਆਂ

**ਚੰਡੀਗੜ੍ਹ (ਸੁਰਜੀਤ ਸੁਮਨ)**
ਪੰਜਾਬ ਸਰਕਾਰ ਦੇ ਪ੍ਰਸੋਨਲ ਵਿਭਾਗ ਵੱਲੋਂ ਅੱਜ ਚਾਰ ਆਈ ਏ ਐਸ ਅਤੇ 30 ਪੀ ਸੀ ਐਸ ਅਧਿਕਾਰੀਆਂ ਦੀਆਂ ਤੁਰੰਤ ਪ੍ਰਭਾਵ ਨਾਲ਼ ਬਦਲੀਆਂ ਤੈ ਤਾਇਨਾਤੀਆਂ ਕੀਤੀਆਂ ਗਈਆਂ ਹਨ। ਮੁੱਖ ਸਕੱਤਰ, ਪੰਜਾਬ ਵੱਲੋਂ ਜਾਰੀ ਹੁਕਮਾਂ ਵਿੱਚ ਆਈ ਏ ਐਸ ਅਧਿਕਾਰੀ ਡੈਵੀ ਗੋਇਲ ਨੂੰ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ), ਸ੍ਰੀ ਮੁਕਤਸਰ, ਵਾਧੂ ਚਾਰਜ ਵਧੀਕ ਡਿਪਟੀ ਕਮਿਸ਼ਨਰ (ਜਨਰਲ), ਕ੍ਰਿਤਿਕਾ ਗੋਇਲ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਮਾਨਸਾ, ਅਦਿੱਤਿਆ ਸ਼ਰਮਾ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਤਰਨਤਾਰਨ, ਪੱਲਵੀ ਮਿਸ਼ਰਾ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅੰਮ੍ਰਿਤਸਰ ਤੈਨਾਤ ਕੀਤਾ ਗਿਆ ਹੈ। ਇਸੇ ਤਰ੍ਹਾਂ ਇੱਕ ਵੱਖਰੇ ਹੁਕਮ ਵਿੱਚ ਪੀ ਸੀ ਐਸ ਅਧਿਕਾਰੀ ਸ਼ਿਖਾ ਭਗਤ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਲੁਧਿਆਣਾ, ਸੁਰਿੰਦਰ ਸਿੰਘ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਅੰਮ੍ਰਿਤਸਰ, ਗੁਮਰਤੀ ਕੁਮਾਰ ਉਪ ਮੰਡਲ ਮੈਜਿਸਟਰਟ ਬੁਢਲਾਡਾ, ਸਿਮਰਪ੍ਰੀਤ ਵਧੀਕ ਕਮਿਸ਼ਨਰ ਨਗਰ ਨਿਗਮ, ਪਟਿਆਲਾ, ਪੂਨਮ ਸਿੰਘ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਮਾਨਸਾ, ਵੀਰਪਾਲ ਕੌਰ, ਉਪ ਮੰਡਲ ਮੈਜਿਸਟਰੇਟ ਤਲਵੰਡੀ ਸਾਬੋ, ਰਾਜੇਸ਼ • ਬਾਕੀ ਸਫਾ 2 'ਤੇ

### ਅੱਜ-ਨਾਮਾ

ਕਾਂਗਰਸ ਵੱਲ ਮਮਤਾ ਫਿਰ ਮੁੜਨ ਲੱਗੀ,
ਸਿਰੇ ਆ ਲੱਗਦੀ ਜਾਪ ਰਹੀ ਬਾਤ ਬੇਲੀ।
ਮਾਣਦੀ ਸੱਤਾ ਸੀ ਜਦੋਂ ਬੰਗਾਲ ਦੇ ਵਿੱਚ,
ਸੁਣਦੀ ਨਹੀਂ ਸੀ ਅਰਥ ਅਰਥਾਤ ਬੇਲੀ।
ਇੱਕ-ਇੱਕ ਪਾਰਟੀ ਕੁੱਟੀ ਵਿਰੋਧ ਵਾਲੀ,
ਲੱਗ ਪਈ ਸਾਰਿਆਂ ਨੂੰ ਦੇਣ ਮਾਤ ਬੇਲੀ।
ਹੋਈ ਆ ਭਾਜਪਾ ਭਾਰੂ ਤਾਂ ਬਣੀ ਔਕੜ,
ਮੋੜਵੀਂ ਲੱਗੀ ਆ ਮਿਲਣ ਸੌਗਾਤ ਬੇਲੀ।
ਪੁਰਾਣੀ ਯਾਦ ਆਈ ਸਾਂਝ ਕਾਂਗਰਸ ਦੀ,
ਕੁਝ ਤੇ ਬੱਝ ਗਈ ਜਾਪਦੀ ਆਸ ਬੇਲੀ।
ਮਿਰਚਾਂ ਚੱਬਣੀਆਂ, ਕੌੜੇ ਨੇ ਬੋਲ ਭੁੱਲੇ,
ਆ ਗਈ ਬੋਲੀ ਦੇ ਵਿੱਚ ਮਿਠਾਸ ਬੇਲੀ।

-ਤੀਸ ਮਾਰ ਖਾਂ

# ਮੋਦੀ ਸਰਕਾਰ ਦੀਆਂ ਨੀਤੀਆਂ ਨੇ ਦੇਸ਼ ਨੂੰ ਅਮਰੀਕਾ ਦੀ ਕਾਲੋਨੀ ਬਣਾ ਧਰਿਐ : ਬਰਾੜ

**ਨਵਾਂ ਸ਼ਹਿਰ (ਗਿਆਨ ਸੈਦਪੁਰੀ)**
ਲੋਕਾਂ ਦੇ ਬੁਨਿਆਦੀ ਮਸਲਿਆਂ ਨੂੰ ਵਿਸਾਰ ਕੇ ਜਾਤਾਂ ਅਤੇ ਧਰਮਾਂ ਦੇ ਨਾਂਅ 'ਤੇ ਜ਼ਹਿਰੀਲੇ ਪ੍ਰਚਾਰ ਰਾਹੀਂ ਵੰਡੀਆਂ ਪਾ ਕੇ ਆਪਣੀਆਂ ਕੁਰਸੀਆਂ ਦੇ ਪਾਵਿਆਂ ਨੂੰ ਮਜ਼ਬੂਤ ਕਰਨ ਲੱਗੀਆਂ ਹੋਈਆਂ ਕੇਂਦਰ ਅਤੇ ਪੰਜਾਬ ਸਰਕਾਰਾਂ ਨੂੰ ਹਲੂਣਾ ਦੇਣ ਲਈ ਸੀ ਪੀ ਆਈ ਵੱਲੋਂ 15 ਮਈ ਤੋਂ 15 ਜੂਨ ਤੱਕ ਕਨਵੈਨਸ਼ਨਾਂ ਤੇ ਮੁਜ਼ਾਹਰੇ ਕਰਨ ਦੇ ਉਲੀਕੇ ਗਏ ਪ੍ਰੋਗਰਾਮ ਤਹਿਤ ਵੀਰਵਾਰ ਨਵਾਂ ਸ਼ਹਿਰ ਵਿੱਚ ਕਨਵੈਨਸ਼ਨ ਤੇ ਮੁਜ਼ਾਹਰਾ ਕੀਤਾ ਗਿਆ।
ਕਨਵੈਨਸ਼ਨ ਦੀ ਪ੍ਰਧਾਨਗੀ ਕੁਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਦਸੌਂਧਾ ਸਿੰਘ ਅਤੇ ਸੀ ਪੀ ਆਈ ਤਹਿਸੀਲ ਬਲਾਚੌਰ ਦੇ ਸਕੱਤਰ ਪਰਮਿੰਦਰ ਮੇਨਕਾ ਨੇ ਕੀਤੀ। ਕਨਵੈਨਸ਼ਨ ਨੂੰ ਸੰਬੋਧਨ ਕਰਦਿਆਂ ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਕੌਂਸਲ ਦੇ ਮੈਂਬਰ ਅਤੇ ਸਾਬਕਾ ਸੂਬਾ ਸਕੱਤਰ ਬੰਤ ਸਿੰਘ ਬਰਾੜ ਨੇ ਜਿੱਥੇ ਆਰ ਐੱਸ ਐੱਸ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਚੱਲ ਰਹੀ ਕੇਂਦਰ ਦੀ ਭਾਜਪਾ ਸਰਕਾਰ ਦੇ ਜਮਹੂਰੀਅਤ ਵਿਰੋਧੀ ਚਿਹਰੇ ਨੂੰ ਨੰਗਾ ਕੀਤਾ, ਉੱਥੇ ਲਾਅ ਐਂਡ

### ਕੇਂਦਰ ਸਰਕਾਰ ਨੇ ਮਜ਼ਦੂਰਾਂ ਦੇ ਕੰਮ ਦਾ ਹੱਕ ਖੋਹਿਆ : ਦੇਵੀ ਕੁਮਾਰੀ







ਆਰਡਰ ਦੇ ਮਾਮਲੇ ਵਿੱਚ ਬੁਰੀ ਤਰ੍ਹਾਂ ਅਸਫਲ ਪੰਜਾਬ ਸਰਕਾਰ ਨੂੰ ਵੀ ਲੋਕ ਕਟਹਿਰੇ ਵਿੱਚ ਖੜਾ ਕੀਤਾ।
ਕਾਮਰੇਡ ਬਰਾੜ ਨੇ ਕਿਹਾ ਕਿ ਕੇਂਦਰ ਸਰਕਾਰ ਦੀ ਗੋਡੇ ਟੇਕ ਵਿਦੇਸ਼ ਨੀਤੀ ਨੇ ਭਾਰਤ ਨੂੰ ਅਮਰੀਕਾ ਦੀ ਕਾਲੋਨੀ ਬਣਾ ਦਿੱਤਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਲੋਕਾਂ ਦਾ ਲਹੂ ਪੀਣੇ ਇਜ਼ਰਾਇਲ ਨੂੰ 'ਫਾਦਰ ਭੂਮੀ' ਦੱਸ ਕੇ ਉਸ ਨੂੰ ਹੋਰ ਜ਼ੁਲਮ ਕਰਨ ਲਈ ਉਕਸਾਅ ਰਿਹਾ ਹੈ। ਭਾਰਤ ਨੇ ਤੇਲ ਕਿੱਥੋਂ ਖਰੀਦਣਾ ਹੈ ਕਿੱਥੋਂ ਨਹੀਂ, ਇਹ ਸਭ ਅਮਰੀਕਾ ਦੀ ਮਰਜ਼ੀ ਨਾਲ ਹੋ ਰਿਹਾ ਹੈ। ਭਾਰਤ ਵਿਚ ਮਹਿੰਗਾਈ ਵਧਾਉਣ ਲਈ ਪ੍ਰਧਾਨ ਮੰਤਰੀ ਮੋਦੀ ਜ਼ਿੰਮੇਵਾਰ ਹੈ।ਅਡਾਨੀਆਂ, ਅੰਬਾਨੀਆਂ ਨੂੰ 17 ਲੱਖ ਕਰੋੜ ਰੁਪਏ ਮਾਫ ਕਰਕੇ ਆਪਣੇ ਵਿਦੇਸ਼ੀ ਦੋਸਤਾਂ ਨਾਲ ਮੋਦੀ ਨੇ ਯਾਰੀ ਤਾਂ ਪੱਕੀ ਕਰ ਲਈ ਹੈ, ਪਰ ਭਾਰਤ ਦੇ ਕਰੋੜਾਂ ਲੋਕਾਂ ਨੂੰ ਦੋ ਡੰਗ ਦੀ ਰੋਟੀ ਦੇ ਮੁਥਾਜ਼ ਕਰ ਦਿੱਤਾ ਹੈ।
ਦੂਸਰੇ ਪਾਸੇ ਪੰਜਾਬ ਨੂੰ ਭਾਜਪਾ ਦੇ 'ਕਬਜ਼ੇ' ਵਿੱਚ ਲਿਆਉਣ ਲਈ ਹਰ ਹਰਬਾ ਵਰਤਿਆ ਜਾ ਰਿਹਾ ਹੈ। ਇਹ ਪੰਜਾਬ ਦੇ ਲੋਕਾਂ ਨਾਲ ਸਰਾਸਰ ਧੋਖਾ ਹੈ। ਕੇਂਦਰੀ ਏਜੰਸੀਆਂ ਰਾਹੀਂ ਪੰਜਾਬ ਦੇ ਹਰ ਖੇਤਰ ਨੂੰ 'ਭਾਜਪਾਈ' ਬਣਾਉਣ ਦੀ ਲਗਾਤਾਰ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਹਨਾ ਪੰਜਾਬ ਦੇ ਲੋਕਾਂ ਨੂੰ ਚੌਕਸ ਕੀਤਾ ਕਿ ਪੰਜਾਬ ਵਿੱਚ ਭਾਜਪਾ ਦੇ ਮਨਸੂਬਿਆਂ ਨੂੰ ਕਾਮਯਾਬ ਨਾ ਹੋਣ ਦਿੱਤਾ ਜਾਵੇ, ਕਿਉਂਕਿ ਇਹ ਪੰਜਾਬ ਦੇ ਲੋਕਾਂ ਲਈ ਘਾਤਕ ਹਨ।
ਪੰਜਾਬ ਦੇ ਹਾਲਾਤ ਦਾ ਜ਼ਿਕਰ ਕਰਦਿਆਂ ਉਹਨਾ ਕਿਹਾ ਕਿ ਪੰਜਾਬ ਦੀ ਸਰਕਾਰ ਲਾਅ ਐਂਡ ਆਰਡਰ ਕਾਇਮ ਰੱਖਣ ਵਿੱਚ ਬੁਰੀ ਤਰ੍ਹਾਂ ਫੇਲ੍ਹ ਹੈ। ਨਸ਼ਿਆਂ ਦਾ ਵਗਦਾ ਦਰਿਆ ਠੱਲ੍ਹਣ ਵਿੱਚ ਵੀ ਪੰਜਾਬ ਸਰਕਾਰ ਅਸਫਲ ਰਹੀ ਹੈ। ਹਰ ਰੋਜ਼ ਹੋ ਰਹੇ ਕਤਲਾਂ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਹੱਕ ਮੰਗਦੇ ਲੋਕਾਂ 'ਤੇ ਸਰਕਾਰੀ ਡੰਡਾ ਹਰ ਰੋਜ਼ ਕਹਿਰ ਵਰਤਾਅ ਰਿਹਾ ਹੈ। ਲੁੱਟਾਂ-ਖੋਹਾਂ ਨੇ ਪੰਜਾਬ ਦਾ ਮਾਹੌਲ ਡਰ ਵਾਲਾ ਬਣਾਇਆ ਹੋਇਆ ਹੈ।
ਕਨਵੈਨਸ਼ਨ ਨੂੰ ਸੀ ਪੀ ਆਈ ਪੰਜਾਬ ਦੀ ਸਕੱਤਰੇਤ ਮੈਂਬਰ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਵੀ ਸੰਬੋਧਨ ਕੀਤਾ। ਉਨ੍ਹਾ ਕਿਹਾ ਕਿ ਅਸੀਂ ਸਭ ਜਾਣਦੇ ਹਾਂ ਕਿ ਕੇਂਦਰ ਵਿਚ ਕਾਂਗਰਸ ਸਰਕਾਰ ਵੇਲੇ ਭਾਰਤੀ ਕਮਿਊਨਿਸਟ ਪਾਰਟੀ ਦ • ਬਾਕੀ ਸਫਾ 2 'ਤੇ

# ਨਰੇਗਾ ਮੁਲਾਜ਼ਮਾਂ ਵੱਲੋਂ ਪੱਕਾ ਕਰਨ ਦੀ ਮੰਗ ਨੂੰ ਲੈ ਕੇ ਧਰਨਾ ਜਾਰੀ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**

ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਨਰੇਗਾ ਤਹਿਤ ਆਰਜ਼ੀ ਆਸਾਮੀਆਂ 'ਤੇ ਠੇਕਾ ਆਧਾਰਤ ਨੌਕਰੀ ਕਰ ਰਹੇ ਨਰੇਗਾ ਮੁਲਾਜ਼ਮਾਂ ਵੱਲੋਂ ਆਪਣੀਆਂ ਸੇਵਾਵਾਂ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਮਰਜ਼ ਕਰਕੇ ਪੱਕੀਆਂ ਕਰਵਾਉਣ ਦੀ ਮੰਗ ਨੂੰ ਲੈ ਕੇ ਚੱਲ ਰਹੇ ਸੰਘਰਸ਼ਾਂ ਦੀ ਲੜੀ ਤਹਿਤ ਬਲਾਕ ਪੱਧਰੀ ਧਰਨਾ 11ਵੇਂ ਦਿਨ ਵੀ ਜਾਰੀ ਰਿਹਾ।ਧਰਨੇ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਸੁਰਜੀਤ ਸਿੰਘ ਨੇ ਕਿਹਾ ਕਿ ਪਿਛਲੇ ਲਗਭਗ 17-18 ਸਾਲ ਤੋਂ ਉਹ ਕੱਚੀ ਨੌਕਰੀ ਕਰ ਰਹੇ ਹਨ।ਹਰ ਸਮੇਂ ਨੌਕਰੀ ਤੋਂ ਕੱਢ ਦੇਣ, ਤਨਖ਼ਾਹ ਰੋਕ ਲੈਣ, ਦੂਰ-ਦੁਰਾਡੇ ਬਦਲੀ ਕਰਨ ਦਾ ਡਰ ਉਨ੍ਹਾਂ ਦੇ ਮਨਾਂ ਅੰਦਰ ਬਣਿਆ ਰਹਿੰਦਾ ਹੈ।ਅਫ਼ਸਰਸ਼ਾਹੀ ਵੱਲੋਂ ਨਰੇਗਾ ਤੋਂ ਇਲਾਵਾ ਹਰ ਤਰ੍ਹਾਂ ਦੇ ਪੇਂਡੂ ਵਿਕਾਸ ਨਾਲ ਸੰਬੰਧਤ ਕੰਮ ਨਰੇਗਾ ਮੁਲਾਜ਼ਮਾਂ ਤੋਂ ਲਏ ਜਾਂਦੇ ਹਨ।ਜੇਕਰ ਉਹ ਵਾਧੂ ਕੰਮਾਂ ਨੂੰ ਕਰਨ ਤੋਂ ਮਨ੍ਹਾਂ ਕਰਦੇ ਹਨ ਤਾਂ ਉਨ੍ਹਾਂ ਦਾ ਕੰਟਰੈਕਟ ਰੋਕ ਲੈਣ, ਬਦਲੀ ਕਰਨ ਵਰਗੀਆਂ ਧਮਕੀਆਂ ਦਿੱਤੀਆਂ ਜਾਂਦੀਆਂ ਹਨ।ਉਨ੍ਹਾਂ ਦੱਸਿਆ ਕਿ ਪੰਜਾਬ ਦੇ ਸਮੂਹ ਨਰੇਗਾ ਮੁਲਾਜ਼ਮਾਂ ਦੀ ਭਰਤੀ ਪੂਰੇ ਪਾਰਦਰਸ਼ੀ ਢੰਗ ਨਾਲ ਰੈਗੂਲਰ ਭਰਤੀ ਲਈ ਅਪਨਾਏ ਜਾਂਦੇ ਤੈਅ ਮਾਪਦੰਡਾਂ ਅਨੁਸਾਰ ਬਿਲਕੁਲ ਨਿਗੂਣੀਆਂ ਤਨਖ਼ਾਹਾਂ 'ਤੇ ਕੀਤੀ ਗਈ ਸੀ।ਅੱਜ 18 ਸਾਲ ਬਾਅਦ ਵੀ ਪਿਛਲੇ ਛੇ ਮਹੀਨਿਆਂ ਤੋਂ ਤਨਖ਼ਾਹਾਂ ਬਕਾਇਆ ਹਨ। ਮਹਿੰਗਾਈ ਦੇ ਇਸ ਲੱਕ ਤੋੜਵੇਂ ਜ਼ਮਾਨੇ ਵਿੱਚ ਬਹੁਤੇ ਮੁਲਾਜ਼ਮ ਕਣਕ, ਤੂੜੀ ਸਮੇਤ ਹੋਰ ਵੀ ਨਿੱਤ ਵਰਤੋਂ ਦੀਆਂ ਚੀਜ਼ਾਂ ਖ਼੍ਰੀਦਣ ਤੋਂ ਵਾਂਝੇ ਰਹਿ ਗਏ ਹਨ।ਬੱਚਿਆਂ ਦੀਆਂ ਸਕੂਲਾਂ-ਕਾਲਜਾਂ ਦੀਆਂ ਫ਼ੀਸਾਂ, ਵਰਦੀਆਂ, ਕਿਤਾਬਾਂ, ਸਕੂਲ ਵੈਨਾਂ ਦੀ ਫ਼ੀਸ, ਮਾਪਿਆਂ ਦੀਆਂ ਦਵਾਈਆਂ ਤੇ ਇਲਾਜ, ਲੋਨ ਦੀਆਂ ਕਿਸ਼ਤਾਂ ਵਰਗੀਆਂ ਲੋੜਾਂ ਪੂਰੀਆਂ ਕਰਨ ਵਿੱਚ ਅਸਮਰੱਥ ਨਰੇਗਾ ਮੁਲਾਜ਼ਮ ਆਪਣਾ ਕੀਮਤੀ ਸਾਮਾਨ ਵੇਚ ਕੇ ਗੁਜ਼ਾਰਾ ਕਰ ਰਹੇ ਹਨ।ਵਿਭਾਗ ਦੀ ਅਫ਼ਸਰਸ਼ਾਹੀ ਆਪਣੀ ਜ਼ੁੰਮੇਵਾਰੀ ਤੋਂ ਹਮੇਸ਼ਾ ਹੀ ਭੱਜਦੀ ਰਹੀ ਹੈ।

ਮੌਜੂਦਾ ਮਾਨ ਸਰਕਾਰ ਨੇ ਵੀ ਕਈ ਵਿਭਾਗਾਂ ਦੇ ਕੇਂਦਰੀ ਸਕੀਮਾਂ ਦੇ ਮੁਲਾਜ਼ਮਾਂ ਨੂੰ ਸੂਬੇ ਵਿੱਚ ਪੱਕਾ ਕੀਤਾ ਹੈ, ਪਰ ਨਰੇਗਾ ਮੁਲਾਜ਼ਮਾਂ ਨਾਲ ਹੀ ਇਹ ਵਿਤਕਰਾ ਕਿਉਂ ਕੀਤਾ ਜਾਂਦਾ ਹੈ? ਯੂਨੀਅਨ ਨੇ ਆਪਣੇ ਫ਼ੈਸਲੇ ਮੁਤਾਬਕ ਆਮ ਆਦਮੀ ਪਾਰਟੀ ਦੇ ਸਾਰੇ ਵਿਧਾਇਕਾਂ, ਸੰਸਦ ਮੈਂਬਰਾਂ, ਚੇਅਰਮੈਨਾਂ ਤੇ ਹਲਕਾ ਇੰਚਾਰਜਾਂ ਨੂੰ ਮੰਗ ਪੱਤਰ ਦਿੱਤੇ ਹਨ।ਹਰ ਇੱਕ ਆਗੂ ਨੇ ਨਰੇਗਾ ਮੁਲਾਜ਼ਮਾਂ ਨੂੰ ਪੱਕੇ ਕਰਨ ਦੀ ਮੰਗ ਤੇ ਪੂਰਨ ਸਹਿਮਤੀ ਪ੍ਰਗਟ ਕੀਤੀ ਹੈ ਤੇ ਕਈ ਆਗੂਆਂ ਨੇ ਪੰਚਾਇਤ ਮੰਤਰੀ ਨੂੰ ਫ਼ੋਨ ਵੀ ਕੀਤੇ ਹਨ। ਉਨ੍ਹਾਂ ਦੱਸਿਆ ਕਿ ਅੱਜ ਤੱਕ ਤਾਂ ਕੋਈ ਹੱਲ ਨਿਕਲਦਾ ਪ੍ਰਤੀਤ ਨਹੀਂ ਹੋ ਰਿਹਾ, ਜਿਸ ਤੇ ਸੂਬਾ ਭਰ ਦੇ ਨਰੇਗਾ ਮੁਲਾਜ਼ਮਾਂ ਵਿੱਚ ਗਹਿਰਾ ਰੋਸ ਪਾਇਆ ਜਾ ਰਿਹਾ ਹੈ।ਜੇਕਰ ਜਲਦ ਮਸਲੇ ਦਾ ਕੋਈ ਢੁੱਕਵਾਂ ਹੱਲ ਨਾ ਕੱਢਿਆ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਆਮ ਆਦਮੀ ਪਾਰਟੀ ਪੰਜਾਬ ਦੀ ਸਮੁੱਚੀ ਲੀਡਰਸ਼ਿਪ ਨਰੇਗਾ ਮੁਲਾਜ਼ਮਾਂ ਦੇ ਜ਼ਬਰਦਸਤ ਵਿਰੋਧ ਦਾ ਸਾਹਮਣਾ ਕਰਨ ਲਈ ਤਿਆਰ ਰਹੇ।ਇਸ ਸਮੇਂ ਅਜੀਤ ਸਿੰਘ,ਦੀਪਕ ਕੁਮਾਰ, ਅੰਜੂ ਬਾਲਾ, ਲਖਵਿੰਦਰ ਸਿੰਘ, ਹਰਪ੍ਰੀਤ ਸਿੰਘ, ਰੀਤੂ ਬਾਲਾ, ਮਨਪ੍ਰੀਤ ਸਿੰਘ, ਅਮਨਦੀਪ ਕੌਰ, ਰਜਿੰਦਰ ਕੁਮਾਰ, ਮੋਹਿਤ, ਮਨੀਸ਼ ਕੁਮਾਰ, ਵੀਨਾ ਰਾਣੀ, ਅਕੁਸ਼ ਕੁਮਾਰ ਹਾਜ਼ਰ ਸਨ।

## ਜ਼ਮੀਨੀ ਵਿਵਾਦ 'ਚ ਫੈਸਲਾ ਕਰਵਾਉਣ ਗਏ ਬਜ਼ੁਰਗ ਦੀ ਕੁੱਟਮਾਰ 'ਚ ਮੌਤ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਥਾਣਾ ਕੂੰਮਕਲਾਂ ਅਧੀਨ ਪੈਂਦੇ ਪਿੰਡ ਬੌਂਕੜ ਗੁੱਜਰਾਂ ਵਿਖੇ ਲੰਘੀ 22 ਮਈ ਨੂੰ ਜ਼ਮੀਨੀ ਵਿਵਾਦ ਵਿੱਚ ਫੈਸਲਾ ਕਰਵਾਉਣ ਗਏ ਬਜ਼ੁਰਗ ਸੁਖਦੇਵ ਸਿੰਘ ਦੀ ਬੁਰੀ ਤਰ੍ਹਾਂ ਕੁੱਟਮਾਰ ਹੋਈ ਸੀ, ਜਿਸ ਨੇ ਬੁੱਧਵਾਰ ਹਸਪਤਾਲ ਵਿੱਚ ਇਲਾਜ ਦੌਰਾਨ ਦਮ ਤੋੜ ਦਿੱਤਾ। ਮ੍ਰਿਤਕ ਬਜ਼ੁਰਗ ਦੇ ਪੋਤੇ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਉਸ ਦਾ ਦਾਦਾ ਸੁਖਦੇਵ ਸਿੰਘ ਪਿੰਡ ਵਿੱਚ ਦੋ ਧਿਰਾਂ ਵਿਚਕਾਰ ਚੱਲ ਰਹੇ ਜ਼ਮੀਨੀ ਵਿਵਾਦ ਨੂੰ ਸੁਲਝਾਉਣ ਲਈ ਫੈਸਲਾ ਕਰਵਾਉਣ ਗਿਆ ਸੀ। ਉੱਥੇ ਹੋਏ ਝਗੜੇ ਦੌਰਾਨ ਇੱਕ ਧਿਰ ਵੱਲੋਂ ਉਸ ਦੇ ਦਾਦੇ ਸੁਖਦੇਵ ਸਿੰਘ ਨੂੰ ਟ੍ਰੈਕਟਰ ਮਾਰ ਕੇ ਸੁੱਟ ਦਿੱਤਾ। ਫਿਰ ਉਸ ਤੋਂ ਬਾਅਦ ਕਹੀਆਂ ਤੇ ਹੋਰ ਡੰਡਿਆਂ ਨਾਲ ਉਸ ਦੀ ਬੁਰੀ ਤਰ੍ਹਾਂ ਕੁੱਟਮਾਰ ਕੀਤੀ। ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਆਪਣੇ ਦਾਦੇ ਨੂੰ ਇਲਾਜ ਲਈ ਲੁਧਿਆਣਾ ਹਸਪਤਾਲ ਦਾਖਲ ਕਰਵਾਇਆ ਸੀ, ਜਿੱਥੇ ਉਹ ਜ਼ਖ਼ਮਾਂ ਦੀ ਤਾਬ ਨਾ ਝੱਲਦਾ ਹੋਇਆ ਦਮ ਤੋੜ ਗਿਆ। ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਪੁਲਸ ਅਧਿਕਾਰੀਆਂ ਤੇ ਰਾਜਸੀ ਆਗੂਆਂ ਤੱਕ ਵੀ ਪਹੁੰਚ ਕੀਤੀ ਗਈ ਕਿ ਜਿਨ੍ਹਾਂ ਵਿਅਕਤੀਆਂ ਨੇ ਸੁਖਦੇਵ ਸਿੰਘ ਦੀ ਬੇਰਹਿਮੀ ਨਾਲ ਕੁੱਟਮਾਰ ਕੀਤੀ ਹੈ, ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਜਾਵੇ, ਪਰ ਉਨ੍ਹਾਂ ਦੀ ਕੋਈ ਸੁਣਵਾਈ ਨਾ ਹੋਈ। ਗੁਰਪ੍ਰੀਤ ਸਿੰਘ ਨੇ ਕਿਹਾ ਕਿ ਪੁਲਸ ਵੱਲੋਂ ਹੁਣ ਦਬਾਅ ਪਾਇਆ ਜਾ ਰਿਹਾ ਹੈ ਕਿ ਮ੍ਰਿਤਕ ਸੁਖਦੇਵ ਸਿੰਘ ਦਾ ਪੋਸਟ ਮਾਰਟਮ ਕਰਵਾਇਆ ਜਾਵੇ, ਪਰ ਪਰਿਵਾਰਕ ਮੈਂਬਰਾਂ ਵੱਲੋਂ ਇਹ ਫੈਸਲਾ ਕੀਤਾ ਗਿਆ ਹੈ ਕਿ ਜਦੋਂ ਤੱਕ ਉਨ੍ਹਾਂ ਦੇ ਬਜ਼ੁਰਗ ਨੂੰ ਕਤਲ ਕਰਨ ਵਾਲੇ ਮੁਲਜ਼ਮ ਗ੍ਰਿਫ਼ਤਾਰ ਨਹੀਂ ਕੀਤੇ ਜਾਂਦੇ, ਉਦੋਂ ਤੱਕ ਉਹ ਅੰਤਿਮ ਸੰਸਕਾਰ ਨਹੀਂ ਕਰਨਗੇ। ਥਾਣਾ ਕੂੰਮਕਲਾਂ ਦੇ ਮੁਖੀ ਇੰਸਪੈਕਟਰ ਮਧੂ ਬਾਲਾ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ 22 ਮਈ ਨੂੰ ਜ਼ਮੀਨੀ ਵਿਵਾਦ ਕਾਰਨ 2 ਧਿਰਾਂ ਵਿੱਚ ਝਗੜਾ ਹੋਇਆ, ਜਿਸ ਸਬੰਧੀ ਪੁਲਸ ਨੇ ਦੋਵਾਂ ਧਿਰਾਂ ਦੇ ਬਿਆਨ ਦਰਜ ਕਰ ਮਾਮਲਾ ਦਰਜ ਕਰ ਲਿਆ ਸੀ। ਉਨ੍ਹਾਂ ਦੱਸਿਆ ਕਿ ਅੱਜ ਇਸ ਮਾਮਲੇ ਵਿੱਚ ਸੁਖਦੇਵ ਸਿੰਘ ਦੀ ਹਸਪਤਾਲ ਵਿੱਚ ਮੌਤ ਹੋ ਗਈ। ਉਨ੍ਹਾਂ ਕਿਹਾ ਕਿ ਸੁਖਦੇਵ ਸਿੰਘ ਦਾ ਪੋਸਟ ਮਾਰਟਮ ਕਰਵਾਉਣ ਤੋਂ ਬਾਅਦ ਪਰਿਵਾਰਕ ਮੈਂਬਰਾਂ ਦੇ ਬਿਆਨ ਦਰਜ ਕਰ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

## ਵਪਾਰ ਮੰਡਲ ਦੀ ਜ਼ਿੰਮੇਵਾਰੀ ਮਿਲਣ 'ਤੇ ਪਵਨ ਗੋਇਲ ਨੂੰ ਕੀਤਾ ਸਨਮਾਨਤ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬਾਘਾ ਪੁਰਾਣਾ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਸਰਗਰਮ ਆਗੂ ਸੁਖਵੀਰ ਸਿੰਘ ਬਰਾੜ ਸੁੱਖਾ ਵੱਲੋਂ ਪ੍ਰਧਾਨ ਪਵਨ ਗੋਇਲ ਨੂੰ ਅਕਾਲੀ ਦਲ ਦੇ ਬਾਘਾ ਪੁਰਾਣਾ ਵਪਾਰ ਮੰਡਲ ਦਾ ਪ੍ਰਧਾਨ ਨਿਯੁਕਤ ਹੋਣ 'ਤੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਇਲਾਕੇ ਦੇ ਕਈ ਵਰਕਰ ਤੇ ਪਾਰਟੀ ਸਮਰਥਕ ਵੀ ਹਾਜ਼ਰ ਸਨ, ਜਿਨ੍ਹਾਂ ਨੇ ਪਵਨ ਗੋਇਲ ਨੂੰ ਵਧਾਈਆਂ ਦਿੱਤੀਆਂ ਤੇ ਉਨ੍ਹਾਂ ਦੀ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ।ਇਸ ਦੌਰਾਨ ਗੱਲਬਾਤ ਕਰਦਿਆਂ ਸੁਖਵੀਰ ਸਿੰਘ ਬਰਾੜ ਸੁੱਖਾ ਨੇ ਕਿਹਾ ਕਿ ਪਵਨ ਗੋਇਲ ਪਿਛਲੇ ਲੰਮੇ ਸਮੇਂ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਨਿਰਸਵਾਰਥ ਸੇਵਾ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਦਿੱਤਾ ਗਿਆ ਇਹ ਮਾਨ-ਸਨਮਾਨ ਪਵਨ ਗੋਇਲ ਦੀ ਲਗਨ, ਇਮਾਨਦਾਰੀ ਤੇ ਸਮਰਪਣ ਨੂੰ ਦੇਖਦੇ ਹੋਏ ਦਿੱਤਾ ਗਿਆ ਹੈ। ਉਨ੍ਹਾਂ ਵਿਸ਼ਵਾਸ ਜਤਾਇਆ ਕਿ ਪਵਨ ਗੋਇਲ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਬਖ਼ੂਬੀ ਨਿਭਾਉਣਗੇ ਤੇ ਵਪਾਰੀਆਂ ਦੇ ਹੱਕਾਂ ਲਈ ਮਜ਼ਬੂਤੀ ਨਾਲ ਆਵਾਜ਼ ਉਠਾਉਣਗੇ।ਸੁਖਬੀਰ ਸਿੰਘ ਬਰਾੜ ਸੁੱਖਾ ਨੇ ਅੱਗੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਸ਼੍ਰੋਮਣੀ ਅਕਾਲੀ ਦਲ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਅਗਵਾਈ ਹੇਠ ਬਾਘਾ ਪੁਰਾਣਾ ਹਲਕੇ ਵਿਚ ਵੱਡੀ ਜਿੱਤ ਦਰਜ ਕਰੇਗਾ। ਉਨ੍ਹਾਂ ਦਾਅਵਾ ਕੀਤਾ ਕਿ ਪਾਰਟੀ ਦੀ ਮਜ਼ਬੂਤ ਨੀਤੀ ਤੇ ਵਰਕਰਾਂ ਦੀ ਮਿਹਨਤ ਦੇ ਸਦਕਾ ਹਲਕੇ ਦੀ ਸੀਟ ਮੁੜ ਅਕਾਲੀ ਦਲ ਦੇ ਖਾਤੇ ਵਿੱਚ ਜਾਵੇਗੀ ਅਤੇ ਇਹ ਜਿੱਤ ਸੁਖਬੀਰ ਸਿੰਘ ਬਾਦਲ ਦੀ ਝੋਲੀ ਵਿੱਚ ਪਾਈ ਜਾਵੇਗੀ।ਇਸ ਮੌਕੇ ਪਵਨ ਗੋਇਲ ਨੇ ਵੀ ਪਾਰਟੀ ਹਾਈਕਮਾਨ ਤੇ ਸਥਾਨਕ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਆਪਣੇ ਉੱਤੇ ਰੱਖੇ ਗਏ ਭਰੋਸੇ 'ਤੇ ਖਰੇ ਉਤਰਨ ਦੀ ਪੂਰੀ ਕੋਸ਼ਿਸ਼ ਕਰਨਗੇ।ਸਮਾਗਮ ਦੇ ਅੰਤ ਵਿਚ ਆਗੂਆਂ ਵੱਲੋਂ ਇਕਜੁਟਤਾ ਦਾ ਸੰਦੇਸ਼ ਦਿੱਤਾ ਗਿਆ ਤੇ ਆਉਣ ਵਾਲੀਆਂ ਚੋਣਾਂ ਲਈ ਤਿਆਰੀਆਂ ਨੂੰ ਹੋਰ ਤੇਜ਼ ਕਰਨ ਦਾ ਸੱਦਾ ਦਿੱਤਾ ਗਿਆ।

## ਤੁਲਸੀ ਰਾਮ ਟਾਈਂਵਾਲ ਨਮਿਤ ਪਾਠ ਦਾ ਭੋਗ 14 ਨੂੰ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਪਿੰਡ ਬਰਗਾੜੀ (ਜ਼ਿਲ੍ਹਾ ਫਰੀਦਕੋਟ) ਨਿਵਾਸੀ ਸੁਖਮੰਦਰ ਕੁਮਾਰ ਤੇ ਰਮੇਸ਼ ਕੁਮਾਰ ਦੇ ਪਿਤਾ, ਅਦਾਕਾਰ ਹਰਪਿੰਦਰ ਪਿਉਰੀ ਦੇ ਵੱਡੇ ਸਾਲਾ ਅਤੇ ਗੁਰਚਰਨ ਸਿੰਘ ਦਿਉਣ ਦੇ ਪੂਜਨੀਕ ਸੌਹਰਾ ਸਾਹਿਬ ਸ੍ਰੀ ਤੁਲਸੀ ਰਾਮ ਟਾਈਂਵਾਲ ਪੁੱਤਰ ਸਵ: ਅਮਰ ਸਿੰਘ, ਬੀਤੀ 6 ਜੂਨ ਨੂੰ ਅਚਾਨਕ ਸਦੀਵੀ ਵਿਛੋੜਾ ਦੇ ਗਏ। ਉਹ 70 ਵਰ੍ਹਿਆਂ ਦੇ ਸਨ ਅਤੇ ਕੁੱਝ ਸਮੇਂ ਤੋਂ ਬਿਮਾਰ ਸਨ। ਉਨ੍ਹਾਂ ਦੇ ਦਿਹਾਂਤ 'ਤੇ ਵੱਖ-ਵੱਖ ਆਗੂਆਂ ਅਤੇ ਰਿਸ਼ਤੇਦਾਰ ਸਨੇਹੀ-ਪਿਆਰਿਆਂ ਨੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਸ਼ੋਕਗ੍ਰਸਤ ਪਰਿਵਾਰ ਨਾਲ ਡੂੰਘੀ ਹਮਦਰਦੀ ਦਾ ਇਜ਼ਹਾਰ ਕੀਤਾ ਹੈ। ਸਵ: ਸ੍ਰੀ ਤੁਲਸੀ ਰਾਮ ਟਾਈਂਵਾਲ ਨਮਿਤ ਸ੍ਰੀ ਸਹਿਜ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ ਗੁਰਦੁਆਰਾ ਪਾਤਸ਼ਾਹੀ ਦਸਵੀਂ, ਪਿੰਡ ਬਰਗਾੜੀ ਵਿਖੇ 14 ਜੂਨ (ਐਤਵਾਰ) ਨੂੰ ਦੁਪਹਿਰ 12:00 ਤੋਂ 1:00 ਵਜੇ ਤੱਕ ਹੋਵੇਗੀ।

## ਕਵਰੇਜ ਤੋਂ ਪੱਤਰਕਾਰਾਂ ਨੂੰ ਰੋਕਣਾ ਲੋਕਤੰਤਰ ਲਈ ਚਿੰਤਾਜਨਕ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪਟਿਆਲਾ ਵਿਖੇ ਬਿਜਲੀ ਕਾਮਿਆਂ ਅਤੇ ਅਪ੍ਰੈਂਟਿਸ ਲਾਈਨਮੈਨਾਂ ਦੇ ਚੱਲ ਰਹੇ ਸੰਘਰਸ਼ ਦੌਰਾਨ ਪ੍ਰਸ਼ਾਸਨ ਵੱਲੋਂ ਪੱਤਰਕਾਰਾਂ ਨੂੰ ਧਰਨੇ ਦੀ ਕਵਰੇਜ ਕਰਨ ਤੋਂ ਰੋਕਣ ਦੀਆਂ ਖ਼ਬਰਾਂ ਨੇ ਲੋਕਤੰਤਰ ਦੇ ਚੌਥੇ ਥੰਮ ਪ੍ਰਤੀ ਸਰਕਾਰ ਅਤੇ ਪ੍ਰਸ਼ਾਸਨ ਦੇ ਰਵੱਈਏ 'ਤੇ ਸਵਾਲ ਖੜ੍ਹੇ ਕਰ ਦਿੱਤੇ ਹਨ। ਇਸ ਸਬੰਧੀ ਮੋਗਾ ਜ਼ਿਲ੍ਹੇ ਦੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਖਣਮੁੱਖ ਭਾਰਤੀ ਪੱਤੋ ਨੇ ਕਿਹਾ ਕਿ ਪ੍ਰੈਸ ਨੂੰ ਰੋਕਣਾ ਪ੍ਰੈਸ ਦੀ ਅਜ਼ਾਦੀ 'ਤੇ ਸਿੱਧਾ ਹਮਲਾ ਹੈ। ਲੋਕਤੰਤਰ ਵਿੱਚ ਮੀਡੀਆ ਦੀ ਭੂਮਿਕਾ ਲੋਕਾਂ ਤੱਕ ਸੱਚਾਈ ਪਹੁੰਚਾਉਣ ਦੀ ਹੁੰਦੀ ਹੈ, ਪਰ ਜੇਕਰ ਪੱਤਰਕਾਰਾਂ ਨੂੰ ਮੌਕੇ 'ਤੇ ਜਾਣ ਤੋਂ ਰੋਕਿਆ ਜਾਂਦਾ ਹੈ ਤਾਂ ਇਹ ਪਾਰਦਰਸ਼ਤਾ ਅਤੇ ਪ੍ਰੈਸ ਦੀ ਆਜ਼ਾਦੀ ਲਈ ਚੰਗਾ ਸੰਕੇਤ ਨਹੀਂ ਮੰਨਿਆ ਜਾ ਸਕਦਾ।ਪਟਿਆਲਾ ਵਿੱਚ ਅਪ੍ਰੈਂਟਿਸ ਲਾਈਨਮੈਨਾਂ ਦੇ ਧਰਨੇ ਦੌਰਾਨ ਪੁਲਿਸ ਵੱਲੋਂ ਲਾਠੀਚਾਰਜ ਕੀਤੇ ਜਾਣ ਤੋਂ ਬਾਅਦ ਸੂਬੇ ਭਰ ਵਿੱਚ ਵਿਰੋਧ ਦੀ ਲਹਿਰ ਦੇਖਣ ਨੂੰ ਮਿਲੀ ਹੈ।

## ਦਲਿਤ ਸਮਾਜ ਦੇ ਭਵਿੱਖ ਨਾਲ ਖਿਲਵਾੜ ਕਰ ਰਹੀ ਹੈ ਸਰਕਾਰ : ਪਰਮਜੀਤ ਸਿੰਘ ਕੈਂਥ



**ਨਾਭਾ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ ਪੰਜਾਬ ਦੇ ਮੀਤ ਪ੍ਰਧਾਨ ਸ੍ਰੀ ਪਰਮਜੀਤ ਸਿੰਘ ਕੈਂਥ ਨੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਅਤੇ ਕਰ ਤੇ ਅਬਕਾਰੀ ਮੰਤਰੀ ਸ੍ਰੀ ਹਰਪਾਲ ਸਿੰਘ ਚੀਮਾ ਨੂੰ ਇੱਕ ਵਿਸਥਾਰਪੂਰਵਕ ਪੱਤਰ ਭੇਜ ਕੇ ਪਿੰਡ ਦੰਦਰਾਲਾ ਢੀਂਡਸਾ (ਨਾਭਾ) ਵਿਖੇ ਅਨੁਸੂਚਿਤ ਜਾਤੀ ਭਾਈਚਾਰੇ ਦੀ ਬਸਤੀ ਦੇ ਨੇੜੇ ਖੋਲ੍ਹੇ ਗਏ ਸ਼ਰਾਬ ਦੇ ਠੇਕੇ ਦਾ ਸਖ਼ਤ ਵਿਰੋਧ ਕੀਤਾ ਹੈ।ਸ੍ਰੀ ਕੈਂਥ ਨੇ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ ਇੱਕ ਪਾਸੇ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਸਰਕਾਰ ਪੰਜਾਬ ਨੂੰ ਨਸ਼ਾ-ਮੁਕਤ ਬਣਾਉਣ ਦੇ ਦਾਅਵੇ ਕਰਦੀ ਹੈ ਅਤੇ ਦਲਿਤ ਭਲਾਈ ਦੇ ਵੱਡੇ-ਵੱਡੇ ਵਾਅਦੇ ਕਰਦੀ ਹੈ, ਜਦ ਕਿ ਦੂਜੇ ਪਾਸੇ ਦਲਿਤ ਬਸਤੀਆਂ ਅਤੇ ਰਿਹਾਇਸ਼ੀ ਇਲਾਕਿਆਂ ਦੇ ਨੇੜੇ ਸ਼ਰਾਬ ਦੇ ਠੇਕੇ ਖੋਲ੍ਹ ਕੇ ਸਮਾਜਿਕ ਤਾਣੇ-ਬਾਣੇ ਨੂੰ ਕਮਜ਼ੋਰ ਕਰਨ ਦਾ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਪਿੰਡ ਦੰਦਰਾਲਾ ਢੀਂਡਸਾ ਦੀ ਗ੍ਰਾਮ ਪੰਚਾਇਤ ਵੱਲੋਂ ਠੇਕੇ ਦੇ ਵਿਰੋਧ ਵਿੱਚ ਸਰਬਸੰਮਤੀ ਨਾਲ ਮਤਾ ਪਾਸ ਕੀਤਾ ਜਾ ਚੁੱਕਾ ਹੈ ਅਤੇ ਪਿੰਡ ਵਾਸੀ ਪਿਛਲੇ ਕਈ ਦਿਨਾਂ ਤੋਂ ਅਣਮਿੱਥੇ ਸਮੇਂ ਲਈ ਸ਼ਾਂਤਮਈ ਧਰਨਾ ਦੇ ਰਹੇ ਹਨ। ਇਸ ਦੇ ਬਾਵਜੂਦ ਸਰਕਾਰ ਲੋਕਾਂ ਦੀ ਆਵਾਜ਼ ਸੁਣਨ ਦੀ ਬਜਾਏ ਅਬਕਾਰੀ ਮਾਲੀਏ ਅਤੇ ਠੇਕੇਦਾਰਾਂ ਦੇ ਹਿੱਤਾਂ ਨੂੰ ਤਰਜੀਹ ਦੇ ਰਹੀ ਹੈ।ਸ੍ਰੀ ਕੈਂਥ ਨੇ ਮੰਗ ਕੀਤੀ ਕਿ ਪਿੰਡ ਦੰਦਰਾਲਾ ਢੀਂਡਸਾ ਵਿਖੇ ਦਲਿਤ ਬਸਤੀ ਦੇ ਨੇੜੇ ਖੋਲ੍ਹੇ ਗਏ ਸ਼ਰਾਬ ਦੇ ਠੇਕੇ ਦੀ ਮਨਜ਼ੂਰੀ ਤੁਰੰਤ ਰੱਦ ਕੀਤੀ ਜਾਵੇ, ਠੇਕੇ ਨੂੰ ਕਿਸੇ ਹੋਰ ਢੁੱਕਵੀਂ ਥਾਂ ਤਬਦੀਲ ਕੀਤਾ ਜਾਵੇ ਅਤੇ ਭਵਿੱਖ ਵਿੱਚ ਦਲਿਤ ਬਸਤੀਆਂ, ਸਕੂਲਾਂ, ਧਾਰਮਿਕ ਸਥਾਨਾਂ ਅਤੇ ਰਿਹਾਇਸ਼ੀ ਇਲਾਕਿਆਂ ਦੇ ਨੇੜੇ ਸ਼ਰਾਬ ਦੇ ਠੇਕੇ ਖੋਲ੍ਹਣ 'ਤੇ ਪਾਬੰਦੀ ਲਗਾਉਣ ਲਈ ਸਪੱਸ਼ਟ ਨੀਤੀ ਬਣਾਈ ਜਾਵੇ।

## ਕਿੱਕ ਬਾਕਸਿੰਗ 'ਚ ਅਨੁਰੁਧ ਨੇ ਗੋਲਡ ਮੈਡਲ ਜਿੱਤਿਆ




**ਬਰੇਟਾ (ਰੀਤਵਾਲ)**-ਬੀਤੇ ਦਿਨੀਂ ਹੋਏ ਕਿੱਕ ਬਾਕਸਿੰਗ ਦੇ ਮੈਚ ਵਿੱਚ ਆਤਮਾ ਰਾਮ ਮੈਮੋਰੀਅਲ ਕਾਨਵੈਂਟ ਸਕੂਲ ਦੇ ਅੱਠਵੀਂ ਜਮਾਤ ਦੇ ਵਿਦਿਆਰਥੀ ਅਨੁਰੁਧ ਨੇ ਸ਼ਾਨਦਾਰ ਪ੍ਰਦਰਸ਼ਨ ਦਿਖਾ ਕੇ ਨੇਪਾਲ ਵਿਖੇ ਜਿੱਤ ਹਾਸਲ ਕੀਤੀ।ਇਸ ਖੁਸ਼ੀ ਨੂੰ ਸਾਂਝਾ ਕਰਦੇ ਹੋਏ ਸਕੂਲ ਦੇ ਚੇਅਰਮੈਨ ਸ਼ੈਰਿਕ ਗਰਗ ਵੱਲੋਂ ਬੱਚੇ ਤੇ ਕੋਚ ਗੁਰਜੋਤ ਕੌਰ ਹੌਸਲਾ ਅਫਜ਼ਾਈ ਕਰਦੇ ਹੋਏ ਸਕੂਲ ਵਿੱਚ ਸਨਮਾਨਤ ਕੀਤਾ ਤੇ ਮੁਬਾਰਕਬਾਦ ਦਿੱਤੀ।ਉਨ੍ਹਾਂ ਕਿਹਾ ਕਿ ਅਨੁਰੁਧ ਨੇ ਨਾ ਸਿਰਫ਼ ਮਾਪਿਆਂ, ਸਕੂਲ ਦਾ ਨਾਮ ਰੋਸ਼ਨ ਕੀਤਾ ਹੈ, ਬਲਕਿ ਪੂਰੇ ਭਾਰਤ ਦੇਸ਼ ਦਾ ਨਾਮ ਰੋਸ਼ਨ ਕੀਤਾ ਹੈ।ਇਸ ਸਬੰਧੀ ਕਿੱਕ ਬਾਕਸਿੰਗ ਕੋਚ ਗੁਰਜੋਤ ਕੌਰ ਨੇ ਕਿਹਾ ਕਿ ਮੇਰੇ ਵੱਲੋਂ ਇਸ ਤਰ੍ਹਾਂ ਵਿਦਿਆਰਥੀਆਂ ਨੂੰ ਮਿਹਨਤ ਕਰਵਾਉਣ ਦਾ ਬੀੜਾ ਜਾਰੀ ਰਹੇਗਾ ਤੇ ਇਸ ਤਰ੍ਹਾਂ ਸਾਡੇ ਵਿਦਿਆਰਥੀ ਸਾਡੇ ਸਕੂਲ ਦਾ ਨਾਮ ਰੋਸ਼ਨ ਕਰਦੇ ਰਹਿਣਗੇ।ਚੇਅਰਮੈਨ ਨੇ ਕਿਹਾ ਇਹ ਵੀ ਦੱਸਿਆ ਕਿ ਸਕੂਲ ਪਿਛਲੇ ਕਈ ਸਾਲਾਂ ਤੋਂ ਨਾ ਸਿਰਫ਼ ਪੜ੍ਹਾਈ ਵਿੱਚ ਬਲਕਿ ਖੇਡਾਂ ਵਿੱਚ ਵੀ ਬਹੁਤ ਵਧੀਆ ਪ੍ਰਦਰਸ਼ਨ ਦਿਖਾ ਰਹੇ ਹੈ।

## ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ ਭਲਕੇ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਾਸਿਕ ਮੀਟਿੰਗ 13 ਜੂਨ ਨੂੰ ਸਵੇਰੇ 10:00 ਵਜੇ ਸਥਾਨਕ ਪੈਨਸ਼ਨਰ ਭਵਨ ਵਿਖੇ ਹੋਵੇਗੀ।ਮੀਟਿੰਗ ਵਿੱਚ ਵੱਖ-ਵੱਖ ਵਿਭਾਗਾਂ ਦੇ ਸੇਵਾ ਮੁਕਤ ਕਰਮਚਾਰੀ ਤੇ ਫੈਮਲੀ ਪੈਨਸ਼ਨਰ ਭਾਗ ਲੈਣਗੇ।ਮੀਟਿੰਗ ਦੀ ਪ੍ਰਧਾਨਗੀ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਕਰਮਜੀਤ ਸ਼ਰਮਾ ਕਰਨਗੇ, ਜਦੋਂਕਿ ਸਟੇਜ ਸੈਕਟਰੀ ਦੀ ਡਿਊਟੀ ਸੰਸਥਾ ਦੇ ਜ਼ਿਲ੍ਹਾ ਜਨਰਲ ਸਕੱਤਰ ਬਲਵੰਤ ਸਿੰਘ ਅਟਵਾਲ ਨਿਭਾਉਣਗੇ। ਮੀਟਿੰਗ ਦੌਰਾਨ ਸੇਵਾ ਮੁਕਤ ਕਰਮਚਾਰੀਆਂ ਨਾਲ ਸਬੰਧਤ ਮੰਗਾਂ ਤੇ ਮਾਮਲਿਆਂ ਨੂੰ ਗੰਭੀਰਤਾ ਨਾਲ ਵਿਚਾਰਿਆ ਜਾਵੇਗਾ।ਪੰਜਾਬ ਸਰਕਾਰ ਵੱਲੋਂ ਪੈਨਸ਼ਨਰ ਪੱਖੀ ਫੈਸਲਿਆਂ ਨੂੰ ਲਾਗੂ ਕਰਨ ਲਈ ਅਦਾਲਤੀ ਫੈਸਲਿਆਂ ਦੀ ਅਣਦੇਖੀ ਵਿਰੁੱਧ ਐਸੋਸੀਏਸ਼ਨ ਵੱਲੋਂ ਛੇੜੇ ਜਾਣ ਵਾਲੇ ਸੰਘਰਸ਼ ਦੀ ਰਣਨੀਤੀ ਤਿਆਰ ਕੀਤੀ ਜਾਵੇਗੀ।ਇਥੇ ਪ੍ਰੈੱਸ ਨੂੰ ਇਹ ਜਾਣਕਾਰੀ ਦਿੰਦੇ ਹੋਏ ਐਸੋਸੀਏਸ਼ਨ ਦੇ ਪ੍ਰੈੱਸ ਸਕੱਤਰ ਜਗਦੀਸ਼ ਰਾਏ ਢੋਸੀਵਾਲ ਨੇ ਦੱਸਿਆ ਕਿ ਮੀਟਿੰਗ ਦੌਰਾਨ ਐਸੋਸੀਏਸ਼ਨ ਦੀ ਜ਼ਿਲ੍ਹਾ ਕਾਰਜਕਾਰਨੀ ਦੇ ਅਹੁਦੇਦਾਰ ਵਿਸ਼ੇਸ਼ ਰੂਪ ਵਿੱਚ ਸੰਬੋਧਨ ਕਰਨਗੇ।ਮੁੱਖ ਰੂਪ ਵਿੱਚ ਪ੍ਰਧਾਨ ਕਰਮਜੀਤ ਸ਼ਰਮਾ ਵਿਸ਼ੇਸ਼ ਤੌਰ 'ਤੇ ਮੀਟਿੰਗ ਦੌਰਾਨ ਮੌਜੂਦ ਮੈਂਬਰਾਂ ਨੂੰ ਮੁਖਾਤਿਬ ਹੋਣਗੇ।

## ਪੰਜਾਬ ਕੋ-ਐਜੂਕੇਸ਼ਨ ਦੀਆਂ 4 ਵਿਦਿਆਰਥਣਾਂ ਦਾ ਡੀ ਸੀ ਵੱਲੋਂ ਸਨਮਾਨ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਮੋਗਾ ਜ਼ਿਲ੍ਹੇ 'ਚ ਵਿੱਦਿਆ ਦੇ ਖੇਤਰ ਵਿੱਚ ਆਪਣੀ ਵਿਸ਼ੇਸ਼ ਪਛਾਣ ਬਣਾਉਣ ਵਾਲੀ ਨਾਮਵਰ ਵਿੱਦਿਅਕ ਸੰਸਥਾ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ, ਜੋ ਕਿ ਸਵਰਗਵਾਸੀ ਪ੍ਰਿੰਸੀਪਲ ਸ੍. ਗੁਰਦੇਵ ਸਿੰਘ ਦੇ ਅਸ਼ੀਰਵਾਦ ਸਦਕਾ ਤੇ ਸੰਸਥਾ ਦੇ ਮੌਜੂਦਾ ਪ੍ਰਿੰਸੀਪਲ ਤੇ ਡਾਇਰੈਕਟਰ ਸੰਦੀਪ ਮਹਿਤਾ ਦੀ ਯੋਗ ਤੇ ਸੁਚੱਜੀ ਅਗਵਾਈ ਹੇਠ ਲਗਾਤਾਰ ਸ਼ਾਨਦਾਰ ਪ੍ਰਾਪਤੀਆਂ ਹਾਸਲ ਕਰ ਰਹੀ ਹੈ, ਨੇ ਇੱਕ ਵਾਰ ਫਿਰ ਆਪਣੀ ਕਾਬਲੀਅਤ ਸਾਬਿਤ ਕੀਤੀ ਹੈ।ਪਿਛਲੇ ਦਿਨੀਂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬੋਰਡ ਨਤੀਜਿਆਂ ਵਿੱਚ ਜ਼ਿਲ੍ਹਾ ਮੋਗਾ ਦੇ ਅੱਠਵੀਂ, ਦਸਵੀਂ ਤੇ ਬਾਰਵੀਂ ਜਮਾਤ ਦੇ ਕੁੱਲ 14 ਵਿਦਿਆਰਥੀਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਮੈਰਿਟ ਲਿਸਟ ਵਿੱਚ ਸਥਾਨ ਹਾਸਲ ਕੀਤਾ, ਇਨ੍ਹਾਂ ਵਿੱਚੋਂ ਪੰਜਾਬ ਕੋ-ਐਜੂਕੇਸ਼ਨ ਸਕੂਲ ਬਾਘਾ ਪੁਰਾਣਾ ਦੀਆਂ ਚਾਰ ਵਿਦਿਆਰਥਣਾਂ ਨੇ ਵਿਸ਼ੇਸ਼ ਪ੍ਰਾਪਤੀਆਂ ਕਰਦਿਆਂ ਇਸ ਮੈਰਿਟ ਲਿਸਟ ਵਿੱਚ ਸਥਾਨ ਬਣਾਉਂਦਿਆਂ ਜ਼ਿਲ੍ਹਾ ਤੇ ਪੰਜਾਬ ਪੱਧਰ 'ਤੇ ਉੱਚ ਸਥਾਨ ਪ੍ਰਾਪਤ ਕੀਤੇ।ਇਨ੍ਹਾਂ ਵਿੱਚ ਬਾਰਵੀਂ ਜਮਾਤ ਦੀ ਹੋਣਹਾਰ ਵਿਦਿਆਰਥਣ ਸ਼ਨਾਇਆ ਮਹਿਤਾ ਨੇ 97.8% ਅੰਕ, ਦਸਵੀਂ ਜਮਾਤ ਦੀਆਂ ਵਿਦਿਆਰਥਣਾਂ ਕ੍ਰਮਵਾਰ ਯਸ਼ਿਕਾ ਸੇਠੀ ਨੇ 97.7%, ਏਕਮਨੂਰ ਕੌਰ ਨੇ 96.5% ਅੰਕ, ਮਹਿਵਿਸ਼ ਨੇ 96.2% ਅੰਕ ਪ੍ਰਾਪਤ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਨ੍ਹਾਂ ਸ਼ਾਨਦਾਰ ਪ੍ਰਾਪਤੀਆਂ ਦੇ ਮੱਦੇਨਜ਼ਰ 'ਸਿੱਖਿਆ ਦਾ ਮਹਾਂ ਜਸ਼ਨ ਪ੍ਰੋਗਰਾਮ' ਤਹਿਤ ਮਾਣਯੋਗ ਡਿਪਟੀ ਕਮਿਸ਼ਨਰ ਮੋਗਾ ਸ੍ਰੀ ਸਾਗਰ ਸੇਤੀਆ, ਜ਼ਿਲ੍ਹਾ ਸਿੱਖਿਆ ਅਫਸਰ ਅਸ਼ੀਸ਼ ਕੁਮਾਰ, ਉਪ ਜ਼ਿਲ੍ਹਾ ਸਿੱਖਿਆ ਅਫਸਰ ਗੁਰਦਿਆਲ ਸਿੰਘ ਤੇ ਸਮੁੱਚੇ ਜ਼ਿਲ੍ਹਾ ਸਿੱਖਿਆ ਦਫਤਰ ਸਟਾਫ ਵੱਲੋਂ ਇਨ੍ਹਾਂ ਵਿਦਿਆਰਥਣਾਂ ਨੂੰ ਪ੍ਰਸੰਸਾ ਪੱਤਰ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਮਾਣਯੋਗ ਡਿਪਟੀ ਕਮਿਸ਼ਨਰ ਨੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਉੱਚੀਆਂ ਮੰਜ਼ਿਲਾਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸੰਸਥਾ ਦੇ ਪ੍ਰਿੰਸੀਪਲ ਤੇ ਡਾਇਰੈਕਟਰ ਸੰਦੀਪ ਮਹਿਤਾ ਨੇ ਵਿਦਿਆਰਥਣਾਂ ਨੂੰ ਵਧਾਈ ਦਿੱਤੀ ਤੇ ਭਵਿੱਖ ਲਈ ਉੱਚੀਆਂ ਪ੍ਰਾਪਤੀਆਂ ਹਾਸਲ ਕਰਨ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਕੋਆਰਡੀਨੇਟਰ ਮੁਕੇਸ਼ ਅਰੋੜਾ ਨੇ ਵੀ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।ਇਸ ਮੌਕੇ ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ, ਕਿਡਜੀ ਡਾਇਰੈਕਟਰ ਮੈਡਮ ਸੁਧਾ ਮਹਿਤਾ, ਐਡਵੋਕੇਟ ਰਾਜਾ ਸਿੰਘ, ਮਾਊਂਟ ਇੰਟਰਨੈਸ਼ਨਲ ਸਕੂਲ ਦੇ ਹੈੱਡ ਮੈਡਮ ਖੁਸ਼ਪ੍ਰੀਤ ਕੌਰ ਤੇ ਸਮੁੱਚਾ ਸਟਾਫ ਹਾਜ਼ਰ ਸੀ।

## ਕੇਂਦਰ ਰਾਹਤ ਦੇਣ ਦੀ ਬਜਾਏ ਲੋਕਾਂ 'ਤੇ ਪਾ ਰਹੀ ਹੈ ਬੋਝ : ਪ੍ਰਧਾਨ ਸਰਬੀ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਕੇਂਦਰ ਸਰਕਾਰ ਅਸਮਾਨੀ ਛੋਹ ਰਹੀ ਮਹਿੰਗਾਈ ਦੇ ਦੌਰ 'ਚ ਲੋਕਾਂ ਨੂੰ ਰਾਹਤ ਦੇਣ ਦੀ ਥਾਂ ਪਾ ਰਹੀ ਹੈ ਵਾਧੂ ਬੋਝ। ਇਹ ਪ੍ਰਗਟਾਵਾ ਕਾਂਗਰਸ ਕਿਸਾਨ ਸੈੱਲ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਸਰਬੀ ਮਹਿਲ ਕਲਾਂ ਨੇ ਕੀਤਾ। ਪ੍ਰਧਾਨ ਸਰਬੀ ਨੇ ਕਿਹਾ ਕਿ ਇੱਕ ਸਮਾਂ ਸੀ ਜਦੋਂ ਲੋਕਾਂ ਨੂੰ ਸਾਲਾਨਾ 12 ਸਬਸਿਡੀ ਵਾਲੇ ਰਸੋਈ ਗੈਸ ਸਿਲੰਡਰਾਂ ਦੀ ਸਹੂਲਤ ਮਿਲਦੀ ਸੀ, ਪਰ ਸਮੇਂ-ਸਮੇਂ 'ਤੇ ਇਸ ਵਿੱਚ ਕਟੌਤੀ ਕਰਕੇ ਪਹਿਲਾਂ 9 ਅਤੇ ਹੁਣ 4 ਸਿਲੰਡਰਾਂ ਤੱਕ ਸੀਮਤ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਕਦਮ ਨਾਲ ਆਮ ਪਰਿਵਾਰਾਂ ਦੇ ਮਹੀਨਾਵਾਰ ਖ਼ਰਚਿਆਂ ਵਿੱਚ ਵਾਧਾ ਹੋਇਆ ਹੈ ਅਤੇ ਘਰੇਲੂ ਬਜਟ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਇੱਕ ਪਾਸੇ ਲੋਕ ਭਲਾਈ ਦੀਆਂ ਯੋਜਨਾਵਾਂ ਦੇ ਵੱਡੇ-ਵੱਡੇ ਦਾਅਵੇ ਕਰਦੀ ਹੈ, ਪਰ ਦੂਜੇ ਪਾਸੇ ਲੋਕਾਂ ਨੂੰ ਮਿਲਣ ਵਾਲੀਆਂ ਸਹੂਲਤਾਂ ਅਤੇ ਸਬਸਿਡੀਆਂ ਵਿੱਚ ਲਗਾਤਾਰ ਕਟੌਤੀ ਕੀਤੀ ਜਾ ਰਹੀ ਹੈ। ਨਤੀਜੇ ਵਜੋਂ ਮਹਿੰਗਾਈ ਨਾਲ ਪਹਿਲਾਂ ਹੀ ਜੂਝ ਰਹੇ ਪਰਿਵਾਰਾਂ ਦੀਆਂ ਮੁਸ਼ਕਲਾਂ ਹੋਰ ਵੱਧ ਰਹੀਆਂ ਹਨ।



## ਆਊਟਸੋਰਸਜ਼ ਕਾਮਿਆਂ ਵੱਲੋਂ ਬਿਜਲੀ ਬੋਰਡ ਦੀ ਮੈਨੇਜਮੈਂਟ ਖਿਲਾਫ਼ ਰੋਸ ਧਰਨਾ



**ਮਾਨਸਾ (ਆਤਮਾ ਸਿੰਘ ਪਮਾਰ)**-ਪਾਵਰਕਾਮ ਐਂਡ ਟਰਾਂਸਕੋ ਤਾਲਮੇਲ ਕਮੇਟੀ ਦੇ ਸੱਦੇ 'ਤੇ ਆਊਟਸੋਰਸਜ਼ ਕਾਮਿਆਂ ਵੱਲੋਂ ਸਥਾਨਕ ਆਊਟਲੇਟ ਸਟੋਰ ਮਾਨਸਾ ਵਿਖੇ ਪ੍ਰਧਾਨ ਗੁਰਵਿੰਦਰ ਸਿੰਘ ਗੋਲਟਾ ਦੀ ਅਗਵਾਈ 'ਚ 3 ਦਿਨਾਂ ਤੋਂ ਰੋਸ ਧਰਨਾ ਦਿੱਤਾ ਜਾ ਰਿਹਾ ਹੈ।ਸਾਥੀਆਂ ਵੱਲੋਂ ਬਿਜਲੀ ਬੋਰਡ ਦੀ ਮੈਨੇਜਮੈਂਟ ਖਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ।ਧਰਨੇ ਦੌਰਾਨ ਆਗੂਆਂ ਨੇ ਦੱਸਿਆ ਕਿ ਬਿਜਲੀ ਬੋਰਡ ਦੀ ਮੈਨੇਜਮੈਂਟ ਵੱਲੋਂ ਪਿਛਲੇ ਦਿਨੀਂ ਜਥੇਬੰਦੀ ਨਾਲ ਹੋਈ ਸਹਿਮਤੀ ਦੇ ਬਾਵਜੂਦ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਗਿਆ।ਉਸ ਦੇ ਵਿਰੋਧ 'ਚ ਪੀ. ਐੱਸ. ਪੀ. ਸੀ. ਐੱਲ./ਪੀ. ਐੱਸ. ਟੀ. ਸੀ. ਐੱਲ. ਕੰਟਰੈਕਚੁਅਲ ਵਰਕਰਜ਼ ਯੂਨੀਅਨ ਪੰਜਾਬ ਦੇ ਝੰਡੇ ਹੇਠ ਆਊਟਲੈਟ ਸਟੋਰ ਮਾਨਸਾ ਦੇ ਸਾਰੇ ਆਊਟਸੋਰਸ ਕਾਮਿਆਂ ਵੱਲੋਂ ਆਪਣੀਆਂ ਮੰਗਾਂ ਰੱਖੀਆਂ ਗਈਆਂ ਹਨ।ਆਗੂਆਂ ਨੇ ਕਿਹਾ ਕਿ ਕਾਮਿਆਂ ਦੀਆਂ ਮੰਗਾਂ ਪ੍ਰਵਾਨ ਹੋਣ ਤੱਕ ਤੇ ਨੋਟੀਫਿਕੇਸ਼ਨ ਜਾਰੀ ਕਰਨ ਤੱਕ ਸੰਘਰਸ਼ ਜਾਰੀ ਰਹੇਗਾ।ਇਸ ਸਮੇਂ ਅਮਰੀਕ ਸਿੰਘ ਖਜ਼ਾਨਚੀ, ਜਸਵਿੰਦਰ ਸਿੰਘ ਬੱਬੀ ਮੀਤ ਪ੍ਰਧਾਨ, ਗੁਰਮੇਲ ਸਿੰਘ ਪਾਲਾ ਸਿੰਘ, ਗੁਰਬਖਸ਼ ਸਿੰਘ, ਮਨਪ੍ਰੀਤ, ਸੁਖਵਿੰਦਰ ਕੁਮਾਰ, ਨੈਬ ਸਿੰਘ, ਰਾਮ ਸਿੰਘ, ਭਰਪੂਰ ਸਿੰਘ, ਨਰਿੰਦਰ ਕੁਮਾਰ ਰਤੀ, ਗੁਰਮੇਲ ਸਿੰਘ ਮੇਲਾ, ਅਮਨਦੀਪ ਸਿੰਘ ਆਦਿ ਹਾਜ਼ਰ ਸਨ।

## ਗੈਰ-ਕਾਨੂੰਨੀ ਉਸਾਰੀ ਮਾਮਲਾ ਜਗਜੀਤ ਸਿੰਘ ਗਿੱਲ ਨੇ ਪੁਲਸ ਕੋਲ ਉਠਾਇਆ



**ਅਜੀਤਵਾਲ (ਨਛੱਤਰ ਸੰਧੂ)**-ਪੰਜਾਬ ਦੀ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਆਮ ਲੋਕਾਂ ਨੂੰ ਸਰਕਾਰੇ ਦਰਬਾਰੇ ਇਨਸਾਫ਼ ਲੈਣ ਲਈ ਦਰ-ਦਰ ਦੀਆਂ ਠੋਕਰਾਂ ਖਾਣੀਆਂ ਪੈ ਰਹੀਆਂ ਹਨ।ਇਸ ਦੀ ਤਾਜ਼ਾ ਮਿਸਾਲ ਪੈਟਰੋਲ ਪੰਪ ਦੇ ਮਾਲਿਕ ਜਗਜੀਤ ਸਿੰਘ ਗਿੱਲ ਤੋਂ ਮਿਲਦੀ ਹੈ, ਜਿਸ ਨੇ ਪਿਛਲੇ ਚਾਰ ਮਹੀਨਿਆਂ ਤੋਂ ਪੁਲਸ ਥਾਣਾ ਮਹਿਣਾ ਵਿਖੇ ਇਨਸਾਫ਼ ਲੈਣ ਲਈ ਦਰਖ਼ਾਸਤ ਦਿੱਤੀ ਸੀ, ਪਰ ਪੁਲਸ ਵੱਲੋਂ ਮਾਮਲਾ ਠੰਢੇ ਬਸਤੇ 'ਚ ਪਾਇਆ ਗਿਆ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜਗਜੀਤ ਸਿੰਘ ਗਿੱਲ ਨੇ ਦੱਸਿਆ ਕਿ ਕ੍ਰਿਸ਼ਨਾ ਕੰਸਟਰਕਸ਼ਨ ਨਾਮ ਦੀ ਫਰਮ ਵੱਲੋਂ ਸੜਕ ਬਣਾਉਣ ਦੇ ਬਹਾਨੇ ਮੋਗਾ ਰੋਡ 'ਤੇ ਜੋ ਮਿੱਟੀ ਦੇ ਢੇਰ ਲਾਏ ਗਏ ਹਨ, ਉਸ ਨਾਲ ਆਉਂਦੇ ਜਾਂਦੇ ਰਾਹਗੀਰਾਂ ਨੂੰ ਮਿੱਟੀ ਧੂੜ ਨਾਲ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਸ ਸੰਸਥਾ ਦੇ ਓਵਰਲੋਡ ਟਿੱਪਰ ਗੱਡੀਆਂ ਵੱਲੋਂ ਸਰਕਾਰੀ ਡ੍ਰੇਨੇਜ ਵਿਭਾਗ ਦੇ ਨਿਕਾਸੀ ਨਾਲੇ ਨੂੰ ਤੋੜਿਆ ਗਿਆ ਹੈ, ਜੋ ਕਿ ਇਹ ਗੈਰਕਾਨੂੰਨੀ ਹੈ। ਉਹ ਇਸ ਮਾਮਲੇ ਨੂੰ ਲੈ ਕੇ ਉੱਚ ਅਧਿਕਾਰੀਆਂ ਨੂੰ ਮਿਲਣਗੇ।ਪੁਲਸ ਅਧਿਕਾਰੀ ਸੁਖਪਾਲ ਸਿੰਘ ਨੇ ਵੀ ਦੱਸਿਆ ਕਿ ਇਹ ਮਾਮਲਾ ਸਾਡੇ ਕੋਲ ਆਇਆ ਹੈ, ਜੋ ਪੈਂਡਿੰਗ ਪਿਆ ਹੈ।ਇਸ ਸਬੰਧੀ ਕ੍ਰਿਸ਼ਨਾ ਕੰਸਟਰਕਸ਼ਨ ਦੇ ਪ੍ਰਬੰਧਕ ਪੱਪੂ ਤਿਆਗੀ ਤੋਂ ਪੱਖ ਜਾਨਣਾ ਚਾਹਿਆ ਤਾਂ ਉਨ੍ਹਾਂ ਇਸ ਮਾਮਲੇ ਨੂੰ ਸਿਰੇ ਤੋਂ ਨਕਾਰ ਦਿੱਤਾ ਹੈ ਕਿ ਇਹ ਦੋਸ਼ ਝੂਠੇ ਹਨ।

## ਗੁਰੂ ਗੋਬਿੰਦ ਸਿੰਘ ਸਟੇਡੀਅਮ ਵਿਖੇ ਕੁਸ਼ਤੀ ਅਖਾੜੇ ਦਾ ਉਦਘਾਟਨ

**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਸ੍ਰੀ ਚਰਨ ਕੰਵਲ ਸਪੋਰਟਸ ਐਂਡ ਵੈੱਲਫੇਅਰ ਕਲੱਬ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਸਟੇਡੀਅਮ ਮਾਛੀਵਾੜਾ ਸਾਹਿਬ ਵਿਖੇ ਬੱਚਿਆਂ ਨੂੰ ਪੰਜਾਬ ਦੀ ਪੁਰਾਤਨ ਖੇਡ ਕੁਸ਼ਤੀ ਨਾਲ ਜੋੜਨ ਲਈ ਨਵੇਂ ਅਖਾੜੇ ਦਾ ਉਦਘਾਟਨ ਕਲੱਬ ਦੇ ਪ੍ਰਧਾਨ ਸ੍: ਜਸਪਾਲ ਸਿੰਘ ਜੱਜ ਤੇ ਇਲਾਕੇ ਦੇ ਮਾਣਯੋਗ ਨਾਮੀ ਪਹਿਲਵਾਨਾਂ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪ੍ਰਧਾਨ ਜਸਪਾਲ ਸਿੰਘ ਜੱਜ ਨੇ ਦੱਸਿਆ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਤੇ ਪੰਜਾਬ ਦੀਆਂ ਪੁਰਾਤਨ ਖੇਡਾਂ ਨਾਲ ਬੱਚਿਆਂ ਨੂੰ ਜੋੜਨ ਲਈ ਸਮੇਂ ਦੀ ਮੰਗ ਅਨੁਸਾਰ ਅਖਾੜੇ ਦੀ ਬਹੁਤ ਲੋੜ ਸੀ।ਕਲੱਬ ਵੱਲੋਂ ਫੁੱਟਬਾਲ ਦੀ ਜੂਨੀਅਰ ਅਕੈਡਮੀ ਵੀ ਇਸੇ ਖੇਡ ਸਟੇਡੀਅਮ ਵਿੱਚ ਬਹੁਤ ਹੀ ਸਫਲਤਾਪੂਰਵਕ ਚਲਾਈ ਜਾ ਰਹੀ ਹੈ।ਜੱਜ ਨੇ ਦੱਸਿਆ ਕਿ ਕੁਸ਼ਤੀ ਦੀ ਸਿਖਲਾਈ ਹਰ ਰੋਜ਼ ਇਲਾਕੇ ਦੇ ਬਹੁਤ ਹੀ ਮਸ਼ਹੂਰ ਤੇ ਨਾਮੀ 'ਪੰਮੀ ਪਹਿਲਵਾਨ' ਵੱਲੋਂ ਬੱਚਿਆਂ ਨੂੰ ਬਿੱਲਕੁਲ ਮੁਫ਼ਤ ਦਿੱਤੀ ਜਾਵੇਗੀ। ਉਨ੍ਹਾਂ ਇਲਾਕੇ ਦੇ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਬੱਚਿਆਂ ਨੂੰ ਵੱਧ ਤੋਂ ਵੱਧ ਖੇਡਾਂ ਨਾਲ ਜੋੜਨ ਲਈ ਅਖਾੜੇ ਵਿੱਚ ਕੁਸ਼ਤੀ ਸਿੱਖਣ ਲਈ ਭੇਜਣ।ਇਸ ਮੌਕੇ ਮਹਿੰਦਰ ਪਹਿਲਵਾਨ, ਜੀਤੀ ਪਹਿਲਵਾਨ, ਪਾਲੀ ਪਹਿਲਵਾਨ, ਕਲੱਬ ਮੈਂਬਰ ਅਜੀਤਪਾਲ ਸਿੰਘ, ਰਾਜ ਕੁਮਾਰ ਬੰਟੀ, ਕੋਚ ਸੁਨੀਲ ਕੁਮਾਰ ਤੇ ਹਰਜੀਤ ਸਿੰਘ ਮੌਜੂਦ ਸਨ।

## ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਵੜਿੰਗ ਤੋਂ ਬੱਸ ਰਵਾਨਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ/ਪਰਮਜੀਤ ਸਿੰਘ)**-ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਿੰਡ ਵੜਿੰਗ ਤੋਂ ਸ੍ਰੀ ਹਰਿਮੰਦਰ ਸਾਹਿਬ ਤੇ ਹੋਰ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਬੱਸ ਰਵਾਨਾ ਹੋਈ।ਬੱਸ ਵਿੱਚ 40 ਦੇ ਕਰੀਬ ਸ਼ਰਧਾਲੂ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਗਏ। ਤੀਰਥ ਯਾਤਰਾ ਯੋਜਨਾ ਬੱਸ ਨੂੰ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਝੰਡੀ ਦੇ ਕੇ ਰਵਾਨਾ ਕੀਤਾ।ਇਸ ਸਮੇਂ ਉਨ੍ਹਾਂ ਬੋਲਦਿਆਂ ਕਿਹਾ ਕਿ ਸੰਗਤ ਲਈ ਭੋਜਨ, ਪੀਣ ਵਾਲਾ ਪਾਣੀ, ਸੰਗਤ ਦੇ ਰਹਿਣ ਲਈ ਏ ਸੀ ਕਮਰਿਆਂ ਦਾ ਉਚਿਤ ਪ੍ਰਬੰਧ ਹੋਵੇਗਾ।ਯਾਤਰਾ ਦੌਰਾਨ ਇੱਕ ਡਾਕਟਰਾਂ ਦੀ ਟੀਮ ਵੀ ਸੰਗਤ ਦੇ ਨਾਲ ਹੋਵੇਗੀ, ਜਿਸ ਨਾਲ ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ ਮੌਕੇ ਉੱਤੇ ਸਹਾਇਤਾ ਪ੍ਰਦਾਨ ਕੀਤੀ ਜਾ ਸਕੇਗੀ।ਯਾਤਰੂਆਂ ਨੇ ਪੰਜਾਬ ਸਰਕਾਰ ਦੇ ਇਸ ਉੱਦਮ ਦੀ ਸ਼ਲਾਘਾ ਕੀਤੀ ਹੈ।ਇਸ ਮੌਕੇ ਸਰਪੰਚ ਜਗਰਾਜ ਸਿੰਘ ਵੜਿੰਗ, ਸ਼ਮਸ਼ੇਰ ਸਿੰਘ ਵੜਿੰਗ, ਐਡਵੋਕੇਟ ਇਕਬਾਲ ਸਿੰਘ ਮਾਨ, ਰਾਜਾ ਖਾਲਸਾ, ਧਰਮਜੀਤ ਸਿੰਘ ਵੜਿੰਗ, ਵਿੱਕੀ ਕੁਮਾਰ ਐਮ ਸੀ ਨਿੱਜੀ ਸਹਾਇਕ, ਅਨਮੋਲ ਸਿੰਘ ਵੜਿੰਗ, ਦੇਸ ਰਾਜ, ਲਖਵਿੰਦਰ ਸਿੰਘ, ਗੁਰਵਿੰਦਰਪਾਲ ਸਿੰਘ, ਕਿਰਨਪਾਲ ਕੌਰ, ਦਿਲਬਾਗ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।

## ਪੱਕੇ ਰੁਜ਼ਗਾਰ ਦੀ ਮੰਗ ਨੂੰ ਲੈ ਕੇ ਧਰਨੇ 'ਚ ਕਿਸਾਨ ਤੇ ਮਜ਼ਦੂਰ ਆਗੂਆਂ ਨੇ ਕੀਤੀ ਸ਼ਮੂਲੀਅਤ



**ਲੁਧਿਆਣਾ (ਰੈਕਟਰ ਕਥੂਰੀਆ)**-ਪਾਵਰਕਾਮ ਤੇ ਟਰਾਸਕੋ ਆਉਟਸੋਰਸਿੰਗ ਮੁਲਾਜ਼ਮ ਤਾਲਮੇਲ ਕਮੇਟੀ (ਪੰਜਾਬ) ਵੱਲੋਂ ਲੁਧਿਆਣਾ ਦੇ ਘੰਟਾ ਘਰ ਨਜ਼ਦੀਕ ਕੇਂਦਰੀ ਸਟੋਰ ਦੇ ਸਾਹਮਣੇ ਠੇਕੇਦਾਰ ਅਧੀਨ ਕੰਮ ਕਰਦੇ ਮੁਲਾਜ਼ਮਾਂ ਵੱਲੋਂ ਵੀਰਵਾਰ ਨੂੰ ਪੱਕੇ ਰੁਜ਼ਗਾਰ ਦੀ ਮੰਗ ਨੂੰ ਲੈ ਕੇ ਤੀਜੇ ਦਿਨ ਦੇ ਧਰਨੇ ਵਿੱਚ ਕਿਸਾਨ ਤੇ ਮਜ਼ਦੂਰ ਆਗੂਆਂ ਨੇ ਕੀਤੀ ਸ਼ਮੂਲੀਅਤ।ਇਹਨਾਂ ਮੁਲਾਜ਼ਮਾਂ ਦੀ ਮੰਗਾਂ ਦੇ ਹੱਕ ਵਿੱਚ ਜਮਹੂਰੀ ਕਿਸਾਨ ਸਭਾ ਪੰਜਾਬ ਦੇ ਸੂਬਾਈ ਜਥੇਬੰਦਕ ਸਕੱਤਰ ਰਘਵੀਰ ਸਿੰਘ ਬੈਨੀਪਾਲ, ਜ਼ਿਲ੍ਹਾ ਸਕੱਤਰ ਹਰਨੇਕ ਸਿੰਘ ਗੁੱਜਰਵਾਲ ਅਤੇ ਸੀ ਟੀ ਯੂ ਪੰਜਾਬ ਦੇ ਸੂਬਾਈ ਆਗੂ ਜਗਦੀਸ਼ ਚੰਦ ਨੇ ਸ਼ਮੂਲੀਅਤ ਕੀਤੀ। ਉਹਨਾਂ ਧਰਨੇ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਇਹ ਮੁਲਾਜ਼ਮ 14-15 ਸਾਲਾਂ ਤੋਂ ਪਾਵਰਕਾਮ ਅਤੇ ਟਰਾਸਕੋ ਵਿੱਚ ਠੇਕੇ 'ਤੇ ਕੰਮ ਕਰ ਰਹੇ ਹਨ। ਪੰਜਾਬ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਆਪਣੇ ਚੋਣ ਵਾਅਦੇ ਮੁਤਾਬਕ ਇਹਨਾ ਕਾਮਿਆਂ ਨੂੰ ਰੈਗੂਲਰ ਕਰੇ ਅਤੇ ਪਾਵਰਕਾਮ ਮਹਿਕਮੇ ਵਿੱਚ ਮਰਜ ਕਰੇ। ਇਸ ਮੌਕੇ ਤਾਲਮੇਲ ਕਮੇਟੀ ਦੇ ਆਗੂਆਂ ਰਣਜੀਤ ਸਿੰਘ, ਅਕਾਸ਼ ਕੁਮਾਰ, ਵੀਰਪਾਲ ਸਿੰਘ ਨੇ ਆਏ ਆਗੂਆਂ ਦਾ ਧੰਨਵਾਦ ਕਰਦਿਆਂ ਆਖਿਆ ਕਿ ਉਹ ਆਪਣੀਆਂ ਮੰਗਾਂ ਦੀ ਪੂਰਤੀ ਤੱਕ ਸੰਘਰਸ਼ ਕਰਦੇ ਰਹਿਣਗੇ। ਇਸ ਮੌਕੇ ਰਾਜੂ, ਸੁਮਿਤ, ਰਾਹੁਲ, ਉਪਿੰਦਰ ਕੁਮਾਰ, ਜਗਪਾਲ ਸਿੰਘ, ਮਾਨ ਸਿੰਘ, ਜਮਸ਼ੇਰ ਆਲਮ, ਕ੍ਰਿਸ਼ਨ ਅਤੇ ਲਖਵੀਰ ਸਿੰਘ ਆਦਿ ਹਾਜ਼ਰ ਸਨ।

## ਲਾਇਨ ਕਲੱਬ ਯੂਥ ਦੇ ਕਾਕਾ ਦੂਸਰੀ ਵਾਰ ਪ੍ਰਧਾਨ ਬਣੇ



**ਜਗਰਾਉਂ (ਅਮਿਤ ਖੰਨਾ)**-ਲਾਇਨ ਕਲੱਬ ਯੂਥ ਦੇ ਰਾਜਿੰਦਰ ਜੈਨ ਕਾਕਾ ਦੂਸਰੀ ਵਾਰ ਪ੍ਰਧਾਨ ਚੁਣੇ ਗਏ।ਲਾਇਨ ਕਲੱਬ ਦੇ ਰੀਜਨ ਚੇਅਰਮੈਨ ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ ਦੀ ਸਰਪ੍ਰਸਤੀ ਹੇਠ ਲਾਇਨ ਕਲੱਬ ਯੂਥ ਦੀ ਇਕੱਤਰਤਾ ਹੋਈ, ਜਿਸ 'ਚ ਵੱਡੀ ਗਿਣਤੀ ਸ਼ਾਮਲ ਹੋਏ ਮੈਂਬਰਾਂ ਨੇ ਮੁੜ ਸਰਬਸੰਮਤੀ ਨਾਲ ਰਾਜਿੰਦਰ ਜੈਨ ਕਾਕਾ ਨੂੰ ਪ੍ਰਧਾਨਗੀ ਦੇ ਅਹੁਦੇ ਲਈ ਹਰੀ ਝੰਡੀ ਦਿੰਦਿਆਂ ਉਨ੍ਹਾਂ ਹੱਥ ਕਮਾਨ ਸੌਂਪੀ।ਨਵ-ਨਿਯੁਕਤ ਪ੍ਰਧਾਨ ਰਾਜਿੰਦਰ ਜੈਨ ਕਾਕਾ ਨੇ ਇਸ ਸਾਲ ਵੀ ਉਨ੍ਹਾਂ 'ਤੇ ਭਰੋਸਾ ਜਿਤਾਉਣ 'ਤੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਇਸ ਸਾਲ ਵੀ ਸਮਾਜ ਸੇਵਾ ਦੇ ਵੱਡੇ ਕਾਰਜਾਂ 'ਚ ਮੁੱਖ ਤੌਰ 'ਤੇ ਸਿੱਖਿਆ ਤੇ ਸਿਹਤ ਸੇਵਾਵਾਂ ਦੀ ਮੁਹਿੰਮ ਸਾਰਾ ਸਾਲ ਜਾਰੀ ਰਹੇਗੀ।ਉਨ੍ਹਾਂ ਕਿਹਾ ਕਿ ਕਲੱਬ ਦੇ ਸਮੂਹ ਮੈਂਬਰਾਂ ਦੇ ਸਹਿਯੋਗ ਨਾਲ ਸਮਾਜ ਸੇਵਾ ਦੇ ਅਨੇਕਾਂ ਪ੍ਰੋਜੈਕਟ ਲਗਾਏ ਜਾਣਗੇ।ਇਸ ਦੇ ਨਾਲ ਹੀ ਇਸ ਸਾਲ ਪੜ੍ਹਾਈ 'ਚ ਮੱਲ੍ਹਾਂ ਮਾਰਨ ਵਾਲੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਲਈ ਸਨਮਾਨ ਸਮਾਗਮ ਤੇ ਪੜ੍ਹਨ ਵਾਲੇ ਵਿਦਿਆਰਥੀਆਂ, ਜਿਨ੍ਹਾਂ ਦੀ ਮਾਲੀ ਹਾਲਤ ਕਮਜ਼ੋਰ ਹੋਵੇਗੀ ਦੀ ਪੜ੍ਹਾਈ ਦਾ ਖਰਚ ਵੀ ਚੁੱਕਿਆ ਜਾਵੇਗਾ।ਇਸ ਮੌਕੇ ਸਾਹਿਲ ਗੁਪਤਾ, ਨਵਦੀਪ ਗੋਇਲ, ਅਮਿਤ ਮਿੱਤਲ, ਇੰਦਰਪ੍ਰੀਤ ਸਿੰਘ ਵਫ਼ੇਰ ਆਦਿ ਹਾਜ਼ਰ ਸਨ।

# ਸਫਾ 1 ਦੇ ਬਾਕੀ...

### ਆਈ ਏ ਐਸ ਤੇ ਪੀ ਸੀ...

ਕੁਮਾਰ ਸ਼ਰਮਾ ਉਪ ਮੰਡਲ ਮੈਜਿਸਟਰੇਟ, ਅਮਰਗੜ੍ਹ ਵਾਧੂ ਚਾਰਜ ਉਪ ਮੰਡਲ ਮੈਜਿਸਟਰੇਟ ਅਹਿਮਦਗੜ੍ਹ, ਰਵਿੰਦਰ ਸਿੰਘ ਅਰੋੜਾ ਸਹਾਇਕ ਕਮਿਸ਼ਨਰ (ਜਨਰਲ) ਕਪੂਰਥਲਾ ਵਾਧੂ ਚਾਰਜ , ਹਰਬੰਸ ਸਿੰਘ-2, ਮੁੱਖ ਮੰਤਰੀ ਖੇਤਰੀ ਅਫਸਰ ਫਾਜ਼ਿਲਕਾ, ਕੇਸ਼ਵ ਗੋਇਲ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਫਰੀਦਕੋਟ, ਰਣਦੀਪ ਸਿੰਘ ਹੀਰ ਕਮਿਸ਼ਨਰ ਨਗਰ ਨਿਗਮ ਫਗਵਾੜਾ, ਅਰਸ਼ਦੀਪ ਸਿੰਘ ਲੋਬਾਣਾ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ), ਪਠਾਨਕੋਟ, ਕਿਰਪਾਲ ਵੀਰ ਸਿੰਘ ਉਪ ਮੰਡਲ ਮੈਜਿਸਟਰੇਟ, ਅਬੋਹਰ, ਰਵਿੰਦਰ ਸਿੰਘ ਉਪ ਮੰਡਲ ਮੈਜਿਸਟਰੇਟ, ਰਾਜਪੁਰਾ, ਗਗਨਦੀਪ ਸਿੰਘ ਉਪ ਮੰਡਲ ਮੈਜਿਸਟਰੇਟ ਦੀਨਾ ਨਗਰ, ਚਰਨਜੋਤ ਸਿੰਘ ਵਾਲੀਆ ਰੀਜ਼ਨਲ ਟਰਾਂਸਪੋਰਟ ਅਫਸਰ ਬਰਨਾਲ਼ਾ, ਮਿਸ ਉਪਿੰਦਰਜੀਤ ਕੌਰ ਬਰਾੜ ਮਿਲਖ ਅਫਸਰ ਗਰੇਟਰ ਲੁਧਿਆਣਾ ਏਰੀਆ ਵਿਕਾਸ ਅਥਾਰਟੀ ਲੁਧਿਆਣਾ, ਸੂਰਜ ਉਪ ਮੰਡਲ ਮੈਜਿਸਟਰੇਟ ਜੀਰਾ, ਵਰੁਣ ਕੁਮਾਰ ਸਹਾਇਕ ਕਮਿਸ਼ਨਰ (ਜਨਰਲ) ਜਲੰਧਰ, ਹਰਵੀਰ ਕੌਰ ਉਪ ਮੰਡਲ ਮੈਜਿਸਟਰੇਟ ਅਮਲੋਹ, ਬੇਅੰਤ ਸਿੰਘ ਸਿੱਧੂ ਉਪ ਮੰਡਲ ਮੈਜਿਸਟਰੇਟ ਮਹਿਲ ਕਲਾਂ, ਰਾਜਪਾਲ ਸਿੰਘ ਸੇਖੋਂ ਰੀਜ਼ਨਲ ਟਰਾਂਸਪੋਰਟ ਅਫਸਰ ਰੂਪਨਗਰ, ਨਵਜੋਤ ਸ਼ਰਮਾ ਉਪ ਮੰਡਲ ਮੈਜਿਸਟਰੇਟ ਫਗਵਾੜਾ, ਅਮਨ ਗੁਪਤਾ ਮਿਲਖ ਅਫਸਰ (ਹਾਊਸਿੰਗ) ਗਰੇਟ ਮੋਹਾਲੀ ਏਰੀਆ ਵਿਕਾਸ ਅਥਾਰਟੀ ਐਸ ਏ ਐਸ ਨਗਰ, ਸ਼ੰਕਰ ਸ਼ਰਮਾ ਉਪ ਮੰਡਲ ਮੈਜਿਸਟਰੇਟ ਧਾਰ ਕਲਾਂ, ਸੁਖਜਿੰਦਰ ਸਿੰਘ ਟਿਵਾਣਾ ਉਪ ਮੰਡਲ ਮੈਜਿਸਟਰੇਟ ਫਤਿਹਗੜ੍ਹ ਚੂੜੀਆਂ, ਬਾਦਲ ਦੀਨ ਉਪ ਮੰਡਲ ਮੈਜਿਸਟਰੇਟ ਜਗਰਾਉਂ, ਲਛਮਣ ਸਿੰਘ ਉਪ ਮੰਡਲ ਮੈਜਿਸਟਰੇਟ ਡੇਰਾ ਬਾਬਾ ਨਾਨਕ, ਰਜਿੰਦਰ ਸਿੰਘ ਉਪ ਮੰਡਲ ਮੈਜਿਸਟਰੇਟ ਕੋਟਕਪੂਰਾ, ਸਤਵਿੰਦਰ ਪਾਲ ਰਣੀਕੇ ਉਪ ਮੰਡਲ ਮੈਜਿਸਟਰੇਟ ਤੇ ਵਾਧੂ ਚਾਰਜ ਰੀਜ਼ਨਲ ਟਰਾਂਸਪੋਰਟ ਅਫਸਰ ਮੋਗ ਤਾਇਨਾਤ ਕੀਤਾ ਗਿਆ ਹੈ।

### ਸੁਪਰੀਮ ਕੋਰਟ ਵੱਲੋਂ ...

ਮਜ਼ਦੂਰ ਦੀ ਘੱਟੋ-ਘੱਟ ਮਜ਼ਦੂਰੀ ਤੋਂ ਘੱਟ ਨਹੀਂ ਹੋਣੀ ਚਾਹੀਦੀ। ਇਸ ਦੇ ਨਾਲ ਹੀ, ਬੈਂਚ ਨੇ ਮੋਟਰ ਹਾਦਸਾ ਮੁਆਵਜ਼ਾ ਕਲੇਮ ਦੇ ਮਾਮਲਿਆਂ ਨੂੰ ਤੇਜ਼ੀ ਨਾਲ ਨਿਪਟਾਉਣ ਲਈ ਕਈ ਦਿਸ਼ਾ-ਨਿਰਦੇਸ਼ ਵੀ ਜਾਰੀ ਕੀਤੇ। ਅਦਾਲਤ ਨੇ ਉਮੀਦ ਜਤਾਈ ਕਿ ਮੋਟਰ ਵਹੀਕਲ ਐਕਟ ਦੀ ਧਾਰਾ 169 ਦੇ ਤਹਿਤ ਟ੍ਰਿਬਿਊਨਲਾਂ ਸਾਹਮਣੇ ਸੰਖੇਪ ਪ੍ਰਕਿਰਿਆ ਨੂੰ ਸਹੀ ਭਾਵਨਾ ਨਾਲ ਲਾਗੂ ਕੀਤਾ ਜਾਵੇਗਾ। ਬੈਂਚ ਨੇ ਸਾਰੀਆਂ ਹਾਈ ਕੋਰਟਾਂ ਦੇ ਮੁੱਖ ਜੱਜਾਂ ਨੂੰ ਇਨ੍ਹਾਂ ਮਾਮਲਿਆਂ ਦੀ ਨਿਗਰਾਨੀ ਕਰਨ ਲਈ ਕਿਹਾ ਹੈ ਤਾਂ ਜੋ ਪੀੜਤਾਂ ਨੂੰ ਸਮੇਂ ਸਿਰ ਇਨਸਾਫ ਮਿਲ ਸਕੇ।

ਹੁਣ ਤੱਕ, ਅਦਾਲਤਾਂ ਤੇ ਦੁਰਘਟਨਾ ਟ੍ਰਿਬਿਊਨਲਾਂ ਨੇ ਸੜਕ ਹਾਦਸਿਆਂ ਵਿੱਚ ਮਰਨ ਵਾਲੀਆਂ ਘਰੇਲੂ ਔਰਤਾਂ ਲਈ ਮੁਆਵਜ਼ਾ ਨਿਰਧਾਰਤ ਕਰਨ ਲਈ 'ਕਾਲਪਨਿਕ ਆਮਦਨ' ਦੀ ਵਰਤੋਂ ਕੀਤੀ ਹੈ। ਇਹ ਰਾਜ ਦੀ ਘੱਟੋ-ਘੱਟ ਉਜਰਤ 'ਤੇ ਅਧਾਰਤ ਸੀ, ਜੋ ਅਕਸਰ ਬਹੁਤ ਘੱਟ ਹੁੰਦੀ ਸੀ। ਸੁਪਰੀਮ ਕੋਰਟ ਨੇ ਕਿਹਾ ਹੈ ਕਿ ਇੱਕ ਘਰੇਲੂ ਔਰਤ ਦਾ ਕੰਮ ਸਿਰਫ ਖਾਣਾ ਪਕਾਉਣਾ, ਬੱਚਿਆਂ ਦੀ ਦੇਖਭਾਲ ਕਰਨਾ ਅਤੇ ਘਰ ਦਾ ਪ੍ਰਬੰਧਨ ਕਰਨਾ ਨਹੀਂ ਹੁੰਦਾ। ਉਹ ਪਰਵਾਰ ਦੀ ਨੀਂਹ ਮਜ਼ਬੂਤ ਕਰਦੀ ਹੈ ਅਤੇ ਅਗਲੀ ਪੀੜ੍ਹੀ ਨੂੰ ਤਿਆਰ ਕਰਦੀ ਹੈ। ਜਦੋਂ ਇੱਕ ਘਰੇਲੂ ਔਰਤ ਦੀ ਦੁਰਘਟਨਾ ਕਾਰਨ ਮੌਤ ਹੋ ਜਾਂਦੀ ਹੈ, ਤਾਂ ਮੁਆਵਜ਼ਾ ਨਿਰਧਾਰਤ ਕਰਦੇ ਸਮੇਂ ਉਸ ਦੇ ਯੋਗਦਾਨ ਦਾ ਮੁਲੰਕਣ ਕੀਤਾ ਜਾਣਾ ਚਾਹੀਦਾ ਹੈ। ਉਸ ਦੀ ਆਮਦਨ ਦਾ ਮੁਲੰਕਣ ਕਰਦੇ ਸਮੇਂ, ਉਸ ਦੀ ਉਮਰ, ਸਿੱਖਿਆ, ਹੁਨਰ, ਪਰਵਾਰਕ ਜ਼ਿੰਮੇਵਾਰੀਆਂ ਅਤੇ ਵਿੱਤੀ ਸਥਿਤੀ ਨੂੰ ਵੀ ਧਿਆਨ ਵਿੱਚ ਰੱਖਣਾ ਚਾਹੀਦਾ ਹੈ। ਜੇ ਕੋਈ ਘਰੇਲੂ ਔਰਤ ਸੜਕ ਹਾਦਸੇ ਵਿੱਚ ਜ਼ਖਮੀ ਹੋ ਜਾਂਦੀ ਹੈ ਜਾਂ ਉਸ ਦੀ ਮੌਤ ਹੋ ਜਾਂਦੀ ਹੈ, ਤਾਂ ਪਰਵਾਰ ਨੂੰ ਸਿਰਫ ਇਸ ਆਧਾਰ 'ਤੇ ਘੱਟ ਮੁਆਵਜ਼ਾ ਨਹੀਂ ਦਿੱਤਾ ਜਾ ਸਕਦਾ ਕਿ ਉਸ ਦੀ ਕੋਈ ਆਮਦਨ ਨਹੀਂ ਸੀ। ਮੁਆਵਜ਼ਾ ਨਾ ਤਾਂ ਅਚਾਨਕ ਮਾਰਿਆ ਜਾਣਾ ਚਾਹੀਦਾ ਹੈ ਅਤੇ ਨਾ ਹੀ ਕਿਸੇ ਲਈ ਵੱਡੀ ਰਕਮ ਹੋਣੀ ਚਾਹੀਦੀ ਹੈ ਅਤੇ ਨਾ ਹੀ ਇਹ ਇੰਨਾ ਛੋਟਾ ਹੋਣਾ ਚਾਹੀਦਾ ਹੈ ਕਿ ਇਹ ਪੀੜਤ ਦਾ ਮਜ਼ਾਕ ਉਡਾਵੇ। ਅਦਾਲਤ ਨੇ ਕਿਹਾ ਹੈ ਕਿ ਸੜਕ ਦੁਰਘਟਨਾ ਦੇ ਦਾਅਵਿਆਂ ਦਾ ਨਿਪਟਾਰਾ ਆਮ ਤੌਰ 'ਤੇ ਇੱਕ ਸਾਲ ਦੇ ਅੰਦਰ-ਅੰਦਰ ਹੋ ਜਾਣਾ ਚਾਹੀਦਾ ਹੈ। ਜੇ ਪੀੜਤਾਂ ਨੂੰ ਦਹਾਕਿਆਂ ਤੱਕ ਇੰਤਜ਼ਾਰ ਕਰਨਾ ਪੈਂਦਾ ਹੈ, ਤਾਂ ਕਾਨੂੰਨ ਆਪਣੇ ਉਦੇਸ਼ ਨੂੰ ਅਸਫਲ ਕਰ ਦਿੰਦਾ ਹੈ। ਬੈਂਚ ਨੇ ਜਿਸ ਪ੍ਰਣਯ ਸੇਠੀ ਕੇਸ ਦਾ ਜ਼ਿਕਰ ਕੀਤਾ, ਉਸ ਦਾ ਫੈਸਲਾ 2017 ਵਿੱਚ ਸੁਪਰੀਮ ਕੋਰਟ ਦੀ ਸੰਵਿਧਾਨਕ ਬੈਂਚ ਨੇ ਦਿੱਤਾ ਸੀ। ਮੁੱਦਾ ਇਹ ਸੀ ਕਿ ਵੱਖ-ਵੱਖ ਅਦਾਲਤਾਂ ਸੜਕ ਹਾਦਸਿਆਂ ਵਿੱਚ ਮੌਤਾਂ ਲਈ ਮੁਆਵਜ਼ਾ ਨਿਰਧਾਰਤ ਕਰਨ ਲਈ ਵੱਖ-ਵੱਖ ਤਰੀਕਿਆਂ ਦੀ ਵਰਤੋਂ ਕਰ ਰਹੀਆਂ ਸਨ। ਇਸ ਦੇ ਨਤੀਜੇ ਵਜੋਂ ਸਮਾਨ ਹਾਲਾਤ ਵਿੱਚ ਵੀ ਮੁਆਵਜ਼ੇ ਦੀ ਰਕਮ ਵਿੱਚ ਮਹੱਤਵਪੂਰਨ ਭਿੰਨਤਾਵਾਂ ਆਈਆਂ। ਸੁਪਰੀਮ ਕੋਰਟ ਨੇ ਇਹ ਸਿਧਾਂਤ ਤੈਅ ਕੀਤਾ ਸੀ ਕਿ ਸੜਕ ਹਾਦਸੇ ਵਿੱਚ ਮੌਤ ਹੋਣ ਦੀ ਸੂਰਤ ਵਿੱਚ ਮੁਆਵਜ਼ਾ ਨਿਰਧਾਰਤ ਕਰਦੇ ਸਮੇਂ, ਮ੍ਰਿਤਕ ਦੀ ਮੌਜੂਦਾ ਆਮਦਨ ਹੀ ਨਹੀਂ, ਸਗੋਂ ਭਵਿੱਖ ਵਿੱਚ ਆਮਦਨ ਵਿੱਚ ਵਾਧੇ ਦੀ ਸੰਭਾਵਨਾ ਨੂੰ ਵੀ ਸ਼ਾਮਲ ਕੀਤਾ ਜਾਵੇਗਾ। ਅਦਾਲਤ ਨੇ ਇਹ ਵੀ ਕਿਹਾ ਕਿ ਅੰਤਮ ਸੰਸਕਾਰ, ਜਾਇਦਾਦ ਦਾ ਨੁਕਸਾਨ ਅਤੇ ਜੀਵਨ ਸਾਥੀ ਨਾਲ ਰਿਸ਼ਤੇ ਦੇ ਨੁਕਸਾਨ ਵਰਗੀਆਂ ਚੀਜ਼ਾਂ ਲਈ ਇਕਸਾਰ ਅਤੇ ਨਿਸ਼ਚਿਤ ਮਾਪਦੰਡ ਅਪਣਾਏ ਜਾਣੇ ਚਾਹੀਦੇ ਹਨ, ਤਾਂ ਜੋ ਮੁਆਵਜ਼ਾ ਦੇਣ ਦਾ ਤਰੀਕਾ ਦੇਸ਼-ਭਰ ਵਿੱਚ ਇਕਸਾਰ ਅਤੇ ਨਿਰਪੱਖ ਹੋਵੇ, ਵੱਖ-ਵੱਖ ਅਦਾਲਤਾਂ ਇੱਕੋ ਜਿਹੇ ਹਾਲਾਤ ਵਿੱਚ ਵੱਖ-ਵੱਖ ਮੁਆਵਜ਼ਾ ਨਾ ਦੇਣ।

### ਸੁਖਬੀਰ ਬਾਦਲ ਮੁਨਕਰ...

ਬਚਾਇਆ।ਸਾਲ 1986 ਦੇ ਨਕੋਦਰ ਗੋਲੀ ਕਾਂਡ ਨੂੰ ਯਾਦ ਕਰਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਦੇ ਖਿਲਾਫ ਸ਼ਾਂਤਮਈ ਪ੍ਰਦਰਸ਼ਨ ਕਰ ਰਹੇ ਪ੍ਰਦਰਸ਼ਨਕਾਰੀਆਂ 'ਤੇ ਜਦੋਂ ਪੁਲਸ ਨੇ ਗੋਲੀਬਾਰੀ ਕੀਤੀ ਤਾਂ ਚਾਰ ਸਿੱਖ ਨੌਜਵਾਨ ਸ਼ਹੀਦ ਹੋ ਗਏ ਸਨ। ਜਸਟਿਸ ਗੁਰਨਾਮ ਸਿੰਘ ਕਮਿਸ਼ਨ ਦੀ ਰਿਪੋਰਟ ਦਾ ਇੱਕ ਵੱਡਾ ਹਿੱਸਾ ਅਕਾਲੀ ਸ਼ਾਸਨ ਦੌਰਾਨ ਰਹੱਸਮਈ ਢੰਗ ਨਾਲ ਗਾਇਬ ਕਰ ਦਿੱਤਾ ਗਿਆ, ਤਾਂ ਜੋ ਸੱਚਾਈ ਸਾਹਮਣੇ ਨਾ ਆ ਸਕੇ। ਉਸ ਦੌਰਾਨ ਅਹਿਮ ਅਹੁਦਿਆਂ 'ਤੇ ਤਾਇਨਾਤ ਅਧਿਕਾਰੀਆਂ ਨੂੰ ਬਾਅਦ ਵਿੱਚ ਅਕਾਲੀ ਦਲ ਵੱਲੋਂ ਸੀਨੀਅਰ ਅਹੁਦਿਆਂ ਅਤੇ ਸਿਆਸੀ ਅਹੁਦਿਆਂ ਨਾਲ ਨਿਵਾਜਿਆ ਗਿਆ।

ਸਾਲ 2015 ਦੀਆਂ ਘਟਨਾਵਾਂ ਨਾਲ ਸਮਾਨਤਾ ਦਿਖਾਉਂਦੇ ਹੋਏ ਬਲਤੇਜ ਪੰਨੂ ਨੇ ਕਿਹਾ ਕਿ ਸੱਚ ਨੂੰ ਦਬਾਉਣ ਦਾ ਉਹੀ ਤਰੀਕਾ ਉਦੋਂ ਵੀ ਸਾਹਮਣੇ ਆਇਆ, ਜਦੋਂ ਬੁਰਜ ਜਵਾਹਰ ਸਿੰਘ ਵਾਲਾ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਸਰੂਪ ਚੋਰੀ ਕੀਤਾ ਗਿਆ ਅਤੇ ਭੜਕਾਊ ਪੋਸਟਰ ਲਗਾਏ ਗਏ, ਜਿਸ ਨਾਲ ਸਿੱਖ ਭਾਵਨਾਵਾਂ ਨੂੰ ਡੂੰਘੀ ਠੇਸ ਪਹੁੰਚੀ। ਜਨਤਾ ਦੇ ਭਾਰੀ ਰੋਸ ਦੇ ਬਾਵਜੂਦ ਤਤਕਾਲੀ ਅਕਾਲੀ-ਭਾਜਪਾ ਸਰਕਾਰ ਠੋਸ ਕਾਰਵਾਈ ਕਰਨ ਵਿੱਚ ਅਸਫਲ ਰਹੀ।

ਉਨ੍ਹਾ ਕਿਹਾ ਕਿ ਜਦੋਂ ਲੋਕ ਬੇਅਦਬੀ ਦੀਆਂ ਘਟਨਾਵਾਂ ਦੇ ਵਿਰੋਧ ਵਿੱਚ ਸ਼ਾਂਤਮਈ ਪ੍ਰਦਰਸ਼ਨ ਲਈ ਸੜਕਾਂ 'ਤੇ ਉਤਰੇ ਤਾਂ ਸਰਕਾਰ ਨੇ ਇਨਸਾਫ਼ ਦੇਣ ਦੀ ਬਜਾਏ ਤਾਕਤ ਦੀ ਵਰਤੋਂ ਕੀਤੀ। ਕੋਟਕਪੂਰਾ ਵਿਖੇ ਸ਼ਾਂਤਮਈ ਪ੍ਰਦਰਸ਼ਨਕਾਰੀਆਂ 'ਤੇ ਪਾਣੀ ਦੀਆਂ ਬੁਛਾਰਾਂ, ਅੱਥਰੂ ਗੈਸ ਅਤੇ ਗੋਲੀਆਂ ਚਲਾਈਆਂ ਗਈਆਂ, ਜਦੋਂ ਕਿ ਬਹਿਬਲ ਕਲਾਂ ਵਿਖੇ ਪੁਲਸ ਦੀਆਂ ਗੋਲੀਆਂ ਨੇ ਦੋ ਬੇਗੁਨਾਹ ਸਿੱਖਾਂ ਦੀ ਜਾਨ ਲੈ ਲਈ। ਸਰਕਾਰ ਨੇ ਅਸਲ ਦੋਸ਼ੀਆਂ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਅਤੇ ਬੇਅਦਬੀ ਦੇ ਮਾਮਲਿਆਂ ਵਿੱਚ ਸਿੱਖ ਨੌਜਵਾਨਾਂ ਨੂੰ ਝੂਠਾ ਫਸਾਇਆ, ਉਨ੍ਹਾਂ 'ਤੇ ਅੰਨ੍ਹਾ ਤਸ਼ੱਦਦ ਕੀਤਾ, ਜਿਸ ਤੋਂ ਬਾਅਦ ਜਨਤਕ ਦਬਾਅ ਕਾਰਨ ਉਨ੍ਹਾਂ ਨੂੰ ਰਿਹਾਅ ਕਰਨਾ ਪਿਆ।

ਪੰਨੂ ਨੇ ਕਿਹਾ ਕਿ ਸਾਬਕਾ ਉਪ ਮੁੱਖ ਮੰਤਰੀ ਅਤੇ ਤਤਕਾਲੀ ਗ੍ਰਹਿ ਮੰਤਰੀ ਸੁਖਬੀਰ ਸਿੰਘ ਬਾਦਲ ਆਪਣੇ ਕਾਰਜਕਾਲ ਦੌਰਾਨ ਵਾਪਰੀਆਂ ਘਟਨਾਵਾਂ ਦੀ ਜਵਾਬਦੇਹੀ ਤੋਂ ਬਚ ਨਹੀਂ ਸਕਦੇ। ਕੋਟਕਪੂਰਾ ਗੋਲੀ ਕਾਂਡ ਮਾਮਲੇ ਵਿੱਚ ਵਿਸ਼ੇਸ਼ ਜਾਂਚ ਟੀਮ (ਐੱਸ ਆਈ ਟੀ) ਵੱਲੋਂ ਦਾਇਰ ਕੀਤੀ ਚਾਰਜਸ਼ੀਟ ਦਾ ਹਵਾਲਾ ਦਿੰਦਿਆਂ ਉਨ੍ਹਾ ਨੋਟ ਕੀਤਾ ਕਿ ਅਦਾਲਤਾਂ ਨੇ ਵੀ ਇਸ ਘਟਨਾ ਨੂੰ ਸੰਭਾਲਣ ਦੇ ਤਰੀਕੇ ਬਾਰੇ ਗੰਭੀਰ ਟਿੱਪਣੀਆਂ ਕੀਤੀਆਂ ਸਨ।

### ਮੋਦੀ ਸਰਕਾਰ ਦੀਆਂ ...

ਨਮਾਇੰਦਿਆਂ ਨੇ ਨਰੇਗਾ ਐਕਟ ਬਣਵਾ ਕੇ ਮਜ਼ਦੂਰ ਵਰਗ ਨੂੰ ਕੰਮ ਦਾ ਹੱਕ ਦਿਵਾਇਆ ਸੀ। ਭਾਜਪਾ ਦੀ ਕੇਂਦਰੀ ਸਰਕਾਰ ਨੇ ਨਰੇਗਾ ਦਾ ਨਾਂਅ ਬਦਲਣ ਦੇ ਬਹਾਨੇ ਮਜ਼ਦੂਰਾਂ ਦੇ ਕੰਮ ਦੇ ਹੱਕ ਨੂੰ ਖੋਹ ਲਿਆ ਹੈ। ਉਹਨਾ ਭਾਜਪਾ ਵੱਲੋਂ ਧਰਮ ਅਤੇ ਜਾਤ ਦੇ ਨਾਂਅ ਵੰਡੀਆਂ ਪਾਉਣ ਦੀ ਨੀਤੀ ਦੀ ਸਖਤ ਸ਼ਬਦਾਂ ਵਿਚ ਨਿੰਦਾ ਕੀਤੀ।ਕਨਵੈਨਸ਼ਨ ਨੂੰ ਪਰਮਿੰਦਰ ਮੇਨਕਾ, ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਜਸਵਿੰਦਰ ਭੰਗਲ ਆਦਿ ਨੇ ਵੀ ਸੰਬੋਧਨ ਕੀਤਾ।ਸਟੇਜ ਸਕੱਤਰ ਦੇ ਫਰਜ਼ ਸੀ ਪੀ ਆਈ ਦੇ ਸੂਬਾ ਕਮੇਟੀ ਮੈਂਬਰ ਨਿਰੰਜਣ ਮੇਹਲੀ ਨੇ ਨਿਭਾਏ। ਇਸ ਮੌਕੇ ਹਸ਼ਮਤ ਅਲੀ, ਗੁਰਮੁਖ ਸਿੰਘ ਫਰਾਲਾ, ਅਮਰਜੀਤ ਸਿੰਘ ਮੇਹਲੀ, ਅਮਰਜੀਤ ਕੌਰ ਚੱਕ ਗੁਰੂ, ਨਰਿੰਦਰ ਕਾਲੀਆ, ਰਾਮ ਆਸਰਾ, ਦਸੌਂਧਾ ਸਿੰਘ ਰੁੜਕੀ, ਬਲਵੀਰ ਤਮਾਨਾ ਤੇ ਗੁਰਮੇਲ ਚੰਦ ਆਦਿ ਮੌਜੂਦ ਸਨ। ਕਨਵੈਨਸ਼ਨ ਉਪਰੰਤ ਨਵਾਂ ਸ਼ਹਿਰ ਦੇ ਬਾਜ਼ਾਰ ਵਿੱਚ ਰੋਹ ਭਰਪੂਰ ਰੋਸ ਮੁਜ਼ਾਹਰਾ ਕੀਤਾ ਗਿਆ।

### ਭਾਰਤੀ ਅੰਬਾਂ ਦੀ ਆਮਦ 'ਤੇ ਕੋਈ ਪਾਬੰਦੀ ਨਹੀਂ : ਨੇਪਾਲ

**ਕਾਠਮੰਡੂ** : ਨੇਪਾਲ ਨੇ ਭਾਰਤੀ ਅੰਬਾਂ ਦੇ ਦਰਾਮਦ ਬਾਰੇ ਆਪਣਾ ਰੁਖ਼ ਬਦਲਦਿਆਂ ਸਪੱਸ਼ਟ ਕੀਤਾ ਹੈ ਕਿ ਭਾਰਤ ਤੋਂ ਆਉਣ ਵਾਲੇ ਅੰਬਾਂ 'ਤੇ ਕਿਸੇ ਵੀ ਤਰ੍ਹਾਂ ਦੀ ਕੋਈ ਪਾਬੰਦੀ ਨਹੀਂ ਲਗਾਈ ਗਈ ਹੈ। ਨੇਪਾਲ ਸਰਕਾਰ ਮੁਤਾਬਕ ਦੇਸ਼ ਦੀ ਮੰਗ ਅਨੁਸਾਰ ਅਤੇ ਕੁਝ ਜ਼ਰੂਰੀ ਨਿਯਮਾਂ ਦੇ ਤਹਿਤ ਇਨ੍ਹਾਂ ਫਲਾਂ ਨੂੰ ਨੇਪਾਲ ਦੇ ਬਾਜ਼ਾਰਾਂ ਵਿੱਚ ਵੇਚਣ ਦੀ ਇਜਾਜ਼ਤ ਦਿੱਤੀ ਗਈ ਹੈ। ਇਹ ਸਪੱਸ਼ਟੀਕਰਨ ਉਨ੍ਹਾਂ ਖ਼ਬਰਾਂ ਦੇ ਕੁਝ ਦਿਨਾਂ ਬਾਅਦ ਸਾਹਮਣੇ ਆਇਆ ਹੈ, ਜਿਨ੍ਹਾਂ ਵਿੱਚ ਦਾਅਵਾ ਕੀਤਾ ਗਿਆ ਸੀ ਕਿ ਨੇਪਾਲ ਸਰਕਾਰ ਨੇ ਕੀਟਨਾਸ਼ਕਾਂ ਦੀ ਵੱਧ ਮਾਤਰਾ ਹੋਣ ਕਾਰਨ ਭਾਰਤੀ ਅੰਬਾਂ ਦੀ ਆਮਦ ਨੂੰ ਸੀਮਤ ਕਰ ਦਿੱਤਾ ਹੈ। ਉਦੋਂ ਅਧਿਕਾਰੀਆਂ ਵੱਲੋਂ ਸਰਹੱਦੀ ਖੇਤਰਾਂ, ਖ਼ਾਸ ਕਰਕੇ ਮਧੇਸ਼ ਸੂਬੇ ਵਿੱਚ 'ਕੁਆਰੰਟੀਨ' ਸਹੂਲਤਾਂ ਦੀ ਘਾਟ ਨੂੰ ਇਸ ਦਾ ਮੁੱਖ ਕਾਰਨ ਦੱਸਿਆ ਗਿਆ ਸੀ। ਨੇਪਾਲ ਦੇ ਖੇਤੀਬਾੜੀ, ਵਣ ਅਤੇ ਵਾਤਾਵਰਣ ਮੰਤਰਾਲੇ ਨੇ ਬੁੱਧਵਾਰ ਨੂੰ ਇੱਕ ਬਿਆਨ ਜਾਰੀ ਕਰਦਿਆਂ ਕਿਹਾ ਕਿ ਵੱਖ-ਵੱਖ ਮੀਡੀਆ ਤੇ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਭਾਰਤੀ ਅੰਬਾਂ 'ਤੇ ਪਾਬੰਦੀ ਬਾਰੇ ਚੱਲ ਰਹੀਆਂ ਖ਼ਬਰਾਂ ਗੁੰਮਰਾਹਕੁੰਨ ਹਨ। ਮੰਤਰਾਲੇ ਦੇ ਅਧੀਨ ਕੰਮ ਕਰਦੇ 'ਪਲਾਂਟ ਕੁਆਰੰਟੀਨ ਐਂਡ ਪੈਸਟੀਸਾਈਡ ਮੈਨੇਜਮੈਂਟ ਸੈਂਟਰ' ਨੇ ਸਾਫ਼ ਕੀਤਾ ਕਿ ਭਾਰਤ ਤੋਂ ਅੰਬਾਂ ਦੇ ਦਰਾਮਦ 'ਤੇ ਕੋਈ ਰੋਕ ਨਹੀਂ ਹੈ ਤੇ ਬਰਾਮਦਗੀ ਪ੍ਰਕਿਰਿਆ ਤਹਿਤ ਇਨ੍ਹਾਂ ਦੀ ਸਪਲਾਈ ਜਾਰੀ ਹੈ।

### ਅਮਰੀਕੀ ਹਮਲਿਆਂ...

ਉੱਤੇ ਹਮਲੇ ਤੋਂ ਬਾਅਦ ਭਾਰਤ ਨੇ ਅਮਰੀਕਾ ਕੋਲ ਵਿਰੋਧ ਜਤਾਇਆ ਹੈ, ਪਰ ਸਿਰਫ ਕੂਟਨੀਤਕ ਵਿਰੋਧ ਜਾਂ ਪਹੁੰਚ ਹੀ ਡੂੰਘੀ ਚੁਣੌਤੀ ਦਾ ਹੱਲ ਨਹੀਂ ਕਰ ਸਕਦੀ।

ਇਸੇ ਦੌਰਾਨ ਅਮਰੀਕੀ ਫੌਜ ਨੇ ਕਿਹਾ ਕਿ ਉਸ ਨੇ ਲਗਾਤਾਰ ਦੂਜੇ ਦਿਨ ਈਰਾਨ ਵਿੱਚ ਫੌਜੀ ਨਿਗਰਾਨੀ ਸਮਰਥਾਵਾਂ, ਸੰਚਾਰ ਪ੍ਰਣਾਲੀਆਂ ਅਤੇ ਹਵਾਈ ਰੱਖਿਆ ਸਥਾਨਾਂ 'ਤੇ ਹਮਲੇ ਕੀਤੇ ਹਨ। ਉਧਰ, ਈਰਾਨ ਦੀ ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰ ਨੇ ਵੀਰਵਾਰ ਕਿਹਾ ਕਿ ਉਸ ਨੇ ਕੁਵੈਤ ਅਤੇ ਬਹਿਰੀਨ ਦੇ ਹਵਾਈ ਅੱਡਿਆਂ 'ਤੇ ਸਥਿਤ 18 ਅਮਰੀਕੀ ਫੌਜੀ ਟਿਕਾਣਿਆਂ 'ਤੇ ਜਵਾਬੀ ਹਮਲੇ ਕੀਤੇ ਹਨ। ਈਰਾਨ ਦੀ ਸਿਖਰਲੀ ਫੌਜੀ ਕਮਾਂਡ ਨੇ ਚੇਤਾਵਨੀ ਦਿੱਤੀ ਹੈ ਕਿ ਉਹ ਹਾਰਮੁਜ਼ ਜਲਡਮਰੂ ਵਿੱਚੋਂ ਲੰਘਣ ਦੀ ਕੋਸ਼ਿਸ਼ ਕਰਨ ਵਾਲੇ ਕਿਸੇ ਵੀ ਜਹਾਜ਼ ਨੂੰ ਨਿਸ਼ਾਨਾ ਬਣਾਏਗਾ। ਈਰਾਨ ਦੇ ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਹਾਲ ਹੀ ਦੇ ਹਮਲਿਆਂ ਨੇ ਲਗਭਗ ਦੋ ਮਹੀਨੇ ਦੀ ਜੰਗਬੰਦੀ ਨੂੰ ਅਮਲੀ ਤੌਰ 'ਤੇ ਬੇਮਾਨੀ ਬਣਾ ਦਿੱਤਾ ਹੈ।

### ਆਦਿੱਤਿਆ ਦੇ ਪਰਵਾਰ...

ਵਾਤਾਵਰਣ ਵਿੱਚ ਧੱਕਿਆ ਗਿਆ, ਜਿੱਥੇ ਉਹ ਰੋਜ਼ਾਨਾ ਲਗਭਗ 20 ਘੰਟੇ ਦੀਆਂ ਸ਼ਿਫਟਾਂ ਵਿੱਚ ਕੰਮ ਕਰਦਾ ਸੀ। ਆਦਿੱਤਿਆ, ਜੋ ਕਿ ਪ੍ਰੋਬੇਸ਼ਨ 'ਤੇ ਇੱਕ ਡੈੱਕ ਕੈਡੇਟ ਸੀ, ਆਪਣੇ ਮਾਪਿਆਂ ਦਾ ਇਕਲੌਤਾ ਪੁੱਤਰ ਸੀ। ਆਦਿੱਤਿਆ ਦੇ ਚਾਚਾ ਸੰਜੀਵ ਨੇ ਕਿਹਾ, 'ਮੈਨੂੰ ਬੁੱਧਵਾਰ ਰਾਤ 9 ਵਜੇ ਦੇ ਕਰੀਬ ਮੇਰੇ ਭਰਾ ਦਾ ਫੋਨ ਆਇਆ ਕਿ ਆਦਿੱਤਿਆ ਲਾਪਤਾ ਹੈ। ਮੈਂ ਤੁਰੰਤ ਆਪਣੇ ਭਰਾ ਦੇ ਘਰ ਜਲੰਧਰ ਪਹੁੰਚਿਆ। ਪੂਰੀ ਰਾਤ ਅਸੀਂ ਆਦਿੱਤਿਆ ਦਾ ਪਤਾ ਲਗਾਉਣ ਲਈ ਕੰਪਨੀ ਨਾਲ ਤਾਲਮੇਲ ਕਰਨ ਦੀ ਕੋਸ਼ਿਸ਼ ਕੀਤੀ। ਰਾਤ 1.30 ਵਜੇ ਦੇ ਕਰੀਬ ਸਾਨੂੰ ਪਤਾ ਲੱਗਾ ਕਿ ਉਹ ਹੁਣ ਨਹੀਂ ਰਿਹਾ।' ਪਰਵਾਰ ਨੇ ਹਿਮਾਚਲ ਅਤੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਸ ਦੀ ਮ੍ਰਿਤਕ ਦੇਹ ਨੂੰ ਹਮੀਰਪੁਰ ਦੇ ਜੱਦੀ ਪਿੰਡ ਗਲੌਰ ਲਿਆਂਦਾ ਜਾਵੇ ਤਾਂ ਜੋ ਉਸ ਦਾ ਅੰਤਮ ਸੰਸਕਾਰ ਕੀਤਾ ਜਾ ਸਕੇ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਉਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

# ਕਬਜ਼ਾ ਲੈਣ ਪੁੱਜੀ ਟੀਮ ਵਿਰੁੱਧ ਨਾਅਰੇਬਾਜ਼ੀ

**ਅਜਨਾਲਾ (ਸੁਖਜਿੰਦਰ ਸਿੰਘ ਰਾਜੂ)**- ਦੇਸ਼ ਵਿੱਚ ਅਜ਼ਾਦੀ ਤੋਂ ਬਾਅਦ ਅੰਨ ਸੰਕਟ ਨੂੰ ਦੂਰ ਕਰਨ ਲਈ ਪ੍ਰਧਾਨ ਮੰਤਰੀ ਵੱਲੋਂ ਨਾਹਰਾ ਲਗਾਇਆ ਗਿਆ ਸੀ ਕਿ ਬਹੁਤਾ ਅੰਨ ਉਗਾਉ ( ਗਰੋ ਮੋਰ ਫੂਡ ) 'ਤੇ ਅਮਲ ਕਰਦਿਆਂ ਸਭ ਤੋਂ ਪਹਿਲਾ ਭਾਰਤ-ਪਾਕਿ ਬਾਰਡਰ ਪਿੰਡਾਂ ਦੇ ਕਿਸਾਨਾਂ-ਮਜ਼ਦੂਰਾਂ ਨੇ ਹਜ਼ਾਰਾਂ ਏਕੜ ਜੰਗਲ-ਬੇਲਾ, ਝਾੜੀਆਂ ਤੇ ਵੱਡਾ ਵੱਡਾ ਸਰਕੜਾ ਆਦਿ ਨੂੰ ਸਖ਼ਤ ਮਿਹਨਤ ਤੇ ਆਪਣੀ ਖ਼ੂਨ ਪਸੀਨੇ ਦੀ ਕਮਾਈ ਲਗਾ ਕੇ ਇਸ ਜ਼ਮੀਨ ਨੂੰ ਅਬਾਦ ਕੀਤਾ ਸੀ। ਜਿਹੜੇ ਕਿਸਾਨ ਪਾਕਿਸਤਾਨ ਤੋਂ ਉੱਜੜ ਕੇ ਇੱਥੇ ਵੱਸੇ ਸਨ ਉਹਨਾਂ ਨੇ ਵੀ ਗੈਰ ਅਬਾਦ ਜ਼ਮੀਨਾਂ ਨੂੰ ਆਬਾਦ ਕਰਕੇ ਦੇਸ਼ ਦੇ ਅੰਨ ਭੰਡਾਰ ਵਿੱਚ ਆਪਣਾ ਬਣਦਾ ਯੋਗਦਾਨ ਪਾਇਆ। ਪ੍ਰੰਤੂ ਬੜੇ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਪਿਛਲੇ ਸਮੇਂ ਤੋਂ ਰਾਜਸੀ, ਪੁਲਸ ਤੇ ਭੌਂ ਮਾਫੀਆ ਜਿਹਦੇ ਵਿੱਚ ਸਰਕਾਰ ਨਾਲ ਮਿਲੇ ਹੋਏ ਸਰਪੰਚ ਵੀ ਸ਼ਾਮਲ ਹਨ, ਅਜਿਹੀ ਘਟਨਾ ਸੈਦੋਗਾਜ਼ੀ ਪਿੰਡ ਵਿੱਚ ਵੀ ਵਾਪਰਨ ਤੋਂ ਜਮਹੂਰੀ ਕਿਸਾਨ ਸਭਾ ਪੰਜਾਬ ਦੀ ਸਰਹੱਦੀ ਏਰੀਆ ਕਮੇਟੀ ਦੇ ਪ੍ਰਧਾਨ ਜਤਿੰਦਰ ਸਿੰਘ ਜਾਫਰਕੋਟ ਦੀ ਅਗਵਾਈ 'ਚ ਸੈਂਕੜੇ ਕਿਸਾਨਾਂ ਮਜ਼ਦੂਰਾਂ ਨੇ ਸੈਦੋਗਾਜ਼ੀ ਦੇ ਸਾਬਕਾ ਚੇਅਰਮੈਨ ਖੰਡ ਮਿੱਲ ਗੁਰਨਾਮ ਸਿੰਘ, ਪਰਮਜੀਤ ਸਿੰਘ ਤੇ ਬਲਜਿੰਦਰ ਸਿੰਘ ਦੀ ਜ਼ਮੀਨ ਦਾ ਨਜਾਇਜ਼ ਕਬਜ਼ਾ ਲੈਣ ਆਈ ਮਾਲ ਮਹਿਕਮਾ ਦੀ ਟੀਮ ਜਦੋਂ ਖੇਤਾਂ ਵਿੱਚ ਪੁੱਜੀ ਤਾਂ ਉਹਨਾਂ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਅਤੇ ਪੰਜਾਬ ਸਰਕਾਰ ਦਾ ਵੀ ਜ਼ੋਰਦਾਰ ਪਿੱਟ ਸਿਆਪਾ ਕੀਤਾ ਗਿਆ।



ਉੱਥੇ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਤੇ ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਡਾ. ਸਤਨਾਮ ਸਿੰਘ ਅਜਨਾਲਾ ਨੇ ਟੀਮ ਨੂੰ ਖਰੀਆਂ ਖਰੀਆਂ ਸੁਣਾਉਂਦਿਆਂ ਕਿਹਾ ਕਿ ਇਹਨਾਂ ਕਿਸਾਨਾਂ ਨੇ ਦੇਸ਼ ਦੀ ਆਜ਼ਾਦੀ 1947 ਤੋਂ ਲੈ ਕੇ ਮੁਰੱਬੇਬੰਦੀ ਤੋਂ ਪਹਿਲਾਂ ਤੱਕ ਵੀ ਇਹਨਾਂ ਦਾ ਇਹਨਾਂ ਜ਼ਮੀਨਾਂ 'ਤੇ ਕਬਜ਼ਾ ਸੀ। ਇਹਨਾਂ ਦੇ ਨਾਮ ਗਿਰਦਾਵਰੀ ਵੀ ਸੀ । ਡਾ. ਅਜਨਾਲਾ ਨੇ ਕਿਹਾ ਕਿ ਜਿਹੜੇ ਕਿਸਾਨ ਅਜਿਹੀ ਜ਼ਮੀਨ ਮੁਰੱਬੇਬੰਦੀ ਤੋਂ ਪਹਿਲਾਂ ਵਾਹੁੰਦੇ ਸਨ ਉਹਨਾਂ ਨੂੰ ਕਿਸੇ ਤਰ੍ਹਾਂ ਵੀ ਬੇਦਖਲ ਨਹੀਂ ਕੀਤਾ ਜਾ ਸਕਦਾ। ਅਜਿਹਾ ਸੁਣਦਿਆਂ ਹੀ ਮਾਲ ਮਹਿਕਮੇ ਦੀ ਟੀਮ ਉੱਥੋਂ ਸਰਪੰਚ ਸਮੇਤ ਵਾਪਸ ਪਰਤ ਆਈ। ਉੱਥੇ ਜੁੜੇ ਇਕੱਠ ਨੂੰ ਰਜਿੰਦਰ ਸਿੰਘ ਭੱਲਾ ਪਿੰਡ, ਚੇਅਰਮੈਨ ਸ਼ੂਗਰ ਮਿੱਲ ਦਲਜੀਤ ਸਿੰਘ ਸਰਪੰਚ ਰਾਏਪੁਰ ਕਲਾਂ ਤੇ ਪ੍ਰੋ: ਮਾਲਕ ਸਿੰਘ ਗੁਰਾਲਾ ਹੋਣਾ ਨੇ ਕਿਹਾ ਕਿ ਆਉਣ ਵਾਲੇ ਸਮੇਂ 'ਚ ਇਹਨਾਂ ਅਬਾਦਕਾਰਾਂ ਦੀ ਜ਼ਮੀਨ ਦੀ ਰਾਖੀ ਕੀਤੀ ਜਾਵੇਗੀ।

ਇਸ ਸਮੇਂ ਗੁਰਨਾਮ ਸਿੰਘ ਸੈਦੋਗਾਜ਼ੀ ਨੇ ਜਨਤਕ ਜਥੇਬੰਦੀਆਂ ਦੇ ਆਗੂਆਂ ਅਤੇ ਵੱਡੀ ਗਿਣਤੀ ਵਿੱਚ ਪੁੱਜੇ ਕਿਸਾਨਾਂ ਮਜ਼ਦੂਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਜ਼ਮੀਨਾਂ ਜਦੋਂ ਸਾਡੇ ਵਾਲਦਾਨ ਪਾਕਿਸਤਾਨ ਤੋਂ ਉੱਜੜ ਕੇ ਆਏ ਸਨ ਤਾਂ ਉਹਨਾਂ ਨੂੰ ਇਹ ਇੱਥੇ ਅਲਾਟ ਹੋਈਆਂ ਸਨ। ਇਸ ਸਮੇਂ ਹੋਰਨਾਂ ਤੋਂ ਇਲਾਵਾ ਨਿਰਮਲ ਸਿੰਘ ਤੇ ਗੁਰਵੰਤ ਸਿੰਘ ਰਾਏਪੁਰ ਕਲਾਂ, ਰਜਿੰਦਰ ਸਿੰਘ ਜਾਫਰਕੋਟ, ਗਾਇਕ ਗੁਰਪਾਲ ਗਿੱਲ ਸੈਦਪੁਰ, ਹਰਨੇਕ ਸਿੰਘ ਨੇਪਾਲ, ਸੂਰਤਾ ਸਿੰਘ ਚੱਕ ਔਲ, ਹਰਜੀਤ ਸਿੰਘ ਕੋਟਲੀ ਖਹਿਰਾ, ਬੀਰ ਸਿੰਘ ਭਿੰਡੀ ਸੈਦਾਂ, ਚਰਨਜੀਤ ਸਿੰਘ ਤਲਵੰਡੀ, ਰਣਯੋਧ ਸਿੰਘ, ਨਿਰਵੈਰ ਸਿੰਘ, ਆਦਿ ਨੇ ਵੀ ਆਪਣੇ ਵਿਚਾਰ ਰੱਖੇ।

# ਤੇਜ਼ ਰਫਤਾਰ ਕਾਰ ਸੜਕ ਦੇ ਦੂਜੇ ਪਾਸੇ ਜਾ ਟਕਰਾਈ, ਹਾਦਸਾ ਹੋਣੋ ਟਲਿਆ

**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**- ਕਸਬੇ ਦੇ ਨਜ਼ਦੀਕੀ ਪੈਂਦੇ ਓਵਰਬ੍ਰਿਜ ਪਾਖਰਪੁਰਾ ਉੱਪਰ ਅੰਮ੍ਰਿਤਸਰ ਵਾਲੀ ਸਾਈਡ ਤੋਂ ਆ ਰਹੀ ਕਾਲੇ ਰੰਗ ਦੀ ਤੇਜ਼ ਰਫਤਾਰ ਕਾਰ ਸੜਕ ਦੇ ਦੂਜੇ ਪਾਸੇ ਟਕਰਾਉਣ ਦਾ ਸਮਾਚਾਰ ਹੈ। ਇਕੱਤਰ ਜਾਣਕਾਰੀ ਅਨੁਸਾਰ ਐਚ.ਆਰ 26 ਬੀ. ਐਨ 1726 ਅੰਮ੍ਰਿਤਸਰ ਵਾਲੀ ਸਾਈਡ ਤੋਂ



ਪਠਾਨਕੋਟ ਨੂੰ ਬੜੀ ਤੇਜ਼ੀ ਨਾਲ ਆ ਰਹੀ ਸੀ, ਜਦ ਉਹ ਓਵਰਬ੍ਰਿਜ ਪਾਖਰਪੁਰਾ ਉੱਪਰ ਪੁੱਜੀ ਤਾਂ ਅਚਾਨਕ ਸੜਕ ਦੇ ਦੂਜੇ ਪਾਸੇ ਜਾ ਕੇ ਪੁਲ ਦੇ ਕਿਨਾਰੇ ਨਾਲ ਜਾ ਟਕਰਾਈ। ਉੱਥੇ ਮੌਜੂਦ ਲੋਕਾਂ ਨੇ ਦੱਸਿਆ ਕਿ ਕਾਰ ਵੱਜਦੇ ਸਾਰ ਹੀ ਕਾਰ ਵਿਚੋਂ ਡਰਾਈਵਰ ਇਕ ਵੱਡਾ ਲਿਫਾਫਾ ਲੈ ਕੇ ਭੱਜਣ ਵਿਚ ਕਾਮਯਾਬ ਹੋ ਗਿਆ। ਕਾਰ ਐਨੀ ਜ਼ਿਆਦਾ ਸਪੀਡ ਨਾਲ ਸੀ ਕਿ ਕਾਰ ਦਾ ਅਗਲਾ ਹਿੱਸਾ ਬੁਰੀ ਤਰਾਂ ਨੁਕਸਾਨਿਆ ਗਿਆ। ਇਸ ਸਬੰਧੀ ਚੌਂਕੀ ਜੈਂਤੀਪੁਰ ਦੇ ਇੰਚਾਰਜ ਅਵਤਾਰ ਸਿੰਘ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਸਾਨੂੰ ਗੱਡੀ ਵੱਜਣ ਦੀ ਖਬਰ ਮਿਲੀ ਸੀ। ਜਾ ਕੇ ਦੇਖਿਆ ਤਾਂ ਡਰਾਈਵਰ ਉਥੋਂ ਮੌਕੇ ਤੋਂ ਫਰਾਰ ਸੀ। ਅਸੀਂ ਟੋਲ ਪਲਾਜ਼ਾ ਵਾਲਿਆਂ ਦੀ ਮਦਦ ਨਾਲ ਗੱਡੀ ਚੌਂਕੀ ਵਿਚ ਲੈ ਆਂਦੀ ਹੈ। ਮੌਜੂਦ ਲੋਕਾਂ ਵਲੋਂ ਇਸ ਗੱਡੀ ਬਾਰੇ ਬਰੀਕੀ ਨਾਲ ਜਾਂਚ ਕਰਨ ਲਈ ਉਚ ਅਧਿਕਾਰੀਆਂ ਨੂੰ ਅਪੀਲ ਕੀਤੀ।

# ਮਾਸਟਰ ਰਮਨ ਸ਼ਰਮਾ ਨੇ 3 ਸੋਨ ਤਗਮੇ ਕੀਤੇ ਹਾਸਲ

**ਗੁਰਦਾਸਪੁਰ (ਜਨਕ ਮਹਾਜਨ)**- ਜ਼ਿਲ੍ਹਾ ਗੁਰਦਾਸਪੁਰ ਅਧੀਨ ਪੈਂਦੇ ਪਿੰਡ ਭੋਲਾ ਦੇ ਰਹਿਣ ਵਾਲੇ ਮਾਸਟਰ ਰਮਨ ਸ਼ਰਮਾ ਨੇ ਸੰਯੁਕਤ ਭਾਰਤ ਖੇਡ ਫਾਊਂਡੇਸ਼ਨ ਵਲੋਂ ਕਰਵਾਈਆਂ ਗਈਆਂ 14ਵੀਂ ਰਾਸ਼ਟਰੀ ਖੇਡ ਪ੍ਰਤੀਯੋਗਤਾ ਧਰਮਸ਼ਾਲਾ ਵਿਚ ਆਪਣੀ ਉਮਰ ਵਰਗ ਦੇ ਦੌੜਾਕਾਂ ਨਾਲ ਮੁਕਾਬਲਾ ਕਰਦੇ ਹੋਏ 3 ਸੋਨ ਤਗਮੇ ਆਪਣੇ ਨਾਂਅ ਕਰਕੇ ਆਪਣਾ ਅਤੇ ਜ਼ਿਲ੍ਹਾ ਗੁਰਦਾਸਪੁਰ ਦਾ ਨਾਂਅ ਦੇਸ਼ ਪੱਧਰ 'ਤੇ ਰੌਸ਼ਨ ਕੀਤਾ ਹੈ। ਇਸ ਸਬੰਧੀ ਮਾਸਟਰ ਰਮਨ ਸ਼ਰਮਾ ਨੇ ਦੱਸਿਆ ਕਿ ਉਹ ਸਿੱਖਿਆ ਬਲਾਕ ਦੀਨਾਨਗਰ-1 ਅਧੀਨ ਆਉਂਦੇ ਸਰਕਾਰੀ ਹਾਈ ਸਕੂਲ ਚੇਚੀਆਂ ਛੌੜੀਆਂ ਵਿੱਚ ਬਤੌਰ ਅੰਗਰੇਜ਼ੀ ਮਾਸਟਰ ਵਜੋਂ ਸੇਵਾਵਾਂ ਨਿਭਾਅ ਰਹੇ ਹਨ। ਉਨ੍ਹਾਂ ਦੱਸਿਆ ਕਿ ਕੋਰੋਨਾ ਕਾਲ ਸਮੇਂ ਲੱਗੇ ਲਾਕ ਡਾਊਨ ਵਿਚ ਉਨ੍ਹਾਂ ਦੀ ਰੁਚੀ ਦੌੜਾਂ ਵਿਚ ਏਨੀ ਜ਼ਿਆਦਾ ਵਧ ਗਈ ਕਿ ਉਹ ਹੁਣ ਤੱਕ ਕਈ ਖਿਤਾਬ ਦੌੜ ਮੁਕਾਬਲਿਆਂ ਵਿਚ ਹਾਸਲ ਕਰ ਚੁੱਕੇ ਹਨ। ਉਨ੍ਹਾ




ਦੱਸਿਆ ਕਿ ਧਰਮਸ਼ਾਲਾ ਦੇ ਐਥਲੈਟਿਕਸ ਸਟੇਡੀਅਮ ਵਿਚ ਹੋਏ ਦੌੜ ਮੁਕਾਬਲਿਆਂ ਵਿਚ ਦੇਸ਼ ਦੇ ਵੱਖ-ਰਾਜਾਂ ਤੋਂ ਸੈਂਕੜੇ ਦੌੜਾਕਾਂ ਨੇ ਭਾਗ ਲਿਆ ਜਿਸ ਵਿਚ ਉਨ੍ਹਾਂ 3000 ਮੀਟਰ, 5000 ਮੀਟਰ ਅਤੇ 10,000 ਮੀਟਰ ਦੌੜ ਮੁਕਾਬਲੇ ਵਿਚ ਪਹਿਲਾ ਸਥਾਨ ਹਾਸਲ ਕੀਤਾ। ਉਨ੍ਹਾਂ ਦੀ ਇਹ ਜਿੱਤ ਸਿੱਖਿਆ ਵਿਭਾਗ, ਖੇਡ ਵਿਭਾਗ ਅਤੇ ਖੇਡ ਪ੍ਰੇਮੀਆਂ ਵਿਚ ਖ਼ੁਸ਼ੀ ਦਾ ਮਹੌਲ ਹੈ। ਮਾਸਟਰ ਰਮਨ ਨੇ ਨੌਜਵਾਨਾਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਉਹ ਆਪਣੀ ਪੜ੍ਹਾਈ ਦੇ ਨਾਲ-ਨਾਲ ਚੰਗੀ ਸਿਹਤ ਲਈ ਖੇਡਾਂ ਵੱਲ ਵੱਧ ਤੋਂ ਵੱਧ ਧਿਆਨ ਦੇਣ।

# ਕੁੱਟਮਾਰ ਕਰਨ ਵਾਲਿਆਂ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਦੀਨਾਨਗਰ ਪੁਲਸ ਨੇ ਕੁੱਟਮਾਰ ਕਰਨ ਦੇ ਦੋਸ਼ਾਂ ਹੇਠ ਕੁਝ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ।

ਪੁਲਸ ਨੂੰ ਦਿੱਤੇ ਬਿਆਨਾਂ ਵਿਚ ਮੁਨੀਸ਼ ਕੁਮਾਰ ਪੁੱਤਰ ਮਨੋਹਰ ਲਾਲ ਵਾਸੀ ਪਨਿਆੜ ਨੇ ਦੱਸਿਆ ਕਿ 8 ਜੂਨ 26 ਨੂੰ ਉਹ ਅਤੇ ਉਸ ਦੇ ਚਾਚੇ ਦਾ ਲੜਕਾ ਸਾਹਿਲ ਕੁਮਾਰ ਗੁੱਝਾ ਪੀਰ ਬਾਬਾ ਬਰਿਆਰ ਵਿਖੇ ਮੇਲਾ ਵੇਖਣ ਗਏ ਸੀ ਕਿ ਸ਼ਾਮ 5.30 ਉਹ ਮੇਲਾ ਵੇਖ ਕੇ ਨਿਕਲੇ ਤਾਂ ਗੁਰੀ ਪੁੱਤਰ ਲਾਡੀ, ਚੰਦਨ, ਦਿਲਪ੍ਰੀਤ ਸਿੰਘ ਪੁੱਤਰ ਮਦਨ ਲਾਲ ਵਾਸੀ ਘੁੱਲਾ ਬ੍ਰਾਹਮਣਾ, ਚੰਦਨ ਵਾਸੀ ਬਰਨਾਲਾ ਅਤੇ 5-6 ਅਣਪਛਾਤੇ ਵਿਅਕਤੀਆਂ ਨੇ ਉਨ੍ਹਾਂ ਨੂੰ ਘੇਰਾ ਪਾ ਕੇ ਰੋਕ ਲਿਆ ਅਤੇ ਦਸਤੀ ਹਥਿਆਰਾਂ ਨਾਲ ਸੱਟਾਂ ਮਾਰ ਕੇ ਜ਼ਖ਼ਮੀ ਕਰ ਦਿੱਤਾ। ਘਟਨਾ ਦੀ ਵਜ੍ਹਾ ਰੰਜਿਸ਼ ਦੱਸੀ ਜਾ ਰਹੀ ਹੈ। ਪੁਲਸ ਨੇ ਕਥਿਤ ਦੋਸ਼ੀਆਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਸਪੈਸ਼ਲ ਇੰਟੈਂਸਿਵ ਰਿਵੀਜ਼ਨ ਸੰਬੰਧੀ ਜ਼ਿਲ੍ਹਾ ਪੱਧਰੀ ਟ੍ਰੇਨਿੰਗ 15 ਨੂੰ

**ਧਾਰੀਵਾਲ (ਮਨਦੀਪ ਵਿੱਕੀ)**- ਗੁਰਸਿਮਰਨ ਸਿੰਘ ਢਿੱਲੋਂ ਵਧੀਕ ਡਿਪਟੀ ਕਮਿਸ਼ਨਰ (ਜ)- ਕਮ-ਵਧੀਕ ਜ਼ਿਲ੍ਹਾ ਚੋਣ ਅਫਸਰ ਗੁਰਦਾਸਪੁਰ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ ਆਈ ਆਰ) ਦੇ ਸਫਲ ਆਯੋਜਨ ਲਈ ਜ਼ਿਲ੍ਹਾ ਚੋਣ ਦਫ਼ਤਰ ਗੁਰਦਾਸਪੁਰ ਵੱਲੋਂ ਜ਼ਿਲ੍ਹਾ ਪੱਧਰੀ ਟ੍ਰੇਨਿੰਗ ਪ੍ਰੋਗਰਾਮ 15 ਜੂਨ ਨੂੰ ਕਰਵਾਇਆ ਜਾ ਰਿਹਾ ਹੈ। ਇਹ ਟ੍ਰੇਨਿੰਗ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਗੁਰਦਾਸਪੁਰ ਦੇ ਬੀ-ਬਲਾਕ, ਤੀਜੀ ਮੰਜ਼ਿਲ, ਕਮਰਾ ਨੰਬਰ 416 ਵਿਖੇ ਹੋਵੇਗੀ।ਉਨ੍ਹਾਂ ਦੱਸਿਆ ਕਿ ਟ੍ਰੇਨਿੰਗ ਵਿੱਚ ਵੱਖ-ਵੱਖ ਵਿਧਾਨ ਸਭਾ ਹਲਕਿਆਂ ਦੇ ਏ ਐਲ ਐਮ ਟੀਜ਼, ਸੁਪਰਵਾਈਜ਼ਰਾਂ, ਈ ਆਰ ਓਜ਼ / ਏ ਈ ਆਰ ਓਜ਼ ਦੇ ਤਕਨੀਕੀ ਅਤੇ ਕਲੈਰੀਕਲ ਸਟਾਫ਼ ਸਮੇਤ ਹੋਰ ਤਾਇਨਾਤ ਕਰਮਚਾਰੀ ਭਾਗ ਲੈਣਗੇ। ਟ੍ਰੇਨਿੰਗ ਦੌਰਾਨ ਵੋਟਰ ਸੂਚੀਆਂ ਦੀ ਵਿਸ਼ੇਸ਼ ਸੰਖੇਪ ਪੁਨਰਵੀਖਿਆ, ਡਾਟਾ ਐਂਟਰੀ, ਫਾਰਮਾਂ ਦੀ ਜਾਂਚ, ਚੋਣ ਪ੍ਰਕਿਰਿਆਵਾਂ ਅਤੇ ਹੋਰ ਸਬੰਧਤ ਵਿਸ਼ਿਆਂ ਬਾਰੇ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕਾ ਗੁਰਦਾਸਪੁਰ ਅਤੇ ਵਿਧਾਨ ਸਭਾ ਹਲਕਾ ਦੀਨਾਨਗਰ ਦੇ ਟ੍ਰੇਨੀਆਂ ਦੀ ਟ੍ਰੇਨਿੰਗ ਦਾ ਸਮਾਂ ਸਵੇਰ 9:00 ਵਜੇ ਤੋਂ 10:45 ਵਜੇ ਤੱਕ ਹੋਵੇਗਾ ਅਤੇ ਟ੍ਰੇਨੀਆਂ ਦੀ ਕੁੱਲ ਗਿਣਤੀ 116 ਹੋਵੇਗੀ , ਵਿਧਾਨ ਸਭਾ ਹਲਕਾ ਬਟਾਲਾ ਅਤੇ ਕਾਦੀਆਂ ਦੇ ਟ੍ਰੇਨੀਆਂ ਦੀ ਟ੍ਰੇਨਿੰਗ ਦਾ ਸਮਾਂ ਸਵੇਰ 10:45 ਤੋਂ 12:30 ਵਜੇ ਤੱਕ ਹੋਵੇਗਾ ਅਤੇ ਟ੍ਰੇਨੀਆਂ ਦੀ ਕੁੱਲ ਗਿਣਤੀ 114 ਹੋਵੇਗੀ , ਵਿਧਾਨ ਸਭਾ ਹਲਕਾ ਸ੍ਰੀ ਹਰਗੋਬਿੰਦਪੁਰ ਅਤੇ ਵਿਧਾਨ ਸਭਾ ਹਲਕਾ ਫਤਿਹਗੜ੍ਹ ਚੂੜੀਆ ਦੇ ਟ੍ਰੇਨੀਆਂ ਦੀ ਟ੍ਰੇਨਿੰਗ ਦਾ ਸਮਾ ਦੁਪਹਿਰ 12:30 ਵਜੇ ਤੋਂ 2:15 ਵਜੇ ਤੱਕ ਹੋਵੇਗਾ, ਅਤੇ ਟ੍ਰੇਨੀਆਂ ਦੀ ਕੁੱਲ ਗਿਣਤੀ 116 ਹੋਵੇਗੀ, ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਅਤੇ ਜ਼ਿਲ੍ਹਾ ਚੋਣ ਦਫਤਰ ਦੇ ਟ੍ਰੇਨੀਆਂ ਦੀ ਟ੍ਰੇਨਿੰਗ ਦਾ ਸਮਾਂ ਦੁਪਹਿਰ 3:00 ਵਜੇ ਤੋਂ 4: 45 ਤੱਕ ਹੋਵੇਗਾ ਅਤੇ ਟ੍ਰੇਨੀਆਂ ਦੀ ਕੁੱਲ ਗਿਣਤੀ 85 ਹੋਵੇਗੀ। ਉਨ੍ਹਾਂ ਚੋਣ ਕਮਿਸ਼ਨ ਵਲੋਂ ਜਾਰੀ ਹਦਾਇਤਾਂ ਅਨੁਸਾਰ ਸਾਰੇ ਈ ਆਰ ਓਜ਼ ਨੂੰ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ ਕਿ ਉਨ੍ਹਾਂ ਦੇ ਅਧੀਨ ਆਉਂਦੇ ਸਾਰੇ ਭਾਗੀਦਾਰ ਨਿਰਧਾਰਤ ਸਮੇਂ ਅਤੇ ਸਥਾਨ 'ਤੇ ਟ੍ਰੇਨਿੰਗ ਵਿੱਚ ਸ਼ਾਮਲ ਹੋਣ।ਉਨ੍ਹਾਂ ਨੇ ਸਾਰੇ ਸਬੰਧਤ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਮੇਂ ਸਿਰ ਟ੍ਰੇਨਿੰਗ ਵਿੱਚ ਸ਼ਾਮਲ ਹੋ ਕੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਹੈ।



# ਸ਼੍ਰੋਮਣੀ ਅਕਾਲੀ ਦਲ ਨੂੰ ਹਲਕਾ ਖਡੂਰ ਸਾਹਿਬ 'ਚ ਮਿਲ ਰਿਹਾ ਭਰਪੂਰ ਹੁੰਗਾਰਾ : ਰਮਨਦੀਪ ਸੇਰੋਂ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਵਿਧਾਨ ਸਭਾ ਹਲਕਾ ਖਡੂਰ ਸਾਹਿਬ ਅਧੀਨ ਆਉਂਦੇ ਪਿੰਡ ਮਾਣਕਦੇਕੇ 'ਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਵੇਲੇ ਵੱਡਾ ਹੁਲਾਰਾ ਤੇ ਬਲ ਮਿਲਿਆ ਜਦੋਂ ਕਈ ਕੱਟੜ ਕਾਂਗਰਸੀ ਪਰਵਾਰਾਂ ਨੇ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਨਵ ਨਿਯੁਕਤ ਇੰਚਾਰਜ ਰਮਨਦੀਪ ਕੌਰ ਸੇਰੋਂ ਅਤੇ ਸਰਪੰਚ ਅਵਤਾਰ



ਸਿੰਘ ਬਿੱਲਾ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਮੂਲੀਅਤ ਕੀਤੀ । ਇਸ ਮੌਕੇ ਰਮਨਦੀਪ ਕੌਰ, ਅਵਤਾਰ ਸਿੰਘ ਬਿੱਲਾ ਦੇ ਛੋਟੇ ਭਰਾਤਾ ਬਲਕਾਰ ਸਿੰਘ ਖਹਿਰਾ, ਗੁਰਬਚਨ ਸਿੰਘ ਕਰਮੂਵਾਲਾ, ਸੀਨੀਅਰ ਅਕਾਲੀ ਆਗੂ ਸੁਖਰਾਜ ਬਹਾਦਰ ਸਿੰਘ ਰਾਜਾ ਸਰਪੰਚ ਭੈਲ, ਜਗਦੀਪ ਸਿੰਘ ਮਿੰਟੂ, ਜੰਗਸੇਰ ਸਿੰਘ ਟੋਨੀ ਸਰਪੰਚ ਰੂੜੀਵਾਲਾ, ਬਲਜਿੰਦਰ ਸਿੰਘ ਬਾਠ, ਸੁਲੱਖਣ ਸਿੰਘ ਸਰਪੰਚ ਭੇਲ, ਸੁੱਖਾ ਸਿੰਘ ਬਾਠ, ਲਖਵਿੰਦਰ ਸਿੰਘ ਚੌਧਰੀ, ਸਕੱਤਰ ਸਿੰਘ ਭੱਲਾ, ਮਾਸਟਰ ਕਰਮਜੀਤ ਸਿੰਘ, ਦਵਿੰਦਰ ਸਿੰਘ ਸੋਨਾ ਸਰਪੰਚ ਮਾਣਕਦੇਕੇ ਦੀ ਹਾਜ਼ਰੀ 'ਚ ਹਰਵਿੰਦਰ ਸਿੰਘ ਸਾਬਕਾ ਸਰਪੰਚ, ਸਾਬਕਾ ਮੈਂਬਰ ਗੁਰਚਰਨ ਸਿੰਘ, ਸਾਬਕਾ ਮੈਂਬਰ ਰਾਜਵਿੰਦਰ ਸਿੰਘ ਲਾਡੀ, ਮਨਜੀਤਸਿੰਘ, ਗੁਰਦੇਵ ਸਿੰਘ, ਅੰਗਰੇਜ ਸਿੰਘ ਮਿਸਤਰੀ, ਜੋਧਵਿੰਦਰ ਸਿੰਘ, ਸਵਰਨਜੀਤ ਸਿੰਘ, ਰਣਜੀਤ ਸਿੰਘ ਰਾਣਾ, ਜਗਤਾਰ ਸਿੰਘ ਸਾਬਕਾ ਮੈਂਬਰ, ਸਾਹਿਬ ਸਿੰਘ, ਹਰਦੇਵ ਸਿੰਘ, ਹੀਰਾ ਸਿੰਘ ਫੌਜੀ, ਜਗਦੇਵ ਸਿੰਘ ਫੌਜੀ, ਬਲਦੇਵ ਸਿੰਘ ਦੇਬਾ, ਪਰਮਜੀਤ ਸਿੰਘ ਪੰਮਾ, ਰਣਜੀਤ ਸਿੰਘ, ਹਰਭਜਨ ਸਿੰਘ, ਜਿੰਦਾ ਸਿੰਘ, ਮਲਕੀਤ ਸਿੰਘ ਯੂਥ ਆਗੂ ਅਤੇ ਵਾਰਸ ਪੰਜਾਬ ਦਲ ਦੇ ਸਰਤਾਜ ਸਿੰਘ ਨੰਬਰਦਾਰ ਅਕਾਲੀ ਦਲ ਬਾਦਲ ਵਿੱਚ ਸ਼ਾਮਲ ਹੋਏ। ਇਸ ਮੌਕੇ ਹਲਕਾ ਇੰਚਾਰਜ ਰਮਨਦੀਪ ਕੌਰ ਸੇਰੋਂ ਨੇ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਲ ਹੋਣ ਵਾਲਿਆਂ ਦਾ ਸਵਾਗਤ ਕਰਦਿਆਂ ਹੋਇਆਂ ਕਿਹਾ ਕਿ ਹਲਕਾ ਖਡੂਰ ਸਾਹਿਬ 'ਚ ਸ਼੍ਰੋਮਣੀ ਅਕਾਲੀ ਦਲ ਦੀਆਂ ਉਸਾਰੂ ਨੀਤੀਆਂ ਤੇ ਪ੍ਰੋਗਰਾਮਾਂ ਨੂੰ ਵੇਖਦਿਆਂ ਲੋਕਾਂ ਦਾ ਭਰਪੂਰ ਸਮਰਥਨ ਮਿਲ ਰਿਹਾ ਹੈ।

# ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਨੂੰ ਸਰਬਉੱਤਮ ਐਵਾਰਡ ਪ੍ਰਾਪਤ

**ਤਰਨ ਤਾਰਨ ( ਪ੍ਰਿਤਪਾਲ ਸਿੰਘ)**- ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਗੋਇੰਦਵਾਲ ਸਾਹਿਬ 2008 ਤੋਂ ਪੂਰੇ ਇਲਾਕੇ ਵਿੱਚ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਜਾਣਿਆ ਜਾਂਦਾ ਹੈ। ਪੜ੍ਹਾਈ ਵਿੱਚ ਲਗਾਤਾਰ ਸੀ.ਬੀ.ਐੱਸ.ਈ. ਬੋਰਡ ਦੀਆਂ ਪ੍ਰੀਖਿਆਵਾਂ ਵਿੱਚੋਂ ਜ਼ਿਲ੍ਹਾ ਪੱਧਰ 'ਤੇ ਅੱਵਲ ਰਹਿਣ ਦੇ ਨਾਲ-ਨਾਲ ਖੇਡਾਂ ਵਿੱਚ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਮੱਲਾਂ ਮਾਰ ਰਿਹਾ ਹੈ। ਹਾਈਟੈਕ ਲੈਬਾਂ, ਹਰ ਤਰ੍ਹਾਂ ਦੇ ਖੇਡ ਮੈਦਾਨਾਂ, ਏ. ਸੀ. ਕਲਾਸਾਂ ਆਦਿ ਹਰ ਸਹੂਲਤ ਨਾਲ ਭਰਪੂਰ 10 ਏਕੜ ਵਿੱਚ ਫੈਲਿਆ ਇਲਾਕੇ ਦਾ ਇਕਲੌਤਾ ਸਕੂਲ ਹੋਣ ਦੇ ਨਾਤੇ ਕੈਰੀਅਰ 360 ਕੰਪਨੀ ਵੱਲੋਂ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਨੂੰ ਭਾਰਤ ਦਾ ਸਰਬਉੱਤਮ 2025-26 ਸਕੂਲ ਹੋਣ ਦੇ ਐਵਾਰਡ ਟ੍ਰਿਪਲ ਏ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਆਪਣੀ ਪ੍ਰਸੰਨਤਾ ਜ਼ਾਹਰ ਕਰਦਿਆਂ ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਸਕੂਲ ਦੇ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਕਿਹਾ ਕਿ ਇਹ ਐਵਾਰਡ ਮਿਲਣ ਦਾ ਸਿਹਰਾ ਸਕੂਲ ਦੇ ਮਿਹਨਤੀ ਸਟਾਫ਼ ਅਤੇ ਹੋਣਹਾਰ ਵਿਦਿਆਰਥੀਆਂ ਦੇ ਸਿਰ ਜਾਂਦਾ ਹੈ ਜੋ ਲਗਾਤਾਰ ਮਿਹਨਤ ਕਰਕੇ ਸਕੂਲ ਨੂੰ ਬੁਲੰਦੀਆਂ ਵੱਲ ਲੈ ਕੇ ਜਾ ਰਹੇ ਹਨ।



# ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੀ ਮੀਟਿੰਗ

**ਬਿਆਸ (ਪਰਮਜੀਤ ਸਿੰਘ ਰੱਖੜਾ)** ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੀ ਮੀਟਿੰਗ ਓਮਰਾਜ ਸਿੰਘ ਧਰਦਿਉ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਜ਼ਿਲ੍ਹਾ ਕਮੇਟੀ ਦੇ ਮੈਂਬਰ ਸਾਹਿਬਾਨ ਅਤੇ ਬਲਾਕ ਪ੍ਰਧਾਨਾਂ ਵੱਲੋਂ




ਸ਼ਮੂਲੀਅਤ ਕੀਤੀ ਗਈ। ਮੀਟਿੰਗ ਵਿੱਚ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ/ ਹੁਕਮਾਂ ਅਨੁਸਾਰ ਪੰਜਾਬ ਪੁਲਸ ਪਟਿਆਲਾ ਵੱਲੋਂ ਸ਼ਾਂਤਮਈ ਤਰੀਕੇ ਨਾਲ ਧਰਨੇ 'ਤੇ ਬੈਠੇ ਬੇਰੁਜ਼ਗਾਰ ਅਪ੍ਰੈਂਟਿਸ ਲਾਈਨਮੈਨ, ਜੋ ਕਿ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਵਿੱਚ ਨੌਕਰੀ ਦੀ ਮੰਗ ਕਰ ਰਹੇ ਸਨ। ਉਨ੍ਹਾਂ 'ਤੇ ਪਟਿਆਲਾ ਪੁਲਸ ਵੱਲੋਂ ਬੇਤਹਾਸ਼ਾ ਲਾਠੀਚਾਰਜ ਕਰਕੇ ਬੇਰੁਜ਼ਗਾਰ ਬੱਚਿਆਂ ਨੂੰ ਕੁੱਟਿਆ ਗਿਆ ਅਤੇ ਘੜੀਸਿਆ ਗਿਆ ਤੇ ਉਨ੍ਹਾਂ 'ਤੇ ਪਰਚੇ ਦਰਜ ਕੀਤੇ ਗਏ। ਮੀਟਿੰਗ ਦੀ ਜਾਣਕਾਰੀ ਜ਼ਿਲ੍ਹਾ ਜਨਰਲ ਸਕੱਤਰ ਜੋਗਿੰਦਰ ਸਿੰਘ ਬਦੇਸ਼ਾ ਧਿਆਨਪੁਰ ਅਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਸੁਖਵਿੰਦਰ ਸਿੰਘ ਚਾਹਲ ਨੇ ਦਿੰਦਿਆਂ ਦੱਸਿਆ ਗਿਆ ਕਿ ਮੀਟਿੰਗ ਵਿੱਚ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਪੰਜਾਬ ਦੇ ਰਾਜਪਾਲ / ਭਾਰਤ ਦੇ ਰਾਸ਼ਟਰਪਤੀ ਅਤੇ ਮਨੁੱਖੀ ਅਧਿਕਾਰ ਕਮਿਸ਼ਨ ਤੋਂ ਮੰਗ ਕੀਤੀ ਗਈ। ਇਸ ਦੀ ਨਿਰਪੱਖ ਏਜੰਸੀ ਕੋਲੋਂ ਜਾਂਚ ਕਰਵਾਉਣ ਉਪਰੰਤ ਪੁਲਸ ਅਧਿਕਾਰੀਆਂ/ ਕਰਮਚਾਰੀਆਂ ਨੂੰ ਸਖਤ ਤੋਂ ਸਖਤ ਸਜ਼ਾ ਦਿੱਤੀ ਜਾਵੇ। ਇਸ ਮੌਕੇ ਸੁਖਰਾਮ ਬੀਰ ਸਿੰਘ ਲੁਹਾਰਕਾ, ਕੁਲਵਿੰਦਰ ਸਿੰਘ ਮਾਨ, ਅਨੋਖ ਸਿੰਘ ਹਸਨਪੁਰ, ਸੁਰਜੀਤ ਸਿੰਘ ਬੋਹੜਵਾਲ, ਅਜੈਬ ਸਿੰਘ ਬੁੱਟਰ, ਹਰਵਿੰਦਰ ਸਿੰਘ ਬੁੱਟਰ, ਸੁਖਦੇਵ ਸਿੰਘ ਨੰਬਰਦਾਰ, ਜਥੇਦਾਰ ਧਰਮ ਸਿੰਘ ਗਗੜਭਾਣਾ, ਇਕਾਈ ਜਨਰਲ ਸਕੱਤਰ ਜਸਵੰਤ ਸਿੰਘ ਕਾਲੇਕੇ, ਸੁਰਜੀਤ ਸਿੰਘ ਖੂਹ ਵਾਲੇ, ਪ੍ਰਧਾਨ ਦਲਬੀਰ ਸਿੰਘ ਕਾਲੇਕੇ, ਸੂਬੇਦਾਰ ਲਾਲਦੀਨ ਰਈਆ, ਰਣਜੀਤ ਸਿੰਘ ਤਲਵੰਡੀ, ਹਰਦੀਪ ਸਿੰਘ, ਨਿਸ਼ਾਨ ਸਿੰਘ (ਰਈਆ ਖੁਰਦ), ਹਰਵਿੰਦਰ ਸਿੰਘ ਬੁੱਟਰ, ਚਰਨਜੀਤ ਸਿੰਘ ਢਿੱਲੋਂ, ਜਗਜੀਤ ਸਿੰਘ ਕਾਲਾ ਆਦਿ ਕਿਸਾਨ ਹਾਜ਼ਰ ਸਨ।

# 22 ਦੇ ਰੋਸ ਮੁਜ਼ਾਹਰਿਆਂ 'ਚ ਆਰ ਐੱਮ ਪੀ ਆਈ ਵੱਡੀ ਗਿਣਤੀ 'ਚ ਸ਼ਾਮਲ ਹੋਵੇਗੀ : ਜਾਮਾਰਾਏ, ਪੰਡੋਰੀ

**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਸੰਘ ਪਰਵਾਰ ਦੇ ਫਿਰਕੂ-ਫਾਸ਼ੀ ਏਜੰਡੇ ਅਤੇ ਕੇਂਦਰ ਦੀ ਮੋਦੀ ਸਰਕਾਰ ਵਲੋਂ ਆਮ ਲੋਕਾਂ, ਖਾਸ ਕਰਕੇ ਕਿਰਤੀ ਵਸੋਂ ਦੀ ਰੋਜ਼ੀ-ਰੋਟੀ 'ਤੇ ਕੀਤੇ ਜਾ ਰਹੇ ਮਾਰੂ ਹੱਲਿਆਂ ਵਿਰੁੱਧ 'ਫਾਸ਼ੀ ਹਮਲਿਆਂ ਵਿਰੋਧੀ ਫਰੰਟ' ਵਲੋਂ 22 ਜੂਨ ਨੂੰ ਪੰਜਾਬ ਭਰ 'ਚ ਜਨਤਕ ਇਕੱਠਾ ਰੋਸ ਮੁਜ਼ਾਹਰਿਆਂ 'ਚ ਆਰ ਐਮ ਪੀ ਆਈ ਵੱਲੋਂ ਵੱਡੀ ਪੱਧਰ 'ਤੇ ਸ਼ਮੂਲੀਅਤ ਕੀਤੀ ਜਾਵੇਗੀ। ਇਹ ਜਾਣਕਾਰੀ ਆਰ ਐਮ ਪੀ ਆਈ ਦੇ ਸੂਬਾ ਸਕੱਤਰ ਪਰਗਟ ਸਿੰਘ ਜਾਮਾਰਾਏ, ਬਲਦੇਵ ਸਿੰਘ ਪੰਡੋਰੀ ਨੇ ਦਿੱਤੀ।ਇਹਨਾਂ ਆਗੂਆਂ ਨੇ ਮੋਦੀ ਸਰਕਾਰ ਰਾਹੀਂ ਦੇਸ਼ ਦੀ ਕੇਂਦਰੀ ਸੱਤਾ 'ਤੇ ਕਾਬਜ਼ ਰਾਸ਼ਟਰੀ ਸੋਇਮ ਸੇਵਕ ਸੰਘਵਲੋਂ ਫਿਰਕੂ ਤੇ ਜਾਤੀਵਾਦੀ ਵੰਡ ਤਿੱਖੀ ਕਰਨ ਲਈ ਦੇਸ਼ ਭਰ 'ਚ ਮੁਸਲਮਾਨ ਤੇ ਈਸਾਈ ਘੱਟ ਗਿਣਤੀ ਵਸੋਂ ਅਤੇ ਦਲਿਤਾਂ ਦੇ ਕੀਤੇ ਜਾ ਰਹੇ ਘਿਨੌਣੇ ਕਤਲਾਂ, ਇਨ੍ਹਾਂ ਖਿਲਾਫ ਕੀਤੇ ਜਾ ਰਹੇ ਵਿਉਂਤਬੱਧ ਨਫਰਤੀ ਕੂੜ ਪ੍ਰਚਾਰ ਅਤੇ ਸਮਾਜਿਕ ਜਬਰ ਤੇ ਵਿਤਕਰੇ ਕੀਤੇ ਜਾ ਰਹੇ ਹਨ। ਉਹਨਾਂ ਕਿਹਾ ਕਿ ਮਨੂੰਵਾਦੀ ਸ਼ਾਸਨ ਪੱਧਤੀ ਲਾਗੂ ਕਰਨ ਲਈ ਸੰਘ ਪਰਵਾਰ ਦੇ ਗੁਰਗੇ ਔਰਤਾਂ ਖ਼ਿਲਾਫ਼ ਦੇਸ਼ ਭਰ 'ਚ ਹੌਲਨਾਕ ਜ਼ੁਲਮ ਕਮਾ ਰਹੇ ਹਨ। ਜਾਮਾਰਾਏ, ਪੰਡੋਰੀ ਕਿਹਾ ਕਿ ਸੰਘ-ਭਾਜਪਾ ਅਤੇ ਮੋਦੀ ਸਰਕਾਰ ਸਭਨਾਂ ਦੇ ਸਾਂਝੇ ਉਦਾਰ ਭਾਰਤ ਨੂੰ ਧਰਮ ਅਧਾਰਤ, ਕੱਟੜ-ਪਿਛਾਖੜੀ, ਗੈਰ ਲੋਕਰਾਜੀ ਰਾਸ਼ਟਰ 'ਚ ਤਬਦੀਲ ਕਰਨਾ ਚਾਹੁੰਦੇ ਹਨ। ਆਪਣੇ ਇਸ ਮਕਸਦ ਲਈ ਇਨ੍ਹਾਂ ਟੋਲਿਆਂ ਵਲੋਂ ਦੇਸ਼ ਦੇ ਮੌਜੂਦਾ ਸੰਵਿਧਾਨ, ਭਾਰਤ ਦੇ ਲੋਕਰਾਜੀ, ਧਰਮ ਨਿਰਪੱਖ, ਫੈਡਰਲ ਢਾਂਚੇ ਅਤੇ ਸੰਵਿਧਾਨਕ ਤੇ ਜਮਹੂਰੀ ਸੰਸਥਾਵਾਂ ਦਾ ਗਿਣ-ਮਿਥ ਕੇ ਘਾਣ ਕੀਤਾ ਜਾ ਰਿਹਾ ਹੈ।ਉਹਨਾਂ ਕਿਹਾ ਕਿ ਆਰ.ਐੱਸ.ਐੱਸ. ਤੇ ਭਾਜਪਾ ਦੀਆਂ ਪੰਜਾਬ ਦੀ ਸੱਤਾ 'ਤੇ ਕਬਜ਼ਾ ਜਮਾਉਣ ਦੀਆਂ ਕੁਚਾਲਾਂ ਨੂੰ ਭਾਂਜ ਦੇਣ ਲਈ ਸਿਆਸੀ ਤੇ ਜਨਤਕ ਘੋਲ ਹੋਰ ਪ੍ਰਚੰਡ ਕੀਤੇ ਜਾਣਗੇ।



# ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਦੀ ਮੀਟਿੰਗ



**ਗੁਰਦਾਸਪੁਰ (ਜਨਕ ਮਹਾਜਨ)** ਸੈਂਟਰ ਆਫ ਟਰੇਡ ਯੂਨੀਅਨਜ਼ ਨਾਲ ਸੰਬੰਧਤ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਦੀ ਮੀਟਿੰਗ ਰੁਲੀਆ ਰਾਮ ਕਲੋਨੀ ਜੇਲ੍ਹ ਰੋਡ ਗੁਰਦਾਸਪੁਰ ਵਿਖੇ ਕਾਮਰੇਡ ਜਸਵੰਤ ਸਿੰਘ ਬੁੱਟਰ ਦੀ ਪ੍ਰਧਾਨਗੀ ਹੇਠ ਹੋਈ। ਅਸਿਸਟੈਂਟ ਲੇਬਰ ਕਮਿਸ਼ਨਰ ਜ਼ਿਲ੍ਹਾ ਗੁਰਦਾਸਪੁਰ ਦੀ ਹਾਜ਼ਰੀ ਵਿੱਚ ਭੱਠਾ ਮਾਲਕ ਐਸੋਸੀਏਸ਼ਨ ਜ਼ਿਲ੍ਹਾ ਗੁਰਦਾਸਪੁਰ ਅਤੇ ਲਾਲ ਝੰਡਾ ਪੰਜਾਬ ਭੱਠਾ ਲੇਬਰ ਯੂਨੀਅਨ ਵਿਚਕਾਰ ਇਸ ਸੀਜ਼ਨ ਭੱਠਾ ਮਜ਼ਦੂਰਾਂ ਦੀ ਮਜ਼ਦੂਰੀ ਵਿੱਚ ਹੋਏ ਵਾਧੇ ਤਹਿਤ ਪਥੇਰ ਕਿਰਤੀਆਂ ਨੂੰ 30 ਅਪ੍ਰੈਲ ਤੱਕ 987 ਰੁਪਏ ਅਤੇ ਪਹਿਲੀ ਮਈ ਤੋਂ ਬਾਅਦ ਕੀਤੇ ਕੰਮ ਦੀ ਮਜ਼ਦੂਰੀ 1134 ਰੁਪਏ ਪ੍ਰਤੀ ਹਜ਼ਾਰ ਇੱਟਾਂ, ਪੱਕੀਆਂ ਇੱਟਾਂ ਦੀ ਨਿਕਾਸੀ ਕਰਨ ਵਾਲੇ ਕਾਮਿਆਂ ਨੂੰ ਪਹਿਲੀ ਮਈ ਤੋਂ 363 ਰੁਪਏ ਅਤੇ ਬਾਕੀ ਕੈਟਾਗਿਰੀਆਂ ਦੀ ਮਜ਼ਦੂਰੀ ਦਾ ਵਾਧਾ ਲਾਗੂ ਕਰਾਇਆ ਜਾਵੇਗਾ। ਮੀਟਿੰਗ ਨੂੰ ਸੰਬੋਧਨ ਹੁੰਦਿਆਂ ਕਾਮਰੇਡ ਸ਼ਿਵ ਕੁਮਾਰ ਧਿਆਨ ਸਿੰਘ ਠਾਕੁਰ ਅਤੇ ਜਸਵੰਤ ਸਿੰਘ ਬੁੱਟਰ ਨੇ ਕਿਹਾ ਕਿ ਮਜ਼ਦੂਰਾਂ ਦੇ ਨਵੇਂ ਰੇਟਾਂ ਨੂੰ ਲਾਗੂ ਕਰਾਉਣ ਅਤੇ ਪਿੰਡਾਂ ਵਿੱਚ ਬਲਾਕ ਸਮਿਤੀ, ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਚੋਣਾਂ ਦੌਰਾਨ ਬੇਜ਼ਮੀਨੇ-ਸਾਧਨਹੀਣ ਲੋਕਾਂ ਨੂੰ ਪੰਜ ਪੰਜ ਮਰਲੇ ਰਿਹਾਇਸ਼ੀ ਪਲਾਟ ਦੇਣ ਦੇ ਵਾਅਦੇ ਨੂੰ ਲਾਗੂ ਕਰਾਉਣ ਦੇ ਨਾਲ-ਨਾਲ ਕੇਂਦਰ ਦੀ ਮੋਦੀ ਸਰਕਾਰ ਵਲੋਂ ਤੇਲ ਤੇ ਗੈਸ ਦੀਆਂ ਲਗਾਤਾਰ ਵਧ ਰਹੀਆਂ ਕੀਮਤਾਂ ਕਾਰਨ ਬੇਰੋਕ ਵਧ ਰਹੀ ਮਹਿੰਗਾਈ-ਬੇਰੁਜ਼ਗਾਰੀ ਦੇ ਖਿਲਾਫ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਵਲੋਂ ਜਾਗਰੂਕ ਕਰਨ ਤੇ ਲੋਕ ਲਾਮਬੰਦੀ ਮੁਹਿੰਮ ਤਹਿਤ ਪਬਲਿਕ ਮੀਟਿੰਗਾਂ ਦਾ ਸਿਲਸਿਲਾ ਵੀ ਜਾਰੀ ਰਹੇਗਾ।

ਮੀਟਿੰਗ ਵਿੱਚ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਵਲੋਂ ਰੋਜ਼ਾਨਾ ਪੰਜਾਬ ਅੰਦਰ ਰੁਜ਼ਗਾਰ ਮੰਗਦੇ ਤੇ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ ਦੀ ਮੰਗ ਨੂੰ ਲੈ ਕੇ ਸੰਘਰਸ਼ ਕਰਦੇ ਨੌਜਵਾਨ ਲੜਕੇ ਲੜਕੀਆਂ ਨੂੰ ਬੜੀ ਬੇਰਹਿਮੀ ਨਾਲ ਕੁੱਟਮਾਰ ਦੀ ਸਖਤ ਸ਼ਬਦਾਂ ਨਿੰਦਿਆ ਕੀਤੀ ਤੇ ਸੰਘਰਸ਼ਾਂ ਦੀ ਹਮਾਇਤ ਕੀਤੀ।

# ਵਜ਼ੀਰ ਭੁੱਲਰ 'ਚ ਅੱਖਾਂ ਦਾ ਮੁਫ਼ਤ ਜਾਂਚ ਕੈਂਪ 14 ਨੂੰ

**ਬਿਆਸ (ਰੱਖੜਾ)** ਪਿੰਡ ਵਜ਼ੀਰ ਭੁੱਲਰ ਦੇ ਗੁਰਦੁਆਰਾ ਚਰਨ ਕਮਲ ਸਾਹਿਬ ਵਿਖੇ ਓਮ ਪ੍ਰਕਾਸ਼ ਆਈ ਕੇਅਰ ਹਸਪਤਾਲ ਵੱਲੋਂ ਸਮਾਜ ਸੇਵਕ ਸਭਾ ਰਈਆ ਦੇ ਪ੍ਰਧਾਨ ਸੁਖਵਿੰਦਰ ਸਿੰਘ ਮੱਤੇਵਾਲ , ਹਲਕਾ ਬਾਬਾ ਬਕਾਲਾ ਸਾਹਿਬ ਦੇ ਆਪ ਦੇ ਸੀਨੀਅਰ ਆਗੂ, ਜ਼ਿਲ੍ਹਾ ਪ੍ਰਧਾਨ ਸਮਾਜ ਸੇਵਾ ਹੈੱਲਪਲਾਈਨ ਰਜਿੰਦਰ ਸਿੰਘ ਸਹੋਤਾ ਅਤੇ ਕਪੂਰ ਸਿੰਘ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਬਲਵਿੰਦਰ ਸਿੰਘ ਸੀਨੀਅਰ ਆਗੂ ਆਮ ਆਦਮੀ ਪਾਰਟੀ, ਭਗਵੰਤ ਸਿੰਘ ਸੋਸ਼ਲ ਮੀਡੀਆ ਸੈਕਟਰੀ ਅੰਮ੍ਰਿਤਸਰ ਦਿਹਾਤੀ, ਬਲਕਾਰ ਸਿੰਘ, ਸਰਦੂਲ ਸਿੰਘ ਅਤੇ ਕਵਲਜੀਤ ਸਿੰਘ ਬੱਲ ਦੇ ਸਹਿਯੋਗ ਅੱਖਾਂ ਦਾ ਮੁਫ਼ਤ ਜਾਂਚ ਕੈਂਪ 14 ਜੂਨ (ਐਤਵਾਰ) ਨੂੰ ਲਗਾਇਆ ਜਾ ਰਿਹਾ ਹੈ। ਕੈਂਪ ਵਿਚ ਸਵੇਰੇ 10 ਵਜੇ ਤੋਂ ਦੁਪਹਿਰ 1 ਵਜੇ ਤੱਕ ਅੱਖਾਂ ਦੀ ਮੁਫ਼ਤ ਜਾਂਚ ਕੀਤੀ ਜਾਵੇਗੀ ਅਤੇ ਲੋੜਵੰਦ ਬਜ਼ੁਰਗਾਂ ਨੂੰ ਡਾਕਟਰਾਂ ਵੱਲੋਂ ਅੱਖਾਂ ਦਾ ਦਾਰੂ ਅਤੇ ਦਵਾਈਆਂ ਮੁਫ਼ਤ ਦਿੱਤੀਆਂ ਜਾਣਗੀਆਂ। ਨਿਗ੍ਹਾ ਦੇ ਨੰਬਰ ਦਾ ਚੈੱਕਅੱਪ ਕੰਪਿਊਟਰ ਦੁਆਰਾ ਕੀਤਾ ਜਾਵੇਗਾ।

# ਲੋਹਟੀਆ ਨੇ ਸੁਣੀਆਂ ਹਲਕਾ ਵਾਸੀਆਂ ਦੀਆਂ ਮੁਸ਼ਕਲਾਂ



**ਫਿਲੌਰ ( ਹਰਜਿੰਦਰ ਕੌਰ ਚਾਹਲ)**- ਹਲਕਾ ਇੰਚਾਰਜ ਫਿਲੌਰ ਮੈਡਮ ਹਰਜੋਤ ਕੌਰ ਲੋਹਟੀਆ ਨੇ ਹਲਕਾ ਵਾਸੀਆਂ ਨਾਲ ਵਿਸ਼ੇਸ਼ ਮੁਲਾਕਾਤ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ।

ਲੋਕਾਂ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਆਪਣੇ ਇਲਾਕਿਆਂ ਨਾਲ ਸਬੰਧਤ ਮਸਲੇ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੇ, ਜਿਨ੍ਹਾਂ ਦਾ ਲੋਹਟੀਆ ਨੇ ਗੰਭੀਰਤਾ ਨਾਲ ਨੋਟਿਸ ਲਿਆ। ਇਸ ਮੌਕੇ ਉਨ੍ਹਾਂ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਸਪੱਸ਼ਟ ਅਤੇ ਸਖ਼ਤ ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਜਨਤਾ ਦੇ ਕੰਮਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਬੇਲੋੜੀ ਦੇਰੀ ਜਾਂ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਹਦਾਇਤ ਦਿੱਤੀ ਕਿ ਹਰ ਜਾਇਜ਼ ਮਸਲੇ ਦਾ ਨਿਪਟਾਰਾ ਪਹਿਲ ਦੇ ਆਧਾਰ 'ਤੇ ਅਤੇ ਨਿਰਧਾਰਿਤ ਸਮੇਂ ਅੰਦਰ ਯਕੀਨੀ ਬਣਾਇਆ ਜਾਵੇ।

# ਬ੍ਰਹਮਲੀਨ ਸੰਤ ਸਰਵਣ ਦਾਸ ਦੀ ਬਰਸੀ ਮਨਾਈ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**- ਡੇਰਾ ਸੱਚਖੰਡ ਬੱਲਾਂ ਦੇ ਸੰਸਥਾਪਕ ਬ੍ਰਹਮਲੀਨ ਸੰਤ ਸਰਵਣ ਦਾਸ ਮਹਾਰਾਜ ਦੀ 54ਵੀਂ ਬਰਸੀ ਡੇਰਾ ਸੱਚਖੰਡ ਬੱਲਾਂ ਦੇ ਮੌਜੂਦਾ ਗੱਦੀ ਨਸ਼ੀਨ ਸੰਤ ਨਿਰੰਜਨ ਦਾਸ ਮਹਾਰਾਜ ਤੇ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਜਨਮ ਅਸਥਾਨ ਪਬਲਿਕ ਚੈਰੀਟੇਬਲ ਟਰੱਸਟ ਕਾਂਸ਼ੀ (ਬਨਾਰਸ) ਦੀ ਸਰਪਰਸਤੀ ਹੇਠ ਸ਼ਰਧਾ ਪੂਰਵਕ ਮਨਾਈ ਗਈ। ਇਸ ਮੌਕੇ ਸਵੇਰੇ ਸਤਿਸੰਗ ਭਵਨ ਵਿਖੇ ਅੰਮ੍ਰਿਤ ਬਾਣੀ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪਾਵਨ ਜਾਪ ਕੀਤੇ ਗਏ। ਭੋਗ ਪਾਉਣ ਤੇ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਪ੍ਰਸਿੱਧ ਰਾਗੀ ਜੱਥਿਆ, ਮਿਸ਼ਨਰੀ ਗਾਇਕਾਂ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀ ਮਹਿਮਾ ਦਾ ਗੁਣਗਾਨ ਅਤੇ ਸੰਤ ਸਰਵਣ ਦਾਸ ਮਹਾਰਾਜ ਦੇ ਜੀਵਨ ਅਧਾਰਿਤ ਸ਼ਬਦ ਕੀਰਤਨ ਕੀਤਾ ਗਿਆ। ਇਸ ਮੌਕੇ ਵੱਖ ਵੱਖ ਡੇਰਿਆਂ ਤੋਂ ਆਏ ਸੰਤਾਂ ਮਹਾਂਪੁਰਸ਼ਾਂ, ਸਿਆਸੀ ਆਗੂ ਅਤੇ ਸਮਾਜਿਕ ਆਗੂਆਂ ਵੱਲੋਂ ਸੰਤ ਸਰਵਣ ਦਾਸ ਮਹਾਰਾਜ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਇਸ ਮੌਕੇ ਸੰਤ ਨਿਰੰਜਨ ਦਾਸ ਮਹਾਰਾਜ ਵੱਲੋਂ ਸੰਤ ਸਰਵਣ ਦਾਸ ਮਹਾਰਾਜ ਵੱਲੋਂ ਜਨਮ ਸਥਾਨ ਸ੍ਰੀ ਗੁਰੂ ਰਵਿਦਾਸ ਦੀ ਖੋਜ ਕਰਨ ਤੇ ਮੰਦਰ ਦੀ ਉਸਾਰੀ ਕਰਨੀ, ਪ੍ਰਭੂ ਭਗਤੀ ਕਰਨ, ਸਭ ਧਰਮਾਂ ਦਾ ਦਾ ਸਤਿਕਾਰ ਕਰਨ ਅਤੇ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਸਿੱਖਿਅਤ ਕਰਨ ਦਾ ਉਪਦੇਸ਼ ਦਿੱਤਾ। ਇਸ ਮੌਕੇ ਸੰਤ ਨਿਰੰਜਨ ਦਾਸ ਮਹਾਰਾਜ ਵੱਲੋਂ ਬੇਗਮਪੁਰਾ ਸਪਤਾਹਿਕ ਅਖ਼ਬਾਰ ਦਾ ਅੰਕ ਰਿਲੀਜ਼ ਕੀਤਾ ਗਿਆ। ਇਸ ਮੌਕੇ ਸੰਤ ਪ੍ਰਦੀਪ ਦਾਸ ਕਠਾਰ, ਸੰਤ ਅਚਾਰੀਆ ਗੰਧਾਰੀ ਸ਼ੁਕਰ ਤਾਲ ਵਾਲੇ , ਸੰਤ ਗੁਰਮੇਲ ਸਿੰਘ, ਸੰਤ ਬੀਰ ਸਿੰਘ ਹਿੱਤਕਾਰੀ ਬੁਲੰਦ ਸ਼ਹਿਰ, ਸੰਤ ਬਹਾਦਰ ਸਿੰਘ ਹੁਸ਼ਿਆਰਪੁਰ, ਸੰਤ ਰਾਜਾ ਰਾਮ ਬਠਿੰਡਾ, ਜੋਗਿੰਦਰ ਦਾਸ ਰਾਜਸਥਾਨ, ਸੰਤ ਮਹਿੰਦਰ ਦਾਸ ਸਾਗਰ ਐਮਪੀ, ਸੰਤ ਹਾਕਮ ਸਿੰਘ ਸੁਨਾਮ, ਸੰਤ ਰਾਮ ਜੀ ਰਾਏ ਸੰਤ ਸੋਢੀ ਰਾਮ, ਸੰਤ ਸੋਹਨ ਲਾਲ, ਸੰਤ ਹੇਮਰਾਜ, ਸੰਤ ਰਿਸ਼ੀ ਦਾ ਸੰਤ ਸੇਵਾ ਦਾਸ ਸੰਤ ਮਲਕੀਤ, ਸੰਤ ਬਲਵਿੰਦਰ ਸਿੰਘ, ਸੰਤ ਅਵਤਾਰ ਦਾਸ ਸੰਤ ਅਸ਼ੋਕ ਚਕਰਵਰਤੀ, ਸੰਤ ਨਿਰਮਲ ਦਾਸ ਤੋਂ ਇਲਾਵਾ ਐੱਮ ਪੀ ਰਾਜਕੁਮਾਰ ਚੱਬੇਵਾਲ, ਸਾਬਕਾ ਵਿਧਾਇਕ ਪਵਨ ਕੁਮਾਰ ਟੀਨੂ, ਸਾਬਕਾ ਵਿਧਾਇਕ ਚੌਧਰੀ ਸੁਰਿੰਦਰ ਸਿੰਘ, ਸਾਬਕਾ ਵਿਧਾਇਕ ਦੇਸਰਾਜ ਧੁੱਗਾ, ਸੇਵਾ ਮੁਕਤ ਐੱਸ ਐੱਸ ਪੀ ਰਜਿੰਦਰ ਸਿੰਘ, ਸਰਪੰਚ ਪ੍ਰਦੀਪ ਕੁਮਾਰ ਬੱਲਾਂ ਆਦਿ ਵਲੋਂ ਸੰਤ ਸਰਵਣ ਦਾਸ ਮਹਾਰਾਜ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ। ਸੇਵਾਦਾਰ ਹਰਦੇਵ ਦਾਸ, ਸੇਵਾਦਾਰ ਵਰਿੰਦਰ ਦਾਸ, ਸੇਵਾਦਾਰ ਦਵਿੰਦਰ ਦਾਸ ਬੱਬੂ, ਸੇਵਾਦਾਰ ਕੈਲਾਸ਼ ਚੰਦਰ, ਸੇਵਾਦਾਰ ਮਨਦੀਪ ਦਾਸ, ਸੇਵਾਦਾਰ ਕਰਮ ਚੰਦ ਬਠਿੰਡਾ, ਬੀਪੀਈਓ ਬੀ ਕੇ ਮਹਿਮੀ, ਮੈਨੇਜਰ ਧਰਮਪਾਲ ਸਿਮਕ, ਬਾਬੂ ਜੋਗਿੰਦਰ ਪਾਲ ਦੇਸਰਾਜ ਫਗਵਾੜਾ ਧਰਮਿੰਦਰ ਟਾਂਡਾ, ਡਾ. ਬਲਬੀਰ ਮੰਨਣ, ਸਤਪਾਲ ਹੀਰ, ਤਰਸੇਮ ਲਾਲ ਸਰੋਆ, ਮੈਨੇਜਰ ਬੀ ਸੀ ਚੋਪੜਾ (ਸਾਰੇ ਟਰੱਸਟੀ ਡੇਰਾ)ਤੋਂ ਇਲਾਵਾ ਸੇਵਾ ਮੁਕਤ ਕਾਨੂੰਨਗੋ ਮਹਿੰਦਰ ਪਾਲ, ਸੇਵਾ ਮੁਕਤ ਕਾਨੂੰਨਗੋ ਸਾਲਗ ਰਾਮ, ਰੋਸ਼ਨ ਲਾਲ ਸੌਂਧੀ, ਲੈਕਚਰਾਰ ਸੁਰਜੀਤ ਸਿੰਘ ਜੱਸਲ ਹਾਜ਼ਰ ਸਨ।



# ਪੈਟਰੋਲ ਪੰਪ 'ਤੇ ਗੋਲੀਆਂ ਚਲਾਉਣ ਵਾਲੇ ਦਾ ਐਨਕਾਊਂਟਰ

**ਗੁਰਦਾਸਪੁਰ (ਜਨਕ ਮਹਾਜਨ)**- ਬੀਤੇ ਦਿਨ ਪਿੰਡ ਚਾਵਾ ਤੋਂ ਇੱਕ ਆਟਾ ਚੱਕੀ 'ਤੇ ਕੰਮ ਕਰਨ ਵਾਲੇ ਪਰਵਾਸੀ ਦਾ ਮੋਟਰਸਾਈਕਲ ਅਤੇ ਮੋਬਾਇਲ ਖੋਹ ਕੇ ਦੌੜਨ ਅਤੇ ਉਸ ਤੋਂ ਬਾਅਦ ਜਗਤਪੁਰ ਕਲਾਂ ਦੇ ਇਕ ਪੈਟਰੋਲ ਪੰਪ 'ਤੇ ਗੋਲੀਆਂ ਚਲਾਉਣ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਨੌਜਵਾਨ ਦਾ ਪੁਲਸ ਵਲੋਂ ਕਿਸ਼ਨਪੁਰਾ ਨੇੜੇ ਐਨਕਾਊਂਟਰ ਕਰ ਦਿੱਤਾ ਗਿਆ। ਜਾਣਕਾਰੀ ਅਨੁਸਾਰ ਦੋਸ਼ੀ ਦੀ ਪਹਿਚਾਣ ਰੋਹਿਤ ਮੱਟੂ ਵਾਸੀ ਬਟਾਲਾ ਦੇ ਤੌਰ 'ਤੇ ਹੋਈ ਹੈ। ਐਸ.ਐਸ.ਪੀ. ਗੁਰਦਾਸਪੁਰ ਅਦਿਤਿਆ ਨੇ ਦੱਸਿਆ ਕਿ ਪੁਲਸ ਕੱਲ੍ਹ ਤੋਂ ਹੀ ਸੀ ਸੀ ਟੀ ਵੀ ਕੈਮਰੇ ਦੇ ਅਧਾਰ 'ਤੇ ਇਸ ਦੀ ਪਹਿਚਾਣ ਕਰਨ ਵਿੱਚ ਜੁਟੀ ਹੋਈ ਸੀ ਅਤੇ ਜਦੋਂ ਪਤਾ ਲੱਗਿਆ ਕਿ ਇਹ ਭੈਣੀ ਮੀਆਂ ਖਾਨ ਦੇ ਨੇੜੇ ਘੁੰਮ ਰਿਹਾ ਹੈ ਤਾਂ ਇਸ ਨੂੰ ਘੇਰਾ ਪਾਉਣ ਦੀ ਕੋਸ਼ਿਸ਼ ਕੀਤੀ ਗਈ ਪਰ ਇਸ ਨੇ ਪੁਲਸ ਪਾਰਟੀ 'ਤੇ ਗੋਲੀ ਚਲਾ ਦਿੱਤੀ। ਜਵਾਬੀ ਫਾਇਰਿੰਗ ਵਿੱਚ ਇਸ ਦੀ ਲੱਤ 'ਤੇ ਗੋਲੀ ਲੱਗਣ ਕਾਰਨ ਜ਼ਖ਼ਮੀ ਹੋ ਗਿਆ। ਇਸ ਨੂੰ ਇਲਾਜ ਲਈ ਸਿਵਲ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ ਅਤੇ ਪੁੱਛਗਿੱਛ ਤੋਂ ਬਾਅਦ ਹੋਰ ਵੀ ਖੁਲਾਸੇ ਹੋਣ ਦੀ ਉਮੀਦ ਹੈ।

# ਵਿਸ਼ਵ ਨੇਤਰਦਾਨ ਦਿਵਸ ਮਨਾਇਆ



**ਜਲੰਧਰ (ਸ਼ੈਲੀ ਐਲਬਰਟ)**- ਸੰਪੂਰਨ ਵਿਸ਼ਵ ਨੇਤਰਦਾਨ ਦਿਵਸ ਮਨਾ ਰਿਹਾ ਹੈ, ਜਲੰਧਰ ਦੀ ਬਹੁਮੁਖੀ ਸਮਾਜ ਸੇਵੀ ਸੰਸਥਾ ਦਿਸ਼ਾਦੀਪ ਜੋ ਕਿ ਪਿਛਲੇ 15 ਵਰਿਆਂ ਤੋਂ ਨਸ਼ਾ ਮੁਕਤ ਪੰਜਾਬ ਖ਼ੂਨਦਾਨ, ਸੰਪੂਰਨ ਸਰੀਰ ਦਾਨ ਅਤੇ ਵਾਤਾਵਰਨ ਸੁਰੱਖਿਆ ਵਰਗੀ ਮਹੱਤਵਪੂਰਨ ਸਮਾਜਿਕ ਕਾਰਜਾਂ ਵਿੱਚ ਆਪਣਾ ਯੋਗਦਾਨ ਦੇ ਰਹੀ ਹੈ, ਇਹ ਸੰਸਥਾ ਦੇ ਸੰਸਥਾਪਕ ਅਤੇ ਚੀਫ ਲਾਇਨ ਐਸ ਐਮ ਸਿੰਘ ਅਤੇ ਇਸਤਰੀ ਵਿੰਗ ਦੀ ਚੇਅਰਮੈਨ ਸਰਬਜੀਤ ਕੌਰ ਨੇ ਬੁਲਾਈ ਗਈ ਵਿਸ਼ੇਸ਼ ਮੀਟਿੰਗ ਵਿੱਚ ਅੱਖਾਂ ਅਤੇ ਅੱਖਾਂ ਦਾਨ ਬਾਰੇ ਆਪਣੇ ਵਿਚਾਰ ਪ੍ਰਗਟ ਕੀਤੇ। ਉਹਨਾਂ ਦੱਸਿਆ ਕਿ ਇਸ ਵੇਲੇ ਭਾਰਤ ਵਿੱਚ 15 ਲੱਖ ਦੇ ਕਰੀਬ ਕਾਰਨੀਜ਼ਰ ਅੰਧੇ ਬਣਨ ਦੇ ਸ਼ਿਕਾਰ ਵਿਅਕਤੀ ਹਨ ਅਤੇ ਹਰ ਸਾਲ ਵਿੱਚ ਇਹਨਾਂ ਵਿੱਚ 20 ਹਜਾਰ ਤੋਂ 30 ਹਜਾਰ ਦਾ ਵਾਧਾ ਹੋ ਰਿਹਾ ਹੈ।ਜਦ ਕਿ ਦਾਨ ਦੇ ਰੂਪ ਵਿੱਚ 20ਹਜ਼ਾਰ ਹੀ ਅੱਖਾਂ ਆਉਂਦੀਆਂ ਹਨ। ਦੀਪਕ ਰਾਏ ਅਤੇ ਪਰਮਜੀਤ ਸਿੰਘ ਢੱਲ ਕਾਲਾ ਨੇ ਪਹਿਲ ਕਰਦੇ ਹੋਏ ਆਪਣੀਆਂ ਅੱਖਾਂ ਦਾਨ ਕਰਨ ਸਬੰਧੀ ਦਿਸ਼ਾ ਦੀਪ ਦੇ ਚੀਫ ਨੂੰ ਸੰਕਲਪ ਪੱਤਰ ਭਰ ਕੇ ਦਿੱਤੇ ਅਤੇ ਕਿਹਾ ਕਿ ਅਸੀਂ ਆਪਣੀ ਮਰਜ਼ੀ ਨਾਲ ਅੱਖਾਂ ਦਾਨ ਕਰਨ ਦਾ ਫੈਸਲਾ ਲਿਆ ਹੈ।

# ਵੋਟਰ ਸੂਚੀਆਂ ਦੀ ਸੁਧਾਈ ਪ੍ਰਕਿਰਿਆ 'ਤੇ ਵਿਸ਼ੇਸ਼ ਧਿਆਨ ਦੇਣ ਦੀ ਲੋੜ : ਪਿਰਥੀਪਾਲ ਸਿੰਘ ਮਾੜੀਮੇਘਾ

**ਭਿੱਖੀਵਿੰਡ**- ਸੀ ਪੀ ਆਈ ਬਲਾਕ ਭਿੱਖੀਵਿੰਡ ਵੱਲੋਂ ਕੇਂਦਰ ਸਰਕਾਰ ਵੱਲੋਂ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਅਤੇ ਤਸਦੀਕ ਦੀ ਪ੍ਰਕਿਰਿਆ ਸਪੈਸ਼ਲ ਇੰਟੈਂਸਿਵ ਰਿਵੀਜਨ (ਐਸ ਆਈ ਆਰ) ਦੌਰਾਨ ਵੋਟਰਾਂ ਅਤੇ ਖਾਸ ਕਰਕੇ ਕਮਿਊਨਿਸਟ ਧਿਰਾਂ ਨੂੰ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ। ਕੇਂਦਰ ਦੀ ਸਰਕਾਰ ਨੇ ਪਹਿਲਾਂ ਵੋਟਰਾਂ ਦੀ ਇਸ ਵਿਸ਼ੇਸ਼ ਸੁਧਾਈ ਦੌਰਾਨ ਬਿਹਾਰ ਵਿੱਚ ਲੱਖਾਂ ਵੋਟਾਂ ਕੱਟ ਕੇ ਵੋਟਰਾਂ ਦਾ ਹੱਕ ਖੋਹਿਆ ਅਤੇ ਆਪਣੀ ਮਨਮਰਜ਼ੀ ਦੀ ਸੂਬਾ ਸਰਕਾਰ ਬਣਾਈ। ਇਸ ਤੋਂ ਬਾਅਦ ਇਹੋ ਡਿਕਟੇਟਰਪੁਣਾ ਪੱਛਮੀ ਬੰਗਾਲ ਵਿੱਚ ਵਰਤ ਕੇ ਪੱਛਮੀ ਬੰਗਾਲ 'ਤੇ ਕਬਜ਼ਾ ਕੀਤਾ। ਇਸ ਵੇਲੇ ਆਰ ਐਸ ਐਸ ਦੀ ਅਗਵਾਈ ਹੇਠ ਚੱਲ ਰਹੀ ਕੇਂਦਰ ਦੀ ਸਰਕਾਰ ਦਾ ਪੂਰਾ ਜ਼ੋਰ ਪੰਜਾਬ 'ਤੇ ਲੱਗ ਹੋਇਆ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ 'ਤੇ ਕਬਜ਼ਾ ਕੀਤਾ ਜਾਵੇ । ਸੀ ਪੀ ਆਈ ਦੇ ਸੂਬਾ ਸਕੱਤਰੇਤ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ, ਸੀ ਪੀ ਆਈ ਭਿੱਖੀਵਿੰਡ ਬਲਾਕ ਦੇ ਸਕੱਤਰ ਨਰਿੰਦਰ ਸਿੰਘ ਅਲਗੋਂ ਤੇ ਮੀਤ ਸਕੱਤਰ ਜਸਵੰਤ ਸਿੰਘ ਸੁਰਵਿੰਡ, ਆਲ ਇੰਡੀਆ ਕਿਸਾਨ ਸਭਾ ਦੇ ਆਗੂ ਰਛਪਾਲ ਸਿੰਘ ਬਾਠ ਅਤੇ ਪੰਜਾਬ ਇਸਤਰੀ ਸਭਾ ਦੀ ਆਗੂ ਸਰੋਜ ਮਲਹੋਤਰਾ ਨੇ ਸਾਂਝਾ ਬਿਆਨ ਜਾਰੀ ਕਰਦਿਆਂ ਵੋਟਰਾਂ ਨੂੰ ਸੁਚੇਤ ਕੀਤਾ ਹੈ ਕਿ ਵੋਟਰ ਸੂਚੀਆਂ ਦੀ ਸੁਧਾਈ ਲਈ ਜਦੋਂ ਵੀ ਡਿਊਟੀ ਵਾਲੇ ਅਧਿਕਾਰੀ ਵੋਟਰਾਂ ਨੂੰ ਸੱਦਦੇ ਜਾਂ ਵੋਟਰਾਂ ਨੂੰ ਆਪ ਹੀ ਪਤਾ ਲੱਗ ਜਾਂਦਾ ਹੈ ਤੇ ਉਹ ਡਾਕੂਮੈਂਟ ਲੈ ਕੇ ਅਧਿਕਾਰੀਆਂ ਕੋਲ ਪਹੁੰਚ ਜਾਣ ਤਾਂ ਜੋ ਉਨ੍ਹਾਂ ਦੀ ਵੋਟ ਕੱਟੀ ਨਾ ਜਾ ਸਕੇ।



# ਮਾਸਟਰ ਜਗਦੀਪ ਸਿੰਘ ਤਲਵੰਡੀ ਮਾਲੋਵਾਲ ਨੂੰ ਵੱਖ-ਵੱਖ ਸਿਆਸੀ ਆਗੂਆਂ ਵੱਲੋਂ ਸ਼ਰਧਾਂਜਲੀਆਂ

## ਪੀੜਤ ਪਰਵਾਰ ਨੂੰ ਇਨਸਾਫ ਦਿਵਾਉਣ ਲਈ ਇਕਜੁੱਟ ਹੋਣ ਦਾ ਸੱਦਾ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਅੰਮ੍ਰਿਤਸਰ ਦੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਅਧੀਨ ਪੈਂਦੇ ਪਿੰਡ ਤਲਵੰਡੀ ਮਾਲੋਵਾਲ ਦੇ ਵਸਨੀਕ ਇਕ ਸਰਕਾਰੀ ਅਧਿਆਪਕ ਜਗਦੀਪ ਸਿੰਘ ਦਾ ਦਿਨ ਦਿਹਾੜੇ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ ਸੀ। ਇਸ ਵਾਰਦਾਤ ਤੋਂ ਬਾਅਦ ਹੁਣ ਤੱਕ ਪੁਲਸ ਵਲੋਂ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ ਜਿਸ ਦੇ ਰੋਸ ਵਜੋਂ ਵੀਰਵਾਰ ਨੌਜਵਾਨ ਅਧਿਆਪਕ ਦੀ ਅੰਤਿਮ ਅਰਦਾਸ ਉਪਰੰਤ ਸਰਬ ਪਾਰਟੀ ਇਕੱਤਰਤਾ ਹੋਈ ਜਿਸ ਵਿਚ ਕਾਂਗਰਸ ਪਾਰਟੀ ਦੇ ਵਿਧਾਇਕ ਸੁਖਵਿੰਦਰ ਸਿੰਘ ਰੰਧਾਵਾ ਸਾਬਕਾ ਮੰਤਰੀ, ਸਾਬਕਾ ਵਿਧਾਇਕ ਅਤੇ ਰਿਟਾਇਰਡ ਰਾਈਟ ਟੂ ਸਰਵਿਸ ਕਮਿਸ਼ਨਰ ਡਾ. ਦਲਬੀਰ ਸਿੰਘ ਵੇਰਕਾ, ਸਾਬਕਾ ਵਿਧਾਇਕ ਸੁਖਵਿੰਦਰ ਡੈਨੀ ਬੰਡਾਲਾ, ਸਾਬਕਾ ਮੈਂਬਰ ਪਾਰਲੀਮੈਂਟ ਜਸਬੀਰ ਸਿੰਘ ਡਿੰਪਾ, ਵੱਡੀ ਗਿਣਤੀ ਵਿਚ ਹੋਰ ਵੱਖ ਵੱਖ ਪਾਰਟੀਆਂ ਦੇ ਸਿਆਸੀ ਆਗੂ ਸ਼ਾਮਲ ਹੋਏ। ਇਸ ਇਕੱਤਰਤਾ ਦੌਰਾਨ ਵੱਖ ਵੱਖ ਬੁਲਾਰਿਆਂ ਵਲੋਂ ਪਰਵਾਰ ਨੂੰ ਇਨਸਾਫ ਦਿਵਾਉਣ ਲਈ ਇਕਜੁੱਟ ਹੋ ਕੇ ਸੰਘਰਸ਼ ਦਾ ਐਲਾਨ ਕੀਤਾ। ਹਲਕਾ ਜੰਡਿਆਲਾ ਗੁਰੂ ਨਾਲ ਸੰਬੰਧਤ ਸਾਬਕਾ ਵਿਧਾਇਕ ਡਾਕਟਰ ਦਲਬੀਰ ਸਿੰਘ ਵੇਰਕਾ ਨੇ ਮਾਸਟਰ ਜਗਦੀਪ ਸਿੰਘ ਦੇ ਕਤਲ ਦੀ ਨਿੰਦਾ ਕਰਦਿਆਂ ਕਿਹਾ ਕਿ ਅੱਜ ਪੰਜਾਬ ਵਿੱਚ ਸਰਕਾਰੀ ਸ਼ਹਿ 'ਤੇ ਨਿਰਦੋਸ਼ ਲੋਕਾਂ ਦੇ ਕਤਲ ਕੀਤੇ ਜਾ ਰਹੇ ਹਨ ਜਿਸ ਨੂੰ ਪੁਲਸ ਪ੍ਰਸ਼ਾਸਨ ਮੂਕ ਦਰਸ਼ਕ ਬਣ ਕੇ ਵੇਖ ਰਿਹਾ ਹੈ। ਸਾਨੂੰ ਸਾਰਿਆਂ ਨੂੰ ਚਾਹੀਦਾ ਹੈ ਕਿ ਰਲ ਕੇ ਇਸ ਪਰਵਾਰ ਦੀ ਮਦਦ ਕਰੀਏ ਅਤੇ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਲਈ ਪਰਵਾਰ ਨਾਲ ਡਟ ਕੇ ਖੜ੍ਹੇ ਹੋਈਏ । ਸਾਬਕਾ ਸਾਬਕਾ ਕਾਂਗਰਸੀ ਮੰਤਰੀ ਸੁਖਵਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਅੱਜ ਵਪਾਰੀਆਂ ਨੂੰ ਫਿਰੌਤੀ ਲਈ ਧਮਕੀਆਂ ਮਿਲ ਰਹੀਆਂ ਹਨ ਅਤੇ ਇਸ ਸਭ ਕੁਝ ਸਰਕਾਰ ਦੀ ਸ਼ਹਿ ਅਤੇ ਪੁਲਸ ਪ੍ਰਸ਼ਾਸਨ ਦੀ ਨੱਕ ਹੇਠ ਹੋ ਰਿਹਾ ਹੈ। ਉਨ੍ਹਾਂ ਦੱਸਿਆ ਕਿ ਮਾਸਟਰ ਜਗਦੀਪ ਸਿੰਘ ਦੇ ਕਤਲ ਦੇ ਮਾਮਲੇ ਨੂੰ ਪੁਲਸ ਵਲੋਂ ਇਨਸਾਫ਼ ਦੇਣ ਦੀ ਬਜਾਏ ਇਸ ਨੂੰ ਹਾਦਸਾ ਬਣਾਇਆ ਜਾ ਰਿਹਾ ਹੈ ਪਰ ਪਰਵਾਰ ਨੂੰ ਇਨਸਾਫ਼ ਦਵਾਉਣ ਲਈ ਹਰ ਲੜਾਈ ਲੜੀ ਜਾਵੇਗੀ।



ਨਵਾਂ ਜ਼ਮਾਨਾ
ਸ਼ੁੱਕਰਵਾਰ, 12 ਜੂਨ 2026

# ਬੰਗਾਲ ਦੀ ਗਿਣਤੀ-ਮਿਣਤੀ

ਇਹ ਸੋਚਣਾ ਜਲਦਬਾਜ਼ੀ ਹੋਵੇਗਾ ਕਿ ਬੰਗਾਲ ਵਿੱਚ ਤ੍ਰਿਣਮੂਲ ਕਾਂਗਰਸ (ਟੀ ਐੱਮ ਸੀ) ਦੀ ਕਮਜ਼ੋਰੀ ਦਾ ਸਿੱਧਾ ਫਾਇਦਾ ਭਾਜਪਾ ਨੂੰ ਹੋਵੇਗਾ ਜਾਂ ਕਾਂਗਰਸ ਮਜ਼ਬੂਤ ਹੋ ਜਾਵੇਗੀ। ਟੀ ਐੱਮ ਸੀ ਦੀ ਹਾਰ ਤੇ ਫਿਰ ਉਸ ਵਿੱਚ ਪਈ ਫੁੱਟ ਦਾ ਖੱਬੀਆਂ ਪਾਰਟੀਆਂ ਨੂੰ ਫਾਇਦਾ ਮਿਲਣ ਦੀ ਕਾਫੀ ਸੰਭਾਵਨਾ ਹੈ। ਅਸਲ ਸਵਾਲ ਇਹ ਹੈ ਕਿ ਕੀ ਖੱਬੀਆਂ ਪਾਰਟੀਆਂ ਆਪਣੇ ਬਾਕੀ ਰਹਿੰਦੇ 5-6 ਪ੍ਰਤੀਸ਼ਤ ਵੋਟ ਨੂੰ 10-12 ਪ੍ਰਤੀਸ਼ਤ ਤੱਕ ਵਧਾ ਸਕਦੀਆਂ ਹਨ? ਜੇ ਅਜਿਹਾ ਹੁੰਦਾ ਹੈ, ਤਾਂ ਬੰਗਾਲ ਦਾ ਸਿਆਸੀ ਹਿਸਾਬ ਅਚਾਨਕ ਬਦਲ ਜਾਵੇਗਾ। ਖੱਬੇ-ਪੱਖੀਆਂ ਨੂੰ ਅੱਜ 35-40 ਪ੍ਰਤੀਸ਼ਤ ਤੱਕ ਪਹੁੰਚਣ ਲਈ 35 ਪ੍ਰਤੀਸ਼ਤ ਵੋਟਾਂ ਪ੍ਰਾਪਤ ਕਰਨ ਦੀ ਲੋੜ ਨਹੀਂ। ਉਨ੍ਹਾਂ ਨੂੰ ਸਿਰਫ ਆਪਣੇ ਮੁੱਖ ਵੋਟ ਬੈਂਕ ਨੂੰ ਇਕਜੁੱਟ ਕਰਨ ਅਤੇ ਆਪਣੇ-ਆਪ ਨੂੰ ਇੱਕ ਭਰੋਸੇਯੋਗ ਸਿਆਸੀ ਬਦਲ ਵਜੋਂ ਸਥਾਪਤ ਕਰਨ ਦੀ ਲੋੜ ਹੈ। ਸਿਆਸੀ ਹਾਲਾਤ ਆਪਣੇ-ਆਪ ਬਾਕੀ ਵੋਟਾਂ ਉਨ੍ਹਾਂ ਨੂੰ ਸੌਂਪ ਦੇਣਗੇ।

ਇਸੇ ਤਰ੍ਹਾਂ ਮਮਤਾ ਬੈਨਰਜੀ ਨੂੰ ਫਾਇਦਾ ਮਿਲਿਆ ਸੀ। 2001 ਵਿੱਚ ਮਮਤਾ ਬੈਨਰਜੀ ਬੰਗਾਲ ਦੀ ਸਰਬ-ਸ਼ਕਤੀਸ਼ਾਲੀ ਨੇਤਾ ਨਹੀਂ ਸੀ। ਉਸ ਦਾ ਆਧਾਰ ਸੀਮਤ ਸੀ, ਪਰ ਜਿਵੇਂ-ਜਿਵੇਂ ਮੂਡ ਖੱਬੇ ਮੋਰਚੇ ਦੇ ਵਿਰੁੱਧ ਹੁੰਦਾ ਗਿਆ, ਕਾਂਗਰਸ ਦਾ ਸਮਰਥਨ ਆਧਾਰ ਕਮਜ਼ੋਰ ਹੁੰਦਾ ਗਿਆ ਅਤੇ ਘੱਟਗਿਣਤੀ ਵੋਟਰਾਂ ਨੇ ਇੱਕ ਸੁਰੱਖਿਅਤ ਬਦਲ ਦੀ ਮੰਗ ਕੀਤੀ, ਮਮਤਾ ਦਾ ਵੋਟ ਹਿੱਸਾ ਵਧਦਾ ਗਿਆ। ਅੰਤ ਵਿੱਚ ਉਸ ਨੇ 40 ਪ੍ਰਤੀਸ਼ਤ ਤੋਂ ਵੱਧ ਵੋਟਾਂ ਪ੍ਰਾਪਤ ਕਰਨੀਆਂ ਸ਼ੁਰੂ ਕਰ ਦਿੱਤੀਆਂ।

ਅੱਜ ਹਾਲਾਤ ਉਲਟ ਦਿਸ਼ਾ ਵਿੱਚ ਜਾ ਰਹੇ ਹਨ। ਟੀ ਐੱਮ ਸੀ ਦੀ ਸਭ ਤੋਂ ਵੱਡੀ ਤਾਕਤ ਸਿਰਫ ਮਮਤਾ ਬੈਨਰਜੀ ਹੀ ਨਹੀਂ ਸੀ। ਉਸ ਦੀ ਤਾਕਤ ਇੱਕ ਵਿਸ਼ਾਲ ਸਮਾਜੀ ਗੱਠਜੋੜ ਵਿੱਚ ਸੀ, ਜਿਸ ਵਿੱਚ ਘੱਟਗਿਣਤੀ ਵੋਟਾਂ, ਗਰੀਬ, ਪੇਂਡੂ ਵੋਟਰ ਅਤੇ ਭਾਜਪਾ ਵਿਰੋਧੀ ਵੋਟਾਂ ਸ਼ਾਮਲ ਸਨ, ਪਰ ਜਿਵੇਂ-ਜਿਵੇਂ ਪਾਰਟੀ ਅੰਦਰ ਬੇਚੈਨੀ ਵਧਦੀ ਜਾ ਰਹੀ ਹੈ ਅਤੇ ਸਥਾਨਕ ਫੁੱਟ ਦੀਆਂ ਰਿਪੋਰਟਾਂ ਸਾਹਮਣੇ ਆ ਰਹੀਆਂ ਹਨ, ਇਹ ਗੱਠਜੋੜ ਹੁਣ ਪਹਿਲਾਂ ਵਾਂਗ ਮਜ਼ਬੂਤ ਨਹੀਂ ਰਿਹਾ।

ਅਜਿਹੀ ਸਥਿਤੀ ਵਿੱਚ ਖੱਬੀਆਂ ਪਾਰਟੀਆਂ ਦੇ ਸਾਹਮਣੇ ਸਭ ਤੋਂ ਵੱਡੀ ਜ਼ਿੰਮੇਵਾਰੀ ਚੋਣਾਂ ਲੜਨ ਦੀ ਨਹੀਂ, ਸਗੋਂ ਸੰਗਠਨ ਬਣਾਉਣ ਦੀ ਹੈ। ਜੇ ਉਹ ਅਗਲੇ ਕੁਝ ਸਾਲਾਂ ਵਿੱਚ ਆਪਣਾ ਵੋਟ ਹਿੱਸਾ 5-6 ਪ੍ਰਤੀਸ਼ਤ ਤੋਂ ਵਧਾ ਕੇ 10-12 ਪ੍ਰਤੀਸ਼ਤ ਕਰ ਲੈਂਦੀਆਂ ਹਨ, ਵਿਦਿਆਰਥੀ-ਨੌਜਵਾਨ ਅੰਦੋਲਨਾਂ ਵਿੱਚ ਸਰਗਰਮ ਹੋ ਜਾਂਦੇ ਹਨ, ਮਜ਼ਦੂਰ-ਕਿਸਾਨ ਸੰਗਠਨਾਂ ਨੂੰ ਮੁੜ ਮਜ਼ਬੂਤ ਕਰ ਲੈਂਦੀਆਂ ਹਨ ਅਤੇ ਟੀ ਐੱਮ ਸੀ ਤੋਂ ਨਿਰਾਸ਼ ਲੋਕਾਂ ਲਈ ਇੱਕ ਭਰੋਸੇਯੋਗ ਬਦਲ ਬਣ ਜਾਂਦੀਆਂ ਹਨ ਤਾਂ ਸਿਆਸੀ ਧਰੁਵੀਕਰਨ ਦਾ ਪੂਰਾ ਸਮੀਕਰਨ ਬਦਲ ਸਕਦਾ ਹੈ। ਬੰਗਾਲ ਵਿੱਚ ਵੱਡੀ ਗਿਣਤੀ ਵਿੱਚ ਅਜਿਹੇ ਵੋਟਰ ਹਨ, ਜੋ ਭਾਜਪਾ ਨੂੰ ਵੋਟ ਨਹੀਂ ਦੇਣਾ ਚਾਹੁੰਦੇ, ਪਰ ਟੀ ਐੱਮ ਸੀ ਤੋਂ ਵੀ ਅਸੰਤੁਸ਼ਟ ਹਨ। ਅੱਜ, ਇਹ ਵੋਟ ਖੰਡਤ ਹੈ। ਜਿਸ ਦਿਨ ਇਹ ਇੱਕ ਭਰੋਸੇਯੋਗ ਬਦਲ ਦੇਖੇਗਾ ਹੈ, ਇਹ ਤੇਜ਼ੀ ਨਾਲ ਇੱਕ ਦਿਸ਼ਾ ਵਿੱਚ ਝੁਕ ਸਕਦਾ ਹੈ। ਭਾਰਤੀ ਸਿਆਸਤ ਵਿੱਚ ਇਸ ਦੀਆਂ ਉਦਾਹਰਣਾਂ ਹਨ। ਭਾਵੇਂ ਇਹ ਰਾਜਸਥਾਨ ਦੀ ਸੀਕਰ ਸੀਟ 'ਤੇ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਦੇ ਅਮਰਾ ਰਾਮ ਦੀ ਜਿੱਤ ਹੋਵੇ ਜਾਂ 25 ਸਾਲਾਂ ਬਾਅਦ ਝਾਰਖੰਡ ਦੇ ਸਿੰਦਰੀ ਵਿੱਚ ਸੀ ਪੀ ਆਈ (ਐੱਮ ਐੱਲ) ਦੀ ਵਾਪਸੀ ਹੋਵੇ। ਇਹ ਸਫਲਤਾਵਾਂ ਚਮਤਕਾਰੀ ਨਹੀਂ ਸਨ। ਸੰਗਠਨ ਬਚ ਗਿਆ, ਸਮੀਕਰਨਾਂ ਨੇ ਇਸ ਦਾ ਪੱਖ ਲਿਆ, ਅਤੇ ਮੌਕਾ ਮਿਲਣ 'ਤੇ ਵੋਟਾਂ ਵਾਪਸ ਆ ਗਈਆਂ। ਖੱਬੇ-ਪੱਖੀ ਸਿਆਸਤ ਦਾ ਇਤਿਹਾਸ ਦਰਸਾਉਂਦਾ ਹੈ ਕਿ ਹਾਰ ਦੇ ਲੰਬੇ ਸਮੇਂ ਬਾਅਦ ਵੀ ਇਸ ਦਾ ਵੋਟ ਬੈਂਕ ਅਕਸਰ ਪੂਰੀ ਤਰ੍ਹਾਂ ਬਰਕਰਾਰ ਰਹਿੰਦਾ ਹੈ। ਇਹੀ ਕਾਰਨ ਹੈ ਕਿ ਜਦੋਂ ਕਿ ਹੋਰ ਪਾਰਟੀਆਂ ਚੋਣ ਹਾਰਾਂ ਤੋਂ ਬਾਅਦ ਅਲੋਪ ਹੋ ਜਾਂਦੀਆਂ ਹਨ, ਖੱਬੇ-ਪੱਖੀ ਪਾਰਟੀਆਂ ਦਹਾਕਿਆਂ ਬਾਅਦ ਵੀ ਵਾਪਸੀ ਦੀ ਸੰਭਾਵਨਾ ਨੂੰ ਬਰਕਰਾਰ ਰੱਖਦੀਆਂ ਹਨ। ਅੱਜ ਬੰਗਾਲ ਵਿੱਚ ਖੱਬੇ-ਪੱਖੀ ਪਾਰਟੀਆਂ ਦੇ ਸਾਹਮਣੇ ਚੁਣੌਤੀ ਸਿਰਫ ਚੋਣਾਂ ਜਿੱਤਣਾ ਹੀ ਨਹੀਂ ਹੈ। ਆਪਣੇ-ਆਪ ਨੂੰ ਇੱਕ ਅਜਿਹੀ ਸਿਆਸੀ ਸ਼ਕਤੀ ਵਜੋਂ ਸਥਾਪਤ ਕਰਨਾ ਹੈ, ਜੋ ਟੀ ਐੱਮ ਸੀ ਤੋਂ ਪੈਦਾ ਹੋਣ ਵਾਲੀ ਅਸੰਤੁਸ਼ਟੀ, ਭਾਜਪਾ ਵਿਰੋਧੀ ਵੋਟਾਂ ਅਤੇ ਸਮਾਜਿਕ ਅੰਦੋਲਨਾਂ ਦੀ ਊਰਜਾ ਨੂੰ ਇੱਕਜੁੱਟ ਕਰ ਸਕਦੀ ਹੈ। ਜੇ ਉਹ ਅਜਿਹਾ ਕਰ ਲੈਣ ਤਾਂ 5 ਪ੍ਰਤੀਸ਼ਤ ਤੋਂ 40 ਪ੍ਰਤੀਸ਼ਤ ਤੱਕ ਦਾ ਸਫਰ ਓਨਾ ਅਸੰਭਵ ਨਹੀਂ ਹੋਵੇਗਾ, ਜਿੰਨਾ ਅੱਜ ਲਗਦਾ ਹੈ।

# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਂਅ ਖੁੱਲ੍ਹੀ ਚਿੱਠੀ

ਅਧਿਆਪਕਾਂ ਦੀ ਭਰਤੀ ਇਸ ਲਈ ਕੀਤੀ ਜਾਂਦੀ ਹੈ ਤਾਂ ਜੋ ਉਹ ਵਿਦਿਆਰਥੀਆਂ ਨੂੰ ਬਿਹਤਰ ਸਿੱਖਿਆ ਦੇ ਸਕਣ ਅਤੇ ਉਨ੍ਹਾਂ ਦੇ ਕਰੀਅਰ ਨੂੰ ਸੰਵਾਰਨ ਵਿੱਚ ਮਦਦ ਕਰ ਸਕਣ । ਪਰ ਦੁੱਖ ਦੀ ਗੱਲ ਇਹ ਹੈ ਕਿ ਇਨ੍ਹਾਂ ਅਧਿਆਪਕਾਂ ਨੂੰ ਪੂਰੇ ਸਾਲ ਲਈ ਬੀ.ਐੱਲ.ਓ., ਚੋਣਾਂ ਜਾਂ ਅੱਜਕੱਲ੍ਹ ਚੱਲ ਰਹੀ ਜਨਗਣਨਾ ਵਰਗੇ ਗੈਰ-ਅਧਿਆਪਨ ਕਾਰਜਾਂ ਵਿੱਚ ਲਗਾ ਦਿੱਤਾ ਜਾਂਦਾ ਹੈ, ਜਿਨ੍ਹਾਂ ਤੋਂ ਇਨਕਾਰ ਕਰਨ ਦੀ ਉਨ੍ਹਾਂ ਕੋਲ ਕੋਈ ਗੁੰਜਾਇਸ਼ ਨਹੀਂ ਹੁੰਦੀ। ਸਰਕਾਰ ਇਹ ਭੁੱਲ ਜਾਂਦੀ ਹੈ ਕਿ ਜੇ ਅਧਿਆਪਕ ਲਗਾਤਾਰ ਅਜਿਹੇ ਕੰਮਾਂ ਵਿੱਚ ਹੀ ਰੁੱਝੇ ਰਹਿਣਗੇ ਤਾਂ ਉਹ ਭਵਿੱਖ ਦੇ ਵਿਗਿਆਨੀ, ਇੰਜੀਨੀਅਰ, ਡਾਕਟਰ, ਵਕੀਲ, ਲੇਖਕ, ਚਿੱਤਰਕਾਰ ਅਤੇ ਨੇਤਾ ਕਿਵੇਂ ਤਿਆਰ ਕਰਨਗੇ ? ਇਸ ਨਾਲ ਨਾ ਸਿਰਫ਼ ਵਿਦਿਆਰਥੀਆਂ ਦੀ ਪੜ੍ਹਾਈ ਦਾ ਨੁਕਸਾਨ ਹੁੰਦਾ ਹੈ, ਸਗੋਂ ਸਰਕਾਰੀ ਖ਼ਜ਼ਾਨੇ ਵਿਚੋਂ ਦਿੱਤੀ ਜਾ ਰਹੀ ਕਰੋੜਾਂ ਰੁਪਏ ਦੀ ਤਨਖ਼ਾਹ ਦਾ ਮਕਸਦ ਵੀ ਅਧੂਰਾ ਰਹਿ ਜਾਂਦਾ ਹੈ। ਮਾਨਯੋਗ ਮੁੱਖ ਮੰਤਰੀ ਜੀ ਨੂੰ ਮੇਰਾ ਸੁਝਾਅ ਹੈ ਕਿ ਸਾਡੇ ਰੋਜ਼ਗਾਰ ਦਫ਼ਤਰਾਂ ਵਿੱਚ ਹਜ਼ਾਰਾਂ ਨੌਜਵਾਨਾਂ ਦੇ ਬਾਇਓਡਾਟਾ ਪਏ ਰਹਿੰਦੇ ਹਨ ਅਤੇ ਹਰ ਰੋਜ਼ ਸੈਂਕੜੇ ਨੌਜਵਾਨ ਨੌਕਰੀ ਦੀ ਭਾਲ ਵਿੱਚ ਇਨ੍ਹਾਂ ਦਫ਼ਤਰਾਂ ਦੇ ਚੱਕਰ ਕੱਟਦੇ ਹਨ । ਜੇਕਰ ਇਨ੍ਹਾਂ ਰੋਜ਼ਗਾਰ ਦਫ਼ਤਰਾਂ ਰਾਹੀਂ ਹੀ ਬੇਰੁਜ਼ਗਾਰ ਨੌਜਵਾਨਾਂ ਨੂੰ ਅਗਨੀਵੀਰ ਯੋਜਨਾ ਦੀ ਤਰ੍ਹਾਂ ਇਲੈਕਸ਼ਨ ਵੀਰ/ਇਲੈਕਸ਼ਨ ਭੈਣ ਅਤੇ ਜਨਗਣਨਾ ਵੀਰ/ਜਨਗਣਨਾ ਭੈਣ ਵਜੋਂ ਭਰਤੀ ਕੀਤਾ ਜਾਵੇ ਤਾਂ ਪੰਜਾਬ ਹੀ ਨਹੀਂ, ਸਗੋਂ ਦੇਸ਼ ਦੇ ਹੋਰ ਸੂਬਿਆਂ ਦੀ ਤਸਵੀਰ ਵੀ ਬਦਲ ਸਕਦੀ ਹੈ । ਇਹ ਨੌਜਵਾਨ ਨਵੇਂ ਉਤਸ਼ਾਹ ਅਤੇ ਊਰਜਾ ਨਾਲ ਇਹ ਕੰਮ ਕਰਨਗੇ । ਕੰਮ ਮੁਕੰਮਲ ਹੋਣ 'ਤੇ ਉਨ੍ਹਾਂ ਨੂੰ ਪ੍ਰਮਾਣ-ਪੱਤਰ ਅਤੇ ਸਕਿਲ ਸਰਟੀਫਿਕੇਟ ਦਿੱਤੇ ਜਾਣ, ਜਿਨ੍ਹਾਂ ਵਿੱਚ ਦਰਜ ਹੋਵੇ ਕਿ ਉਨ੍ਹਾਂ ਨੇ ਸਫ਼ਲਤਾਪੂਰਵਕ ਚੋਣਾਂ ਜਾਂ ਜਨਗਣਨਾ ਦਾ ਕੰਮ ਕੀਤਾ ਹੈ। ਇਸ ਸਰਟੀਫਿਕੇਟ ਨੂੰ ਸਰਕਾਰੀ ਨੌਕਰੀਆਂ ਵਿੱਚ ਤਰਜੀਹ ਦਿੱਤੀ ਜਾਵੇ ਜਾਂ ਇਸ ਲਈ ਵੱਖਰਾ ਕੋਟਾ ਨਿਰਧਾਰਤ ਕੀਤਾ ਜਾਵੇ। ਮੇਰਾ ਮੰਨਣਾ ਹੈ ਕਿ ਇਹ ਫ਼ੈਸਲਾ ਪੰਜਾਬ ਹੀ ਨਹੀਂ, ਸਗੋਂ ਪੂਰੇ ਭਾਰਤ ਲਈ ਨਵੇਂ ਰਾਹ ਖੋਲ੍ਹ ਸਕਦਾ ਹੈ।ਅਧਿਆਪਕਾਂ ਨੂੰ ਗੈਰ-ਅਧਿਆਪਨ ਕਾਰਜਾਂ ਦੇ ਬੋਝ ਤੋਂ ਮੁਕਤੀ ਮਿਲ ਸਕਦੀ ਹੈ । ਸਕੂਲ ਦੁਬਾਰਾ ਅਧਿਆਪਕਾਂ ਨਾਲ ਭਰੇ-ਪੂਰੇ ਹੋਣਗੇ ਅਤੇ ਉਹ ਬਿਨਾਂ ਕਿਸੇ ਵਾਧੂ ਡਿਊਟੀ ਦੇ ਵਿਦਿਆਰਥੀਆਂ ਨੂੰ ਪੂਰੇ ਮਨ ਨਾਲ ਪੜ੍ਹਾ ਸਕਣਗੇ। ਸੱਚਮੁੱਚ, ਇਸ ਨਾਲ ਸਿੱਖਿਆ ਖੇਤਰ ਵਿੱਚ ਇੱਕ ਨਵੀਂ ਕ੍ਰਾਂਤੀ ਆ ਸਕਦੀ ਹੈ । ਮੁੱਖ ਮੰਤਰੀ ਸਾਹਿਬ, ਜਦ ਤੱਕ ਅਧਿਆਪਕਾਂ ਦੇ ਸਿਰਾਂ ਤੋਂ ਗੈਰ-ਅਧਿਆਪਨ ਕਾਰਜਾਂ ਦਾ ਬੋਝ ਨਹੀਂ ਹਟਾਇਆ ਜਾਂਦਾ, ਉਦੋਂ ਤੱਕ ਪੰਜਾਬ ਨੂੰ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਸੂਬਾ ਬਣਾਉਣਾ ਮੁਸ਼ਕਲ ਰਹੇਗਾ । ਇਸ ਪ੍ਰਣਾਲੀ ਨਾਲ ਦੋਹਰਾ ਲਾਭ ਹੋਵੇਗਾ। ਇੱਕ ਪਾਸੇ ਅਧਿਆਪਕ ਪੂਰੇ ਮਨ ਨਾਲ ਬੱਚਿਆਂ ਦੇ ਭਵਿੱਖ ਨੂੰ ਸੰਵਾਰਨ ਲਈ ਜੁਟ ਜਾਣਗੇ ਅਤੇ ਦੂਜੇ ਪਾਸੇ ਬੇਰੁਜ਼ਗਾਰ ਨੌਜਵਾਨ ਇਲੈਕਸ਼ਨ ਵੀਰ/ਭੈਣ ਜਾਂ ਜਨਗਣਨਾ ਵੀਰ/ਭੈਣ ਬਣ ਕੇ ਬਹੁਤ ਹੀ ਘੱਟ ਮਾਨਭੇਟਾ ਨਾਲ ਆਪਣੇ ਸੁਨਹਿਰੇ ਭਵਿੱਖ ਦੇ ਸੁਪਨੇ ਸਾਕਾਰ ਕਰ ਸਕਣਗੇ।

**ਡਾ. ਜਗਰੂਪ ਸਿੰਘ**
ਪ੍ਰਿੰਸੀਪਲ
ਮੇਹਰਚੰਦ ਪੋਲੀਟੈਕਨਿਕ ਕਾਲਜ, ਜਲੰਧਰ।

# ਸਬ ਕਮੇਟੀ ਦੀ ਅੰਤ੍ਰਿਮ ਰਿਪੋਰਟ-ਇੱਕ ਵਿਸ਼ਲੇਸ਼ਣ


ਸੁੱਚਾ ਸਿੰਘ ਖੱਟੜਾ

ਪੰਜਾਬ ਦੇ ਮੁਲਾਜ਼ਮਾਂ ਦੇ ਕੇਂਦਰੀ ਸਰਕਾਰ ਮੁਲਾਜ਼ਮਾਂ ਬਰਾਬਰ ਮਹਿੰਗਾਈ ਭੱਤੇ ਦੇ ਮੁੱਦੇ ਉੱਤੇ ਫੈਸਲਾ ਲੈਣ ਲਈ ਪੰਜਾਬ ਸਰਕਾਰ ਨੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ (ਚੇਅਰਮੈਨ) ਕੈਬਨਿਟ ਮਨਿਸਟਰ ਅਮਨ ਅਰੋੜਾ (ਮੈਂਬਰ) ਅਤੇ ਕੈਬਨਿਟ ਮਨਿਸਟਰ ਡਾ. ਬਲਜੀਤ ਕੌਰ ਮੈਂਬਰ 'ਤੇ ਅਧਾਰਤ ਸਬ ਕਮੇਟੀ ਨੇ ਆਪਣੀ ਅੰਤ੍ਰਿਮ ਰਿਪੋਰਟ ਤਿਆਰ ਕੀਤੀ ਅਤੇ 29-05-2026 ਨੂੰ ਮਾਨਯੋਗ ਪੰਜਾਬ ਹਰਿਆਣਾ ਹਾਈਕੋਰਟ ਨੂੰ ਸੌਂਪ ਦਿੱਤੀ। ਹਾਈਕੋਰਟ ਨੇ ਇਸ ਵੱਲ ਦੇਖਿਆ ਤੱਕ ਨਹੀਂ। ਇਹ ਅੰਤ੍ਰਿਮ ਰਿਪੋਰਟ ਪੰਜਾਬ ਦੇ ਮੁਲਾਜ਼ਮਾਂ, ਵੋਟਰਾਂ, ਬੇਰੁਜ਼ਗਾਰਾਂ, ਪੈਨਸ਼ਨਰਾਂ, ਵਿਰੋਧੀ ਪਾਰਟੀਆਂ ਸਭ ਲਈ ਜਿਥੇ ਸੁਨੇਹਿਆਂ ਦੀ ਪਟਾਰੀ ਹੈ, ਉਥੇ ਹੀ ਆਪਣੀ ਹੀ ਸਰਕਾਰ ਦੀ ਆਰਥਿਕ ਅਸਫ਼ਲਤਾ ਦਾ ਇਕਬਾਲ ਹੈ। ਤੀਜੇ ਪੰਨੇ ਉੱਤੇ ਸਾਰਨੀ ਹੈ, ਜਿਸ ਵਿੱਚ ਸਮੁੱਚੀ ਅੰਤ੍ਰਿਮ ਰਿਪੋਰਟ ਦਾ ਸਾਰਅੰਸ਼ ਹੈ ਕਿ ਸਰਕਾਰੀ ਮੁਲਾਜ਼ਮਾਂ ਦੀਆਂ ਤਨਖਾਹਾਂ ਅਤੇ ਪੈਨਸ਼ਨਾਂ ਉੱਤੇ ਸਰਕਾਰ ਦੀ ਕੁੱਲ ਆਮਦਨ ਦਾ 75% ਹਿੱਸਾ ਖਰਚ ਹੋ ਜਾਂਦਾ ਹੈ। ਭਾਵ ਸਰਕਾਰ ਦੀ 100 ਰੁਪਏ ਦੀ ਆਮਦਨ ਉੱਤੇ 75 ਰੁਪਏ ਖਰਚ ਹੁੰਦੇ ਹਨ। ਗੱਲ ਬੜੀ ਅਸਾਨ ਹੈ ਕਿ ਜੇ ਪੰਜਾਬ ਸਰਕਾਰ ਦੀ ਆਮਦਨ 300 ਰੁਪਏ ਹੋ ਜਾਵੇ ਤਾਂ ਤਨਖਾਹ ਅਤੇ ਪੈਨਸ਼ਨਾਂ ਉੱਤੇ ਪੰਜਾਬ ਸਰਕਾਰ ਦਾ ਬਜਟ ਵਿੱਚੋਂ 25% ਖਰਚਾ ਰਹਿ ਜਾਏਗਾ। ਇਸ ਲਈ ਸਮੱਸਿਆ ਤਨਖਾਹਾਂ ਅਤੇ ਪੈਨਸ਼ਨਾਂ ਉੱਤੇ ਸਰਕਾਰ ਦੇ 75% ਖਰਚ ਉੱਤੇ ਨਹੀਂ, ਸਮੱਸਿਆ ਸਰਕਾਰ ਦੀ 100 ਰੁਪਏ ਆਮਦਨ ਉੱਤੇ ਹੈ। ਜਿਸ ਨੂੰ ਵਧਾਉਣ ਵਿੱਚ ਇਹ ਅਸਫਲ ਰਹੀ ਹੈ।

ਸਰਕਾਰ ਦੇ ਮੁਲਾਜ਼ਮ ਅਬਾਦੀ ਦਾ ਮਹਿਜ਼ ਇੱਕ ਵਰਗ ਨਹੀਂ, ਦਰਜਾ ਚਾਰ ਤੋਂ ਵਿਭਾਗੀ ਸਕੱਤਰਾਂ ਤੱਕ ਇਹ ਮੁਲਾਜ਼ਮ ਸੂਬੇ ਦੀ ਕਾਰਜਕਾਰਨੀ ਦਾ ਹਿੱਸਾ ਹੁੰਦੇ ਹਨ। ਪੰਜਾਬ ਦੀ ਇਹ ਸਬ ਕਮੇਟੀ ਮੁਲਾਜ਼ਮਾਂ ਨੂੰ ਅਬਾਦੀ ਦੇ ਦੂਜੇ ਵਰਗਾਂ ਵਰਗਾ ਵਰਗ ਮੰਨ ਕੇ ਪ੍ਰਸ਼ਾਸਕੀ ਅਨਪੜ੍ਹਤਾ ਦਾ ਮੁਜ਼ਾਹਰਾ ਕਰ ਰਹੀ ਹੈ। ਸਰਕਾਰ ਦੀ ਕਾਲੀ ਜਾਂ ਸੁਨਹਿਰੀ ਕਾਰਗੁਜ਼ਾਰੀ ਦੇ ਇਹ ਮੁਲਾਜ਼ਮ ਵਾਹ ਕਹੀ ਹੁੰਦੇ ਹਨ।

ਹੁਣ ਤੱਕ ਦੀਆਂ ਪਹਿਲੀਆਂ ਪੰਜਾਬ ਸਰਕਾਰਾਂ ਅਤੇ ਮੌਜੂਦਾ ਪੰਜਾਬ ਦੀ ਸਰਕਾਰ ਦਾ ਅੰਤਰ ਸਮਝਣ ਲਈ ਇੱਕ ਘਟਨਾ ਦਾ ਜ਼ਿਕਰ ਕਰਦੇ ਹਾਂ। ਪੰਜਾਬ ਦੇ ਚੌਥੇ ਤਨਖਾਹ ਕਮਿਸ਼ਨ (1996) ਦੀਆਂ ਹਵਾਲਾ ਸ਼ਰਤਾਂ ਵਿੱਚ ਹਵਾਲਾ ਸ਼ਰਤ (1) ਵਿੱਚ ਤਨਖਾਹ ਸਕੇਲਾਂ ਦੀਆਂ ਸੋਧਾਂ ਨੂੰ ਕੇਂਦਰੀ ਤਨਖਾਹ ਕਮਿਸ਼ਨ ਦੀਆਂ ਸੋਧਾਂ ਦੀ ਸੇਧ ਵਿੱਚ ਰੱਖ ਕੇ ਕਰਨ ਦਾ ਆਦੇਸ਼ ਸੀ। ਮੁਲਾਜ਼ਮ ਇਸ ਹਵਾਲਾ ਸ਼ਰਤ ਵਿਰੁੱਧ ਸੜਕਾਂ ਉੱਤੇ ਸਨ। ਸੱਜਨ ਸਿੰਘ ਜੀ ਮਰਨ ਵਰਤ ਉੱਤੇ ਬੈਠ ਗਏ। ਮੁੱਖ ਮੰਤਰੀ ਹਰਚਰਨ ਸਿੰਘ ਬਰਾੜ ਨੇ ਤਨਖਾਹ ਕਮਿਸ਼ਨ ਦੇ ਚੇਅਰਮੈਨ ਐਸ ਐਸ ਸੰਧਾਵਾਲੀਆ ਨੂੰ ਮਿਤੀ 1-4-1996 ਨੂੰ ਪੱਤਰ ਲਿਖ ਕੇ ਆਦੇਸ਼ ਦਿੱਤਾ ਕਿ ਪੰਜਾਬ ਦੇ ਮੁਲਾਜ਼ਮਾਂ ਨੂੰ ਕੇਂਦਰ ਦੇ ਪੇ ਕਮਿਸ਼ਨ ਤੋਂ ਅਲੱਗ (Delink) ਕਰਕੇ ਸਕੇਲ ਸੋਧੇ ਜਾਣ। ਇਹ ਇਤਿਹਾਸਕ ਪੱਤਰ ਚੌਥੇ ਪੇ-ਕਮਿਸ਼ਨ ਦੀ ਰਿਪੋਰਟ ਦੇ ਪਹਿਲੇ ਭਾਗ ਦੇ ਪੰਨਾ 15 ਉੱਤੇ ਅਨੁਲਗ 1 ਅਧੀਨ ਉਪਲਬਧ ਹੈ। ਇਸ ਸਬ ਕਮੇਟੀ ਨੂੰ ਦਿੱਤੇ ਮੁੱਦਿਆਂ ਵਿੱਚ, ਮੁੱਦਾ (iii) ਤਨਖਾਹ ਸਕੇਲਾਂ ਦੀਆਂ ਸੋਧਾਂ ਨੂੰ ਇਤਿਹਾਸ ਵਿੱਚ ਰੱਖ ਕੇ ਵਾਚਣਾ ਸੀ। ਕੀ ਪੰਜਾਬ ਦਾ ਮੁੱਖ ਮੰਤਰੀ ਮਰਹੂਮ ਮੁੱਖ ਮੰਤਰੀ ਹਰਚਰਨ ਸਿੰਘ ਬਰਾੜ ਬਣ ਕੇ ਇਸ ਸਬ ਕਮੇਟੀ ਨੂੰ ਦਿੱਤੇ ਮੁੱਦਿਆ ਵਿੱਚ ਮੁੱਦਾ (iii) ਰੱਦ ਕਰ ਸਕਦਾ ਹੈ।

ਪੰਜਾਬ ਦੇ ਮੁਲਾਜ਼ਮਾਂ ਦਾ ਮੁੱਦਾ 18% ਡੀ ਏ ਦੇ ਵਾਧੇ ਦੀ ਮੰਗ ਸੀ ਤਾਂ ਕਿ ਵਰਤਮਾਨ ਵਿੱਚ ਮਿਲਦੇ 42% ਨੂੰ ਕੇਂਦਰ ਸਰਕਾਰ ਵੱਲੋਂ ਮਿਲਦੇ 60% ਬਰਾਬਰ ਕੀਤਾ ਜਾ ਸਕੇ। ਪੰਜਾਬ ਵਿੱਚ ਕੁੱਲ ਮਿਲਦੇ ਵੇਤਨ ਦੀ ਕੇਂਦਰੀ ਮੁਲਾਜ਼ਮਾਂ ਨੂੰ ਜਾਂ ਦੂਜੇ ਸੂਬਿਆਂ ਦੇ ਮੁਲਾਜ਼ਮਾਂ ਨੂੰ ਮਿਲਣ ਵਾਲੇ ਕੁੱਲ ਵੇਤਨ ਨਾਲ ਸਮਾਨਤਾ ਦਾ ਤਾਂ ਮੁੱਦਾ ਹੀ ਨਹੀਂ ਸੀ। ਕਮੇਟੀ ਦਾ ਸਾਰਾ ਜ਼ੋਰ ਇਹ ਸਾਬਤ ਕਰਨ ਉੱਤੇ ਲੱਗ ਗਿਆ ਕਿ ਪੰਜਾਬ ਦੇ ਮੁਲਾਜ਼ਮ ਕੇਂਦਰ ਦੇ 60% ਡੀ ਏ ਦੀ ਥਾਂ 42% ਡੀ ਏ ਲੈ ਕੇ ਕੁੱਲ ਵੇਤਨ ਵਿੱਚ ਕੇਂਦਰ ਤੋਂ ਵੱਧ ਵੇਤਨ ਲੈ ਰਹੇ ਹਨ। ਪੰਜਾਬ ਦੇ ਮੁਲਾਜ਼ਮਾਂ ਦੇ ਇਸ ਵੱਧ ਵੇਤਨ ਦਾ ਜ਼ਿਕਰ ਕਮੇਟੀ ਨੇ ਅੰਤ੍ਰਿਮ ਰਿਪੋਰਟ ਵਿੱਚ ਸਤਾਰਾਂ ਵਾਰ ਕੀਤਾ। ਇਹੀ ਨਹੀਂ ਮੁਢਲੇ ਢਾਂਚੇ ਦੀ ਉਸਾਰੀ, ਪੂੰਜੀਗਤ ਖਰਚਾ, ਪੇਂਡੂ ਵਿਕਾਸ, ਸ਼ਹਿਰੀ ਵਿਕਾਸ, ਸਿਹਤ ਵਿਭਾਗ ਵਿੱਚ ਪਹਿਲ ਕਦਮੀ, ਸਿੱਖਿਆ ਸੁਧਾਰ, ਖੇਤੀ ਸੁਧਾਰ, ਪੁਲਸ ਅਧੁਨਿਕੀਕਰਨ, ਆਰਥਕ ਪੱਖੋਂ ਕਮਜ਼ੋਰ ਵਰਗਾਂ ਲਈ ਭਲਾਈ ਸਕੀਮਾਂ ਸਭ ਵਿੱਚ ਮਾੜੀ ਕਾਰਗੁਜ਼ਾਰੀ ਲਈ ਤਨਖਾਹਾਂ ਅਤੇ ਪੈਨਸ਼ਨਾਂ ਨੂੰ ਨਾਮਜ਼ਦ ਕੀਤਾ ਹੈ, ਜ਼ੁੰਮੇਵਾਰ ਠਹਿਰਾਇਆ ਹੈ।

ਹੁਣ ਤੱਕ ਸਰਕਾਰ ਨੂੰ ਆਦਰਸ਼ ਨਿਯੁਕਤੀਕਾਰ (Employeer) ਇਸ ਆਸੇ ਨਾਲ ਮੰਨਿਆ ਜਾਂਦਾ ਸੀ ਕਿ ਕਾਰਪੋਰੇਸ਼ਨਾਂ, ਲਿਮਟਿਡ ਕੰਪਨੀਆਂ, ਟਰੱਸਟ, ਨਿੱਜੀ ਅਦਾਰੇ ਇਸ ਨਿਯੁਕਤੀਕਾਰ ਵਾਂਗ ਆਪਣੀ ਕਿਰਤ ਸ਼ਕਤੀ ਦੇ ਵੇਤਨਾਂ ਅਤੇ ਹੋਰ ਸਹੂਲਤਾਂ ਵਿੱਚ ਵਾਧਾ ਕਰਨਗੇ। ਪੰਜਾਬ ਦੀਆਂ ਹੁਣ ਤੱਕ ਦੀਆਂ ਸਰਕਾਰਾਂ ਇਸ ਆਦਰਸ਼ਕ ਨਿਯੁਕਤੀਕਾਰ ਦੀ ਭੂਮਿਕਾ ਵਿੱਚ ਰਹੀਆਂ ਹਨ। ਆਮ ਆਦਮੀ ਪਾਰਟੀ ਦੀ ਇਹ ਪਹਿਲੀ ਸਰਕਾਰ ਹੈ ਜਿਹੜੀ ਇਸ ਪਾਏਦਾਨ ਤੋਂ ਧੜੱਮ ਥੱਲੇ ਡਿੱਗੀ ਹੈ। ਇਸ ਸਰਕਾਰ ਨੇ ਆਪਣੀ ਇਸ ਰਿਪੋਰਟ ਨਾਲ ਆਪਣੇ ਪੰਜਵੇਂ ਸਾਲ ਵਿੱਚ ਪੰਜਾਬ ਦੇ ਵੋਟਰਾਂ ਨੂੰ ਸਪੱਸ਼ਟ ਸੁਨੇਹੇ ਦਿੱਤੇ ਹਨ। ਇਨ੍ਹਾਂ ਸੁਨੇਹਿਆਂ ਵਿੱਚ ਪੁਰਾਣੀ ਪੈਨਸ਼ਨ ਦੀ ਉਡੀਕ ਫਜ਼ੂਲ ਹੈ। ਤਨਖਾਹ ਕਮਿਸ਼ਨ ਹੁਣ ਕੇਂਦਰ ਦਾ ਹੀ ਚੱਲੇਗਾ। ਤੁਹਾਡੇ ਵੱਧ ਵੇਤਨ ਨੂੰ ਪੜਾਅ ਵਾਰ ਕੇਂਦਰ ਬਰਾਬਰ ਕੀਤਾ ਜਾਵੇਗਾ। ਡੀ ਏ ਜੇਕਰ ਮਾਣਯੋਗ ਅਦਾਲਤ ਨੇ ਦੇ ਦਿੱਤਾ ਤਾਂ ਕਿਸੇ ਵਿਧਾਨਕ ਸ਼ਕਤੀਆਂ ਨਾਲ ਪੜਾਅ ਵਾਰ ਕੇਂਦਰ ਨਾਲ ਸਮਾਨਤਾ ਵੱਲ ਵਧਿਆ ਜਾਵੇਗਾ। ਮੌਜੂਦਾ ਡੀ ਏ ਦੇ ਕੇਸ ਵਿੱਚ ਵਲੋਂ ਕੁਝ ਸਰੇਸ਼ਟ ਸੇਵਾਵਾਂ ਨੂੰ ਦਿੱਤਾ ਡੀ ਏ ਅਦਾਲਤ ਵਿੱਚ ਸਰਕਾਰ ਦੇ ਪੱਖ ਨੂੰ ਕਮਜ਼ੋਰ ਕਰ ਗਿਆ। ਇਹ ਕੈਟੇਗਰੀ ਨੂੰ ਸੁਨੇਹਾ ਹੈ ਕਿ ਜੇਕਰ ਇਹੀ ਸਰਕਾਰ ਆਉਂਦੀ ਹੈ ਤਾਂ ਉਹ ਹੁਣ ਵਾਲੀ ਗਲਤੀ ਦੁਹਰਾਏਗੀ ਨਹੀਂ।

ਬਿਨਾਂ ਸ਼ੱਕ ਪੰਜਾਬ ਵਿੱਚ ਸਾਵਾਂ ਵਿਕਾਸ ਹੋਣਾ ਚਾਹੀਦਾ ਹੈ। ਪਰ ਇਸ ਕਾਰਜ ਲਈ ਰੈਵੇਨਿਊ ਵਧਾਉਣ ਲਈ ਨਵੇਂ ਅਦਾਰਿਆਂ/ ਨਵੇਂ ਖੇਤਰਾਂ ਵਿੱਚ ਦਖਲ ਦੇਣ ਦੀ ਲੋੜ ਸੀ। ਪੁਰਾਣੇ ਸ੍ਰੋਤਾਂ ਵਿੱਚ ਸਮਰੱਥਾ ਵਧਾਉਣੀ ਅਤੇ ਫਜ਼ੂਲ ਖਰਚੇ ਘਟਾਉਣੇ ਪੈਣੇ ਸਨ। ਕਿੰਨਾ ਚੰਗਾ ਹੁੰਦਾ ਜੇਕਰ ਇਨ੍ਹਾਂ ਮੁੱਦਿਆਂ ਉੱਤੇ ਅਧਿਐਨ ਕਰਨ ਲਈ ਕੋਈ ਸਬ ਕਮੇਟੀ 2022 ਵਿਚ ਬਣਦੀ ਅਤੇ ਉਸ ਦੀਆਂ ਸਿਫ਼ਾਰਸ਼ਾਂ ਉੱਤੇ ਹੁਣ ਤੱਕ ਦਾ ਸਫ਼ਰ ਆਮ ਆਦਮੀ ਪਾਰਟੀ, ਸਰਕਾਰ ਅਤੇ ਪੰਜਾਬ ਦਾ ਭਲਾ ਹੁੰਦਾ। ਮੌਜੂਦਾ ਸਬ ਕਮੇਟੀ ਦੀ ਅੰਤ੍ਰਿਮ ਰਿਪੋਰਟ ਨੇ ਆਪਣੀ ਹੀ ਸਰਕਾਰ ਸਿਵਿਆਂ ਦੇ ਰਾਹ ਪਾ ਦਿੱਤੀ।

ਹੁਣ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲ ਪਰਤਦੇ ਹਾਂ। ਇਸ ਵਰਗ ਨੇ ਸ਼ਹਿਰੀ ਨਿਕਾਇਆ ਦੀਆਂ ਵੋਟਾਂ ਵਿੱਚ ਸਰਕਾਰ ਨੂੰ ਸਬਕ ਸਿਖਾਉਣ ਦੇ ਐਲਾਨ ਕੀਤੇ ਸਨ। ਆਮ ਆਦਮੀ ਪਾਰਟੀ ਨੇ ਸ਼ਹਿਰੀ ਕਾਰਪੋਰੇਸ਼ਨਾਂ, ਕੌਂਸਲਾਂ, ਕਮੇਟੀਆਂ, ਨਗਰ ਪੰਚਾਇਤਾਂ ਵਿੱਚ ਸਨਮਾਨਜਨਕ ਜਿੱਤਾਂ ਪ੍ਰਾਪਤ ਕਰਕੇ ਉਲਟਾ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਸਬਕ ਸਿਖਾ ਦਿੱਤਾ ਕਿ ਉਹਨਾਂ ਦੇ ਐਲਾਨਾਂ ਪਿੱਛੇ ਜਥੇਬੰਦਕ ਤਾਣਾ-ਬਾਣਾ ਨਹੀਂ ਹੈ, ਤਾਰਕਿਕ ਬਿਰਤਾਂਤ ਨਹੀਂ ਹੈ, ਕਾਰਜ ਬਾਅਦ ਦਾ ਮੁਲੰਕਣ ਨਹੀਂ ਹੈ। ਇਹ ਸਾਰੀਆਂ ਘਾਟਾਂ ਅਸਾਨੀ ਨਾਲ ਦੂਰ ਕੀਤੀਆਂ ਜਾ ਸਕਦੀਆਂ ਹਨ। ਇਸ ਵਰਗ ਨੇ ਇਸ ਸਰਕਾਰ ਸਮੇਤ ਨਵੀਂ ਸਰਕਾਰ ਬਣਾਉਣ ਵਾਲੇ ਦੂਜੀਆਂ ਪਾਰਟੀਆਂ ਦੇ ਦਾਅਵੇਦਾਰਾਂ ਨੂੰ ਵੀ ਸੁਨੇਹਾ ਦੇਣਾ ਹੈ। ਇਹ ਸਥਿਤੀ ਇਤਿਹਾਸਕ ਚੁਰਾਹਾ ਹੈ। ਨਵੀਂ ਪੈਨਸ਼ਨ ਬੁਢਾਪੇ ਨੂੰ ਸਰਾਪ ਬਣਾਏਗੀ। ਬੇਰੁਜ਼ਗਾਰਾਂ ਲਈ ਰੁਜ਼ਗਾਰ ਦੀਆਂ ਸੰਭਾਵਨਾਵਾਂ ਦੂਰ ਜਾ ਚੁੱਕੀਆਂ ਹਨ। ਮੁਲਾਜ਼ਮਾਂ ਨੂੰ ਚਾਹੀਦਾ ਹੈ ਕਿ ਉਹ ਆਪਣੀ ਡਿਊਟੀ ਜਨਸੇਵਾ ਸਮਝ ਕੇ ਨਿਭਾਉਣ। ਇਸ ਜਨਸੇਵਾ ਵਿੱਚ ਕਮੀਆਂ ਲਈ ਸਰਕਾਰ ਦੀਆਂ ਨੀਤੀਆਂ ਸੰਬੰਧਤ ਲੋਕਾਂ ਨਾਲ ਸਾਂਝੀਆਂ ਕਰਨ। ਮੁਲਾਜ਼ਮ ਵਰਗ ਜਨਤਾ ਵਿੱਚ ਸਤਿਕਾਰਤ ਵਰਗ ਵਜੋਂ ਉੱਭਰਨਾ ਚਾਹੀਦਾ ਹੈ। ਮੁਲਾਜ਼ਮਾਂ ਅਤੇ ਵਿਸੇਸ਼ ਤੌਰ 'ਤੇ ਆਗੂਆਂ ਨੂੰ ਅਗਵਾਈ ਸ਼ੌਕੀਆ ਧੰਦਾ ਨਹੀਂ। ਗੰਭੀਰਤਾ, ਬੌਧਿਕਤਾ ਨਾਲ ਸਿਆਣੇ ਸਿਆਸੀ ਹੋ ਕੇ ਕਰਨੀ ਹੋਵੇਗੀ। ਮੁਲਾਜ਼ਮਾਂ ਦੀਆਂ ਮੰਗਾਂ ਜਨਤਾ ਨਾਲ ਟਕਰਾ ਵਜੋਂ ਪੇਸ਼ ਹੋ ਰਹੀਆਂ ਹਨ। ਇਸ ਅਵਸਥਾ ਤੋਂ ਬਚੋ। ਫਾਸ਼ੀਵਾਦ, ਧਾਰਮਿਕ ਟਕਰਾਓ ਪੂੰਜੀਵਾਦ ਨੇ ਆਪਣੀ ਉਮਰ ਲੰਮੀ ਕਰਨ ਲਈ ਹਥਿਆਰ ਬਣਾ ਲਏ ਹਨ। ਸਮਾਜ ਦਾ ਚੇਤਨ ਤਬਕਾ ਮੁਲਾਜ਼ਮ ਹੁੰਦੇ ਹਨ। ਆਪਣੇ ਅਤੇ ਸਮਾਜ ਵਿਚਕਾਰ ਦੂਰੀ ਨਹੀਂ, ਸਾਂਝ ਵਿਕਸਤ ਕਰਨ ਦੀ ਲੋੜ ਹੈ।

**# ਸੰਪਰਕ : 94176-52947**

# ਭਾਜਪਾ ਵੱਲੋਂ ਧਾਰਮਿਕ ਸੰਸਥਾਵਾਂ ਦੇ ਆਗੂਆਂ ਨਾਲ ਨੇੜਤਾ ਵਧਾਉਣ ਦੇ ਯਤਨ ਜਾਰੀ


ਜਗਤਾਰ ਸਮਾਲਸਰ

ਭਾਰਤੀ ਜਨਤਾ ਪਾਰਟੀ ਵੱਲੋਂ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਪੰਜਾਬ ਵਿੱਚ ਆਪਣੀਆਂ ਚੋਣ ਸਰਗਰਮੀਆਂ ਲਗਾਤਾਰ ਵਧਾਈਆ ਜਾ ਰਹੀਆਂ ਹਨ। ਇਨ੍ਹਾਂ ਚੋਣਾਂ ਦੀ ਕਮਾਨ ਭਾਜਪਾ ਹਾਈਕਮਾਨ ਵੱਲੋਂ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ ਸੌਂਪੀ ਜਾ ਚੁੱਕੀ ਹੈ। ਉਹ ਲਗਾਤਾਰ ਲੋਕਾਂ ਨਾਲ ਮੁਲਾਕਾਤਾਂ ਕਰਕੇ ਅਤੇ ਸੂਬੇ ਦੀਆਂ ਹੋਰ ਸਿਆਸੀ ਪਾਰਟੀਆਂ ਦੇ ਆਗੂਆਂ ਨੂੰ ਆਪਣੇ ਵੱਲ ਖਿੱਚਣ ਲਈ ਜ਼ੋਰਦਾਰ ਨਿਰੰਤਰ ਯਤਨ ਕਰ ਰਹੇ ਹਨ।

ਪੰਜਾਬ ਵਿੱਚ ਸਥਿਤ ਅਹਿਮ ਧਾਰਮਿਕ ਡੇਰੇ ਭਾਵੇ ਸਿੱਧੇ ਰੂਪ ਵਿੱਚ ਰਾਜਨੀਤੀ ਤੋਂ ਦੂਰ ਰਹਿਣ ਦਾ ਦਾਅਵਾ ਕਰਦੇ ਹਨ ਪਰ ਪੰਜਾਬ ਦੀ ਸਿਆਸੀ ਫਿਜ਼ਾ ਵਿੱਚ ਡੇਰਿਆਂ ਦੀ ਭੂਮਿਕਾ ਵੀ ਅਹਿਮ ਰਹਿੰਦੀ ਹੈ। ਪਿਛਲੀਆਂ ਚੋਣਾਂ ਦੌਰਾਨ ਰਾਜਨੀਤੀ ਵਿੱਚ ਡੇਰਿਆਂ ਦੀ ਭੂਮਿਕਾ ਸਿਰਫ਼ ਪੰਜਾਬ ਵਿੱਚ ਹੀ ਨਹੀਂ, ਸਗੋਂ ਹਰਿਆਣਾ, ਹਿਮਾਚਲ, ਰਾਜਸਥਾਨ ਅਤੇ ਉੱਤਰ ਪ੍ਰਦੇਸ਼ ਵਰਗੇ ਗੁਆਂਢੀ ਸੂਬਿਆਂ ਵਿੱਚ ਵੀ ਸਪੱਸ਼ਟ ਤੌਰ 'ਤੇ ਦੇਖੀ ਗਈ। ਇਸੇ ਕਰਕੇ ਜਿਵੇਂ-ਜਿਵੇਂ ਚੋਣਾਂ ਨੇੜੇ ਆਉਂਦੀਆਂ ਹਨ, ਸਾਰੇ ਸਿਆਸਤਦਾਨ ਡੇਰਿਆਂ ਵਿੱਚ ਸ਼ਰਧਾ ਭੇਟ ਕਰਨ ਲਈ ਆਉਂਦੇ ਹਨ। ਧਾਰਮਿਕ ਡੇਰਿਆਂ ਦਾ ਹਮੇਸ਼ਾ ਪੰਜਾਬ ਦੀ ਰਾਜਨੀਤੀ ਵਿੱਚ ਵੀ ਮਜ਼ਬੂਤ ਪ੍ਰਭਾਵ ਰਿਹਾ ਹੈ। ਉਹ ਸਿੱਧੇ ਅਤੇ ਅਸਿੱਧੇ ਤੌਰ 'ਤੇ ਹਰ ਚੋਣ ਨੂੰ ਪ੍ਰਭਾਵਿਤ ਕਰਦੇ ਹਨ। ਸਾਰੀਆਂ ਰਾਜਨੀਤਕ ਪਾਰਟੀਆਂ ਕਿਸੇ ਨਾ ਕਿਸੇ ਤਰੀਕੇ ਨਾਲ ਇਨ੍ਹਾਂ ਡੇਰਿਆਂ ਨਾਲ ਸੰਪਰਕ ਕਰਦੀਆਂ ਹਨ। ਜੋ ਉਨ੍ਹਾਂ ਦਾ ਇੱਕ ਮਹੱਤਵਪੂਰਨ ਵੋਟ ਬੈਂਕ ਹੈ। ਡੇਰਿਆਂ ਦੇ ਪ੍ਰਭਾਵ ਵਿੱਚ ਰਾਜਨੀਤਕ ਪਾਰਟੀਆਂ ਦੇ ਰਾਹ ਨੂੰ ਬਦਲਣ ਦੀ ਸਮਰੱਥਾ ਹੈ। ਇਸ ਦੀ ਪੁਸ਼ਟੀ ਪਿਛਲੀਆਂ ਕਈ ਚੋਣਾਂ ਵਿੱਚ ਵੇਖਣ ਨੂੰ ਮਿਲੀ ਹੈ। ਇਹ ਰੁਝਾਨ ਇਸ ਵਾਰ ਬਹੁਤ ਪਹਿਲਾਂ ਸ਼ੁਰੂ ਹੋ ਗਿਆ ਹੈ।

ਇਸ ਲਈ ਹੁਣ ਪੰਜਾਬ ਦੀਆਂ ਧਾਰਮਿਕ ਸੰਸਥਾਵਾਂ ਦੇ ਆਗੂਆਂ ਨਾਲ ਮੁਲਾਕਾਤਾਂ ਕਰਕੇ ਪੰਜਾਬ ਵਿੱਚ ਭਾਜਪਾ ਦੇ ਗਰਾਫ ਨੂੰ ਉੱਚਾ ਚੁੱਕਣ ਦੇ ਪਾਰਟੀ ਵੱਲੋਂ ਯਤਨ ਤੇਜ਼ ਕਰ ਦਿੱਤੇ ਗਏ ਹਨ । ਇਸ ਦਾ ਨਤੀਜਾ ਭਾਵੇਂ ਕੁਝ ਵੀ ਨਿਕਲੇ ਪਰ ਭਾਜਪਾ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਕੁਝ ਵੱਖਰਾ ਕਰਨ ਦੇ ਮੂਡ ਵਿੱਚ ਨਜ਼ਰ ਆ ਰਹੀ ਹੈ। ਲੰਘੀ 6 ਜੂਨ ਨੂੰ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅਤੇ ਨਾਮਧਾਰੀ ਪੰਥ ਦੇ ਸਤਿਗੁਰੂ ਉਦੈ ਸਿੰਘ ਦਰਮਿਆਨ ਵੀ ਚੰਡੀਗੜ੍ਹ ਵਿਖੇ ਮੁਲਾਕਾਤ ਹੋ ਚੁੱਕੀ ਹੈ। ਇਸ ਮੁਲਾਕਾਤ ਨੂੰ ਲੈ ਕੇ ਸਮਾਜਿਕ, ਧਾਰਮਿਕ ਅਤੇ ਸਿਆਸੀ ਹਲਕਿਆਂ ਵਿੱਚ ਚਰਚਾਵਾਂ ਤੇਜ਼ ਹੋ ਗਈਆਂ ਹਨ। ਸਿਰਸਾ ਜ਼ਿਲ੍ਹਾ ਤੋਂ ਲੈ ਕੇ ਪੰਜਾਬ ਤੱਕ ਇਸ ਮੀਟਿੰਗ ਨੂੰ ਵਿਸ਼ੇਸ਼ ਮੁਲਾਕਾਤ ਵਜੋਂ ਦੇਖਿਆ ਜਾ ਰਿਹਾ ਹੈ। ਚੰਡੀਗੜ੍ਹ ਸਥਿਤ ਮੁੱਖ ਮੰਤਰੀ ਨਿਵਾਸ ਸੰਤ ਕਬੀਰ ਕੁਟੀਆ ਵਿੱਚ ਕਰੀਬ 45 ਮਿੰਟ ਤੱਕ ਚੱਲੀ ਇਸ ਮੀਟਿੰਗ ਨੂੰ ਭਾਵੇਂ ਸ਼ਿਸ਼ਟਾਚਾਰ ਮੁਲਾਕਾਤ ਕਰਾਰ ਦਿੱਤਾ ਗਿਆ ਹੈ ਪਰ ਸਮੇਂ, ਸਥਾਨ ਅਤੇ ਦੋਵਾਂ ਸ਼ਖ਼ਸੀਅਤਾਂ ਦੀ ਸਮਾਜਿਕ ਭੂਮਿਕਾ ਨੂੰ ਵੇਖਦਿਆਂ ਇਸ ਦੇ ਵਿਆਪਕ ਸੰਕੇਤਾਂ ਦੀ ਚਰਚਾ ਹੋ ਰਹੀ ਹੈ। ਮੀਟਿੰਗ ਦੌਰਾਨ ਪੰਜਾਬ ਦੀ ਸਮਾਜਿਕ ਸਥਿਤੀ, ਨਸ਼ਿਆਂ ਦੀ ਸਮੱਸਿਆ, ਨਸ਼ਾ ਮੁਕਤੀ ਮੁਹਿੰਮਾਂ ਅਤੇ ਸਮਾਜਿਕ ਸਰੋਕਾਰਾਂ ਨਾਲ ਸੰਬੰਧਤ ਵੱਖ-ਵੱਖ ਵਿਸ਼ਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ ਹੈ। ਨਾਮਧਾਰੀ ਭਾਈਚਾਰਾ ਲੰਮੇ ਸਮੇਂ ਤੋਂ ਸਮਾਜਿਕ ਸੁਧਾਰਾਂ ਅਤੇ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਮੁਹਿੰਮਾਂ ਵਿੱਚ ਸਰਗਰਮ ਭੂਮਿਕਾ ਨਿਭਾਉਂਦਾ ਆ ਰਿਹਾ ਹੈ।

ਨਾਮਧਾਰੀ ਪੰਥ ਦਾ ਪ੍ਰਭਾਵ ਪੰਜਾਬ ਦੇ ਲੁਧਿਆਣਾ, ਸ੍ਰੀ ਫਤਿਹਗੜ੍ਹ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ, ਪਟਿਆਲਾ ਤੋਂ ਇਲਾਵਾ ਹਰਿਆਣਾ, ਰਾਜਸਥਾਨ, ਉੱਤਰ ਪ੍ਰਦੇਸ਼ ਅਤੇ ਹਿਮਾਚਲ ਪ੍ਰਦੇਸ਼ ਤੱਕ ਫੈਲਿਆ ਹੋਇਆ ਹੈ। ਅਜਿਹੇ ਵਿੱਚ ਸੰਤ ਕਬੀਰ ਕੁਟੀਆ ਵਿੱਚ ਹੋਇਆ ਇਹ ਸੰਵਾਦ ਸਿਰਫ਼ ਧਾਰਮਿਕ ਮੁਲਾਕਾਤ ਤੱਕ ਸੀਮਤ ਨਹੀਂ ਮੰਨਿਆ ਜਾ ਰਿਹਾ ਸਗੋਂ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਦੇਖਦੇ ਹੋਏ ਇਸ ਦੇ ਸਮਾਜਿਕ ਅਤੇ ਸਿਆਸੀ ਪੱਖਾਂ 'ਤੇ ਵੀ ਚਰਚਾ ਹੋ ਰਹੀ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅਤੇ ਸਤਿਗੁਰੂ ਉਦੈ ਸਿੰਘ ਵਿਚਾਲੇ ਪਹਿਲਾਂ ਵੀ ਕਈ ਵਾਰ ਮੁਲਾਕਾਤ ਹੋ ਚੁੱਕੀ ਹੈ। ਮੁੱਖ ਮੰਤਰੀ ਭੈਣੀ ਸਾਹਿਬ ਸਥਿਤ ਨਾਮਧਾਰੀ ਦਰਬਾਰ ਦਾ ਦੌਰਾ ਵੀ ਕਰ ਚੁੱਕੇ ਹਨ। ਇਸ ਤੋਂ ਇਲਾਵਾ ਸਿਰਸਾ ਦੇ ਜੀਵਨ ਨਗਰ ਖੇਤਰ ਦੇ ਮਸਤਾਨਗੜ੍ਹ ਡੇਰੇ ਵਿੱਚ ਹੋਏ ਹੋਲਾ ਮਹੱਲਾ ਸਮਾਗਮ ਦੌਰਾਨ ਵੀ ਦੋਵਾਂ ਦੀ ਮੁਲਾਕਾਤ ਹੋਈ ਸੀ।ਸਿਆਸੀ ਜਾਣਕਾਰਾਂ ਅਨੁਸਾਰ ਮੁੱਖ ਮੰਤਰੀ ਸੈਣੀ ਦੇ ਸਮਾਜਿਕ ਸੰਵਾਦ ਪ੍ਰੋਗਰਾਮਾਂ ਨੂੰ ਪੰਜਾਬ ਵਿੱਚ ਵੱਖ-ਵੱਖ ਵਰਗਾਂ ਨਾਲ ਸੰਪਰਕ ਵਧਾਉਣ ਦੇ ਯਤਨਾਂ ਵਜੋਂ ਵੀ ਦੇਖਿਆ ਜਾ ਰਿਹਾ ਹੈ। ਉਨ੍ਹਾਂ ਦੀ ਪੰਜਾਬੀ ਪਿਛੋਕੜ ਅਤੇ ਸਹਿਜ ਸੰਵਾਦ ਸ਼ੈਲੀ ਨੂੰ ਵੀ ਪੰਜਾਬ ਵਿੱਚ ਲੋਕ ਸੰਪਰਕ ਦੇ ਨਜ਼ਰੀਏ ਨਾਲ ਅਹਿਮ ਮੰਨਿਆ ਜਾ ਰਿਹਾ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅਤੇ ਸਤਿਗੁਰੂ ਉਦੈ ਸਿੰਘ ਦਰਮਿਆਨ ਵਧ ਰਹੇ ਸੰਵਾਦ ਦੇ ਆਉਣ ਵਾਲੇ ਸਮੇਂ ਵਿੱਚ ਪੈਣ ਵਾਲੇ ਪ੍ਰਭਾਵਾਂ ਬਾਰੇ ਵੀ ਚਰਚਾ ਹੁਣ ਸਿਆਸੀ ਗਲਿਆਰਿਆਂ ਵਿੱਚ ਆਮ ਹੋਣ ਲੱਗੀ ਹੈ।

ਇਹ ਕੋਈ ਪਹਿਲਾ ਮੌਕਾ ਵੀ ਨਹੀਂ ਜਦੋਂ ਭਾਜਪਾ ਵੱਲੋਂ ਕਿਸੇ ਧਾਰਮਿਕ ਸੰਸਥਾ ਦੇ ਮੁਖੀ ਨਾਲ ਵਿਸ਼ੇਸ਼ ਮੁਲਾਕਾਤ ਕੀਤੀ ਗਈ ਹੋਵੇ, ਇਸ ਤੋਂ ਪਹਿਲਾਂ ਵੀ ਪਾਰਟੀ ਵੱਲੋਂ ਮੁਲਾਕਾਤਾਂ ਦਾ ਇਹ ਦੌਰ ਲਗਾਤਾਰ ਜਾਰੀ ਹੈ।

ਇੱਕ ਫਰਵਰੀ 2026 ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਗੁਰੂ ਰਵਿਦਾਸ ਜੈਅੰਤੀ ਮੌਕੇ ਪੰਜਾਬ ਦੇ ਜਲੰਧਰ ਜ਼ਿਲ੍ਹੇ ਵਿੱਚ ਸਥਿਤ ਡੇਰਾ ਸੱਚਖੰਡ ਬੱਲਾਂ ਦਾ ਦੌਰਾ ਕੀਤਾ ਗਿਆ ਸੀ ਅਤੇ ਡੇਰਾ ਪ੍ਰਮੁੱਖ ਸੰਤ ਨਿਰੰਜਨ ਦਾਸ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੇ ਆਦਮਪੁਰ ਏਅਰਪੋਰਟ ਦਾ ਨਾਂਅ ਬਦਲਕੇ ਸ੍ਰੀ ਗੁਰੂ ਰਵਿਦਾਸ ਜੀ ਏਅਰਪੋਰਟ ਕਰਨ ਦਾ ਐਲਾਨ ਕੀਤਾ ਸੀ। ਪ੍ਰਧਾਨ ਮੰਤਰੀ ਦੀ ਇਸ ਪੰਜਾਬ ਫੇਰੀ ਨੂੰ ਵੀ ਸਿਆਸੀ ਹਲਕਿਆਂ ਵਿੱਚ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਦੇ ਨਜ਼ਰੀਏ ਤੋਂ ਦੇਖਿਆ ਜਾ ਰਿਹਾ ਹੈ। ਕਿਉਂਕਿ ਡੇਰਾ ਸੱਚਖੰਡ ਬੱਲਾਂ ਦਾ ਵੀ ਪੰਜਾਬ ਦੇ ਦੁਆਬਾ ਖੇਤਰ ਦੇ ਜਲੰਧਰ, ਹੁਸ਼ਿਆਰਪੁਰ, ਕਪੂਰਥਲਾ, ਨਵਾਂਸ਼ਹਿਰ ਸਹਿਤ ਕੁੱਲ ਕਰੀਬ 23 ਵਿਧਾਨ ਸਭਾ ਸੀਟਾਂ 'ਤੇ ਕਾਫੀ ਪ੍ਰਭਾਵ ਮੰਨਿਆ ਜਾ ਰਿਹਾ ਹੈ। ਪੰਜਾਬ ਦਾ ਰਾਮਦਾਸੀਆ ਭਾਈਚਾਰਾ ਵੱਡੇ ਪੱਧਰ 'ਤੇ ਡੇਰਾ ਸੱਚਖੰਡ ਬੱਲਾਂ ਨਾਲ ਜੁੜਿਆ ਹੋਇਆ ਹੈ।

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ 31 ਮਾਰਚ 2026 ਨੂੰ ਰਾਧਾ ਸੁਆਮੀ ਸਤਿਸੰਗ ਡੇਰਾ ਬਿਆਸ ਵਿਖੇ ਵੀ ਡੇਰਾ ਪ੍ਰਮੁੱਖ ਬਾਬਾ ਗੁਰਿੰਦਰ ਸਿੰਘ ਢਿੱਲੋਂ ਨਾਲ ਮੁਲਾਕਾਤ ਕਰ ਚੁੱਕੇ ਹਨ । ਇਸ ਤੋਂ ਪਹਿਲਾਂ 27 ਮਾਰਚ ਨੂੰ ਡੇਰਾ ਬਿਆਸ ਮੁਖੀ ਅਤੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਰਮਿਆਨ ਚੰਡੀਗੜ੍ਹ ਵਿਖੇ ਮੁਲਾਕਾਤ ਹੋ ਚੁੱਕੀ ਹੈ । ਡੇਰਾ ਬਿਆਸ ਦਾ ਵੀ ਪੰਜਾਬ ਦੇ ਮਾਝਾ ਖੇਤਰ ਦੇ ਤਰਨ ਤਾਰਨ, ਸ੍ਰੀ ਅੰਮ੍ਰਿਤਸਰ ਸਾਹਿਬ, ਗੁਰਦਾਸਪੁਰ ਅਤੇ ਦੋਆਬਾ ਖੇਤਰ ਦੇ ਜਲੰਧਰ, ਕਪੂਰਥਲਾ, ਹੁਸ਼ਿਆਰਪੁਰ ਤੋਂ ਇਲਾਵਾ ਮਾਲਵਾ ਬੈਲਟ ਦੇ ਲੁਧਿਆਣਾ, ਪਟਿਆਲਾ, ਬਠਿੰਡਾ ਅਤੇ ਫਾਜ਼ਿਲਕਾ ਜ਼ਿਲ੍ਹਿਆਂ ਵਿੱਚ ਪ੍ਰਭਾਵ ਹੈ।

ਭਾਜਪਾ ਵੱਲੋਂ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਲਈ ਸਟਾਰ ਪ੍ਰਚਾਰਕ ਵਜੋਂ ਉਤਾਰੇ ਜਾ ਚੁੱਕੇ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੱਲੋਂ ਸਾਰੀਆਂ ਧਾਰਮਿਕ ਸੰਸਥਾਵਾਂ ਦੇ ਮੁਖੀਆਂ ਨਾਲ ਕੀਤੀਆਂ ਜਾ ਰਹੀਆਂ ਮੁਲਾਕਾਤਾਂ ਕੀ ਰੰਗ ਲਿਆਉਣਗੀਆਂ ਭਾਵੇ ਇਹ ਭਵਿੱਖ ਦੱਸੇਗਾ ਪਰ ਮੌਜੂਦਾ ਸਮੇਂ ਦੌਰਾਨ ਹੋਰ ਪਾਰਟੀਆਂ ਦੇ ਮੁਕਾਬਲੇ ਭਾਜਪਾ ਦੀਆਂ ਰਾਜਨੀਤਕ ਸਰਗਰਮੀਆਂ ਪੰਜਾਬ ਵਿੱਚ ਪੂਰੀ ਤਰ੍ਹਾਂ ਤੇਜ਼ ਹਨ ਅਤੇ ਪਾਰਟੀ ਜੋੜ-ਤੋੜ ਦੀ ਰਾਜਨੀਤੀ ਵਿੱਚ ਕੋਈ ਕਸਰ ਬਾਕੀ ਨਹੀ ਛੱਡ ਰਹੀ।

**# ਸੰਪਰਕ : 94670-95953**

# ਪ੍ਰਧਾਨ ਮੰਤਰੀ ਜੀ ਕਿਉਂ ਨਹੀਂ ਕਰਦੇ ਨੀਟ ਦੀ 'ਪ੍ਰੀਕਸ਼ਾ ਪੇ ਚਰਚਾ' ?

**ਪ੍ਰੋ. ਪਰਮਜੀਤ ਸਿੰਘ ਨਿੱਕੇ ਘੁੰਮਣ**

ਬੀਤੇ ਕੁਝ ਵਰ੍ਹਿਆਂ ਤੋਂ ਮਾਣਯੋਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਦੇਸ਼ ਦੇ ਸਕੂਲਾਂ ਵਿਚ ਪੜ੍ਹਦੇ ਬੱਚੇ-ਬੱਚੀਆਂ ਨਾਲ 'ਪ੍ਰੀਕਸ਼ਾ ਪੇ ਚਰਚਾ' ਸਿਰਲੇਖ ਹੇਠ ਸੰਵਾਦ ਰਚਾ ਰਹੇ ਹਨ ਤੇ 'ਮਨ ਕੀ ਬਾਤ' ਰਾਹੀਂ ਇਕਤਰਫ਼ਾ ਢੰਗ ਨਾਲ ਆਪਣੇ ਜਜ਼ਬਾਤ ਦੇਸ਼ ਦੀ ਜਨਤਾ ਨਾਲ ਸਾਂਝੇ ਕਰ ਰਹੇ ਹਨ। ਦੇਸ਼ ਵਾਸੀਆਂ ਨਾਲ ਜਾਂ ਦੇਸ਼ ਦੇ ਵਿਦਿਆਰਥੀਆਂ ਤੇ ਵਿਦਿਆਰਥਣਾਂ ਨਾਲ ਗੱਲਬਾਤ ਕਰਨਾ ਬੜੀ ਚੰਗੀ ਗੱਲ ਹੈ। ਦੇਸ਼ ਵਾਸੀਆਂ ਨੂੰ ਇਹ ਪਤਾ ਲੱਗਣਾ ਚਾਹੀਦਾ ਹੈ ਕਿ ਉਨ੍ਹਾ ਦੁਆਰਾ ਚੁਣਿਆ ਪ੍ਰਧਾਨ ਮੰਤਰੀ ਦੇਸ਼ ਅਤੇ ਦੇਸ਼ ਵਾਸੀਆਂ ਬਾਰੇ ਕੀ ਜਾਣਦਾ ਹੈ, ਕੀ ਸੋਚਦਾ ਹੈ ਤੇ ਕੀ ਕਰਨਾ ਚਾਹੁੰਦਾ ਹੈ ? ਪ੍ਰਧਾਨ ਮੰਤਰੀ ਸਾਹਿਬ ਦੀ ਉਕਤ ਕਾਰਜ ਪ੍ਰਣਾਲੀ ਵਿਚ ਇੱਕ ਵੱਡਾ ਨੁਕਸ ਇਹ ਵੀ ਹੈ ਕਿ ਉਹ ਆਪਣੇ 'ਮਨ ਕੀ ਬਾਤ' ਤਾਂ ਰੇਡੀਓ ਰਾਹੀਂ ਜਨਤਾ ਨਾਲ ਕਰ ਦਿੰਦੇ ਹਨ ਪਰ ਕਦੇ ਵੀ 'ਜਨਤਾ ਕੇ ਮਨ ਕੀ ਬਾਤ' ਜਾਂ ਦੇਸ਼ ਦੇ 'ਸੱਚੇ-ਸੁੱਚੇ ਪੱਤਰਕਾਰਾਂ ਅਤੇ ਸੰਪਾਦਕਾਂ ਦੇ ਮਨ ਕੀ ਬਾਤ' ਹਰਗਿਜ਼ ਨਹੀਂ ਸੁਣਦੇ। ਦੇਸ਼ ਵਿਚ ਹੋਈ ਤਾਜ਼ਾ 'ਨੀਟ ਦੀ ਪ੍ਰੀਕਸ਼ਾ ਪੇ ਚਰਚਾ' ਲਈ ਪ੍ਰਧਾਨ ਮੰਤਰੀ ਜੀ ਨੇ ਦੇਸ਼ ਦੇ ਸਮੂਹ ਪੀੜਤ ਵਿਦਿਆਰਥੀਆਂ ਨਾਲ ਸੰਵਾਦ ਰਚਾਉਣ ਅਤੇ ਹਮੇਸ਼ਾ ਦੀ ਤਰ੍ਹਾਂ ਵਿੱਦਿਅਕ ਮਾਮਲਿਆਂ ਬਾਰੇ ਆਪਣੇ 'ਵਿਦਵਤਾਪੂਰਨ ਵਿਚਾਰ' ਸਾਂਝੇ ਕਰਨ ਦਾ ਉਚੇਚਾ ਯਤਨ ਨਹੀਂ ਕੀਤਾ।

ਆਓ, ਅਸੀਂ ਸਮੂਹ ਦੇਸ਼ ਵਾਸੀ ਅੱਜ ਖ਼ੁਦ ਹੀ ਪੂਰੇ ਵਿਸਥਾਰ ਨਾਲ 'ਨੀਟ ਦੀ ਪ੍ਰੀਕਸ਼ਾ ਪੇ ਚਰਚਾ' ਕਰਦੇ ਹਾਂ। ਦਰਅਸਲ 'ਨੀਟ ਪੇਪਰ ਲੀਕ ਕਾਂਡ-2026' ਭਾਰਤੀ ਪ੍ਰੀਖਿਆ ਪ੍ਰਣਾਲੀ ਦੇ ਇਤਿਹਾਸ ਦਾ ਇਕ ਘੋਰ ਕਾਲਾ ਪੰਨਾ ਹੈ। 3 ਮਈ, 2026 ਨੂੰ ਹੋਈ 'ਨੀਟ-2026' ਦੀ ਪ੍ਰੀਖਿਆ ਜੋ ਕਿ ਦੇਸ਼ ਦੀ ਸਭ ਤੋਂ ਵੱਡੀ ਟੈਸਟਿੰਗ ਏਜੰਸੀ 'ਐਨ.ਟੀ.ਏ.' ਭਾਵ 'ਨੈਸ਼ਨਲ ਟੈਸਟਿੰਗ ਏਜੰਸੀ' ਨੇ ਲਈ ਸੀ, ਦਾ ਅਸਲ ਪੇਪਰ ਦੇਸ਼ ਦੇ ਵੱਖ-ਵੱਖ ਭਾਗਾਂ ਵਿਚ ਲੀਕ ਹੋਣ ਦਾ ਮਾਮਲਾ ਸਾਹਮਣੇ ਆਉਣ ਕਰਕੇ ਰੱਦ ਕਰ ਦਿੱਤਾ ਗਿਆ ਸੀ ਤੇ ਹੁਣ 21 ਜੂਨ ਨੂੰ 'ਕੌਮਾਂਤਰੀ ਯੋਗਾ ਦਿਵਸ' ਮੌਕੇ ਮੈਡੀਕਲ ਵਿਸ਼ਿਆਂ ਦੇ ਵਿਦਿਆਰਥੀਆਂ ਦਾ 'ਸ਼ੀਸ਼ ਆਸਨ' ਕਰਵਾਉਣ ਲਈ ਇਹ ਪ੍ਰੀਖਿਆ ਰੱਖ ਲਈ ਗਈ ਹੈ। ਇਸ ਹੋਣ ਵਾਲੀ ਪ੍ਰੀਖਿਆ ਦਾ ਸਭ ਤੋਂ ਮਹੱਤਵਪੂਰਨ ਅਤੇ ਸ਼ਰਮਨਾਕ ਪਹਿਲੂ ਇਹ ਹੈ ਕਿ ਇਸ ਪ੍ਰੀਖਿਆ ਨੂੰ ਕਰਵਾਉਣ ਲਈ ਦੇਸ਼ ਦੇ ਨਾ ਕਾਬਲ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੀ ਥਾਂ ਖ਼ੁਦ ਪ੍ਰਧਾਨ ਮੰਤਰੀ ਅਤੇ ਦੇਸ਼ ਦੇ ਰੱਖਿਆ ਮੰਤਰੀ ਸਾਹਿਬ ਨੇ ਕਮਾਨ ਆਪਣੇ ਹੱਥ ਵਿਚ ਲਈ ਹੈ। ਕਿੰਨੀ ਸ਼ਰਮਿੰਦਗੀ ਭਰੀ ਗੱਲ ਹੈ ਕਿ ਦੇਸ਼ ਦੀ ਸਮੁੱਚੀ ਪੁਲਸ ਨੂੰ ਸੁਚਾਰੂ ਢੰਗ ਨਾਲ ਪ੍ਰੀਖਿਆ ਕਰਾਉਣ ਸੰਬੰਧੀ ਨਕਾਰਾ ਕਰਾਰ ਦਿੰਦਿਆਂ ਹੋਇਆਂ ਭਾਰਤੀ 'ਹਵਾਈ ਸੈਨਾ' ਨੂੰ ਬੁਲਾਇਆ ਗਿਆ ਹੈ। ਦੇਸ਼ ਦੇ ਇਤਿਹਾਸ ਵਿਚ ਪਹਿਲੀ ਵਾਰ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਦੀ ਥਾਂ ਭਾਰਤੀ ਹਵਾਈ ਸੈਨਾ ਨੂੰ ਦੇਸ਼ ਦੀ 'ਪ੍ਰੀਖਿਆ ਪ੍ਰਣਾਲੀ ਦੀ ਰਾਖੀ' ਲਈ 'ਜ਼ਮੀਨ 'ਤੇ ਉਤਾਰਿਆ' ਜਾ ਰਿਹਾ ਹੈ।

ਮਾਣਯੋਗ ਪ੍ਰਧਾਨ ਮੰਤਰੀ ਸਾਹਿਬ ਦੇ ਸੋਸ਼ਲ ਮੀਡੀਆ 'ਤੇ ਅਜਿਹੇ ਅਨੇਕਾਂ ਵੀਡੀਓ ਉਪਲਬਧ ਹਨ ਜਿਨ੍ਹਾਂ ਵਿਚ ਉਹ ਦੂਜੀਆਂ ਸਿਆਸੀ ਪਾਰਟੀਆਂ ਦੀਆਂ ਸਰਕਾਰਾਂ ਵੇਲੇ ਹੋਣ ਵਾਲੇ 'ਪੇਪਰ ਲੀਕ' ਮਾਮਲਿਆਂ ਦੀ ਖਿੱਲੀ ਉਡਾਉਂਦੇ ਸੁਣੇ ਤੇ ਵੇਖੇ ਜਾ ਸਕਦੇ ਹਨ ਪਰ ਹੁਣ ਉਹ ਜਨਤਾ ਨੂੰ ਇਹ ਦੱਸਣਾ ਭੁੱਲ ਗਏ ਹਨ ਕਿ ਉਨ੍ਹਾ ਦੇ ਆਪਣੇ ਸ਼ਾਸਨ ਕਾਲ ਦੌਰਾਨ ਦੇਸ਼ ਦੇ ਵੱਖ-ਵੱਖ ਸੂਬਿਆਂ ਵਿਚ ਹੁਣ ਤੱਕ 89 ਪੇਪਰ ਲੀਕ ਹੋ ਚੁੱਕੇ ਹਨ ਤੇ 'ਨੀਟ ਪ੍ਰੀਖਿਆ-2026' ਦਾ ਪੇਪਰ ਤਾਂ ਅਸਲ ਪ੍ਰੀਖਿਆ ਦੇ ਦਿਨ ਤੋਂ ਕਈ ਦਿਨ ਪਹਿਲਾਂ ਹੀ ਦੇਸ਼ ਦੇ ਵੱਖ-ਵੱਖ ਸੂਬਿਆਂ ਦੀਆਂ ਗਲੀਆਂ ਤੇ ਬਾਜ਼ਾਰਾਂ ਵਿਚ ਉਪਲਬਧ ਹੋ ਚੁੱਕਾ ਸੀ। ਇਹ ਪੇਪਰ ਲੀਕ ਕਾਂਡ ਰਾਹੀਂ ਕਰੋੜਾਂ ਰੁਪਏ ਦਾ 'ਲੈਣ-ਦੇਣ' ਦੇਸ਼ ਦੇ ਲੱਖਾਂ ਮਿਹਨਤੀ ਬੱਚਿਆਂ ਦੇ ਭਵਿੱਖ ਨਾਲ ਦਿਨ-ਦਿਹਾੜੇ 'ਖੇਲਾ' ਕਰ ਗਿਆ ਸੀ। ਨਿਕੰਮੀ ਸਰਕਾਰ ਦਾ ਨਕਾਰਾ ਪ੍ਰੀਖਿਆ ਪ੍ਰਬੰਧ ਕਈ ਮਹੀਨਿਆਂ ਤੋਂ ਦਿਨ-ਰਾਤ ਇੱਕ ਕਰਕੇ ਕਰੜੀ ਮਿਹਨਤ ਕਰਨ ਵਾਲੇ ਵਿਦਿਆਰਥੀਆਂ ਨੂੰ ਖ਼ੂਨ ਦੇ ਹੰਝੂ ਰੁਆ ਗਿਆ ਹੈ। ਇਨ੍ਹਾਂ ਪੀੜਿਤ ਵਿਦਿਆਰਥੀਆਂ ਦੇ ਹੰਝੂ ਅਜੇ ਸੁੱਕੇ ਵੀ ਨਹੀਂ ਸਨ ਕਿ ਦੇਸ਼ ਦੀ ਸਕੂਲੀ ਸਿੱਖਿਆ ਦੀ ਸਰਬ ਉੱਚ ਸੰਸਥਾ 'ਸੀ.ਬੀ.ਐਸ.ਈ.' ਨੇ ਵੀ ਬੋਰਡ ਪ੍ਰੀਖਿਆਵਾਂ ਦੇ 'ਆਨਲਾਈਨ ਜਾਂ ਡਿਜੀਟਲ ਮੁਲਾਂਕਣ' ਦਾ ਐਸਾ ਕੁਚੱਜਾ ਪ੍ਰਬੰਧ ਪੇਸ਼ ਕੀਤਾ ਕਿ ਵਿਦਿਆਰਥੀਆਂ ਵਿਚ ਹਾਹਾਕਾਰ ਮੱਚ ਗਈ। ਹਜ਼ਾਰਾਂ ਦੀ ਸੰਖਿਆ ਵਿਚ ਵਿਦਿਆਰਥੀਆਂ ਨੇ 'ਮੁੜ-ਮੁਲਾਂਕਣ' ਭਰਦਿਆਂ ਹੋਇਆਂ ਇਹ ਦਾਅਵੇ ਕੀਤੇ ਹਨ ਕਿ ਉਨ੍ਹਾਂ ਦੀਆਂ ਉੱਤਰ-ਪੱਤਰੀਆਂ ਦੇ ਮੁਲਾਂਕਣ ਵੇਲੇ ਵੱਡੀਆਂ ਤੇ ਗੰਭੀਰ ਗੜਬੜੀਆਂ ਕੀਤੀਆਂ ਗਈਆਂ ਹਨ ਜਿਨ੍ਹਾਂ ਕਰਕੇ ਉਨ੍ਹਾਂ ਦੀ ਅੰਕ ਪ੍ਰਤੀਸ਼ਤਤਾ ਗੜਬੜਾ ਗਈ ਹੈ ਤੇ ਅੰਕ ਪ੍ਰਤੀਸ਼ਤਤਾ ਘੱਟ ਵਿਖਾਏ ਜਾਣ ਕਰਕੇ ਉਹ ਨੇੜਲੇ ਸਮੇਂ ਵਿਚ ਹੋਣ ਵਾਲੀਆਂ ਕਈ 'ਮੁਕਾਬਲਾ ਪ੍ਰੀਖਿਆਵਾਂ' ਵਿਚ ਭਾਗ ਲੈਣ ਤੋਂ ਵਾਂਝੇ ਹੋ ਗਏ ਹਨ।

ਨੀਟ ਪ੍ਰੀਖਿਆ-2026 ਦੇ ਪੇਪਰ ਦੇ ਲੀਕ ਹੋਣ ਦਾ ਮਾਮਲਾ ਕੋਈ ਸਧਾਰਨ ਲੀਕ ਮਾਮਲਾ ਨਹੀਂ ਹੈ। ਇਹ ਮਾਮਲਾ ਦੇਸ਼ ਦੇ ਹਰ ਹਿੱਸੇ ਵਿਚ ਫ਼ੈਲੇ 'ਕੋਚਿੰਗ ਮਾਫ਼ੀਆ' ਦੀ ਕਾਰਸਤਾਨੀ ਹੈ ਜੋ ਹਰ ਸਾਲ ਚਲਦੀ ਆਈ ਹੈ। ਇਸ ਵਾਰ ਕੁਝ ਜ਼ਿਆਦਾ ਹੀ ਬੇਬਾਕੀ ਅਤੇ ਅਸਾਵਧਾਨੀ ਵਰਤੇ ਜਾਣ ਕਾਰਨ ਅਸਲ ਪ੍ਰੀਖਿਆ ਹੋਣ ਤੋਂ ਪਹਿਲਾਂ ਹੀ ਸੰਬੰਧਤ ਪੇਪਰ ਅਸੰਖ ਹੱਥਾਂ ਵਿਚ ਚਲਾ ਗਿਆ ਤੇ ਸਾਰੀ 'ਖੇਡ ਖ਼ਰਾਬ' ਹੋ ਗਈ । ਅਖ਼ੀਰ ਬੇਵੱਸ ਹੋ ਕੇ ਸਰਕਾਰ ਨੂੰ ਪੇਪਰ ਰੱਦ ਕਰਨਾ ਪੈ ਗਿਆ । ਇਸ ਪੇਪਰ ਲੀਕ ਮਾਮਲੇ ਵਿਚ ਸੀ.ਬੀ.ਆਈ. ਨੇ ਹੁਣ ਤੱਕ ਜਿਨ੍ਹਾਂ 'ਕੋਚਿੰਗ ਅਧਿਆਪਕਾਂ' ਜਾਂ 'ਸਾਬਕਾ ਪੇਪਰ ਸੈਟਰਾਂ' ਨੂੰ ਗ੍ਰਿਫ਼ਤਾਰ ਕੀਤਾ ਹੈ, ਉਹ ਇਸ ਪੂਰੇ 'ਗੰਦੇ ਤਲਾਬ' ਦੀਆਂ 'ਛੋਟੀਆਂ ਮੱਛੀਆਂ' ਹਨ ਜਦੋਂ ਕਿ ਕੋਚਿੰਗ ਅਤੇ ਪੇਪਰ ਮਾਫ਼ੀਆ ਦੀਆਂ 'ਵੱਡੀਆਂ ਮੱਛੀਆਂ' ਅਤੇ 'ਮਗਰਮੱਛ' ਅਜੇ ਜਾਂਚ ਏਜੰਸੀ ਦੀ ਪਕੜ ਤੋਂ ਬਾਹਰ ਹਨ। ਬੜੀ ਸਧਾਰਨ ਜਿਹੀ ਗੱਲ ਹੈ ਕਿ ਅਸਲ ਪੇਪਰ ਤਾਂ 'ਐਨ.ਟੀ.ਏ.' ਦੇ ਦਫ਼ਤਰ ਤੋਂ ਚੱਲਿਆ ਸੀ ਤੇ ਅਜੇ ਤੱਕ ਉਕਤ ਸੰਗਠਨ ਦੇ ਕਿਸੇ ਵੀ ਵੱਡੇ ਅਧਿਕਾਰੀ ਦੀ ਗ੍ਰਿਫ਼ਤਾਰੀ ਨਹੀਂ ਹੋਈ ਤੇ ਨਾ ਹੀ ਇਸ ਲੀਕ ਮਾਮਲੇ ਵਿਚ ਪ੍ਰੀਖਿਆ ਸੰਗਠਨ ਦੇ ਕਿਸੇ ਉਚ-ਅਧਿਕਾਰੀ ਦੀ ਜ਼ਿੰਮੇਵਾਰੀ ਤੈਅ ਕੀਤੀ ਗਈ ਹੈ। ਦੇਸ਼ ਦੇ ਕੁੱਲ 22,05,035 ਵਿਦਿਆਰਥੀਆਂ ਵੱਲੋਂ ਦਿੱਤੀ ਗਈ ਇਸ ਪ੍ਰੀਖਿਆ ਦਾ ਰੱਦ ਹੋਣਾ, ਇਸ ਪ੍ਰੀਖਿਆ ਵਿਚ ਉਚੇਰੇ ਰੈਂਕ ਹਾਸਲ ਕਰਨ ਵਾਲੇ ਤੇ ਐਮ.ਬੀ.ਬੀ.ਐਸ. ਦੀ ਸੀਟ ਨਿਸਚਿਤ ਤੌਰ 'ਤੇ ਹਾਸਲ ਕਰਨ ਜੋਗੇ ਅੰਕ ਹਾਸਲ ਕਰ ਲੈਣ ਵਾਲੇ ਕਈ ਹੋਣਹਾਰ ਵਿਦਿਆਰਥੀਆਂ ਨਾਲ ਸਰਾਸਰ ਬੇਇਨਸਾਫ਼ੀ ਕਰ ਗਿਆ ਹੈ। ਕਸੂਰ ਕਿਸੇ ਹੋਰ ਦਾ ਹੈ ਤੇ ਸਜ਼ਾ ਕਿਸੇ ਹੋਰ ਨੂੰ ਮਿਲੀ ਹੈ। ਦੇਸ਼ ਦੇ ਸਿੱਖਿਆ ਮੰਤਰੀ ਅਤੇ ਐਨ.ਟੀ.ਏ. ਦੇ ਉੱਚ-ਅਧਿਕਾਰੀਆਂ ਤੋਂ ਹੁਣ ਤੱਕ ਅਸਤੀਫ਼ੇ ਲੈ ਲਏ ਜਾਣੇ ਚਾਹੀਦੇ ਸਨ ਪਰ ਹੁਣ ਤੱਕ ਕੀਤੀ ਗਈ ਕਾਰਵਾਈ 'ਗੋਗਲੂਆਂ ਤੋਂ ਮਿੱਟੀ ਝਾੜਨ' ਤੋਂ ਵੱਧ ਨਜ਼ਰ ਨਹੀਂ ਆ ਰਹੀ।

ਸੀ.ਬੀ.ਐਸ.ਈ. ਨੇ ਬੋਰਡ ਪ੍ਰੀਖਿਆਵਾਂ ਦੇ ਡਿਜੀਟਲ ਜਾਂ ਆਨਲਾਈਨ ਮੁਲਾਂਕਣ ਨੂੰ ਛੋਟੇ ਪੱਧਰ 'ਤੇ ਸ਼ੁਰੂ ਕਰਕੇ ਤਜਰਬਾ ਕਰਨ ਦੀ ਥਾਂ ਪੂਰੇ ਦੇਸ਼ ਦੇ ਵਿਦਿਆਰਥੀਆਂ ਦੀਆਂ ਉੱਤਰ-ਪੱਤਰੀਆਂ ਨੂੰ ਜਾਂਚਣ ਦਾ ਤਜਰਬਾ ਕਰਕੇ ਸਭ ਦਾ ਭਵਿੱਖ ਹੀ ਦਾਅ 'ਤੇ ਲਗਾ ਦਿੱਤਾ। ਪੰਜਾਬ ਸਰਕਾਰ ਦੇ ਸਕੂਲ ਸਿੱਖਿਆ ਵਿਭਾਗ ਨੇ ਵੀ ਮਾਰਚ-2026 ਵਿਚ ਲਈ ਗਈ ਦਸਵੀਂ ਜਮਾਤ ਦੀ ਬੋਰਡ ਪ੍ਰੀਖਿਆ ਦਾ 'ਸਮਾਜਿਕ ਵਿਗਿਆਨ' ਦਾ ਪੇਪਰ ਤਜਰਬਾ ਆਧਾਰ 'ਤੇ ਆਨਲਾਈਨ ਮੁਲਾਂਕਿਤ ਕਰਵਾਇਆ ਹੈ ਪਰ ਕਿਸੇ ਕਿਸਮ ਦਾ ਰੌਲਾ ਨਾ ਪੈਣ ਕਰਕੇ ਸਭ ਕੁਝ 'ਠੀਕ ਠਾਕ' ਮੰਨ ਲਿਆ ਗਿਆ ਹੈ ਪਰ ਆਸ ਕੀਤੀ ਜਾ ਰਹੀ ਹੈ ਕਿ ਸੀ.ਬੀ.ਐਸ.ਈ. ਵੱਲੋਂ ਸਾਰੇ ਵਿਸ਼ਿਆਂ ਦੀਆਂ ਉਤਰ-ਪੱਤਰੀਆਂ ਦੇ ਕਰਵਾਏ ਗਏ ਆਨਲਾਈਨ ਮੁਲਾਂਕਣ ਵਿਚ ਹੋਈਆਂ ਵੱਡੀਆਂ ਗੜਬੜੀਆਂ ਅਤੇ ਪੈ ਚੁੱਕੇ ਵੱਡੇ ਖਲਾਰੇ ਦੇ ਆਧਾਰ 'ਤੇ ਪੰਜਾਬ ਸਕੂਲ ਸਿੱਖਿਆ ਬੋਰਡ ਅਗਲੀ ਵਾਰ ਇਸ ਤਜਰਬੇ ਨੂੰ ਜਾਰੀ ਰੱਖਣ ਤੋਂ ਗੁਰੇਜ਼ ਹੀ ਕਰੇਗਾ।

ਸੋ, ਮੁੱਕਦੀ ਗੱਲ ਇਹ ਹੈ ਕਿ ਕੇਂਦਰ ਸਰਕਾਰ ਦੇ ਸਿੱਖਿਆ ਵਿਭਾਗ ਦੀ ਪ੍ਰੀਖਿਆ ਪ੍ਰਣਾਲੀ ਵਿਚ ਵਿਆਪਕ ਸੁਧਾਰਾਂ ਲਈ ਪ੍ਰਧਾਨ ਮੰਤਰੀ ਸਾਹਿਬ ਨੂੰ ਦੇਸ਼ ਦੇ ਉੱਘੇ ਸਿੱਖਿਆ ਸ਼ਾਸਤਰੀਆਂ ਨਾਲ ਸੰਵਾਦ ਕਰਕੇ ਤੇ ਉਨ੍ਹਾਂ ਦੇ 'ਮਨ ਕੀ ਬਾਤ' ਸੁਣ ਕੇ ਸਿੱਖਿਆ ਅਤੇ ਪ੍ਰੀਖਿਆ ਪ੍ਰਣਾਲੀ ਵਿਚ ਲੋੜੀਂਦੇ ਸੁਧਾਰ ਕਰਨੇ ਚਾਹੀਦੇ ਹਨ। ਅਜਿਹਾ ਕਰਨ ਨਾਲ ਹੀ 'ਪ੍ਰੀਕਸ਼ਾ ਪੇ ਚਰਚਾ' ਦਾ ਅਸਲ ਮਨੋਰਥ ਪੂਰਾ ਹੋ ਸਕਦਾ ਹੈ।

**# ਸੰਪਰਕ : 97816-46008**

# ਫਾਸ਼ੀਵਾਦੀ ਹਮਲਿਆਂ ਵਿਰੋਧੀ ਫਰੰਟ 22 ਨੂੰ ਕਰੇਗਾ ਰੋਸ ਮੁਜ਼ਾਹਰੇ : ਕੁਲਦੀਪ ਭੋਲਾ, ਢੁੱਡੀਕੇ



ਮੋਗਾ (ਇਕਬਾਲ ਸਿੰਘ ਖਹਿਰਾ)-ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਫਾਸ਼ੀਵਾਦੀ ਹਮਲਿਆਂ ਵਿਰੋਧੀ ਫਰੰਟ ਮੋਗਾ ਦੀ ਮੀਟਿੰਗ ਹੋਈ।ਮੀਟਿੰਗ ਦੀ ਪ੍ਰਧਾਨਗੀ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕੁਲਦੀਪ ਸਿੰਘ ਭੋਲਾ ਵੱਲੋਂ ਕੀਤੀ ਗਈ ਫਾਸ਼ੀਵਾਦੀ ਹਮਲਿਆਂ ਵਿਰੋਧੀ ਫਰੰਟ ਪੰਜਾਬ ਦੇ ਫੈਸਲਿਆਂ ਦੀ ਜਾਣਕਾਰੀ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ ਲੈਨਿਨਵਾਦੀ) ਨਿਊ ਡੈਮੋਕਰੇਸੀ ਦੇ ਸੂਬਾਈ ਆਗੂ ਕਾਮਰੇਡ ਨਿਰਭੈ ਸਿੰਘ ਢੁੱਡੀਕਿਆਂ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬ ਦੀ ਹੋਂਦ ਨੂੰ ਦਰਪੇਸ਼ ਮਸਲਿਆਂ, ਫਾਸ਼ੀਵਾਦੀ ਹਮਲਿਆਂ ਤੇ ਜਮਹੂਰੀਅਤ ਵਿਰੋਧੀ ਹੱਲਿਆਂ ਨੂੰ ਲੈ ਕੇ ਫਰੰਟ ਵੱਲੋਂ 22 ਜੂਨ ਨੂੰ ਸਾਰੇ ਪੰਜਾਬ ਵਿੱਚ ਜ਼ੋਰਦਾਰ ਰੋਸ ਮੁਜ਼ਾਹਰੇ ਕੀਤੇ ਜਾ ਰਹੇ ਹਨ।ਵਿਸਥਾਰ ਵਿੱਚ ਜ਼ਿਕਰ ਕਰਦਿਆਂ ਕਿਹਾ ਕਿ ਸਰਕਾਰਾਂ ਦੀਆਂ ਗਲਤ ਨੀਤੀਆਂ ਕਾਰਨ ਅੱਜ ਜਦੋਂ ਪੰਜਾਬ ਬੰਜਰ ਹੋਣ ਵੱਲ ਵੱਧ ਰਿਹਾ ਹੈ ਤਾਂ ਲੋੜ ਬਣਦੀ ਹੈ ਕਿ ਗੁਆਂਢੀ ਸੂਬਿਆਂ ਨਾਲ ਪਾਣੀਆਂ ਦੀ ਵੰਡ ਦੇ ਮਸਲੇ ਨੂੰ ਰਿਪੇਰੀਅਨ ਕਾਨੂੰਨਾਂ ਤਹਿਤ ਹੱਲ ਕੀਤਾ ਜਾਵੇ।ਪਾਣੀ ਸੰਭਾਲਣ ਤੇ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਲਈ ਸਖ਼ਤ ਕਾਨੂੰਨੀ ਵਿਵਸਥਾ ਹੋਵੇ।ਰਾਜਾਂ ਦੇ ਅਧਿਕਾਰਾਂ ਵਿੱਚ ਆਉਂਦੇ ਮਸਲਿਆਂ ਬਾਰੇ ਕਾਨੂੰਨ ਬਣਾਉਣ/ਬਦਲਣ ਦਾ ਅਧਿਕਾਰ ਰਾਜਾਂ ਕੋਲ ਰਹੇ।ਮਨੁੱਖੀ ਅਧਿਕਾਰਾਂ ਤਹਿਤ ਜ਼ਰੂਰੀ ਬਣਦਾ ਹੈ ਕਿ ਸਜ਼ਾਵਾਂ ਭੁਗਤ ਚੁੱਕੇ ਸਿੱਖਾਂ ਸਮੇਤ ਸਾਰੇ ਕੈਦੀਆਂ ਨੂੰ ਰਿਹਾ ਕੀਤਾ ਜਾਵੇ।ਯੂ ਏ ਪੀ ਏ ਵਰਗੇ ਕਾਲੇ ਕਾਨੂੰਨ ਰੱਦ ਕੀਤੇ ਜਾਣ।ਐੱਨ ਆਈ ਏ ਏਜੰਸੀ ਨੂੰ ਵੀ ਰੱਦ ਕੀਤਾ ਜਾਵੇ।ਸੀਬੀਆਈ ਵੱਲੋਂ ਸੂਬਿਆਂ ਦੀ ਸਹਿਮਤੀ ਤੋਂ ਬਿਨਾਂ ਸੂਬਿਆਂ ਵਿੱਚ ਦਖਲ ਅੰਦਾਜ਼ੀ ਕਰਨ ਵਿਰੁੱਧ, ਐੱਸ ਆਈ ਆਰ ਦੀ ਆੜ ਵਿੱਚ ਵੋਟ ਦਾ ਅਧਿਕਾਰ ਖੋਹਣ ਵਿਰੁੱਧ, ਇਕ ਦੇਸ਼, ਇਕ ਕਾਨੂੰਨ, ਇੱਕ ਚੋਣ ਆਦਿ ਗੈਰ-ਜਮਹੂਰੀ ਕਾਰਵਾਈਆਂ ਵਿਰੁੱਧ ਲੋਕ ਲਾਮਬੰਦੀ ਕੀਤੀ ਜਾਵੇਗੀ ਅਤੇ ਜ਼ੋਰਦਾਰ ਵਿਰੋਧ ਕੀਤਾ ਜਾਵੇਗਾ।ਉਨ੍ਹਾ ਕਿਹਾ ਕਿ ਮਜ਼ਦੂਰਾਂ ਕਿਸਾਨਾਂ ਨੌਜਵਾਨਾਂ ਆਦਿ ਵਰਗਾਂ ਦੇ ਮੁੱਦਿਆਂ ਨੂੰ ਉਭਾਰਨ ਲਈ ਮੋਗਾ ਜ਼ਿਲ੍ਹੇ ਅੰਦਰ ਲੋਕ ਲਾਮਬੰਦੀ ਮੁਹਿੰਮ ਚਲਾਈ ਜਾਵੇਗੀ ਤੇ ਮੁਹਿੰਮ ਦੇ ਸ਼ਿਖਰ ਉੱਤੇ 22 ਜੂਨ ਨੂੰ ਮੋਗਾ ਵਿਖੇ 11 ਵਜੇ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਵਿਖੇ ਇਕੱਤਰ ਹੋ ਕੇ ਸ਼ਹਿਰ ਵਿਚ ਜ਼ੋਰਦਾਰ ਰੋਸ ਮੁਜ਼ਾਹਰਾ ਕੀਤਾ ਜਾਵੇਗਾ।ਅੰਤ ਵਿੱਚ ਕਾਮਰੇਡ ਜਗਜੀਤ ਸਿੰਘ ਨਿਹਾਲ ਸਿੰਘ ਵਾਲਾ ਵੱਲੋਂ ਜਮਹੂਰੀਅਤ ਤੇ ਇੰਨਸਾਫ਼ ਪਸੰਦ ਲੋਕਾਂ ਨੂੰ ਹੁੰਮ ਹੁਮਾ ਕੇ ਰੋਸ ਮੁਜ਼ਾਹਰੇ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ।ਇਸ ਮੌਕੇ ਕਾਮਰੇਡ ਸ਼ੇਰ ਸਿੰਘ ਦੌਲਤਪੁਰਾ, ਕਾਮਰੇਡ ਸਵਰਨ ਸਿੰਘ ਖੋਸਾ, ਕਾਮਰੇਡ ਜਗਸੀਰ ਸਿੰਘ ਖੋਸਾ, ਕਾਮਰੇਡ ਗੁਰਦਿੱਤ ਸਿੰਘ ਦੀਨਾ, ਕਾਮਰੇਡ ਕਰਮਜੀਤ ਸਿੰਘ ਮਾਣੂੰਕੇ ਹਾਜ਼ਰ ਸਨ।

# ਮਾਣੂੰਕੇ 'ਚ ਘਰ ਦੇ ਗੇਟ 'ਤੇ ਅਣਪਛਾਤਿਆਂ ਵੱਲੋਂ ਫਾਇਰਿੰਗ

ਹਠੂਰ (ਲਵਲੀ ਮਾਛੀਕੇ)-ਪਿੰਡ ਮਾਣੂੰਕੇ ਵਿੱਚ ਦੇਰ ਰਾਤ ਉਸ ਸਮੇਂ ਦਹਿਸ਼ਤ ਦਾ ਮਾਹੌਲ ਬਣ ਗਿਆ, ਜਦੋਂ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਇੱਕ ਘਰ ਦੇ ਬਾਹਰ ਫਾਇਰਿੰਗ ਕਰ ਦਿੱਤੀ ਗਈ।ਇਸ ਘਟਨਾ ਕਾਰਨ ਇਲਾਕੇ ਦੇ ਲੋਕਾਂ ਵਿੱਚ ਵੀ ਡਰ ਤੇ ਚਿੰਤਾ ਦਾ ਮਾਹੌਲ ਪਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਗਟ ਸਿੰਘ ਪੁੱਤਰ ਬਲਵਿੰਦਰ ਸਿੰਘ ਵਾਸੀ ਮਾਣੂੰਕੇ ਨੇ ਦੱਸਿਆ ਕਿ ਰਾਤ ਕਰੀਬ 12:30 ਵਜੇ ਕੁਝ ਵਿਅਕਤੀ ਉਸ ਦੇ ਘਰ ਦੇ ਬਾਹਰ ਮੋਟਰਸਾਈਕਲ 'ਤੇ ਆਏ ਹਮਲਾਵਰਾਂ ਵੱਲੋਂ ਘਰ ਦੇ ਮੁੱਖ ਗੇਟਾਂ ਨੂੰ ਨਿਸ਼ਾਨਾ ਬਣਾਉਂਦੇ ਹੋਏ 7 ਤੋਂ 8 ਰਾਊਂਡ ਫਾਇਰ ਕੀਤੇ ਗਏ। ਗੋਲੀਆਂ ਲੱਗਣ ਕਾਰਨ ਗੇਟ ਨੂੰ ਨੁਕਸਾਨ ਪੁੱਜਿਆ, ਜਦਕਿ ਪਰਿਵਾਰਕ ਮੈਂਬਰ ਵਾਲ-ਵਾਲ ਬਚ ਗਏ।ਇਸ ਸਬੰਧੀ ਪੀੜਤ ਪ੍ਰਗਟ ਸਿੰਘ ਨੇ ਦੱਸਿਆ ਕਿ ਫਾਇਰਿੰਗ ਦੀ ਆਵਾਜ਼ ਸੁਣ ਕੇ ਪਰਿਵਾਰਕ ਮੈਂਬਰ ਡਰ ਗਏ ਤੇ ਘਰ ਅੰਦਰ ਹੀ ਰਹੇ।ਘਟਨਾ ਤੋਂ ਬਾਅਦ ਪੂਰਾ ਪਰਿਵਾਰ ਸਹਿਮਿਆ ਹੋਇਆ ਹੈ।ਉਨ੍ਹਾਂ ਦੱਸਿਆ ਕਿ ਨਿੱਜੀ ਰੰਜਿਸ਼ ਕਾਰਨ ਇਹ ਘਟਨਾ ਵਾਪਰੀ ਹੈ।ਉਨ੍ਹਾਂ ਪੁਲਸ ਪ੍ਰਸ਼ਾਸਨ ਤੋਂ ਮਾਮਲੇ ਦੀ ਨਿਰਪੱਖ ਜਾਂਚ ਕਰਕੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ।ਪੀੜਤ ਪਰਵਾਰ ਅਨੁਸਾਰ ਸਾਰੀ ਘਟਨਾ ਘਰ ਦੇ ਬਾਹਰ ਲੱਗੇ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋ ਗਈ ਹੈ।ਫੁਟੇਜ ਵਿੱਚ ਕੁਝ ਸ਼ੱਕੀ ਵਿਅਕਤੀ ਘਰ ਦੇ ਅੱਗੇ ਗੋਲੀਆਂ ਚਲਾਉਂਦੇ ਨਜ਼ਰ ਆ ਰਹੇ ਹਨ, ਜਿਨ੍ਹਾਂ ਦੇ ਆਧਾਰ 'ਤੇ ਪੁਲਸ ਜਾਂਚ ਨੂੰ ਅੱਗੇ ਵਧਾ ਰਹੀ ਹੈ। ਘਟਨਾ ਦੀ ਸੂਚਨਾ ਮਿਲਦਿਆਂ ਹੀ ਥਾਣਾ ਸੀ.ਆਈ.ਏ. ਸਟਾਫ ਦੇ ਇੰਚਾਰਜ ਇੰਸਪੈਕਟਰ ਅੰਮ੍ਰਿਤਪਾਲ ਸਿੰਘ, ਥਾਣਾ ਹਠੂਰ ਦੇ ਇੰਚਾਰਜ ਗੁਰਸੇਵਕ ਸਿੰਘ ਤੇ ਪੁਲਸ ਪਾਰਟੀ ਮੌਕੇ 'ਤੇ ਪਹੁੰਚੀ।ਪੁਲਸ ਨੇ ਮੌਕੇ ਦਾ ਜਾਇਜ਼ਾ ਲੈ ਕੇ ਸਬੂਤ ਇਕੱਠੇ ਕੀਤੇ ਤੇ ਇਲਾਕੇ ਦੇ ਲੋਕਾਂ ਤੋਂ ਪੁੱਛਗਿੱਛ ਵੀ ਕੀਤੀ।ਫੋਰੈਂਸਿਕ ਤੇ ਤਕਨੀਕੀ ਸਬੂਤਾਂ ਦੇ ਆਧਾਰ 'ਤੇ ਵੱਖ-ਵੱਖ ਪਹਿਲੂਆਂ ਤੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।ਜਾਂਚ ਪੂਰੀ ਹੋਣ ਉਪਰੰਤ ਦੋਸ਼ੀਆਂ ਦੀ ਪਛਾਣ ਕਰਕੇ ਉਨ੍ਹਾਂ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਇਸ ਘਟਨਾ ਤੋਂ ਬਾਅਦ ਪਿੰਡ ਵਿੱਚ ਸੁਰੱਖਿਆ ਨੂੰ ਲੈ ਕੇ ਵੀ ਚਰਚਾ ਛਿੜ ਗਈ ਹੈ ਤੇ ਲੋਕਾਂ ਨੇ ਦੋਸ਼ੀਆਂ ਨੂੰ ਜਲਦ ਗ੍ਰਿਫ਼ਤਾਰ ਕਰਨ ਦੀ ਮੰਗ ਕੀਤੀ ਹੈ।ਇਸ ਸਬੰਧੀ ਹਠੂਰ ਦੇ ਇੰਚਾਰਜ ਗੁਰਸੇਵਕ ਸਿੰਘ ਨੇ ਕਿਹਾ ਕਿ ਦੋਸ਼ੀਆ ਖਿਲਾਫ ਮਾਮਲਾ ਦਰਜ ਕੀਤਾ ਜਾ ਰਿਹਾ ਹੈ।

# ਆਪ ਦੀਆਂ ਨੀਤੀਆਂ ਸਦਕਾ ਆਮ ਘਰਾਂ ਦੇ ਧੀਆਂ-ਪੁੱਤ ਉੱਚ ਅਹੁਦਿਆਂ 'ਤੇ ਹੋ ਰਹੇ ਨੇ ਬਿਰਾਜਮਾਨ : ਸੌਂਦ

## ਵਿਨੈਪਾਲ ਕੌਰ ਬਣੀ ਨਗਰ ਨਿਗਮ ਮੋਗਾ ਦੀ ਨਵੀਂ ਮੇਅਰ



ਮੋਗਾ (ਇਕਬਾਲ ਸਿੰਘ ਖਹਿਰਾ)-ਆਮ ਆਦਮੀ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਦਾ ਨਤੀਜਾ ਹੈ ਕਿ ਅੱਜ ਆਮ ਘਰਾਂ ਦੇ ਧੀਆਂ-ਪੁੱਤਰ ਮੇਅਰ ਤੇ ਚੇਅਰਮੈਨਾਂ ਸਮੇਤ ਉੱਚ ਅਹੁਦਿਆਂ 'ਤੇ ਬਿਰਾਜ਼ਮਾਨ ਹੋ ਰਹੇ ਹਨ, ਜਿਸ ਦੇ ਨਤੀਜੇ ਵਜੋਂ ਕੁਝ ਪਰਵਾਰਾਂ ਦੀ ਰਾਜ ਭਾਗ ਉਪਰ ਇਜ਼ਾਰੇਦਾਰੀ ਖ਼ਤਮ ਹੋ ਗਈ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਹਮੇਸ਼ਾ ਸੱਚਾਈ ਦੀ ਰਾਜਨੀਤੀ ਕੀਤੀ ਹੈ ਤੇ ਆਮ ਘਰਾਂ ਦੇ ਧੀਆਂ-ਪੁੱਤਾਂ ਨੂੰ ਅੱਗੇ ਲੈ ਕੇ ਆਉਂਦੀ ਹੈ, ਇੱਥੇ ਪਰਿਵਾਰਵਾਦ ਦਾ ਕੋਈ ਵੀ ਬੋਲਬਾਲਾ ਨਹੀਂ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੋਗਾ ਦੀ ਨਗਰ ਨਿਗਮ ਮੇਅਰ ਦੀ ਚੋਣ ਤੇ ਤਾਜਪੋਸ਼ੀ ਸਮਾਰੋਹ ਸਮਾਗਮਾਂ ਵਿੱਚ ਸ਼ਿਰਕਤ ਦੌਰਾਨ ਪੰਜਾਬ ਦੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਮੋਗਾ ਵਿਖੇ ਨਗਰ ਨਿਗਮ ਤੇ ਨਗਰ ਪੰਚਾਇਤ ਚੋਣਾਂ ਹੋਈਆਂ ਸਨ, ਇਸ ਵਿੱਚ ਭਾਰੀ ਬਹੁਮਤ ਨਾਲ ਆਮ ਆਦਮੀ ਪਾਰਟੀ ਨੂੰ ਸਮਰਥਨ ਮਿਲਿਆ।ਉਨ੍ਹਾਂ ਦੱਸਿਆ ਕਿ ਅੱਜ ਮੇਅਰ ਦੀ ਨਿਯੁਕਤੀ ਲਈ ਕਾਨੂੰਨੀ ਪ੍ਰਕਿਰਿਆ ਪੂਰੀ ਕੀਤੀ ਗਈ, ਆਮ ਆਦਮੀ ਪਾਰਟੀ ਦੇ ਮੋਗਾ ਦੇ ਵਾਰਡ ਨੰ. 8 ਤੋਂ ਜੇਤੂ ਉਮੀਦਵਾਰ ਵਿਨੈਪਾਲ ਕੌਰ ਨੂੰ ਨਗਰ ਨਿਗਮ ਮੋਗਾ ਦਾ ਮੇਅਰ ਚੁਣਿਆ ਗਿਆ।ਕੈਬਨਿਟ ਮੰਤਰੀ ਨੇ ਕਿਹਾ ਕਿ ਨਵੀਂ ਮੇਅਰ ਦੀ ਅਗਵਾਈ ਹੇਠ ਮੋਗਾ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਮਿਲੇਗੀ ਤੇ ਲੋਕਾਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਪ੍ਰਦਾਨ ਕਰਨ ਲਈ ਨਗਰ ਨਿਗਮ ਵਚਨਬੱਧ ਰਹੇਗਾ।ਉਨ੍ਹਾਂ ਵਿਨੈਪਾਲ ਕੌਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸੱਚਾਈ ਦੀ ਜਿੱਤ ਹੈ ਕਿ ਆਮ ਘਰ ਦੀ ਧੀ ਇਸ ਅਹੁਦੇ ਉਪਰ ਬਿਰਾਜ਼ਮਾਨ ਹੋ ਗਈ ਹੈ।ਧੀਆਂ ਭੈਣਾਂ ਮਹਿਲਾਵਾਂ ਦੇ ਹੱਕਾਂ ਦੀ ਰਾਖੀ ਲਈ ਆਮ ਆਦਮੀ ਪਾਰਟੀ ਪੂਰਨ ਵਚਨਬੱਧ ਹੈ।ਇਸ ਮੌਕੇ ਉਨ੍ਹਾਂ ਨਾਲ ਵਿਧਾਇਕ ਮੋਗਾ ਡਾ. ਅਮਨਦੀਪ ਕੌਰ ਅਰੋੜਾ, ਵਿਧਾਇਕ ਨਿਹਾਲ ਸਿੰਘ ਵਾਲਾ ਮਨਜੀਤ ਸਿੰਘ ਬਿਲਾਸਪੁਰ, ਵਿਧਾਇਕ ਧਰਮਕੋਟ ਦਵਿੰਦਰਜੀਤ ਸਿੰਘ ਲਾਡੀ ਢੋਸ ਤੋਂ ਇਲਾਵਾ ਪਾਰਟੀ ਦੇ ਅਹੁਦੇਦਾਰ ਤੇ ਵਰਕਰ ਹਾਜ਼ਰ ਸਨ।

ਨਵ-ਨਿਯੁਕਤ ਮੇਅਰ ਵਿਨੈਪਾਲ ਕੌਰ ਨੇ ਕੌਂਸਲਰਾਂ ਤੇ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਪੂਰੀ ਇਮਾਨਦਾਰੀ ਤੇ ਸਮਰਪਣ ਨਾਲ ਕੰਮ ਕਰਨਗੇ ਅਤੇ ਮੋਗਾ ਨੂੰ ਇੱਕ ਸਾਫ਼-ਸੁਥਰਾ, ਸੁੰਦਰ ਤੇ ਵਿਕਸਤ ਸ਼ਹਿਰ ਬਣਾਉਣ ਲਈ ਹਰ ਸੰਭਵ ਯਤਨ ਕਰਨਗੇ।

# ਲਾਇਬ੍ਰੇਰੀਅਨ ਯੂਨੀਅਨ ਪੰਜਾਬ ਨੇ ਵਿਧਾਇਕਾ ਨੂੰ ਮੰਗ ਪੱਤਰ ਸੌਂਪਿਆ



ਤਲਵੰਡੀ ਸਾਬੋ (ਜਗਦੀਪ ਗਿੱਲ)-ਪਿਛਲੀ ਦਿਨੀਂ ਬੇਰੁਜ਼ਗਾਰ ਲਾਇਬ੍ਰੇਰੀਅਨ ਯੂਨੀਅਨ ਪੰਜਾਬ ਵੱਲੋਂ ਐੱਮ ਐੱਲ ਏ ਹਲਕਾ ਤਲਵੰਡੀ ਸਾਬੋ ਪ੍ਰੋਫੈਸਰ ਬਲਜਿੰਦਰ ਕੌਰ ਨੂੰ ਲਾਇਬ੍ਰੇਰੀਆਂ ਨਾਲ ਸਬੰਧਤ ਆਪਣੀਆਂ ਮੰਗਾਂ ਸੰਬੰਧੀ ਮੰਗ-ਪੱਤਰ ਸੌਂਪਿਆ ਗਿਆ।ਇਸ ਮੌਕੇ ਵਿਭਾਗ ਦੇ ਨੁਮਾਇੰਦਿਆਂ ਨੇ ਲਾਇਬ੍ਰੇਰੀਆਂ ਵਿੱਚ ਨਵੀਆਂ ਅਸਾਮੀਆਂ ਮੁਹੱਈਆ ਕਰਵਾਉਣ ਸਬੰਧੀ ਮੰਗਾਂ ਉਠਾਈਆਂ।ਵਿਧਾਇਕ ਬਲਜਿੰਦਰ ਕੌਰ ਨੇ ਮੰਗ ਪੱਤਰ ਲੈਂਦੇ ਹੋਏ ਨੁਮਾਇੰਦਿਆਂ ਦੀਆਂ ਮੰਗਾਂ ਨੂੰ ਧਿਆਨ ਨਾਲ ਸੁਣਿਆ ਵਿਸ਼ਵਾਸ ਜਤਾਇਆ ਤੇ ਭਰੋਸਾ ਦਿੱਤਾ ਕਿ ਇਹ ਮਸਲਾ ਸਰਕਾਰ ਦੇ ਧਿਆਨ ਵਿੱਚ ਜਲਦੀ ਹੀ ਲਿਆਂਦਾ ਜਾਵੇਗਾ ਤੇ ਯੋਗ ਕਾਰਵਾਈ ਲਈ ਸੰਬੰਧਤ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਜਾਵੇਗੀ।

ਉਨ੍ਹਾਂ ਕਿਹਾ ਕੇ ਇਹ ਮਸਲਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੱਕ ਵੀ ਪਹੁੰਚਾਵਾਂਗੀ ਤੇ ਬਹੁਤ ਹੀ ਘੱਟ ਸਮੇਂ ਦੇ ਵਿੱਚ ਤੁਹਾਡੀਆਂ ਜਿਹੜੀਆਂ ਮੰਗਾਂ ਨੇ ਇਨ੍ਹਾਂ ਨੂੰ ਪੂਰਾ ਕੀਤਾ ਜਾਊਗਾ। ਲਾਇਬ੍ਰੇਰੀ ਵਿਭਾਗ ਦੇ ਮੈਂਬਰਾਂ ਨੇ ਉਮੀਦ ਜਤਾਈ ਕਿ ਉਨ੍ਹਾਂ ਦੀਆਂ ਮੰਗਾਂ 'ਤੇ ਜਲਦ ਸਕਾਰਾਤਮਕ ਫ਼ੈਸਲਾ ਲਿਆ ਜਾਵੇਗਾ, ਜਿਸ ਨਾਲ ਪੰਜਾਬ ਦੀਆਂ ਲਾਇਬ੍ਰੇਰੀਆਂ ਤੇ ਪਾਠਕ ਵਰਗ ਨੂੰ ਵੱਡਾ ਲਾਭ ਮਿਲੇਗਾ।ਇਸ ਮੌਕੇ ਸੂਬਾ ਕਨਵੀਨਰ ਰਾਜ ਸਿੰਘ ਬਰਨਾਲਾ, ਸਹਾਇਕ ਸੂਬਾ ਕਨਵੀਨਰ ਭੁਪਿੰਦਰ ਸਿੰਘ ਪਟਿਆਲਾ, ਖਜ਼ਾਨਚੀ ਗਗਨਦੀਪ ਸਿੰਘ ਪਟਿਆਲਾ, ਜ਼ਿਲ੍ਹਾ ਕਨਵੀਨਰ ਰਿੰਕੂ ਸਿੰਘ ਮਾਨਸਾ, ਸ਼ੇਰ ਸਿੰਘ ਬਰਨਾਲਾ, ਜਗਵੀਰ ਸਿੰਘ ਸੰਗਰੂਰ, ਹਰਪ੍ਰੀਤ ਸਿੰਘ ਸੰਗਰੂਰ ਤੇ ਹੋਰ ਮੈਂਬਰ ਸ਼ਾਮਲ ਸਨ।

## ਕਾਤਰਾਂ

### ਭਗੌੜਾ ਗ੍ਰਿਫਤਾਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਫਿਰੋਜ਼ਪੁਰ ਵਿਖੇ ਕੇਂਦਰੀ ਜੇਲ੍ਹ 'ਚੋਂ ਇਕ ਕੈਦੀ ਪੈਰੋਲ 'ਤੇ ਗਿਆ ਸੀ ਜੋ ਵਾਪਸ ਜੇਲ੍ਹ ਨਾ ਆਉਣ 'ਤੇ ਭਗੌੜਾ ਹੋਏ ਨੂੰ ਥਾਣਾ ਸਦਰ ਫਿਰੋਜ਼ਪੁਰ ਪੁਲਿਸ ਨੇ ਗ੍ਰਿਫਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਪਰਮਜੀਤ ਸਿੰਘ ਨੇ ਦੱਸਿਆ ਕਿ ਕੈਦੀ ਗੁਰਚਰਨ ਸਿੰਘ ਨੂੰ 4 ਹਫਤੇ ਲਈ ਪੈਰੋਲ 'ਤੇ ਰਿਹਾਅ ਕੀਤਾ ਗਿਆ ਸੀ ਪਰ ਇਹ ਵਾਪਿਸ ਜੇਲ੍ਹ ਵਿਚ ਨਹੀਂ ਗਿਆ ਤੇ ਭਗੌੜਾ ਹੋ ਗਿਆ ਸੀ, ਜਿਸ ਨੂੰ ਮੁੜ ਕਾਬੂ ਕਰ ਲਿਆ ਗਿਆ ਹੈ।

### 5 ਤੋਂ 18 ਸਾਲ ਦੇ ਬੱਚਿਆਂ ਨੂੰ ਪਦਮ ਪੁਰਸਕਾਰ ਦੇਣ ਲਈ ਅਰਜ਼ੀਆਂ ਮੰਗੀਆਂ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਮਹਿਲਾ ਅਤੇ ਬਾਲ ਵਿਕਾਸ ਮੰਤਰਾਲਾ, ਭਾਰਤ ਸਰਕਾਰ ਅਤੇ ਕੇਂਦਰੀ ਗੋਦ ਲੈਣ ਸਰੋਤ ਅਥਾਰਟੀ ਵੱਲੋਂ ਗਣਤੰਤਰ ਦਿਵਸ, 2027 ਲਈ ਨਾਮਜ਼ਦਗੀਆਂ ਮੰਗੀਆਂ ਗਈਆਂ ਹਨ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਸਾਂਝੀ ਕੀਤੀ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 5 ਤੋਂ 18 ਸਾਲ ਦੀ ਉਮਰ ਦੇ ਯੋਗ ਬੱਚਿਆਂ ਦੀਆਂ ਨਾਮਜ਼ਦਗੀਆਂ ਰਾਸ਼ਟਰੀ ਪੁਰਸਕਾਰ ਪੋਰਟਲ ਰਾਹੀਂ ਆਨਲਾਈਨ ਭੇਜੀਆਂ ਜਾ ਸਕਦੀਆਂ ਹਨ। ਨਾਮਜ਼ਦਗੀਆਂ ਭੇਜਣ ਲਈ ਪੋਰਟਲ 15 ਜੂਨ 2026 ਤੱਕ ਖੁੱਲ੍ਹਾ ਰਹੇਗਾ।ਇਸ ਸਬੰਧੀ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ੍ਰੀ ਪੰਕਜ ਕੁਮਾਰ ਨੇ ਦੱਸਿਆ ਕਿ ਇਹ ਪੁਰਸਕਾਰ ਉਨ੍ਹਾਂ ਬੱਚਿਆਂ ਨੂੰ ਦਿੱਤਾ ਜਾਂਦਾ ਹੈ ਜਿੰਨ੍ਹਾਂ ਨੇ ਬਹਾਦਰੀ, ਸਮਾਜ ਸੇਵਾ, ਵਾਤਾਵਰਣ ਸੁਰੱਖਿਆ, ਖੇਡਾਂ, ਕਲਾ ਅਤੇ ਸਭਿਆਚਾਰ ਜਾਂ ਵਿਗਿਆਨ ਅਤੇ ਤਕਨਾਲੋਜੀ ਦੇ ਖੇਤਰ ਵਿੱਚ ਵਿਸ਼ੇਸ਼ ਉਪਲਬਧੀਆਂ ਹਾਸਲ ਕੀਤੀਆਂ ਹੋਣ।ਉਮੀਦਵਾਰਾਂ ਨੂੰ ਆਪਣੀਆਂ ਉਪਲਬਧੀਆਂ ਨਾਲ ਸੰਬੰਧਿਤ ਦਸਤਾਵੇਜ਼ ਅਤੇ ਪ੍ਰਮਾਣ ਪੱਤਰ ਅਪਲੋਡ ਕਰਨੇ ਹੋਣਗੇ।

### ਹੈਰੋਇਨ ਦਾ ਸੇਵਨ ਕਰਨ ਦੇ ਦੋਸ਼ 'ਚ ਗ੍ਰਿਫਤਾਰ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਨਸ਼ੇ ਦਾ ਸੇਵਨ ਕਰਨ ਦੇ ਦੋਸ਼ ਵਿਚ 1 ਵਿਅਕਤੀ ਨੂੰ ਕਾਬੂ ਕੀਤਾ ਹੈ। ਜਾਂਚ ਅਧਿਕਾਰੀ ਐਚ.ਸੀ. ਸੰਦੀਪ ਕੁਮਾਰ ਨੇ ਦੱਸਿਆ ਕਿ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਦਾਨਾ ਮੰਡੀ ਜਲਾਲਾਬਾਦ ਵਿਖੇ ਪੁੱਜੀ ਤਾਂ ਹਰਕ੍ਰਿਸ਼ਨ ਸਕੂਲ ਦੇ ਬੈਕਸਾਈਡ ਦਾਨਾ ਮੰਡੀ ਦੀ ਕੰਧ ਨਾਲ ਛੋਟੇ ਜਿਹੇ ਬਣੇ ਸ਼ੈਡ ਹੇਠਾਂ ਬੈਠਾ ਲਵ ਕੁਮਾਰ ਉਰਫ ਲਵਲੀ ਪੱਤਰ ਸੁੰਦਰ ਲਾਲ ਵਾਸੀ ਵਾਟਰ ਵਰਕਸ ਨੰ.4 ਦਸ਼ਮੇਸ਼ ਨਗਰ ਜਲਾਲਾਬਾਦ ਹੈਰੋਇਨ ਦਾ ਨਸ਼ਾ ਕਰ ਰਿਹਾ ਸੀ, ਜਿਸ ਨੂੰ ਪੁਲਸ ਨੇ ਮੌਕੇ ਤੋਂ ਇਕ ਸਿਲਵਰ ਪੰਨੀ, ਇਕ ਲਾਈਟਰ ਅਤੇ 10 ਰੁਪਏ ਦਾ ਭਾਰਤੀ ਕਰੰਸੀ ਨੋਟ ਸਮੇਤ ਕਾਬੂ ਕਰਨ ਉਪਰੰਤ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

### ਨਜਾਇਜ਼ ਸ਼ਰਾਬ ਸਣੇ ਕਾਬੂ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)
ਉਦਯੋਗਿਕ ਨਗਰੀ ਮੰਡੀ ਗੋਬਿੰਦਗੜ੍ਹ ਵਿਖੇ ਪੁਲਸ ਵੱਲੋਂ ਇੱਕ ਵਿਅਕਤੀ ਨੂੰ ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਮੰਡੀ ਗੋਬਿੰਦਗੜ੍ਹ ਪੁਲਸ ਨੂੰ ਮੁਖ਼ਬਰੀ ਮਿਲੀ ਸੀ ਕਿ ਰਾਧਾ ਸਵਾਮੀ ਸਤਿਸੰਗ ਘਰ ਨੇੜੇ ਇੱਕ ਡੰਗਰਾਂ ਵਾਲੇ ਵਾੜੇ ਵਿੱਚ ਵਿਕਾਸ ਕੁਮਾਰ ਨਾਮਕ ਵਿਅਕਤੀ ਸ਼ਰਾਬ ਵੇਚ ਰਿਹਾ ਹੈ, ਜਿਸ 'ਤੇ ਸਹਾਇਕ ਥਾਣੇਦਾਰ ਜਗਰੂਪ ਸਿੰਘ ਦੀ ਅਗਵਾਈ ਵਾਲੀ ਪੁਲਸ ਪਾਰਟੀ ਵੱਲੋਂ ਮੌਕੇ 'ਤੇ ਛਾਪੇਮਾਰੀ ਕਰਦਿਆਂ ਵਿਕਾਸ ਕੁਮਾਰ ਨੂੰ ਰੋਇਲ ਸਟੈਗ ਸ਼ਰਾਬ ਦੀਆਂ 112 ਬੋਤਲਾਂ ਸਣੇ ਕਾਬੂ ਕੀਤਾ।ਇਸ ਸਬੰਧੀ ਥਾਣਾ ਮੰਡੀ ਗੋਬਿੰਦਗੜ੍ਹ ਵਿਖੇ ਅ/ਧ 61 ਆਬਕਾਰੀ ਐਕਟ ਤਹਿਤ ਦਰਜ ਕੀਤੇ ਗਏ ਮਾਮਲੇ ਵਿੱਚ ਵਿਕਾਸ ਕੁਮਾਰ ਨੂੰ ਗ੍ਰਿਫਤਾਰ ਕਰਕੇ ਸਹਾਇਕ ਥਾਣੇਦਾਰ ਜਗਰੂਪ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

# ਪ੍ਰੇਮ ਸੰਬੰਧਾਂ ਦੇ ਚਲਦੇ ਨੌਜਵਾਨ ਦਾ ਕਤਲ



ਪੁਲਸ ਗ੍ਰਿਫਤ 'ਚ ਮੁਲਜ਼ਮ।

ਸਿਰਸਾ (ਸੁਰਿੰਦਰ ਪਾਲ ਸਿੰਘ)-ਸਿਰਸਾ ਦੇ 22 ਸਾਲਾ ਨੌਜਵਾਨ ਸੰਦੀਪ ਕੁਮਾਰ ਨੂੰ ਚਾਕੂ ਮਾਰ ਕੇ ਕਤਲ ਕਰਨ ਦੇ ਮਾਮਲੇ ਵਿੱਚ ਵਟਸਐਪ ਚੈਟਾਂ ਵਿੱਚ ਸੰਦੀਪ ਤੇ ਲੜਕੀ ਵਿਚਕਾਰ ਹੋਈ ਗੱਲਬਾਤ ਦਾ ਖੁਲਾਸਾ ਹੋਇਆ ਹੈ, ਜਿਸ ਵਿੱਚ ਉਹ ਨਵਾਂ ਫ਼ੋਨ ਖ਼ੀਦਣ ਤੇ ਤੋਹਫ਼ੇ ਲੈਣ ਬਾਰੇ ਚਰਚਾ ਕਰਦੇ ਹਨ। ਸੰਦੀਪ ਕੁਝ ਦਿਨਾਂ ਬਾਅਦ ਉਸ ਨੂੰ ਕ੍ਰੈਡਿਟ 'ਤੇ ਤੋਹਫ਼ਾ ਦੇਣ ਦਾ ਵਾਅਦਾ ਕਰਦਾ ਹੈ ਅਤੇ ਲੜਕੀ ਸੰਦੀਪ ਨੂੰ ਪੈਸੇ ਜਮ੍ਹਾਂ ਕਰਵਾਉਣ ਲਈ ਕਹਿੰਦੀ ਹੈ ਅਤੇ ਇੱਕ ਕੋਡ ਸਕੈਨਰ ਭੇਜਦੀ ਹੈ। ਉਹ ਪੰਜ ਤੋਂ ਦਸ ਮਿੰਟ ਗੱਲ ਕਰਦੇ ਹਨ ਅਤੇ ਮਿਲਣ ਆਉਣ ਦਾ ਵੀ ਜ਼ਿਕਰ ਹੈ। ਪੁਲਸ ਦੀ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਸੰਦੀਪ ਕਾਫ਼ੀ ਸਮੇਂ ਤੋਂ ਲੜਕੀ ਨਾਲ ਸੰਪਰਕ ਵਿੱਚ ਸੀ ਤਾਂ ਲੜਕੀ ਦੇ ਪਰਿਵਾਰ ਨੂੰ ਇਸ ਬਾਰੇ ਪਤਾ ਲੱਗ ਗਿਆ। ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਨੇ ਪੁਲਸ ਨੂੰ ਦੱਸਿਆ ਕਿ ਸੰਦੀਪ ਉਨ੍ਹਾਂ ਦੀ ਭੈਣ ਨਾਲ ਫ਼ੋਨ 'ਤੇ ਗੱਲ ਕਰਦਾ ਸੀ। ਉਨ੍ਹਾਂ ਦੀ ਭੈਣ ਵਿਆਹੀ ਸੀ, ਜਦੋਂ ਰਿਸ਼ਤੇਦਾਰਾਂ ਨੂੰ ਸੰਦੀਪ ਬਾਰੇ ਪਤਾ ਲੱਗ ਗਿਆ ਅਤੇ ਉਨ੍ਹਾਂ ਨੇ ਰਿਸ਼ਤਾ ਤੋੜ ਦਿੱਤਾ। ਰਿਸ਼ਤਾ ਟੁੱਟਣ ਤੋਂ ਗੁੱਸੇ ਵਿੱਚ ਆ ਕੇ ਉਨ੍ਹਾਂ ਨੇ ਸੰਦੀਪ ਨੂੰ ਮਾਰਨ ਦੀ ਯੋਜਨਾ ਬਣਾਈ ਤੇ ਉਸ ਨੂੰ ਦੁਰਗਾ ਮਾਤਾ ਮੰਦਰ ਚੌਕ ਦੇ ਨੇੜੇ ਇਕੱਲਾ ਦੇਖ ਕੇ ਉਸ ਦੀ ਹੱਤਿਆ ਕਰ ਦਿੱਤੀ। ਪੁਲਸ ਨੇ ਕਤਲ ਦੇ ਮੁਲਜ਼ਮ ਕਾਕੂ ਤੇ ਜਤਿਨ ਨੂੰ ਗ੍ਰਿਫ਼ਤਾਰ ਕਰ ਲਿਆ। ਪੁਲਸ ਅਫਸਰ ਬਲਰਾਜ ਸਿੰਘ ਦਾ ਕਹਿਣਾ ਹੈ ਕਿ ਦੋਵਾਂ ਨੂੰ ਪੁਲਸ ਰਿਮਾਂਡ 'ਤੇ ਲੈ ਲਿਆ ਗਿਆ ਹੈ। ਕਤਲ ਨਾਲ ਸਬੰਧਤ ਸਬੂਤ ਇਕੱਠੇ ਕਰਕੇ ਜਾਂਚ ਦੇ ਆਧਾਰ 'ਤੇ ਕਾਰਵਾਈ ਕੀਤੀ ਜਾ ਰਹੀ ਹੈ।

# ਫ਼ਤਿਹ ਪ੍ਰੈੱਸ ਕਲੱਬ ਜਲਾਲਾਬਾਦ ਦਾ ਧੂਮਧਾਮ ਨਾਲ ਆਗਾਜ਼

## ਬਲਵਿੰਦਰ ਸਿੰਘ ਸਰਬਸੰਮਤੀ ਨਾਲ ਚੁਣੇ ਗਏ ਪ੍ਰਧਾਨ



ਜਲਾਲਾਬਾਦ (ਜੀਤ ਕੁਮਾਰ, ਜੰਗੀਰ ਕੌਰ)-ਇਲਾਕੇ ਦੇ ਪੱਤਰਕਾਰ ਭਾਈਚਾਰੇ ਲਈ ਇੱਕ ਅਹਿਮ ਦਿਨ ਉਸ ਸਮੇਂ ਬਣਿਆ, ਜਦੋਂ ਬੀਤੇ ਦਿਨ 10 ਜੂਨ ਨੂੰ ਫ਼ਤਿਹ ਪ੍ਰੈੱਸ ਕਲੱਬ ਜਲਾਲਾਬਾਦ (ਰਜਿ.) ਦਾ ਧੂਮਧਾਮ ਤੇ ਸ਼ਰਧਾ ਭਾਵਨਾ ਨਾਲ ਆਗਾਜ਼ ਕੀਤਾ ਗਿਆ।ਇਸ ਮੌਕੇ ਵੱਖ-ਵੱਖ ਸਮਾਜਿਕ, ਧਾਰਮਿਕ ਤੇ ਪੱਤਰਕਾਰੀ ਖੇਤਰ ਨਾਲ ਜੁੜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕਰਦਿਆਂ ਨਵੀਂ ਬਣੀ ਸੰਸਥਾ ਦੀ ਚੜ੍ਹਦੀ ਕਲਾਂ ਤੇ ਤਰੱਕੀ ਲਈ ਸ਼ੁੱਭ-ਕਾਮਨਾਵਾਂ ਭੇਟ ਕੀਤੀਆਂ।ਸਮਾਗਮ ਦਾ ਸ਼ੁਭ ਆਗਾਜ਼ ਸਮਾਜ ਸੇਵੀ ਤੇ ਸੀਨੀਅਰ ਪੱਤਰਕਾਰ ਐਡਵੋਕੇਟ ਪਰਮਜੀਤ ਢਾਬਾਂ, ਵਪਾਰ ਮੰਡਲ ਦੇ ਪ੍ਰਧਾਨ ਬੱਬੂ ਡੋਡਾ, ਦਸਮੇਸ਼ ਸੇਵਾ ਸੁਸਾਇਟੀ ਦੇ ਆਗੂ ਰਿੰਕੂ ਖਾਲਸਾ, ਮਨੁੱਖਤਾ ਦੀ ਸੇਵਾ 'ਸਰਬੱਤ ਦਾ ਭਲਾ' ਨਾਲ ਸਬੰਧਤ ਡਾ. ਸਤਨਾਮ ਸਿੰਘ ਥਿੰਦ, ਪੰਜਾਬ ਕਿਸਾਨ ਯੂਨੀਅਨ ਸਭਾ ਦੇ ਸੂਬਾ ਪ੍ਰਧਾਨ ਤੇ ਸਮਾਜ ਸੇਵੀ ਅਸ਼ੋਕ ਕੰਬੋਜ, ਸਮਾਜ ਸੇਵੀ ਰੋਹਿਤ ਚੱਕਤੀ, ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਪ੍ਰਧਾਨ ਕੁਲਦੀਪ ਬਰਾੜ, ਠੇਠ ਪੰਜਾਬੀ ਟੀਵੀ ਦੇ ਚੀਫ ਐਡੀਟਰ ਹਰਪ੍ਰੀਤ ਮਹਿਮੀ, ਸਮਾਜ ਸੇਵੀ ਰਮਨ ਵਾਟਸ ਤੇ ਸੁਖਪ੍ਰੀਤ ਅਰੋੜਾ ਸਮੇਤ ਹੋਰ ਪਤਵੰਤੇ ਸੱਜਣਾਂ ਵੱਲੋਂ ਕੀਤਾ ਗਿਆ।ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਪੱਤਰਕਾਰਤਾ ਲੋਕਤੰਤਰ ਦਾ ਚੌਥਾ ਥੰਮ੍ਹ ਹੈ ਤੇ ਸਮਾਜ ਵਿੱਚ ਸੱਚਾਈ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਪੱਤਰਕਾਰਾਂ ਦੀ ਭੂਮਿਕਾ ਬੇਹੱਦ ਅਹਿਮ ਹੈ।ਉਨ੍ਹਾਂ ਆਸ ਪ੍ਰਗਟਾਈ ਕਿ ਫਤਿਹ ਪ੍ਰੈੱਸ ਕਲੱਬ ਜਲਾਲਾਬਾਦ (ਰਜਿ.) ਪੱਤਰਕਾਰ ਭਾਈਚਾਰੇ ਦੀ ਏਕਤਾ ਨੂੰ ਹੋਰ ਮਜ਼ਬੂਤ ਕਰਨ ਦੇ ਨਾਲ-ਨਾਲ ਸਮਾਜਿਕ ਸਰੋਕਾਰਾਂ ਨਾਲ ਜੁੜੇ ਮੁੱਦਿਆਂ ਨੂੰ ਵੀ ਪ੍ਰਭਾਵਸ਼ਾਲੀ ਢੰਗ ਨਾਲ ਉਭਾਰੇਗਾ।ਇਸ ਦੌਰਾਨ ਹੋਈ ਮੀਟਿੰਗ ਵਿੱਚ ਸਰਬਸੰਮਤੀ ਨਾਲ ਬਲਵਿੰਦਰ ਸਿੰਘ ਨੂੰ ਫ਼ਤਿਹ ਪ੍ਰੈੱਸ ਕਲੱਬ ਜਲਾਲਾਬਾਦ (ਰਜਿ.) ਦਾ ਪ੍ਰਧਾਨ ਚੁਣਿਆ ਗਿਆ।ਨਵ-ਨਿਯੁਕਤ ਪ੍ਰਧਾਨ ਬਲਵਿੰਦਰ ਸਿੰਘ ਨੇ ਸਮੂਹ ਮੈਂਬਰਾਂ ਤੇ ਪਤਵੰਤੇ ਸੱਜਣਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪੱਤਰਕਾਰ ਭਾਈਚਾਰੇ ਦੀ ਭਲਾਈ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਨੂੰ ਪ੍ਰਫੁੱਲਤ ਕਰਨ ਅਤੇ ਸਮਾਜਿਕ ਹਿੱਤਾਂ ਦੀ ਰਾਖੀ ਲਈ ਹਮੇਸ਼ਾ ਵਚਨਬੱਧ ਰਹਿਣਗੇ।ਉਨ੍ਹਾਂ ਕਲੱਬ ਦੀ ਕਾਰਜਕਾਰਨੀ ਦਾ ਵਿਸਥਾਰ ਕਰਦਿਆਂ ਵੱਖ-ਵੱਖ ਅਹੁਦਿਆਂ ਦੀਆਂ ਜ਼ਿੰਮੇਵਾਰੀਆਂ ਵੀ ਸੌਂਪੀਆਂ।ਇਸ ਅਨੁਸਾਰ ਗਗਨ ਵਾਟਸ ਨੂੰ ਉਪ ਪ੍ਰਧਾਨ, ਬਲਜੀਤ ਸਿੰਘ ਮੱਲ੍ਹੀ ਨੂੰ ਸਰਪ੍ਰਸਤ, ਬਿੱਟੂ ਦਰੋਗਾ ਨੂੰ ਜਨਰਲ ਸਕੱਤਰ, ਚਿਮਨ ਸਿੰਘ ਚਿੰਮੂ ਨੂੰ ਮੁੱਖ ਸਲਾਹਕਾਰ, ਮੇਹਰ ਸਿੰਘ ਹੱਡੀਵਾਲੀਆ ਨੂੰ ਪੀ.ਆਰ.ਓ., ਸੰਦੀਪ ਸੋਨੂ ਮੰਤ ਨੂੰ ਖਜ਼ਾਨਚੀ, ਗੁਰਚਰਨ ਸਿੰਘ ਸੰਧੂ ਨੂੰ ਮੀਡੀਆ ਸਲਾਹਕਾਰ ਅਤੇ ਦੀਪਕ ਮਿੱਡਾ ਤੇ ਜਗਦੀਪ ਬਹਿਲ ਨੂੰ ਸਕੱਤਰ ਦੀ ਜ਼ਿੰਮੇਵਾਰੀ ਸੌਂਪੀ ਗਈ।ਇਸ ਮੌਕੇ ਫਤਿਹ ਪ੍ਰੈੱਸ ਕਲੱਬ ਵੱਲੋਂ ਸਮਾਜਿਕ, ਧਾਰਮਿਕ ਅਤੇ ਪੱਤਰਕਾਰੀ ਖੇਤਰ ਵਿੱਚ ਵਿਸ਼ੇਸ਼ ਯੋਗਦਾਨ ਪਾਉਣ ਵਾਲੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਨਮਾਨਤ ਵੀ ਕੀਤਾ ਗਿਆ।

# ਪੰਜਾਬ ਸਰਕਾਰ ਦੀ ਅਰਥੀ ਫੂਕ ਕੇ ਕੀਤਾ ਰੋਸ ਪ੍ਰਦਰਸ਼ਨ



ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)
ਕੱਚੇ ਮੁਲਾਜਮਾਂ ਨੂੰ ਪੱਕੇ ਕਰਨ ਵਾਲੀ ਪੰਜਾਬ ਸਰਕਾਰ ਦੀ ਕੈਬਨਿਟ-ਸਬ-ਕਮੇਟੀ ਦੇ ਚੇਅਰਮੈਨ-ਕਮ-ਵਿੱਤ ਮੰਤਰੀ ਵੱਲੋਂ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੇ ਨਾਲ 11 ਜੂਨ ਦੀ ਮੀਟਿੰਗ ਨੂੰ ਕੈਂਸਲ ਕਰਨ ਦੇ ਰੋਸ ਵਜੋਂ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ 'ਚ ਠੇਕਾ ਪ੍ਰਣਾਲੀ ਦਾ ਸੰਤਾਪ ਭੋਗ ਰਹੇ ਇਨਲਿਸਟਮੈਂਟ/ਆਊਟਸੋਰਸ ਵਰਕਰਾਂ ਵੱਲੋਂ ਹੈਡ ਆਫਿਸ ਪਟਿਆਲਾ ਅੱਗੇ ਲਗਾਤਾਰ ਚੱਲ ਰਹੇ ਪੱਕੇ ਮੋਰਚੇ ਦੇ ਦੌਰਾਨ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ ਅਤੇ ਜੰਮ ਕੇ ਨਾਅਰੇਬਾਜੀ ਕੀਤੀ ਗਈ। ਅੱਜ ਸਾਰੇ ਪੰਜਾਬ ਵਿਚ ਤਹਿਸੀਲ ਅਤੇ ਜਿਲ੍ਹਾ ਪੱਧਰ 'ਤੇ ਪੰਜਾਬ ਸਰਕਾਰ ਦੇ ਖਿਲਾਫ ਅਰਥੀ ਫੂਕ ਪ੍ਰਦਰਸ਼ਨ ਕੀਤੇ ਗਏ। ਇਥੇ ਜਲ ਸਪਲਾਈ ਅਤੇ ਸੈਨੀਟੇਸ਼ਨ ਸਬ ਡਵੀਜਨ ਦਫਤਰ ਗੁੰਮਾਨੀਵਾਲਾ (ਪਾਣੀ ਵਾਲੀ ਟੰਕੀ) ਵਿਖੇ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ ਹੈ।

ਇਸ ਸਬੰਧੀ ਪ੍ਰੈਸ ਬਿਆਨ ਜਾਰੀ ਕਰਦਿਆਂ ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਵਾਲਾ, ਜਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਆਲਮਕੇ, ਦਫਤਰੀ ਸਟਾਫ ਸਬ ਕਮੇਟੀ ਦੇ ਜੱਥੇਬੰਦਕ ਸਕੱਤਰ ਸੁਖਚੈਨ ਸਿੰਘ ਸੋਢੀ ਨੇ ਦੱਸਿਆ ਕਿ ਕੈਬਨਿਟ-ਸਬ-ਕਮੇਟੀ ਦੇ ਚੇਅਰਮੈਨ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਯੂਨੀਅਨ ਦੇ ਨਾਲ ਮੰਗ-ਮਸਲਿਆਂ ਦਾ ਹੱਲ ਕਰਨ ਲਈ 11 ਜੂਨ ਨੂੰ ਮੀਟਿੰਗ ਚੰਡੀਗੜ੍ਹ ਵਿਖੇ ਤੈਅ ਹੋਈ ਸੀ ਪਰ ਇਹ ਮੀਟਿੰਗ ਕੈਂਸਲ ਕਰ ਦਿੱਤੀ ਗਈ ਹੈ, ਜਿਸ ਕਾਰਨ ਵਰਕਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।

# ਨਗਰ ਨਿਗਮ ਨੇ 62 ਦਿਨਾਂ 'ਚ 7500 ਟਨ ਗੋਹਾ ਬੁੱਢੇ ਦਰਿਆ 'ਚ ਪੈਣ ਤੋਂ ਰੋਕਿਆ : ਸੀਚੇਵਾਲ

## ਡੇਅਰੀਆਂ 'ਚੋਂ ਗੋਹਾ ਚੁੱਕਣ ਲਈ ਖਰਚ ਰਹੀ ਹੈ ਪੰਜਾਬ ਸਰਕਾਰ 22 ਕਰੋੜ



ਲੁਧਿਆਣਾ (ਰੈਕਟਰ ਕਥੂਰੀਆ)-ਰਾਜ ਸਭਾ ਮੈਂਬਰ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਬੁੱਢੇ ਦਰਿਆ ਦੀ ਸਫ਼ਾਈ ਮੁਹਿੰਮ ਬਾਰੇ 38ਵੀਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਬੁੱਢੇ ਦਰਿਆ ਦੇ ਪਾਣੀਆਂ ਵਿੱਚ ਹੋਏ ਵੱਡੇ ਸੁਧਾਰਾਂ ਲਈ ਸਮੁੱਚੇ ਅਧਿਕਾਰੀਆਂ ਨੇ ਇੱਕ ਟੀਮ ਦੇ ਰੂਪ ਵਿੱਚ ਕੰਮ ਕੀਤਾ ਹੈ, ਜਿਸ ਦੇ ਹਾਂ-ਪੱਖੀ ਨਤੀਜੇ ਆ ਰਹੇ ਹਨ।ਸੰਤ ਸੀਚੇਵਾਲ ਨੇ ਕਿਹਾ ਕਿ ਜਿਹੜੇ ਅਧਿਕਾਰੀ ਬੁੱਢੇ ਦਰਿਆ ਦੀ ਸਫ਼ਾਈ ਵਿੱਚ ਹਾਂ-ਪੱਖੀ ਭੂਮਿਕਾ ਨਿਭਾਅ ਰਹੇ ਹਨ, ਉਨ੍ਹਾਂ ਦਾ ਕੋਟਿਨ ਕੋਟ ਧੰਨਵਾਦ ਤੇ ਜਿਹੜੇ ਲਾਪ੍ਰਵਾਹੀ ਕਰਨਗੇ ਉਨ੍ਹਾਂ ਵਿਰੁੱਧ ਸਖ਼ਤੀ ਨਾਲ ਪੇਸ਼ ਆਇਆ ਜਾਵੇਗਾ।ਮੀਟਿੰਗ ਵਿੱਚ ਏ.ਡੀ.ਸੀ ਅਮਿਤ ਬੈਂਬੀ, ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਅਮਨਪ੍ਰੀਤ ਸਿੰਘ ਸਮੇਤ ਪੁਲਸ, ਪੰਜਾਬ ਜਲ ਸਪਲਾਈ ਤੇ ਸੀਵਰੇਜ ਬੋਰਡ, ਪੀਪੀਸੀਬੀ, ਗੋਬਰ ਚੁੱਕਣ ਲਈ ਰੱਖੇ ਠੇਕੇਦਾਰ ਸਮੇਤ ਦੇ ਹੋਰ ਸੀਨੀਅਰ ਅਧਿਕਾਰੀ ਹਾਜ਼ਰ ਸਨ।ਨਗਰ ਨਿਗਮ ਦੇ ਅਧਿਕਾਰੀਆਂ ਵੱਲੋਂ ਤਾਜ਼ਪੁਰ ਵਿੱਚੋਂ 12 ਅਪ੍ਰੈਲ ਤੋਂ 8 ਜੂਨ ਤੱਕ 3500 ਟਨ ਤੇ ਹੈਬੋਵਾਲ ਦੀਆਂ ਡੇਅਰੀਆਂ ਵਿੱਚੋਂ 16 ਅਪ੍ਰੈਲ ਤੋਂ ਲੈਕੇ 8 ਜੂਨ ਤੱਕ 2500 ਟਨ ਗੋਹਾ ਚੁੱਕਿਆ ਹੈ।ਇਸ ਤੋਂ ਇਲਾਵਾ ਇਸੇ ਸਮੇਂ ਦੌਰਾਨ ਨਗਰ ਨਿਗਮ ਨੇ 1000 ਟਨ ਗੋਹਾ ਚੁੱਕਿਆ ਹੈ।ਸੰਤ ਸੀਚੇਵਾਲ ਨੇ ਦੱਸਿਆ ਕਿ ਮੀਟਿੰਗ ਦੌਰਾਨ ਅਧਿਕਾਰੀਆਂ ਨੇ ਦੱਸਿਆ ਕਿ ਇਨ੍ਹਾਂ 62 ਦਿਨਾਂ ਵਿੱਚ ਤਾਜਪੁਰ ਤੇ ਹੈਬੋਵਾਲ ਦੀਆਂ ਡੇਅਰੀਆਂ ਵਿੱਚੋਂ 7500 ਟਨ ਗੋਹਾ ਚੁੱਕਿਆ ਗਿਆ ਹੈ, ਭਾਵ ਕਿ ਜੇ ਹਰ ਟਿੱਪਰ ਵਿੱਚ 12 ਟਨ ਗੋਹਾ ਭਰਿਆ ਜਾਂਦਾ ਤਾਂ 625 ਟਿੱਪਰ ਗੋਹੇ ਦੇ ਬੁੱਢੇ ਦਰਿਆ ਵਿੱਚ ਪੈਣ ਤੋਂ ਰੋਕੇ ਗਏ ਹਨ।ਸੰਤ ਸੀਚੇਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਕਿਹਾ ਕਿ ਪੰਜਾਬ ਸਰਕਾਰ ਨੇ 22 ਕਰੋੜ ਦਾ ਠੇਕਾ ਗੋਹਾ ਚੁੱਕਣ ਲਈ ਦਿੱਤਾ ਹੋਇਆ ਹੈ।ਦੋਹਾਂ ਡੇਅਰੀ ਕੰਪਲੈਕਸਾਂ ਵਿੱਚ ਸੀ.ਬੀ.ਜੀ. ਪਲਾਂਟ ਲਾ ਕੇ ਦਿੱਤੇ ਹੋਏ ਹਨ, ਜੋ ਗੋਹਾ ਚੁੱਕਣ ਦੇ ਡੇਅਰੀ ਵਾਲਿਆਂ ਨੂੰ ਪੈਸੇ ਦਿੰਦੇ ਹਨ।ਜੁਆਇੰਟ ਕਮਿਸ਼ਨਰ ਅਮਨਪ੍ਰੀਤ ਸਿੰਘ ਨੇ ਦੱਸਿਆ ਕਿ ਡੇਅਰੀ ਵਾਲਿਆਂ ਨੂੰ ਪਾਣੀ ਦੀ ਖੱਪਤ ਮਾਪਣ ਲਈ ਫਲੋਅ ਮੀਟਰ ਲਗਾਉਣ ਲਈ ਕਈ ਵਾਰ ਅਪੀਲ ਕੀਤੀ ਗਈ, ਪਰ ਉਨ੍ਹਾਂ ਨੇ ਨਹੀਂ ਮੰਨੀ।ਇਸੇ ਤਰ੍ਹਾਂ ਡੇਅਰੀਆਂ 'ਤੇ ਪਾਣੀ ਦੀਆਂ ਟੈਂਕੀਆਂ ਰੱਖਣ ਦੀ ਬੇਨਤੀ ਕੀਤੀ ਗਈ ਤਾਂ ਜੋ ਗਿਲਾਸ ਭਰਨ ਲਈ ਵੀ ਮੋਟਰ ਨਾ ਚਲਾਉਣੀ ਪਵੇ।ਡੇਅਰੀਆਂ 'ਤੇ ਟੈਂਕੀਆਂ ਰੱਖਣ ਦੀ ਗੱਲ ਨਹੀਂ ਮੰਨੀ ਗਈ।ਪੀਣ ਵਾਲੇ ਪਾਣੀ ਦੇ ਸੰਕਟ ਹੋਣ ਦੇ ਬਾਵਜ਼ੂਦ ਗੋਹਾ ਚੁੱਕਣ ਦੇ ਕੀਤੇ ਗਏ ਪ੍ਰਬੰਧਾਂ ਨੂੰ ਦਰ ਕਿਨਾਰ ਕਰਕੇ ਕੁਝ ਡੇਅਰੀਆਂ ਵਾਲੇ ਸਾਫ਼ ਪਾਣੀ ਨੂੰ ਗੋਹਾ ਰੋੜਣ ਲਈ ਵਰਤ ਰਹੇ ਹਨ ਅਤੇ ਇਹ ਗੋਹਾ ਤੇ ਪਸ਼ੂਆਂ ਦਾ ਮੂਤਰਾਲ ਬੁੱਢੇ ਦਰਿਆ ਵਿੱਚ ਪਾ ਰਹੇ ਹਨ।ਸੰਤ ਸੀਚੇਵਾਲ ਨੇ ਕਿਹਾ ਕਿ ਰਾਜਸਥਾਨ ਤੇ ਮਾਲਵੇ ਦੇ ਲੋਕ ਸਤਲੁਜ ਦਰਿਆ ਦੇ ਇਸੇ ਪਾਣੀ ਨੂੰ ਪੀਣ ਲਈ ਮਜਬੂਰ ਹਨ।

# ਸੜਕ ਹਾਦਸੇ 'ਚ ਟਰੈਕਟਰ ਸਵਾਰ ਦੀ ਮੌਤ

ਰਾਏਕੋਟ (ਸੰਤੋਖ ਗਿੱਲ)-ਲੰਘੀ ਰਾਤ ਲੁਧਿਆਣਾ-ਬਠਿੰਡਾ ਰਾਜ ਮਾਰਗ 'ਤੇ ਜਲਾਲਦੀਵਾਲ ਸੰਪਰਕ ਸੜਕ ਨੇੜੇ ਕਿਸੇ ਅਗਿਆਤ ਗੱਡੀ ਦੀ ਟਰੈਕਟਰ ਨਾਲ ਭਿਆਨਕ ਟੱਕਰ ਕਾਰਨ ਟਰੈਕਟਰ ਸਵਾਰ ਵਿਅਕਤੀ ਦੀ ਮੌਤ ਹੋ ਗਈ, ਜਦਕਿ ਟਰੈਕਟਰ ਡਰਾਈਵਰ ਗੰਭੀਰ ਜ਼ਖ਼ਮੀ ਹੋ ਗਿਆ ਹੈ।ਪੁਲਸ ਥਾਣਾ ਰਾਏਕੋਟ (ਸ਼ਹਿਰੀ) ਦੇ ਜਾਂਚ ਅਫ਼ਸਰ ਅਨੁਸਾਰ ਲੰਘੀ ਰਾਤ ਕਰੀਬ 12 ਵਜੇ ਚਾਰ-ਪੰਜ ਟਰੈਕਟਰ ਮੁੱਲਾਂਪੁਰ ਵੱਲੋਂ ਪਸ਼ੂਆਂ ਦੇ ਚਾਰੇ ਦਾ ਅਚਾਰ ਪਾ ਕੇ ਆ ਵਾਪਸ ਘਰਾਂ ਨੂੰ ਜਾ ਰਹੇ ਸਨ।ਮ੍ਰਿਤਕ ਦੀ ਪਹਿਚਾਣ ਗੁਰਤੇਜ ਸਿੰਘ ਪੁੱਤਰ ਮੁਕੰਦ ਸਿੰਘ ਵਾਸੀ ਪਿੰਡ ਅਕਲੀਆ, ਜ਼ਿਲ੍ਹਾ ਮਾਨਸਾ ਦੇ ਰੂਪ ਵਿੱਚ ਹੋਈ ਹੈ।ਪੁਲਸ ਨੇ ਕਾਨੂੰਨੀ ਕਾਰਵਾਈ ਅਰੰਭ ਦਿੱਤੀ ਹੈ।ਟਰੈਕਟਰ ਦਾ ਡਰਾਈਵਰ ਨਵਦੀਪ ਸਿੰਘ ਪੁੱਤਰ ਗੁਰਚਰਨ ਸਿੰਘ ਵਾਸੀ ਅਕਲੀਆ ਆਪਣੇ ਹੋਰ ਸਾਥੀਆਂ ਸਮੇਤ ਘਰ ਵਾਪਸ ਜਾ ਰਹੇ ਸਨ।ਰਾਜ ਮਾਰਗ ਉੱਪਰ ਜਲਾਲਦੀਵਾਲ ਸੰਪਰਕ ਸੜਕ ਨੇੜੇ ਹਾਦਸੇ ਦਾ ਸ਼ਿਕਾਰ ਹੋ ਗਏ।ਗੰਭੀਰ ਜ਼ਖ਼ਮੀ ਨਵਦੀਪ ਸਿੰਘ ਨੂੰ ਸਿਵਲ ਹਸਪਤਾਲ ਰਾਏਕੋਟ ਵਿੱਚ ਇਲਾਜ ਲਈ ਲਿਜਾਇਆ ਗਿਆ।ਥਾਣਾ ਰਾਏਕੋਟ (ਸ਼ਹਿਰੀ) ਦੇ ਜਾਂਚ ਅਫ਼ਸਰ ਥਾਣੇਦਾਰ ਸੁਖਵਿੰਦਰ ਸਿੰਘ ਨੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ।ਉਨ੍ਹਾਂ ਦੱਸਿਆ ਕਿ ਅਗਿਆਤ ਗੱਡੀ ਦੇ ਡਰਾਈਵਰ ਦੀ ਭਾਲ ਜਾਰੀ ਹੈ।

# ਡਰੇਨ ਦੇ ਕੰਢੇ ਦਰੱਖਤ ਨਾਲ ਲਟਕਦੀ ਨੌਜਵਾਨ ਦੀ ਲਾਸ਼ ਮਿਲੀ

ਰਾਏਕੋਟ (ਸੰਤੋਖ ਗਿੱਲ)-ਥਾਣਾ ਸੁਧਾਰ ਅਧੀਨ ਪਿੰਡ ਬੋਪਾਰਾਏ ਕਲਾਂ ਤੋਂ ਰਕਬਾ ਦਰਮਿਆਨ ਡਰੇਨ ਉਪਰ ਭੇਦਭਰੀ ਹਾਲਤ ਵਿੱਚ ਇਕ ਦਰੱਖਤ ਨਾਲ ਲਟਕਦੀ ਨੌਜਵਾਨ ਦੀ ਲਾਸ਼ ਮਿਲੀ ਹੈ।

ਸੂਚਨਾ ਮਿਲਣ 'ਤੇ ਸੁਧਾਰ ਪੁਲਸ ਨੇ ਮੌਕੇ 'ਤੇ ਜਾ ਕੇ ਪੰਚਨਾਮਾ ਕਰਨ ਉਪਰੰਤ ਲਾਸ਼ ਕਬਜ਼ੇ ਵਿੱਚ ਲੈ ਕੇ ਪਹਿਚਾਣ ਲਈ ਅਗਲੇ 72 ਘੰਟੇ ਵਾਸਤੇ ਸਰਕਾਰੀ ਹਸਪਤਾਲ ਸੁਧਾਰ ਵਿੱਚ ਰਖਵਾ ਦਿੱਤੀ ਹੈ।ਮੌਕੇ 'ਤੇ ਪ੍ਰਾਪਤ ਜਾਣਕਾਰੀ ਅਨੁਸਾਰ ਕਾਲੇ ਰੰਗ ਦਾ ਮੋਟਰਸਾਈਕਲ ਨੰਬਰ ਪੀਬੀ 03 ਟੀ 8704 ਦਰੱਖਤ ਨਾਲ ਲਟਕਦੀ ਲਾਸ਼ ਦੇ ਬਿਲਕੁਲ ਨੇੜੇ ਹੀ ਖੜ੍ਹਾ ਸੀ।ਜਾਂਚ ਅਫ਼ਸਰ ਸਬ-ਇੰਸਪੈਕਟਰ ਉਧਵਦੀਪ ਸਿੰਘ ਅਨੁਸਾਰ ਮੋਟਰਸਾਈਕਲ ਦੀ ਰਜਿਸਟ੍ਰੇਸ਼ਨ ਅਨੁਸਾਰ ਬਠਿੰਡਾ ਜ਼ਿਲ੍ਹੇ ਦੇ ਪਿੰਡ ਭੈਣੀ ਦਾ ਪਤਾ ਲੱਗਾ ਹੈ। ਜਾਣਕਾਰੀ ਅਨੁਸਾਰ ਮ੍ਰਿਤਕ ਦੀ ਲਾਸ਼ ਨੇੜਿਓਂ ਕੋਈ ਖ਼ੁਦਕੁਸ਼ੀ ਨੋਟ ਵੀ ਨਹੀਂ ਮਿਲਿਆ ਹੈ।ਉਨ੍ਹਾਂ ਦੱਸਿਆ ਕਿ ਪੁਲਸ ਦੀ ਟੀਮ ਇਸ ਸਿਲਸਿਲੇ ਵਿੱਚ ਰਵਾਨਾ ਕਰ ਦਿੱਤੀ ਗਈ ਹੈ, ਪਰ ਖ਼ਬਰ ਲਿਖੇ ਜਾਣ ਤੱਕ ਹਾਲੇ ਕੋਈ ਸੁਰਾਗ ਨਹੀਂ ਮਿਲਿਆ ਹੈ।

# ਤੀਜੇ ਦਿਨ ਵੀ ਉੱਚੇ ਮੋਬਾਇਲ ਟਾਵਰ 'ਤੇ ਡਟਿਆ ਰਿਹਾ ਹਰਜੀਤ ਸਿੰਘ

## ਪ੍ਰਸ਼ਾਸਨ ਵੱਲੋਂ ਕੀਤੀਆਂ ਕੋਸ਼ਿਸ਼ਾਂ ਨੂੰ ਨਹੀਂ ਪਿਆ ਬੂਰ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-5994 ਕਾਡਰ ਈ.ਟੀ.ਟੀ. ਅਧਿਆਪਕਾਂ ਵਿੱਚੋਂ ਰਹਿੰਦੇ 2994 ਬੈਕਲਾਗ ਅਧਿਆਪਕਾਂ ਦੀ ਭਰਤੀ ਦਾ ਨੋਟੀਫਿਕੇਸ਼ਨ ਜਾਰੀ ਕਰਵਾਉਣ ਦੀ ਮੰਗ ਨੂੰ ਲੈ ਕੇ ਸਥਾਨਕ ਟੈਲੀਫੋਨ ਐਕਸਚੇਂਜ ਵਿੱਚ ਸਥਿਤ ਇੱਕ ਉੱਚੇ ਮੋਬਾਇਲ ਟਾਵਰ 'ਤੇ ਚੜ੍ਹਿਆ ਬੇਰੁਜ਼ਗਾਰ ਅਧਿਆਪਕ ਹਰਜੀਤ ਸਿੰਘ ਅੱਜ ਤਪਦੀ ਤੇ ਕੜਕਦੀ ਗਰਮੀ ਦੇ ਬਾਵਜੂਦ ਤੀਜੇ ਦਿਨ ਵੀ ਲਗਾਤਾਰ ਟਾਵਰ ਉੱਪਰ ਹੀ ਡਟਿਆ ਰਿਹਾ।ਹਰਜੀਤ ਸਿੰਘ ਦੀ ਸਿਹਤ ਤੇ ਸੁਰੱਖਿਆ ਨੂੰ ਲੈ ਕੇ ਚਿੰਤਤ ਸਿਵਲ ਤੇ ਪੁਲਸ ਪ੍ਰਸ਼ਾਸਨ ਵੱਲੋਂ ਉਸ ਨੂੰ ਹੇਠਾਂ ਉਤਾਰਨ ਲਈ ਅੱਡੀ-ਚੋਟੀ ਦਾ ਜ਼ੋਰ ਲਗਾਇਆ ਜਾ ਰਿਹਾ ਹੈ, ਪਰ ਅਜੇ ਤੱਕ ਕੋਈ ਵੀ ਸਫ਼ਲਤਾ ਹੱਥ ਨਹੀਂ ਲੱਗੀ।

ਪ੍ਰਸ਼ਾਸਨ ਵੱਲੋਂ ਫਾਇਰ ਬ੍ਰਿਗੇਡ ਦੀਆਂ ਵੱਡੀਆਂ ਹਾਈਡ੍ਰੌਲਿਕ ਟੈਂਡਰ ਦੀ ਮਦਦ ਨਾਲ ਕੱਲ੍ਹ ਦੇਰ ਰਾਤ ਤੇ ਅੱਜ ਸਵੇਰੇ ਵੀ ਹਰਜੀਤ ਸਿੰਘ ਨੂੰ ਸੁਰੱਖਿਅਤ ਹੇਠਾਂ ਲਿਆਉਣ ਦੀਆਂ ਗੰਭੀਰ ਕੋਸ਼ਿਸ਼ਾਂ ਕੀਤੀਆਂ ਗਈਆਂ, ਪ੍ਰੰਤੂ ਪ੍ਰਸ਼ਾਸਨ ਦੇ ਇਹ ਸਾਰੇ ਯਤਨ ਉਸ ਵੇਲੇ ਬੇਕਾਰ ਸਾਬਿਤ ਹੋਏ, ਜਦੋਂ ਟਾਵਰ 'ਤੇ ਮੌਜੂਦ ਅਧਿਆਪਕ ਨੇ ਹੇਠਾਂ ਆਉਣ ਤੋਂ ਸਾਫ਼ ਇਨਕਾਰ ਕਰ ਦਿੱਤਾ।ਦੂਜੇ ਪਾਸੇ, ਟਾਵਰ ਦੇ ਬਿਲਕੁਲ ਹੇਠਾਂ ਉਸ ਦੇ ਸਾਥੀ ਬੇਰੁਜ਼ਗਾਰ ਅਧਿਆਪਕਾਂ ਵੱਲੋਂ ਲਗਾਤਾਰ ਰੋਸ ਧਰਨਾ ਦਿੱਤਾ ਜਾ ਰਿਹਾ ਹੈ ਅਤੇ ਸਰਕਾਰ ਖਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਜਾ ਰਹੀ ਹੈ।ਮੌਕੇ 'ਤੇ ਪਹੁੰਚੇ ਉੱਚ ਸਿਵਲ ਤੇ ਪੁਲਸ ਪ੍ਰਸ਼ਾਸਨਕ ਅਧਿਕਾਰੀਆਂ ਵੱਲੋਂ ਹਰਜੀਤ ਸਿੰਘ ਤੇ ਸੰਘਰਸ਼ ਕਮੇਟੀ ਦੇ ਆਗੂਆਂ ਨਾਲ ਲਗਾਤਾਰ ਰਾਬਤਾ ਕਾਇਮ ਕੀਤਾ ਜਾ ਰਿਹਾ ਹੈ।ਅਧਿਕਾਰੀਆਂ ਵੱਲੋਂ ਭਰੋਸਾ ਦਿੱਤਾ ਜਾ ਰਿਹਾ ਹੈ ਕਿ ਉਨ੍ਹਾਂ ਦੀ ਪੰਜਾਬ ਸਰਕਾਰ ਦੇ ਉੱਚ ਅਧਿਕਾਰੀਆਂ ਤੇ ਮੰਤਰੀਆਂ ਨਾਲ ਜਲਦ ਹੀ ਇੱਕ ਪੈਨਲ ਮੀਟਿੰਗ ਕਰਵਾਈ ਜਾਵੇਗੀ ਤਾਂ ਜੋ ਇਸ ਮਸਲੇ ਦਾ ਕੋਈ ਸਾਰਥਕ ਹੱਲ ਕੱਢਿਆ ਜਾ ਸਕੇ।ਪ੍ਰਸ਼ਾਸਨ ਦੇ ਇਸ ਭਰੋਸੇ ਨੂੰ ਪੂਰੀ ਤਰ੍ਹਾਂ ਨਕਾਰਦਿਆਂ ਟਾਵਰ 'ਤੇ ਡਟੇ ਹਰਜੀਤ ਸਿੰਘ ਤੇ ਧਰਨਾਕਾਰੀ ਸਾਥੀਆਂ ਨੇ ਸਪੱਸ਼ਟ ਕੀਤਾ ਕਿ ਉਹ ਪਿਛਲੇ ਲੰਮੇ ਸਮੇਂ ਤੋਂ ਸਰਕਾਰ ਦੀਆਂ ਲਾਰੇ-ਲੱਪੇ ਵਾਲੀਆਂ ਨੀਤੀਆਂ ਤੇ ਰਾਜਨੀਤੀ ਤੋਂ ਬੁਰੀ ਤਰ੍ਹਾਂ ਅੱਕ ਚੁੱਕੇ ਹਨ।ਉਨ੍ਹਾਂ ਐਲਾਨ ਕੀਤਾ ਕਿ ਹੁਣ ਇਹ ਲੜਾਈ ਆਰ-ਪਾਰ ਦੀ ਹੋਵੇਗੀ ਤੇ ਜਦੋਂ ਤੱਕ ਬੈਕਲਾਗ ਅਧਿਆਪਕਾਂ ਦੀ ਭਰਤੀ ਦਾ ਅਧਿਕਾਰਤ ਨੋਟੀਫਿਕੇਸ਼ਨ ਜਾਰੀ ਨਹੀਂ ਹੁੰਦਾ, ਉਦੋਂ ਤੱਕ ਇਹ ਸੰਘਰਸ਼ ਇਸੇ ਤਰ੍ਹਾਂ ਜਾਰੀ ਰਹੇਗਾ।

# ਮੋਬਾਇਲ ਖੋਹਣ ਦੇ ਸ਼ੱਕ 'ਚ ਕੀਤੀ ਸੀ ਕੁੱਟਮਾਰ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ/ਪੂਜਾ)-ਪਿੰਡ ਝੋਰੜ ਵਿੱਚ ਮੋਬਾਈਲ ਫ਼ੋਨ ਖੋਹਣ ਦੇ ਸ਼ੱਕ ਹੇਠ ਅਨੁਸੂਚਿਤ ਜਾਤੀ ਦੇ ਦੋ ਨੌਜਵਾਨਾਂ ਨੂੰ ਬੰਨ੍ਹ ਕੇ ਖੇਤਾਂ ਵਿੱਚ ਘੜੀਸਣ ਤੇ ਬੇਪਤ ਕਰਨ ਦੇ ਮਾਮਲੇ ਵਿੱਚ ਥਾਣਾ ਸਦਰ ਮਲੋਟ ਪੁਲਸ ਨੇ ਨੇਪਾਲੀ ਮੂਲ ਦੇ ਸੱਤ ਮਜ਼ਦੂਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਮਾਮਲੇ ਵਿੱਚ ਦਰਜ 11 ਮੁਲਜ਼ਮਾਂ ਵਿੱਚੋਂ ਚਾਰ ਅਜੇ ਵੀ ਪੁਲਸ ਦੀ ਗ੍ਰਿਫ਼ਤ ਤੋਂ ਬਾਹਰ ਹਨ।ਬੁੱਧਵਾਰ ਨੂੰ ਪ੍ਰੈੱਸ ਕਾਨਫਰੰਸ ਦੌਰਾਨ ਡੀਐੱਸਪੀ ਜਸਪਾਲ ਸਿੰਘ ਨੇ ਦੱਸਿਆ ਕਿ 6 ਜੂਨ ਨੂੰ ਨੇਪਾਲ ਦੇ ਰਹਿਣ ਵਾਲੇ ਮਜ਼ਦੂਰ ਵਰਿੰਦਰ ਸਾਹਨੀ ਦਾ ਮੋਬਾਈਲ ਫ਼ੋਨ ਖੋਹੇ ਜਾਣ ਦੀ ਘਟਨਾ ਸਾਹਮਣੇ ਆਈ ਸੀ।ਇਸ ਤੋਂ ਬਾਅਦ ਕੁਝ ਪ੍ਰਵਾਸੀ ਮਜ਼ਦੂਰਾਂ ਤੇ ਹੋਰ ਵਿਅਕਤੀਆਂ ਨੇ ਦੋ ਨੌਜਵਾਨਾਂ ਨੂੰ ਉਨ੍ਹਾਂ ਦੇ ਘਰਾਂ ਤੋਂ ਚੁੱਕ ਲਿਆ ਅਤੇ ਖੇਤਾਂ ਵਿੱਚ ਲਿਜਾ ਕੇ ਬੰਨ੍ਹ ਦਿੱਤਾ।ਦੋਸ਼ ਹੈ ਕਿ ਉਨ੍ਹਾਂ ਨੂੰ ਅੱਧ-ਨੰਗਾ ਕਰਕੇ ਘੜੀਸਿਆ ਗਿਆ ਤੇ ਕੁੱਟਮਾਰ ਕਰਨ ਮਗਰੋਂ ਪਿੰਡ ਦੀਆਂ ਗਲੀਆਂ ਵਿੱਚ ਵੀ ਘੁਮਾਇਆ ਗਿਆ।ਪੁਲਸ ਨੇ ਮੌਕੇ 'ਤੇ ਪਹੁੰਚ ਕੇ ਦੋਵਾਂ ਨੌਜਵਾਨਾਂ ਨੂੰ ਛੁਡਵਾਇਆ ਸੀ।

ਇਸ ਤੋਂ ਪਹਿਲਾਂ ਪੁਲਸ ਨੇ ਵਰਿੰਦਰ ਸਾਹਨੀ ਦੀ ਸ਼ਿਕਾਇਤ 'ਤੇ ਗੁਰਿੰਦਰ ਸਿੰਘ ਉਰਫ਼ ਬੱਗਾ ਤੇ ਸੰਦੀਪ ਸਿੰਘ ਖ਼ਿਲਾਫ਼ ਮੋਬਾਈਲ ਖੋਹਣ ਦਾ ਕੇਸ ਦਰਜ ਕਰਕੇ ਉਨ੍ਹਾਂ ਨੂੰ ਗ੍ਰਿਫ਼ਤਾਰ ਕੀਤਾ ਸੀ।ਦੂਜੇ ਪਾਸੇ ਨੌਜਵਾਨਾਂ ਨਾਲ ਅਣਮਨੁੱਖੀ ਵਿਹਾਰ ਦੇ ਦੋਸ਼ਾਂ ਹੇਠ ਹਰਦੀਪ ਸਿੰਘ, ਅਵਤਾਰ ਸਿੰਘ, ਰਿਪਾ ਸਿੰਘ ਤੇ ਮਨਪ੍ਰੀਤ ਸਿੰਘ ਉਰਫ਼ ਬਿੱਲਾ ਸਮੇਤ 11 ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕੀਤਾ ਗਿਆ ਸੀ।ਡੀਐੱਸਪੀ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਨੇਪਾਲੀ ਮਜ਼ਦੂਰਾਂ ਵਿੱਚ ਰਾਮ ਚੰਦਰ ਸਾਹਨੀ, ਰਮੇਸ਼ ਸਾਹਨੀ, ਹੀਰੇ ਸਾਹਨੀ, ਬਸੰਤ ਸਾਹਨੀ, ਰਾਮ ਬਾਬੂ ਸਾਹਨੀ, ਰਾਮਬਲੀ ਸਾਹਨੀ ਤੇ ਵਰਿੰਦਰ ਸਾਹਨੀ ਸ਼ਾਮਲ ਹਨ।ਬਾਕੀ ਚਾਰ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਜਾਰੀ ਹੈ।

# ਬਾਣੀ ਵਿਚਾਰ ਚੇਤਨਾ ਮੰਚ ਵੱਲੋਂ ਪੁਰਸਕਾਰਾਂ ਲਈ ਕਿਤਾਬਾਂ ਦੀ ਮੰਗ

- 31 ਜੁਲਾਈ ਤੱਕ ਭੇਜੀਆਂ ਜਾਣ ਕਿਤਾਬਾਂ
- ਸੁੰਦਰ ਸਿੰਘ ਲਾਇਲਪੁਰੀ ਦੇ ਨਾਂਅ 'ਤੇ ਪੱਤਰਕਾਰਾਂ ਨੂੰ ਦਿੱਤਾ ਜਾਵੇਗਾ ਐਵਾਰਡ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਬਾਣੀ ਵਿਚਾਰ ਚੇਤਨਾ ਮੰਚ ਪੰਜਾਬ ਰਜਿ. ਵੱਲੋਂ ਪੁਰਸਕਾਰ ਦੇਣ ਲਈ 'ਦਲਿਤ ਸਾਹਿਤ' ਦੀਆਂ ਕਿਤਾਬਾਂ ਦੀ ਮੰਗ ਕੀਤੀ ਗਈ ਹੈ। ਮੰਚ ਨੇ ਕੌਮੀ ਤੇ ਕੌਮਾਂਤਰੀ ਪੱਧਰ 'ਤੇ ਪੰਜਾਬੀ ਵਿੱਚ ਦਲਿਤ ਸਾਹਿਤ ਦੀਆਂ ਛਪ ਰਹੀਆਂ ਕਿਤਾਬਾਂ 'ਤੇ ਪੁਰਸਕਾਰ ਦੇਣ ਦਾ ਫ਼ੈਸਲਾ ਕੀਤਾ ਹੈ। ਇਸ ਸਬੰਧੀ ਮੰਚ ਦੀ ਇਕ ਵਿਸ਼ੇਸ਼ ਮੀਟਿੰਗ ਹੋਈ, ਜਿਸ ਵਿੱਚ ਮੰਚ ਦੇ ਮੁੱਖ ਸਰਪ੍ਰਸਤ ਜੀ ਐੱਮ ਬਲਵਿੰਦਰ ਸਿੰਘ ਜਾਤੀਵਾਲ, ਮੰਚ ਤੇ ਸੂਬਾ ਪ੍ਰਧਾਨ ਗੁਰਨਾਮ ਸਿੰਘ ਅਕੀਦਾ, ਮੰਚ ਤੇ ਸੀਨੀਅਰ ਮੀਤ ਪ੍ਰਧਾਨ ਡਾ. ਗੁਰਮੀਤ ਸਿੰਘ ਕੱਲਰ ਮਾਜਰੀ, ਜਗਦੀਸ਼ ਲਾਲ ਬੱਧਣ ਹੁਸ਼ਿਆਰਪੁਰ, ਪ੍ਰੋ. ਲਾਲ ਬਹਾਦਰ ਭਾਟੀਆ ਜਲੰਧਰ, ਫਤਿਹਜੰਗ ਸਿੰਘ ਚੰਡੀਗੜ੍ਹ, ਕੁਲਦੀਪ ਚੰਦ ਨੰਗਲ, ਜੀ ਐੱਮ ਡਾ. ਸੁਰਜੀਤ ਸਿੰਘ ਭਦੌੜ, ਵਿਦਵਾਨ ਡਾ. ਸੰਤੋਖ ਸਿੰਘ ਸੁੱਖੀ ਆਦਿ ਆਗੂ ਹਾਜ਼ਰ ਹੋਏ।ਇਸ ਤਹਿਤ ਫ਼ੈਸਲਾ ਕੀਤਾ ਗਿਆ ਕਿ ਵਾਰਤਕ ਵਿੱਚ ਗਿਆਨੀ ਦਿੱਤ ਸਿੰਘ ਐਵਾਰਡ, ਪੱਤਰਕਾਰਤਾ ਲਈ ਸੁੰਦਰ ਸਿੰਘ ਲਾਇਲਪੁਰੀ ਐਵਾਰਡ, ਕਵਿਤਾ ਲਈ ਲਾਲ ਸਿੰਘ ਦਿਲ ਐਵਾਰਡ, ਕਹਾਣੀ ਲਈ ਪ੍ਰੇਮ ਗੋਰਖੀ ਐਵਾਰਡ, ਨਾਟਕ ਲਈ ਡਾ. ਚਰਨ ਦਾਸ ਸਿੱਧੂ ਐਵਾਰਡ, ਨਾਵਲ ਲਈ ਡਾ. ਗੁਰਚਰਨ ਸਿੰਘ ਰਾਓ ਐਵਾਰਡ, ਗੀਤਕਾਰ ਤੇ ਕਿੱਸਾ ਕਾਵਿ ਲਈ ਦਿਆ ਸਿੰਘ ਆਰਿਫ਼ ਐਵਾਰਡ, ਪੇਂਡੂ ਸੱਭਿਆਚਾਰ ਲਈ ਛੱਜੂ ਸਿੰਘ ਦੰਦਰਾਲਾ ਐਵਾਰਡ, ਇਸ ਤੋਂ ਇਲਾਵਾ ਸਵੈ ਜੀਵਨ ਐਵਾਰਡ ਦਿੱਤੇ ਜਾਣਗੇ।ਇਹ ਐਵਾਰਡ 1 ਅਪ੍ਰੈਲ 2022 ਤੋਂ 31 ਮਾਰਚ 2026 ਤੱਕ ਛਪੀਆਂ ਕਿਤਾਬਾਂ ਨੂੰ ਦਿੱਤੇ ਜਾਣਗੇ।ਸਬੰਧਤ ਲੇਖਕ ਆਪਣੀਆਂ ਕਿਤਾਬਾਂ 31 ਜੁਲਾਈ ਤੱਕ 49 ਐੱਫ਼ ਰਣਜੀਤ ਨਗਰ ਸਿਊਨਾ ਰੋਡ ਪਟਿਆਲਾ ਦੇ ਪਤੇ 'ਤੇ ਭੇਜ ਸਕਦੇ ਹਨ।

# ਸਵਰਨ ਭੰਗੂ ਨਮਿਤ ਸ਼ਰਧਾਂਜਲੀ ਸਮਾਗਮ 'ਚ ਸਭ ਵਰਗਾਂ ਦੇ ਲੋਕਾਂ ਨੇ ਭਰੀ ਹਾਜ਼ਰੀ

ਲੁਧਿਆਣਾ (ਸਤੀਸ਼ ਸਚਦੇਵਾ)-ਬੀਤੇ ਦਿਨੀਂ ਪ੍ਰਸ਼ਾਸਨ ਦੀ ਘੋਰ ਨਾਲਾਇਕੀ ਦਾ ਸ਼ਿਕਾਰ ਹੋ ਕੇ ਬੇਹੱਦ ਦੁੱਖਦਾਇਕ ਵਿਛੋੜਾ ਦੇ ਗਏ ਉੱਘੇ ਸਮਾਜਿਕ ਚਿੰਤਕ ਸਵਰਨ ਭੰਗੂ ਦੀ ਯਾਦ 'ਚ ਉਨ੍ਹਾਂ ਦੇ ਸੁਪਨਸੰਸਾਰ ਗੁਰਦੇਵ ਸਿੰਘ ਕੰਗ ਯਾਦਗਾਰੀ ਸਕੂਲ ਬੱਸੀ ਗੁੱਜਰਾਂ ਦੇ ਵਿਸ਼ਾਲ ਪੰਡਾਲ 'ਚ ਸ਼ਰਧਾਂਜਲੀ ਸਮਾਗਮ ਦਾ ਆਯੋਜਨ ਕੀਤਾ ਗਿਆ।ਸਾਰੀ ਉਮਰ ਵਿਦਿਆਰਥੀਆਂ ਨੂੰ ਚੰਗੇਰਾ ਨਾਗਰਿਕ ਬਨਾਉਣ, ਵਿਦਿਆ ਨੂੰ ਆਮ ਲੋਕਾਂ ਦੇ ਬੱਚਿਆਂ ਤੱਕ ਬਿਨਾਂ ਮੁਨਾਫ਼ੇ ਦੇ ਪਹੁੰਚਾਉਣ ਦਾ ਮਹਾਨ ਕਾਰਜ ਕਰਨ ਵਾਲੇ ਹਰਮਨ ਪਿਆਰੇ ਸਿੱਖਿਆ ਸ਼ਾਸਤਰੀ, ਸੀਨੀਅਰ ਪੱਤਰਕਾਰ, ਲੇਖਕ, ਵਿਦਵਾਨ, ਇਨਕਲਾਬੀ ਵਿਚਾਰਧਾਰਾ ਦੇ ਵਾਹਕ, ਸਮਾਜ ਸੇਵੀ, ਸਰੀਰ ਦਾਨੀ ਸਾਥੀ ਸਵਰਨ ਭੰਗੂ ਦੇ ਅਚਾਨਕ ਹਾਦਸੇ ਦਾ ਸ਼ਿਕਾਰ ਹੋ ਵਿਛੋੜਾ ਦੇ ਜਾਣ ਤੇ ਸੂਬੇ ਭਰ ਚੋਂ ਅਤੇ ਵਿਦੇਸ਼ੀ ਧਰਤੀ ਤੋਂ ਪੰਹੁਚੇ ਵੱਖ ਵੱਖ ਵਰਗਾਂ ਦੇ ਲੋਕਾਂ ਨੇ ਸਵਰਨ ਭੰਗੂ ਨੂੰ ਸ਼ਰਧਾਂਜਲੀ ਭੇਟ ਕੀਤੀ।ਮੰਚ 'ਤੇ ਸੁਸ਼ੋਭਿਤ ਉਨ੍ਹਾਂ ਦੀ ਦਿਓ ਕੱਦ ਤਸਵੀਰ ਨੂੰ ਸਭਨਾਂ ਵਲੋਂ ਫੁੱਲ ਪੱਤੀਆਂ ਭੇਂਟ ਕੀਤੀਆਂ ਗਈਆਂ।ਇਸ ਸਮੇਂ ਬੁਲਾਰਿਆਂ ਨੇ ਕਿਹਾ ਕਿ ਸਮਰਪਣ, ਸਾਦਗੀ, ਸੁਹਜ, ਸਮਾਜਿਕ ਰਾਜਨੀਤਕ ਸੋਝੀ ਦੀ ਸਾਕਾਰ ਮੂਰਤ ਸਵਰਨ ਸਿੰਘ ਭੰਗੂ ਨਾਲ ਵਾਪਰਿਆ ਹਾਦਸਾ ਨਹੀਂ ਹੈ ਬਲਕਿ ਪ੍ਰਬੰਧ ਵੱਲੋਂ ਕੀਤਾ ਕਤਲ ਹੈ।ਇਸ ਸਮੇਂ ਇਸ ਅਤਿਅੰਤ ਅਫਸੋਸ ਜਨਕ ਘਟਨਾ ਦੀ ਜਮਹੂਰੀ ਅਧਿਕਾਰ ਸਭਾ ਵੱਲੋਂ ਜਾਂਚ ਰਿਪੋਰਟ ਵੀ ਜਾਰੀ ਕੀਤੀ ਗਈ।ਪ੍ਰੋ. ਜਗਮੋਹਨ ਸਿੰਘ ਵੱਲੋਂ ਜਾਰੀ ਇਸ ਰਿਪੋਰਟ 'ਚ ਇਸ ਭਿਆਨਕ ਲਾਪਰਵਾਹੀ ਲਈ ਜ਼ਿੰਮੇਵਾਰ ਧਿਰਾਂ ਦੀ ਜਨਤਕ ਜਵਾਬ ਦੇਹੀ ਤੈਅ ਕਰਨ ਦੀ ਮੰਗ ਕੀਤੀ ਗਈ ਹੈ। ਇਸ ਸਮੇਂ ਵਿਛੜੀ ਸ਼ਖ਼ਸੀਅਤ ਦੀ ਯਾਦ 'ਚ ਦੋ ਮਿੰਟ ਦਾ ਮੋਨ ਧਾਰ ਕੇ ਸਵਰਨ ਭੰਗੂ ਦੇ ਅਧੂਰੇ ਸੁਪਨਿਆਂ ਅਤੇ ਅਧੂਰੇ ਕਾਰਜਾਂ ਦੀ ਪੂਰਤੀ ਦਾ ਪ੍ਰਣ ਲਿਆ ਗਿਆ।

ਸਵਰਨ ਭੰਗੂ ਦੇ ਨੇੜਲੇ ਸਾਥੀ ਡਾ ਕੁਲਦੀਪ ਸਿੰਘ ਦੀ ਮੰਚ ਸੰਚਾਲਨਾ ਹੇਠ ਇਸ ਵੱਡੀ ਸੰਸਥਾ ਲਈ ਜ਼ਮੀਨ ਦਾਨ ਕਰਨ ਵਾਲੇ ਚੌਧਰੀ ਤੀਰਥ ਰਾਮ, ਸਕੂਲ ਦੀ ਪ੍ਰਬੰਧਕੀ ਕਮੇਟੀ, ਦੋਹਾਂ ਸਕੂਲਾਂ ਦੇ ਪ੍ਰਿੰਸੀਪਲਾਂ ਦਾ ਸਨਮਾਨ ਕੀਤਾ ਗਿਆ।ਬੁਲਾਰਿਆਂ 'ਚ ਪ੍ਰਸਿੱਧ ਰੰਗਕਰਮੀ ਕੇਵਲ ਧਾਲੀਵਾਲ, ਸਵਰਨ ਭੰਗੂ ਦੇ ਨੇੜਲੇ ਸਾਥੀ ਕਲਾਕਾਰ ਮਲਕੀਤ ਰੌਣੀ, ਕੰਵਲਜੀਤ ਖੰਨਾ, ਅਮੋਲਕ ਸਿੰਘ, ਕਾਹਨ ਸਿੰਘ ਪੰਨੂੰ, ਸਾਬਕਾ ਪੀ ਸੀ ਐਸ ਦਲਜੀਤ ਸਿੰਘ, ਪੱਤਰਕਾਰ ਦੀਪਕ ਚਰਨਾਥਲ, ਫਿਲਮ ਕਲਾਕਾਰ ਐਸੋਸੀਏਸ਼ਨ ਵੱਲੋਂ ਅਦਾਕਾਰ ਕਰਮਜੀਤ ਅਨਮੋਲ, ਡਾ ਅਰੀਤ, ਰਜਿੰਦਰ ਭਦੌੜ, ਭੋਲਾ ਗਿੱਲ ਪੱਤੀ, ਜਗਦੀਸ਼ ਪਾਪੜਾ, ਕਮਲਜੀਤ ਨੀਲੋਂ ਆਦਿ ਤੋਂ ਬਿਨਾਂ ਵਿਦੇਸ਼ਾਂ ਤੋਂ ਵਰਚੂਅਲ ਸੰਦੇਸ਼ ਰਾਹੀਂ ਅਨੇਕਾਂ ਉਪਾਸ਼ਕ ਹਾਜ਼ਰ ਸਨ।ਇਸ ਸਮੇਂ ਸਵਰਨ ਭੰਗੂ ਬਾਰੇ ਇੱਕ ਮਨਮੋਹਕ ਬ੍ਰਾਉਜ਼ਰ ਅਤੇ ਕਿਤਾਬ 'ਚੰਗੇ ਵਿਦਿਆਰਥੀ ਦੀ ਸਿਰਜਣਾ' ਸਮੂਹ ਹਾਜ਼ਰੀਨ ਨੂੰ ਭੇਟ ਕੀਤੀ ਗਈ।ਇਨਕਲਾਬੀ ਕਵੀਸ਼ਰੀ ਜੱਥਾ ਰਸੂਲਪੁਰ ਨੇ ਵੀ ਹਾਜ਼ਰੀ ਲਵਾਈ।

ਸਵਰਨ ਭੰਗੂ ਹੋਰਾਂ ਦੀ ਜੀਵਨ ਸਾਥਣ ਪ੍ਰਸਿੱਧ ਅਦਾਕਾਰਾ ਗੁਰਪ੍ਰੀਤ ਭੰਗੂ ਨੇ ਭਰੋਸਾ ਦਿੱਤਾ ਕਿ ਉਨ੍ਹਾਂ ਦਾ ਉਸਾਰਿਆ ਇਹ ਵਿਦਿਆ ਦਾ ਮੰਦਰ ਅਤੇ ਹੋਰ ਕਾਰਜ ਉਨ੍ਹਾਂ ਦੇ ਸਮੁੱਚੇ ਚਾਹੁਣ ਵਾਲਿਆਂ ਦੀ ਸਹਾਇਤਾ ਨਾਲ ਨਿਰੰਤਰ ਜਾਰੀ ਰਹਿਣਗੇ।ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਭਰੋਸਾ ਹੈ ਕਿ ਉਨਾਂ ਦੇ ਮਕਸਦ ਦੇ ਹਾਨੀ ਉਨ੍ਹਾਂ ਦੇ ਅਕੀਦਿਆਂ ਨਾਲ ਜੁੜੇ ਰਹਿਣਗੇ।ਉਨ੍ਹਾਂ ਕਿਹਾ ਕਿ ਅੱਜ ਅਸੀਂ ਉਦਾਸ ਤਾਂ ਹਾਂ ਪਰ ਟੁੱਟੇ ਨਹੀਂ।ਉਨ੍ਹਾਂ ਦੇ ਬੇਟੇ ਅਮਰਬੀਰ ਬਾਗੀ ਦੇ ਸੰਤ ਰਾਮ ਉਦਾਸੀ ਦੀ ਪ੍ਰਸਿੱਧ ਰਚਨਾ ਮਾਂ ਧਰਤੀਏ ਤੇਰੀ ਗੋਦ ਨੂੰ ਚੰਨ ਹੋਰ ਬਥੇਰੇ-ਤੂੰ ਮਘਦਾ ਰਹੀਂ ਵੇ ਸੂਰਜਾ ਕੰਮੀਆਂ ਦੇ ਵਿਹੜੇ ਨੇ ਸਮੂਹ ਹਾਜ਼ਰੀਨ ਨੂੰ ਉਨ੍ਹਾਂ ਦੇ ਭਵਿੱਖਤ ਸੁਪਨਿਆਂ ਨੂੰ ਆਂਚ ਨਾ ਆਉਣ ਦੇਣ ਦਾ ਵਾਅਦਾ ਕੀਤਾ।ਇਸ ਸਮੇਂ ਅਦਾਕਾਰਾ ਨਿਰਮਲ ਰਿਸ਼ੀ, ਸੁੱਖੀ ਬਰਾੜ, ਮੁਖਤਿਆਰ ਪੂਹਲਾ, ਜਸਵੰਤ ਜੀਰਖ, ਸੈਮੂਅਲ ਜੌਹਨ, ਜਸਦੇਵ ਲਲਤੋਂ, ਨਰਭਿੰਦਰ, ਪ੍ਰਿਤਪਾਲ ਬਠਿੰਡਾ, ਸੁਖਦੇਵ ਪਟਵਾਰੀ, ਮਾਲਵਿੰਦਰ ਮਾਲੀ, ਨਿਰਮਲ ਜੌੜਾ, ਸੁਖਦੇਵ ਭੂੰਦੜੀ, ਹਮੀਰ ਸਿੰਘ, ਪ੍ਰੋ ਬਾਵਾ ਸਿੰਘ ਆਦਿ ਸਮੇਤ ਇਲਾਕੇ ਭਰ ਦੇ ਪਤਵੰਤੇ, ਪੰਚ ਸਰਪੰਚ ਹਾਜ਼ਰ ਸਨ।

# ਪਦਮਜੀਤ ਸਿੰਘ ਮਹਿਤਾ ਨਗਰ ਨਿਗਮ ਦੇ ਮੁੜ ਬਣੇ ਮੇਅਰ



ਬਠਿੰਡਾ (ਪਰਵਿੰਦਰ ਜੀਤ ਸਿੰਘ)-ਨਗਰ ਨਿਗਮ ਬਠਿੰਡਾ ਦੇ ਵਾਰਡ ਨੰਬਰ 46 ਤੋਂ ਬਿਨਾਂ ਮੁਕਾਬਲਾ ਬਣੇ ਕੌਂਸਲਰ ਸ੍ਰੀ ਪਦਮਜੀਤ ਸਿੰਘ ਮਹਿਤਾ ਲਗਾਤਾਰ ਦੂਜੀ ਵਾਰ ਡਵੀਜ਼ਨਲ ਕਮਿਸ਼ਨਰ ਫਰੀਦਕੋਟ ਕੰਵਲਪ੍ਰੀਤ ਕੌਰ ਬਰਾੜ ਦੀ ਹਾਜ਼ਰ ਵਿੱਚ ਬਠਿੰਡਾ ਨਗਰ ਨਿਗਮ ਦੇ ਮੇਅਰ ਚੁਣੇ ਗਏ ਹਨ।

ਮੇਅਰ ਦੀ ਚੋਣ ਸਥਾਨਕ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਨਗਰ ਨਿਗਮ ਦੇ ਕੌਂਸਲਰਾਂ ਦੁਆਰਾ ਕੀਤੀ ਗਈ।ਇਸ ਮੌਕੇ ਕੈਬਨਿਟ ਮੰਤਰੀ ਪੰਜਾਬ ਸ੍ਰ. ਹਰਦੀਪ ਸਿੰਘ ਮੁੰਡੀਆਂ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

ਮੇਅਰ ਦੀ ਚੋਣ ਤੋਂ ਬਾਅਦ ਕੈਬਨਿਟ ਮੰਤਰੀ ਸ੍ਰ. ਹਰਦੀਪ ਸਿੰਘ ਮੁੰਡੀਆਂ ਤੇ ਮੇਅਰ ਸ੍ਰੀ ਪਦਮਜੀਤ ਸਿੰਘ ਮਹਿਤਾ ਨੇ ਪ੍ਰੈੱਸ ਕਾਨਫਰੰਸ ਦੌਰਾਨ ਕਿਹਾ ਕਿ ਬਠਿੰਡਾ ਸ਼ਹਿਰ ਨੂੰ ਵਿਕਾਸ ਪੱਖੋਂ ਹੋਰ ਬੁਲੰਦੀਆਂ 'ਤੇ ਪਹੁੰਚਾਉਣ ਲਈ ਸਖ਼ਤ ਮਿਹਨਤ ਕੀਤੀ ਜਾਵੇਗੀ।

## ਮਹਿੰਗਾਈ ਕਾਰਨ ਲੋਕਾਂ 'ਚ ਹਾਹਾਕਾਰ ਮੱਚੀ : ਜੱਸ ਬੱਜੋਆਣਾ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਕੇਂਦਰ ਦੀ ਮੋਦੀ ਸਰਕਾਰ ਵੱਲੋਂ ਹਰ ਰੋਜ਼ ਪੈਟਰੋਲ, ਡੀਜ਼ਲ ਤੇ ਘਰੇਲੂ ਗੈਸ ਦੀਆਂ ਕੀਮਤਾਂ ਨੂੰ ਲਗਾਤਾਰ ਵਧਾਇਆ ਜਾ ਰਿਹਾ ਹੈ, ਜਿਸ ਨਾਲ ਆਮ ਲੋਕਾਂ ਦਾ ਜੀਵਨ ਪੱਧਰ ਪ੍ਰਭਾਵਿਤ ਹੋ ਰਿਹਾ ਹੈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਰਾਮਪੁਰਾ ਫੂਲ ਦੇ ਸੀਨੀਅਰ ਕਾਂਗਰਸੀ ਆਗੂ ਤੇ ਸਪੈਸ਼ਲ ਇਨਵਾਇਟੀ ਮੈਂਬਰ ਐਡਵੋਕੇਟ ਜਸਵਿੰਦਰ ਸਿੰਘ ਜੱਸ ਬੱਜੋਆਣਾ ਨੇ ਕੀਤਾ। ਉਨ੍ਹਾਂ ਕਿਹਾ ਕਿ ਦਿਨੋਂ ਦਿਨ ਵਧ ਰਹੀ ਮਹਿੰਗਾਈ ਨੇ ਆਮ ਲੋਕਾਂ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ ਤੇ ਘਰੇਲੂ ਵਸਤਾਂ ਦੀਆਂ ਚੀਜ਼ਾਂ ਲੋਕਾਂ ਦੀ ਪਹੁੰਚ ਤੋਂ ਦੂਰ ਹੋ ਰਹੀਆਂ ਹਨ ਤੇ ਮਹਿੰਗਾਈ ਦੇ ਕਾਰਨ ਲੋਕਾਂ ਵਿੱਚ ਹਾਹਾਕਾਰ ਮੱਚੀ ਹੋਈ ਹੈ, ਪਰ ਮੋਦੀ ਸਰਕਾਰ ਨੂੰ ਆਮ ਲੋਕਾਂ ਦਾ ਕੋਈ ਧਿਆਨ ਨਹੀਂ ਹੈ, ਕਿਉਂਕਿ ਕਿ ਸਰਕਾਰ ਕਾਰਪੋਰੇਟ ਘਰਾਣਿਆਂ ਨਾਲ ਮਿਲ ਕੇ ਤੇਲ ਦੀਆਂ ਕੀਮਤਾਂ ਤੇ ਰਸੋਈ ਗੈਸ ਦੀਆਂ ਕੀਮਤਾਂ ਵਧਾ ਰਹੀ ਹੈ।

## ਕਾਂਗਰਸ ਦੀ ਬਲਾਕ ਪੱਧਰੀ ਮੀਟਿੰਗ 'ਚ ਅਹਿਮ ਵਿਚਾਰਾਂ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸ਼ਹਿਰੀ ਕਾਂਗਰਸ ਕਮੇਟੀ ਮਾਛੀਵਾੜਾ ਸਾਹਿਬ ਦੀ ਮੀਟਿੰਗ ਹਲਕਾ ਸਮਰਾਲਾ ਤੋਂ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੇ ਨਿਰਦੇਸ਼ਾਂ ਤਹਿਤ ਪ੍ਰਧਾਨ ਐਡਵੋਕੇਟ ਕਪਿਲ ਆਨੰਦ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਜ਼ਿਲ੍ਹਾ ਉਪ ਪ੍ਰਧਾਨ ਜੇ. ਪੀ. ਸਿੰਘ ਮੱਕੜ ਤੇ ਸਰਪ੍ਰਸਤ ਸੁਰਿੰਦਰ ਕੁੰਦਰਾ ਨੇ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ। ਇਸ ਮੌਕੇ ਚਰਨਜੀਤ ਸਿੰਘ ਥੋਪੀਆ, ਨੰਦ ਕਿਸ਼ੋਰ, ਚੌਧਰੀ ਬਲਵਿੰਦਰ ਰਾਏ, ਸੰਜੇ ਜੈਨ, ਸੁਖਵਿੰਦਰ ਸਿੰਘ ਰਿੰਕਾ, ਚੇਤਨ ਕੁਮਾਰ, ਸੁਭਾਸ਼ ਬੀਟਨ, ਯੁਵਰਾਜ ਜੀਤ ਰਾਏ, ਹਰਚੰਦ ਸਿੰਘ, ਪਰਮਜੀਤ ਸਿੰਘ, ਕ੍ਰਿਸ਼ਨ ਲਾਲ ਚੋਪੜਾ, ਲਾਲ ਪਾਮੇ, ਵੀਰਪਾਲ, ਜੈਦੀਪ ਸਿੰਘ ਵੀ ਮੌਜੂਦ ਸਨ। ਮੀਟਿੰਗ ਉਪਰੰਤ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਪ੍ਰਧਾਨ ਕਪਿਲ ਆਨੰਦ ਨੇ ਕਿਹਾ ਕਿ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਲਈ ਰੱਖਿਆ ਜਾਣ ਵਾਲਾ ਨੀਟ ਪੇਪਰ ਲੀਕ ਹੋਣਾ ਬਹੁਤ ਹੀ ਮੰਦਭਾਗਾ ਹੈ, ਜਿਸ ਨਾਲ ਲੱਖਾਂ ਵਿਦਿਆਰਥੀਆਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਿਆ। ਉਨ੍ਹਾਂ ਕਿਹਾ ਕਿ ਅੱਜ ਦੀ ਮੀਟਿੰਗ ਵਿੱਚ ਜਿੱਥੇ ਪੇਪਰ ਲੀਕ ਹੋਣ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ, ਉੱਥੇ ਨਾਲ ਹੀ ਕੱਚੇ ਮੁਲਾਜ਼ਮਾਂ 'ਤੇ ਜੋ ਸਰਕਾਰ ਵੱਲੋਂ ਲਾਠੀਚਾਰਜ ਕੀਤਾ ਗਿਆ ਹੈ, ਉਹ ਵੀ ਇੱਕ ਨਿੰਦਣਯੋਗ ਘਟਨਾ ਹੈ। ਉਨ੍ਹਾਂ ਕਿਹਾ ਕਿ ਇਸ ਸਮੇਂ ਪੰਜਾਬ ਵਿੱਚ ਅਮਨ, ਕਾਨੂੰਨ ਦੀ ਸਥਿਤੀ ਬਹੁਤ ਹੀ ਚਿੰਤਾਜਨਕ ਹੈ, ਕਿਉਂਕਿ ਰੋਜ਼ਾਨਾ ਕਤਲੇਆਮ, ਫਿਰੌਤੀ ਤੇ ਲੁੱਟ-ਖੋਹ ਦੀਆਂ ਘਟਨਾਵਾਂ ਕਾਰਨ ਲੋਕਾਂ ਵਿੱਚ ਸਹਿਮ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਵਿੱਚ ਕਾਨੂੰਨ ਦੀ ਸਥਿਤੀ ਸੰਭਾਲਣ ਵਿੱਚ ਪੂਰੀ ਤਰ੍ਹਾਂ ਅਸਫ਼ਲ ਸਾਬਿਤ ਹੋਈ ਹੈ। ਮੀਟਿੰਗ ਵਿੱਚ ਐੱਸ.ਆਈ.ਆਰ. ਸੰਬੰਧੀ ਵੀ ਵਿਚਾਰ ਵਟਾਂਦਰਾ ਕੀਤਾ ਗਿਆ।

## ਖੇਤ ਬਚਾਓ ਅਭਿਆਨ ਤਹਿਤ ਜਾਗਰੂਕਤਾ ਕੈਂਪ ਆਯੋਜਿਤ



**ਬਠਿੰਡਾ (ਪਰਵਿੰਦਰਜੀਤ ਸਿੰਘ)**-ਪੰਜਾਬ ਐਗਰੀਕਲਚਰਲ ਯੂਨੀਵਰਸਿਟੀ, ਲੁਧਿਆਣਾ ਦੇ ਕ੍ਰਿਸ਼ੀ ਵਿਗਿਆਨ ਕੇਂਦਰ (ਕੇ.ਵੀ.ਕੇ.), ਬਠਿੰਡਾ ਵੱਲੋਂ ਖੇਤ ਬਚਾਓ ਅਭਿਆਨ ਤਹਿਤ ਪਿੰਡ ਭੂੰਦੜ, ਬਲਾਕ ਰਾਮਪੁਰਾ ਵਿਖੇ ਕਿਸਾਨ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ।ਇਸ ਕੈਂਪ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਮਿੱਟੀ ਦੀ ਪਰਖ, ਖੇਤੀ ਲਾਗਤ ਘਟਾਉਣ, ਖਾਦਾਂ ਅਤੇ ਪਾਣੀ ਦੀ ਸੁਚੱਜੀ ਵਰਤੋਂ ਕਰਨ ਅਤੇ ਵਾਤਾਵਰਣ ਅਨੁਕੂਲ ਖੇਤੀ ਤਕਨੀਕਾਂ ਅਪਣਾਉਣ ਲਈ ਪ੍ਰੇਰਿਤ ਕਰਨਾ ਸੀ।ਇਸ ਮੌਕੇ ਡਾ. ਗੁਰਦੀਪ ਸਿੰਘ, ਡਿਪਟੀ ਡਾਇਰੈਕਟਰ (ਸਿਖਲਾਈ), ਕ੍ਰਿਸ਼ੀ ਵਿਗਿਆਨ ਕੇਂਦਰ ਬਠਿੰਡਾ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕੇਂਦਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਖੇਤੀਬਾੜੀ, ਪਸ਼ੂ ਪਾਲਣ, ਘਰੇਲੂ ਵਿਗਿਆਨ ਅਤੇ ਸਹਾਇਕ ਧੰਦਿਆਂ ਨਾਲ ਸਬੰਧਿਤ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ।ਉਨ੍ਹਾਂ ਕੇ.ਵੀ.ਕੇ. ਵਿਖੇ ਚੱਲ ਰਹੇ ਕਿੱਤਾ ਮੁਖੀ ਸਿਖਲਾਈ ਕੋਰਸਾਂ ਦੀ ਜਾਣਕਾਰੀ ਦਿੰਦਿਆਂ ਕਿਹਾ ਕਿ ਨੌਜਵਾਨ ਅਤੇ ਕਿਸਾਨ ਇਨ੍ਹਾਂ ਕੋਰਸਾਂ ਰਾਹੀਂ ਸਵੈ-ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕਰ ਸਕਦੇ ਹਨ। ਮਿੱਟੀ ਦੀ ਉਪਜਾਊ ਸ਼ਕਤੀ ਨੂੰ ਬਰਕਰਾਰ ਰੱਖਣ ਲਈ ਜੀਵਾਣੂ ਖਾਦਾਂ ਅਤੇ ਹਰੀ ਖਾਦਾਂ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਜੀਵਾਣੂ ਖਾਦਾਂ ਦੀ ਵਰਤੋਂ ਨਾਲ ਰਸਾਇਣਕ ਖਾਦਾਂ ਉੱਤੇ ਨਿਰਭਰਤਾ ਘਟਾਈ ਜਾ ਸਕਦੀ ਹੈ, ਜਿਸ ਨਾਲ ਖੇਤੀ ਦੀ ਲਾਗਤ ਘਟਦੀ ਹੈ ਅਤੇ ਮਿੱਟੀ ਦੀ ਸਿਹਤ ਵਿੱਚ ਸੁਧਾਰ ਆਉਂਦਾ ਹੈ।ਇਸ ਮੌਕੇ ਡਾ. ਰਮਨਦੀਪ ਕੌਰ, ਸਹਾਇਕ ਪ੍ਰੋਫੈਸਰ (ਫੂਡ ਪ੍ਰੋਸੈਸਿੰਗ ਅਤੇ ਇੰਜਨੀਅਰਿੰਗ) ਨੇ ਝੋਨੇ ਦੀ ਸਿੱਧੀ ਬਿਜਾਈ (ਡੀ.ਐੱਸ.ਆਰ.) ਤਕਨੀਕ ਦੇ ਫਾਇਦਿਆਂ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਹ ਤਕਨੀਕ ਪਾਣੀ ਦੀ ਬਚਤ, ਮਜ਼ਦੂਰੀ ਖਰਚੇ ਵਿੱਚ ਕਮੀ ਅਤੇ ਸਮੇਂ ਦੀ ਬਚਤ ਲਈ ਬਹੁਤ ਲਾਭਕਾਰੀ ਹੈ।ਇਸ ਦੌਰਾਨ ਕਿਸਾਨਾਂ ਨੂੰ ਝੋਨੇ ਦੀ ਫਸਲ ਲਈ ਜੀਵਾਣੂੰ ਖਾਦ ਦਾ ਟੀਕਾ ਵੀ ਵੰਡਿਆ ਗਿਆ।

## 'ਖੇਤ ਬਚਾਓ ਅਭਿਆਨ' ਤਹਿਤ ਮੌੜ ਵਿਖੇ ਕਿਸਾਨ ਸਿਖਲਾਈ ਕੈਂਪ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪਰਮਜੀਤ ਸਿੰਘ/ਪੂਜਾ)**-ਮੁੱਖ ਖੇਤੀਬਾੜੀ ਅਫਸਰ ਸ੍ਰੀ ਮੁਕਤਸਰ ਸਾਹਿਬ ਡਾ. ਜਗਸੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤੇ ਸਹਾਇਕ ਪੌਦਾ ਸੁਰੱਖਿਆ ਅਫਸਰ ਸ੍ਰੀ ਮੁਕਤਸਰ ਸਾਹਿਬ ਡਾ. ਰਾਜਵਿੰਦਰ ਸਿੰਘ ਦੀ ਅਗਵਾਹੀ ਹੇਠ ਬਲਾਕ ਸ੍ਰੀ ਮੁਕਤਸਰ ਸਾਹਿਬ ਅਧੀਨ ਪੈਂਦੇ ਪਿੰਡ ਮੌੜ ਵਿਖੇ ਆਤਮਾ ਸਕੀਮ ਅਧੀਨ 'ਖੇਤ ਬਚਾਓ ਅਭਿਆਨ' ਤਹਿਤ ਵਿਸ਼ੇਸ਼ ਕਿਸਾਨ ਸਿਖਲਾਈ ਕੈਂਪ ਲਾਇਆ ਗਿਆ। ਡਾ. ਹਰਮਨਦੀਪ ਸਿੰਘ ਏ.ਡੀ.ਓ. ਸਰਕਲ ਬਧਾਈ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖੇਤੀ ਖਰਚੇ ਘਟਾਉਣ ਲਈ ਮਿੱਟੀ ਤੇ ਪਾਣੀ ਦੀ ਪਰਖ ਕਰਵਾਉਣਾ ਬਹੁਤ ਜ਼ਰੂਰੀ ਹੈ।ਉਨ੍ਹਾਂ ਦੱਸਿਆ ਕਿ ਮਿੱਟੀ ਦੀ ਪਰਖ ਨਾਲ ਖਾਦਾਂ ਦੀ ਸਹੀ ਮਿਕਦਾਰ ਦਾ ਪਤਾ ਲੱਗਦਾ ਹੈ, ਜਿਸ ਨਾਲ ਫਾਲਤੂ ਖਰਚਾ ਬਚਦਾ ਹੈ ਤੇ ਝਾੜ ਵਿੱਚ ਵਾਧਾ ਹੁੰਦਾ ਹੈ।ਉਨ੍ਹਾਂ ਦੱਸਿਆ ਕਿ ਮਾੜੇ ਪਾਣੀ ਕਾਰਨ ਜ਼ਮੀਨ ਦੀ ਸਿਹਤ 'ਤੇ ਬੁਰਾ ਅਸਰ ਹੁੰਦਾ ਹੈ, ਇਸ ਲਈ ਟਿਊਬਵੈੱਲ ਦੇ ਪਾਣੀ ਦੀ ਟੈਸਟਿੰਗ ਕਰਵਾ ਕੇ ਹੀ ਫਸਲ ਦੀ ਚੋਣ ਕਰਨੀ ਚਾਹੀਦੀ ਹੈ। ਉਨ੍ਹਾਂ ਕਾਲੇ ਸ਼ੋਰੇ ਦੇ ਸੁਧਾਰ ਲਈ ਜਿਪਸਮ ਦੀ ਵਰਤੋਂ ਕਰਨ ਦੀ ਸਿਫਾਰਿਸ਼ ਕੀਤੀ, ਜਿਸ ਨੂੰ ਚਾਹਵਾਨ ਕਿਸਾਨ 50 ਪ੍ਰਤੀਸ਼ਤ ਸਬਸਿਡੀ 'ਤੇ ਵਿਭਾਗ ਪਾਸੋਂ ਪ੍ਰਾਪਤ ਕਰ ਸਕਦੇ ਹਨ। ਉਨ੍ਹਾ ਕਿਸਾਨਾਂ ਨੂੰ ਮਿੱਟੀ ਦੀ ਸਿਹਤ ਦੇ ਸੁਧਾਰ ਲਈ ਹਰੀ ਖਾਦ, ਰੂੜ੍ਹੀ ਖਾਦ, ਹੋਰ ਜੈਵਿਕ ਖਾਦਾਂ ਦੀ ਵਰਤੋਂ ਤੇ ਫਸਲਾਂ ਦੀ ਰਹਿੰਦ ਖੂੰਹਦ ਨੂੰ ਖੇਤ ਵਿੱਚ ਹੀ ਵਾਹੁਣ ਲਈ ਪ੍ਰੇਰਿਤ ਕੀਤਾ। ਡਾ. ਸ਼ਵਿੰਦਰ ਸਿੰਘ ਏ.ਡੀ.ਓ (ਜ.ਕ) ਨੇ ਕੀਟਨਾਸ਼ਕਾਂ ਦੀ ਦੁਰਵਰਤੋਂ ਨੂੰ ਰੋਕਣ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਖੇਤਾਂ ਵਿੱਚ ਕੀੜੇ-ਮਕੌੜਿਆਂ ਦਾ ਹਮਲਾ ਆਰਥਿਕ ਕਗਾਰ ਤੱਕ ਪਹੁੰਚਣ 'ਤੇ ਹੀ ਕੀਟਨਾਸ਼ਕਾਂ ਦੀ ਸਪਰੇਅ ਕੀਤੀ ਜਾਵੇ।ਪਿੰਡ ਮੌੜ ਵਿਖੇ ਲਗਾਏ ਗਏ ਇਸ ਕੈਂਪ ਨੂੰ ਸਫ਼ਲ ਬਣਾਉਣ ਤੇ ਸਾਰੇ ਪ੍ਰਬੰਧਾਂ ਨੂੰ ਸੁਚੱਜੇ ਢੰਗ ਨਾਲ ਚਲਾਉਣ ਵਿੱਚ 'ਆਤਮਾ' ਸਕੀਮ ਦੇ ਅਸਿਸਟੈਂਟ ਟੈਕਨੋਲੋਜੀ ਮੈਨੇਜਰ ਸਵਰਨਜੀਤ ਸਿੰਘ ਤੇ ਫੀਲਡਮੈਨ ਦੀਪਇੰਦਰ ਸਿੰਘ ਨੇ ਅਹਿਮ ਭੂਮਿਕਾ ਨਿਭਾਈ।ਇਸ ਮੌਕੇ ਪਿੰਡ ਦੇ ਅਗਾਂਹਵਧੂ ਕਿਸਾਨ ਹਾਜ਼ਰ ਸਨ।

## ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਵੱਲੋਂ ਲੋਕ ਮਿਲਣੀਆਂ



**ਲਹਿਰਾਗਾਗਾ (ਪਵਨ ਸ਼ਰਮਾ)**-ਮਿਸ਼ਨ ਵਿਧਾਨ ਸਭਾ ਚੋਣਾਂ 2027 ਦੀ ਤਿਆਰੀ ਦੇ ਤਹਿਤ ਆਮ ਆਦਮੀ ਪਾਰਟੀ ਵੱਲੋਂ ਚਲਾਏ ਗਏ ਪ੍ਰੋਗਰਾਮ 'ਪਿੰਡ ਮਿਲਣੀ' ਦੇ ਤਹਿਤ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਵੱਲੋਂ ਵੀਰਵਾਰ ਨੂੰ ਹਲਕਾ ਲਹਿਰਾ ਦੇ ਪਿੰਡ ਕੋਟੜਾ ਲਹਿਲ, ਆਲਮਪੁਰ, ਅਲੀਸ਼ੇਰ, ਚੋਟੀਆਂ, ਕਾਲੀਆ ਅਤੇ ਚੂੜਲ ਖੁਰਦ ਵਿਖੇ ਲੋਕਾਂ ਨਾਲ ਮਿਲਣੀ ਕਰਦਿਆਂ ਜਿੱਥੇ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਸੁਣਿਆ ਗਿਆ ਉਥੇ ਹੀ ਸਰਕਾਰ ਦੀਆਂ ਪ੍ਰਾਪਤੀਆਂ ਨੂੰ ਲੋਕਾਂ ਸਾਹਮਣੇ ਰੱਖਿਆ ਗਿਆ। ਵੱਖ-ਵੱਖ ਪਿੰਡਾਂ ਅੰਦਰ ਲੋਕਾਂ ਨੂੰ ਸੰਬੋਧਨ ਕਰਦਿਆਂ ਮੰਤਰੀ ਗੋਇਲ ਨੇ ਕਿਹਾ ਕਿ ਆਪ ਵੱਲੋਂ 2022 ਵਿਧਾਨ ਸਭਾ ਚੋਣਾਂ ਸਮੇਂ ਕੀਤੇ ਗਏ ਸਾਰੇ ਵਾਅਦੇ ਪੂਰੇ ਕਰ ਦਿੱਤੇ ਗਏ ਹਨ। ਉਨ੍ਹਾਂ ਸਰਕਾਰ ਦੀਆਂ ਪ੍ਰਾਪਤੀਆਂ ਦੱਸਦਿਆ ਕਿਹਾ ਕਿ ਦੇਸ਼ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਕਿ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਰ ਵਰਗ ਲਈ 600 ਯੂਨਿਟ ਬਿਜਲੀ ਮਾਫ ਕੀਤੀ ਹੈ।65 ਹਜ਼ਾਰ ਤੋਂ ਵੱਧ ਬੇਰੁਜ਼ਗਾਰਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ।ਹਰ ਖੇਤ ਤੱਕ ਅੰਡਰ ਗਰਾਊਂਡ ਪਾਈਪਲਾਈਨ ਪਾ ਕੇ ਨਹਿਰੀ ਪਾਣੀ ਪਹੁੰਚਾਇਆ ਗਿਆ, ਸਿਹਤ ਅਤੇ ਸਿੱਖਿਆ ਦੇ ਖੇਤਰ ਵਿੱਚ ਕੀਤੇ ਗਏ ਕ੍ਰਾਂਤੀਕਾਰੀ ਬਦਲਾ ਅੱਜ ਦੇਸ਼ ਵਿੱਚ ਹੀ ਨਹੀਂ ਬਲਕਿ ਪੂਰੀ ਦੁਨੀਆਂ ਵਿੱਚ ਮਿਸਾਲ ਬਣ ਚੁੱਕੇ ਹਨ ।ਇਸ ਮੌਕੇ ਗੋਇਲ ਦੇ ਨਾਲ ਉਹਨਾਂ ਦੇ ਓ ਐਸ ਡੀ ਰਕੇਸ਼ ਕੁਮਾਰ ਗੁਪਤਾ ਵਿੱਕੀ, ਟਰੱਕ ਯੂਨੀਅਨ ਦੇ ਸਾਬਕਾ ਪ੍ਰਧਾਨ ਦਰਬਾਰਾ ਸਿੰਘ ਹੈਪੀ, ਯੂਥ ਆਗੂ ਅਜੈ ਕੁਮਾਰ ਠੋਲੀ ,ਪਰਵੀਨ ਕੁਮਾਰ ਟਿੰਕਾ, ਰਤਨ ਸ਼ਰਮਾ, ਟਰੇਡ ਵਿੰਗ ਦੇ ਰਕੇਸ਼ ਕੁਮਾਰ ਗਰਗ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਅਤੇ ਵਲੰਟੀਅਰ ਹਾਜ਼ਰ ਸਨ।

## ਜਾਤੀ ਅਧਾਰਤ ਬੋਰਡਾਂ ਦੇ ਗਠਨ ਨਾਲ ਸਮਾਜਿਕ ਏਕਤਾ ਨੂੰ ਲੱਗੇਗੀ ਢਾਹ : ਗਰਗ



**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਜਾਤੀ ਅਧਾਰਤ ਬੋਰਡਾਂ ਦੇ ਗਠਨ ਦੀ ਕੀਤੀ ਜਾ ਰਹੀ ਕਵਾਇਦ 'ਤੇ ਤਿੱਖੀ ਪ੍ਰਤੀਕਿਰਿਆ ਪ੍ਰਗਟ ਕਰਦਿਆਂ ਸਾਬਕਾ ਸੰਸਦੀ ਸਕੱਤਰ ਅਤੇ ਸੰਗਰੂਰ ਤੋਂ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਬਾਬੂ ਪ੍ਰਕਾਸ਼ ਚੰਦ ਗਰਗ ਨੇ ਇਸ ਫੈਸਲੇ ਨੂੰ ਆਧਾਰਹੀਣ, ਬੇਲੋੜਾ ਅਤੇ ਸਮਾਜਿਕ ਏਕਤਾ ਲਈ ਘਾਤਕ ਕਰਾਰ ਦਿੱਤਾ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗਰਗ ਨੇ ਕਿਹਾ ਕਿ ਪੰਜਾਬ ਹਮੇਸ਼ਾ ਭਾਈਚਾਰਕ ਸਾਂਝ ਅਤੇ ਆਪਸੀ ਭਰਾਵਾਂ ਵਾਲੇ ਮਾਹੌਲ ਲਈ ਜਾਣਿਆ ਜਾਂਦਾ ਰਿਹਾ ਹੈ, ਪਰ ਆਮ ਆਦਮੀ ਪਾਰਟੀ ਦੀ ਸਰਕਾਰ ਵੋਟ ਬੈਂਕ ਦੀ ਸਿਆਸਤ ਦੇ ਮੱਦੇਨਜ਼ਰ ਅਜਿਹੇ ਫੈਸਲੇ ਲੈ ਰਹੀ ਹੈ, ਜੋ ਸਮਾਜਿਕ ਤਾਣੇ-ਬਾਣੇ ਨੂੰ ਕਮਜ਼ੋਰ ਕਰਨ ਦਾ ਕਾਰਨ ਬਣ ਸਕਦੇ ਹਨ। ਉਨ੍ਹਾਂ ਕਿਹਾ ਕਿ ਜਾਤੀ ਅਧਾਰਤ ਬੋਰਡਾਂ ਦੇ ਗਠਨ ਨਾਲ ਸਮਾਜ ਵਿੱਚ ਵੰਡੀਆਂ ਪੈਣਗੀਆਂ ਅਤੇ ਜਾਤ-ਪਾਤ ਦੀ ਰਾਜਨੀਤੀ ਨੂੰ ਹੋਰ ਉਤਸ਼ਾਹ ਮਿਲੇਗਾ।ਅਕਾਲੀ ਆਗੂ ਨੇ ਇਹ ਵੀ ਦੋਸ਼ ਲਗਾਇਆ ਕਿ ਸਰਕਾਰ ਆਪਣੇ ਨਾਰਾਜ਼ ਆਗੂਆਂ ਨੂੰ ਚੇਅਰਮੈਨੀਆਂ ਅਤੇ ਹੋਰ ਅਹੁਦੇ ਦੇ ਕੇ ਖੁਸ਼ ਕਰਨ ਲਈ ਅਜਿਹੇ ਬੋਰਡਾਂ ਦਾ ਗਠਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀ ਨੀਤੀ ਦੇ ਨਤੀਜੇ ਪੰਜਾਬ ਲਈ ਲੰਬੇ ਸਮੇਂ ਤੱਕ ਨੁਕਸਾਨਦਾਇਕ ਸਾਬਤ ਹੋ ਸਕਦੇ ਹਨ।

# ਏਟਕ ਦੀ ਅਗਵਾਈ 'ਚ ਸੇਵਾ ਕੇਂਦਰ ਮੁਲਾਜ਼ਮਾਂ ਦੀ ਹੜਤਾਲ ਸਮਾਪਤ, ਕੰਮਕਾਜ ਮੁੜ ਸ਼ੁਰੂ

■ ਕੈਬਨਿਟ ਮੰਤਰੀ ਅਮਨ ਅਰੋੜਾ ਨਾਲ ਹੋਈ ਮੀਟਿੰਗ 'ਚ ਸੇਵਾ ਕੇਂਦਰ ਮੁਲਾਜ਼ਮਾਂ ਲਈ ਹੋਏ ਅਹਿਮ ਫੈਸਲੇ ■ ਸੇਵਾ ਕੇਂਦਰ ਮੁਲਾਜ਼ਮਾਂ ਦੇ ਪੱਕੇ ਰੁਜ਼ਗਾਰ ਤੱਕ ਏਟਕ ਯੂਨੀਅਨ ਆਪਣਾ ਸੰਘਰਸ਼ ਜਾਰੀ ਰੱਖੇਗੀ : ਢਾਬਾਂ, ਢਿੱਲੋਂ, ਬਾਘਲਾ




**ਜਲਾਲਾਬਾਦ (ਜੰਗੀਰ ਕੌਰ, ਜੀਤ ਕੁਮਾਰ)**
ਬੀਤੇ 15 ਦਿਨਾਂ ਤੋਂ ਪੰਜਾਬ ਭਰ ਵਿੱਚ ਸੇਵਾ ਕੇਂਦਰ ਮੁਲਾਜ਼ਮਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਕੀਤੀ ਜਾ ਰਹੀ ਹੜਤਾਲ ਨੂੰ ਕੈਬਨਟ ਮੰਤਰੀ ਅਮਨ ਅਰੋੜਾ ਨਾਲ ਹੋਈ ਮੀਟਿੰਗ ਤੋਂ ਬਾਅਦ ਖਤਮ ਕਰ ਦਿੱਤਾ ਗਿਆ ਹੈ। ਬੁੱਧਵਾਰ ਸਮੂਹ ਸੇਵਾ ਕੇਂਦਰ ਮੁਲਾਜ਼ਮ ਆਪਣੇ ਸੇਵਾ ਕੇਂਦਰਾਂ 'ਤੇ ਕੰਮ ਲਈ ਪਰਤ ਗਏ ਹਨ। ਸੇਵਾ ਕੇਂਦਰ ਮੁਲਾਜ਼ਮਾਂ ਦੀ ਲੜੀ ਜਾਰੀ ਹੱਕਾਂ ਦੀ ਲੜਾਈ ਦੀ ਜਿੱਤ ਪ੍ਰਾਪਤ ਕਰਨ ਤੋਂ ਬਾਅਦ ਏਟਕ ਵੱਲੋਂ ਸੇਵਾ ਕੇਂਦਰ ਮੁਲਾਜ਼ਮ ਸਾਥੀਆਂ ਦਾ ਸ਼ਹੀਦ ਭਗਤ ਸਿੰਘ ਦੀ ਤਸਵੀਰ ਤੇ ਏਟਕ ਦਾ ਝੰਡਾ ਸੌਂਪ ਕੇ ਸਨਮਾਨਤ ਕੀਤਾ ਗਿਆ। ਸੇਵਾ ਕੇਂਦਰ ਮੁਲਾਜ਼ਮ ਸਾਥੀਆਂ ਨੂੰ ਸਨਮਾਨਤ ਕਰਨ ਮੌਕੇ ਕੰਸਟਰਕਸ਼ਨ ਵਰਕਰ ਐਂਡ ਲੇਬਰ ਯੂਨੀਅਨ (ਰਜਿ:) ਏਟਕ ਦੇ ਸੂਬਾ ਡਿਪਟੀ ਜਨਰਲ ਸੈਕਟਰੀ ਐਡਵੋਕੇਟ ਪਰਮਜੀਤ ਢਾਬਾਂ ਜ਼ਿਲ੍ਹਾ ਸਕੱਤਰ ਸੋਨਾ ਧੁੰਨਕੀਆਂ ਏਟਟ ਦੇ ਸਰਕਲ ਪ੍ਰਧਾਨ ਰੋਹਿਤ ਬਾਘਲਾ ਤੇ ਏਆਈਐੱਸਐੱਫ ਦੇ ਆਗੂ ਗੁਰਪਿੰਦਰ ਸਿੰਘ ਠਠੇਰਾਂ ਹਾਜ਼ਰ ਸਨ। ਇਸ ਮੌਕੇ ਜਾਣਕਾਰੀ ਦਿੰਦਿਆਂ ਏਟਕ ਦੇ ਆਗੂ ਐਡਵੋਕੇਟ ਪਰਮਜੀਤ ਢਾਬਾਂ, ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਮ੍ਰਿਤ ਪਾਲ ਕੌਰ ਢਿੱਲੋਂ, ਪੰਜਾਬ ਰਾਜ ਬਿਜਲੀ ਬੋਰਡ ਇੰਪਲਾਈਜ਼ ਫੈਡਰੇਸ਼ਨ ਏਟਕ ਜਲਾਲਾਬਾਦ ਦੇ ਮੰਡਲ ਪ੍ਰਧਾਨ ਰੋਹਤ ਬਾਘਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੀਟਿੰਗ ਵਿੱਚ ਮੁਲਾਜ਼ਮਾਂ ਦੀਆਂ ਮੰਗਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਮੰਤਰੀ ਅਰੋੜਾ ਨੇ ਭਰੋਸਾ ਦਿਵਾਇਆ ਕਿ ਕਿਰਤ ਕਾਨੂੰਨਾਂ ਦੀ ਸਖ਼ਤੀ ਨਾਲ ਪਾਲਣਾ ਕੀਤੀ ਜਾਵੇਗੀ। ਨਾਲ ਹੀ ਇਹ ਅਹਿਮ ਫੈਸਲਾ ਲਿਆ ਗਿਆ ਹੈ ਕਿ ਮੌਜੂਦਾ ਪ੍ਰਾਈਵੇਟ ਕੰਪਨੀ ਦਾ ਸਰਕਾਰ ਵੱਲੋਂ ਕੀਤਾ ਗਿਆ ਸਮਝੌਤਾ ਖਤਮ ਹੋਣ ਦੇ ਤੁਰੰਤ ਬਾਅਦ ਕੋਈ ਨਵਾਂ ਸਮਝੌਤਾ ਨਹੀਂ ਕੀਤਾ ਜਾਵੇਗਾ ਅਤੇ ਭਵਿੱਖ ਵਿੱਚ ਕਰਮਚਾਰੀਆਂ ਨੂੰ ਸਿੱਧੇ ਤੌਰ 'ਤੇ ਸਰਕਾਰ/ਸੇਵਾ ਕੇਂਦਰ ਅਧੀਨ ਰੱਖਿਆ ਜਾਵੇਗਾ। ਇਸ ਸਬੰਧੀ ਪ੍ਰਾਈਵੇਟ ਕੰਪਨੀ ਵੱਲੋਂ ਵੀ ਲਿਖਤੀ ਭਰੋਸਾ ਦਿੱਤਾ ਗਿਆ ਹੈ ਤੇ ਮੰਗਾਂ ਨੂੰ ਲਿਖਤੀ ਰੂਪ ਵਿੱਚ ਪ੍ਰਵਾਨ ਕੀਤਾ ਗਿਆ ਹੈ। ਇਸ ਲਿਖਤੀ ਭਰੋਸੇ ਤੋਂ ਬਾਅਦ ਪਿਛਲੇ 15 ਦਿਨਾਂ ਤੋਂ ਚੱਲ ਰਹੀ ਸੇਵਾ ਕੇਂਦਰਾਂ ਦੀ ਹੜਤਾਲ ਨੂੰ ਸਮਾਪਤ ਕਰ ਦਿੱਤਾ ਗਿਆ ਹੈ ਤੇ ਸਮੂਹ ਮੁਲਾਜ਼ਮ ਆਪਣੇ ਕੰਮਾਂ 'ਤੇ ਵਾਪਸ ਪਰਤ ਗਏ ਹਨ। ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਦੀ ਜ਼ਿਲ੍ਹਾ ਪ੍ਰਧਾਨ ਅੰਮ੍ਰਿਤ ਪਾਲ ਕੌਰ ਢਿੱਲੋਂ ਤੇ ਜ਼ਿਲ੍ਹੇ ਦੇ ਆਗੂ ਗੁਰਿੰਦਰਜੀਤ ਸਿੰਘ ਚੱਕ ਸੈਦੋਕਾ ਨੇ ਉਨ੍ਹਾਂ ਦੇ ਸੰਘਰਸ਼ ਵਿੱਚ ਸਾਥ ਦੇਣ ਵਾਲੇ ਸਾਰੇ ਵਿਦਿਆਰਥੀਆਂ, ਨੌਜਵਾਨਾਂ, ਕਿਸਾਨਾਂ ਤੇ ਆਮ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਜਿੱਤ ਸਾਰੇ ਲੜਨ ਵਾਲੇ ਲੋਕਾਂ ਦੀ ਜਿੱਤ ਹੈ। ਆਗੂਆਂ ਨੇ ਲੋਕਾਂ ਨੂੰ ਜਾਣਕਾਰੀ ਦਿੰਦਿਆਂ ਅਪੀਲ ਕੀਤੀ ਕਿ ਉਹ ਪਹਿਲਾਂ ਦੀ ਤਰ੍ਹਾਂ ਸੇਵਾ ਕੇਂਦਰਾਂ ਵਿੱਚ ਆਪਣੇ ਕੰਮ ਕਰਵਾਉਣ ਲਈ ਉਨ੍ਹਾਂ ਦੇ ਪਾਰਦਰਸ਼ੀ ਢੰਗ ਨਾਲ ਕੰਮ ਤੁਰੰਤ ਕੀਤੇ ਜਾਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਵਿੰਦਰ ਸਿੰਘ, ਰਣਜੀਤ ਸਿੰਘ, ਜਸਵੰਤ ਸਿੰਘ, ਮਨਦੀਪ ਸਿੰਘ ਤੇ ਸਮਾਈਲ ਹਾਜ਼ਰ ਸਨ।

# ਬੇਲਗਾਮ ਵਧ ਰਹੀ ਮਹਿੰਗਾਈ ਨੇ ਮਿਹਨਤਕਸ਼ ਲੋਕਾਂ ਦਾ ਜਿਊਣਾ ਦੁੱਭਰ ਕੀਤਾ : ਸੀ ਪੀ ਆਈ ਆਗੂ

■ ਸੱਟਾ ਚੌਕ ਮਾਲੇਰਕੋਟਲਾ ਵਿਖੇ ਕਨਵੈਨਸ਼ਨ 17 ਜੂਨ ਨੂੰ

**ਮਾਲੇਰਕੋਟਲਾ (ਅਸਗਰ ਪਰਿਹਾਰ)**
ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮਾਲੇਰਕੋਟਲਾ ਦੇ ਸਕੱਤਰ ਕਾ. ਭਰਪੂਰ ਸਿੰਘ ਬੂੱਲਾਪੁਰ, ਸਹਾਇਕ ਸਕੱਤਰ ਮੁਹੰਮਦ ਖ਼ਲੀਲ ਤੇ ਦਿਨੇਸ਼ ਭਰਦਵਾਜ ਨੇ ਸਾਂਝਾ ਬਿਆਨ ਜਾਰੀ ਕਰਦਿਆਂ ਕਿਹਾ ਕਿ 17 ਜੂਨ 2026 ਨੂੰ ਸੀ ਪੀ ਆਈ ਜ਼ਿਲ੍ਹਾ ਮਾਲੇਰਕੋਟਲਾ ਵੱਲੋਂ ਇੱਕ ਕਨਵੈਨਸ਼ਨ ਸੱਟਾ ਚੌਕ ਮਾਲੇਰਕੋਟਲਾ ਵਿਖੇ ਕੀਤੀ ਜਾ ਰਹੀ ਹੈ।ਮਜ਼ਦੂਰਾਂ-ਮੁਲਾਜ਼ਮਾਂ, ਕਿਸਾਨਾਂ ਸਮੁੱਚੀ ਮਿਹਨਤਕਸ਼ ਲੋਕਾਂ ਦੀਆਂ ਸਮੱਸਿਆਵਾਂ ਜਿਵੇਂ ਬੇਲਗਾਮ ਵੱਧ ਰਹੀ ਮਹਿੰਗਾਈ, ਪੈਟਰੋਲ, ਡੀਜ਼ਲ ਦੇ ਵਾਰ-ਵਾਰ ਰੇਟ ਵਧਣ ਦੇ ਨਾਲ ਨਾਲ ਹਰ ਰੋਜ਼ ਖਾਣ ਪੀਣ ਵਾਲੀਆਂ ਵਸਤੂਆਂ ਮਹਿੰਗੀਆਂ ਹੋਈ ਜਾ ਰਹੀਆਂ ਹਨ।ਮਿਹਨਤਕਸ਼ ਲੋਕਾਂ ਦਾ ਜਿਊਣਾ ਦੁੱਭਰ ਹੋ ਗਿਆ ਹੈ।ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਜਦੋਂ ਪੰਜ ਸੂਬਿਆਂ ਵਿੱਚ ਵੋਟਾਂ ਪੈ ਰਹੀਆਂ ਸਨ।ਉਸ ਸਮੇਂ ਪਟਰੋਲ ਤੇ ਡੀਜ਼ਲ ਰੇਟ ਨਹੀਂ ਵਧਾਏ।ਹੁਣ ਜਦੋਂ ਵੋਟਾਂ ਪੈ ਗਈਆਂ, ਤਾਂ ਵਾਰ-ਵਾਰ ਰੇਟ ਵਧਾਏ ਜਾ ਰਹੇ ਹਨ।ਹੁਣ ਦੇਸ਼ ਦਾ ਪ੍ਰਧਾਨ ਮੰਤਰੀ ਲੋਕਾਂ ਨੂੰ ਅਪੀਲਾਂ ਕਰ ਰਿਹਾ ਹੈ ਕਿ ਸੋਨਾ ਨਾ ਖਰੀਦੋ, ਬਾਹਰਲੇ ਦੇਸ਼ਾਂ ਵਿੱਚ ਨਾ ਜਾਓ, ਕਾਰਾਂ, ਮੋਟਰਸਾਈਕਲਾਂ ਤੇ ਸਕੂਟਰਾਂ 'ਤੇ ਨਾ ਜਾਓ।ਬੱਸ ਜਾਂ ਮੈਟਰੋ ਰਾਹੀਂ ਸਫ਼ਰ ਕਰੋ।ਜੰਗ ਕਾਰਨ ਆਰਥਿਕ ਮੰਦਹਾਲੀ ਹੈ, ਜੋ ਕਿ ਇੱਕ ਬਹਾਨਾ ਹੈ।ਦੇਸ਼ ਦੀ ਮਾੜੀ ਹਾਲਤ ਗਲਤ ਆਰਥਿਕ ਨੀਤੀਆਂ ਕਰਕੇ ਹੈ ਕਾਰਪੋਰੇਟਾਂ ਦਾ 16 ਲੱਖ ਹਜ਼ਾਰ ਕਰੋੜ ਰੁਪਿਆ ਮਾਫ ਕਰ ਦਿੱਤਾ ਗਿਆ ਹੈ।ਗਲਤ ਵਿਦੇਸ਼ ਨੀਤੀ ਕਾਰਨ ਇੱਕ ਡਾਲਰ 97 ਰੁਪਏ ਦਾ ਹੋ ਚੁੱਕਿਆ ਹੈ।ਇਹ ਭਾਜਪਾ ਸਰਕਾਰ ਦੀਆਂ ਮਾੜੀਆਂ ਆਰਥਿਕ ਨੀਤੀਆਂ ਕਰਕੇ ਹੋਇਆ ਹੈ।ਅੱਜ ਦੇਸ਼ ਅਮਰੀਕਾ ਦੇ ਵਾਈਟ ਹਾਊਸ ਤੋਂ ਚੱਲ ਰਿਹਾ ਹੈ।ਪੰਜਾਬ ਸਰਕਾਰ ਮੁਲਾਜ਼ਮਾਂ ਦਾ ਡੀ ਏ ਦਾ 14 ਹਜ਼ਾਰ ਕਰੋੜ ਰੁਪਏ ਦੇਣ ਦੀ ਬਜਾਏ, ਮੁਲਾਜ਼ਮਾਂ ਦੀ ਆਵਾਜ਼ ਨੂੰ ਪੁਲਸ ਜਬਰ ਨਾਲ ਦਬਾਉਣਾ ਚਾਹੁੰਦੀ ਹੈ।ਆਈ ਟੀ ਆਈ ਪਾਸ ਬੇਰੁਜ਼ਗਾਰਾਂ ਜੋ ਅਮਨ ਪੂਰਵਕ ਨੌਕਰੀ ਮੰਗਦੇ ਹਨ ਤੇ ਵਹਿਸ਼ੀਆਨਾ ਪੁਲਸ ਜਬਰ ਕਰਵਾਇਆ ਹੈ।ਪੰਜਾਬ ਸਰਕਾਰ ਲੋਕਤੰਤਰੀ ਕਦਰਾਂ ਕੀਮਤਾਂ ਦਾ ਘਾਣ ਕਰ ਰਹੀ ਹੈ।ਈ ਟੀ ਟੀ ਪਾਸ ਜੋ ਅੱਜ ਧੂਰੀ ਵਿਖੇ ਪ੍ਰਦਰਸ਼ਨ ਕਰ ਰਹੇ ਸੀ, ਉਨ੍ਹਾਂ ਦੇ ਵੀ ਪੁਲਸ ਨੇ ਤੰਬੂ ਪਾੜ ਦਿੱਤੇ ਹਨ।ਇਨ੍ਹਾਂ ਸਾਰੇ ਭਖਦੇ ਮਸਲਿਆਂ ਸਬੰਧੀ ਇਹ ਕਨਵੈਨਸ਼ਨ ਕੀਤੀ ਜਾ ਰਹੀ ਹੈ।ਸਮੁੱਚੇ ਮਿਹਨਤਕਸ਼ ਲੋਕਾਂ ਨੂੰ ਅਪੀਲ ਕੀਤੀ ਕਿ ਸਾਰੇ ਇਸ ਵਿੱਚ ਸ਼ਮੂਲੀਅਤ ਕਰਨ।

## ਭਾਈ ਘਨੱਈਆ ਕਲੱਬ ਵੱਲੋਂ ਪਿੰਡ ਦੀ ਹਰ ਧੀ ਦੇ ਵਿਆਹ ਮੌਕੇ ਸ਼ਗਨ ਦੇਣ ਦਾ ਐਲਾਨ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਭਾਈ ਘਨੱਈਆ ਜੀ ਯੁਵਕ ਸੇਵਾਵਾਂ ਕਲੱਬ ਪੰਡੋਰੀ ਵੱਲੋਂ ਸਤਿਕਾਰਤ ਐਨ ਆਰ ਆਈ ਭਰਾਵਾਂ ਦੇ ਸਹਿਯੋਗ ਨਾਲ ਪਿੰਡ ਪੰਡੋਰੀ ਦੀ ਹਰ ਧੀ ਦੇ ਵਿਆਹ ਮੌਕੇ 2100 ਰੁਪਏ ਸ਼ਗਨ ਦੇਣ ਦਾ ਐਲਾਨ ਕੀਤਾ ਗਿਆ ਹੈ।ਇਸ ਲੋਕ ਭਲਾਈ ਕਾਰਜ ਦੀ ਸ਼ੁਰੂਆਤ ਕਲੱਬ ਵੱਲੋਂ ਭਾਈ ਮੋਹਨ ਸਿੰਘ ਪੁੱਤਰ ਜੋਰਾ ਸਿੰਘ ਦੇ ਪਰਿਵਾਰ ਤੋਂ ਕੀਤੀ ਗਈ।ਇਸ ਮੌਕੇ ਮੋਹਨ ਸਿੰਘ ਦੀ ਧੀ ਦੇ ਵਿਆਹ ਨੂੰ ਮੁੱਖ ਰੱਖਦਿਆਂ ਇਹ 2100 ਰੁਪਏ ਦੀ ਸ਼ਗਨ ਸਕੀਮ ਸ਼ੁਰੂ ਕਰਨ ਵਾਲੇ ਸਤਿਕਾਰਯੋਗ ਮਾਸਟਰ ਸੁਖਦਰਸ਼ਨ ਸਿੰਘ ਬੋਪਾਰਾਏ ਕੈਨੇਡਾ ਨੇ ਇਹ ਫੈਸਲਾ ਕੀਤਾ ਕਿ ਅੱਜ ਤੋਂ ਬਾਅਦ ਪਿੰਡ ਪੰਡੋਰੀ ਦੇ ਹਰ ਪਰਿਵਾਰ ਦੀ ਧੀ ਦੇ ਵਿਆਹ ਲਈ ਇਹ ਸੇਵਾ ਪਹੁੰਚਾਈ ਜਾਇਆ ਕਰੇਗੀ।ਇਸ ਤੋਂ ਇਲਾਵਾ ਸ: ਰਣਜੀਤ ਸਿੰਘ ਗਰੇਵਾਲ ਨੇ ਵੀ ਮੋਹਨ ਸਿੰਘ ਦੀ ਧੀ ਦੇ ਵਿਆਹ ਨੂੰ ਮੁੱਖ ਰੱਖਦਿਆਂ ਸਹਾਇਤਾ ਭੇਜੀ ਗਈ ਹੈ।ਇਸ ਮੌਕੇ ਕਲੱਬ ਦੇ ਪ੍ਰਧਾਨ ਹਰਵਿੰਦਰ ਸਿੰਘ ਸਿੱਧੂ, ਬਲਜੀਤ ਸਿੰਘ ਸਿੱਧੂ, ਨਵਦੀਪ ਸਿੰਘ ਬਾਠ, ਭੋਲਾ ਸਿੰਘ ਮਹਿਰਾ ਅਤੇ ਨਿਮਰਤ ਕੌਰ ਗਰੇਵਾਲ ਹਾਜ਼ਰ ਸਨ।

# ਪੀ ਜੀ ਆਈ ਵੱਲੋਂ ਫੈਟੀ ਲਿਵਰ ਦੀ ਰੋਕਥਾਮ ਲਈ ਤੁਰੰਤ ਕਦਮ ਚੁੱਕਣ ਦੀ ਅਪੀਲ



**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ ਦੇ ਐਡਵਾਂਸਡ ਪੀਡੀਆਟ੍ਰਿਕਸ ਸੈਂਟਰ ਸਥਿਤ ਬਾਲ ਗੈਸਟ੍ਰੋਐਂਟਰੋਲੋਜੀ ਤੇ ਹੈਪਾਟੋਲੋਜੀ ਵਿਭਾਗ ਵੱਲੋਂ ਗਲੋਬਲ ਫੈਟੀ ਲਿਵਰ ਦਿਵਸ ਮੌਕੇ ਇੱਕ ਰੋਗੀ ਜਾਗਰੂਕਤਾ ਪ੍ਰੋਗਰਾਮ ਕੀਤਾ ਗਿਆ।ਪ੍ਰੋਗਰਾਮ ਦਾ ਮੁੱਖ ਵਿਸ਼ਾ ਬਾਲ ਅਵਸਥਾ ਵਿੱਚ ਫੈਟੀ ਲਿਵਰ ਰੋਗ ਬੱਚਿਆਂ ਤੇ ਨੌਜਵਾਨਾਂ ਵਿੱਚ ਇਸ ਬਿਮਾਰੀ ਦੇ ਵਧਦੇ ਬੋਝ ਉੱਤੇ ਚਾਨਣਾ ਪਾਉਂਦੇ ਹੋਏ ਸਿਹਤਮੰਦ ਜੀਵਨ ਸ਼ੈਲੀ ਅਪਨਾ ਕੇ ਇਸ ਦੀ ਰੋਕਥਾਮ ਦੇ ਮਹੱਤਵ 'ਤੇ ਜ਼ੋਰ ਦਿੱਤਾ ਗਿਆ।ਪ੍ਰੋਗਰਾਮ ਦੀ ਅਗਵਾਈ ਪ੍ਰੋ. ਸਾਧਨਾ ਲਾਲ, ਪ੍ਰੋਫੈਸਰ ਤੇ ਮੁਖੀ, ਬਾਲ ਗੈਸਟ੍ਰੋਐਂਟਰੋਲੋਜੀ ਤੇ ਹੈਪਾਟੋਲੋਜੀ ਵਿਭਾਗ ਨੇ ਕੀਤੀ।ਉਨ੍ਹਾਂ ਦੇ ਨਾਲ ਡਾ. ਦੇਵੀ ਦਿਆਲ, ਪ੍ਰੋਫੈਸਰ, ਬਾਲ ਐਂਡੋਕ੍ਰਾਈਨੋਲੋਜੀ ਵਿਭਾਗ; ਡਾ. ਰਾਕੇਸ਼ ਕੁਮਾਰ, ਪ੍ਰੋਫੈਸਰ, ਬਾਲ ਐਂਡੋਕ੍ਰਾਈਨੋਲੋਜੀ ਵਿਭਾਗ; ਡਾ. ਜੈਵਿੰਦਰ ਯਾਦਵ, ਵਧੀਕ ਪ੍ਰੋਫੈਸਰ, ਬਾਲ ਐਂਡੋਕ੍ਰਾਈਨੋਲੋਜੀ ਵਿਭਾਗ ਤੇ ਡਾ. ਚੇਨਕੇਸ਼ਵ ਟੀ., ਸਹਾਇਕ ਪ੍ਰੋਫੈਸਰ, ਬਾਲ ਗੈਸਟ੍ਰੋਐਂਟਰੋਲੋਜੀ ਤੇ ਹੈਪਾਟੋਲੋਜੀ ਵਿਭਾਗ ਮੌਜੂਦ ਸਨ।ਸਭਾ ਨੂੰ ਸੰਬੋਧਨ ਕਰਦਿਆਂ ਪ੍ਰੋ. ਸਾਧਨਾ ਲਾਲ ਨੇ ਕਿਹਾ ਕਿ ਫੈਟੀ ਲਿਵਰ ਰੋਗ ਹੁਣ ਸਿਰਫ਼ ਬਾਲਗਾਂ ਤੱਕ ਸੀਮਿਤ ਨਹੀਂ ਰਿਹਾ, ਸਗੋਂ ਇਹ ਬੱਚਿਆਂ ਵਿੱਚ ਵੀ ਤੇਜ਼ੀ ਨਾਲ ਵੱਧ ਰਿਹਾ ਹੈ, ਖਾਸ ਕਰਕੇ ਉਨ੍ਹਾਂ ਬੱਚਿਆਂ ਵਿੱਚ ਜੋ ਮੋਟਾਪੇ, ਗੈਰ-ਸਰਗਰਮ ਜੀਵਨ ਸ਼ੈਲੀ ਤੇ ਗੈਰ-ਸਿਹਤਮੰਦ ਖੁਰਾਕ ਦੀਆਂ ਆਦਤਾਂ ਨਾਲ ਪ੍ਰਭਾਵਿਤ ਹਨ।ਉਨ੍ਹਾਂ ਕਿਹਾ ਕਿ ਬੱਚਿਆਂ ਵਿੱਚ ਫੈਟੀ ਲਿਵਰ ਰੋਗ ਇੱਕ ਮਹੱਤਵਪੂਰਨ ਜਨ-ਸਿਹਤ ਚਿੰਤਾ ਵਜੋਂ ਉੱਭਰ ਰਿਹਾ ਹੈ।ਹਾਲਾਂਕਿ ਸ਼ੁਰੂਆਤੀ ਪੜਾਅ ਵਿੱਚ ਇਸ ਦੇ ਕੋਈ ਸਪੱਸ਼ਟ ਲੱਛਣ ਨਹੀਂ ਹੁੰਦੇ, ਪਰ ਇਹ ਭਵਿੱਖ ਵਿੱਚ ਗੰਭੀਰ ਮੈਟਾਬੋਲਿਕ ਤੇ ਦਿਲ ਨਾਲ ਸੰਬੰਧਤ ਬਿਮਾਰੀਆਂ ਦਾ ਸ਼ੁਰੂਆਤੀ ਸੰਕੇਤ ਹੋ ਸਕਦਾ ਹੈ।ਰੋਕਥਾਮ ਦੇ ਮਹੱਤਵ 'ਤੇ ਜ਼ੋਰ ਦਿੰਦਿਆਂ ਪ੍ਰੋ. ਲਾਲ ਨੇ ਕਿਹਾ ਕਿ ਰੋਕਥਾਮ ਦੀ ਸ਼ੁਰੂਆਤ ਬਚਪਨ ਤੋਂ ਹੁੰਦੀ ਹੈ।ਸਿਹਤਮੰਦ ਖੁਰਾਕ, ਨਿਯਮਿਤ ਸਰੀਰਕ ਗਤੀਵਿਧੀ ਤੇ ਪ੍ਰੋਸੈਸਡ ਭੋਜਨ ਦਾ ਸੀਮਿਤ ਸੇਵਨ ਜੀਵਨ ਸ਼ੈਲੀ ਨਾਲ ਜੁੜੇ ਫੈਟੀ ਲਿਵਰ ਰੋਗ ਦੇ ਕਈ ਮਾਮਲਿਆਂ ਨੂੰ ਰੋਕ ਸਕਦਾ ਹੈ ਤੇ ਉਨ੍ਹਾਂ ਨੂੰ ਠੀਕ ਵੀ ਕਰ ਸਕਦਾ ਹੈ।

ਫੈਟੀ ਲਿਵਰ ਰੋਗ ਦੇ ਵਧਦੇ ਪ੍ਰਸਾਰ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਸਮੱਸਿਆ ਲਗਭਗ ਹਰ ਚਾਰ ਮੋਟੇ ਬੱਚਿਆਂ ਵਿੱਚੋਂ ਇੱਕ ਨੂੰ ਪ੍ਰਭਾਵਿਤ ਕਰ ਸਕਦੀ ਹੈ।ਉਨ੍ਹਾਂ ਕਿਹਾ ਕਿ ਜਾਗਰੂਕਤਾ ਤੇ ਸਮੇਂ ਸਿਰ ਜਾਂਚ ਬਹੁਤ ਜ਼ਰੂਰੀ ਹੈ, ਕਿਉਂਕਿ ਇਹ ਰੋਗ ਅਕਸਰ ਤਦ ਤੱਕ ਅਣਪਛਾਤਾ ਰਹਿੰਦਾ ਹੈ, ਜਦ ਤੱਕ ਜਟਿਲਤਾਵਾਂ ਪੈਦਾ ਨਹੀਂ ਹੋ ਜਾਂਦੀਆਂ।ਇਸ ਮੌਕੇ ਡਾ. ਦੇਵੀ ਦਿਆਲ, ਡਾ. ਜੈਵਿੰਦਰ ਯਾਦਵ, ਡਾ. ਰਾਕੇਸ਼ ਕੁਮਾਰ ਤੇ ਡਾ. ਚੇਨਕੇਸ਼ਵ ਟੀ. ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।ਪ੍ਰੋਗਰਾਮ ਦੌਰਾਨ ਭਾਗੀਦਾਰਾਂ ਨੂੰ ਸੰਤੁਲਿਤ ਪੋਸ਼ਣ, ਨਿਯਮਿਤ ਸਰੀਰਕ ਗਤੀਵਿਧੀ, ਵਜ਼ਨ ਨਿਯੰਤਰਣ ਤੇ ਮਿੱਠੇ ਪੇਅ ਪਦਾਰਥਾਂ ਅਤੇ ਪ੍ਰੋਸੈਸਡ ਭੋਜਨ ਦੇ ਸੀਮਿਤ ਸੇਵਨ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ।ਮਾਹਰਾਂ ਨੇ ਖਤਰੇ ਵਾਲੇ ਬੱਚਿਆਂ ਲਈ ਲਿਵਰ ਫੰਕਸ਼ਨ ਟੈਸਟ, ਅਲਟਰਾਸਾਊਂਡ ਤੇ ਫਾਈਬਰੋਸਕੈਨ ਵਰਗੀਆਂ ਜਾਂਚਾਂ ਬਾਰੇ ਵੀ ਚਰਚਾ ਕੀਤੀ।

# ਆਪਣੇ ਹੱਕ ਪ੍ਰਾਪਤ ਕਰਨ ਲਈ ਸਾਨੂੰ ਪਹਿਲ ਕਰਨੀ ਚਾਹੀਦੀ : ਲਾਰੈਂਸ ਚੌਧਰੀ

**ਕ੍ਰਿਸਚੀਅਨ ਨੈਸ਼ਨਲ ਫਰੰਟ ਦੀ ਜ਼ਿਲ੍ਹਾ ਪੱਧਰੀ ਵਫ਼ਦ ਮੀਟਿੰਗ ਠੱਠੀ 'ਚ ਸਮਾਪਤ ਹੋਈ**



**ਫਰੀਦਕੋਟ/ਅੰਮ੍ਰਿਤਸਰ (ਐਲਿਗਜੈਂਡਰ ਡਿਸੂਜਾ)**-ਕ੍ਰਿਸ਼ਚੀਅਨ ਨੈਸ਼ਨਲ ਫਰੰਟ ਦੀ ਇੱਕ ਮਹੱਤਵਪੂਰਨ ਜ਼ਿਲ੍ਹਾ ਪੱਧਰੀ ਵਫ਼ਦ ਮੀਟਿੰਗ ਰਾਜਾਸਾਂਸੀ ਹਲਕੇ ਦੇ ਪਿੰਡ ਠੱਠੀ ਵਿੱਚ ਹੋਈ।ਜ਼ਿਲ੍ਹਾ ਪ੍ਰਧਾਨ ਪਾਸਟਰ ਗੋਰਾ ਮਸੀਹ ਦੀ ਪ੍ਰਧਾਨਗੀ ਹੇਠ ਹੋਈ ਇਸ ਵਿਸ਼ੇਸ਼ ਮੀਟਿੰਗ ਵਿੱਚ ਫਰੰਟ ਦੇ ਰਾਸ਼ਟਰੀ ਪ੍ਰਧਾਨ ਲਾਰੈਂਸ ਚੌਧਰੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਮੀਟਿੰਗ ਦੌਰਾਨ ਵੱਡੀ ਗਿਣਤੀ ਵਿੱਚ ਡੈਲੀਗੇਟ ਇਕੱਠੇ ਹੋਏ ਤੇ ਈਸਾਈ ਭਾਈਚਾਰੇ ਨਾਲ ਸਬੰਧਤ ਕਈ ਗੰਭੀਰ ਤੇ ਬੁਨਿਆਦੀ ਮੁੱਦਿਆਂ 'ਤੇ ਡੂੰਘਾਈ ਨਾਲ ਚਰਚਾ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਰਾਸ਼ਟਰੀ ਪ੍ਰਧਾਨ ਲਾਰੈਂਸ ਚੌਧਰੀ ਨੇ ਇਤਿਹਾਸ ਦਾ ਹਵਾਲਾ ਦੇ ਕੇ ਭਾਈਚਾਰੇ ਵਿੱਚ ਜਾਗਰੂਕਤਾ ਫੈਲਾਈ।ਉਨ੍ਹਾਂ ਕਿਹਾ ਕਿ ਇਜ਼ਰਾਈਲੀ ਲੋਕਾਂ ਨੇ 25 ਪੀੜ੍ਹੀਆਂ (ਲਗਭਗ 450 ਸਾਲ) ਮਿਸਰ ਵਿੱਚ ਗੁਲਾਮੀ ਵਿੱਚ ਬਿਤਾਉਣ ਤੋਂ ਬਾਅਦ ਵੀ ਆਪਣਾ ਸਬਕ ਨਾ ਸਿੱਖਣ ਦਾ ਮੁੱਖ ਕਾਰਨ ਝੂਠ ਤੇ ਬੁਰਾ ਸਵਾਦ ਸੀ।ਉਨ੍ਹਾਂ ਕਿਹਾ ਕਿ ਸਾਡੇ ਪੁਰਖੇ ਵੀ ਆਪਣੇ ਹੱਕ ਪ੍ਰਾਪਤ ਕਰਨ ਦੀ ਉਮੀਦ ਵਿੱਚ ਰਾਜਨੀਤਕ ਪਾਰਟੀਆਂ ਬਦਲਦੇ ਰਹੇ, ਪਰ ਆਜ਼ਾਦੀ ਦੇ 79 ਸਾਲਾਂ ਬਾਅਦ ਵੀ, ਕਿਸੇ ਵੀ ਰਾਜਨੀਤਕ ਪਾਰਟੀ ਨੇ ਸਾਨੂੰ ਸਾਡੇ ਅਸਲ ਹੱਕ ਨਹੀਂ ਦਿੱਤੇ।ਹੁਣ ਸਮਾਂ ਆ ਗਿਆ ਹੈ ਕਿ ਅਸੀਂ ਬੈਸਾਖੀਆਂ ਦਾ ਸਹਾਰਾ ਛੱਡ ਕੇ ਖੁਦ ਮੈਦਾਨ ਵਿੱਚ ਉਤਰੀਏ ਤੇ ਵਿਧਾਨ ਸਭਾ ਅਤੇ ਸੰਸਦ ਵਿੱਚ ਪਹੁੰਚ ਪ੍ਰਾਪਤ ਕਰੀਏ।ਬਾਬਾ ਸਾਹਿਬ ਡਾ. ਅੰਬੇਡਕਰ ਦੇ ਇਤਿਹਾਸਕ ਕਥਨ 'ਸ਼ਾਸਕ ਬਣੋ, ਭਿਖਾਰੀ ਨਹੀਂ' ਨੂੰ ਯਾਦ ਕਰਦੇ ਹੋਏ ਲਾਰੈਂਸ ਚੌਧਰੀ ਨੇ ਕਿਹਾ ਕਿ ਇਸ ਸਿਧਾਂਤ ਦੀ ਪਾਲਣਾ ਕਰਦੇ ਹੋਏ ਸੀ.ਐੱਨ.ਐੱਫ. ਅੱਜ ਪੰਜਾਬ ਭਰ ਦੇ 117 ਹਲਕਿਆਂ ਲਗਭਗ 250 ਬਲਾਕਾਂ ਤੇ 1,500 ਪਿੰਡਾਂ ਵਿੱਚ ਇਕਾਈਆਂ ਸਥਾਪਤ ਕਰਕੇ ਜਾਗਰੂਕਤਾ ਮੁਹਿੰਮ ਚਲਾ ਰਿਹਾ ਹੈ।ਫਰੰਟ ਦਾ ਮੁੱਖ ਉਦੇਸ਼ ਪੰਜਾਬ ਵਿੱਚ ਘੱਟ ਗਿਣਤੀ ਤੇ ਦਲਿਤ ਭਾਈਚਾਰਿਆਂ ਨੂੰ ਇੱਕ ਮਜ਼ਬੂਤ ਰਾਜਨੀਤਕ ਪਲੇਟਫਾਰਮ 'ਤੇ ਇੱਕਜੁੱਟ ਕਰਨਾ ਹੈ।

ਇਸ ਮੌਕੇ ਸਰਬਸੰਮਤੀ ਨਾਲ ਸੰਗਠਨ ਦਾ ਵਿਸਥਾਰ ਕਰਦੇ ਹੋਏ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ। ਰਾਸ਼ਟਰੀ ਪ੍ਰਧਾਨ ਲਾਰੈਂਸ ਚੌਧਰੀ ਨੇ ਸਾਰੇ ਨਵੇਂ ਅਹੁਦੇਦਾਰਾਂ ਨੂੰ ਦਸਤਾਰਾਂ ਤੇ ਨਿਯੁਕਤੀ ਪੱਤਰ ਭੇਟ ਕਰਕੇ ਸਨਮਾਨਤ ਕੀਤਾ।

## ਕਾਂਗਰਸ ਦੀ ਟਿਕਟ ਦੇ ਦਾਅਵੇਦਾਰਾਂ 'ਚ ਸੁਰੇਸ਼ ਨੰਦਗੜ੍ਹੀਆ ਦਾ ਨਾਂਅ ਵੀ ਸ਼ੁਮਾਰ

**ਮਾਨਸਾ (ਆਤਮਾ ਸਿੰਘ ਪਮਾਰ)**-ਵਿਧਾਨ ਸਭਾ ਚੋਣਾਂ ਲਈ ਕਾਂਗਰਸ ਵਿਚੋਂ ਚੋਣਾਂ ਲੜਣ ਦੇ ਨਵੇਂ ਨੇਤਾਵਾਂ ਦੇ ਨਾਮ ਉੱਭਰਨ ਲੱਗੇ ਹਨ।ਪਾਰਟੀ ਹਾਈ-ਕਮਾਂਡ ਤੋਂ ਸੀਨੀਅਰੀ ਕਾਂਗਰਸੀ ਅਤੇ ਮਾਰਕਿਟ ਕਮੇਟੀ ਦੇ ਚੇਅਰਮੈਨ ਤੋਂ ਇਲਾਵਾ ਹੋਰ ਅਹੁਦਿਆਂ 'ਤੇ ਰਹਿ ਚੁੱਕੇ ਸੁਰੇਸ਼ ਨੰਦਗੜ੍ਹੀਆ ਵੀ ਟਿਕਟ ਦੇ ਦਾਅਵੇਦਾਰਾਂ ਚੋਂ ਇੱਕ ਹਨ।

ਉਹ ਕਰਿਆਨਾ ਐਸੋਸੀਏਸ਼ਨ ਮਾਨਸਾ ਦੇ ਜ਼ਿਲ੍ਹਾ ਪ੍ਰਧਾਨ, ਕਰਿਆਨਾ ਐਸੋਸੀਏਸ਼ਨ ਪੰਜਾਬ ਦੇ ਚੇਅਰਮੈਨ, ਵਪਾਰ ਮੰਡਲ ਮਾਨਸਾ ਦੇ ਉੱਪ ਪ੍ਰਧਾਨ, ਕਾਂਗਰਸ ਪਾਰਟੀ ਦੇ ਜ਼ਿਲ੍ਹਾ ਜਨਰਲ ਸਕੱਤਰ, ਜ਼ਿਲ੍ਹਾ ਖਜ਼ਾਨਚੀ ਅਤੇ ਅਗਰਵਾਲ ਸਭਾ ਦੇ ਮੀਤ ਪ੍ਰਧਾਨ ਦੇ ਅਹੁਦਿਆਂ 'ਤੇ ਸੇਵਾਵਾਂ ਨਿਭਾ ਰਹੇ ਹਨ।

ਕਾਂਗਰਸ ਪਾਰਟੀ ਪ੍ਰਤੀ ਵਫਾਦਾਰ ਵਜੋਂ ਜਾਣੇ ਜਾਂਦੇ ਅਤੇ ਸ਼ੁਰੂ ਤੋਂ ਲੈ ਕੇ ਹੁਣ ਤੱਕ ਕਾਂਗਰਸ ਪਾਰਟੀ ਦੇ ਝੰਡੇ ਨਾਲ ਖੜ੍ਹੇ ਸੁਰੇਸ਼ ਨੰਦਗੜ੍ਹੀਆ ਦਾ ਕਹਿਣਾ ਹੈ ਕਿ ਪਾਰਟੀ ਲਈ ਉਹ ਜਿੱਥੇ ਖੜ੍ਹੇ ਹਨ ਉੱਥੇ ਹੀ ਖੜ੍ਹੇ ਰਹਿਣਗੇ।ਉਨ੍ਹਾਂ ਦੇ ਵਿਚਾਰਾਂ ਅਤੇ ਖੂਨ ਦੇ ਕਤਰੇ-ਕਤਰੇ 'ਚ ਕਾਂਗਰਸ ਵਸੀ ਹੋਈ ਹੈ।

## ਮਨਜੀਤ ਸਿੰਘ ਔਲਖ ਰਾਮਗੜ੍ਹੀਆ ਭਲਾਈ ਬੋਰਡ ਜ਼ਿਲ੍ਹਾ ਫਿਰੋਜ਼ਪੁਰ ਦਾ ਚੇਅਰਮੈਨ ਨਿਯੁਕਤ



**ਫ਼ਿਰੋਜ਼ਪੁਰ (ਗੁਰਬਚਨ ਸਿੰਘ)**-ਪੰਜਾਬ ਸਰਕਾਰ ਵਲੋਂ ਵੱਖ-ਵੱਖ ਵੈੱਲਫੇਅਰ ਬੋਰਡਾਂ ਦੇ ਸਟੇਟ ਮੈਂਬਰ ,ਚੇਅਰਮੈਨ, ਵਾਈਸ ਚੇਅਰਮੈਨ ਦੀ ਨਿਯੁਕਤੀ ਦਾ ਐਲਾਨ ਕੀਤਾ ਗਿਆ ਹੈ ਜਿਸ ਵਿਚ ਮਨਜੀਤ ਸਿੰਘ ਔਲਖ ਨੂੰ ਰਾਮਗੜ੍ਹੀਆ ਭਲਾਈ ਬੋਰਡ ਜ਼ਿਲ੍ਹਾ ਫਿਰੋਜ਼ਪੁਰ ਦਾ ਚੈਅਰਮੈਨ ਨਿਯੁਕਤ ਕੀਤਾ ਗਿਆ ਹੈ। ਸਮੂਹ ਰਾਮਗੜ੍ਹੀਆ ਭਾਈਚਾਰੇ ਵਲੋਂ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਅਤੇ ਹਲਕਾ ਫਿਰੋਜ਼ਪੁਰ ਸ਼ਹਿਰੀ ਵਿਧਾਇਕ ਸਰਦਾਰ ਰਣਬੀਰ ਸਿੰਘ ਭੁੱਲਰ ਦਾ ਧੰਨਵਾਦ ਕੀਤਾ ਗਿਆ ਹੈ ਸ੍ ਮਨਜੀਤ ਸਿੰਘ ਔਲਖ ਨੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਸ੍ ਭਗਵੰਤ ਸਿੰਘ ਮਾਨ ਮੁੱਖ ਮੰਤਰੀ. ਸ੍ ਕੁਲਤਾਰ ਸਿੰਘ ਸੰਧਵਾਂ ਸਪੀਕਰ ਵਿਧਾਨ ਸਭਾ ਪੰਜਾਬ, ਸ੍ ਸਤਪਾਲ ਸਿੰਘ ਸੋਖੀ ਚੈਅਰਮੈਨ ਰਾਮਗੜ੍ਹੀਆ ਬੋਰਡ ਪੰਜਾਬ ਦਾ ਤਹਿ ਦਿਲੋਂ ਤੋਂ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਨੂੰ ਵਿਸ਼ਵਾਸ ਦਿਵਾਉਂਦਾ ਹੈ ਕਿ ਮਿਲੀ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਵਾਂਗਾ ਅਤੇ ਰਾਮਗੜ੍ਹੀਆ ਬਰਾਦਰੀ ਦੀ ਭਲਾਈ ਲਈ ਵਚਨਬੱਧ ਰਹਾਂਗਾ ।

# ਓ ਬੀ ਸੀ ਰਿਜ਼ਰਵੇਸ਼ਨ 25 ਫੀਸਦੀ ਕਰਨ ਦੀ ਮੰਗ, ਮੰਗ ਪੱਤਰ ਸੌਂਪੇ



**ਸਨੌਰ /ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਓ ਬੀ ਸੀ ਵੈੱਲਫੇਅਰ ਫਰੰਟ ਪੰਜਾਬ, ਜ਼ਿਲ੍ਹਾ ਪਟਿਆਲਾ ਦੇ ਵੱਡੀ ਗਿਣਤੀ ਵਿੱਚ ਇਕੱਤਰ ਹੋਏ ਆਗੂਆਂ ਨੇ ਹਰਦੀਪ ਸਿੰਘ ਕੰਬੋਜ ਅਤੇ ਐਡਵੋਕੇਟ ਵਿਸਾਖੀ ਕੰਬੋਜ ਦੀ ਅਗਵਾਈ ਹੇਠ ਪੰਜਾਬ ਪ੍ਰਧਾਨ ਹਰਜਿੰਦਰ ਹਾਂਡਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਆਪਣੀਆਂ ਹੱਕੀ ਅਤੇ ਜਾਇਜ਼ ਮੰਗਾਂ ਸਬੰਧੀ ਮਾਣਯੋਗ ਡਿਪਟੀ ਕਮਿਸ਼ਨਰ ਪਟਿਆਲਾ ਹਿਮਾਂਸ਼ੂ ਅਗਰਵਾਲ ਅਤੇ ਐੱਸ.ਡੀ.ਐੱਮ. ਪਟਿਆਲਾ ਗੁਰਦੇਵ ਸਿੰਘ ਧੰਮ ਨੂੰ ਵੱਖ-ਵੱਖ ਮੰਗ ਪੱਤਰ ਸੌਂਪੇ। ਇਹ ਮੰਗ ਪੱਤਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਮ ਭੇਜੇ ਗਏ। ਮੰਗ ਪੱਤਰਾਂ ਵਿੱਚ ਪੰਜਾਬ ਵਿੱਚ ਓ ਬੀ ਸੀ ਸਮਾਜ ਨਾਲ ਹੋ ਰਹੇ ਕਥਿਤ ਵਿਤਕਰੇ ਅਤੇ ਉਨ੍ਹਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਦਾ ਵਿਸਥਾਰ ਨਾਲ ਜ਼ਿਕਰ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਹਰਦੀਪ ਸਿੰਘ ਕੰਬੋਜ ਅਤੇ ਐਡਵੋਕੇਟ ਵਿਸਾਖੀ ਕੰਬੋਜ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਓ ਬੀ ਸੀ ਸਮਾਜ ਦੀਆਂ ਜਾਇਜ਼ ਮੰਗਾਂ ਨੂੰ ਲਗਾਤਾਰ ਅਣਗੌਲਿਆ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਪੱਛੜੀਆਂ ਸ਼੍ਰੇਣੀਆਂ ਨੂੰ ਸਿੱਖਿਆ ਸੰਸਥਾਵਾਂ ਵਿੱਚ ਦਾਖਲਿਆਂ ਲਈ 10 ਫੀਸਦੀ ਅਤੇ ਸਰਕਾਰੀ ਨੌਕਰੀਆਂ ਵਿੱਚ 12 ਫੀਸਦੀ ਰਿਜ਼ਰਵੇਸ਼ਨ ਮਿਲ ਰਹੀ ਹੈ। ਉਨ੍ਹਾਂ ਦੱਸਿਆ ਕਿ ਨੈਸ਼ਨਲ ਕਮਿਸ਼ਨ ਫਾਰ ਬੈਕਵਰਡ ਕਲਾਸਿਜ਼ ਵੱਲੋਂ ਮਈ 2024 ਵਿੱਚ ਪੰਜਾਬ ਸਰਕਾਰ ਨੂੰ ਪੱਤਰ ਲਿਖ ਕੇ ਓ ਬੀ ਸੀ ਵਰਗ ਲਈ ਰਿਜ਼ਰਵੇਸ਼ਨ ਵਧਾ ਕੇ 25 ਫੀਸਦੀ ਕਰਨ ਦੀ ਸਿਫਾਰਸ਼ ਕੀਤੀ ਗਈ ਸੀ, ਪਰ ਦੋ ਸਾਲ ਬੀਤ ਜਾਣ ਦੇ ਬਾਵਜੂਦ ਇਸ ਸਬੰਧੀ ਕੋਈ ਠੋਸ ਕਦਮ ਨਹੀਂ ਚੁੱਕਿਆ ਗਿਆ। ਇਸ ਮੌਕੇ ਹਰਦੀਪ ਸਿੰਘ ਕੰਬੋਜ, ਐਡਵੋਕੇਟ ਵਿਸਾਖੀ ਕੰਬੋਜ, ਹਰਦੀਪ ਸਿੰਘ ਜੋਸ਼ਨ, ਕੌਰ ਸਿੰਘ ਕੰਬੋਜ, ਦੀਦਾਰ ਸਿੰਘ ਪਟਿਆਲਵੀ, ਅਮਰਜੀਤ ਸਿੰਘ, ਹਰਦੀਪ ਸਿੰਘ ਜੋਸਨ ਸਨੌਰ, ਭੁਪਿੰਦਰ ਸਿੰਘ ਜੋਸਨ ਨਾਨਕਸਰ, ਦੀਦਾਰ ਸਿੰਘ ਪਟਿਆਲਾ, ਕਰਮਜੀਤ ਸਿੰਘ ਸਨੌਰ, ਜਗਦੇਵ ਸਿੰਘ ਹੜਾਨਾ, ਹੰਸ ਰਾਜ ਚਿਡਵੀ, ਗਿਆਨ ਸਿੰਘ, ਮਲੂਕ ਸਿੰਘ, ਲਖਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਦੇਸ ਰਾਜ, ਗੁਰਦੀਪ ਸੇਖੂਪੁਰ, ਅਮਰੀਕ ਸਿੰਘ ਮੁਰਾਦਪੁਰ ਸਮੇਤ ਹੋਰ ਆਗੂ ਅਤੇ ਵਰਕਰ ਹਾਜ਼ਰ ਸਨ।

## ਚੇਅਰਮੈਨ ਡਾ. ਗਿੱਲ ਨੇ ਨੌਜਵਾਨਾਂ ਨੂੰ ਵੰਡੀਆਂ ਖੇਡ ਕਿੱਟਾਂ

**ਲੁਧਿਆਣਾ (ਰਾਜ ਸਿੰਗਲਾ)**-ਪਨਗਰੇਨ ਦੇ ਚੇਅਰਮੈਨ ਡਾ. ਤੇਜਪਾਲ ਸਿੰਘ ਗਿੱਲ ਵੱਲੋਂ ਪੇਂਡੂ ਖੇਤਰਾਂ ਵਿੱਚ ਜਵਾਨੀ ਨੂੰ ਖੇਡਾਂ ਪ੍ਰਤੀ ਉਤਸ਼ਾਹਤ ਕਰਦਿਆਂ ਹਲਕਾ ਦਾਖਾ ਦੇ ਪਿੰਡ ਹਾਂਸ ਕਲਾਂ, ਤਲਵੰਡੀ ਖੁਰਦ ਅਤੇ ਕੋਠੇ ਹਾਂਸ ਦੇ ਨੌਜਵਾਨ ਖਿਡਾਰੀਆਂ ਨੂੰ ਸਪੋਰਟਸ ਕਿੱਟਾਂ ਵੰਡੀਆਂ ਗਈਆਂ।ਚੇਅਰਮੈਨ ਗਿੱਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਖੇਡਾਂ ਦੇ ਖੇਤਰ ਵਿੱਚ ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਲਈ ਨਿਰੰਤਰ ਯਤਨਸ਼ੀਲ ਹੈ ਜਿਸ ਦੇ ਤਹਿਤ ਨੌਜਵਾਨਾਂ ਨੂੰ ਖੇਡ ਕਿੱਟਾਂ ਵੰਡੀਆਂ ਜਾ ਰਹੀਆਂ ਹਨ।ਚੇਅਰਮੈਨ ਡਾ. ਗਿੱਲ ਨੇ ਕਿੱਟ ਵੰਡ ਸਮਾਰੋਹ ਵਿੱਚ ਸ਼ਾਮਲ ਸਮੁੱਚੀ ਟੀਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਖੇਡਾਂ ਨੂੰ ਮੁੜ ਸੁਰਜੀਤ ਕਰਨ ਦੇ ਉਦੇਸ਼ ਨਾਲ ਇਕ ਮਹਾਨ ਲਹਿਰ ਦੀ ਨੀਂਹ ਰੱਖੀ ਹੈ।

## ਬੇਰੁਜ਼ਗਾਰ ਅਧਿਆਪਕਾਂ ਦੇ ਸੰਘਰਸ਼ ਨੂੰ ਦਬਾਉਣ ਦੀਆਂ ਕੋਸ਼ਿਸ਼ਾਂ ਖਿਲਾਫ਼ ਤਿੱਖੇ ਸੰਘਰਸ਼ ਦੀ ਚੇਤਾਵਨੀ

**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਸਕੂਲ ਸਿੱਖਿਆ ਵਿਭਾਗ (ਐਲੀਮੈਂਟਰੀ) ਅਧੀਨ ਪ੍ਰਕਾਸ਼ਿਤ 5994 ਈ ਟੀ ਟੀ ਦੀਆਂ ਅਸਾਮੀਆਂ ਵਿੱਚੋਂ 2994 ਬੈਕਲਾਗ ਨਾਲ ਸਬੰਧਿਤ ਪੋਸਟਾਂ ਨੂੰ ਡੀ-ਰਿਜਰਵ ਕਰਕੇ ਮੁੱਢਲੀ ਕੈਟਾਗਰੀਆਂ ਅਨੁਸਾਰ ਭਰੇ ਜਾਣ ਦੀ ਮੰਗ ਨੂੰ ਲੈ ਕੇ ਲੰਬੇ ਸਮੇਂ ਤੋਂ ਸੰਘਰਸ਼ ਕਰ ਰਹੇ ਬੇਰੁਜ਼ਗਾਰ ਈ ਟੀ ਟੀ ਅਧਿਆਪਕਾਂ ਦੇ ਸੰਘਰਸ਼ ਦੀ ਡੈਮੋਕ੍ਰੈਟਿਕ ਟੀਚਰਜ਼ ਫਰੰਟ ਵੱਲੋਂ ਹਮਾਇਤ ਕੀਤੀ ਗਈ ਹੈ ਅਤੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ ਦੀ ਅਗਵਾਈ ਵਿੱਚ ਸੰਗਰੂਰ, ਮਾਲੇਰਕੋਟਲਾ ਅਤੇ ਬਰਨਾਲਾ ਜਿਲ੍ਹਿਆਂ ਦੇ ਆਗੂਆਂ ਵੱਲੋਂ ਧੂਰੀ ਵਿਖੇ ਲੱਗੇ ਧਰਨੇ ਵਿੱਚ ਸ਼ਮੂਲੀਅਤ ਕੀਤੀ ਗਈ ਹੈ।ਇਸ ਮੌਕੇ ਸੰਬੋਧਨ ਕਰਦੇ ਹੋਏ ਡੀ.ਟੀ.ਐੱਫ. ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ, ਸੂਬਾ ਕਮੇਟੀ ਮੈਂਬਰ ਰਜਿੰਦਰ ਮੂਲੋਵਾਲ, ਸੰਗਰੂਰ ਦੇ ਪ੍ਰੈਸ ਸਕੱਤਰ ਕਰਮਜੀਤ ਨਦਾਮਪੁਰ, ਮਾਲੇਰਕੋਟਲਾ ਤੋਂ ਜਿਲ੍ਹਾ ਸਕੱਤਰ ਗੁਰਜੰਟ ਸਿੰਘ ਲਾਂਗੜੀਆਂ ਅਤੇ ਬਰਨਾਲਾ ਦੇ ਜਿਲ੍ਹਾ ਵਿੱਤ ਸਕੱਤਰ ਲਖਵੀਰ ਠੁੱਲੀਵਾਲ ਨੇ ਦੱਸਿਆ ਕਿ ਇਕ ਪਾਸੇ ਜਿੱਥੇ ਪੰਜਾਬ ਸਰਕਾਰ ਵੱਲੋਂ ਲਗਾਏ ਗਏ ਇਸ਼ਤਿਹਾਰਾਂ ਵਿੱਚ 5994 ਈ ਟੀ ਟੀ ਅਸਾਮੀਆਂ ਦੀ ਭਰਤੀ ਪੂਰੀ ਕਰਨ ਦਾ ਦਾਅਵਾ ਕਰਕੇ ਆਪਣੀ ਪਿੱਠ ਥਪ ਥਪਾਈ ਜਾ ਰਹੀ ਹੈ, ਦੂਜੇ ਪਾਸੇ ਅਸਲ ਸੱਚਾਈ ਇਹ ਹੈ ਕਿ ਇਸੇ ਭਰਤੀ ਇਸ਼ਤਿਹਾਰ ਵਿੱਚ ਸ਼ਾਮਿਲ 2994 ਬੈਕਲਾਗ ਦੀਆਂ ਪੋਸਟਾਂ ਨੂੰ ਪੂਰਾ ਨਹੀਂ ਕੀਤਾ ਗਿਆ ਹੈ।ਡੀ.ਟੀ.ਐੱਫ. ਆਗੂਆਂ ਨੇ ਬੇਰੁਜ਼ਗਾਰ ਅਧਿਆਪਕਾਂ ਦੀ ਮੰਗ ਨੂੰ ਲੰਬੇ ਸਮੇਂ ਤੋਂ ਮੁੱਖ ਮੰਤਰੀ, ਸਿੱਖਿਆ ਮੰਤਰੀ ਅਤੇ ਸਿੱਖਿਆ ਅਧਿਕਾਰੀਆਂ ਵੱਲੋਂ ਅਣਦੇਖਾ ਕਰਨ ਦੀ ਸਖਤ ਸ਼ਬਦਾਂ ਦੇ ਵਿੱਚ ਨਿਖੇਧੀ ਕੀਤੀ ਹੈ।

## ਟਰਾਲੀ 'ਚ ਮੋਟਰਸਾਈਕਲ ਵੱਜਣ ਨਾਲ ਨੌਜਵਾਨ ਦੀ ਮੌਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਅਧੀਨ ਆਉਂਦੇ ਪਿੰਡ ਹਜ਼ਾਰਾ ਸਿੰਘ ਵਾਲਾ ਵਿਖੇ ਰਾਤ ਸਮੇਂ ਰਸਤੇ 'ਚ ਖੜੀ ਟਰਾਲੀ ਵਿੱਚ ਮੋਟਰਸਾਈਕਲ ਵੱਜਣ ਨਾਲ ਇਕ ਨੌਜਵਾਨ ਦੀ ਮੌਤ ਹੋਣ ਦੀ ਖਬਰ ਮਿਲੀ ਹੈ। ਇਸ ਸਬੰਧੀ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਟਰਾਲੀ ਚਾਲਕ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ 'ਚ ਸੁਰਜੀਤ ਸਿੰਘ ਪੁੱਤਰ ਗੁਰਦਿੱਤ ਸਿੰਘ ਵਾਸੀ ਪਿੰਡ ਖੁੰਦੜ ਗੱਟੀ ਨੇ ਦੱਸਿਆ ਕਿ 8 ਮਈ 2026 ਨੂੰ ਉਸ ਦਾ ਲੜਕਾ ਲਖਵਿੰਦਰ ਸਿੰਘ ਆਪਣੇ ਮੋਟਰਸਾਈਕਲ ਨੰਬਰ ਪੀਬੀ 05 ਏ ਐੱਨ 4179 'ਤੇ ਆਪਣੇ ਕੰਮ ਤੋਂ ਘਰ ਵਾਪਸ ਆ ਰਿਹਾ ਸੀ ਤੇ ਕਰੀਬ 8.30 ਵਜੇ ਰਾਤ ਨੂੰ ਪਿੰਡ ਹਜ਼ਾਰਾ ਸਿੰਘ ਵਾਲਾ ਤੋਂ ਥੋੜ੍ਹਾ ਪਿੱਛੇ ਪੁੱਜਿਆ ਤਾਂ ਰਸਤੇ ਵਿੱਚ ਖੜੀ ਇਕ ਟਰਾਲੀ, ਜਿਸ 'ਤੇ ਕੋਈ ਰਿਫਲੈਕਟਰ ਜਾਂ ਲਾਈਟ ਨਹੀਂ ਸੀ ਤਾਂ ਹਨੇਰਾ ਹੋਣ ਕਾਰਨ ਉਸ ਦੇ ਲੜਕੇ ਦਾ ਮੋਟਰਸਾਈਕਲ ਖੜੀ ਟਰਾਲੀ ਵਿੱਚ ਜਾ ਵੱਜਿਆ, ਜਿਸ ਕਾਰਨ ਉਸ ਦੇ ਸਿਰ ਵਿੱਚ ਸੱਟਾਂ ਲੱਗੀਆਂ ਤੇ ਉਸ ਨੂੰ ਇਲਾਜ ਲਈ ਫਿਰੋਜ਼ਪੁਰ ਦੇ ਬੰਗੜ ਹਸਪਤਾਲ ਵਿੱਚ ਲਿਆਂਦਾ ਗਿਆ, ਜਿੱਥੇ ਉਸ ਦੀ ਮੌਤ ਹੋ ਗਈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਵਿਨੋਦ ਕੁਮਾਰ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਟਰਾਲੀ ਚਾਲਕ ਪੱਪੂ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਐਟਰਨਿਟੀ ਫਰਮ 'ਚੋਂ ਲੱਖਾਂ ਦਾ ਸਾਮਾਨ ਚੋਰੀ

**ਸਮਾਣਾ (ਇਕਬਾਲ ਸਿੰਘ ਬੱਲ)**-ਚੀਕਾ ਰੋਡ 'ਤੇ ਸਥਿਤ ਫਰਮ ਐਟਰਨਿਟੀ ਪਿੰਡ ਮਹਿਮੂਦਪੁਰ ਵਿੱਚੋਂ ਕੱਲ੍ਹ ਰਾਤ ਅਣਪਛਾਤੇ ਚੋਰਾਂ ਵੱਲੋਂ ਵੱਡੀ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ।ਜਾਣਕਾਰੀ ਮੁਤਾਬਕ ਚੋਰਾਂ ਨੇ ਫਰਮ ਵਿੱਚ ਪਾੜ ਪਾ ਕੇ ਅੰਦਰ ਦਾਖਲ ਹੋਏ ਤੇ ਕਰੀਬ ਤਿੰਨ ਲੱਖ ਰੁਪਏ ਦੇ ਸਾਮਾਨ 'ਤੇ ਹੱਥ ਸਾਫ ਕਰ ਗਏ।ਜਦੋਂ ਫਰਮ ਦੇ ਕਰਮਚਾਰੀ ਨੂੰ ਰਾਤ ਕਰੀਬ 10:30 ਵਜੇ ਖੜਕਾ ਹੋਣ ਦੀ ਆਵਾਜ਼ ਆਈ ਤਾਂ ਉਨ੍ਹਾਂ ਨੂੰ ਕੁਝ ਅਣਜਾਣ ਬੰਦੇ ਓਥੋਂ ਚੋਰੀ ਕਰਕੇ ਭੱਜਦੇ ਦਿਖਾਈ ਦਿੱਤੇ, ਪਰ ਜਦ ਤੱਕ ਉਹ ਉਨ੍ਹਾਂ ਤੱਕ ਪਹੁੰਚ ਪਾਉਂਦੇ, ਉਹ ਓਥੋਂ ਫਰਾਰ ਹੋ ਚੁੱਕੇ ਸਨ।ਇਹ ਸਾਰੀ ਵਾਰਦਾਤ ਉਥੇ ਲੱਗੇ ਸੀਸੀਟੀਵੀ ਵਿੱਚ ਵੀ ਕੈਦ ਹੋ ਗਈ।ਇਸ ਤੋਂ ਬਾਅਦ ਤੁਰੰਤ ਪੁਲਸ ਨੂੰ ਸੂਚਿਤ ਕੀਤਾ ਗਿਆ।ਪੁਲਸ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ ਤੇ ਇਲਾਕੇ ਦੇ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ।ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਜਲਦ ਹੀ ਦੋਸ਼ੀਆਂ ਨੂੰ ਕਾਬੂ ਕਰ ਲਿਆ ਜਾਵੇਗਾ।ਇਸ ਘਟਨਾ ਨਾਲ ਇਲਾਕੇ ਦੇ ਵਪਾਰੀਆਂ ਵਿੱਚ ਡਰ ਦਾ ਮਾਹੌਲ ਬਣ ਗਿਆ ਹੈ ਤੇ ਉਨ੍ਹਾਂ ਨੇ ਰਾਤ ਸਮੇਂ ਪੁਲਸ ਪਹਿਰੇਦਾਰੀ ਵਧਾਉਣ ਦੀ ਮੰਗ ਕੀਤੀ ਹੈ।

## ਪੈਨਸ਼ਨ ਵੈੱਲਫੇਅਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ



**ਸੁਨਾਮ ਊਧਮ ਸਿੰਘ ਵਾਲਾ (ਹਾਕਮ ਭੱਟੀ, ਅਸ਼ੋਕ ਬਾਂਸਲ)**-ਪੈਨਸ਼ਨ ਵੈੱਲਫੇਅਰ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਦੀ ਪੈਨਸ਼ਨ ਵੈੱਲਫ਼ੇਅਰ ਐਸੋਸੀਏਸ਼ਨ ਸੁਨਾਮ ਦੀ ਮਾਸਿਕ ਇਕੱਤਰਤਾ ਰਾਮ ਸਰੂਪ ਢੈਪਈ ਪ੍ਰਧਾਨ ਦੀ ਪ੍ਰਧਾਨਗੀ ਹੇਠ ਪੈਨਸ਼ਨ ਭਵਨ ਤਹਿਸੀਲ ਕੰਪਲੈਕਸ ਸੁਨਾਮ ਵਿਖੇ ਹੋਈ।ਮੀਟਿੰਗ ਵਿੱਚ ਸਦੀਵੀ ਵਿਛੋੜਾ ਦੇ ਗਏ ਪੈਨਸ਼ਨਰ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਮਹਿੰਦਰ ਸਿੰਘ ਤੇ ਨਛੱਤਰ ਸਿੰਘ ਜਲ ਸਪਲਾਈ ਐਸੋਸੀਏਸ਼ਨ ਦੇ ਨਵੇਂ ਮੈਂਬਰ ਬਣੇ, ਜਿਨ੍ਹਾਂ ਦਾ ਮੀਟਿੰਗ ਵਿੱਚ ਹਾਰ ਪਾ ਕੇ ਜ਼ੋਰਦਾਰ ਸਵਾਗਤ ਕੀਤਾ ਗਿਆ।ਪਟਿਆਲਾ ਵਿਖੇ ਆਪਣੀਆਂ ਜਾਇਜ਼ ਮੰਗਾਂ ਲਈ ਅਪ੍ਰੈਂਟਿਸ ਵਰਕਰਾਂ 'ਤੇ ਪੁਲਸ ਤਸ਼ੱਦਦ ਦੀ ਜ਼ੋਰਦਾਰ ਨਿੰਦਾ ਕਰਦੇ ਹੋਏ ਜ਼ਾਲਮ ਡੀ ਐੱਸ ਪੀ ਵਿਰੁੱਧ ਬਣਦੀ ਢੁੱਕਵੀਂ ਕਾਰਵਾਈ ਕਰਨ ਦੀ ਮੰਗ ਕੀਤੀ।ਮੀਟਿੰਗ ਵਿੱਚ ਬੁਲਾਰਿਆਂ ਨੇ ਪੈਨਸ਼ਨਰਾਂ ਦੀਆਂ ਸਮੱਸਿਆਵਾਂ ਦਾ ਜ਼ਿਕਰ ਕਰਦਿਆਂ ਸੀਨੀਅਰ ਸਿਟੀਜ਼ਨਾਂ ਨੂੰ ਆ ਰਹੀਆਂ ਸਮੱਸਿਆਵਾਂ ਦਾ ਵੀ ਜ਼ਿਕਰ ਕੀਤਾ ਤੇ ਐਸੋਸੀਏਸ਼ਨ ਵੱਲੋਂ ਤੁਰੰਤ ਬਣਦੀ ਕਾਰਵਾਈ ਕਰਕੇ ਹੱਲ ਕਰਨ ਲਈ ਬੇਨਤੀ ਕੀਤੀ।ਮੀਟਿੰਗ ਨੂੰ ਬਲਵਿੰਦਰ ਸਿੰਘ ਜਿਲੇਦਾਰ, ਦਰਸ਼ਨ ਸਿੰਘ ਭਰਪੂਰ, ਪਵਨ ਕੁਮਾਰ ਸ਼ਰਮਾ, ਵਿਸ਼ਵ ਕਾਂਤ ਸ਼ਰਮਾ, ਦਰਸ਼ਨ ਸਿੰਘ ਮੱਟੂ, ਹਰਨੇਕ ਸਿੰਘ ਨੱਢੇ ਬਿਰਜ ਲਾਲ ਧੀਮਾਨ, ਜਸਵੰਤ ਕੌਰ ਅਤੇ ਨਛੱਤਰ ਕੌਰ ਗੁਰਬਚਨ ਸਿੰਘ ਨੇ ਸੰਬੋਧਨ ਕੀਤਾ।ਆਖਿਰ ਵਿੱਚ ਪ੍ਰਧਾਨ ਰਾਮ ਸਰੂਪ ਢੈਪਈ ਨੇ ਸਾਰੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਸਰਕਾਰ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਸਬੰਧੀ ਨਾਪੱਖੀ ਵਤੀਰੇ ਦੀ ਨਿਖੇਧੀ ਕਰਦਿਆਂ ਜਲਦੀ ਹੀ ਸ਼ੁਰੂ ਕੀਤੇ ਜਾਣ ਵਾਲੇ ਸੰਘਰਸ਼ਾਂ ਲਈ ਤਿਆਰ ਰਹਿਣ ਦਾ ਸੱਦਾ ਦਿੱਤਾ।

## ਮੰਦਰ ਅੱਗੇ ਮੱਥਾ ਟੇਕ ਰਹੇ ਸਾਬਕਾ ਪੁਲਸ ਅ.ਫ਼ਸਰ ਦੀ ਸੋਨੇ ਦੀ ਚੈਨ ਝਪਟੀ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਸ਼ਹਿਰ ਵਿੱਚ ਅਮਨ-ਕਾਨੂੰਨ ਦੀ ਸਥਿਤੀ ਲਗਾਤਾਰ ਵਿਗੜਦੀ ਜਾ ਰਹੀ ਹੈ, ਜਿੱਥੇ ਹੁਣ ਖ਼ੁਦ ਸਾਬਕਾ ਪੁਲਸ ਅਧਿਕਾਰੀ ਵੀ ਸੁਰੱਖਿਅਤ ਨਹੀਂ ਹਨ। ਸਵੇਰ ਦੀ ਸੈਰ ਦੌਰਾਨ ਮੰਦਰ ਅੱਗੇ ਨਤਮਸਤਕ ਹੋ ਰਹੇ ਇੱਕ ਸਾਬਕਾ ਸਬ-ਇੰਸਪੈਕਟਰ ਨੂੰ ਨਿਸ਼ਾਨਾ ਬਣਾਉਂਦੇ ਹੋਏ ਦੋ ਅਣਪਛਾਤੇ ਮੋਟਰਸਾਈਕਲ ਸਵਾਰ ਲੁਟੇਰੇ ਉਨ੍ਹਾਂ ਦੇ ਗਲ ਵਿੱਚੋਂ ਸੋਨੇ ਦੀ ਚੈਨ ਖੋਹ ਕੇ ਬੜੀ ਆਸਾਨੀ ਨਾਲ ਫ਼ਰਾਰ ਹੋ ਗਏ। ਇਹ ਸਾਰੀ ਘਟਨਾ ਸਵੇਰੇ ਤਕਰੀਬਨ 6 ਵਜੇ ਦੀ ਦੱਸੀ ਜਾ ਰਹੀ ਹੈ, ਜਿਸ ਤੋਂ ਬਾਅਦ ਪੂਰੇ ਇਲਾਕੇ ਵਿੱਚ ਦਹਿਸ਼ਤ ਤੇ ਗੁੱਸੇ ਦਾ ਮਾਹੌਲ ਬਣ ਗਿਆ ਹੈ। ਸਾਬਕਾ ਸਬ-ਇੰਸਪੈਕਟਰ ਰਾਜੇਸ਼ ਕੁਮਾਰ ਨੇ ਦੱਸਿਆ ਕਿ ਉਹ ਰੋਜ਼ਾਨਾ ਦੀ ਤਰ੍ਹਾਂ ਅੱਜ ਸਵੇਰੇ ਵੀ ਆਪਣੇ ਸਾਈਕਲ 'ਤੇ ਸਵਾਰ ਹੋ ਕੇ ਸੈਰ ਲਈ ਨਿਕਲੇ ਸਨ। ਜਦੋਂ ਉਹ ਰਸਤੇ ਵਿੱਚ ਸਥਿਤ ਇੱਕ ਮੰਦਰ ਕੋਲ ਪਹੁੰਚੇ ਅਤੇ ਸ਼ਰਧਾ ਵਜੋਂ ਸਾਈਕਲ ਰੋਕ ਕੇ ਮੰਦਰ ਦੇ ਗੇਟ ਅੱਗੇ ਮੱਥਾ ਟੇਕਣ ਲੱਗੇ, ਤਾਂ ਪਿੱਛੋਂ ਦੀ ਬੜੀ ਤੇਜ਼ ਰਫ਼ਤਾਰ ਨਾਲ ਇੱਕ ਮੋਟਰਸਾਈਕਲ ਆਇਆ। ਉਸ ਮੋਟਰਸਾਈਕਲ 'ਤੇ ਦੋ ਨੌਜਵਾਨ ਸਵਾਰ ਸਨ, ਜਿਨ੍ਹਾਂ ਨੇ ਪਲਕ ਝਪਕਦਿਆਂ ਹੀ ਉਨ੍ਹਾਂ ਦੇ ਗਲ 'ਤੇ ਝੱਪਟਾ ਮਾਰਿਆ ਤੇ ਗਲ ਵਿੱਚ ਪਾਈ ਹੋਈ ਭਾਰੀ ਸੋਨੇ ਦੀ ਚੈਨ ਤੋੜ ਕੇ ਹਵਾ ਹੋ ਗਏ। ਜਦੋਂ ਤੱਕ ਉਹ ਕੁਝ ਸਮਝ ਪਾਉਂਦੇ ਜਾਂ ਰੌਲਾ ਪਾਉਂਦੇ, ਉਦੋਂ ਤੱਕ ਲੁਟੇਰੇ ਅੱਖੋਂ ਪਰੋਖੇ ਹੋ ਚੁੱਕੇ ਸਨ। ਇਸ ਵਾਰਦਾਤ ਤੋਂ ਬਾਅਦ ਸਥਾਨਕ ਲੋਕਾਂ ਤੇ ਸ਼ਹਿਰ ਵਾਸੀਆਂ ਵਿੱਚ ਪੁਲਸ ਪ੍ਰਸ਼ਾਸਨ ਖ਼ਿਲਾਫ਼ ਭਾਰੀ ਰੋਸ ਦੇਖਣ ਨੂੰ ਮਿਲ ਰਿਹਾ ਹੈ। ਸਥਾਨਕ ਲੋਕਾਂ ਨੇ ਮੰਗ ਕੀਤੀ ਹੈ ਕਿ ਸ਼ਹਿਰ ਦੀ ਗਸ਼ਤ ਵਧਾਈ ਜਾਵੇ ਤੇ ਇਸ ਵਾਰਦਾਤ ਦੇ ਦੋਸ਼ੀਆਂ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕਰਕੇ ਸੋਨੇ ਦੀ ਚੈਨ ਬਰਾਮਦ ਕੀਤੀ ਜਾਵੇ।

## ਵਰਲਡ ਯੂਨੀਵਰਸਿਟੀ ਵੱਲੋਂ ਡੀ ਐੱਮ ਸੀ ਐੱਚ ਦਾ ਵਿੱਦਿਅਕ ਦੌਰਾ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਹਿਗੜ੍ਹ ਸਾਹਿਬ ਦੇ ਬਾਇਓਟੈਕਨਾਲੋਜੀ ਵਿਭਾਗ ਵੱਲੋਂ ਬੀ.ਐੱਸ.ਸੀ. ਮੈਡੀਕਲ ਲੈਬੋਰੇਟਰੀ ਟੈਕਨਾਲੋਜੀ ਤੇ ਬੀ.ਟੈਕ. ਬਾਇਓਟੈਕਨਾਲੋਜੀ ਦੇ ਵਿਦਿਆਰਥੀਆਂ ਲਈ ਦਯਾਨੰਦ ਮੈਡੀਕਲ ਕਾਲਜ ਤੇ ਹਸਪਤਾਲ (ਡੀ.ਐੱਮ.ਸੀ.ਐੱਚ.) ਲੁਧਿਆਣਾ ਦਾ ਵਿੱਦਿਅਕ ਦੌਰਾ ਕਰਵਾਇਆ ਗਿਆ।ਇਸ ਦੌਰੇ ਦਾ ਮੰਤਵ ਵਿਦਿਆਰਥੀਆਂ ਨੂੰ ਆਧੁਨਿਕ ਡਾਇਗਨੋਸਟਿਕ ਤੇ ਖੋਜ ਸਹੂਲਤਾਂ ਨਾਲ ਰੂ-ਬ-ਰੂ ਕਰਵਾਉਣਾ ਤੇ ਕਲੀਨਿਕਲ ਪ੍ਰਯੋਗਸ਼ਾਲਾਵਾਂ ਦੀ ਕਾਰਜ-ਪ੍ਰਣਾਲੀ ਬਾਰੇ ਵਿਹਾਰਕ ਜਾਣਕਾਰੀ ਨਾਲ ਜਾਣੂ ਕਰਵਾਉਣਾ ਸੀ।ਦੌਰੇ ਦੌਰਾਨ ਵਿਦਿਆਰਥੀਆਂ ਨੇ ਬਾਇਓਕੈਮਿਸਟਰੀ ਰਿਸਰਚ ਲੈਬ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਆਟੋਮੇਟਿਡ ਡਾਇਗਨੋਸਟਿਕ ਪ੍ਰਣਾਲੀਆਂ, ਨਮੂਨਿਆਂ ਦੀ ਪ੍ਰੋਸੈਸਿੰਗ ਤੇ ਆਧੁਨਿਕ ਉਪਕਰਨਾਂ ਦੀ ਕਾਰਗੁਜ਼ਾਰੀ ਬਾਰੇ ਜਾਣਕਾਰੀ ਹਾਸਲ ਕੀਤੀ।ਇਹ ਦੌਰਾ ਡਾ. ਰੁਪਿੰਦਰ ਕੌਰ ਮੁਖੀ ਬਾਇਓਟੈਕਨਾਲੋਜੀ ਵਿਭਾਗ ਦੀ ਨਿਗਰਾਨੀ ਹੇਠ ਕਰਵਾਇਆ ਗਿਆ ਅਤੇ ਇਸ ਦਾ ਤਾਲਮੇਲ ਇੰਜੀ. ਨਵਗੀਤ ਕੌਰ ਤੇ ਮਿਸ ਕੁਦਰਤਦੀਪ ਕੌਰ ਵੱਲੋਂ ਕੀਤਾ ਗਿਆ।ਇਹ ਅਕਾਦਮਿਕ ਉਪਰਾਲਾ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਦੀ ਯੋਗ ਅਗਵਾਈ ਤੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਦੇ ਸਹਿਯੋਗ ਨਾਲ ਸਫਲਤਾਪੂਰਵਕ ਨੇਪਰੇ ਚੜ੍ਹਿਆ।ਯੂਨੀਵਰਸਿਟੀ ਵੱਲੋਂ ਵਿਦਿਆਰਥੀਆਂ ਨੂੰ ਅਨੁਭਵਾਤਮਕ ਤੇ ਹੁਨਰ-ਆਧਾਰਿਤ ਸਿੱਖਿਆ ਨਾਲ ਜੋੜਨ ਲਈ ਅਜਿਹੇ ਉਪਰਾਲੇ ਲਗਾਤਾਰ ਕੀਤੇ ਜਾ ਰਹੇ ਹਨ।

# ਆਵਾਰਾ ਕੁੱਤਿਆਂ ਦੇ ਹਮਲੇ 'ਚ 8 ਸਾਲਾ ਬੱਚੀ ਦੀ ਮੌਤ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਮੋਰਿੰਡਾ ਵਿੱਚ ਆਵਾਰਾ ਕੁੱਤਿਆਂ ਦੇ ਵਧਦੇ ਖ਼ਤਰੇ ਨੇ ਇੱਕ ਹੋਰ ਮਾਸੂਮ ਜਾਨ ਲੈ ਲਈ ਹੈ। ਸ਼ਹਿਰ ਦੇ ਵਾਰਡ ਨੰਬਰ-1 ਵਿੱਚ ਵਾਪਰੀ ਇੱਕ ਦਰਦਨਾਕ ਘਟਨਾ ਦੌਰਾਨ ਆਵਾਰਾ ਕੁੱਤਿਆਂ ਦੇ ਝੁੰਡ ਨੇ 8 ਸਾਲਾ



ਬੱਚੀ 'ਤੇ ਹਮਲਾ ਕਰ ਦਿੱਤਾ, ਜਿਸ ਕਾਰਨ ਉਸ ਦੀ ਮੌਤ ਹੋ ਗਈ। ਇਸ ਹਿਰਦੇ-ਵਿਦਾਰਕ ਘਟਨਾ ਤੋਂ ਬਾਅਦ ਪੂਰੇ ਇਲਾਕੇ ਵਿੱਚ ਸੋਗ ਦੀ ਲਹਿਰ ਹੈ, ਜਦਕਿ ਲੋਕਾਂ ਵਿੱਚ ਨਗਰ ਕੌਂਸਲ ਅਤੇ ਪ੍ਰਸ਼ਾਸਨ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ।

ਮ੍ਰਿਤਕ ਬੱਚੀ ਦੀ ਪਛਾਣ ਕੀਰਤੀ ਵਜੋਂ ਹੋਈ ਹੈ। ਬੱਚੀ ਦੀ ਮਾਤਾ ਪੂਨਮ ਦੇਵੀ ਨੇ ਦੱਸਿਆ ਕਿ ਉਸ ਦੀ ਧੀ ਘਰ ਦੇ ਬਾਹਰ ਸ਼ਾਮ ਕਰੀਬ ਚਾਰ ਵਜੇ ਖੇਡ ਰਹੀ ਸੀ। ਇਸ ਦੌਰਾਨ ਆਵਾਰਾ ਕੁੱਤਿਆਂ ਦੇ ਇੱਕ ਝੁੰਡ ਨੇ ਅਚਾਨਕ ਉਸ 'ਤੇ ਹਮਲਾ ਕਰ ਦਿੱਤਾ। ਕੁੱਤਿਆਂ ਨੇ ਬੱਚੀ ਨੂੰ ਬੁਰੀ ਤਰ੍ਹਾਂ ਨੋਚਣਾ ਸ਼ੁਰੂ ਕਰ ਦਿੱਤਾ। ਬੱਚੀ ਦੀਆਂ ਦਰਦਨਾਕ ਚੀਕਾਂ ਸੁਣ ਕੇ ਆਲੇ-ਦੁਆਲੇ ਦੇ ਲੋਕ ਮੌਕੇ 'ਤੇ ਪਹੁੰਚੇ ਅਤੇ ਵੱਡੀ ਮੁਸ਼ੱਕਤ ਨਾਲ ਉਸ ਨੂੰ ਕੁੱਤਿਆਂ ਤੋਂ ਛੁਡਵਾਇਆ।

ਗੰਭੀਰ ਰੂਪ ਵਿੱਚ ਜ਼ਖ਼ਮੀ ਬੱਚੀ ਨੂੰ ਤੁਰੰਤ ਕੱਕੜ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਸ ਦੀ ਨਾਜ਼ੁਕ ਹਾਲਤ ਨੂੰ ਦੇਖਦਿਆਂ ਪੀ ਜੀ ਆਈ ਚੰਡੀਗੜ੍ਹ ਰੈਫਰ ਕਰ ਦਿੱਤਾ। ਪਰ ਹਸਪਤਾਲ ਲਿਜਾਣ ਦੌਰਾਨ ਹੀ ਬੱਚੀ ਨੇ ਦਮ ਤੋੜ ਦਿੱਤਾ। ਜਾਣਕਾਰੀ ਅਨੁਸਾਰ ਬੱਚੀ ਦੇ ਪਿਤਾ ਦੀ ਵੀ ਤਿੰਨ ਸਾਲ ਪਹਿਲਾਂ ਮੌਤ ਹੋ ਚੁੱਕੀ ਹੈ ਅਤੇ ਹੁਣ ਮਾਂ ਨੇ ਆਪਣੀ ਇਕਲੌਤੀ ਧੀ ਨੂੰ ਵੀ ਗੁਆ ਦਿੱਤਾ ਹੈ।ਸ਼ਹਿਰ ਵਾਸੀਆਂ ਨੇ ਮੰਗ ਕੀਤੀ ਹੈ ਕਿ ਆਵਾਰਾ ਕੁੱਤਿਆਂ ਦੀ ਸਮੱਸਿਆ ਦਾ ਤੁਰੰਤ ਹੱਲ ਕੀਤਾ ਜਾਵੇ।

# ਨੀਟ ਪੇਪਰ ਲੀਕ ਖ਼ਿਲਾਫ਼ ਪੁਤਲਾ ਫੂਕ ਮੁਜ਼ਾਹਰੇ ਭਲਕੇ

**ਜਲੰਧਰ (ਰਾਜੇਸ਼ ਥਾਪਾ)**- ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਦੇ ਪ੍ਰਧਾਨ ਮਨਜਿੰਦਰ ਸਿੰਘ ਢੇਸੀ, ਜਨਰਲ ਸਕੱਤਰ ਧਰਮਿੰਦਰ ਮੁਕੇਰੀਆਂ, ਇੰਨਕਲਾਬੀ ਨੌਜਵਾਨ ਸਭਾ ਦੇ ਆਗੂ ਬਲਕਰਨ ਮੋਗਾ,ਆਲ ਇੰਡੀਆ



ਸਟੂਡੈਂਟਸ ਐਸੋਸੀਏਸ਼ਨ ਦੇ ਆਗੂ ਸੁਖਜੀਤ ਰਾਮਾਨੰਦੀ ਅਤੇ ਪੰਜਾਬ ਸਟੂਡੈਂਟਸ ਫੈਡਰੇਸ਼ਨ ਦੇ ਆਗੂਆਂ ਵੱਲੋਂ ਸਾਂਝਾ ਪ੍ਰੈੱਸ ਬਿਆਨ ਜਾਰੀ ਕਰਦੇ ਹੋਏ ਕਿਹਾ ਕਿ 2014 ਵਿੱਚ ਭਾਜਪਾ ਸਰਕਾਰ ਬਣਨ ਤੋਂ ਬਾਅਦ ਦੇਸ਼ ਦੀ ਸਿੱਖਿਆ ਅਤੇ ਪ੍ਰੀਖਿਆ ਪ੍ਰਣਾਲੀ ਨੂੰ ਹੌਲੀ-ਹੌਲੀ ਖੋਖਲਾ ਕੀਤਾ ਗਿਆ ਹੈ। ਸਰਕਾਰੀ ਖੇਤਰ ਨੂੰ ਕਮਜ਼ੋਰ ਕਰਕੇ ਕੁੱਝ ਗਿਣਤੀ ਦੇ ਕਾਰਪੋਰੇਟ ਘਰਾਣਿਆਂ ਨੂੰ ਮੁਨਾਫ਼ਾ ਪਹੁੰਚਾਉਣ ਦੀ ਨੀਤੀ ਕਾਰਨ ਅੱਜ ਭਾਰਤ ਦੀ ਸਿੱਖਿਆ ਪ੍ਰਣਾਲੀ ਵੈਂਟੀਲੇਟਰ 'ਤੇ ਨਜ਼ਰ ਆ ਰਹੀ ਹੈ।

ਨੀਟ ਪੇਪਰ ਲੀਕ ਮਾਮਲੇ ਵਿੱਚ 22 ਲੱਖ ਤੋਂ ਵੱਧ ਵਿਦਿਆਰਥੀਆਂ ਦੇ ਭਵਿੱਖ ਨਾਲ ਖਿਲਵਾੜ ਕੀਤਾ ਗਿਆ। ਦੇਸ਼ ਦੇ ਕਰੋੜਾਂ ਨੌਜਵਾਨਾਂ ਦੀਆਂ ਆਸਾਂ ਨਾਲ ਜੁੜੀ ਇਸ ਪ੍ਰੀਖਿਆ ਵਿੱਚ ਹੋਈਆਂ ਗੰਭੀਰ ਗੜਬੜੀਆਂ ਲਈ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੀ ਨਾਕਾਮੀ ਸਪੱਸ਼ਟ ਹੈ। ਇਹ ਵੀ ਗੰਭੀਰ ਸਵਾਲ ਹੈ ਕਿ ਪਿਛਲੇ ਵਿਵਾਦਾਂ ਨਾਲ ਜੁੜੀਆਂ ਕੰਪਨੀਆਂ ਨੂੰ ਪ੍ਰੀਖਿਆ ਪ੍ਰਬੰਧਨ ਦੇ ਠੇਕੇ ਕਿਵੇਂ ਦਿੱਤੇ ਗਏ? ਦੇਸ਼ ਦੇ ਨੌਜਵਾਨਾਂ ਅਤੇ ਵਿਦਿਆਰਥੀਆਂ ਦੇ ਭਵਿੱਖ ਨੂੰ ਧਿਆਨ ਵਿੱਚ ਰੱਖਦਿਆਂ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ, ਇਨਕਲਾਬੀ ਨੌਜਵਾਨ ਸਭਾ, ਆਲ ਇੰਡੀਆ ਸਟੂਡੈਂਟਸ ਐਸੋਸੀਏਸ਼ਨ ਅਤੇ ਪੰਜਾਬ ਸਟੂਡੈਂਟਸ ਫੈਡਰੇਸ਼ਨ ਵੱਲੋਂ ਸਾਂਝੇ ਐਕਸ਼ਨ ਦਾ ਐਲਾਨ ਕਰਦੇ ਹੋਏ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫ਼ੇ ਦੀ ਮੰਗ ਕਰਦਿਆਂ 13 ਜੂਨ ਨੂੰ ਪੰਜਾਬ ਭਰ ਵਿੱਚ ਨੀਟ ਪੇਪਰ ਲੀਕ ਮਾਮਲੇ ਖ਼ਿਲਾਫ਼ ਪੁਤਲਾ ਫੂਕ ਮੁਜ਼ਾਹਰੇ ਕੀਤੇ ਜਾਣਗੇ।

# ਬਿਜਲੀ ਸਪਲਾਈ ਦੇ ਨਾਕਸ ਪ੍ਰਬੰਧ ਨੂੰ ਦਰੁਸਤ ਕੀਤਾ ਜਾਵੇ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਪਿਛਲੇ ਕਈ ਦਿਨਾਂ ਤੋਂ ਪਿੰਡ ਵਿੱਚ ਬਿਜਲੀ ਦੀ ਸਪਲਾਈ ਠੀਕ ਨਹੀਂ ਹੋ ਰਹੀ ਜਿਸ ਕਾਰਨ ਪਿੰਡ ਵਾਸੀਆਂ ਨੂੰ ਗੰਭੀਰ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਬੀਬੀ ਸ਼ਸ਼ੀ ਰਾਣਾ ਸਾਬਕਾ ਸਰਪੰਚ ਟੌਂਸਾ ਨੇ ਪਿੰਡ ਵਿੱਚ ਔਰਤਾਂ ਦੀ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕੀਤਾ। ਉਨਾ ਕਿਹਾ ਕਿ ਬਿਜਲੀ ਦੀ ਨਾਕਸ ਸਪਲਾਈ ਕਾਰਨ ਬੱਚਿਆਂ ਬਜ਼ੁਰਗਾਂ ਅਤੇ ਬੀਮਾਰ ਲੋਕਾਂ ਨੂੰ ਬਹੁਤ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸਿਖਰਾਂ ਦੀ ਗਰਮੀ ਪੈ ਰਹੀ ਹੈ ਪਰ ਬਿਜਲੀ ਸਪਲਾਈ ਵਿੱਚ ਘੰਟਿਆਂ ਬੱਧੀ ਵਿਘਨ ਪੈਂਦਾ ਹੈ ਜਿਸ ਕਾਰਨ ਲੋਕਾਂ ਨੂੰ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਬੀਬੀ ਰਾਣਾ ਨੇ ਚਿੰਤਾ ਪ੍ਰਗਟ ਕੀਤੀ ਕਿ ਨਾਕਸ ਸਪਲਾਈ ਅਤੇ ਲਗਾਤਾਰ ਕਈ ਘੰਟਿਆਂ ਦੇ ਕੱਟਾਂ ਦੀ ਸ਼ਿਕਾਇਤ ਵਿਭਾਗ ਨੂੰ ਕੀਤੀ ਜਾਂਦੀ ਹੈ ਤਾਂ ਵਿਭਾਗ ਕੋਈ ਠੋਸ ਕਾਰਵਾਈ ਕਰਨ ਦੀ ਬਜਾਏ ਟਾਲ ਮਟੋਲ ਕਰਦਾ ਹੈ।



# ਬੀ ਡੀ ਪੀ ਓ ਹਰਕੀਤ ਸਿੰਘ ਦਾ ਵਿਦਾਇਗੀ ਮੌਕੇ ਸਮੁੱਚੇ ਸਟਾਫ ਵੱਲੋਂ ਸਨਮਾਨ



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਬੀ ਡੀ ਪੀ ਓ ਦਫਤਰ ਮੋਰਿੰਡਾ ਵਿਖੇ ਬੀ ਡੀ ਪੀ ਓ ਹਰਕੀਤ ਸਿੰਘ ਨੂੰ ਸਮੂਹ ਮੁਲਾਜ਼ਮਾਂ ਵੱਲੋਂ ਪੰਚਾਇਤ ਸੈਕਟਰੀ ਯੂਨੀਅਨ ਮੋਰਿੰਡਾ ਦੇ ਪ੍ਰਧਾਨ ਬਹਾਦਰ ਸਿੰਘ ਸਮਾਣਾ ਦੀ ਅਗਵਾਈ ਹੇਠ ਸਨਮਾਨਤ ਕਰਦਿਆਂ ਵਿਦਾਇਗੀ ਦਿੱਤੀ ਗਈ । ਇਸ ਸਬੰਧੀ ਜਾਣਕਾਰੀ ਦਿੰਦਿਆ ਬਹਾਦਰ ਸਿੰਘ ਸਮਾਣਾ ਨੇ ਦੱਸਿਆ ਇਸ ਮੌਕੇ ਡੀ ਡੀ ਪੀ ਓ ਰੂਪਨਗਰ ਬਲਜਿੰਦਰ ਸਿੰਘ ਗਰੇਵਾਲ, ਬੀ ਡੀ ਪੀ ਓ ਸ੍ਰੀ ਚਮਕੌਰ ਸਾਹਿਬ ਅਜੈਬ ਸਿੰਘ, ਨਿਸ਼ਾਨ ਸਿੰਘ ਚੌਧਰੀ ਬੀ ਡੀ ਪੀ ਓ ਅਨੰਦਪੁਰ ਸਾਹਿਬ ਅਤੇ ਬੀ ਡੀ ਪੀ ਓ ਰੂਪਨਗਰ ਸਹਿਤ ਮੋਰਿੰਡਾ ਬੀ ਡੀ ਪੀ ਓ ਦਫਤਰ ਦੇ ਸਮੂਹ ਕਰਮਚਾਰੀਆਂ ਵੱਲੋਂ ਹਰਕੀਤ ਸਿੰਘ ਨੂੰ ਨਿੱਘੀ ਵਿਦਾਇਗੀ ਦਿੰਦਿਆ ਉਹਨਾਂ ਵੱਲੋਂ ਆਪਣੇ ਕਾਰਜਕਾਲ ਵਿੱਚ ਕੀਤੇ ਕੰਮਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਪੰਚਾਇਤ ਸੈਕਟਰੀ ਯੂਨੀਅਨ ਦੇ ਪ੍ਰਧਾਨ ਬਹਾਦਰ ਸਿੰਘ ਸਮਾਣਾ ਨੇ ਕਿਹਾ ਕਿ ਹਰਕੀਤ ਸਿੰਘ ਵੱਲੋਂ ਆਪਣੇ ਕਾਰਜਕਾਲ ਦੌਰਾਨ ਬਿਨਾਂ ਕਿਸੇ ਭੇਦਭਾਵ ਤੋਂ ਹਰ ਇੱਕ ਗ੍ਰਾਮ ਪੰਚਾਇਤ ਨੂੰ ਪਿੰਡ ਦੇ ਵਿਕਾਸ ਲਈ ਪੂਰਨ ਤੌਰ ਤੇ ਸਹਿਯੋਗ ਦਿੱਤਾ ਗਿਆ ਹੈ ਜਿਸ ਕਰਕੇ ਅੱਜ ਵੀ ਬਲਾਕ ਮੋਰਿੰਡਾ ਦੀਆ ਸਮੁੱਚੀ ਪੰਚਾਇਤਾਂ ਉਹਨਾਂ ਦੇ ਕੀਤੇ ਕੰਮਾਂ ਦੀ ਸ਼ਲਾਘਾ ਕਰਦੀਆਂ ਹਨ। ਇਸ ਮੌਕੇ ਪੰਚਾਇਤ ਸੈਕਟਰੀ ਯੂਨੀਅਨ ਅਤੇ ਸਮੁੱਚੇ ਸਟਾਫ ਵੱਲੋਂ ਬੀ ਡੀ ਪੀ ਓ ਹਰਕੀਤ ਸਿੰਘ ਨੂੰ ਸੋਨੇ ਦੀ ਅੰਗੂਠੀ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਬੀ ਡੀ ਪੀ ਓ ਨਰੇਗਾ ਸਤਨਾਮ ਸਿੰਘ ਬਾਠ, ਸੁਪਰਡੈਂਟ ਪਰਮਜੀਤ ਕੌਰ, ਸੈਕਟਰੀ ਸੰਦੀਪ ਕੌਰ, ਲਖਵਿੰਦਰ ਕੌਰ ਅਕਾਊਂਟੈਂਟ ,ਹਰਮਨ ਕੌਰ, ਰਣਜੀਤ ਸਿੰਘ ਕਲਰਕ, ਹਰਭਜਨ ਸਿੰਘ ਸੈਕਟਰੀ, ਜਗਮੋਹਣ ਸਿੰਘ ਸੈਕਟਰੀ, ਸੇਵਾਦਾਰ ਕੇਸਰ ਸਿੰਘ ਆਦਿ ਹਾਜ਼ਰ ਸਨ।

# ਕਾਰ ਦੇ ਟਾਇਰ ਲੌਕ ਹੋਣ ਕਾਰਨ ਲੱਗਿਆ ਲੰਮਾ ਜਾਮ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ-ਅੰਬਾਲਾ-ਚੰਡੀਗੜ੍ਹ ਮੁੱਖ ਰਾਸ਼ਟਰੀ ਸ਼ਾਹਰਾਹ 'ਤੇ ਉਸ ਵੇਲੇ ਇੱਕ ਵੱਡੀ ਆਫ਼ਤ ਖੜ੍ਹੀ ਹੋ ਗਈ, ਜਦੋਂ ਇੱਥੋਂ ਦੇ ਰੇਲਵੇ ਓਵਰਬ੍ਰਿਜ (ਫਲਾਈਓਵਰ) ਦੇ ਬਿਲਕੁਲ ਉੱਪਰ ਇੱਕ ਚਲਦੀ ਹੋਈ ਲਗਜ਼ਰੀ ਔਡੀ ਕਾਰ ਦੇ ਚਾਰੋਂ ਟਾਇਰ ਅਚਾਨਕ ਤਕਨੀਕੀ ਖ਼ਰਾਬੀ ਕਾਰਨ ਜਾਮ (ਲੌਕ) ਹੋ ਗਏ। ?ਪ੍ਰਾਪਤ ਜਾਣਕਾਰੀ ਅਨੁਸਾਰ ਇੱਕ ਪਰਵਾਰ ਆਪਣੀ ਔਡੀ ਕਾਰ ਵਿੱਚ ਸਵਾਰ ਹੋ ਕੇ ਚੰਡੀਗੜ੍ਹ ਵੱਲ ਜਾ ਰਿਹਾ ਸੀ। ਜਿਵੇਂ ਹੀ ਕਾਰ ਡੇਰਾਬੱਸੀ ਰੇਲਵੇ ਓਵਰਬ੍ਰਿਜ ਦੇ ਉੱਪਰ ਪਹੁੰਚੀ, ਤਾਂ ਕਾਰ ਦੇ ਸੈਂਟਰਲ ਲਾਕਿੰਗ ਜਾਂ ਬ੍ਰੇਕਿੰਗ ਸਿਸਟਮ ਵਿੱਚ ਆਈ ਕਿਸੇ ਅਚਾਨਕ ਤਕਨੀਕੀ ਗੜਬੜੀ ਕਾਰਨ ਗੱਡੀ ਦੇ ਚਾਰੋਂ ਟਾਇਰ ਇੱਕੋ ਜਗ੍ਹਾ 'ਤੇ ਜਾਮ ਹੋ ਗਏ। ਹਾਈਵੇਅ 'ਤੇ ਆਮ ਤੌਰ 'ਤੇ ਵਾਹਨਾਂ ਦੀ ਰਫ਼ਤਾਰ ਬਹੁਤ ਤੇਜ਼ ਹੁੰਦੀ ਹੈ, ਜਿਸ ਕਾਰਨ ਕਾਰ ਦੇ ਸੜਕ ਦੇ ਵਿਚਕਾਰ ਰੁਕਣ ਨਾਲ ਇਕਦਮ ਹੜਕੰਪ ਮਚ ਗਿਆ। ਖ਼ੁਸ਼ਕਿਸਮਤੀ ਇਹ ਰਹੀ ਕਿ ਪਿੱਛੇ ਆ ਰਹੇ ਵਾਹਨ ਚਾਲਕਾਂ ਨੇ ਮੁਸਤੈਦੀ ਦਿਖਾਉਂਦੇ ਹੋਏ ਆਪਣੀਆਂ ਬ੍ਰੇਕਾਂ ਲਗਾ ਲਈਆਂ, ਨਹੀਂ ਤਾਂ ਫਲਾਈਓਵਰ ਦੇ ਉੱਪਰ ਇੱਕ ਵੱਡਾ ਹਾਦਸਾ ਵਾਪਰ ਸਕਦਾ ਸੀ ਅਤੇ ਕਈ ਗੱਡੀਆਂ ਆਪਸ ਵਿੱਚ ਟਕਰਾ ਸਕਦੀਆਂ ਸਨ। ?ਘਟਨਾ ਦੀ ਸੂਚਨਾ ਮਿਲਦੇ ਹੀ ਡੇਰਾਬੱਸੀ ਟ੍ਰੈਫਿਕ ਪੁਲਿਸ ਦੀ ਟੀਮ ਤੁਰੰਤ ਹਰਕਤ ਵਿੱਚ ਆਈ। ਪੁਲਿਸ ਮੁਲਾਜ਼ਮਾਂ ਨੇ ਸਥਾਨਕ ਲੋਕਾਂ ਅਤੇ ਰਾਹਗੀਰਾਂ ਦੀ ਮਦਦ ਨਾਲ ਕਾਰ ਨੂੰ ਬੜੀ ਮੁਸ਼ਕਿਲ ਨਾਲ ਸੜਕ ਤੋਂ ਹਟਾਉਣ ਅਤੇ ਇੱਕ ਪਾਸੇ ਕਰਨ ਦੇ ਯਤਨ ਸ਼ੁਰੂ ਕੀਤੇ।ਪੁਲਸ ਵੱਲੋਂ ਤੁਰੰਤ ਹਾਈਵੇਅ ਦੀ ਆਵਾਜਾਈ ਨੂੰ ਸੁਚਾਰੂ ਬਣਾਉਣ ਲਈ ਟ੍ਰੈਫਿਕ ਨੂੰ ਹੌਲੀ-ਹੌਲੀ ਡਾਇਵਰਟ ਕੀਤਾ ਗਿਆ ਅਤੇ ਸਿੰਗਲ ਲੇਨ ਰਾਹੀਂ ਵਾਹਨਾਂ ਨੂੰ ਕੱਢਣਾ ਸ਼ੁਰੂ ਕੀਤਾ ਗਿਆ, ਜਿਸ ਤੋਂ ਬਾਅਦ ਜਾਮ ਹੌਲੀ-ਹੌਲੀ ਖੁੱਲ੍ਹਣਾ ਸ਼ੁਰੂ ਹੋਇਆ।

# ਪਰਮ ਸੇਵਾ ਵੈੱਲਫੇਅਰ ਸੁਸਾਇਟੀ ਵੱਲੋਂ ਲੋੜਵੰਦ ਮਰੀਜ਼ ਦੀ ਵਿੱਤੀ ਸਹਾਇਤਾ

**ਚੰਡੀਗੜ੍ਹ (ਸੁਰਜੀਤ ਸੁਮਨ)**- ਪਰਮ ਸੇਵਾ ਵੈੱਲਫੇਅਰ ਸੁਸਾਇਟੀ ਦੇ ਸਰਗਰਮ ਮੈਂਬਰ ਅਸ਼ੀਸ਼ ਕੁਮਾਰ ਦੀ ਪਤਨੀ ਮੀਨੂੰ ਸ਼ਰਮਾ ਵੱਲੋਂ ਧਿਆਨ ਵਿੱਚ ਲਿਆਉਣ 'ਤੇ ਸੁਸਾਇਟੀ ਵੱਲੋਂ ਲੋੜਵੰਦ ਮਰੀਜ਼ ਰਾਹੁਲ ਪੁੱਤਰ ਰਾਮ ਦਿਆਲ ਵਾਸੀ ਚੰਡੀਗੜ੍ਹ, ਜੋ ਗੰਭੀਰ ਬਿਮਾਰੀ ਤੋਂ ਪੀੜਤ ਹੈ, ਦੇ ਇਲਾਜ ਲਈ ਵਿੱਤੀ ਸਹਾਇਤਾ ਕੀਤੀ ਗਈ। ਦੱਸਣਯੋਗ ਹੈ ਕਿ ਪੀੜਤ ਇਸ ਸਮੇਂ ਸਰਕਾਰੀ ਹਸਪਤਾਲ ਸੈਕਟਰ 16, ਚੰਡੀਗੜ੍ਹ ਵਿਖੇ ਇਲਾਜ ਅਧੀਨ ਹੈ। ਇਸ ਸਬੰਧੀ ਸੁਸਾਇਟੀ ਪ੍ਰਧਾਨ ਸੋਮ ਨਾਥ ਭੱਟ ਜੋ ਇਸ ਸਮੇਂ ਕੈਨੇਡੇ ਵਿਖੇ ਹਨ, ਨਾਲ ਤਾਲਮੇਲ ਕਰਕੇ ਵਿੱਤੀ ਸਹਾਇਤਾ ਰਕਮ ਦੀ ਅਦਾਇਗੀ ਮਰੀਜ਼ ਦੇ ਖਾਤੇ ਵਿੱਚ ਆਨਲਾਈਨ ਕਰਵਾਈ ਗਈ ਹੈ। ਜ਼ਿਕਰਯੋਗ ਹੈ ਕਿ ਇਸ ਨੇਕ ਕੰਮ ਵਿੱਚ ਸੁਸਾਇਟੀ ਦੇ ਮੈਂਬਰਜ਼ ਵਧ-ਚੜ੍ਹ ਕੇ ਆਪਣਾ ਯੋਗਦਾਨ ਪਾਉਂਦੇ ਹਨ, ਜਿਨ੍ਹਾਂ ਵਿੱਚ ਨਿਰਮਲ ਸਿੰਘ, ਪ੍ਰਿੰ. ਸੰਤ ਸੁਰਿੰਦਰਪਾਲ ਸਿੰਘ, ਬਹਾਦਰ ਸਿੰਘ, ਸੁਰਜੀਤ ਮੰਡ, ਹਰਬੰਸ ਸਿੰਘ, ਸੁਰਜੀਤ ਸੁਮਨ, ਸਮਰੱਥ ਸਿੰਘ, ਬਲਜਿੰਦਰ ਸਿੰਘ, ਲਖਬੀਰ ਸਿੰਘ, ਜਸਬੀਰ ਸਿੰਘ, ਗੁਰਸ਼ਰਨਜੀਤ ਸਿੰਘ, ਸੁਦੇਸ਼ ਗੌਤਮ, ਬਲਵੰਤ ਸਿੰਘ, ਮਦਨ ਲਾਲ ਸ਼ਰਮਾ, ਮਾਸਟਰ ਲਛਮਣ ਸਿੰਘ, ਵਿਨੋਦ ਮਹਾਜਨ, ਵਲੈਤੀ ਰਾਮ, ਹਰਮੇਸ਼ ਚੰਦਰ ਭੱਲਾ,



ਚਰਨਜੀਤ ਸਿੰਘ, ਸਤੀਸ਼ ਕੁਮਾਰ, ਸੁਰਿੰਦਰਪਾਲ ਸਿੰਘ ਚੰਡੀਗੜ੍ਹ, ਅਨਿਲ ਕੁਮਾਰ, ਰਕੇਸ਼ ਕੁਮਾਰ, ਰਵਿੰਦਰ ਕੁਮਾਰ ਕੌਸ਼ਲ, ਨਰੇਸ਼ ਕੁਮਾਰ, ਕਰਨਵੀਰ ਸਿੰਘ, ਅਰਮਾਨ ਸਿੰਘ, ਮਾਸਟਰ ਰਵਿੰਦਰ ਸਿੰਘ, ਸੁਨੀਲ ਕੁਮਾਰ ਸ਼ਰਮਾ ਅਤੇ ਔਰਤ ਮੈਂਬਰਾਂ ਵਿੱਚ ਸ਼ਾਮਿਲ ਪਰਵੀਨ ਭੱਟ, ਚੰਦਰ ਕਾਂਤਾ, ਆਰਤੀ ਸਹਿਗਲ, ਮੀਨਾਕਸ਼ੀ, ਨਲਿਨੀ ਬੰਗਾ, ਰਾਜ ਕੁਮਾਰੀ, ਸੁਨੀਤਾ ਦੇਵੀ, ਵਨੀਤਾ ਪੰਚਕੂਲਾ, ਪ੍ਰਿੰ. ਕੁਲਦੀਪ ਕੌਰ, ਸੁਨੀਤਾ ਗੌਤਮ, ਅੰਜੂ ਵਰਮਾ, ਸੁਰਿੰਦਰ ਕੌਰ, ਸੁਚਿਤਾ ਤਿਵਾੜੀ, ਮਧੂ ਸ਼ਰਮਾ ਅੰਬਾਲਾ, ਕਮਲੇਸ਼ ਕਾਲਕਾ, ਸੋਨੀਆ ਮਹਾਜਨ, ਮਮਤਾ ਅਤੇ ਹੋਰ, ਜੋ ਸੁਸਾਇਟੀ ਦੇ ਇਸ ਪਵਿੱਤਰ ਕਾਰਜ ਵਿੱਚ ਮੋਹਰੀ ਭੂਮਿਕਾ ਅਦਾ ਕਰਦੇ ਹਨ। ਪਰਵਾਰ ਵੱਲੋਂ ਸੁਸਾਇਟੀ ਦਾ ਧੰਨਵਾਦ ਕੀਤਾ ਗਿਆ।

# ਕੁੱਲ ਹਿੰਦ ਕਿਸਾਨ ਸਭਾ ਨੇ ਸਰਕਾਰ ਦੀ ਅਰਥੀ ਫੂਕ ਕੇ ਕੀਤਾ ਰੋਸ ਪ੍ਰਦਰਸ਼ਨ

**ਨੰਗਲ (ਸੁਰਜੀਤ ਢੇਰ)**- ਬੀਤੇ ਦਿਨੀਂ ਪੰਜਾਬ ਸਰਕਾਰ ਵੱਲੋਂ ਪਟਿਆਲਾ ਵਿਖੇ ਲਾਇਨਮੈਨਾਂ ਤੇ ਕੀਤੇ ਬੇਤਹਾਸ਼ਾ ਤਸ਼ੱਦਦ ਦੇ ਰੋਸ ਵਜੋਂ ਕੁੱਲ ਹਿੰਦ ਕਿਸਾਨ ਸਭਾ ਦੇ ਵਰਕਰਾਂ ਨੇ ਪੰਜਾਬ ਸਰਕਾਰ ਦੀ ਅਰਥੀ ਫੂਕ ਕੇ ਰੋਸ



ਮੁਜ਼ਾਹਰਾ ਕੀਤਾ। ਇਸ ਮੌਕੇ ਤੇ ਕੁਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ ਨੇ ਕਿਹਾ ਕਿ 2600 ਦੇ ਕਰੀਬ ਲਾਇਨਮੈਨ ਨੌਕਰੀਆਂ ਦੀ ਪ੍ਰਾਪਤੀ ਲਈ ਪਟਿਆਲਾ ਵਿਖੇ ਪੁਰ ਅਮਨ ਢੰਗ ਨਾਲ ਸੰਘਰਸ਼ ਕਰ ਰਹੇ ਸਨ। ਪਰ ਪੁਲਿਸ ਨੇ ਉਹਨਾਂ ਲਾਇਨਮੈਨਾਂ ਨੂੰ ਪਸ਼ੂਆਂ ਵਾਂਗ ਕੁੱਟਿਆ। ਧਰਨਾਕਾਰੀਆਂ ਦੇ ਟੈਂਟ ਤੱਕ ਪੁਲਿਸ ਨੇ ਜਬਰ ਨਾਲ ਪੁੱਟ ਦਿੱਤੇ। ਕਿਸਾਨ ਆਗੂ ਨੇ ਲਾਇਨਮੈਨਾਂ ਨਾਲ ਇੱਕ ਮੁੱਠਤਾ ਦਾ ਪ੍ਰਗਟਾਵਾ ਕਰਦਿਆਂ ਸਰਕਾਰ ਕੋਲੋਂ ਮੰਗ ਕੀਤੀ ਕਿ ਸੰਬੰਧਤ ਲਾਠੀ ਚਾਰਜ ਕਰਨ ਵਾਲੇ ਪੁਲਿਸ ਅਫਸਰਾਂ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ ਤੇ 2600 ਲਾਇਨਮੈਨਾਂ ਦੀ ਭਰਤੀ ਜਲਦੀ ਤੋਂ ਜਲਦੀ ਕੀਤੀ ਜਾਵੇ। ਇਸ ਮੌਕੇ ਤੇ ਰਾਕੇਸ਼ ਬਾਲੀ ਕਲਸੇੜਾ, ਸਤਨਾਮ ਸਿੰਘ ਕੇਵਲ ਕ੍ਰਿਸ਼ਨ, ਸੋਮੀ ਪੁਰੀ,ਪੰਕਜ, ਨਰੇਸ਼ ਕੁਮਾਰ ਕਲਸੇੜਾ,ਅਸ਼ੋਕ ਕੁਮਾਰ ਸਮੇਤ ਹੋਰ ਸਾਥੀ ਹਾਜ਼ਰ ਸਨ। ਧਰਨਾਕਾਰੀਆਂ ਨੇ ਰੋਸ ਪ੍ਰਦਰਸ਼ਨ ਕਰ ਰਹੇ ਸਾਥੀਆਂ ਨੇ ਬੱਸ ਸਟੈਂਡ ਦੇ ਸਾਹਮਣੇ ਐੱਸ ਡੀ ਐੱਮ ਦਫਤਰ ਦੇ ਮੂਹਰੇ ਸਰਕਾਰ ਦੀ ਅਰਥੀ ਫੂਕੀ ਅਤੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ।

## ਸਕੋਡਾ ਆਟੋ ਵੱਲੋਂ ਨਵੀਂ ਕੋਡੀਆਕ ਆਰ ਐੱਸ ਐੱਸ ਯੂ ਵੀ ਦੀ ਸ਼ੁਰੂਆਤ ਦਾ ਐਲਾਨ

**ਅੰਮ੍ਰਿਤਸਰ**- ਸਕੋਡਾ ਆਟੋ ਇੰਡੀਆ ਨਵੀਂ ਕੋਡੀਆਕ ਆਰਐਸ ਨਾਲ ਆਪਣੀ ਉੱਚ-ਪ੍ਰਦਰਸ਼ਨ ਵਾਲੀ ਆਰਐਸ ਰੇਂਜ ਨੂੰ ਹੋਰ ਮਜ਼ਬੂਤ ਕਰ ਰਹੀ ਹੈ। 50 ਸਾਲਾਂ ਤੋਂ ਵੱਧ ਆਰ ਐੱਸ ਵਿਰਾਸਤ ਅਤੇ 125 ਸਾਲਾਂ ਤੋਂ ਵੱਧ ਮੋਟਰਸਪੋਰਟ ਇਤਿਹਾਸ 'ਤੇ ਨਿਰਮਾਣ ਕਰਦੇ ਹੋਏ, ਇਹ ਨਵਾਂ ਮਾਡਲ ਬ੍ਰਾਂਡ ਦੀ ਪ੍ਰਦਰਸ਼ਨ-ਅਧਾਰਿਤ ਪਛਾਣ ਨੂੰ ਹੋਰ ਮਜ਼ਬੂਤ ਕਰਦਾ ਹੈ। 22 ਜੂਨ, 2026 ਤੋਂ ਬੁਕਿੰਗ ਲਈ ਉਪਲਬਧ, ਕੋਡੀਆਕ ਆਰਐਸ ਸ਼ਕਤੀਸ਼ਾਲੀ ਪ੍ਰਦਰਸ਼ਨ, ਸ਼ਾਨਦਾਰ ਮੋਟਰਸਪੋਰਟ ਚਰਿੱਤਰ, ਸੱਤ-ਸੀਟਰ ਲਗਜ਼ਰੀ ਦੀ ਬਹੁਪੱਖੀਤਾ, ਅਤੇ 4×4 ਤਕਨਾਲੋਜੀ ਦੇ ਨਾਲ ਉੱਤਮ ਆਲ-ਟੇਰੇਨ ਸਮਰੱਥਾ ਦਾ ਸੰਪੂਰਨ ਮਿਸ਼ਰਣ ਪੇਸ਼ ਕਰਦਾ ਹੈ। ਇਸ ਐਲਾਨ 'ਤੇ ਟਿੱਪਣੀ ਕਰਦੇ ਹੋਏ, ਸਕੋਡਾ ਆਟੋ ਇੰਡੀਆ ਦੇ ਬ੍ਰਾਂਡ ਡਾਇਰੈਕਟਰ ਆਸ਼ੀਸ਼ ਗੁਪਤਾ ਨੇ ਕਿਹਾ, 'ਆਰ ਐਸ ਬੈਜ 50 ਸਾਲਾਂ ਤੋਂ ਵੱਧ ਸਮੇਂ ਦੀ ਗਲੋਬਲ ਪ੍ਰਦਰਸ਼ਨ ਵਿਰਾਸਤ ਦਾ ਪ੍ਰਤੀਕ ਰਿਹਾ ਹੈ, ਅਤੇ ਭਾਰਤ ਵਿੱਚ ਵੀ, ਦੋ ਦਹਾਕੇ ਪਹਿਲਾਂ ਲਾਂਚ ਹੋਣ ਤੋਂ ਬਾਅਦ ਤੋਂ ਹੀ ਔਕਟਾਵੀਆ ਆਰ ਐੱਸ ਨੂੰ ਇੱਕ ਮਜ਼ਬੂਤ ਪ੍ਰਸ਼ੰਸਕ ਫਾਲੋਇੰਗ ਦਾ ਆਨੰਦ ਮਾਣਿਆ ਹੈ। ਇਹ ਭਾਰਤ ਵਿੱਚ ਵੱਕਾਰੀ ਆਰਐਸ ਬੈਜ ਲੈ ਕੇ ਜਾਣ ਵਾਲੀ ਸਾਡੀ ਪਹਿਲੀ ਸੱਤ-ਸੀਟਰ ਹੈ ਅਤੇ ਦੇਸ਼ ਵਿੱਚ ਹੁਣ ਤੱਕ ਦੀ ਸਭ ਤੋਂ ਤੇਜ਼ ਸਕੋਡਾ ਵੀ ਹੈ। ਇਹ ਪ੍ਰਦਰਸ਼ਨ, ਸਪੇਸ ਅਤੇ 4×4 ਸਮਰੱਥਾ ਦੀ ਪੇਸ਼ਕਸ਼ ਕਰਦੀ ਹੈ ਜਿਸਦੀ ਮਜ਼ਬੂਤ ਪਛਾਣ ਸਾਡੀ ਰੇਸਿੰਗ ਵਿਰਾਸਤ ਵਿੱਚ ਜੜ੍ਹੀ ਹੋਈ ਹੈ।

## ਨਸ਼ਾ ਤਸਕਰ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਬਹਿਰਾਮਪੁਰ ਦੇ ਐਸ.ਆਈ. ਰਮੇਸ਼ ਲਾਲ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਨੇੜੇ ਟੀ. ਪੁਆਇੰਟ ਰਾਏਪੁਰ ਤੋਂ ਨੀਰਜ ਕੁਮਾਰ ਪੁੱਤਰ ਜੋਗਿੰਦਰ ਪਾਲ ਵਾਸੀ ਮਰਾੜਾ ਜੋ ਸੜਕ ਦੇ ਕਿਨਾਰੇ ਝਾੜੀਆਂ ਵਿੱਚ ਲੁਕ ਛਿਪ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਕਾਬੂ ਕਰਕੇ ਉਸ ਪਾਸੋਂ ਇਕ ਸਿਲਵਰ ਪੇਪਰ, ਲਾਈਟਰ ਅਤੇ 10 ਰੁਪਏ ਦਾ ਨੋਟ ਬਰਾਮਦ ਕੀਤਾ। ਬਹਿਰਾਮਪੁਰ ਪੁਲਸ ਨੇ ਉਕਤ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਆਰ ਬੀ ਯੂ ਨੇ ਸ਼ੁਕਰਾ ਫਾਰਮਾਸਿਊਟੀਕਲਜ਼ ਨਾਲ ਐੱਮ ਓ ਯੂ ਸਾਇਨ ਕੀਤਾ




**ਚੰਡੀਗੜ੍ਹ (ਗੁਰਜੀਤ ਬਿੱਲਾ)**- ਉੱਦਮਤਾ, ਨਵੀਨਤਾ ਅਤੇ ਉਦਯੋਗ-ਅਕਾਦਮਿਕ ਸਹਿਯੋਗ ਨੂੰ ਹੋਰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਰਿਆਤ ਬਾਹਰਾ ਯੂਨੀਵਰਸਿਟੀ ਦੇ ਸੈਂਟਰ ਫਾਰ ਕਰੀਅਰ ਸਕੱਸੈਸ ਅਧੀਨ ਕੰਮ ਕਰ ਰਹੇ ਐਂਟਰਪ੍ਰਨਿਓਰਸ਼ਿਪ ਐਂਡ ਸਟਾਰਟਅੱਪ ਸਪੋਰਟ ਸੈੱਲ (ਈ ਐਸ ਐਸ ਸੀ) ਵੱਲੋਂ ਸ਼ੁਕਰਾ ਫਾਰਮਾਸਿਊਟੀਕਲਜ਼ ਪਬਲਿਕ ਲਿਮਟਿਡ ਨਾਲ ਇੱਕ ਮਹੱਤਵਪੂਰਨ ਸਮਝੌਤਾ ਪੱਤਰ (ਐਮ ਓ ਯੂ) ਸਾਇਨ ਕੀਤਾ ਗਿਆ। ਇਹ ਸਮਝੌਤਾ ਨਵੀਂ ਦਿੱਲੀ ਵਿੱਚ ਆਯੋਜਿਤ ਇੱਕ ਰਸਮੀ ਸਮਾਰੋਹ ਦੌਰਾਨ ਹੋਇਆ। ਇਸ ਮੌਕੇ ਰਿਆਤ ਬਾਹਰਾ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ, ਰਜਿਸਟਰਾਰ ਪ੍ਰੋ. (ਡਾ.) ਐਨ. ਕੇ. ਯਾਦਵ, ਰਿਆਤ ਬਾਹਰਾ ਗਰੁੱਪ ਦੇ ਐਂਟਰਪ੍ਰਨਿਓਰਸ਼ਿਪ ਸੈੱਲ ਦੀ ਗਰੁੱਪ ਡਾਇਰੈਕਟਰ ਡਾ. ਸਿੰਮੀ ਪ੍ਰਕਾਸ਼, ਸ਼ੁਕਰਾ ਫਾਰਮਾਸਿਊਟੀਕਲਜ਼ ਦੇ ਵਾਈਸ ਪ੍ਰੈਜ਼ੀਡੈਂਟ ਅਮਨਦੀਪ ਭੱਲਾ, ਡਾਇਰੈਕਟਰ ਅਮਿਤ ਟਿਕੂ ਅਤੇ ਸ਼੍ਰੀਮਤੀ ਰੰਜਨਾ ਟਿਕੂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਡਾ. ਸਿੰਮੀ ਪ੍ਰਕਾਸ਼ ਨੇ ਕਿਹਾ ਕਿ ਇਸ ਸਮਝੌਤੇ ਤਹਿਤ ਈ ਐਸ ਐਸ ਸੀ ਵੱਲੋਂ ਸਟਾਰਟਅੱਪਸ ਅਤੇ ਨਵੀਨਤਾਕਾਰਾਂ ਲਈ 10 ਲੱਖ ਰੁਪਏ ਦਾ ਪ੍ਰੀ-ਸੀਡ ਫੰਡ ਵੀ ਨਿਸ਼ਚਿਤ ਕੀਤਾ ਗਿਆ ਹੈ, ਜੋ ਉਭਰਦੇ ਉਦਯੋਗਪਤੀਆਂ ਅਤੇ ਫੈਕਲਟੀ ਇਨੋਵੇਟਰਾਂ ਨੂੰ ਆਪਣੇ ਵਿਚਾਰਾਂ ਨੂੰ ਸਫਲ ਕਾਰੋਬਾਰੀ ਉਪਰਾਲਿਆਂ ਵਿੱਚ ਬਦਲਣ ਲਈ ਸਹਾਇਤਾ ਪ੍ਰਦਾਨ ਕਰੇਗਾ।

## ਕੇਂਦਰੀ ਜੇਲ੍ਹ 'ਚੋਂ ਸਾਮਾਨ ਮਿਲਣ 'ਤੇ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਸਿਟੀ ਗੁਰਦਾਸਪੁਰ ਪੁਲਿਸ ਨੇ ਕੇਂਦਰੀ ਜੇਲ੍ਹ ਗੁਰਦਾਸਪੁਰ ਅੰਦਰੋਂ ਕੁਝ ਸਾਮਾਨ ਮਿਲਣ 'ਤੇ ਨਾ-ਮਾਲੂਮ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕੀਤਾ ਗਿਆ ਹੈ। ਪੁਲਸ ਨੂੰ ਸੁਪਰਡੈਂਟ ਕੇਂਦਰੀ ਜੇਲ੍ਹ ਗੁਰਦਾਸਪੁਰ ਵਲੋਂ ਮਿਲੀ ਜਾਣਕਾਰੀ ਅਨੁਸਾਰ ਸੈਲ ਬਲਾਕ 10 ਦੀ ਤਲਾਸ਼ੀ ਕੀਤੀ ਗਈ ਤਾਂ ਚੱਕੀ ਨੰਬਰ 3 'ਚੋਂ ਬਿਸਤਰੇ ਦੇ ਹੇਠਾਂ ਮੋਮੀ ਲਿਫਾਫੇ ਵਿੱਚੋਂ ਕੁਝ ਮਾਤਰਾ ਵਿੱਚ ਖੁੱਲ੍ਹਾ ਤੰਬਾਕੂ ਅਤੇ ਚੱਕੀ ਨੰਬਰ 9 ਦੀ ਤਲਾਸ਼ੀ ਦੌਰਾਨ ਇਕ ਹਾਟਕੇਸ ਵਿਚੋਂ ਇਕ ਕੀ-ਪੈਡ ਵਾਲਾ ਮੋਬਾਇਲ ਸਮੇਤ ਸਿੰਮ ਅਤੇ ਬੈਟਰੀ ਬਰਾਮਦ ਹੋਇਆ। ਪੁਲਸ ਨੇ ਨਾ-ਮਾਲੂਮ ਵਿਅਕਤੀ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

# ਚੰਨੀ ਵੱਲੋਂ ਬੇਰੁਜ਼ਗਾਰ ਲਾਈਨਮੈਨਾਂ 'ਤੇ ਲਾਠੀਚਾਰਜ ਦੀ ਨਿਖੇਧੀ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਪੰਜਾਬ ਦੇ ਸਾਬਕਾ ਮੁੱਖ ਮੰਤਰੀ ਅਤੇ ਲੋਕ ਸਭਾ ਮੈਂਬਰ ਚਰਨਜੀਤ ਸਿੰਘ ਚੰਨੀ ਨੇ ਪੰਜਾਬ ਦੇ ਮੁਲਾਜ਼ਮਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਲਈ ਕੀਤੇ ਜਾ ਰਹੇ ਸੰਘਰਸ਼ ਦਾ ਪੂਰਨ ਸਮਰਥਨ ਕਰਦਿਆਂ



ਕਿਹਾ ਕਿ ਉਹ ਅਤੇ ਉਨ੍ਹਾਂ ਦੀ ਪਾਰਟੀ ਮੁਲਾਜ਼ਮਾਂ ਦੇ ਹੱਕਾਂ ਲਈ ਚੱਟਾਨ ਵਾਂਗ ਨਾਲ ਖੜ੍ਹੀ ਹੈ। ਇਥੇ ਚੋਣਵੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਾਬਕਾ ਮੁੱਖ ਮੰਤਰੀ ਚੰਨੀ ਨੇ ਬੇਰੁਜ਼ਗਾਰ ਲਾਈਨਮੈਨਾਂ 'ਤੇ ਹੋਏ ਪੁਲਿਸ ਲਾਠੀਚਾਰਜ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ।

ਇਸੇ ਤਰ੍ਹਾਂ ਸੇਵਾ ਕੇਂਦਰਾਂ ਵਿੱਚ ਲੰਮੇ ਸਮੇਂ ਤੋਂ ਸੇਵਾਵਾਂ ਨਿਭਾ ਰਹੇ ਮੁਲਾਜ਼ਮਾਂ ਨੂੰ ਬਿਨਾਂ ਕਿਸੇ ਕਾਰਨ ਨੌਕਰੀ ਤੋਂ ਫਾਰਗ ਦੀ ਨਿੰਦਾ ਕੀਤੀ। ਚੰਨੀ ਨੇ ਮੰਗ ਕੀਤੀ ਕਿ ਫਾਰਗ ਕੀਤੇ ਗਏ ਸੇਵਾ ਕੇਂਦਰ ਦੇ ਮੁਲਾਜ਼ਮਾਂ ਨੂੰ ਤੁਰੰਤ ਬਹਾਲ ਕੀਤਾ ਜਾਵੇ ਤੇ ਲਾਈਨਮੈਨਾਂ ਦੀਆਂ ਮੰਗਾਂ ਤੁਰੰਤ ਪ੍ਰਵਾਨ ਕੀਤੀਆਂ ਜਾਣ। ਇਸ ਮੌਕੇ ਤੇ ਹੋਰਨਾਂ ਤੋਂ ਬਿਨਾਂ ਪਨਗ੍ਰੇਨ ਦੇ ਸਾਬਕਾ ਚੇਅਰਮੈਨ ਬੰਤ ਸਿੰਘ ਕਲਾਰਾਂ, ਹਰਮਿੰਦਰ ਸਿੰਘ ਲੱਕੀ, ਕੌਂਸਲਰ ਹਰਜੀਤ ਸਿੰਘ ਸੋਢੀ, ਕੌਂਸਲਰ ਮਨਦੀਪ ਸਿੰਘ ਬਾਜਵਾ, ਕੌਂਸਲਰ ਸੁਰਿੰਦਰ ਕੌਰ, ਕੌਂਸਲਰ ਪੂਨਮ ਸ਼ਰਮਾ, ਕੌਂਸਲਰ ਪਿੰਕੀ ਕੌਰ, ਕੌਂਸਲਰ ਸਿਕੰਦਰ ਕੌਰ ਸ਼ੇਰ ਗਿੱਲ, ਕੌਂਸਲਰ ਹਰਜਿੰਦਰ ਸਿੰਘ ਛਿੱਬਰ, ਕੌਂਸਲਰ ਰਜੇਸ਼ ਕੁਮਾਰ ਸਸੋਦੀਆ, ਸਾਬਕਾ ਨਗਰ ਕੌਂਸਲ ਪ੍ਰਧਾਨ ਹਰੀਪਾਲ, ਹਰਜੋਤ ਸਿੰਘ ਢੰਗਰਾਲੀ, ਜਿਲਾ ਪਰਿਸ਼ਦ ਮੈਂਬਰ ਗੁਰਵਿੰਦਰ ਸਿੰਘ ਕਕਰਾਲੀ, ਸੀਨੀਅਰ ਆਗੂ ਜਗਦੀਪ ਸਿੰਘ ਚੀਡਸਾ, ਦਰਸ਼ਨ ਸਿੰਘ ਸੰਧੂ, ਸਾਬਕਾ ਕੌਂਸਲਰ ਰਾਜਪ੍ਰੀਤ ਸਿੰਘ ਰਾਜੀ, ਸੰਗਤ ਸਿੰਘ ਭਾਮੀਆ ਆਦਿ ਵੀ ਹਾਜ਼ਰ ਸਨ।

# ਰੋਸਟਰ ਰਜਿਸਟਰ ਚੈਕਿੰਗ ਕਮੇਟੀਆਂ ਦੀ ਸਿਖਲਾਈ ਯਕੀਨੀ ਬਣਾਈ ਜਾਵੇ : ਗੜ੍ਹੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੂੰ ਪੰਜਾਬ ਦੇ ਸਰਕਾਰੀ ਕਰਮਚਾਰੀਆਂ/ ਅਧਿਕਾਰੀਆਂ ਦੇ ਤਰੱਕੀ ਮਾਮਲਿਆਂ 'ਚ ਹੱਕਦਾਰਾਂ ਨੂੰ ਨਿਆਂ ਦੇਣ ਲਈ




ਰੋਸਟਰ ਰਜਿਸਟਰ ਚੈਕਿੰਗ ਕਮੇਟੀਆਂ ਦੀ ਸਿਖਲਾਈ ਤੁਰੰਤ ਯਕੀਨੀ ਬਣਾਉਣ ਲਈ ਕਿਹਾ ਹੈ ਤਾਂ ਜੋ ਰੋਸਟਰ ਰਜਿਸਟਰ ਨੂੰ ਨਿਰਧਾਰਤ ਕਾਨੂੰਨ ਅਨੁਸਾਰ ਸਹੀ ਢੰਗ ਨਾਲ ਲਾਗੂ ਕਰਨ 'ਚ ਹੋਰ ਸਪੱਸ਼ਟਤਾ ਆ ਸਕੇ। ਇੱਥੇ ਪੰਜਾਬ ਭਵਨ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਗੜ੍ਹੀ ਨੇ ਕਿਹਾ ਕਿ ਪੁਲਿਸ ਵਿਭਾਗ ਨੂੰ ਉੱਪ ਕਪਤਾਨ ਅਤੇ ਕਪਤਾਨ ਪੱਧਰ ਦੇ ਅਧਿਕਾਰੀਆਂ ਨੂੰ ਐੱਸ ਸੀ/ਐੱਸ ਟੀ ਐਕਟ ਸਬੰਧੀ ਸਿਖਲਾਈ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ ਤਾਂ ਜੋ ਵਿਭਿੰਨ ਜ਼ਿਲ੍ਹਿਆਂ ਵਿੱਚ ਸ਼ਿਕਾਇਤਾਂ ਪ੍ਰਾਪਤ ਹੋਣ ਮਗਰੋਂ ਕੀਤੀ ਜਾਣ ਵਾਲੀ ਪੁਲਿਸ ਕਾਰਵਾਈ ਅਤੇ ਜਾਂਚ ਦੌਰਾਨ ਹੋਰ ਸਪੱਸ਼ਟਤਾ ਆਵੇ ਅਤੇ ਸਬੰਧਤ ਮਾਮਲਿਆਂ ਦਾ ਛੇਤੀ ਨਿਬੇੜਾ ਕੀਤਾ ਜਾ ਸਕੇ। ਇਸ ਤੋਂ ਪਹਿਲਾਂ ਪੰਜਾਬ ਭਵਨ ਵਿਖੇ ਹੋਈ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੀ 29ਵੀਂ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸ. ਗੜ੍ਹੀ ਨੇ ਸੂਬਾ ਸਰਕਾਰ ਦੇ ਅਧਿਕਾਰੀਆਂ ਨੂੰ ਅਨੁਸੂਚਿਤ ਜਾਤੀ ਨਾਲ ਸਬੰਧਤ ਲੋਕਾਂ ਦੀਆਂ ਸ਼ਿਕਾਇਤਾਂ ਅਤੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਨਜਿੱਠਣ ਦੀ ਹਦਾਇਤ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਸੂਬੇ ਦੇ ਅਨੁਸੂਚਿਤ ਜਾਤੀਆਂ ਦੇ ਅਧਿਕਾਰਾਂ ਅਤੇ ਰਾਖੀ ਲਈ ਵਚਨਬੱਧ ਹੈ। ਸਇਸ ਮੌਕੇ ਭੂਰੀਵਾਲੇ ਗੁਰਗੱਦੀ (ਗਰੀਬ ਦਾਸ) ਸੰਪਰਦਾਇ ਦੇ ਪ੍ਰਮੁੱਖ ਧਾਮ ਸ੍ਰੀ ਰਕਬਾ ਸਾਹਿਬ (ਲੁਧਿਆਣਾ) ਤੇ ਸ੍ਰੀ ਝਾਂਡੀਆਂ ਧਾਮ (ਰੋਪੜ) ਵਿਖੇ ਸ਼ਰਧਾਲੂਆਂ ਦੀ ਸੁਰੱਖਿਆ ਲਈ ਅਤੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਚਰਨਛੋਹ ਪ੍ਰਾਪਤ ਧਰਤੀ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਤਪ-ਅਸਥਾਨ ਅਤੇ ਚਰਨ ਛੋਹ ਗੰਗਾ ਵਿਖੇ ਸੁਰੱਖਿਆ ਪ੍ਰਬੰਧਾਂ ਦੀ ਪੜਚੋਲ ਕੀਤੀ ਗਈ, ਜਿੱਥੇ ਕਿ ਬਹੁ ਗਿਣਤੀ ਸੰਗਤ ਅਨੁਸੂਚਿਤ ਜਾਤੀ ਵਰਗਾਂ/ ਪਛੜੀਆਂ ਸ਼੍ਰੇਣੀਆਂ ਨਾਲ ਜੁੜੀ ਹੋਈ ਹੈ। ਇਸੇ ਤਰ੍ਹਾਂ ਰਾਮ ਮੋਕਸ਼ ਧਾਮ ਟੱਪਰੀਆਂ ਖੁਰਦਾਂ (ਬਲਾਚੌਰ) ਵਿਖੇ ਸੁਰੱਖਿਆਂ ਦੇਣ ਦਾ ਮੁੱਦਾ ਉਠਿਆ ਜੋਕਿ ਕਬੀਰਪੰਥੀ ਭੂਰੀਵਾਲੇ ਸੰਪਰਦਾ ਡੇਰੇ ਦੇ ਮੌਜੂਦਾ ਗੱਦੀਨਸ਼ੀਨ ਅਚਾਰੀਆਂ ਚੇਤਨਾ ਨੰਦ ਜੀ ਮਹਾਰਾਜ ਜੀ ਦੀ ਨਿਵਾਸ ਕੁਟੀਆ ਵੀ ਹੈ।

# ਰੇਲ ਗੱਡੀ ਦੀ ਲਪੇਟ 'ਚ ਆਉਣ ਨਾਲ ਮੌਤ

ਫਿਲੌਰ (ਨਿਰਮਲ)- ਭੱਟੀਆਂ ਨਜ਼ਦੀਕ ਰੇਲ ਗੱਡੀ ਦੀ ਲਪੇਟ ਵਿੱਚ ਆਉਣ ਕਾਰਨ ਇੱਕ ਅਣਪਛਾਤੇ ਵਿਅਕਤੀ ਦੀ ਮੌਤ ਹੋ ਗਈ।

ਇਸ ਸੰਬੰਧੀ ਜਾਣਕਾਰੀ ਦਿੰਦਿਆਂ ਰੇਲਵੇ ਪੁਲਿਸ ਚੌਂਕੀ ਗੁਰਾਇਆ ਦੇ ਇੰਚਾਰਜ ਏ ਐੱਸ ਆਈ ਪ੍ਰੇਮ ਕੁਮਾਰ ਨੇ ਦੱਸਿਆ ਕਿ ਪੁਲਿਸ ਵੱਲੋਂ ਧਾਰਾ 194 ਅਧੀਨ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਮ੍ਰਿਤਕ ਸਿਰ ਤੋਂ ਮੋਨਾ ਅਤੇ ਕਲੀਨ ਸ਼ੇਵ। ਮ੍ਰਿਤਕ ਨੇ ਅਸਮਾਨੀ-ਗਰੇ ਰੰਗ ਦੀ ਧਾਰੀਆਂ ਵਾਲੀ ਕਮੀਜ਼ ਅਤੇ ਨੀਲੇ ਰੰਗ ਦੀ ਨਿੱਕਰ ਪਾਈ ਹੋਈ ਹੈ। ਮੌਕੇ ਤੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ 72 ਘੰਟਿਆਂ ਲਈ ਸਿਵਲ ਹਸਪਤਾਲ ਫਿਲੌਰ ਦੀ ਮੋਰਚਰੀ ਵਿੱਚ ਰਖਵਾ ਦਿੱਤਾ ਗਿਆ ਹੈ।ਪੁਲਿਸ ਮੁਤਾਬਕ ਮ੍ਰਿਤਕ ਦੀ ਉਮਰ ਕਰੀਬ 50 ਤੋਂ 55 ਸਾਲ ਦੇ ਵਿਚਕਾਰ ਲੱਗਦੀ ਹੈ ਅਤੇ ਦੇਖਣ ਵਿੱਚ ਉਹ ਪ੍ਰਵਾਸੀ ਜਾਪਦਾ ਹੈ।

ਮ੍ਰਿਤਕ ਦੀ ਪਛਾਣ ਅਤੇ ਉਸਦੇ ਵਾਰਸਾਂ ਦੀ ਭਾਲ ਲਈ ਯਤਨ ਕੀਤੇ ਜਾ ਰਹੇ ਹਨ।

# '650ਵਾਂ ਸਾਲ ਗੁਰੂ ਰਵਿਦਾਸ ਦੇ ਨਾਲ' ਗੀਤ ਦਾ ਪੋਸਟਰ ਰਿਲੀਜ਼



**ਬੰਗਾ (ਅਵਤਾਰ ਕਲੇਰ)**- ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਧਾਰਮਿਕ ਗੀਤ '650ਵਾਂ ਸਾਲ ਗੁਰੂ ਰਵਿਦਾਸ ਗੁਰਾਂ ਦੇ ਨਾਲ' ਦਾ ਪੋਸਟਰ ਸੁਰ ਸੰਗੀਤ ਸੰਸਥਾ ਦੋਆਬਾ ਬੰਗਾ ਦੇ ਪ੍ਰਧਾਨ ਗਾਇਕ ਰਾਜ ਦਦਰਾਲ ਅਤੇ ਸੰਸਥਾ ਦੇ ਆਹੁਦੇਦਾਰਾਂ ਤੇ ਮੈਂਬਰਾਂ ਵਲੋਂ ਰਿਲੀਜ਼ ਕੀਤਾ ਗਿਆ ਹੈ। ਇਸ ਗੀਤ ਨੂੰ ਪ੍ਰਸਿੱਧ ਗਾਇਕ ਰਮੇਸ਼ ਚੌਹਾਨ ਨੇ ਆਪਣੀ ਸੁਰੀਲੀ ਆਵਾਜ਼ ਨਾਲ ਗਾਇਆ ਹੈ। ਗੀਤ ਦੇ ਬੋਲ ਇੰਟਰਨੈਸ਼ਨਲ ਸਿਰਮੌਰ ਗੀਤਕਾਰ ਮੀਕਾ ਮੁਬਾਰਕਪੁਰੀ ਵੱਲੋਂ ਲਿਖੇ ਗਏ ਹਨ, ਜਦਕਿ ਸੰਗੀਤ ਬੀ ਆਰ ਡਿਮਾਣਾ (ਆਰ ਡੀ ਬੁਆਏ) ਵਲੋਂ ਤਿਆਰ ਕੀਤਾ ਹੈ। ਗੀਤ ਦੀ ਵੀਡੀਓ ਐੱਮ ਸੀ ਕੈਮ ਵੱਲੋਂ ਬਣਾਈ ਗਈ ਹੈ ਅਤੇ ਐਡਿਟਿੰਗ ਮੁਨੀਸ਼ ਠੁਕਰਾਲ ਨੇ ਕੀਤੀ ਹੈ। ਇਸ ਪ੍ਰੋਜੈਕਟ ਦੀ ਪ੍ਰੇਜ਼ੈਂਟੇਸ਼ਨ ਸਾਰੰਗ ਚੌਹਾਨ ਨੇ ਕੀਤੀ ਹੈ। ਗੀਤ ਵਿੱਚ ਗੁਰੂ ਰਵਿਦਾਸ ਜੀ ਦੀ ਮਹਾਨ ਬਾਣੀ, ਸਮਾਜਿਕ ਬਰਾਬਰੀ ਅਤੇ ਮਨੁੱਖਤਾ ਦੇ ਸੰਦੇਸ਼ ਨੂੰ ਬਹੁਤ ਹੀ ਸੁੰਦਰ ਢੰਗ ਨਾਲ ਪੇਸ਼ ਕੀਤਾ ਗਿਆ ਹੈ। ਇਸ ਮੌਕੇ ਗੀਤਕਾਰ ਸੰਤੋਖ ਤਾਜਪੁਰੀ ਸਰਪੰਚ, ਗਾਇਕ ਰਮੇਸ਼ ਚੌਹਾਨ, ਸੰਸਥਾ ਦੇ ਪ੍ਰਧਾਨ ਗਾਇਕ ਰਾਜ ਦਦਰਾਲ, ਜਗਦੀਸ਼ ਜਾਡਲਾ, ਵਿਜੇ ਗੁਣਾਚੌਰ, ਰਾਣੀ ਅਰਮਾਨ, ਕਮਲਜੀਤ ਨਵਾਂਸ਼ਹਿਰ, ਵਿਜੇ ਭਾਟੀਆ, ਦਵਿੰਦਰ ਬੀਸ਼ਲਾ, ਦਵਿੰਦਰ ਰੂਹੀ, ਜੱਸੀ ਨਿਗਾਹ, ਕਿਸ਼ਨ ਹੀਓ, ਹਰਦੀਪ ਦੀਪਾ, ਪੱਤਰਕਾਰ ਤੇ ਗਾਇਕ ਸੋਨੀ ਸਰੋਆ, ਕਮੇਡੀਅਨ ਸ਼ਿਕੰਦਰ ਸ਼ੀਹਮਾਰ, ਪਵਨ ਬੀਸਲਾ, ਲੱਕੀ ਮਹਿਰਾ, ਐੱਚ ਹੈਰੀ ਆਦਿ ਹਾਜ਼ਰ ਸਨ।

# ਸੰਤ ਬਾਬਾ ਹਰੀ ਸਿੰਘ ਨੈਕੀ ਦੀ ਬਰਸੀ ਮੌਕੇ ਕੀਰਤਨ ਦਰਬਾਰ ਤੇ ਸੰਤ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਪਿੰਡ ਅਟਾਰੀ ਰਾਮਪੁਰ ਵਿਖੇ ਗੁਰਦੁਆਰਾ ਨਵੀ ਨਿਰਮਲ ਕੁਟੀਆ ਪਿੰਡ ਅਟਾਰੀ, ਰਾਮਪੁਰ, ਗੋਬਿੰਦਪੁਰਾ ਵੱਲੋਂ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਬ੍ਰਹਮ ਗਿਆਨੀ 108 ਸੰਤ ਬਾਬਾ ਹਰੀ ਸਿੰਘ ਨੈਕੀ ਵਾਲਿਆਂ ਦੀ ਸਾਲਾਨਾ 57ਵੀਂ ਬਰਸੀ ਮੌਕੇ ਮਹਾਨ ਕੀਰਤਨ ਦਰਬਾਰ ਅਤੇ ਸੰਤ ਸਮਾਗਮ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਜੋਗਿੰਦਰ ਸਿੰਘ ਅਟਾਰੀ ਵਾਲਿਆ ਦੇ ਸਹਿਯੋਗ ਨਾਲ ਸ਼ਰਧਾ ਭਾਵਨਾ ਨਾਲ ਕਰਵਾਏ ਗਏ। ਇਸ ਮੌਕੇ ਸੇਵਾਦਾਰ ਹਰਜਿੰਦਰ ਸਿੰਘ ਖਾਲਸਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਲਾਨਾ 57ਵੀਂ ਬਰਸੀ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਸੰਤ ਬਾਬਾ ਪ੍ਰੀਤਮ ਸਿੰਘ ਡੁਮੇਲੀ, ਸੰਤ ਬਾਬਾ ਸੰਤੋਖ ਸਿੰਘ ਪਾਲਦੀ, ਸੰਤ ਬਾਬਾ ਕਸ਼ਮੀਰ ਸਿੰਘ ਕੋਟ ਫਤੂਹੀ, ਸੰਤ ਬਾਬਾ ਜਗਤਾਰ ਸਿੰਘ ਕੋਟ ਫਤੂਹੀ, ਸੰਤ ਬਾਬਾ ਅਮਰੀਕ ਸਿੰਘ ਮੰਨਣਹਾਣਾ, ਸੰਤ ਬਾਬਾ ਜਸਪਾਲ ਸਿੰਘ ਪੰਜੌੜਾ, ਸੰਤ ਬਾਬਾ ਭਾਗ ਸਿੰਘ ਬੰਗਾ, ਸੰਤ ਬਾਬਾ ਪ੍ਰੀਤਮ ਸਿੰਘ ਬਾੜੀਆਂ, ਬਾਬਾ ਰਵਿੰਦਰ ਸਿੰਘ ਜੋਨੀ, ਸੰਤ ਬਾਬਾ ਜਰਨੈਲ ਸਿੰਘ ਨੋਰਾ, ਸੰਤ ਬਾਬਾ



ਬਲਵੀਰ ਸਿੰਘ ਹਰਿਆਣਾ, ਸੰਤ ਬਾਬਾ ਹਰਮਨਜੀਤ ਸਿੰਘ ਸਿੰਘੜੀਵਾਲ, ਸੰਤ ਬ੍ਰਿਕਮਜੀਤ ਸਿੰਘ ਨੰਗਲ ਖੁਰਦ, ਸੰਤ ਬਾਬਾ ਤੇਜਾ ਸਿੰਘ ਗੁਰੂਸਰ ਖੁਡਾ, ਸੰਤ ਬਾਬਾ ਜਸਵੰਤ ਸਿੰਘ ਖੇੜਾ, ਸੰਤ ਰਿਸੀ ਰਾਜ ਨਵਾਂਸ਼ਹਿਰ, ਸੰਤ ਬਾਬਾ ਬਲਵੀਰ ਸਿੰਘ ਸ਼ਾਸਤਰੀ ਟੂਟੋਮਜਾਰਾ, ਸੰਤ ਬਾਬਾ ਅਮਰਜੀਤ ਸਿੰਘ ਹਰਖੋਵਾਲ ਸੰਤ ਬਾਬਾ ਜਨਕ ਸਿੰਘ ਮਾਣਕੋ ਜੱਬੜ, ਸੰਤ ਬਾਬਾ ਸਰਵਣ ਸਿੰਘ ਮਾਣਕੋ ਜੱਬੜ ਸੰਤ ਬਾਬਾ ਭਾਗ ਸਿੰਘ ਬੰਗਾ, ਸੰਤ ਬਾਬਾ ਮੱਖਣ ਸਿੰਘ ਦਰੀਆ, ਸੰਤ ਬਾਬਾ ਮੱਖਣ ਸਿੰਘ ਟੂਟੋਮਜਾਰਾ ਸੰਤ ਬਾਬਾ ਮਹਾਂਵੀਰ ਸਿੰਘ ਤਾਜੇਵਾਲ, ਸੰਤ ਬਾਬਾ ਸਰਬਜੀਤ ਸਿੰਘ ਠੱਕਰਵਾਲ, ਸੰਤ ਬਾਬਾ ਪਰਮੇਸ਼ਵਰਾ ਨੰਦ ਧੂਲਕੋਟ, ਸੰਤ ਬਾਬਾ ਗੁਰਪ੍ਰੀਤ ਸਿੰਘ ਠੱਕਰਵਾਲ, ਸੰਤ ਬਾਬਾ ਕਰਮਜੀਤ ਸਿੰਘ ਟਿੱਬਾ ਸਾਹਿਬ ਹੁਸ਼ਿਆਰਪੁਰ, ਸੰਤ ਬਾਬਾ ਤਰਲੋਚਨ ਸਿੰਘ ਹੁਸ਼ਿਆਰਪੁਰ, ਸੰਤ ਬਾਬਾ ਬਲਵੀਰ ਸਿੰਘ ਹਰਿਆਣਾ, ਸੰਤ ਬਾਬਾ ਬਖਸ਼ੀਸ਼ ਸਿੰਘ ਨਡਾਲੋ, ਸੰਤ ਬਾਬਾ ਗੁਰਚਰਨ ਸਿੰਘ ਪੰਡਵਾ, ਭਾਈ ਮਹਿਤਾਬ ਸਿੰਘ ਜਲੰਧਰ, ਬਾਬਾ ਲਾਲ ਸਿੰਘ ਜਲੰਧਰ, ਜਥੇਦਾਰ ਬਾਬਾ ਨਾਰੰਗ ਸਿੰਘ ਨਵਾਂ ਸ਼ਹਿਰ ਜਥੇਦਾਰ ਬਾਬਾ ਗੁਰਨਾਮ ਸਿੰਘ ਬੰਗਾ, ਸੰਤ ਬਾਬਾ ਸਤਨਾਮ ਸਿੰਘ ਮਜਾਰੀ, ਸੰਤ ਬਾਬਾ ਰੇਸ਼ਮ ਸਿੰਘ ਅਲਾਚੌਲ, ਬਾਬਾ ਸੁਮਿੱਤਰ ਸਿੰਘ, ਸੰਤ ਬਾਬਾ ਸੁਖਤੇਜ ਸਿੰਘ ਡੁਮੇਲੀ, ਸੰਤ ਬਾਬਾ ਸੁਰਜੀਤ ਸਿੰਘ ਬਿੰਜੋ, ਸੰਤ ਬੀਬੀ ਗੁਰਿੰਦਰ ਕੌਰ ਬਾਹੋਵਾਲ, ਸੰਤ ਬਾਬਾ ਅਮਰਜੀਤ ਸਿੰਘ ਮਹਿਤਪੁਰ, ਸ੍ਰੀ ਗੁਰੂ ਗ੍ਰੰਥ ਸਾਹਿਬ ਸਟੱਡੀ ਸਰਕਲ ਪੰਜੌੜਾ, ਹਰੀ ਦਰਬਾਰ ਸੰਗੀਤ ਵਿਦਿਆਲਾ ਦੇ ਵਿਦਿਆਰਥੀ ਆਦਿ ਗੁਰਬਾਣੀ ਗੁਰਇਤਿਹਾਸ, ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਆਏ ਹੋਏ ਸੰਤ ਮਹਾਂਪੁਰਸ਼, ਰਾਗੀ ਜੱਥੇ, ਪ੍ਰਮੁੱਖ ਸ਼ਖ਼ਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਜੋਗਿੰਦਰ ਸਿੰਘ ਅਟਾਰੀ, ਬਾਬਾ ਹਰਜਿੰਦਰ ਸਿੰਘ, ਜੀਤ ਸਿੰਘ, ਅਸ਼ੋਕ ਸਿੰਘ, ਬਲਵੀਰ ਸਿੰਘ ਝਿੱਕਾ, ਸਤਨਾਮ ਸਿੰਘ ਮਖਸੂਸਪੁਰ, ਬਲਵੰਤ ਸਿੰਘ ਬਾਹੋਵਾਲ, ਅਮਰ ਸਿੰਘ ਬਾਹੋਵਾਲ, ਗੁਰਪ੍ਰੀਤ ਸਿੰਘ ਮਖਸੂਸਪੁਰ, ਅਜੀਤ ਸਿੰਘ ਅਟਾਰੀ, ਜਸਵਿੰਦਰ ਸਿੰਘ ਅਟਾਰੀ, ਸਰਪੰਚ ਰਘਵੀਰ ਸਿੰਘ, ਪਾਲ ਸਿੰਘ, ਰੇਸਮ ਸਿੰਘ, ਜਸਵੀਰ ਸਿੰਘ, ਹਰਜੀਤ ਸਿੰਘ, ਗੁਰਵੀਰ ਸਿੰਘ ਬੰਗਾ, ਕਮਲਜੀਤ ਸਿੰਘ, ਜਥੇਦਾਰ ਪਰਮਜੀਤ ਸਿੰਘ ਪੰਜੌੜਾ, ਰਣਜੀਤ ਸਿੰਘ ਪਰਮਾਰ ਪੰਜੌੜਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।ਇਸ ਮੌਕੇ ਸਮਾਗਮ ਦੌਰਾਨ ਛਬੀਲ, ਚਾਹ ਪਕੌੜੇ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ।

## 'ਬੇਟੀ ਬਚਾਓ ਬੇਟੀ ਪੜ੍ਹਾਓ' ਪ੍ਰੋਗਰਾਮ ਤਹਿਤ ਜਾਗਰੂਕਤਾ ਸੈਮੀਨਾਰ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ



ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਿੰਦਰਜੀਤ ਕੌਰ ਦੀ ਰਹਿਨੁਮਾਈ ਹੇਠ ਪਿੰਡ ਟੌਂਸਾ ਵਿਖੇ 'ਬੇਟੀ ਬਚਾਓ ਬੇਟੀ ਪੜ੍ਹਾਓ' ਪ੍ਰੋਗਰਾਮ ਤਹਿਤ ਆਮ ਲੋਕਾਂ ਨੂੰ ਜਾਗਰੂਕ ਕਰਨ ਲਈ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਬਲਾਕ ਐਕਸਟੈਂਸ਼ਨ ਐਜੂਕੇਟਰ ਨਿਰਮਲ ਸਿੰਘ ਨੇ ਭਰੂਣ ਹੱਤਿਆ ਰੋਕਣ ਤੇ ਲੜਕੀਆਂ ਨੂੰ ਲੜਕਿਆਂ ਦੇ ਬਰਾਬਰ ਸਮਝਣ ਦਾ ਸੱਦਾ ਦਿੰਦਿਆਂ ਲੋਕਾਂ ਨੂੰ ਭਰੂਣ ਹੱਤਿਆ, ਬਾਲ ਵਿਆਹ ਤੇ ਘਰੇਲੂ ਹਿੰਸਾ ਆਦਿ ਬਾਰੇ ਜਾਗਰੂਕ ਕੀਤਾ। ਉਨ੍ਹਾਂ ਦੱਸਿਆ ਕਿ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਭਰੂਣ ਹੱਤਿਆ ਰੋਕਣ ਲਈ ਪ੍ਰੇਰਿਤ ਕਰਨਾ ਹੈ। ਉਨ੍ਹਾਂ ਕਿਹਾ ਕਿ ਲਿੰਗ ਅਨੁਪਾਤ ਵਿੱਚ ਸੁਧਾਰ ਲਈ ਸਮਾਜ ਦੀ ਮਾਨਸਿਕਤਾ ਨੂੰ ਬਦਲਣਾ ਸਮੇਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸਮਾਜ ਅੰਦਰ ਫੈਲੀਆਂ ਭਰੂਣ ਹੱਤਿਆ ਵਰਗੀਆਂ ਕੁਰੀਤੀਆਂ ਮਿਟਾਉਣ ਅਤੇ ਲੜਕੀਆਂ ਦੀ ਪੜ੍ਹਾਈ 'ਤੇ ਜ਼ੋਰ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਆਪਣੀ ਸੋਚ ਬਦਲਦਿਆਂ ਲੜਕੀਆਂ ਨੂੰ ਲੜਕਿਆਂ ਦੇ ਬਰਾਬਰ ਸਮਝਣਾ ਚਾਹੀਦਾ ਹੈ।ਇਸ ਮੌਕੇ ਸੀ ਐੱਚ ਓ ਪ੍ਰਭਜੋਤ ਸਿੰਘ, ਚੰਦਨ ਕੁਮਾਰ ਤੇ ਜਸਵਿੰਦਰ ਕੌਰ, ਆਸ਼ਾ ਵਰਕਰ, ਆਂਗਣਵਾੜੀ ਵਰਕਰ ਤੇ ਹੈਲਪਰ ਸਮੇਤ ਹੋਰ ਵੀ ਹਾਜ਼ਰ ਸਨ।

## ਸ਼ਹੀਦੀ ਦਿਹਾੜੇ ਨੂੰ ਸਮਰਪਿਤ ਛਬੀਲ ਤੇ ਲੰਗਰ ਲਗਾਇਆ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)**- ਪਿੰਡ ਨੰਗਲ ਸ਼ਹੀਦਾਂ ਵਿਖੇ ਹੁਸ਼ਿਆਰਪੁਰ - ਚੰਡੀਗੜ੍ਹ ਰੋਡ ਤੇ ਸਮੂਹ ਨਗਰ ਨਿਵਾਸੀ, ਐਨ ਆਰ ਆਈ ਤੇ ਇਲਾਕੇ ਦੇ ਸਹਿਯੋਗ ਨਾਲ



ਸ਼ਹੀਦੀ ਦਿਹਾੜੇ ਨੂੰ ਸਮਰਪਿਤ ਛੋਲਿਆ ਦਾ ਪ੍ਰਸ਼ਾਦਿ ਅਤੇ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਮੁੱਖ ਸੇਵਾਦਾਰ ਜਥੇਦਾਰ ਬਾਬਾ ਬਲਵੀਰ ਸਿੰਘ ਮਹਿਤਪੁਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਦੱਸਿਆ ਕਿ ਸਭ ਤੋਂ ਪਹਿਲਾਂ ਅਰਦਾਸ ਬੇਨਤੀ ਕਰਕੇ ਛਬੀਲ ਦੀ ਆਰੰਭਤਾ ਕੀਤੀ ਗਈ ਇਸ ਮੌਕੇ ਸਮੂਹ ਸੇਵਾਦਾਰ ਵੱਲੋਂ ਆਉਣ ਜਾਣ ਵਾਲੇ ਰਾਹਗੀਰਾਂ ਨੂੰ ਛੋਲਿਆ ਦਾ ਪ੍ਰਸ਼ਾਦਿ ਠੰਡਾ ਮਿੱਠਾ ਜਲ ਛਕਾਇਆ ਗਿਆ। ਇਸ ਮੌਕੇ ਜਥੇਦਾਰ ਬਾਬਾ ਬਲਵੀਰ ਸਿੰਘ ਮਹਿਤਪੁਰ ਨੇ ਛਬੀਲ ਵਿੱਚ ਜੋ ਯੋਗਦਾਨ ਪਾਉਣ ਤੇ ਸਮੂਹ ਸੇਵਾਦਾਰਾਂ ਦਾ ਧੰਨਵਾਦ ਕੀਤਾ। ਇਸ ਮੌਕੇ ਕੁਲਦੀਪ ਸਿੰਘ ਪੱਟੀ, ਓਂਕਾਰ ਸਿੰਘ ਪੱਟੀ, ਸੁਖਦੇਵ ਸਿੰਘ ਪੱਟੀ, ਗੁਰਮੀਤ ਸਿੰਘ, ਗੁਰਨੇਕ ਸਿੰਘ, ਸੁਖਵਿੰਦਰ ਸਿੰਘ, ਪ੍ਰਦੀਪ ਸਿੰਘ ਜੱਟਪੁਰ, ਵੰਸ਼ਦੀਪ ਸਿੰਘ, ਦੀਦਾਰ ਸਿੰਘ, ਦਿਲਵਰ ਸਿੰਘ, ਦਲਜੀਤ ਸਿੰਘ, ਜਸਪ੍ਰੀਤ ਸਿੰਘ, ਰਣਵੀਰ ਸਿੰਘ ਆਦਿ ਹਾਜ਼ਰ ਸਨ।

# ਪੰਜਾਬ 'ਚ ਖੜਗੇ, ਰਾਹੁਲ ਦੀ ਅਗਵਾਈ ਹੇਠ ਚੋਣਾਂ ਲੜੇਗੀ ਕਾਂਗਰਸ : ਵੜਿੰਗ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਹੈ ਕਿ ਪੰਜਾਬ ਵਿੱਚ ਹੋਣ ਵਾਲੀਆਂ ਅਗਲੀਆਂ ਚੋਣਾਂ ਕਾਂਗਰਸ ਪਾਰਟੀ ਦੇ ਕੌਮੀ ਪ੍ਰਧਾਨ ਮੱਲਿਕਾਰਜੁਨ ਖੜਗੇ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਲੀਡਰ ਰਾਹੁਲ ਗਾਂਧੀ ਦੀ ਅਗਵਾਈ ਹੇਠ ਲੜੀਆਂ ਜਾਣਗੀਆਂ। ਇੱਕ ਸਵਾਲ ਦੇ ਜਵਾਬ ਵਿੱਚ ਕਿ ਪੰਜਾਬ ਵਿਧਾਨ ਸਭਾ ਚੋਣਾਂ ਪਾਰਟੀ ਕਿਸ ਦੀ ਅਗਵਾਈ ਹੇਠ ਲੜੇਗੀ, ਵੜਿੰਗ ਨੇ ਕਿਹਾ ਕਿ ਕਾਂਗਰਸ ਖੜਗੇ ਅਤੇ ਰਾਹੁਲ ਦੀ ਅਗਵਾਈ ਹੇਠ ਹੀ ਚੋਣ ਲੜੇਗੀ ਅਤੇ ਇਸ ਵਿੱਚ ਕੋਈ ਸ਼ੱਕ ਨਹੀਂ ਹੈ।ਜਦਕਿ ਵੜਿੰਗ ਦੀ ਭੂਮਿਕਾ ਬਾਰੇ ਪੁੱਛੇ ਜਾਣ 'ਤੇ ਉਨ੍ਹਾਂ ਕਿਹਾ ਕਿ ਉਹ ਹਮੇਸ਼ਾ ਤੋਂ ਪਾਰਟੀ ਦੇ ਇੱਕ ਵਰਕਰ ਰਹੇ ਹਨ ਤੇ ਅੱਗੇ ਵੀ ਵਰਕਰ ਵਜੋਂ ਹੀ ਪਾਰਟੀ ਦੀ ਸੇਵਾ ਕਰਦੇ ਰਹਿਣਗੇ।ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ, ਵੜਿੰਗ ਨੇ ਕਿਹਾ ਕਿ ਪੰਜਾਬ ਵਿੱਚ ਬਿੱਟੂ ਆਪਣੀ ਸਿਆਸੀ ਅਹਿਮੀਅਤ ਪਹਿਲਾਂ ਹੀ ਗੁਆ ਚੁੱਕੇ ਹਨ। ਉਨ੍ਹਾਂ ਨੇ ਕਿਹਾ ਕਿ ਉਹ ਹੁਣ ਰਾਜ ਸਭਾ ਮੈਂਬਰ ਵੀ ਨਹੀਂ ਰਹਿਣਗੇ ਅਤੇ ਸੰਭਵ ਹੈ ਕਿ ਜਲਦੀ ਆਪਣਾ ਮੰਤਰੀ ਦਾ ਅਹੁਦਾ ਵੀ ਗੁਆ ਬੈਠਣ। ਉਨ੍ਹਾਂ ਨੇ ਕਿਹਾ ਕਿ ਕਾਂਗਰਸ ਹੀ ਇੱਕ ਅਜਿਹੀ ਪਾਰਟੀ ਹੈ, ਜਿਹੜੀ ਆਪਣੇ ਆਗੂਆਂ ਦਾ ਸਨਮਾਨ ਕਰਦੀ ਹੈ ਅਤੇ ਉਨ੍ਹਾਂ ਦੀ ਅਹਿਮੀਅਤ ਨੂੰ ਕਾਇਮ ਰੱਖਦੀ ਹੈ, ਜਿਸਦਾ ਅਹਿਸਾਸ ਬਿੱਟੂ ਨੂੰ ਹੁਣ ਤੱਕ ਹੋ ਗਿਆ ਹੋਵੇਗਾ।

# ਬਲਾਕ ਸੜੋਆ ਦੇ ਸਰਪੰਚਾਂ, ਪੰਚਾਂ ਵੱਲੋਂ ਜਥੇਬੰਦੀ ਦਾ ਗਠਨ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਬਲਾਕ ਸੜੋਆ ਦੇ ਸਰਪੰਚਾਂ ਪੰਚਾਂ ਵਲੋਂ ਆਪਣੀ ਮੀਟਿੰਗ ਕਰਕੇ ਜਥੇਬੰਦੀ ਦਾ ਗਠਨ ਕੀਤਾ ਗਿਆ। ਸਰਬਸੰਮਤੀ ਨਾਲ 15 ਮੈਂਬਰੀ ਬਲਾਕ ਪੱਧਰੀ ਕਮੇਟੀ ਚੁਣੀ ਗਈ ਅਤੇ ਕਮੇਟੀ ਵਲੋਂ ਸਰਵਸ਼੍ਰੀ ਪ੍ਰੇਮ ਰੱਕੜ ਜਨਰਲ ਸਕੱਤਰ, ਜੋਗਾ ਸਿੰਘ ਨਾਗਰਾ ਪ੍ਰਧਾਨ ਅਤੇ ਗੁਰਨਾਮ ਸਿੰਘ ਖੰਡੂਪੁਰ ਖਜ਼ਾਨਚੀ ਚੁਣੇ



ਗਏ। ਕਸ਼ਮੀਰ ਸਿੰਘ ਗੁਲਪੁਰ, ਗੁਰਦੀਪ ਸਿੰਘ ਛਦੌੜੀ,ਚਮਨ ਲਾਲ ਸਾਹਿਬਾ, ਬਲਜਿੰਦਰ ਕੌਰ ਬਕਾਪੁਰ, ਭਾਰਤੀ ਵਸ਼ਿਸ਼ਟ ਸੜੋਆ, ਬਚਿੱਤਰ ਸਿੰਘ ਭਾਰਾਪੁਰ, ਗੁਰਮੁਖ ਸਿੰਘ ਅਟਾਲਮਜਾਰਾ, ਸੁਰਜੀਤ ਸਿੰਘ ਪੈਲੀ, ਸੁਰਿੰਦਰ ਪਾਲ ਸਾਹਦੜਾ ਹੈਪੀ ਰਾਣਾ, ਕੁਲਵਿੰਦਰ ਸਿੰਘ ਗੋਰਾ ਕੁਲਵੰਤ ਸਿੰਘ ਖੁਰਦਾ ਸਾਰੇ ਕਮੇਟੀ ਮੈਂਬਰ ਚੁਣੇ ਗਏ। ਇੱਕਠ ਵਿੱਚ ਗ੍ਰਾਮ ਪੰਚਾਇਤਾਂ ਨੂੰ ਆ ਰਹੀਆਂ ਸਮੱਸਿਆਵਾਂ ਤੇ ਵਿਚਾਰਾਂ ਕੀਤੀਆਂ ਗਈਆਂ।ਵਿਚਾਰ ਪੇਸ਼ ਕਰਦੇ ਹੋਏ ਦੱਸਿਆ ਗਿਆ ਕਿ ਬਲਾਕ ਸੜੋਆ ਦੇ ਸਰਪੰਚ, ਪੰਚ ਸੰਵਿਧਾਨ ਦੀ 73ਵੀਂ 74ਵੀਂ ਸੋਧ ਅਨੁਸਾਰ ਮਿਲੇ ਅਧਿਕਾਰਾਂ ਤੋਂ ਵੰਚਿਤ ਹਨ। ਪਿੰਡਾਂ ਦੇ ਵਿਕਾਸ ਲਈ ਕਰਵਾਏ ਜਾ ਰਹੇ ਕੰਮਾਂ ਵਿੱਚ ਗ੍ਰਾਮ ਪੰਚਾਇਤਾਂ ਦਾ ਯੋਗਦਾਨ ਨਾ ਦੇ ਬਰਾਬਰ ਹੈ। ਪਿੰਡਾਂ ਦੇ ਵਿਕਾਸ ਲਈ ਖਰੀਦ ਕੀਤੀ ਗਈ ਸਮੱਗਰੀ ਵਿੱਚ ਗ੍ਰਾਮ ਪੰਚਾਇਤਾਂ ਨੂੰ ਪੁੱਛਿਆ ਨਹੀਂ ਜਾ ਰਿਹਾ। ਕਮੇਟੀ ਨੇ ਫੈਸਲਾ ਕੀਤਾ ਹੈ ਕਿ ਜਲਦ ਭਵਿੱਖ ਵਿੱਚ ਆਪਣੀਆਂ ਮੰਗਾਂ ਅਤੇ ਸਮੱਸਿਆਵਾਂ ਸਬੰਧੀ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ ਸੜੋਆ ਨੂੰ ਮੰਗ ਪੱਤਰ ਦੇ ਕੇ ਮੰਗਾਂ ਅਤੇ ਸਮੱਸਿਆਵਾਂ ਦੇ ਹੱਲ ਲਈ ਗੱਲਬਾਤ ਕਰਨਗੇ ਇਕੱਤਰਤਾ ਨੂੰ ਹੋਰਨਾਂ ਤੋਂ ਇਲਾਵਾ ਹਰਭਜਨ ਸਿੰਘ, ਗੁਰਨਾਮ ਸਿੰਘ ਟੱਪਰੀਆਂ, ਜਸਪਾਲ ਸਿੰਘ, ਗੋਪਾਲ ਸਿੰਘ, ਮਹਿੰਦਰ ਸਿੰਘ, ਧਰਮਪਾਲ, ਬਲਵੀਰ ਕੌਰ, ਗੁਰਪ੍ਰੀਤ ਕੌਰ, ਮਨਜੀਤ ਕੌਰ, ਨਰੇਸ਼ ਰਾਣਾ, ਮਨਜੀਤ,ਹਰਭਜਨ ਲਾਲ, ਪਰਮਜੀਤ ਕੁਮਾਰ,ਦਾਰਾ ਸਿੰਘ, ਪ੍ਰਵੀਨ ਕੁਮਾਰ, ਕਰਨੈਲ ਸਿੰਘ, ਜਸਵੀਰ ਸਿੰਘ, ਕੁਲਵਿੰਦਰ ਸਿੰਘ ਆਦਿ ਨੇ ਸੰਬੋਧਨ ਕੀਤਾ।

# ਐੱਚ ਪੀ ਵੀ ਵੈਕਸੀਨ ਸੰਬੰਧੀ ਜਾਗਰੂਕਤਾ ਸੈਸ਼ਨ ਕਰਵਾਇਆ



**ਖਰੜ (ਹਰਨਾਮ ਸਿੰਘ ਡੱਲਾ)**- ਪੀ ਐੱਚ ਸੀ ਬੂਥਗੜ੍ਹ ਵੱਲੋਂ ਲੜਕੀਆਂ ਨੂੰ ਬੱਚੇਦਾਨੀ ਦੇ ਕੈਂਸਰ ਤੋਂ ਬਚਾਅ ਲਈ ਐਚ ਪੀ ਵੀ (ਹਿਊਮਨ ਪੈਪੀਲੋਮਾ ਵਾਇਰਸ) ਵੈਕਸੀਨ ਸੰਬੰਧੀ ਵਿਸ਼ੇਸ਼ ਜਾਗਰੂਕਤਾ ਸੈਸ਼ਨ ਲਗਾਇਆ ਗਿਆ। ਸੀਨੀਅਰ ਮੈਡੀਕਲ ਅਫ਼ਸਰ ਡਾ.ਅਲਕਜੋਤ ਕੌਰ ਨੇ ਕਿਹਾ ਕਿ ਕੈਂਪ ਦਾ ਮੁੱਖ ਉਦੇਸ਼ ਲੋਕਾਂ ਨੂੰ ਐਚ ਪੀ ਵੀ ਵੈਕਸੀਨ ਦੀ ਮਹੱਤਤਾ ਤੇ ਬੱਚੇਦਾਨੀ ਦੇ ਕੈਂਸਰ ਤੋਂ ਬਚਾਅ ਬਾਰੇ ਜਾਣੂ ਕਰਵਾਉਣਾ ਸੀ। ਉਹਨਾਂ ਨੇ ਕਿਹਾ ਕਿ ਇਹ ਇੱਕ ਗੰਭੀਰ ਬਿਮਾਰੀ ਹੈ, ਪਰ ਸਮੇਂ ਸਿਰ ਜਾਗਰੂਕਤਾ ਅਤੇ ਟੀਕਾਕਰਨ ਰਾਹੀਂ ਇਸ ਤੋਂ ਬਚਾਅ ਸੰਭਵ ਹੈ। ਉਨ੍ਹਾਂ ਕਿਹਾ ਕਿ ਇਹ ਵੈਕਸੀਨ ਪੂਰੀ ਤਰ੍ਹਾਂ ਸੁਰੱਖਿਅਤ ਹੈ ਅਤੇ ਪੀ ਐਚ ਸੀ ਬੂਥਗੜ੍ਹ ਵਿਖੇ ਉਪਲਬਧ ਹੈ। ਇਸ ਦੌਰਾਨ ਡਾ.ਕਿਰਨਦੀਪ ਕੌਰ ਅਤੇ ਅੰਬੇਦਕਰ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ ਮੋਹਾਲੀ ਤੋਂ ਇੰਟਰਨ ਡਾ. ਆਸ਼ੂ, ਡਾ. ਅਰਚਨਾ, ਡਾ. ਅਰਪਿਤ, ਡਾ. ਅਰਪਨ ਅਤੇ ਡਾ. ਬਿਸਮਨਜੋਤ ਵੱਲੋਂ ਲੋਕਾਂ ਨੂੰ ਐਚ ਪੀ ਵੀ ਵਾਇਰਸ ਦੇ ਫੈਲਾਅ, ਇਸ ਦੇ ਲੱਛਣਾਂ ਅਤੇ ਬਚਾਅ ਦੇ ਤਰੀਕਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ।

## ਸੁਰਜੀਤ ਕੌਰ ਨਮਿਤ ਅੰਤਿਮ ਅਰਦਾਸ ਅੱਜ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਪੱਤਰਕਾਰ ਜਸਵੀਰ ਸਿੰਘ ਕਪੂਰ ਨੂੰ ਉਸ ਸਮੇਂ ਬਹੁਤ ਗਹਿਰਾ ਸਦਮਾ ਲੱਗਾ ਜਦੋਂ ਉਨ੍ਹਾਂ ਦੀ ਭਰਜਾਈ ਸੁਰਜੀਤ ਕੌਰ ਦੀ ਕੁੱਝ ਸਮਾਂ ਬਿਮਾਰ ਰਹਿਣ ਪਿੱਛੋਂ ਉਨ੍ਹਾਂ ਦੀ ਮੌਤ ਹੋ ਗਈ। ਉਹ 66 ਸਾਲ ਦੇ ਸਨ। ਸੁਰਜੀਤ ਕੌਰ ਦੀ ਅੰਤਿਮ ਸ਼ਾਂਤੀ ਲਈ ਰੱਖੇ ਅਖੰਡ ਪਾਠ ਸਾਹਿਬ ਦੇ ਭੋਗ 12 ਜੂਨ ਨੂੰ ਸਾਹਿਬ ਤੇਲੀ ਗੁਰਦੁਆਰਾ ਪਾਤਸ਼ਾਹੀ ਸੱਤਵੀਂ ਦੁਪਹਿਰ ਬਾਅਦ 12 ਤੋਂ 1 ਵਜੇ ਪਾਏ ਜਾਣਗੇ। ਪੱਤਰਕਾਰ ਜਸਵੀਰ ਸਿੰਘ ਦੇ ਪ੍ਰੀਵਾਰ ਨਾਲ ਦੁੱਖ ਸਾਂਝਾ ਕਰਦਿਆਂ, ਪੱਤਰਕਾਰਾਂ, ਸਮਾਜ ਸੇਵਕ ਅਤੇ ਧਾਰਮਿਕ ਜਥੇਬੰਦੀਆਂ ਦੇ ਆਗੂਆਂ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ।

# 25 ਕਰੋੜ ਨਾਲ ਤਿੰਨ ਮਹੀਨਿਆਂ 'ਚ ਨੰਗਲ ਦੀ ਦਿੱਖ ਬਦਲੇਗੀ : ਬੈਂਸ

## 175 ਸੀ ਸੀ ਟੀ ਵੀ ਕੈਮਰੇ ਤੇ 30 ਕੈਮਰੇ ਹਰ ਚੌਂਕ 'ਚ ਲਗਾਏ ਜਾਣਗੇ

**ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)**

ਨੰਗਲ ਦੇ ਸਰਵਪੱਖੀ ਵਿਕਾਸ ਲਈ ਲਗਭਗ 25 ਕਰੋੜ ਰੁਪਏ ਦੇ ਵੱਡੇ ਵਿਕਾਸ ਕਾਰਜਾਂ ਦੇ ਟੈਂਡਰ ਜਾਰੀ ਕੀਤੇ ਜਾ ਰਹੇ ਹਨ। ਸਥਾਨਕ ਸਰਕਾਰਾਂ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਇਹ ਸਾਰੇ ਕੰਮ ਪਹਿਲੇ ਪੜਾਅ ਵਿੱਚ ਸ਼ੁਰੂ ਹੋ ਰਹੇ ਹਨ ਅਤੇ ਅਗਲੇ 2-3 ਤਿੰਨ ਮਹੀਨਿਆਂ ਵਿੱਚ ਨੰਗਲ ਦੀ ਦਿੱਖ ਪੂਰੀ ਤਰ੍ਹਾਂ ਬਦਲੀ ਹੋਈ ਨਜ਼ਰ ਆਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਕੀਤਾ ਗਿਆ ਹਰ ਵਾਅਦਾ ਹੁਣ ਜ਼ਮੀਨੀ ਪੱਧਰ 'ਤੇ ਲਾਗੂ ਕੀਤਾ ਜਾ ਰਿਹਾ ਹੈ ਅਤੇ ਹਰ ਪ੍ਰੋਜੈਕਟ ਦੀ ਖੁਦ ਨਿਗਰਾਨੀ ਕੀਤੀ ਜਾ ਰਹੀ ਹੈ।ਸਥਾਨਕ ਸਰਕਾਰਾਂ ਮੰਤਰੀ ਨੇ ਦੱਸਿਆ ਕਿ ਨੰਗਲ ਦੇ ਵਾਰਡ ਨੰਬਰ 3, 4, 8, 11, 12, 13 ਅਤੇ 16 ਵਿੱਚ ਕਰੀਬ 40 ਲੱਖ ਰੁਪਏ ਦੀ ਲਾਗਤ ਨਾਲ ਕ੍ਰਿਕਟ ਗ੍ਰਾਊਂਡ ਬਣਾਏ ਜਾਣਗੇ, ਜਿਸ ਨਾਲ ਨੌਜਵਾਨਾਂ ਨੂੰ ਖੇਡਾਂ ਲਈ ਉਤਸ਼ਾਹ ਮਿਲੇਗਾ। ਇਸ ਤੋਂ ਇਲਾਵਾ 25 ਲੱਖ ਰੁਪਏ ਨਾਲ ਸ਼ਹਿਰ ਵਿੱਚ ਵਾਲ ਪੇਂਟਿੰਗ ਕਰਕੇ ਸੁੰਦਰਤਾ ਵਧਾਈ ਜਾਵੇਗੀ। ਗੁਰਦੁਆਰਾ ਘਾਟ ਸਾਹਿਬ ਅਤੇ ਸ੍ਰੀ ਲਕਸ਼ਮੀ ਨਾਰਾਇਣ ਮੰਦਰ ਦੇ ਡੰਗਿਆਂ ਦਾ ਕੰਮ ਚੱਲ ਰਿਹਾ ਹੈ। । 20 ਲੱਖ ਰੁਪਏ ਨਾਲ ਨਵੀਂ ਲਾਇਬ੍ਰੇਰੀ ਬਣੇਗੀ ਅਤੇ ਪਾਰਕਾਂ ਵਿੱਚ 1 ਕਰੋੜ ਦੀ ਲਾਗਤ ਨਾਲ ਓਪਨ ਜਿਮ ਲਗਾਏ ਜਾਣਗੇ।ਬੈਂਸ ਨੇ ਦੱਸਿਆ ਕਿ ਸੀਵਰੇਜ ਅਤੇ ਪਾਈਪਲਾਈਨ ਪ੍ਰੋਜੈਕਟਾਂ ਲਈ ਵੀ ਵੱਡੇ ਪੱਧਰ 'ਤੇ ਕੰਮ ਸ਼ੁਰੂ ਕੀਤਾ ਗਿਆ ਹੈ। ਫੋਕਲ ਪੁਆਇੰਟ ਅਤੇ ਬਿਭੌਰ ਸਾਹਿਬ ਵਿੱਚ 52-52 ਲੱਖ ਰੁਪਏ ਨਾਲ ਸੀਵਰੇਜ ਸਿਸਟਮ ਅਪਗ੍ਰੇਡ ਕੀਤਾ ਜਾਵੇਗਾ। ਮੋਜੋਵਾਲ ਵਿੱਚ 12 ਲੱਖ ਨਾਲ ਨਵੀਂ ਪੀਣ ਵਾਲੇ ਪਾਣੀ ਦੀ ਪਾਈਪਲਾਈਨ ਪਾਈ ਜਾਵੇਗੀ, ਜਦਕਿ ਵਾਰਡ ਨੰਬਰ 16 ਵਿੱਚ 27 ਲੱਖ ਦੀ ਲਾਗਤ ਨਾਲ ਨਵੀਆਂ ਪਾਈਪ ਲਾਈਨਾਂ ਵਿਛਾਈਆਂ ਜਾਣਗੀਆਂ। ਇਸ ਨਾਲ ਪੁਰਾਣੇ ਅਤੇ ਖਰਾਬ ਸਿਸਟਮ ਦੀ ਥਾਂ ਨਵਾਂ ਮਜ਼ਬੂਤ ਨੈਟਵਰਕ ਤਿਆਰ ਹੋਵੇਗਾ।ਬੈਂਸ ਨੇ ਦੱਸਿਆ ਕਿ ਟੂਰਿਜ਼ਮ ਅਤੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਵੀ ਵੱਡੇ ਕਦਮ ਚੁੱਕੇ ਜਾ ਰਹੇ ਹਨ। ਬੀਬੀਐਮਬੀ ਕ੍ਰਿਕਟ ਗਰਾਊਂਡ ਨੂੰ ਆਧੁਨਿਕ ਤਰੀਕੇ ਨਾਲ ਵਿਕਸਿਤ ਕਰਕੇ ਫਲੱਡ ਲਾਈਟਾਂ ਲਗਾਈਆਂ ਜਾਣਗੀਆਂ, ਜਿਸ ਨਾਲ ਖਿਡਾਰੀ ਦਿਨ-ਰਾਤ ਅਭਿਆਸ ਕਰ ਸਕਣਗੇ।

# ਨੌਜਵਾਨ ਖਿਡਾਰੀਆਂ ਦੀ ਬਿਹਤਰੀ ਲਈ ਹਰ ਸੰਭਵ ਸਹਿਯੋਗ ਕਰਾਂਗੇ : ਦੀਪਕ ਬਾਲੀ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਵੱਲੋਂ ਟੀ ਡਬਲਊ ਈ ਆਈ (ਜੇ ਸੀ ਟੀ) ਸਕੂਲ ਦੀ ਗਰਾਊਂਡ ਵਿਖੇ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਹੇਠ ਚਲਾਈ ਜਾ ਰਹੀ ਐੱਸ ਐੱਨ. ਐੱਸ ਕ੍ਰਿਕਟ ਅਕੈਡਮੀ ਦੇ ਲਈ ਅੱਜ ਦਾ ਦਿਨ ਖਾਸ ਅਤੇ ਯਾਦਗਾਰ ਬਣ ਗਿਆ, ਜਦੋਂ ਪੰਜਾਬ ਕ੍ਰਿਕਟ ਐਸੋਸੀਏਸ਼ਨ (ਪੀ.ਸੀ.ਏ.) ਦੇ ਮੀਤ ਪ੍ਰਧਾਨ ਅਤੇ ਪੰਜਾਬ ਸਰਕਾਰ ਦੇ ਸੱਭਿਆਚਾਰ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨੇ ਅਕੈਡਮੀ ਦਾ ਵਿਸ਼ੇਸ਼ ਦੌਰਾ ਕੀਤਾ। ਇਸ ਦੌਰਾਨ ਉਨ੍ਹਾਂ ਅਕੈਡਮੀ ਦੀਆਂ ਗਤੀਵਿਧੀਆਂ ਦਾ ਜਾਇਜ਼ਾ ਲਿਆ ਅਤੇ ਨੌਜਵਾਨ ਖਿਡਾਰੀਆਂ ਨਾਲ ਰੂਬਰੂ ਹੋ ਕੇ ਉਨ੍ਹਾਂ ਦਾ ਹੌਸਲਾ ਵਧਾਇਆ। ਦੀਪਕ ਬਾਲੀ ਨੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ। ਅਕੈਡਮੀ ਵੱਲੋਂ ਬੱਚਿਆਂ ਦੀ ਖੇਡ ਪ੍ਰਤਿਭਾ ਨੂੰ ਨਿਖਾਰਨ ਲਈ ਕੀਤਾ ਜਾ ਰਿਹਾ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਅਕੈਡਮੀ ਨੂੰ ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਨਾਲ ਰਜਿਸਟਰ ਕਰਵਾਉਣ, ਲੈਦਰ ਬਾਲਾਂ, ਉੱਚ ਗੁਣਵੱਤਾ ਵਾਲੇ ਬੱਲੇ, ਸਰਕਾਰੀ ਕੋਚ ਦੀ ਨਿਯੁਕਤੀ ਅਤੇ ਖੇਡ ਮੈਦਾਨ ਨਾਲ ਸਬੰਧਤ ਹੋਰ



ਲੋੜਾਂ ਨੂੰ ਪੂਰਾ ਕਰਨ ਲਈ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ। ਸਭਾ ਦੇ ਸਲਾਹਕਾਰ ਬੋਰਡ ਦੇ ਮੈਂਬਰ ਤੇ ਆਪ ਪਾਰਟੀ ਦੇ ਜ਼ਿਲ੍ਹਾ ਸਕੱਤਰ ਸੰਤੋਸ਼ ਕੁਮਾਰ ਗੋਗੀ ਨੇ ਆਸ ਪ੍ਰਗਟਾਈ ਕਿ ਦੀਪਕ ਬਾਲੀ ਦਾ ਮਾਰਗਦਰਸ਼ਨ ਅਤੇ ਸਹਿਯੋਗ ਭਵਿੱਖ ਵਿੱਚ ਵੀ ਅਕੈਡਮੀ ਦੇ ਖਿਡਾਰੀਆਂ ਨੂੰ ਨਵੀਆਂ ਉੱਚਾਈਆਂ ਤੱਕ ਲੈ ਕੇ ਜਾਵੇਗਾ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਅਤੇ ਸਮੂਹ ਅਹੁਦੇਦਾਰਾਂ ਵੱਲੋਂ ਦੀਪਕ ਬਾਲੀ ਨੂੰ ਸ਼ਾਲ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਯੋਜਨਾ ਬੋਰਡ ਦੇ ਸਾਬਕਾ ਚੇਅਰਪਰਸਨ ਮੈਡਮ ਲਲਿਤ ਸਕਲਾਨੀ, ਮਨੋਹਰ ਸਿੰਘ ਤਲਵਾੜ ਕੋਚ, ਰਵੀ ਸਿੱਧੂ ਕੌਂਸਲਰ, ਅਸ਼ੋਕ ਕੁਮਾਰ ਡੀ ਪੀ ਕੋਚ, ਇੰਦਰਜੀਤ ਬਾਲੀ ਕੌਂਸਲਰ, ਰਾਜ ਸੰਧੂ ਸੇਵਾਮੁਕਤ ਐੱਸ ਡੀ ਓ, ਰਣਜੀਤ ਸਿੰਘ ਬੇਦੀ ਤੋਂ ਇਲਾਵਾ ਸਭਾ ਦੇ ਉਪ ਪ੍ਰਧਾਨ ਰਵਿੰਦਰ ਸਿੰਘ ਰਾਏ, ਜਗਜੀਤ ਸੇਠ, ਗੁਲਸ਼ਨ ਕਪੂਰ, ਗੁਰਦੀਪ ਸਿੰਘ ਤੁਲੀ ਆਪ ਆਗੂ, ਪਰਮਜੀਤ ਰਾਏ, ਹਰਜਿੰਦਰ ਗੋਗਨਾ, ਜਤਿੰਦਰ ਸ਼ਰਮਾ, ਕੁਲਦੀਪ ਸਿੰਘ ਜਸਵਾਲ, ਅਨੂਪ ਦੁੱਗਲ, ਸ਼ੁਭਮ ਸ਼ਰਮਾ, ਹਰਸ਼ ਸ਼ਰਮਾ, ਇਸ਼ਿਤਾ, ਘਨਸ਼ਾਮ, ਸੌਰਵ ਸੈਨ, ਕਿਰਤੀ ਸੋਬਤੀ, ਗਿਤਾਂਗ, ਸ਼ਿਵਾਂਸ਼ ਸ਼ਰਮਾ, ਤੇਜਸਵੀਰ ਸਿੰਘ, ਸਾਹਿਲ, ਸ਼ਿਵਮ, ਦੀਪਕ, ਵਿਕਾਸ, ਰਿਤੂ ਰਾਜ ਤਿਵਾੜੀ, ਮਾਨਵੀ, ਹਰਗੁਣ, ਕਯਾਂਸ਼ ਰੱਤੀ, ਪ੍ਰਥਮ ਗੁਪਤਾ, ਹਰਿੰਦਰ ਸਿੰਘ, ਜਸਕੀਰਤ ਸਿੰਘ, ਕਵਿਸ਼ ਬੇਦੀ, ਅੰਕਿਤ ਸ਼ੁਕਲਾ, ਸ਼ੌਰਯਾ ਸਕਲਾਨੀ ਆਦਿ ਹਾਜ਼ਰ ਸਨ।

# ਬੱਚਿਆਂ ਨੂੰ ਖੇਡ ਕਿੱਟਾਂ ਵੰਡੀਆਂ

**ਪੋਜੇਵਾਲ (ਰਾਮ ਲਾਲ)**-ਨਵਾਂਸ਼ਹਿਰ ਦੇ ਨਜ਼ਦੀਕੀ ਪਿੰਡ ਸੜੋਆ ਵਿਖੇ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਇਸ ਦੌਰਾਨ ਪਿੰਡ ਦੇ ਬੱਚਿਆਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਲਈ ਖੇਡ ਕਿੱਟਾਂ ਦੀ ਵੰਡ ਕੀਤੀ ਗਈ ਤੇ ਉਨ੍ਹਾਂ ਨੂੰ ਬੁਰੀਆਂ ਆਦਤਾਂ ਤੋਂ ਦੂਰ ਰਹਿਣ ਦਾ ਹੋਕਾ ਦਿੱਤਾ ਗਿਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸਮਾਜ ਸੇਵੀ ਰੀਤੂ ਕੁਮਾਰੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਬੱਚਿਆਂ ਦੇ ਸੁਨਹਿਰੀ ਭਵਿੱਖ ਦੇ ਨਿਰਮਾਣ ਲਈ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਵੱਲੋਂ ਕਈ ਲੋਕ-ਪੱਖੀ ਖੇਡ ਪਾਲਸੀਆਂ ਚਲਾਈਆਂ ਜਾ ਰਹੀਆਂ ਹਨ। ਇਨ੍ਹਾਂ ਨੀਤੀਆਂ ਦਾ ਮੁੱਖ ਮਕਸਦ ਹੇਠਲੇ ਪੱਧਰ ਗਰਾਊਂਡ ਲੈਵਲ ਤੋਂ ਖੇਡ ਪ੍ਰਤਿਭਾ ਨੂੰ ਉਭਾਰਨਾ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਨਾ ਸਿਰਫ਼ ਮੁਫ਼ਤ ਖੇਡ ਕਿੱਟਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਬਲਕਿ ਵੱਖ-ਵੱਖ ਪੱਧਰਾਂ 'ਤੇ ਖੇਡ ਟੂਰਨਾਮੈਂਟ ਵੀ ਕਰਵਾਏ ਜਾ ਰਹੇ ਹਨ ਤਾਂ ਜੋ ਬੱਚਿਆਂ ਅੰਦਰ ਛੁਪੀ ਪ੍ਰਤਿਭਾ ਸਾਹਮਣੇ ਆ ਸਕੇ।ਸਮਾਗਮ ਦੌਰਾਨ ਹਾਜ਼ਰ ਪਿੰਡ ਦੇ ਪਤਵੰਤੇ ਸੱਜਣਾਂ ਨੇ ਵੀ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਅਜਿਹੇ ਪ੍ਰੋਗਰਾਮ ਉਦੋਂ ਤੱਕ ਸਫ਼ਲ ਨਹੀਂ ਹੋ ਸਕਦੇ, ਜਦੋਂ ਤੱਕ ਸਥਾਨਕ ਕਲੱਬ ਅਤੇ ਮਾਪੇ ਖੁਦ ਅੱਗੇ ਨਹੀਂ ਆਉਂਦੇ।



# ਐੱਨ ਸੀ ਸੀ ਕੈਡੇਟਸ ਕੈਂਪ ਦੀ ਸ਼ੁਰਆਤ

**ਅੱਡਾ ਸਰਾਂ (ਜਸਵੀਰ ਕਾਜਲ)**-ਬੀ ਐੱਨ ਡੀ ਸੀਨੀ. ਸੈਕੰ. ਸਕੂਲ ਕੰਧਾਲਾ ਜੱਟਾਂ ਦੇ ਐੱਨ ਸੀ ਸੀ ਕੈਡੇਟਸ ਐਨੂਅਲ ਟਰੇਨਿੰਗ ਕੈਂਪ ਲਈ ਰਵਾਨਾ ਹੋਏ। ਇਹ 10 ਰੋਜ਼ਾ ਟਰੇਨਿੰਗ ਕੈਂਪ ਤੇ ਰਵਾਨਗੀ ਸਮੇਂ ਪ੍ਰਿੰਸੀਪਲ ਜੈ ਕ੍ਰਿਸ਼ਨ ਮਹਿਤਾ ਨੇ ਬੱਚਿਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਐੱਨ ਸੀ ਸੀ ਦੇਸ਼ ਦੇ ਡਿਫੈਂਸ ਸਿਸਟਮ ਦੀ ਰੀੜ ਦੀ ਹੱਡੀ ਹੈ ਅਤੇ ਕੈਡੇਟਸ ਨੂੰ ਦੇਸ਼ ਸੇਵਾ ਲਈ ਤਿਆਰ ਕਰਕੇ ਸੈਨਿਕ ਬਲ, ਪੁਲਿਸ ਬਲ, ਵਾਯੂ ਸੈਨਾ, ਜਲ ਸੈਨਾ ਲਈ ਪਨੀਰੀ ਤਿਆਰ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ। ਐੱਨ ਸੀ ਸੀ ਹੁਸ਼ਿਆਰਪੁਰ ਵੱਲੋਂ ਇਸ ਕੈਂਪ ਦਾ ਆਯੋਜਨ ਜੇ ਐੱਨ ਵੀ ਫਲਾਹੀ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਕਰਨਲ ਲਵਦੀਪ ਸਿੰਘ ਸੈਣੀ (ਸੈਨਾ ਮੈਡਲ), ਸੂਬੇਦਾਰ ਮੇਜਰ ਕ੍ਰਿਸ਼ਨ ਸਿੰਘ ਦੇ ਸਰਪ੍ਰਸਤੀ ਹੇਠ ਕਰਵਾਇਆ ਜਾ ਰਿਹਾ ਹੈ। ਇਸ ਕੈਂਪ ਵਿੱਚ ਫਿਜੀਕਲ ਟਰੇਨਿੰਗ ਤੋਂ ਇਲਾਵਾ, ਵੈਪਨ ਹੈਂਡਲਿੰਗ, ਸ਼ੂਟਿੰਗ, ਡਰਿਲ ਪ੍ਰੈਕਟਿਸ, ਮੈਪ ਰੀਡਿੰਗ ਅਤੇ ਖੇਲਾਂ ਦੇ ਨਾਲ ਕਲਚਰਲ ਪ੍ਰੋਗਰਾਮ ਵੀ ਕਰਵਾਏ ਜਾਣੇ ਹਨ।



# ਸਿਵਲ ਹਸਪਤਾਲ ਵਿਖੇ 'ਕਲੀਨ ਯੂਅਰ ਸਿਟੀ' ਸਮਾਗਮ ਕਰਵਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਅਲਾਇੰਸ ਕਲੱਬ ਇੰਟਰਨੈਸ਼ਨਲ ਦੇ ਕੈਬਿਨੇਟ ਚੇਅਰਮੈਨ ਡਾ.ਐਮ. ਜਮੀਲ ਬਾਲੀ ਨੇ ਆਪਣੇ ਪੋਰਟਫੋਲਿਓ "ਕਲੀਨ ਯੂਅਰ ਸਿਟੀ" ਦੇ ਆਰੰਭ ਤੇ ਇਕ ਸਮਾਗਮ ਸਥਾਨਕ ਸਿਵਲ ਹਸਪਤਾਲ ਹੁਸ਼ਿਆਰਪੁਰ ਵਿਖੇ ਸਫਾਈ ਕਰਮਚਾਰੀਆਂ ਦੇ ਸਨਮਾਨ ਅਤੇ ਸਰਕਲ ਭਾਰਤ ਵਾਸਤੇ ਇਕ ਸਰਕੂਲਰ ਰਿਲੀਜ਼ ਕਰਨ ਲਈ ਕਰਵਾਇਆ।ਇਸ ਮੌਕੇ ਤੇ ਐਲੀ ਅਸ਼ੋਕ ਪੁਰੀ, ਇੰਟਰਨੈਸ਼ਨਲ ਵਾਈਸ ਪ੍ਰੈਜ਼ੀਡੈਂਟ-2 ਅਤੇ ਡਾ.ਨਵਜੋਤ ਸਿੰਘ ਐਸ.ਐਮ.ਓ. ਬਤੌਰ ਮੁੱਖ ਮਹਿਮਾਨ ਅਤੇ ਇੰਟਰਨੈਸ਼ਨਲ ਐਡਵਾਈਜ਼ਰ ਐਲੀ ਐਡਵੋਕੇਟ ਐੱਸ ਪੀ ਰਾਣਾ, ਡਾ. ਨੇਹਾ ਪੌਲ, ਮੈਟਰਨ ਸਕਿੰਦਰ ਕੌਰ ਬਤੌਰ ਵਿਸ਼ੇਸ਼ ਮਹਿਮਾਨ ਹਾਜ਼ਰ ਹੋਏ।ਇਸ ਪ੍ਰੋਗਰਾਮ ਦੇ ਪ੍ਰੋਜੈਕਟ ਚੇਅਰਮੈਨ ਐਲੀ. ਸੁਮੇਸ਼ ਕੁਮਾਰ ਅਤੇ ਐਲੀ. ਮੁਹੰਮਦ ਸਲੀਮ ਸਨ। "ਕਲੀਨ ਯੂਅਰ ਸਿਟੀ" ਸਮਾਗਮ ਦੇ ਸ਼ੁਰੂ ਵਿੱਚ ਐਲੀ ਅਸ਼ੋਕ ਪੁਰੀ ਨੇ ਦੱਸਿਆ ਕਿ ਇਸ ਪ੍ਰੋਗਰਾਮ ਵਿੱਚ ਡਾ. ਐੱਮ ਜਮੀਲ ਬਾਲੀ ਨੇ ਸੋਚਿਆ ਹੈ ਕਿ ਕਿਸੇ ਵੀ ਸ਼ਹਿਰ ਨੂੰ ਸਾਫ-ਸੁਥਰਾ ਰੱਖਣ ਲਈ ਇੱਕ ਦਿਨ ਦੇ ਅਭਿਆਨ ਦੇ ਨਾਲ ਕੁਝ ਨਹੀਂ ਹੋਣਾ। ਸਾਨੂੰ ਚਾਹੀਦਾ ਹੈ ਕਿ ਸਫਾਈ ਦੇ ਕੰਮ ਵਿੱਚ ਲੱਗੇ ਵਲੰਟੀਅਰਾਂ, ਕਰਮਚਾਰੀਆਂ ਤੇ ਆਮ ਨਾਗਰਿਕਾਂ ਨੂੰ ਅਹਿਮੀਅਤ ਦੇਣੀ ਚਾਹੀਦੀ ਹੈ ਤਾਂ ਹੀ ਸਫਾਈ ਦੀ ਮੁਹਿਮ ਸਾਰਥਕ ਨਤੀਜੇ ਦੇ ਸਕਦੀ ਹੈ।ਇਸ ਉਧਮ ਨੂੰ ਅਲਾਇੰਸ ਕਲੱਬ ਇੰਟਰਨੈਸ਼ਨ ਡਿਸਟ੍ਰਿਕ-119 ਵਿੱਚ ਸ਼ੁਰੂ ਕਰਨ ਲਈ ਸਿਵਲ ਹਸਪਤਾਲ ਦੇ ਸਫਾਈ ਦੇ ਅੰਬੈਸਡਰ ਰਜਿੰਦਰ ਕੁਮਾਰ, ਦੀਪਕ ਕੁਮਾਰ, ਗੁਰਵਿੰਦਰ, ਰੇਨੂੰ, ਜਤਿੰਦਰ, ਵਿਜੈ, ਬਲਵਿੰਦਰ, ਰਾਜਵੀਰ, ਰੇਖਾ-1, ਦੀਪਕ, ਸਲੀਮ ਕੁਮਾਰ, ਜਸਵਿੰਦਰ ਕੌਰ, ਰੇਖਾ-2, ਦਵਿੰਦਰ, ਅਕਸ਼, ਹਰਜਿੰਦਰ ਕੁਮਾਰ ਅਤੇ ਪੰਜਾਬ ਸਿੰਘ ਨੂੰ ਸਨਮਾਨਤ ਕਰਨ ਲਈ ਡਿਸਟ੍ਰਿਕ ਗਵਰਨਰ ਐਲੀ. ਹਰਜੀਤ ਸਿੰਘ ਮਠਾਰੂ, ਐਲੀ. ਅਸ਼ਵਨੀ ਕੁਮਾਰ ਦੱਤਾ, ਐਲੀ ਰਮੇਸ਼ ਕੁਮਾਰ ਅਤੇ ਐਲੀ ਸੁਮੇਸ਼ ਕੁਮਾਰ ਨੇ ਦੌਸ਼ਾਲੇ ਪਹਿਨਾਏ। ਇਸ ਮੌਕੇ ਤੇ ਡਾ. ਐੱਮ ਜਮੀਲ ਬਾਲੀ, ਐੱਸ ਐੱਮ ਓ ਡਾ.ਨਵਜੋਤ ਸਿੰਘ, ਡਾ.ਨੇਹਾ ਪੌਲ ਤੇ ਐਲੀ. ਅਸ਼ੋਕ ਪੁਰੀ ਨੇ ਸਾਰੇ ਸਫਾਈ ਕਰਮਚਾਰੀਆਂ ਨੂੰ ਗਿਫਟ ਪੈਕ ਦਿੱਤੇ। ਇਸ ਮੌਕੇ ਤੇ ਸਰਕਲ ਭਾਰਤ ਲਈ "ਕਲੀਨ ਯੂਅਰ ਸਿਟੀ" ਦਾ ਪ੍ਰਧਾਨਗੀ ਮੰਡਲ ਵਲੋਂ ਪਹਿਲਾ ਸਰਕੂਲਰ ਰਿਲੀਜ਼ ਕੀਤਾ ਗਿਆ। ਅਲਾਇੰਸ ਕਲੱਬ ਇੰਟਰਨੈਸ਼ਨਲ ਵੱਲੋਂ ਮੈਟਰਨ ਸਕਿੰਦਰ ਕੌਰ ਤੇ ਐੱਸ ਐੱਮ ਓ ਡਾ. ਨਵਜੋਤ ਸਿੰਘ ਨੂੰ ਡਾ. ਐੱਮ ਜਮੀਲ ਬਾਲੀ ਤੇ ਐਲੀ ਅਸ਼ੋਕ ਪੁਰੀ ਨੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਐਲੀ. ਸ਼ਰਨਜੀਤ ਕੌਰ, ਸਟਾਫ ਨਰਸ ਨੀਲਮ ਸੈਣੀ ਅਤੇ ਹਰਪ੍ਰੀਤ ਕੌਰ ਦਾ ਵਿਸ਼ੇਸ਼ ਯੋਗਦਾਨ ਰਿਹਾ।



# ਦੇਵੀਨਗਰ ਮੋੜ ਨੇੜੇ ਸ਼ਰਾਬ ਦਾ ਠੇਕਾ ਖੋਲ੍ਹਣ ਦੀ ਕੋਸ਼ਿਸ਼, ਪਿੰਡ ਵਾਸੀਆਂ ਵੱਲੋਂ ਪ੍ਰਦਰਸ਼ਨ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਡੇਰਾਬੱਸੀ-ਅੰਬਾਲਾ ਕੌਮੀ ਮਾਰਗ 'ਤੇ ਸਥਿਤ ਪਿੰਡ ਦੇਵੀਨਗਰ ਦੇ ਮੁੱਖ ਮੋੜ ਨੇੜੇ ਕਰੀਬ ਡੇਢ ਮਹੀਨੇ ਦੇ ਵਕਫ਼ੇ ਬਾਅਦ ਸ਼ਰਾਬ ਦਾ ਠੇਕਾ ਮੁੜ ਖੋਲ੍ਹਣ ਦੀਆਂ ਪ੍ਰਸ਼ਾਸਨਿਕ ਕਾਰਵਾਈਆਂ ਨੇ ਇੱਕ ਵਾਰ ਫਿਰ ਇਲਾਕੇ ਦਾ ਮਾਹੌਲ ਗਰਮਾ ਦਿੱਤਾ ਹੈ। ਸ਼ਰਾਬ ਠੇਕੇਦਾਰ ਵੱਲੋਂ ਨਿਯਮਾਂ ਨੂੰ ਛਿੱਕੇ ਟੰਗ ਕੇ ਰਾਤੋ-ਰਾਤ ਟੈਂਪਰੇਰੀ ਚਾਰਦੀਵਾਰੀ ਕਰਨ ਅਤੇ ਸ਼ਰਾਬ ਦੀ ਵਿਕਰੀ ਲਈ ਲੋਹੇ ਦਾ ਖੋਖਾ (ਕੈਬਿਨ) ਰੱਖਣ ਦੀ ਭਿਣਕ ਲੱਗਦਿਆਂ ਹੀ ਪਿੰਡ ਵਾਸੀਆਂ ਦਾ ਗੁੱਸਾ ਫੁੱਟ ਪਿਆ। ਵੱਡੀ ਗਿਣਤੀ ਵਿੱਚ ਪਿੰਡ ਦੀਆਂ ਮਹਿਲਾਵਾਂ, ਨੌਜਵਾਨ ਅਤੇ ਬਜ਼ੁਰਗ ਤੁਰੰਤ ਮੌਕੇ 'ਤੇ ਇਕੱਠੇ ਹੋ ਗਏ ਅਤੇ ਉਨ੍ਹਾਂ ਨੇ ਆਬਕਾਰੀ ਵਿਭਾਗ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਦਰਸ਼ਨ ਕਰਦਿਆਂ ਕੰਮ ਨੂੰ ਰੁਕਵਾ ਦਿੱਤਾ। ਰੋਸ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਪਿੰਡ ਦੇ ਪਤਵੰਤੇ ਸੱਜਣਾਂ ਜਿਨ੍ਹਾਂ ਵਿੱਚ ਰਾਜੂ ਸੈਣੀ, ਪੰਮੀ ਸੈਣੀ, ਕੁਲਵਿੰਦਰ ਸਿੰਘ, ਰਿੱਕੂ, ਲਾਲੀ ਸੈਣੀ, ਸੈਂਟੀ, ਕ੍ਰਿਸ਼ਨ, ਪਿੰਟੂ ਅਤੇ ਸਾਬਕਾ ਸਰਪੰਚ ਗੁਰਦੀਪ ਸਿੰਘ ਮਿੰਟੂ ਸ਼ਾਮਲ ਸਨ, ਨੇ ਪ੍ਰਸ਼ਾਸਨ ਅਤੇ ਸਿਆਸੀ ਆਗੂਆਂ 'ਤੇ ਗੰਭੀਰ ਦੋਸ਼ ਲਗਾਏ। ਇਕੱਠ ਨੂੰ ਸੰਬੋਧਨ ਕਰਦਿਆਂ ਸਾਬਕਾ ਸਰਪੰਚ ਗੁਰਦੀਪ ਸਿੰਘ ਮਿੰਟੂ ਅਤੇ ਹੋਰਨਾਂ ਆਗੂਆਂ ਨੇ ਕਿਹਾ ਕਿ ਨਗਰ ਕੌਂਸਲ ਚੋਣਾਂ ਤੋਂ ਐਨ ਪਹਿਲਾਂ ਵੀ ਇਸੇ ਸੰਵੇਦਨਸ਼ੀਲ ਸਥਾਨ 'ਤੇ ਸ਼ਰਾਬ ਦਾ ਠੇਕਾ ਖੋਲ੍ਹਣ ਦੀ ਨਾਕਾਮ ਕੋਸ਼ਿਸ਼ ਕੀਤੀ ਗਈ ਸੀ। ਉਸ ਸਮੇਂ ਪਿੰਡ ਵਾਸੀਆਂ ਦੇ ਤਿੱਖੇ ਵਿਰੋਧ ਅਤੇ ਚੋਣ ਮਾਹੌਲ ਨੂੰ ਦੇਖਦਿਆਂ ਸਥਾਨਕ ਪ੍ਰਸ਼ਾਸਨ ਨੇ ਲੋਕਾਂ ਨੂੰ ਵਿਸ਼ਵਾਸ ਦਿਵਾਇਆ ਸੀ ਕਿ ਇੱਥੇ ਜਨਤਾ ਦੀ ਮਰਜ਼ੀ ਦੇ ਖ਼ਿਲਾਫ਼ ਕੋਈ ਠੇਕਾ ਨਹੀਂ ਖੁੱਲ੍ਹਣ ਦਿੱਤਾ ਜਾਵੇਗਾ। ਪਰ ਹੁਣ ਚੋਣਾਂ ਦਾ ਅਮਲ ਮੁਕੰਮਲ ਹੁੰਦੇ ਹੀ ਮੁੜ ਉਸੇ ਥਾਂ 'ਤੇ ਠੇਕਾ ਸਥਾਪਤ ਕਰਨ ਦੀਆਂ ਤਿਆਰੀਆਂ ਵਿੱਢ ਦਿੱਤੀਆਂ ਹਨ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਪਿੰਡ ਵਾਸੀਆਂ ਨੇ ਜ਼ਿਲ੍ਹਾ ਪ੍ਰਸ਼ਾਸਨ, ਆਬਕਾਰੀ ਵਿਭਾਗ ਅਤੇ ਸਥਾਨਕ ਅਧਿਕਾਰੀਆਂ ਤੋਂ ਪੁਰਜ਼ੋਰ ਮੰਗ ਕੀਤੀ ਕਿ ਜਨਤਕ ਹਿੱਤਾਂ ਅਤੇ ਸੁਰੱਖਿਆ ਨੂੰ ਮੁੱਖ ਰੱਖਦਿਆਂ ਇਸ ਠੇਕੇ ਦੀ ਪ੍ਰਵਾਨਗੀ (ਅਲਾਟਮੈਂਟ) ਨੂੰ ਤੁਰੰਤ ਪ੍ਰਭਾਵ ਤੋਂ ਰੱਦ ਕੀਤਾ ਜਾਵੇ ਅਤੇ ਇਸ ਨੂੰ ਕਿਸੇ ਗ਼ੈਰ-ਰਿਹਾਇਸ਼ੀ ਜਾਂ ਉਚਿਤ ਥਾਂ 'ਤੇ ਤਬਦੀਲ ਕੀਤਾ ਜਾਵੇ।




# ਅੰਗਦਾਨ ਦੇ ਸੰਕਲਪ ਕਰਨ ਵਾਲੇ ਨਾਗਰਿਕਾਂ ਦਾ ਸਨਮਾਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਵਿਸ਼ਵ ਨੇਤਰਦਾਨ ਦਿਵਸ ਦੇ ਮੌਕੇ 'ਤੇ ਨੇਤਰਦਾਨ ਐਸੋਸੀਏਸ਼ਨ (ਰਜਿ.), ਹੁਸ਼ਿਆਰਪੁਰ ਵੱਲੋਂ ਸਿਵਲ ਹਸਪਤਾਲ ਹੁਸ਼ਿਆਰਪੁਰ ਸਥਿਤ ਆਪਣੇ ਦਫ਼ਤਰ ਵਿੱਚ ਇੱਕ ਵਿਸ਼ੇਸ਼ ਸਮਾਗਮ ਆਯੋਜਿਤ ਕੀਤਾ ਗਿਆ। ਇਸ ਮੌਕੇ ਬਲਰਾਜ ਸਿੰਘ ਅਤੇ ਸ ਲਖਵਿੰਦਰ ਕੌਰ ਨੇ ਮਰਨ ਉਪਰੰਤ ਆਪਣੀਆਂ ਅੱਖਾਂ ਅਤੇ ਹੋਰ ਅੰਗ ਮਨੁੱਖੀ ਭਲਾਈ ਲਈ ਦਾਨ ਕਰਨ ਦਾ ਸੰਕਲਪ ਲਿਆ। ਉਨ੍ਹਾਂ ਦੇ ਇਸ ਮਹਾਨ ਅਤੇ ਪ੍ਰੇਰਣਾਦਾਇਕ ਫ਼ੈਸਲੇ ਲਈ ਐਸੋਸੀਏਸ਼ਨ ਵੱਲੋਂ ਉਨ੍ਹਾਂ ਦਾ ਸਨਮਾਨ ਕੀਤਾ ਗਿਆ।ਸਮਾਗਮ ਦੀ ਪ੍ਰਧਾਨਗੀ ਪ੍ਰੋ. ਬਹਾਦਰ ਸਿੰਘ ਸੁਨੇਤ ਸਰਪ੍ਰਸਤ ਨੇ ਕੀਤੀ। ਇਸ ਮੌਕੇ ਗੁਰਪ੍ਰੀਤ ਸਿੰਘ (ਉਪ ਪ੍ਰਧਾਨ), ਗੁਰਪਾਲ ਸਿੰਘ ਪ੍ਰਚਾਰ ਸਕੱਤਰ), ਓਂਕਾਰ ਸਿੰਘ ਧਾਮੀ (ਕਾਰਜਕਾਰਨੀ ਮੈਂਬਰ), ਲਖਵਿੰਦਰ ਕੌਰ, ਜਤਿੰਦਰ ਕੌਰ ਅਤੇ ਹੋਰ ਮੈਂਬਰ ਹਾਜ਼ਰ ਸਨ।ਸੰਬੋਧਨ ਕਰਦਿਆਂ ਮੈਂਬਰਾਂ ਨੇ ਦੱਸਿਆ ਕਿ ਐਸੋਸੀਏਸ਼ਨ ਪਿਛਲੇ 26 ਸਾਲਾਂ ਤੋਂ ਨੇਤਰਦਾਨ ਅਤੇ ਅੰਗਦਾਨ ਪ੍ਰਤੀ ਜਾਗਰੂਕਤਾ ਫੈਲਾਉਣ ਲਈ ਨਿਰੰਤਰ ਸੇਵਾ ਕਰ ਰਹੀ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨੇਤਰਦਾਨ ਅਤੇ ਅੰਗਦਾਨ ਲਈ ਅੱਗੇ ਆਉਣ ਅਤੇ ਕਿਸੇ ਲੋੜਵੰਦ ਦੀ ਜ਼ਿੰਦਗੀ ਵਿੱਚ ਰੌਸ਼ਨੀ ਅਤੇ ਨਵੀਂ ਉਮੀਦ ਲਿਆਉਣ।



# ਇੰਡੀਅਨ ਨੇਵੀ 'ਚ ਕਮਿਸ਼ਨਡ ਅਫਸਰ ਬਣੇ ਪ੍ਰਭਜੋਤ ਸਿੰਘ ਸਨਮਾਨਤ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**

ਟਾਂਡਾ ਅਧੀਨ ਆਉਂਦੇ ਪਿੰਡ ਸਲੇਮਪੁਰ ਨਾਲ ਸਬੰਧਤ ਇੰਡੀਅਨ ਨੇਵੀ ਵਿੱਚ ਕਮਿਸ਼ਨਡ ਅਫਸਰ ਬਣ ਕੇ ਇਲਾਕੇ ਅਤੇ ਪਿੰਡ ਦਾ ਨਾਂਅ ਰੌਸ਼ਨ ਕਰਨ ਵਾਲੇ ਪ੍ਰਭਜੋਤ ਸਿੰਘ ਸਪੁੱਤਰ ਪਰਮਜੀਤ ਸਿੰਘ ਦਾ ਗ੍ਰਾਮ ਪੰਚਾਇਤ ਤੇ ਪਿੰਡ ਵਾਸੀਆਂ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਇਸ ਮੌਕੇ ਸਰਪੰਚ ਮਲਕੀਅਤ ਸਿੰਘ, ਸਾਬਕਾ ਸਰਪੰਚ ਸਮਾਜ ਸੇਵਕ ਸਤਪਾਲ ਸਿੰਘ ਸੱਤੀ ਤੇ ਹੋਰਨਾ ਪਿੰਡ ਵਾਸੀਆਂ ਨੇ ਕਮਿਸ਼ਨਰ ਅਫਸਰ ਪ੍ਰਭਜੋਤ ਸਿੰਘ ਦਾ ਸਨਮਾਨ ਕਰਦੇ ਹੋਏ ਕਿਹਾ ਕਿ ਉਸਨੇ ਆਪਣੀ ਮਿਹਨਤ ਅਤੇ ਲਗਨ ਦੇ ਸਦਕਾ ਆਪਣੇ ਮਾਪਿਆਂ, ਬੇਟ ਖੇਤਰ ਅਤੇ ਪਿੰਡ ਦਾ ਨਾਂਅ ਰਾਸ਼ਟਰੀ ਪੱਧਰ ਤੇ ਉੱਚਾ ਕੀਤਾ ਹੈ। ਪਿੰਡ ਵਾਸੀਆਂ ਨੇ ਪਿੰਡ ਦੇ ਹੋਣ ਸਪੁੱਤਰ ਪ੍ਰਭਜੋਤ ਸਿੰਘ ਦੀ ਇਸ ਉਪਲਬਧੀ ਤੇ ਮਾਣ ਮਹਿਸੂਸ ਕਰਦੇ ਹੋਏ ਕਿਹਾ ਕਿ ਬਾਕੀ ਨੌਜਵਾਨਾਂ ਨੂੰ ਵੀ ਉਸ ਦੀ ਇਸ ਵੱਡੀ ਉਪਲਬਧੀ ਤੋਂ ਪ੍ਰੇਰਨਾ ਲੈਣੀ ਚਾਹੀਦੀ ਹੈ। ਇਸ ਮੌਕੇ ਪ੍ਰਭਜੋਤ ਸਿੰਘ ਨੇ ਸਮੂਹ ਗ੍ਰਾਮ ਪੰਚਾਇਤ ਤੇ ਪਿੰਡ ਵਾਸੀਆਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ ਪਿੰਡ ਵਾਸੀਆਂ ਦੇ ਅਸ਼ੀਰਵਾਦ ਨਾਲ ਦੇਸ਼ ਅਤੇ ਕੌਮ ਦੀ ਸੇਵਾ ਪੂਰੀ ਤਨਦੇਹੀ ਨਾਲ ਕਰੇਗਾ। ਇਸ ਮੌਕੇ ਸਰਪੰਚ ਮਲਕੀਅਤ ਸਿੰਘ, ਸਾਬਕਾ ਸਰਪੰਚ ਸਤਪਾਲ ਸਿੰਘ ਸੱਤੀ, ਪੰਚ ਸੁਖਦੇਵ ਸਿੰਘ, ਗੁਰਪਾਲ ਸਿੰਘ, ਨੰਬਰਦਾਰ ਬਲਜੀਤ ਸਿੰਘ, ਰਣਜੀਤ ਸਿੰਘ ਬਿੱਲਾ, ਇੰਸਪੈਕਟਰ ਕਰਨੈਲ ਸਿੰਘ, ਰਣਜੀਤ ਸਿੰਘ, ਸਤਨਾਮ ਸਿੰਘ, ਕੁਲਵੰਤ ਸਿੰਘ ਵੀ ਹਾਜ਼ਰ ਸਨ।

# ਪਾਵਰਕਾਮ ਤੇ ਟਰਾਂਸਕੋ ਪੈਨਸ਼ਨਰ ਯੂਨੀਅਨ ਏਟਕ ਦੀ ਮਹੀਨਾਵਾਰ ਮੀਟਿੰਗ

**ਬੰਗਾ (ਅਵਤਾਰ ਕਲੇਰ)**

ਪਾਵਰਕਾਮ ਅਤੇ ਟਰਾਸਕੋ ਪੈਨਸ਼ਨਰ ਯੂਨੀਅਨ ਏਟਕ ਦੀ ਮਹੀਨਾਵਾਰ ਮੀਟਿੰਗ ਮੰਡਲ ਪ੍ਰਧਾਨ ਗੁਰਦੀਪ ਸਿੰਘ ਦੀ ਪ੍ਰਧਾਨਗੀ ਹੇਠ ਕੀਤੀ ਗਈ। ਸਟੇਜ ਦੀ ਕਾਰਵਾਈ ਮੰਡਲ ਸਕੱਤਰ ਇੰਜੀ. ਵਿਜੇ ਸਿੰਘ ਵਲੋਂ ਨਿਭਾਈ ਗਈ। ਮੀਟਿੰਗ ਵਿੱਚ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਜਸਵਿੰਦਰ ਸਿੰਘ ਭੰਗਲ ਅਤੇ ਸਰਕਲ ਪ੍ਰਧਾਨ ਹਸ਼ਮਤ ਅਲੀ, ਸਰਕਲ ਆਗੂ ਹਰਮੇਸ਼ ਲਾਲ, ਸੂਬਾ ਆਗੂ ਰਾਮ ਆਸਰਾ ਇਹਨਾਂ ਤੋਂ ਇਲਾਵਾ ਮੰਡਲ ਆਗੂ ਕੁੰਦਨ ਸਿੰਘ ਮੁਸਾਪੁਰੀ, ਅਡੀਟਰ ਜਗਦੀਸ ਸਿੰਘ,ਇੰਜ ਵਿਜੇ ਸਿੰਘ,ਲਛਮਣ ਦਾਸ,ਰਾਮ ਲੱਖਣ ਕੈਸ਼ੀਅਰ ਹਰੀ ਕਿਸਨ , ਇੰਜ: ਕਸ਼ਮੀਰੀ ਲਾਲ ਜੇ ਈ ,ਸੁਖਵਿੰਦਰ ਸਿੰਘ ਸੁਰਿੰਦਰ ਸਿੰਘ ਰਾਣਾ ਆਦਿ ਸਾਰੇ ਆਗੂਆਂ ਵਲੋਂ ਪਟਿਆਲਾ ਵਿਖੇ ਆਪਣੇ ਰੁਜ਼ਗਾਰ ਦੀ ਖਾਤਰ ਸ਼ਾਂਤਮਈ ਧਰਨਾ ਦੇ ਰਹੇ ਬੇਰੁਜ਼ਗਾਰ ਐਪ੍ਰੈਂਟਿਸਪ ਲਾਈਨਮੈਨ ਤੇ ਪੁਲਿਸ ਵਲੋਂ ਅੰਨ੍ਹੇਵਾਹ ਲਾਠੀਚਾਰਜ ਕੀਤਾ ਗਿਆ ਇਸ ਘਟਨਾ ਦੀ ਪੁਰਜ਼ੋਰ ਨਿਖੇਧੀ ਕੀਤੀ ਜਾਂਦੀ ਹੈ। ਇਹਨਾਂ ਨੂੰ ਸਰਕਾਰ ਨੂੰ ਪਹਿਲ ਦੇ ਆਧਾਰ ਤੇ ਰੁਜ਼ਗਾਰ ਦੇਣਾ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ। ਮੈਡੀਕਲ ਬਿੱਲਾਂ ਦਾ ਝਮੇਲਾ ਖਤਮ ਕਰਕੇ ਮੈਡੀਕਲ ਕੈਸ਼ਲੈਸ ਸਕੀਮ ਚਾਲੂ ਕੀਤੀ ਜਾਵੇ। ਮਹਿਕਮੇ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਖਾਲੀ ਪਈਆਂ ਅਸਾਮੀਆਂ ਲਈ ਰੈਗੂਲਰ ਭਰਤੀ ਕੀਤੀ ਜਾਵੇ। ਡੀ ਏ ਦੀਆਂ ਕਿਸ਼ਤਾਂ ਤੁਰੰਤ ਜਾਰੀ ਕੀਤੀਆਂ ਜਾਣ ਤੇ ਸਾਰੇ ਬੁਲਾਰਿਆਂ ਵੱਲੋਂ ਪੈਨਸ਼ਨਰਾਂ ਪ੍ਰਤੀ ਗਲਤ ਨੀਤੀਆਂ ਦਾ ਸਖ਼ਤ ਵਿਰੋਧ ਕੀਤਾ ਗਿਆ। ਸਾਰੇ ਪੈਨਸ਼ਨਰਾਂ ਵਲੋਂ ਮੰਡਲ ਦਫ਼ਤਰ ਨਵਾਂ ਸ਼ਹਿਰ ਵਿਖੇ ਮੈਡੀਕਲ ਬਿੱਲਾਂ ਸਬੰਧੀ ਹੋ ਰਹੀ ਬੇਲੋੜੀ ਦੇਰੀ ਬਾਰੇ ਦੱਸਿਆ ਗਿਆ। ਇਸ ਸਬੰਧੀ ਸਾਰੇ ਪੈਨਸ਼ਨਰਾਂ ਦੇ ਕੰਮਾਂ ਨੂੰ ਪਹਿਲ ਦੇ ਅਧਾਰ ਤੇ ਕਰਵਾਉਣ ਦਾ ਵਾਅਦਾ ਕੀਤਾ ਇਸ ਮੀਟਿੰਗ ਵਿੱਚ ਪੈਨਸ਼ਨਰਾਂ ਸਾਥੀਆਂ ਵੱਲੋਂ ਬਹੁਤ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।



# ਬੱਸ ਸਟੈਂਡ ਨੇੜੇ ਖੁੱਲ੍ਹਿਆ ਨਵਾਂ ਆਧਾਰ ਸੇਵਾ ਕੇਂਦਰ

**ਜਲੰਧਰ (ਸੁਰਿੰਦਰ ਕੁਮਾਰ)**- ਯੂ ਆਈ ਡੀ ਏ ਆਈ ਪ੍ਰੋਜੈਕਟ ਮੈਨੇਜਰ ਮਧੁਰ ਭੰਡਾਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੋਕਾਂ ਦੀ ਸਹੂਲਤ ਲਈ ਆਧਾਰ ਦਾ ਨਵਾਂ ਆਧਾਰ ਸੇਵਾ ਕੇਂਦਰ ਗਰਾਊਂਡ ਫਲੋਰ, ਅਪੈਕਸ ਟਾਵਰ-2, ਹੋਟਲ ਰੈਜੀਡੈਂਸੀ ਸਾਹਮਣੇ ਬੱਸ ਸਟੈਂਡ ਨੇੜੇ ਜਵਾਹਰ ਨਗਰ ਜਲੰਧਰ ਵਿਖੇ ਖੋਲ੍ਹਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਆਧਾਰ ਸੇਵਾ ਕੇਂਦਰ ਦਾ ਮੁੱਖ ਉਦੇਸ਼ ਲੋਕਾਂ ਦੀ ਸਹੂਲਤ ਵਿੱਚ ਵਾਧਾ ਕਰਨਾ ਤੇ ਆਧਾਰ ਨਾਲ ਸਬੰਧਿਤ ਸੇਵਾਵਾਂ ਨੂੰ ਨਿਰਵਿਘਨ ਢੰਗ ਨਾਲ ਮੁਹੱਈਆ ਕਰਵਾਉਣ ਨੂੰ ਯਕੀਨੀ ਬਣਾਉਣਾ ਹੈ। ਭੰਡਾਰੀ ਨੇ ਅੱਗੇ ਦੱਸਿਆ ਕਿ ਇਥੇ ਲੋਕ ਆਧਾਰ ਨਾਮਾਂਕਣ, ਨਾਂਅ, ਪਤਾ ਅਤੇ ਜਨਮ ਤਾਰੀਕ ਵਰਗੇ ਵੇਰਵਿਆਂ ਨੂੰ ਦਰੁਸਤ ਕਰਨ ਦੇ ਨਾਲ-ਨਾਲ ਬਾਇਓਮੈਟ੍ਰਿਕ ਅਪਡੇਟਸ ਵੀ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਥੇ ਲੋਕਾਂ ਦੇ ਬੈਠਣ ਲਈ ਯੋਗ ਪ੍ਰਬੰਧ ਕੀਤੇ ਗਏ ਹਨ ਅਤੇ ਵਿਸ਼ੇਸ਼ ਲੋੜਾਂ ਵਾਲੇ ਵਿਅਕਤੀਆਂ ਲਈ ਵ੍ਹੀਲ ਚੇਅਰ ਵੀ ਉਪਲਬੱਧ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਇਹ ਸੇਵਾ ਕੇਂਦਰ ਹਫ਼ਤੇ ਦੇ ਸੱਤ ਦਿਨ ਸਵੇਰੇ 9 ਤੋਂ ਸ਼ਾਮ 5.30 ਵਜੇ ਤੱਕ ਖੁੱਲ੍ਹਾ ਰਹਿੰਦਾ ਹੈ ਅਤੇ ਲੋਕ ਐਤਵਾਰ ਨੂੰ ਛੁੱਟੀ ਵਾਲੇ ਦਿਨ ਵੀ ਇਸ ਆਧਾਰ ਸੇਵਾ ਕੇਂਦਰ ਦਾ ਲਾਭ ਉਠਾ ਸਕਦੇ ਹਨ। ਲੋਕ ਘਰ ਬੈਠੇ ਹੀ ਯੂ ਆਈ ਡੀ ਏ ਆਈ ਦੀ ਅਧਿਕਾਰਤ ਵੈਬਸਾਈਟ ਉੱਤੇ ਆਨਲਾਈਨ ਅਪੁਆਇੰਟਮੈਂਟ ਬੁੱਕ ਕਰਵਾ ਸਕਦੇ ਹਨ।




# ਪ੍ਰਾਚੀਨ ਸ਼ਿਵ ਮੰਦਰ ਵਿਖੇ ਛਬੀਲ ਲਗਾਈ



**ਫਿਲੌਰ (ਨਿਰਮਲ)**-ਪ੍ਰਾਚੀਨ ਸ਼ਿਵ ਮੰਦਿਰ ਫਿਲੌਰ ਵਿਖੇ ਪ੍ਰਬੰਧਕ ਕਮੇਟੀ ਰਜਿਸਟਰਡ ਪ੍ਰਾਚੀਨ ਸ਼ਿਵਾ ਮੰਦਿਰ ਫਿਲੌਰ ਤਹਿਸੀਲ ਕੰਪਲੈਕਸ ਫਿਲੌਰ ਵੱਲੋਂ ਹਰ ਸਾਲ ਵਾਂਗ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਭਾਰੀ ਗਿਣਤੀ ਵਿੱਚ ਸੰਗਤਾਂ ਨੇ ਠੰਡਾ ਮਿੱਠਾ ਜਲ ਛਕਿਆ। ਇਸ ਮੌਕੇ ਤੇ ਆਮ ਆਦਮੀ ਪਾਰਟੀ ਫਿਲੌਰ ਦੇ ਹਲਕਾ ਇੰਚਾਰਜ ਹਰਜੋਤ ਕੌਰ ਲੋਹਟੀਆ ਵਿਸ਼ੇਸ਼ ਤੌਰ 'ਤੇ ਪੁੱਜੇ। ਪ੍ਰਬੰਧਕ ਕਮੇਟੀ ਆਗੂ ਪ੍ਰਧਾਨ ਕ੍ਰਿਸ਼ਨ ਲਾਲ ਚੁੰਘ, ਮੀਤ ਪ੍ਰਧਾਨ ਗੁਲਸ਼ਨ ਕੁਮਾਰ, ਹੈਡ ਕੈਸ਼ੀਅਰ ਫਕੀਰ ਸਿੰਘ ਪੱਪੂ, ਰਾਮ ਲਾਲ ਅਸ਼ੋਕ ਕੁਮਾਰ ਸੰਜੀਵ ਬਤਰਾ, ਕੌਂਸਲਰ ਸ਼ੰਕਰ ਸੰਧੂ, ਰਾਜ ਕੁਮਾਰ ਵਿੱਕੀ, ਸਤੀਸ਼ ਕੁਮਾਰ ਦੀਸ਼ਾ ਤੇ ਹੋਰ ਮੈਂਬਰ ਹਾਜ਼ਰ ਸਨ।

# ਲੂ ਤੋਂ ਬਚਣ ਲਈ ਵੱਧ ਤੋਂ ਵੱਧ ਤਰਲ ਪਦਾਰਥ ਪੀਓ : ਸਿਵਲ ਸਰਜਨ

**ਮੁਹਾਲੀ (ਗੁਰਜੀਤ ਬਿੱਲਾ)**-ਸਿਵਲ ਸਰਜਨ ਐੱਸ ਏ ਐਸ ਨਗਰ ਡਾ. ਸੰਗੀਤਾ ਜੈਨ ਨੇ ਜ਼ਿਲ੍ਹਾ ਨਿਵਾਸੀਆਂ ਨੂੰ ਲੂ ਤੋਂ ਬਚਣ ਲਈ ਅਡਵਾਈਜ਼ਰੀ ਜਾਰੀ ਕੀਤੀ ਹੈ।ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਡਾ. ਜੈਨ ਨੇ ਦੱਸਿਆ ਕਿ ਗਰਮ ਹਵਾਵਾਂ ਸਾਡੀ ਤ੍ਰੇਹ (ਪਿਆਸ) ਵਧਾਉਣ ਦੇ ਨਾਲ ਨਾਲ ਸਾਡੇ ਸਰੀਰ ਖਾਸ ਕਰਕੇ ਅੱਖਾਂ ਅਤੇ ਚਮੜੀ ਨੂੰ ਪੂਰੀ ਤਰ੍ਹਾਂ ਝੁਲਸਾ ਦਿੰਦੀ ਹੈ। ਜ਼ਿਆਦਾ ਗਰਮੀ ਹੋਣ 'ਤੇ ਸਾਡਾ ਸਰੀਰ ਪਸੀਨੇ ਦੇ ਰੂਪ ਵਿੱਚ ਗਰਮੀ ਬਾਹਰ ਕੱਢਦਾ ਹੈ ਅਤੇ ਤਾਪਮਾਨ ਨੂੰ ਨਿਯੰਤਰਿਤ ਰੱਖਦਾ ਹੈ। ਜਿਸ ਨਾਲ ਸਰੀਰ ਵਿੱਚ ਪਾਣੀ ਦੀ ਕਮੀ ਹੋ ਜਾਂਦੀ ਹੈ। ਇੱਕ ਨਿਸ਼ਚਿਤ ਸੀਮਾ ਤੋਂ ਬਾਅਦ ਸਾਡੇ ਸਰੀਰ ਦਾ ਇਹ ਸਿਸਟਮ ਕੰਮ ਕਰਨਾ ਬੰਦ ਕਰ ਦਿੰਦਾ ਹੈ ਅਤੇ ਸਰੀਰ ਬਾਹਰ ਦੇ ਤਾਪਮਾਨ ਦੇ ਸਮਾਨ ਗਰਮ ਹੋ ਜਾਂਦਾ ਹੈ। ਜਿਸ ਨੂੰ ਲੂਅ ਲੱਗਣਾ ਜਾਂ ਹੀਟ ਸਟ੍ਰੋਕ ਕਹਿੰਦੇ ਹਨ। ਆਮ ਤੌਰ 'ਤੇ ਲੋਕ ਇਸ ਨੂੰ ਹਲਕੇ ਵਿਚ ਲੈਂਦੇ ਹਨ ਅਤੇ ਮੰਨਦੇ ਹਨ ਕਿ ਉਨ੍ਹਾਂ ਨੂੰ ਲੂ ਲੱਗ ਹੀ ਨਹੀਂ ਸਕਦੀ ਪਰੰਤੂ ਇੱਕ ਰਿਪੋਰਟ ਦੇ ਅਨੁਸਾਰ ਲੂ ਲੱਗਣਾ (ਹੀਟ ਸਟ੍ਰੋਕ) ਬਹੁਤ ਖਤਰਨਾਕ ਬਿਮਾਰੀ ਹੈ। ਬੱਚਿਆਂ ਤੋਂ ਲੈ ਕੇ ਵੱਡਿਆਂ ਤੱਕ ਮੋਟਾਪੇ ਤੋਂ ਪੀੜਤ ਲੋਕ, ਦਿਲ ਦੇ ਮਰੀਜ਼, ਸਰੀਰਕ ਰੂਪ ਨਾਲ ਕਮਜ਼ੋਰ ਲੋਕ ਤੇ ਕੁਝ ਵਿਸ਼ੇਸ਼ ਦਵਾਈਆਂ, ਜਿਨ੍ਹਾਂ ਦਾ ਸਰੀਰ ਦੇ ਰਸਾਇਣਾਂ ਜਾਂ ਖ਼ੂਨ ਦੀਆਂ ਨਾਲੀਆਂ 'ਤੇ ਅਸਰ ਪੈਂਦਾ ਹੈ, ਨੂੰ ਖਾਣ ਵਾਲੇ ਲੋਕਾਂ ਨੂੰ ਗਰਮੀ ਲੱਗਣ ਦੇ ਸਭ ਤੋਂ ਜ਼ਿਆਦਾ ਖਤਰਾ ਹੁੰਦਾ ਹੈ। ਇਸ ਦੇ ਇਲਾਵਾ ਮਜ਼ਦੂਰ ਵਰਗ, ਦਿਹਾੜੀਦਾਰ ਅਤੇ ਬੇਘਰ ਹੋ ਕੇ ਸੜਕਾਂ ਅਤੇ ਰੇਲਵੇ ਸਟੇਸ਼ਨਾਂ ਉੱਤੇ ਰਹਿਣ ਵਾਲੇ ਲੋਕੀਂ ਇਸ ਦਾ ਜਲਦੀ ਸ਼ਿਕਾਰ ਬਣ ਜਾਂਦੇ ਹਨ। ਉਹਨਾਂ ਕਿਹਾ ਕਿ ਬੱਚਿਆਂ, ਬਜ਼ੁਰਗਾਂ ਅਤੇ ਗਰਭਵਤੀ ਔਰਤਾਂ ਨੂੰ ਗਰਮੀ ਲੱਗਣ ਦਾ ਖਤਰਾ ਜ਼ਿਆਦਾ ਹੁੰਦਾ ਹੈ।

# ਗੁਰਮਤ ਸਿੰਘ ਮੱਲ੍ਹੀ ਦਾ ਜਨਮ ਦਿਨ ਮਨਾਇਆ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਸਵ. ਦਵਿੰਦਰ ਸਿੰਘ ਮਹਿਮਦੋਵਾਲ ਖੁਰਦ ਅਤੇ ਕਮਲਜੀਤ ਕੌਰ ਬੈਂਸ ਸਾਬਕਾ ਸਰਪੰਚ ਦੀ ਪੁੱਤਰੀ ਰੁਪਿੰਦਰ ਕੌਰ ਮੱਲੀ ਇੰਗਲੈਂਡ ਤੇ ਮਨਵੀਰ ਸਿੰਘ ਮੱਲੀ ਇੰਗਲੈਂਡ ਨਿਵਾਸੀ ਦੇ ਬੇਟੇ ਗੁਰਮਤ ਸਿੰਘ ਮੱਲੀ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਨਿਰਵਾਣਾ ਰਿਜੋਰਟ ਜੇਜੋ ਦੁਆਬਾ ਵਿਖੇ ਇਕ ਛੋਟਾ ਜਿਹਾ ਸਮਾਗਮ ਕਰਕੇ ਖੁਸ਼ੀ ਵਿੱਚ ਕੇਕ ਕੱਟਿਆ ਗਿਆ। ਗੁਰਮਤ ਸਿੰਘ ਮੱਲੀ ਦੀ ਭੈਣ ਅਨਮੋਲ ਕੌਰ ਦੀ ਚੜ੍ਹਦੀ ਕਲਾ ਦੀ ਅਰਦਾਸ ਕੀਤੀ ਗਈ। ਇਸ ਮੌਕੇ ਕਮਲਜੀਤ ਕੌਰ, ਨਿਰਮਲ ਸਿੰਘ ਮੁੱਗੋਵਾਲ ਅਤੇ ਪਰਮਜੀਤ ਕੌਰ ਮੁੱਗੋਵਾਲ ਹਾਜ਼ਰ ਸਨ। ਗੱਲਬਾਤ ਕਰਦਿਆਂ ਕਮਲਜੀਤ ਕੌਰ ਬੈਂਸ ਮਹਿਮਦੋਵਾਲ ਖੁਰਦ ਸਾਬਕਾ ਸਰਪੰਚ ਨੇ ਕਿਹਾ ਕਿ ਕਿ ਅੱਜ ਉਹਨਾਂ ਨੂੰ ਆਪਣੇ ਦੋਹਤਰੇ ਗੁਰਮਤ ਸਿੰਘ ਮੱਲੀ ਇੰਗਲੈਂਡ ਨਿਵਾਸੀ ਦਾ ਜਨਮ ਦਿਨ ਮਨਾ ਕੇ ਅਤਿਅੰਤ ਖੁਸ਼ੀ ਹੋਈ ਹੈ। ਇਸ ਮੌਕੇ ਉਨਾਂ ਸਰਦਾਰ ਮਨਵੀਰ ਸਿੰਘ ਮੱਲੀ ਅਤੇ ਰੁਪਿੰਦਰ ਕੌਰ ਮੱਲੀ ਨੂੰ ਉਨਾਂ ਦੇ ਬੇਟੇ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਵਧਾਈਆਂ ਦਿੱਤੀਆਂ।



# ਟੀ-20 ਕ੍ਰਿਕਟ ਟੂਰਨਾਮੈਂਟ 'ਚ ਪੰਜਾਬ ਮੰਡੀ ਬੋਰਡ ਦੀ ਜੇਤੂ ਮੁਹਿੰਮ ਜਾਰੀ

**ਮੁਹਾਲੀ (ਗੁਰਜੀਤ ਬਿੱਲਾ)**

ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੀ ਰਹਿਨੁਮਾਈ ਹੇਠ ਕਰਵਾਏ ਜਾ ਰਹੇ 'ਆਲ ਇੰਡੀਆ ਸਟੇਟ ਐਗਰੀਕਲਚਰਲ ਮਾਰਕੀਟਿੰਗ ਬੋਰਡ ਟੀ-20 ਕ੍ਰਿਕਟ ਟੂਰਨਾਮੈਂਟ 2026 ਸੀਜ਼ਨ-2' ਦੇ ਦੂਜੇ ਅਤੇ ਤੀਜੇ ਦਿਨ ਖੇਡ ਮੈਦਾਨ ਅੰਦਰ ਬਹੁਤ ਹੀ ਰੋਮਾਂਚਕ ਅਤੇ ਹਾਈ-ਵੋਲਟੇਜ ਮੁਕਾਬਲੇ ਦੇਖਣ ਨੂੰ ਮਿਲੇ।ਟੂਰਨਾਮੈਂਟ ਦੇ ਦੂਜੇ ਅਤੇ ਤੀਜੇ ਦਿਨ ਦੇ ਮੈਚਾਂ ਦੌਰਾਨ ਖਿਡਾਰੀਆਂ ਅੰਦਰ ਜਿੱਤ ਦਾ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਦੂਜੇ ਦਿਨ ਹੋਏ ਪਹਿਲੇ ਮੈਚ ਵਿੱਚ ਉੱਤਰਾਖੰਡ ਮੰਡੀ ਬੋਰਡ ਦੀ ਟੀਮ ਨੇ 25 ਦੌੜਾਂ ਤੋਂ ਹਿਮਾਚਲ ਪ੍ਰਦੇਸ਼ ਮੰਡੀ ਬੋਰਡ ਦੀ ਟੀਮ ਨੂੰ ਹਰਾਇਆ। ਪਹਿਲਾ ਬੱਲੇਬਾਜ਼ੀ ਕਰਦਿਆਂ ਉੱਤਰਾਖੰਡ ਮੰਡੀ ਬੋਰਡ ਦੀ ਟੀਮ ਨੇ 20 ਓਵਰਾਂ ਵਿੱਚ 6 ਵਿਕਟਾਂ ਦੇ ਨੁਕਸਾਨ ਤੇ 166 ਦੌੜਾਂ ਬਣਾਈਆਂ। 167 ਦੌੜਾਂ ਦੇ ਟੀਚੇ ਦਾ ਪਿੱਛਾ ਕਰਦਿਆਂ ਹਿਮਾਚਲ ਪ੍ਰਦੇਸ਼ ਮੰਡੀ ਬੋਰਡ ਦੀ ਟੀਮ 18.2 ਓਵਰਾਂ ਵਿੱਚ 141 ਦੌੜਾਂ ਤੇ ਸਿਮਟ ਗਈ।ਇਸੇ ਤਰ੍ਹਾਂ ਦੂਜਾ ਮੈਚ ਪੰਜਾਬ ਮੰਡੀ ਬੋਰਡ ਤੇ ਦਿੱਲੀ ਮੰਡੀ ਬੋਰਡ ਵਿੱਚ ਹੋਇਆ, ਜਿਸ ਵਿੱਚ ਪੰਜਾਬ ਮੰਡੀ ਬੋਰਡ ਦੀ ਟੀਮ ਨੇ ਪਹਿਲਾ ਬੱਲੇਬਾਜ਼ੀ ਕਰਦਿਆਂ ਹੋਇਆ 20 ਓਵਰਾਂ ਵਿੱਚ 6 ਵਿਕਟਾਂ ਦੇ ਨੁਕਸਾਨ ਤੇ 149 ਦੌੜਾਂ ਬਣਾਇਆਂ ਅਤੇ ਦਿੱਲੀ ਮੰਡੀ ਬੋਰਡ ਨੂੰ 150 ਦੌੜਾਂ ਦਾ ਟੀਚਾ ਦਿੱਤਾ। ਜਵਾਬ ਵਿੱਚ ਦਿੱਲੀ ਮੰਡੀ ਬੋਰਡ ਦੀ ਟੀਮ 20 ਓਵਰਾਂ ਵਿੱਚ 7 ਵਿਕਟਾਂ ਦੇ ਨੁਕਸਾਨ ਨਾਲ 139 ਦੌੜਾਂ ਹੀ ਬਣਾ ਸਕੀ ਅਤੇ ਪੰਜਾਬ ਮੰਡੀ ਬੋਰਡ ਨੇ ਇਹ ਮੈਚ 10 ਦੌੜਾਂ ਨਾਲ ਜਿੱਤ ਲਿਆ।ਤੀਜੇ ਦਿਨ ਪਹਿਲਾ ਮੈਚ ਹਰਿਆਣਾ ਮੰਡੀ ਬੋਰਡ ਅਤੇ ਹਿਮਾਚਲ ਪ੍ਰਦੇਸ਼ ਮੰਡੀ ਬੋਰਡ ਵਿੱਚ ਹੋਇਆ। ਪਹਿਲਾ ਬੱਲੇਬਾਜ਼ੀ ਕਰਦਿਆਂ ਹਰਿਆਣਾ ਮੰਡੀ ਬੋਰਡ ਦੀ ਟੀਮ ਨੇ 20 ਓਵਰਾਂ ਵਿੱਚ 9 ਵਿਕਟਾਂ ਗਵਾ ਕੇ 165 ਦੌੜਾਂ ਬਣਾਇਆਂ। 166 ਦੌੜਾਂ ਦੇ ਟੀਚੇ ਦਾ ਪਿੱਛਾ ਕਰਦਿਆਂ ਹਿਮਾਚਲ ਪ੍ਰਦੇਸ਼ ਮੰਡੀ ਬੋਰਡ ਦੀ ਟੀਮ 14 ਓਵਰਾਂ ਵਿੱਚ 71 ਦੌੜਾਂ ਬਣਾ ਕੇ ਆਲ ਆਊਟ ਹੋ ਗਈ ਅਤੇ ਹਰਿਆਣਾ ਮੰਡੀ ਬੋਰਡ ਨੇ ਇਹ ਮੈਚ 94 ਦੌੜਾਂ ਨਾਲ ਜਿੱਤ ਲਿਆ।ਦੂਜਾ ਮੈਚ ਪੰਜਾਬ ਮੰਡੀ ਬੋਰਡ ਅਤੇ ਉੱਤਰਾਖੰਡ ਮੰਡੀ ਬੋਰਡ ਦੀ ਟੀਮਾਂ ਵਿਚਕਾਰ ਹੋਇਆ। ਪਹਿਲਾ ਬੱਲੇਬਾਜ਼ੀ ਕਰਦਿਆਂ ਪੰਜਾਬ ਮੰਡੀ ਬੋਰਡ ਦੀ ਟੀਮ ਨੇ 20 ਓਵਰਾਂ ਵਿੱਚ 6 ਵਿਕਟਾਂ ਦੇ ਨੁਕਸਾਨ ਤੇ 157 ਦੌੜਾਂ ਬਣਾਇਆਂ ਅਤੇ ਉੱਤਰਾਖੰਡ ਮੰਡੀ ਬੋਰਡ ਨੂੰ 158 ਦੌੜਾਂ ਦਾ ਟੀਚਾ ਦਿੱਤਾ। ਟੀਚੇ ਦਾ ਪਿੱਛਾ ਕਰਦਿਆਂ ਉੱਤਰਾਖੰਡ ਮੰਡੀ ਬੋਰਡ ਦੀ ਟੀਮ 20 ਓਵਰਾਂ ਵਿੱਚ 9 ਵਿਕਟਾਂ ਦੇ ਨੁਕਸਾਨ ਨਾਲ 118 ਦੌੜਾਂ ਹੀ ਬਣਾ ਸਕੀ। ਪੰਜਾਬ ਮੰਡੀ ਬੋਰਡ ਨੇ ਇਹ ਮੈਚ 39 ਦੌੜਾਂ ਨਾਲ ਜਿੱਤ ਲਿਆ।

# ਪੀਰ ਬਾਬਾ ਮਖਤੂਮ ਸ਼ਾਹ ਦੀ ਯਾਦ 'ਚ ਸਾਲਾਨਾ ਸੱਭਿਆਚਾਰਕ ਮੇਲਾ

**ਅੱਡਾ ਸਰਾਂ (ਜਸਵੀਰ ਕਾਜਲ)**

ਪਿੰਡ ਚੌਟਾਲਾ ਸਥਿਤ ਦਰਗਾਹ ਬਾਬਾ ਪੀਰ ਮਖਤੂਮ ਸ਼ਾਹ ਵਿਖੇ ਸਾਲਾਨਾ ਸੱਭਿਆਚਾਰਕ ਮੇਲਾ ਸ਼ਰਧਾ ਨਾਲ ਕਰਵਾਇਆ ਗਿਆ, ਜਿਸ ਵਿੱਚ ਸ਼ਰਧਾਲੂਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ।ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਸੁੱਚਾ ਸਿੰਘ ਲੱਡੂ, ਸੇਵਾਦਾਰ ਬਾਬਾ ਬਿੰਦ, ਸੁਲਿੰਦਰ ਕੁਮਾਰ, ਕੁਲਦੀਪ ਕੁਮਾਰ ਗ੍ਰਾਮ ਪੰਚਾਇਤ ਚੌਟਾਲਾ ਤੇ ਪਿੰਡ ਗੋਰਾਇਆਂ ਦੀ ਦੇਖ-ਰੇਖ ਹੇਠ ਪ੍ਰਵਾਸੀ ਪੰਜਾਬੀ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਕਰਵਾਏ ਗਏ ਇਸ ਮੇਲੇ ਦਾ ਉਦਘਾਟਨ ਸੀਨੀਅਰ ਕਾਂਗਰਸੀ ਆਗੂ ਜਸਵੰਤ ਸਿੰਘ ਚੌਟਾਲਾ ਨੇ ਕੀਤਾ। ਮੇਲੇ ਦੌਰਾਨ ਪ੍ਰਬੰਧਕਾਂ ਨੇ ਚਾਦਰ ਚੜ੍ਹਾਉਣ, ਦੀਵਾ ਜਗਾਉਣ ਤੇ ਝੰਡਾ ਲਹਿਰਾਉਣ ਦੀ ਰਸਮ ਨਿਭਾਈ।ਪੰਜਾਬੀ ਕਲਾਕਾਰ ਸੰਗਰਾਮ ਹੰਜਰਾ, ਗਾਇਕ ਮਨੋਜ ਚੌਟਾਲੀਆ, ਅਸ਼ਰਫ ਸਾਬਰੀ ਦੇ ਕੱਵਾਲਾਂ ਨੇ ਸੂਫੀਆਨਾ ਕਲਾਮ ਤੇ ਸੱਭਿਆਚਾਰਕ ਗੀਤਾਂ ਨਾਲ ਦਰਸ਼ਕਾਂ ਦਾ ਮਨੋਰੰਜਨ ਕੀਤਾ।ਇਸ ਮੌਕੇ ਐਡਵੋਕੇਟ ਗੁਰਵੀਰ ਸਿੰਘ ਚੌਟਾਲਾ, ਸਰਪੰਚ ਗੁਰਨਾਮ ਸਿੰਘ, ਸਮੂਹ ਗ੍ਰਾਮ ਪੰਚਾਇਤ ਚੌਟਾਲਾ, ਮਾਸਟਰ ਤਰਸੇਮ ਸਿੰਘ, ਸਾਬਕਾ ਸਰਪੰਚ ਅਮਰੀਕ ਸਿੰਘ, ਜਸਵਿੰਦਰ ਸਿੰਘ, ਗੁਰਭੇਜ ਸਿੰਘ, ਸੰਦੀਪ ਸਿੰਘ, ਅਜੇ, ਮਨਦੀਪ, ਆਸ਼ੂ, ਮਾਸਟਰ ਪ੍ਰਿਤਪਾਲ ਸਿੰਘ ਹੁੰਦਲ, ਸ਼ਰਨਜੀਤ ਸਿੰਘ ਹੁੰਦਲ, ਮਲਕੀਤ ਸਿੰਘ, ਚਰਨਜੀਤ ਕੁਮਾਰ, ਰਾਜੂ, ਲਾਡੀ, ਇਕਬਾਲ ਸਿੰਘ, ਹਰਜੀਤ ਸਿੰਘ, ਕੁਲਦੀਪ ਕੀਪਾ ਆਦਿ ਨੇ ਸ਼ਿਰਕਤ ਕੀਤੀ।ਇਸੇ ਤਰ੍ਹਾਂ ਪਿੰਡ ਗੋਰਾਇਆ ਤੋਂ ਨੌਜਵਾਨ ਸਭਾ ਦੇ ਮੈਂਬਰਾਂ ਨੇ ਲੰਗਰ ਵਰਤਾਇਆ ਜਿਸ ਵਿੱਚ ਰਿਟਾਇਰਡ ਥਾਣੇਦਾਰ ਅਮਰਜੀਤ ਸਿੰਘ, ਸਤਨਾਮ ਸਿੰਘ ਸਰਬਜੀਤ ਸਿੰਘ ਸਾਬੀ, ਕੈਪਟਨ ਮੋਹਣ ਸਿੰਘ, ਅਮਰੀਕ ਸਿੰਘ, ਪਰਮਜੀਤ ਸਿੰਘ ਗੋਗੋ,ਲਵਪ੍ਰੀਤ ਸਿੰਘ, ਪਵਨ ਸਿੰਘ ਪ੍ਰਭਜੋਤ ਸਿੰਘ, ਦਿਲਪ੍ਰੀਤ ਸਿੰਘ, ਹਰਜਿੰਦਰ ਸਿੰਘ ਦੋਲੋਵਾਲ ਅਤੇ ਹੋਰ ਸੰਗਤਾਂ ਨੇ ਅਲੱਗ ਅਲੱਗ ਸੇਵਾ ਨਿਭਾਈਆਂ।



# ਵਿਦਿਆਰਥੀਆਂ ਨੇ ਭਾਰਤ-ਅਫਗਾਨਿਸਤਾਨ ਟੈਸਟ ਮੈਚ ਦਾ ਲਿਆ ਆਨੰਦ



**ਬਲਾਚੌਰ (ਜਸਵਿੰਦਰ ਬੈਂਸ)**-ਦ ਨੋਰਵੁਡ ਸਕੂਲ ਚਾਹਲ ਨੇ ਨਵਾਂ ਸ਼ਹਿਰ ਡਿਸਟ੍ਰਿਕਟ ਕ੍ਰਿਕਟ ਐਸੋਸੀਏਸ਼ਨ ਦੇ ਸਹਿਯੋਗ ਨਾਲ ਵਿਦਿਆਰਥੀਆਂ ਲਈ ਇੱਕ ਵਿਸ਼ੇਸ਼ ਸਿਖਿਆਤਮਕ ਅਤੇ ਪ੍ਰੇਰਨਾਦਾਇਕ ਕ੍ਰਿਕਟ ਦੌਰੇ ਦਾ ਆਯੋਜਨ ਕੀਤਾ। ਇਸ ਦੌਰੇ ਦੌਰਾਨ ਵਿਦਿਆਰਥੀਆਂ ਨੂੰ ਮਹਾਰਾਜਾ ਯਾਦਵਿੰਦਰ ਸਿੰਘ ਇੰਟਰਨੈਸ਼ਨਲ ਕ੍ਰਿਕਟ ਸਟੇਡੀਅਮ ਵਿੱਚ ਖੇਡੇ ਗਏ ਇਤਿਹਾਸਕ ਭਾਰਤ-ਅਫਗਾਨਿਸਤਾਨ ਟੈਸਟ ਮੈਚ ਦੇ ਤੀਜੇ ਦਿਨ ਨੂੰ ਦੇਖਣ ਦਾ ਮੌਕਾ ਮਿਲਿਆ।ਵਿਦਿਆਰਥੀਆਂ ਨੇ ਅੰਤਰਰਾਸ਼ਟਰੀ ਪੱਧਰ ਦੀ ਕ੍ਰਿਕਟ ਨੂੰ ਨੇੜੇ ਤੋਂ ਦੇਖਿਆ ਅਤੇ ਭਾਰਤੀ ਕ੍ਰਿਕਟ ਦੇ ਇਤਿਹਾਸਕ ਪਲ ਦੇ ਗਵਾਹ ਬਣੇ, ਜਦੋਂ ਭਾਰਤ ਦੀ ਨੈਸ਼ਨਲ ਕ੍ਰਿਕਟ ਟੀਮ ਨੇ ਅਫ਼ਗਾਨਿਸਤਾਨ ਨੈਸ਼ਨਲ ਕ੍ਰਿਕਟ ਟੀਮ ਨੂੰ ਇੱਕ ਪਾਰੀ ਅਤੇ 300 ਦੌੜਾਂ ਨਾਲ ਹਰਾ ਕੇ ਆਪਣੀ ਸਭ ਤੋਂ ਵੱਡੀ ਟੈਸਟ ਜਿੱਤ ਦਰਜ ਕੀਤੀ।ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਖੇਡਾਂ ਪ੍ਰਤੀ ਰੁਚੀ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਉੱਚ ਪੱਧਰੀ ਖੇਡ ਮੁਕਾਬਲਿਆਂ ਤੋਂ ਪ੍ਰੇਰਿਤ ਕਰਨਾ ਸੀ। ਮੈਚ ਦੌਰਾਨ ਵਿਦਿਆਰਥੀਆਂ ਨੇ ਖਿਡਾਰੀਆਂ ਦੀ ਅਨੁਸ਼ਾਸਨ, ਮਿਹਨਤ, ਟੀਮ ਵਰਕ ਅਤੇ ਖੇਡ ਭਾਵਨਾ ਨੂੰ ਨੇੜੇ ਤੋਂ ਦੇਖਿਆ ਅਤੇ ਉਨ੍ਹਾਂ ਤੋਂ ਮਹੱਤਵਪੂਰਨ ਸਿੱਖਿਆ ਪ੍ਰਾਪਤ ਕੀਤੀ।ਸਕੂਲ ਪ੍ਰਬੰਧਕਾਂ ਨੇ ਇਸ ਮੌਕੇ 'ਤੇ ਨਵਾਂਸ਼ਹਿਰ ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਦਾ ਧੰਨਵਾਦ ਕੀਤਾ, ਜਿਨ੍ਹਾਂ ਦੇ ਸਹਿਯੋਗ ਨਾਲ ਇਹ ਯਾਦਗਾਰ ਦੌਰਾ ਸੰਭਵ ਹੋ ਸਕਿਆ।

# 10 ਦਿਨਾ ਗੁਰਮਤਿ ਸਿਖਲਾਈ ਕੈਂਪ ਸੰਪੰਨ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦਸਮੇਸ਼ ਨਗਰ ਟਾਂਡਾ ਵਿਖੇ ਮੌਜੂਦਾ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਬੱਚਿਆਂ ਨੂੰ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪਵਿੱਤਰ ਬਾਣੀ ਦੇ ਨਾਲ ਜੋੜਨ ਦੇ ਮੰਤਵ ਨੂੰ ਮੁੱਖ ਰੱਖਦਿਆਂ ਲਗਾਇਆ ਗਿਆ 10 ਦਿਨਾਂ ਗੁਰਮਤਿ ਸਿਖਲਾਈ ਕੈਂਪ ਸਰਬੱਤ ਦੇ ਭਲੇ ਦੀ ਅਰਦਾਸ ਨਾਲ ਸਫਲਤਾ ਪੂਰਵਕ ਸੰਪਨ ਹੋ ਗਿਆ। ਭਾਈ ਧਰਮ ਸਿੰਘ ਸੰਗੀਤ ਅਕੈਡਮੀ ਟਾਂਡਾ ਵੱਲੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਗੁਰੂ ਸਿੰਘ ਸਭਾ ਦਸ਼ਮੇਸ਼ ਨਗਰ ਟਾਂਡਾ ਤੇ ਬਾਬਾ ਜੋਰਾਵਰ ਸਿੰਘ ਦੇ ਸਹਿਯੋਗ ਨਾਲ 1 ਜੂਨ ਤੋਂ ਆਰੰਭ ਕੀਤੇ ਕੈਂਪ ਦੇ ਦੌਰਾਨ ਭਾਗ ਲੈਣ ਵਾਲੇ ਕਰੀਬ 60 ਤੋਂ ਉੱਪਰ ਵਿਦਿਆਰਥੀਆਂ ਨੂੰ ਭਾਈ ਧਰਮ ਸਿੰਘ ਸੰਗੀਤ ਅਕੈਡਮੀ ਦੇ ਮੁੱਖ ਦੇ ਮੁੱਖ ਪ੍ਰਚਾਰਕ ਗਿਆਨੀ ਕੇਵਲ ਸਿੰਘ, ਧਾਰਮਿਕ ਟੀਚਰ ਹਰਵਿੰਦਰ ਕੌਰ, ਧਾਰਮਿਕ ਟੀਚਰ ਲਖਵਿੰਦਰ ਸਿੰਘ, ਭਾਈ ਜਗਮੋਹਨ ਸਿੰਘ ਵੱਲੋਂ ਲਗਾਤਾਰ 10 ਦਿਨ ਗੁਰਬਾਣੀ ਸੰਥਿਆ, ਹਾਰਮੋਨੀਅਮ ਤੇ ਤਬਲੇ ਦੀ ਸਿਖਲਾਈ ਦੇਣ ਤੋਂ ਇਲਾਵਾ ਤੇ ਗੁਰਮਤਿ ਰਹਿਤ ਮਰਿਆਦਾ ਤੇ ਸਿੱਖ ਕੌਮ ਦੇ ਕੁਰਬਾਨੀਆਂ ਭਰੇ ਇਤਿਹਾਸ ਤੋਂ ਜਾਣੂ ਕਰਵਾਇਆ।ਕੈਂਪ ਦੌਰਾਨ ਹੀ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਧਾਰਮਿਕ ਪ੍ਰੀਖਿਆ ਵੀ ਕਰਵਾਈ ਗਈ ਅਤੇ ਅੱਜ ਕੈਂਪ ਦੀ ਸਮਾਪਤੀ ਸਮੇਂ ਪਹਿਲੇ, ਦੂਸਰੇ ਤੇ ਤੀਸਰੇ ਸਥਾਨ ਤੇ ਰਹਿਣ ਵਾਲੇ ਵਿਦਿਆਰਥੀਆਂ ਤੋਂ ਇਲਾਵਾ ਭਾਗ ਲੈਣ ਵਾਲੇ ਸਾਰੇ ਹੀ ਬੱਚਿਆਂ ਦਾ ਪ੍ਰਵਾਸੀ ਭਾਰਤੀ ਭਾਈ ਜਸਵੀਰ ਸਿੰਘ ਕਨੇਡਾ ਤੇ ਮਾਤਾ ਭਾਗ ਕੌਰ ਸੇਵਾ ਸੋਸਾਇਟੀ ਦਸ਼ਮੇਸ਼ ਨਗਰ ਟਾਂਡਾ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਕੈਂਪ ਦੀ ਸਮਾਪਤੀ ਤੇ ਲਗਾਤਾਰ 10 ਦਿਨ ਸਿਖਲਾਈ ਦੇਣ ਵਾਲੇ ਮੁੱਖ ਪ੍ਰਬੰਧਕ ਗਿਆਨੀ ਕੇਵਲ ਸਿੰਘ, ਧਾਰਮਿਕ ਟੀਚਰ ਹਰਵਿੰਦਰ ਕੌਰ, ਭਾਈ ਜਗਮੋਹਨ ਸਿੰਘ ਤੇ ਲਖਵਿੰਦਰ ਸਿੰਘ ਦਾ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼੍ਰੀ ਗੁਰੂ ਸਿੰਘ ਸਭਾ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਕੈਂਪ ਦੀ ਸੰਪੂਰਨਤਾਈ ਤੇ ਭਾਈ ਸੁਰਜੀਤ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਪ੍ਰਧਾਨ ਭਾਈ ਗੁਰਦੀਪ ਸਿੰਘ, ਸਕੱਤਰ ਭਾਈ ਸੁਰਜੀਤ ਸਿੰਘ, ਖਜਾਨਚੀ ਭਾਈ ਦਵਿੰਦਰ ਸਿੰਘ, ਭਾਈ ਸਰਬਜੀਤ ਸਿੰਘ, ਭਾਈ ਮਨਜੀਤ ਸਿੰਘ ਪੁਨੇ ਵਾਲੇ, ਭਾਈ ਮਨਜੀਤ ਸਿੰਘ ਲਾਡੀ, ਭਾਈ ਬਚਿੱਤਰ ਸਿੰਘ, ਭਾਈ ਜਗਮੋਹਨ ਸਿੰਘ, ਅਰਸ਼ਦੀਪ ਸਿੰਘ, ਭਾਈ ਹਰਵਿੰਦਰ ਸਿੰਘ, ਸਰਬਜੀਤ ਸਿੰਘ, ਅਤੇ ਬਾਬਾ ਜੋਰਾਵਰ ਸਿੰਘ ਸਭਾ ਦੇ ਸਾਰੇ ਮੈਂਬਰ ਵੀ ਹਾਜ਼ਰ ਸਨ।

# ਜਮ੍ਹਾਂਖੋਰੀ ਤੇ ਕਾਲਾਬਾਜ਼ਾਰੀ ਕਰਨ ਵਾਲਿਆਂ ਵਿਰੁੱਧ ਹੋਵੇਗੀ ਸਖ਼ਤ ਕਾਰਵਾਈ : ਰਾਣਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**-ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਆਮ ਸਿੰਘ ਰਾਣਾ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਆਉਣ ਵਾਲੀਆਂ ਖ਼ਰੀਫ਼ ਦੀਆਂ ਫ਼ਸਲਾਂ ਲਈ ਸੂਬੇ ਵਿੱਚ ਖਾਦ ਦੀ ਕੋਈ ਕਮੀ ਨਹੀਂ ਹੋਣੀ ਚਾਹੀਦੀ। ਉਨ੍ਹਾਂ ਨੇ ਕਿਹਾ ਕਿ ਸੀਜ਼ਨ ਸ਼ੁਰੂ ਹੋਣ ਤੋਂ ਪਹਿਲਾਂ ਹੀ ਖਾਦ ਦੇ ਲੋੜੀਂਦੇ ਸਟਾਕ ਅਤੇ ਵੰਡ ਦੇ ਸਾਰੇ ਪ੍ਰਬੰਧ ਸਮਾਂ ਰਹਿੰਦੇ ਪੂਰੇ ਕਰ ਲਏ ਜਾਣ ਤਾਂ ਜੋ ਕਿਸਾਨਾਂ ਨੂੰ ਲਾਈਨਾਂ ਵਿੱਚ ਨਾ ਲੱਗਣਾ ਪਵੇ ਅਤੇ ਨਾ ਹੀ ਕਿਸੇ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਵੇ।ਚੰਡੀਗੜ੍ਹ ਸਥਿਤ ਆਪਣੇ ਦਫ਼ਤਰ ਵਿੱਚ ਖੇਤੀਬਾੜੀ ਮੰਤਰੀ ਸ਼ਿਆਮ ਸਿੰਘ ਰਾਣਾ ਦੀ ਪ੍ਰਧਾਨਗੀ ਹੇਠ ਇੱਕ ਉੱਚ ਪੱਧਰੀ ਸਮੀਖਿਆ ਮੀਟਿੰਗ ਕੀਤੀ ਗਈ। ਕਿਸਾਨਾਂ ਦੇ ਸ਼ੋਸ਼ਣ ਨੂੰ ਰੋਕਣ ਲਈ ਖੇਤੀਬਾੜੀ ਮੰਤਰੀ ਨੇ ਅਧਿਕਾਰੀਆਂ ਨੂੰ ਫੀਲਡ ਵਿੱਚ ਸਖ਼ਤ ਨਿਗਰਾਨੀ ਰੱਖਣ ਦੇ ਹੁਕਮ ਦਿੱਤੇ ਹਨ। ਉਨ੍ਹਾਂ ਨੇ ਸਾਫ਼ ਸ਼ਬਦਾਂ ਵਿੱਚ ਚੇਤਾਵਨੀ ਦਿੰਦਿਆਂ ਕਿਹਾ ਕਿ ਸੂਬੇ ਵਿੱਚ ਖਾਦ ਦੀ ਜਮ੍ਹਾਂਖੋਰੀ ਅਤੇ ਕਾਲਾਬਾਜ਼ਾਰੀ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਵਿਭਾਗ ਦੇ ਅਧਿਕਾਰੀ ਖਾਦ ਵਿਕਰੇਤਾਵਾਂ ਦੇ ਸਟਾਕ ਦੀ ਨਿਯਮਤ ਜਾਂਚ ਕਰਨ। ਜੇਕਰ ਕੋਈ ਵੀ ਦੁਕਾਨਦਾਰ ਜਾਂ ਡੀਲਰ ਇਸ ਮਾਮਲੇ ਵਿੱਚ ਦੋਸ਼ੀ ਜਾਂ ਲਿਪਤ ਪਾਇਆ ਜਾਂਦਾ ਹੈ, ਤਾਂ ਉਸ ਖ਼ਿਲਾਫ਼ ਤੁਰੰਤ ਪ੍ਰਭਾਵ ਤੋਂ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇ।

# ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਸਿਟੀ ਮੰਡਲ ਹੁਸ਼ਿਆਰਪੁਰ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਖੁਸ਼ੀ ਰਾਮ ਧੀਮਾਨ ਪ੍ਰਧਾਨ ਸ਼ਹਿਰੀ ਮੰਡਲ ਹੁਸ਼ਿਆਰਪੁਰ ਦੀ ਪ੍ਰਧਾਨਗੀ ਵਿੱਚ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸ਼੍ਰੀ ਖੁਸ਼ੀ ਰਾਮ ਧੀਮਾਨ ਨੇ ਕਿਹਾ ਕਿ ਸਰਕਾਰ ਮੁਲਾਜ਼ਮ ਯੂਨੀਅਨਾਂ ਅਤੇ ਪੈਨਸ਼ਨਰਜ਼ ਐਸੋਸੀਏਸ਼ਨਾਂ ਦੇ ਆਗੂਆਂ ਨਾਲ ਮੀਟਿੰਗ ਕਰਕੇ ਮੰਗਾਂ ਦਾ ਨਿਪਟਾਰਾ ਕਰੇ। ਬਹੁਤ ਲੰਮੇ ਸਮੇਂ ਤੋਂ ਪੈਂਡਿੰਗ ਪਈਆਂ ਮੰਗਾਂ ਨੂੰ ਲਾਗੂ ਨਹੀਂ ਕੀਤਾ ਜਾ ਰਿਹਾ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਮਨਧੀਰ ਸਿੰਘ, ਜੈਦੇਵ, ਰੋਸ਼ਨ ਲਾਲ, ਹਰਿੰਦਰ ਸਿੰਘ, ਸਤਪਾਲ ਸਿੰਘ, ਮਹਿੰਦਰ ਸਿੰਘ, ਸੰਤੋਸ਼ ਕੁਮਾਰ, ਦੀਦਾਰ ਸਿੰਘ, ਗੁਰਮੇਲ ਸਿੰਘ, ਨਿਰਮਲ ਸਿੰਘ, ਰੋਸ਼ਨ ਲਾਲ, ਚਰਨਦਾਸ ਸਿੰਘ, ਗੁਰਮੰਤਰ ਪਾਲ ਸਿੰਘ ਨੇ ਕਿਹਾ ਕਿ ਸਰਕਾਰ ਮੁਲਾਜ਼ਮ ਯੂਨੀਅਨਾਂ ਨਾਲ ਗੱਲਬਾਤ ਕਰਕੇ ਸਾਰੀਆਂ ਮੰਗਾਂ ਨੂੰ ਲਾਗੂ ਕਰੇ। ਆਗੂਆਂ ਨੇ ਮੰਗ ਕੀਤੀ ਕਿ 1-1-16 ਤੋਂ ਪਹਿਲੇ ਰਿਟਾਇਰ ਹੋਏ ਕਰਮਚਾਰੀਆਂ ਨੂੰ ਏਰੀਅਰ ਯਕਮੁਸ਼ਤ ਦਿੱਤਾ ਜਾਵੇ, 1-1-16 ਤੋਂ ਬਾਅਦ ਰਿਟਾਇਰ ਹੋਏ ਕਰਮਚਾਰੀਆਂ ਸਾਡੇ ਨਾਲ ਨੂੰ ਲੀਵ ਇਨ ਕੈਸ਼ਮੈਂਟ ਅਤੇ ਏਰੀਅਰ ਯਕਮੁਸ਼ਤ ਦਿੱਤਾ ਜਾਏ, ਮਹਿੰਗਾਈ ਭੱਤਾ ਕੇਂਦਰ ਸਰਕਾਰ ਦੇ ਮੁਲਾਜ਼ਮਾਂ ਦੇ ਬਰਾਬਰ ਦਿੱਤਾ ਜਾਏ, ਮੈਡੀਕਲ ਭੱਤਾ 2000/- ਰੁਪਏ ਪ੍ਰਤੀ ਮਹੀਨਾ ਕੀਤਾ ਜਾਵੇ ਤੇ ਮੈਡੀਕਲ ਕੈਸ਼ਲੈਸ ਸਕੀਮ ਲਾਗੂ ਕੀਤੀ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਏ, ਸੀ ਐੱਚ ਬੀ ਅਤੇ ਆਊਟ ਸੋਰਸ ਕਰਮਚਾਰੀ ਤੁਰੰਤ ਪੱਕੇ ਕੀਤੇ ਜਾਣ ਦੀ ਮੰਗ ਕੀਤੀ।



# ਅਕਾਲੀ ਦਲ (ਅੰਮ੍ਰਿਤਸਰ) ਨੇ ਤਹਿਸੀਲਦਾਰ ਨੂੰ ਸੌਂਪਿਆ ਯਾਦ ਪੱਤਰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਹਿਮਾਚਲ ਵਿਚ ਯਾਤਰਾ ਕਰਨ ਗਏ ਸਿੱਖ ਨੌਜਵਾਨਾਂ ਨਾਲ ਕੁਝ ਹਿਮਾਚਲੀ ਨੌਜਵਾਨਾਂ ਨੇ ਗੱਡੀ ਵਿਚ ਸਫਰ ਕਰ ਰਹੇ 4 ਸਿੱਖ ਨੌਜਵਾਨਾਂ ਨੂੰ ਘੇਰਕੇ ਬਹੁਤ ਹੀ ਬੇਰਹਿਮੀ ਤੇ ਗੈਰ ਇਨਸਾਨੀਅਤ ਢੰਗ ਨਾਲ ਕੁੱਟਮਾਰ ਹੀ ਨਹੀ ਕੀਤੀ ਬਲਕਿ ਇਨ੍ਹਾਂ ਸਿੱਖ ਨੌਜਵਾਨਾਂ ਦੀਆਂ ਦਸਤਾਰਾਂ ਦਾ ਅਪਮਾਨ ਵੀ ਕੀਤਾ ਗਿਆ । ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਸੁੱਖੂ ਸਰਕਾਰ ਅਤੇ ਡੀ ਜੀ ਪੀ ਹਿਮਾਚਲ ਨੂੰ ਦੋਸ਼ੀਆਂ ਵਿਰੁੱਧ ਕਾਨੂੰਨੀ ਕਾਰਵਾਈ ਕਰਵਾਉਣ ਲਈ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਸੰਦੀਪ ਸਿੰਘ ਖਾਲਸਾ ਟਾਂਡਾ, ਗੁਰਦੀਪ ਸਿੰਘ ਖੁਣਖੁਣ, ਨੋਵਲਜੀਤ ਸਿੰਘ ਬੁੱਲੋਵਾਲ, ਗੁਰਨਾਮ ਸਿੰਘ ਸਿੰਗੜੀਵਾਲਾ, ਨਿਹੰਗ ਸੁਰਜਨ ਸਿੰਘ ਦੀ ਅਗਵਾਈ ਹੇਠ ਇੱਕ ਜਥਾ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਹੁਸ਼ਿਆਰਪੁਰ ਤੋਂ ਰਵਾਨਾ ਹੋ ਕੇ ਪੰਜਾਬ ਹਿਮਾਚਲ ਬਾਰਡਰ ਜਾ ਕੇ ਇੱਕ ਯਾਦ ਪੱਤਰ ਗਗਰੇਟ ਦੇ ਤਹਿਸੀਲਦਾਰ ਕੁਲਤਾਜ ਸਿੰਘ ਨੂੰ ਸੌਂਪਿਆ। ਉਹਨਾਂ ਕਿਹਾ ਕਿ ਜੇਕਰ ਦੋਸ਼ੀਆਂ ਖਿਲਾਫ ਪਰਚਾ ਦਰਜ ਨਾ ਕੀਤਾ ਜਲਦ ਹੀ ਵੱਡਾ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਸਮੇਂ ਪਰਮਜੀਤ ਸਿੰਘ ਮਿੰਟੂ, ਅਮਨਦੀਪ ਸਿੰਘ ਸਨੀ, ਹਰਮਨਜੋਤ ਸਿੰਘ, ਬੂਟਾ ਸਿੰਘ ਸਿੰਗੜੀਵਾਲਾ, ਅਮਰਜੀਤ ਸਿੰਘ ਗੋਕਲ ਨਗਰ, ਗੁਰਜੀਤ ਸਿੰਘ ਪ੍ਰਿੰਸ, ਗੌਰਵ ਮੱਲ, ਵੀਰ ਸਿੰਘ ਬੋਲੋਵਾਲ, ਪਾਰਸ, ਜਸਰਾਜ ਸਿੰਘ ਆਦਿ ਹਾਜ਼ਰ ਸਨ।



## 4 ਕਰੋੜ ਦੀ ਲਾਗਤ ਨਾਲ ਚੌਰਵਾਲਾ ਬਿਜਲੀ ਗਰਿੱਡ ਹੋਇਆ ਅਪਗਰੇਡ : ਰਾਏ



ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਹਲਕਾ ਫਤਿਹਗੜ੍ਹ ਸਾਹਿਬ ਦੇ ਅਧੀਨ ਆਉਂਦੇ ਪਿੰਡ ਚੌਰਵਾਲਾ ਦਾ ਬਿਜਲੀ ਗਰਿੱਡ 4 ਕਰੋੜ ਰੁਪਏ ਦੀ ਲਾਗਤ ਨਾਲ ਅਪਗ੍ਰੇਡ ਕੀਤਾ ਗਿਆ ਹੈ, ਜੋ ਆਉਣ ਵਾਲੇ 10 ਸਾਲਾਂ ਤੱਕ ਓਵਰਲੋਡ ਨਹੀਂ ਹੋਵੇਗਾ।ਇਹ ਪ੍ਰਗਟਾਵਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਸੰਬੋਧਨ ਕਰਦਿਆਂ ਦੱਸਿਆ ਕਿ ਜਿਵੇਂ ਜਿਵੇਂ ਆਬਾਦੀ ਵਧਦੀ ਜਾ ਰਹੀ ਹੈ ਉਵੇਂ ਹੀ ਬਿਜਲੀ ਦੀ ਖਪਤ ਵੀ ਵੱਧ ਰਹੀ ਹੈ।ਪਿਛਲੇ ਸਮੇਂ ਦੇ ਮੁਕਾਬਲੇ ਹੁਣ ਲੋਕੀਂ ਜ਼ਿਆਦਾ ਬਿਜਲੀ ਦੀ ਵਰਤੋਂ ਕਰ ਰਹੇ ਹਨ, ਇਸ ਦੇ ਨਾਲ ਹੀ ਬਿਜਲੀ ਦੀ ਖਪਤ ਵੀ ਵਧਦੀ ਜਾ ਰਹੀ ਹੈ।ਮਾਨਯੋਗ ਮੁੱਖ ਮੰਤਰੀ ਭਗਵੰਤ ਮਾਨ ਦੀ ਦੂਰਅੰਦੇਸ਼ੀ ਸੋਚ ਦੇ ਸਦਕਾ ਆਮ ਲੋਕਾਂ ਨੂੰ ਪੂਰੀ ਬਿਜਲੀ ਸਪਲਾਈ ਮੁਹੱਈਆ ਕਰਵਾਈ ਜਾ ਰਹੀ ਹੈ, ਤਾਂ ਜੋ ਆਮ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਨਾ ਹੋਵੇ।ਅਜਿਹੇ ਵਿੱਚ ਹੀ ਚੌਰਵਾਲਾ ਬਿਜਲੀ ਗ੍ਰਿਡ ਨੂੰ ਸਾਢੇ ਤਿੰਨ ਕਰੋੜ ਰੁਪਏ ਦੀ ਲਾਗਤ ਦੇ ਨਾਲ ਅਪਗ੍ਰੇਡ ਕੀਤਾ ਗਿਆ ਹੈ, ਜਿਸ ਦੇ ਨਤੀਜੇ ਵਜੋਂ ਆਉਣ ਵਾਲੇ 10 ਸਾਲਾਂ ਤੱਕ ਉਕਤ ਗਰਿਡ ਓਵਰਲੋਡ ਨਹੀਂ ਹੋਵੇਗਾ।ਆਮ ਲੋਕਾਂ ਨੂੰ ਸੁਖਾਵੇਂ ਮਾਹੌਲ ਦੇ ਵਿੱਚ ਬਿਜਲੀ ਸਪਲਾਈ ਦਿੱਤੀ ਜਾ ਸਕੇਗੀ।ਇਸ ਦੇ ਨਾਲ ਹੀ ਬਰਕਤਪੁਰ ਫੀਡਰ ਅਤੇ ਸਰਾਣਾ ਫੀਡਰ ਬਣਾਏ ਗਏ ਹਨ ਤਾਂ ਜੋ ਆਮ ਲੋਕਾਂ ਨੂੰ ਬਿਜਲੀ ਸਪਲਾਈ ਮੁਹੱਈਆ ਕਰਵਾਈ ਜਾ ਸਕੇ।ਉਕਤ ਕਾਰਜ ਨੂੰ ਪੂਰਾ ਕਰਨ ਦੇ ਲਈ 50 ਲੱਖ ਰੁਪਏ ਦਾ ਖਰਚ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਝੋਨੇ ਦੇ ਸੀਜ਼ਨ ਨੂੰ ਦੇਖਦਿਆਂ ਜਿੱਥੇ ਪੂਰੀ ਬਿਜਲੀ ਸਪਲਾਈ ਦਿੱਤੀ ਜਾ ਰਹੀ ਹੈ, ਉਥੇ ਹੀ ਵੱਧ ਰਹੀ ਗਰਮੀ ਦੇ ਕਾਰਨ ਘਰਾਂ ਦੀ ਖਪਤ ਵੀ ਵਧ ਗਈ ਹੈ।ਪੰਜਾਬ ਸਰਕਾਰ ਤਪਦੀ ਗਰਮੀ ਦੇ ਵਿੱਚ ਵੀ ਆਮ ਲੋਕਾਂ ਨੂੰ ਪੂਰੀ ਜਿਹੜੀ ਸਪਲਾਈ ਦੇਣ ਦੇ ਲਈ ਵਚਨਬੱਧ ਹੈ।ਆਮ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਹੋਰਨਾਂ ਤੋਂ ਇਲਾਵਾ ਐੱਸ. ਸੀ. ਸੁਖਜੀਤ ਸਿੰਘ, ਐਕਸੀਅਨ ਅਮਨਦੀਪ ਸਿੰਘ ਢੀਂਡਸਾ, ਰਾਜਦੀਪ ਰਾਜੂ ਅਰਸ਼ਦੀਪ ਸ਼ਰਮਾ ਕਰਮਜੀਤ ਸਿੰਘ ਜੋਗੀ ਐੱਸਡੀਓ ਦਵਿੰਦਰ ਸਿੰਘ ਆਦਿ ਵੀ ਹਾਜ਼ਰ ਸਨ।

## ਖੁੱਡੀਆਂ ਨੇ ਘਨੌਰ ਮਾਰਕੀਟ ਕਮੇਟੀ ਦੀ ਇਮਾਰਤ ਦਾ ਰੱਖਿਆ ਨੀਂਹ ਪੱਥਰ

### ਘਨੌਰ 'ਚ ਕਿਸਾਨ ਪਰਵਾਰਾਂ ਨੂੰ 86 ਲੱਖ ਦਾ ਆਖਰੀ ਕਿਸ਼ਤ ਦਾ ਮੁਆਵਜ਼ਾ : ਗੁਰਲਾਲ ਘਨੌਰ



ਰਾਜਪੁਰਾ (ਰਮੇਸ਼ ਕਟਾਰੀਆ)-ਪੰਜਾਬ ਸਰਕਾਰ ਵੱਲੋਂ ਕਿਸਾਨਾਂ ਦੀ ਭਲਾਈ ਤੇ ਖੇਤੀਬਾੜੀ ਖੇਤਰ ਦੇ ਵਿਕਾਸ ਲਈ ਕੀਤੇ ਜਾ ਰਹੇ ਯਤਨਾਂ ਤਹਿਤ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ, ਡੇਅਰੀ ਵਿਕਾਸ ਤੇ ਮੱਛੀ ਪਾਲਣ ਮੰਤਰੀ ਸ੍ਰੀ ਗੁਰਮੀਤ ਸਿੰਘ ਖੁੱਡੀਆਂ ਤੇ ਵਿਧਾਇਕ ਸ੍ਰੀ ਗੁਰਲਾਲ ਘਨੌਰ ਨੇ ਅਨਾਜ ਮੰਡੀ ਘਨੌਰ ਵਿਖੇ ਇੱਕ ਵਿਸ਼ੇਸ਼ ਸਮਾਗਮ ਦੌਰਾਨ ਕਿਸਾਨਾਂ ਦੇ 227 ਲਾਭਪਾਤਰੀ ਪਰਵਾਰਾਂ ਨੂੰ ਮੁਆਵਜ਼ੇ ਵਜੋਂ ਲਗਭਗ 86 ਲੱਖ ਰੁਪਏ ਦੀ ਆਖਰੀ ਕਿਸ਼ਤ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ। ਸਮਾਗਮ ਦੌਰਾਨ ਲਾਭਪਾਤਰੀਆਂ ਨੂੰ ਮੁਆਵਜ਼ੇ ਦੇ ਚੈੱਕ ਸੌਂਪੇ ਗਏ ਤੇ ਉਨ੍ਹਾਂ ਦੇ ਖਾਤਿਆਂ ਵਿੱਚ ਰਕਮ ਟਰਾਂਸਫਰ ਕਰਨ ਦੀ ਪ੍ਰਕਿਰਿਆ ਵੀ ਸ਼ੁਰੂ ਕੀਤੀ ਗਈ।ਉਨ੍ਹਾ ਨਾਲ ਚੇਅਰਮੈਨ ਪੰਜਾਬ ਮੰਡੀ ਬੋਰਡ ਹਰਚੰਦ ਸਿੰਘ ਬਰਸਟ, ਚੇਅਰਮੈਨ ਮਾਰਕੀਟ ਕਮੇਟੀ ਜਰਨੈਲ ਸਿੰਘ ਮੰਨੂ, ਚੇਅਰਮੈਨ ਇੰਦਰਜੀਤ ਸਿੰਘ ਸਿਆਲੂ ਵੀ ਮੌਜੂਦ ਸਨ।ਇਸ ਮੌਕੇ ਮਾਰਕੀਟ ਕਮੇਟੀ ਘਨੌਰ ਦੀ ਨਵੀਂ ਇਮਾਰਤ ਦੀ ਉਸਾਰੀ ਲਈ ਨੀਂਹ ਪੱਥਰ ਵੀ ਰੱਖਿਆ ਗਿਆ।ਲਗਭਗ ਦੋ ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੀ ਇਹ ਇਮਾਰਤ ਕਿਸਾਨਾਂ, ਆੜ੍ਹਤੀਆਂ ਤੇ ਹੋਰ ਸਬੰਧਤ ਧਿਰਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਵਿੱਚ ਮਦਦਗਾਰ ਸਾਬਿਤ ਹੋਵੇਗੀ।ਇਸ ਤੋਂ ਇਲਾਵਾ ਖੇਤਰ ਦੇ ਵਿਕਾਸ ਨਾਲ ਸਬੰਧਤ ਹੋਰ ਕਾਰਜਾਂ ਦਾ ਵੀ ਉਦਘਾਟਨ ਕੀਤਾ ਗਿਆ।ਇਸ ਮੌਕੇ ਮੰਤਰੀ ਗੁਰਮੀਤ ਸਿੰਘ ਖੁਡੀਆਂ ਨੇ ਕਿਹਾ ਕਿ ਮੌਜੂਦਾ ਸਰਕਾਰ ਲੋਕ-ਹਿਤੈਸ਼ੀ ਨੀਤੀਆਂ ਨੂੰ ਤਰਜੀਹ ਦੇ ਰਹੀ ਹੈ ਅਤੇ ਹਰ ਵਰਗ ਦੀ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ।ਹਲਕੇ ਦੇ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਮੰਤਰੀ ਖੁੱਡੀਆਂ ਨੇ ਕਿਹਾ ਕਿ ਇਲਾਕੇ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵੱਖ-ਵੱਖ ਪ੍ਰੋਜੈਕਟਾਂ ਉੱਤੇ ਕੰਮ ਕੀਤਾ ਜਾ ਰਿਹਾ ਹੈ।ਖ਼ਾਸ ਤੌਰ 'ਤੇ ਸੜਕਾਂ ਦੇ ਸੁਧਾਰ ਤੇ ਨਵੀਆਂ ਸੜਕਾਂ ਦੀ ਉਸਾਰੀ ਲਈ ਫੰਡਜ਼ ਜਾਰੀ ਕੀਤੇ ਗਏ ਹਨ, ਜਿਸ ਨਾਲ ਪਿੰਡਾਂ ਤੇ ਸ਼ਹਿਰੀ ਖੇਤਰਾਂ ਦੀ ਆਵਾਜਾਈ ਹੋਰ ਸੁਗਮ ਹੋਵੇਗੀ।ਇਸ ਮੌਕੇ ਵਿਧਾਇਕ ਗੁਰਲਾਲ ਘਨੌਰ ਨੇ ਧੰਨਵਾਦ ਕਰਦਿਆਂ ਕਿਹਾ ਕਿ ਹਲਕੇ ਦੇ ਸਰਵਪੱਖੀ ਵਿਕਾਸ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਤੇ ਲੋਕਾਂ ਦੀਆਂ ਮੁੱਢਲੀਆਂ ਲੋੜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਕਿਸਾਨਾਂ ਦੇ 227 ਪਰਵਾਰਾਂ ਨੂੰ ਮੁਆਵਜ਼ੇ ਵਜੋਂ ਲਗਭਗ 86 ਲੱਖ ਰੁਪਏ ਦੀ ਆਖਰੀ ਕਿਸ਼ਤ ਉਨ੍ਹਾਂ ਦੇ ਖਾਤਿਆਂ ਵਿੱਚ ਟਰਾਂਸਫਰ ਕੀਤੀ ਜਾ ਰਹੀ ਹੈ, ਜਿਸ ਨਾਲ ਪ੍ਰਭਾਵਿਤ ਪਰਵਾਰਾਂ ਨੂੰ ਵੱਡੀ ਰਾਹਤ ਮਿਲੇਗੀ।ਇਸ ਮੌਕੇ ਚੰਨਣ ਸਿੰਘ ਜਿਲਾ ਪ੍ਰੀਸ਼ਦ ਮੈਂਬਰ ਸ਼ੰਭੂ ਕਲ੍ਹਾਂ ਕਪਤਾਨ ਸਿੰਘ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਲੋਹ ਸਿੰਬਲ, ਲਖਵੀਰ ਰਾਮ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸੇਹਰਾ, ਸਹਿਜਪਾਲ ਸਿੰਘ ਲਾਡਾ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਨਨਹੇੜਾ, ਸੰਮਤੀ ਮੈਂਬਰ ਗੋਬਿੰਦ ਸਿੰਘ, ਹਰਮੇਲ ਸਿੰਘ, ਕਮਲਜੀਤ ਸਿੰਘ ਆਦਿ ਮੌਜੂਦ ਸਨ।

## ਭਾਸ਼ਾ ਵਿਭਾਗ ਵੱਲੋਂ ਉਰਦੂ ਕੋਰਸ ਦਾ ਨਵਾਂ ਸੈਸ਼ਨ ਜੁਲਾਈ 'ਚ ਹੋਵੇਗਾ ਆਰੰਭ : ਸੰਧੂ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਜ਼ਿਲ੍ਹਾ ਭਾਸ਼ਾ ਅਫ਼ਸਰ ਡਾ.ਜਗਦੀਪ ਸਿੰਘ ਸੰਧੂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹਾ ਭਾਸ਼ਾ ਦਫ਼ਤਰ, ਫ਼ਿਰੋਜ਼ਪੁਰ ਵਿਖੇ ਉਰਦੂ ਆਮੋਜ਼ ਸਿਖਲਾਈ ਕੋਰਸ ਸੈਸ਼ਨ ਜੁਲਾਈ 2026 ਤੋਂ ਦਸੰਬਰ 2026 ਲਈ ਦਾਖ਼ਲਾ ਆਰੰਭ ਹੋ ਚੁੱਕਿਆ ਹੈ, ਇਹ ਕੋਰਸ 6 ਮਹੀਨੇ ਦਾ ਹੈ। ਜਮਾਤ ਦਾ ਸਮਾਂ ਸ਼ਾਮ 5.15 ਵਜੇ ਤੋਂ 6.15 ਵਜੇ ਤੱਕ ਹੋਵੇਗਾ। ਜ਼ਿਲ੍ਹਾ ਭਾਸ਼ਾ ਅਫ਼ਸਰ ਨੇ ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਰਦੂ ਭਾਸ਼ਾ ਸਿੱਖਣ ਦੇ ਚਾਹਵਾਨ 30 ਜੂਨ ਤੱਕ ਦਾਖਲਾ ਫਾਰਮ ਜਮ੍ਹਾ ਕਰਵਾ ਸਕਦੇ ਹਨ। ਇਸ ਕੋਰਸ ਵਿਚ ਦਾਖ਼ਲੇ ਲਈ ਯਕਮੁਸ਼ਤ ਫ਼ੀਸ 500 ਰੁਪਏ ਦੇਣ ਯੋਗ ਹੈ। ਇਹ ਕੋਰਸ ਪੰਜਾਬੀ ਮਾਧਿਅਮ ਨਾਲ ਸਿਖਾਇਆ ਜਾਂਦਾ ਹੈ ਅਤੇ ਇਸ ਵਿਚ ਵਿਦਿਆਰਥੀ ਵਰਗ, ਸਰਕਾਰੀ ਕਰਮਚਾਰੀ, ਰਿਟਾਇਰੀ ਜਾਂ ਆਮ ਨਾਗਰਿਕ ਵੀ ਦਾਖ਼ਲਾ ਲੈ ਸਕਦੇ ਹਨ। ਇਸ ਸਿਖ਼ਲਾਈ ਕੋਰਸ ਲਈ ਕੋਈ ਵੀ ਉਮਰ, ਵਰਗ ਦਾ ਵਿਅਕਤੀ ਅਪਲਾਈ ਕਰ ਸਕਦਾ ਹੈ।

## ਪਟਵਾਰ ਯੂਨੀਅਨ ਨੇ ਲਗਾਈ ਠੰਢੇ-ਮਿੱਠੇ ਜਲ ਦੀ ਛਬੀਲ



ਸਮਰਾਲਾ (ਸੁਰਜੀਤ ਸਿੰਘ)-ਸਥਾਨਕ ਪਟਵਾਰ ਯੂਨੀਅਨ ਤੇ ਕਾਨੂੰਗੋ ਐਸੋਸੀਏਸ਼ਨ ਵੱਲੋਂ ਆਪਣੀਆਂ ਸਮਾਜਿਕ ਗਤੀਵਿਧੀਆਂ ਵਿੱਚ ਵਾਧਾ ਕਰਦੇ ਹੋਏ ਹਰੇਕ ਸਾਲ ਦੀ ਤਰ੍ਹਾਂ ਇਸ ਵਾਰ ਵੀ ਏਥੇ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ ਗਈ।ਪਟਵਾਰ ਯੂਨੀਅਨ ਦੇ ਪ੍ਰਧਾਨ ਰੁਪਿੰਦਰ ਸਿੰਘ ਨੇ ਦੱਸਿਆ ਕਿ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਵੱਲੋਂ ਠੰਢੇ ਮਿੱਠੇ ਜਲ ਦੀ ਛਬੀਲ ਦੀ ਸ਼ੁਰੂਆਤ ਕੀਤੀ ਗਈ ਸੀ, ਉਸੇ ਲੜੀ ਨੂੰ ਮੁੱਖ ਰੱਖਦੇ ਹੋਏ ਪੂਰੇ ਸੰਸਾਰ ਵਿੱਚ ਜੇਠ ਮਹੀਨੇ ਵੱਖ-ਵੱਖ ਥਾਵਾਂ 'ਤੇ ਰਾਹੀਗਰਾਂ ਦੀ ਸਹੂਲਤ ਲਈ ਛਬੀਲਾਂ ਲਗਾਈਆਂ ਜਾਂਦੀਆਂ ਹਨ।ਇਸੇ ਤਹਿਤ ਪਟਵਾਰ ਯੂਨੀਅਨ ਦੇ ਮੈਂਬਰਾਂ ਵੱਲੋਂ ਸਵੇਰ ਤੋਂ ਲੈ ਕੇ ਸ਼ਾਮ ਤੱਕ ਨੈਸ਼ਨਲ ਹਾਈਵੇ 'ਤੇ ਰਾਹੀਗਰਾਂ ਨੂੰ ਠੰਢ-ਮਿੱਠਾ ਜਲ ਛਕਾ ਕੇ ਸੇਵਾ ਕੀਤੀ ਗਈ।ਇਸ ਮੌਕੇ ਸੇਵਾ ਕਰਨ ਵਾਲਿਆਂ ਵਿੱਚ ਕਾਨੂੰਗੋ ਲਵਪ੍ਰੀਤ ਕੌਰ, ਕਾਨੂੰਗੋ ਬਲਰਾਜ ਸਿੰਘ, ਕਾਨੂੰਗੋ ਸੰਦੀਪ ਸਿੰਘ, ਪਟਵਾਰੀ ਰੁਪਿੰਦਰ ਸਿੰਘ, ਪਟਵਾਰੀ ਅਨਮੋਲਜੋਤ ਸਿੰਘ, ਪਟਵਾਰੀ ਅਮਰਿੰਦਰ ਸਿੰਘ, ਪਟਵਾਰੀ ਸਿਮਰਨਜੀਤ ਸਿੰਘ, ਪਟਵਾਰੀ ਗੁਰਪ੍ਰੀਤ ਸਿੰਘ, ਪਟਵਾਰੀ ਪਰਮਿੰਦਰ ਸਿੰਘ, ਪਟਵਾਰੀ ਮਨਮੀਤ ਸਿੰਘ, ਪਟਵਾਰੀ ਰਮਨ ਕੁੰਦਰਾ, ਪਟਵਾਰੀ ਪ੍ਰਭਜੋਤ ਕੌਰ, ਪਟਵਾਰੀ ਮਨਪ੍ਰੀਤ ਸਿੰਘ, ਪਟਵਾਰੀ ਸੁਰੇਸ਼ ਕੁਮਾਰ, ਪਟਵਾਰੀ ਜਸਕਰਨ ਸਿੰਘ, ਪਟਵਾਰੀ ਨਿਤਨ, ਪਟਵਾਰੀ ਅਵਤਾਰ ਸਿੰਘ, ਪਟਵਾਰੀ ਚਮਨ ਲਾਲ ਤੇ ਜੱਗੀ ਰਾਜੇਵਾਲ, ਇੰਦਰਜੀਤ ਦੋਰਾਹਾ, ਮਨਪ੍ਰੀਤ ਮੰਜ਼ਾਲੀਆਂ, ਕਾਲਾ ਉਟਾਲਾਂ, ਜੈ ਮਰਵਾਹਾ ਤੋਂ ਇਲਾਵਾ ਨੰਬਰਦਾਰ ਯੂਨੀਅਨ ਦੇ ਮੈਂਬਰ ਹਾਜ਼ਰ ਸਨ।

## ਵੋਟਰ ਸੂਚੀਆਂ ਦੀ ਸੁਧਾਈ ਤੇ ਨਵੀਆਂ ਵੋਟਾਂ ਬਣਾਉਣ ਸਬੰਧੀ ਦਿੱਤੀ ਜਾਣਕਾਰੀ



ਦੋਰਾਹਾ (ਹਰਮਿੰਦਰ ਸੇਠ)-ਮਜ਼ਬੂਤ ਲੋਕਤੰਤਰ ਅਤੇ ਮਜ਼ਬੂਤ ਵੋਟਰ ਦੇ ਸੰਦੇਸ਼ ਨਾਲ ਹਲਕਾ ਪਾਇਲ ਦੇ ਵੱਖ-ਵੱਖ ਮੰਡਲਾਂ ਦੇ ਬੀਐਲਏ-2 ਅਹੁਦੇਦਾਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਸਾਬਕਾ ਵਿਧਾਇਕ ਲਖਵੀਰ ਸਿੰਘ ਲੱਖਾ ਦੀ ਯੋਗ ਅਗਵਾਈ ਹੇਠ ਆਯੋਜਿਤ ਕੀਤੀ ਗਈ।ਇਸ ਮੌਕੇ ਸ. ਮਨਜੀਤ ਸਿੰਘ ਝੱਲਬੂਟੀ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ।ਮੀਟਿੰਗ ਦੌਰਾਨ ਪਾਇਲ, ਧਮੋਟ ਕਲਾਂ, ਰੌਣੀ, ਮਲੌਦ, ਰਾਮਗੜ੍ਹ ਸਰਦਾਰਾਂ, ਸਿਆੜ, ਘੁਡਾਣੀ ਕਲਾਂ, ਰਾਜਗੜ੍ਹ, ਰਾਮਪੁਰ ਅਤੇ ਦੋਰਾਹਾ ਮੰਡਲਾਂ ਦੇ ਅਹੁਦੇਦਾਰ ਹਾਜ਼ਰ ਰਹੇ।ਇਸ ਮੌਕੇ ਵੋਟਰ ਸੂਚੀਆਂ ਦੀ ਸੁਧਾਈ, ਨਵੀਆਂ ਵੋਟਾਂ ਬਣਾਉਣ ਅਤੇ ਵੋਟਾਂ ਨਾਲ ਸੰਬੰਧਿਤ ਹੋਰ ਲੋੜੀਂਦੀਆਂ ਸੋਧਾਂ ਦੀ ਪ੍ਰਕਿਰਿਆ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਆਗੂਆਂ ਨੇ ਅਹੁਦੇਦਾਰਾਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਹਲਕਾ ਪਾਇਲ ਦਾ ਕੋਈ ਵੀ ਯੋਗ ਵੋਟਰ ਆਪਣੇ ਵੋਟ ਦੇ ਅਧਿਕਾਰ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ।ਉਨ੍ਹਾਂ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਹਰ ਵੋਟ ਮਹੱਤਵਪੂਰਨ ਹੈ ਅਤੇ ਹਰ ਯੋਗ ਵੋਟਰ ਤੱਕ ਪਹੁੰਚਣਾ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।

## ਪੰਜਾਬ 'ਚ ਬਾਹਰਲੇ ਲੋਕਾਂ ਨੂੰ ਜ਼ਮੀਨ ਖਰੀਦਣ ਤੋਂ ਰੋਕਣ ਲਈ ਸਰਕਾਰ ਕਾਨੂੰਨ ਲਿਆਵੇ : ਟਿਵਾਣਾ

ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਕੁਝ ਦਿਨ ਪਹਿਲਾਂ ਬਿਹਾਰ ਵਿਧਾਨ ਸਭਾ ਵੱਲੋਂ ਇਕ ਮਤਾ ਪਾਸ ਕੀਤਾ ਹੈ ਕਿ ਦੂਸਰੇ ਸੂਬੇ ਦਾ ਕੋਈ ਵੀ ਨਿਵਾਸੀ ਨਾ ਤਾਂ ਬਿਹਾਰ ਵਿਚ ਜ਼ਮੀਨ ਖਰੀਦ ਸਕੇਗਾ, ਨਾ ਹੀ ਉਸ ਨੂੰ ਸੂਬੇ ਦੀਆਂ ਨੌਕਰੀਆਂ ਵਿਚ ਕੋਈ ਤਰਜੀਹ ਮਿਲ ਸਕੇਗੀ ਅਤੇ ਨਾ ਹੀ ਉਹ ਸੂਬੇ ਵਿਚ ਵੋਟ ਬਣਾਉਣ ਦਾ ਹੱਕਦਾਰ ਹੋਵੇਗਾ।ਭਗਵੰਤ ਸਿੰਘ ਮਾਨ ਸਰਕਾਰ ਨੂੰ ਵੀ ਆਪਣੇ ਸੂਬੇ ਦੇ ਬਣੇ ਅਤਿ ਬਦਤਰ ਹਾਲਾਤ ਨੂੰ ਮੁੱਖ ਰੱਖਦੇ ਹੋਏ ਪੰਜਾਬ ਵਿਧਾਨ ਸਭਾ ਦਾ ਉਚੇਚੇ ਤੌਰ 'ਤੇ ਇਜਲਾਸ ਬੁਲਾ ਕੇ ਕਾਨੂੰਨ ਬਣਾਉਣਾ ਚਾਹੀਦਾ ਹੈ ਤਾਂ ਜੋ ਕੋਈ ਵੀ ਦੂਸਰੇ ਸੂਬੇ ਦਾ ਨਿਵਾਸੀ ਇਥੇ ਜਮੀਨ ਨਾ ਖਰੀਦ ਸਕੇ, ਨਾ ਵੋਟ ਬਣਾ ਸਕੇ ਅਤੇ ਨਾ ਹੀ ਨੌਕਰੀਆਂ ਵਿਚ ਕੋਈ ਪ੍ਰਾਪਤੀ ਕਰ ਸਕੇ।ਇਹ ਵਿਚਾਰ ਸ੍ਰ. ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਪ੍ਰਗਟਾਏ ਹਨ। ਉਨ੍ਹਾਂ ਕਿਹਾ ਕਿ ਦੂਸਰੇ ਸੂਬਿਆਂ ਦੇ ਪ੍ਰਵਾਸੀਆਂ ਦੀ ਗਿਣਤੀ ਵੱਧਣ ਕਾਰਨ, ਸਾਡੇ ਸੱਭਿਆਚਾਰ, ਵਿਰਸੇ-ਵਿਰਾਸਤ, ਆਰਥਿਕਤਾ ਉਤੇ ਬਹੁਤ ਵੱਡਾ ਨੁਕਸਾਨਦਾਇਕ ਫੇਰ ਬਦਲ ਹੋ ਰਿਹਾ ਹੈ।

## ਚਿੱਪ ਵਾਲੇ ਮੀਟਰ ਦਾ ਬਿੱਲ ਭਰਨ ਦੇ ਬਾਵਜੂਦ ਨਗਰ ਕੌਂਸਲ 'ਚ ਤਿੰਨ ਦਿਨ ਤੋਂ ਹਨੇਰਾ

### ਬਿਜਲੀ ਬੰਦ ਰਹਿਣ ਕਾਰਨ ਲੋਕ ਹੋ ਰਹੇ ਖੱਜਲ-ਖੁਆਰ



ਰਾਏਕੋਟ (ਸੰਤੋਖ ਗਿੱਲ)-ਅੱਤ ਦੀ ਗਰਮੀ ਵਿੱਚ ਪਿਛਲੇ ਤਿੰਨ ਦਿਨਾਂ ਤੋਂ ਬਿਜਲੀ ਬੰਦ ਰਹਿਣ ਕਾਰਨ ਨਗਰ ਕੌਂਸਲ ਦਫ਼ਤਰ ਰਾਏਕੋਟ ਦੇ ਮੁਲਾਜ਼ਮ ਤਾਂ ਪ੍ਰੇਸ਼ਾਨ ਹੋ ਹੀ ਰਹੇ ਹਨ ਅਤੇ ਆਪਣੇ ਨਿੱਤ ਦਿਨ ਦੇ ਕੰਮਕਾਰ ਲਈ ਦਫ਼ਤਰ ਦੇ ਗੇੜੇ ਮਾਰ ਰਹੇ ਸ਼ਹਿਰ ਵਾਸੀ ਹੋਰ ਵੀ ਵਧੇਰੇ ਪ੍ਰੇਸ਼ਾਨ ਹਨ।42 ਡਿੱਗਰੀ ਤਾਪਮਾਨ ਵਿੱਚ ਕਰਮਚਾਰੀਆਂ ਲਈ ਬੰਦ ਕਮਰਿਆਂ ਵਿੱਚ ਬੈਠਣਾ ਕਿਸੇ ਚੁਣੌਤੀ ਤੋਂ ਘੱਟ ਨਹੀਂ ਹੈ। ਬਿਜਲੀ ਨਾ ਹੋਣ ਕਾਰਨ ਅਧਿਕਾਰੀ ਤੇ ਕਰਮਚਾਰੀ ਲੋਕਾਂ ਦੇ ਕੰਮ ਕਰਨ ਵਿੱਚ ਅਸਮਰਥ ਰਹੇ, ਕਿਉਂਕਿ ਜ਼ਿਆਦਾਤਰ ਕੰਮ ਆਨਲਾਈਨ ਪ੍ਰਣਾਲੀ ਰਾਹੀਂ ਹੀ ਹੁੰਦੇ ਹਨ।ਦਫ਼ਤਰੀ ਬਾਬੂ ਕੰਮਕਾਜੀ ਲੋਕਾਂ ਨੂੰ ਜੁਰਮਾਨਿਆਂ ਤੋਂ ਬਚਣ ਲਈ ਬਾਹਰੋਂ ਆਨਲਾਈਨ ਭੁਗਤਾਨ ਦੀ ਸਲਾਹ ਦੇ ਕੇ ਵਾਪਸ ਮੋੜਨ ਲਈ ਮਜਬੂਰ ਹੋ ਗਏ ਹਨ।ਪ੍ਰਾਪਤ ਜਾਣਕਾਰੀ ਅਨੁਸਾਰ ਨਗਰ ਕੌਂਸਲ ਦਫ਼ਤਰ ਵਿੱਚ ਪ੍ਰੀਪੇਡ ਮੀਟਰ (ਚਿੱਪ ਵਾਲੇ ਮੀਟਰ) ਲਾਏ ਗਏ ਹਨ।ਬਿਲ ਦੇਰੀ ਨਾਲ ਭੁਗਤਾਨ ਹੋਣ ਕਾਰਨ ਬਿਜਲੀ ਠੱਪ ਹੋ ਗਈ, ਨਗਰ ਕੌਂਸਲ ਅਧਿਕਾਰੀਆਂ ਨੇ ਦੱਸਿਆ ਕਿ ਨਗਰ ਕੌਂਸਲ ਦੇ ਬੈਂਕ ਖਾਤੇ ਰਾਹੀਂ 24,460 ਰੁਪਏ ਆਨਲਾਈਨ ਭੁਗਤਾਨ ਕਰ ਦਿੱਤਾ ਗਿਆ ਹੈ, ਪਰ ਬਿਜਲੀ ਵਿਭਾਗ ਦੇ ਸਿਸਟਮ ਵੱਲੋਂ ਭੁਗਤਾਨ ਦੀ ਪੁਸ਼ਟੀ ਨਾ ਹੋਣ ਕਾਰਨ ਬਿਜਲੀ ਸਪਲਾਈ ਬਹਾਲ ਨਹੀਂ ਹੋ ਸਕੀ।ਬਿਜਲੀ ਵਿਭਾਗ ਨੇ ਭੁਗਤਾਨ ਦੀ ਪੁਸ਼ਟੀ ਬਿਨਾਂ ਅਗਲੀ ਕਾਰਵਾਈ ਕਰਨ ਤੋਂ ਅਸਮਰਥਾ ਦਰਸਾਈ ਹੈ।ਨਗਰ ਕੌਂਸਲ ਅਧਿਕਾਰੀਆਂ ਨੇ ਬਾਅਦ ਦੁਪਹਿਰ ਭੁਗਤਾਨ ਦੀ ਪੁਸ਼ਟੀ ਕਰਦਾ ਪ੍ਰਮਾਣ ਵੀ ਦੇ ਦਿੱਤਾ, ਪਰ ਇਸ ਦੇ ਬਾਵਜੂਦ ਬਿਜਲੀ ਬਹਾਲ ਨਹੀਂ ਹੋ ਸਕੀ।ਕਾਰਜਸਾਧਕ ਅਫ਼ਸਰ ਵਿਕਾਸ ਉੱਪਲ ਨੇ ਕਿਹਾ ਕਿ ਨਗਰ ਕੌਂਸਲ ਵੱਲ ਬਿਜਲੀ ਵਿਭਾਗ ਦਾ ਕੋਈ ਬਿੱਲ ਬਕਾਇਆ ਨਾ ਹੋਣ ਦੇ ਬਾਵਜੂਦ ਪ੍ਰੀਪੇਡ ਮੀਟਰ ਪ੍ਰਣਾਲੀ ਕਾਰਨ ਤਿੰਨ ਦਿਨਾਂ ਤੋਂ ਕਰਮਚਾਰੀਆਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਆਮ ਲੋਕਾਂ ਨਾਲ ਜੁੜੇ ਇਸ ਸਰਕਾਰੀ ਦਫ਼ਤਰ ਦੀ ਬਿਜਲੀ ਬਹਾਲ ਕਰਨ ਲਈ ਤੁਰੰਤ ਕਾਰਵਾਈ ਕੀਤੇ ਜਾਣ ਦੀ ਅਪੀਲ ਕੀਤੀ ਹੈ।

## ਗੋਰਾ ਸੰਗਤਪੁਰਾ ਨੇ ਸੁਖਬੀਰ ਬਾਦਲ ਨਾਲ ਕੀਤੀ ਮੁਲਾਕਾਤ

### ਜਥੇਦਾਰ ਮਾਹਲਾ ਨੂੰ ਵੱਡੀ ਲੀਡ ਨਾਲ ਜਿਤਾਉਣ ਦਾ ਦਿਵਾਇਆ ਵਿਸ਼ਵਾਸ



ਬਾਘਾ ਪੁਰਾਣਾ (ਮਨੀ ਸਿੰਗਲਾ)-ਸ਼੍ਰੋਮਣੀ ਅਕਾਲੀ ਦਲ ਦੀ ਯੂਥ ਯੂਥ ਕੋਰ ਕਮੇਟੀ ਮੈਂਬਰ ਸੁਖਜੀਤ ਸਿੰਘ ਮਾਹਲਾ ਦੀ ਅਗਵਾਈ ਹੇਠ ਯੂਥ ਆਗੂ ਗੋਰਾ ਸੰਗਤਪੁਰਾ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਵਿਸ਼ੇਸ਼ ਮੁਲਾਕਾਤ ਕਰ ਕੇ ਉਨ੍ਹਾਂ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਹਲਕਾ ਬਾਘਾ ਪੁਰਾਣਾ ਤੋਂ ਪਾਰਟੀ ਦੇ ਹਲਕਾ ਇੰਚਾਰਜ ਤੀਰਥ ਸਿੰਘ ਮਾਹਲਾ ਨੂੰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਵੱਡੀ ਲੀਡ ਨਾਲ ਜਿਤਾਉਣ ਲਈ ਯੂਥ ਵਰਗ ਪੂਰੀ ਤਰ੍ਹਾਂ ਤਿਆਰ ਹੈ।ਉਨ੍ਹਾਂ ਦੱਸਿਆ ਕਿ ਚੋਣ ਪ੍ਰਚਾਰ ਵਿੱਚ ਡਟਣ ਤੋਂ ਪਹਿਲਾਂ ਪਾਰਟੀ ਪ੍ਰਧਾਨ ਨਾਲ ਮੁਲਾਕਾਤ ਕਰ ਕੇ ਉਨ੍ਹਾਂ ਦੀ ਰਹਿਨੁਮਾਈ ਤੇ ਆਸ਼ੀਰਵਾਦ ਲਿਆ ਗਿਆ ਹੈ, ਜਿਸ ਨਾਲ ਵਰਕਰਾਂ ਵਿੱਚ ਨਵਾਂ ਜੋਸ਼ ਪੈਦਾ ਹੋਇਆ ਹੈ।ਯੂਥ ਆਗੂਆਂ ਨੇ ਕਿਹਾ ਕਿ ਨੌਜਵਾਨ ਪਾਰਟੀ ਦੀ ਰੀੜ੍ਹ ਦੀ ਹੱਡੀ ਹੁੰਦੇ ਹਨ ਤੇ ਇਸ ਵਾਰ ਦੀਆਂ ਚੋਣਾਂ ਵਿਚ ਯੂਥ ਵਰਗ ਦੀ ਭੂਮਿਕਾ ਬਹੁਤ ਮਹੱਤਵਪੂਰਨ ਰਹੇਗੀ।ਇਸ ਦੌਰਾਨ ਸੁਖਜੀਤ ਸਿੰਘ ਮਾਹਲਾ ਨੇ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਅਕਾਲੀ ਦਲ ਮੁੜ ਮਜ਼ਬੂਤੀ ਨਾਲ ਉਭਰੇਗਾ।ਉਨ੍ਹਾਂ ਕਿਹਾ ਕਿ ਲੋਕਾਂ ਵਿੱਚ ਪਾਰਟੀ ਲਈ ਵਧਦਾ ਸਮਰਥਨ ਸਪੱਸ਼ਟ ਦਰਸਾਉਂਦਾ ਹੈ ਕਿ ਆਉਣ ਵਾਲੇ ਸਮੇਂ ਵਿੱਚ ਅਕਾਲੀ ਦਲ ਵੱਡੀ ਜਿੱਤ ਦਰਜ ਕਰੇਗਾ।ਉਨ੍ਹਾਂ ਦਾਅਵਾ ਕੀਤਾ ਕਿ ਹਲਕਾ ਬਾਘਾ ਪੁਰਾਣਾ ਤੋਂ ਤੀਰਥ ਸਿੰਘ ਮਾਹਲਾ ਨੂੰ ਵੱਡੇ ਅੰਤਰ ਨਾਲ ਜਿਤਾ ਕੇ ਵਿਧਾਨ ਸਭਾ ਭੇਜਿਆ ਜਾਵੇਗਾ।

## ਚੇਤਨ ਪ੍ਰਕਾਸ਼ ਧਾਲੀਵਾਲ ਵੱਲੋਂ ਰਾਸ਼ਨ ਡਿਪੂਆਂ ਦਾ ਅਚਨਚੇਤ ਦੌਰਾ



ਫਾਜਿਲਕਾ (ਨਿਸ਼ਾ ਸ਼ਰਮਾ)-ਸ੍ਰੀ ਚੇਤਨ ਪ੍ਰਕਾਸ਼ ਧਾਲੀਵਾਲ, ਮੈਂਬਰ, ਪੰਜਾਬ ਸਟੇਟ ਫੂਡ ਕਮਿਸ਼ਨ ਵਲੋਂ ਬੁੱਧਵਾਰ ਨੂੰ ਜ਼ਿਲ੍ਹਾ ਫਾਜ਼ਿਲਕਾ ਦਾ ਅਚਨਚੇਤ ਦੌਰਾ ਕੀਤਾ ਗਿਆ।ਇਸ ਦੌਰੇ ਦੌਰਾਨ ਉਹਨਾਂ ਵਲੋਂ ਨੈਸ਼ਨਲ ਫੂਡ ਸਕਿਓਰਟੀ ਐਕਟ 2013 ਅਧੀਨ ਚੱਲ ਰਹੀਆਂ ਵੱਖ-ਵੱਖ ਸਕੀਮਾਂ ਦਾ ਨਿਰੀਖਣ ਕੀਤਾ ਗਿਆ।ਇਸ ਦੌਰੇ ਦੌਰਾਨ ਰਾਸ਼ਨ ਡਿਪੂ, ਪੰਜਕੋਸੀ, ਦਾਨੇਵਾਲ ਸਤਕੋਸੀ, ਨਿਹਾਲ ਖੇਰਾ ਅਤੇ ਆਂਗਣਵਾੜੀ ਸੈਂਟਰ ਪੰਜਕੋਸੀ, ਦਾਨੇਵਾਲ ਸਤਕੋਸੀ ਦਾ ਦੌਰਾ ਕੀਤਾ ਗਿਆ।ਦੌਰੇ ਦੇ ਆਰੰਭ ਵਿੱਚ ਰਾਸ਼ਨ ਡੀਪੂ ਪੰਜਕੋਸੀ ਦਾ ਨਿਰੀਖਣ ਕੀਤਾ ਗਿਆ।ਨਿਰੀਖਣ ਦੌਰਾਨ ਇਸ ਡਿਪੂ ਤੇ ਲਾਭਪਾਤਰੀਆ ਨੂੰ ਦਿੱਤੀ ਜਾਣ ਵਾਲੀ ਕਣਕ ਦੀ ਕੁਆਲਟੀ ਠੀਕ ਨਹੀ ਸੀ ਜਿਸ ਕਰਕੇ ਮੌਕੇ 'ਤੇ ਮੌਜੂਦ ਅਧਿਕਾਰੀਆਂ ਨੂੰ ਕਣਕ ਬਦਲ ਕੇ ਨਵੀਂ ਕਣਕ ਭੇਜਣ ਸਬੰਧੀ ਹਦਾਇਤ ਕੀਤੀ ਗਈ ਅਤੇ ਮੌਕੇ 'ਤੇ ਹੀ ਕਣਕ ਨੂੰ ਬਦਲਵਾਇਆ ਗਿਆ।ਉਪਰੰਤ ਦਾਨੇਵਾਲਾ ਸਤਕੋਸੀ ਅਤੇ ਨਿਹਾਲ ਖੇਰਾ ਵਿਖੇ ਡਿਪੂਆਂ ਦਾ ਰਿਕਾਰਡ ਚੈਕ ਕੀਤਾ ਗਿਆ ਅਤੇ ਮੌਕੇ 'ਤੇ ਮੌਜੂਦ ਲਾਭਪਾਤਰੀਆ ਨਾਲ ਗੱਲਬਾਤ ਕੀਤੀ ਗਈ।

## ਡਿੰਪੀ ਢਿੱਲੋਂ ਦੀ ਅਗਵਾਈ 'ਚ ਭਲਾਈਆਣਾ ਦੇ ਕਈ ਪਰਵਾਰ 'ਆਪ' 'ਚ ਸ਼ਾਮਲ



ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਹਲਕਾ ਗਿੱਦੜਬਾਹਾ ਦੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੀ ਅਗਵਾਈ ਵਿੱਚ ਵਾਈਸ ਚੇਅਰਮੈਨ ਬਲਾਕ ਸੰਮਤੀ ਬੇਅੰਤ ਸਿੰਘ ਸੰਧੂ ਤੇ ਜਗਜੀਤ ਸਿੰਘ ਜੱਗੀ ਮੈਂਬਰ ਦੀ ਪ੍ਰੇਰਨਾ ਸਦਕਾ ਪਿੰਡ ਭਲਾਈਆਣਾ ਦੇ ਕਈ ਪਰਵਾਰ ਵੱਖ-ਵੱਖ ਪਾਰਟੀਆਂ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ।ਇਸ ਮੌਕੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਵਾਰਾਂ ਨੂੰ ਵਿਧਾਇਕ ਡਿੰਪੀ ਢਿੱਲੋਂ ਨੇ ਪਾਰਟੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਤੇ ਉਨ੍ਹਾਂ ਨੂੰ ਪਾਰਟੀ ਵਿੱਚ ਬਣਦਾ ਮਾਣ ਸਨਮਾਨ ਦੇਣ ਦਾ ਭਰੋਸਾ ਵੀ ਦਿੱਤਾ। ਇਸ ਮੌਕੇ ਉਨ੍ਹਾਂ ਨਾਲ ਸੰਦੀਪ ਸਿੰਘ ਸਨੀ ਢਿੱਲੋਂ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸ਼ਮਿੰਦਰ ਸਿੰਘ ਕੋਟਲੀ ਐਡਵੋਕੇਟ, ਗੁਰਵਿੰਦਰ ਸਿੰਘ ਢਿੱਲੋਂ, ਚਰਨਜੀਤ ਸਿੰਘ ਲੁਹਾਰਾ ਤੇ ਐਡਵੋਕੇਟ ਜਗਤਾਰ ਸਿੰਘ ਧਾਲੀਵਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਹਰਬੰਸ ਸਿੰਘ ਦੇ ਗ੍ਰਹਿ ਵਿਖੇ ਸ਼ਾਮਲ ਹੋਣ ਵਾਲੇ ਪਰਵਾਰ ਪਾਲਾ ਸਿੰਘ, ਮਹਿੰਦਰ ਸਿੰਘ, ਗੁਰਮੇਲ ਸਿੰਘ, ਛਿੰਦਾ ਸਿੰਘ, ਤੇਜਾ ਸਿੰਘ, ਸੁੱਖਾ ਸਿੰਘ, ਗੁਰਜੰਟ ਸਿੰਘ, ਸਤਨਾਮ ਸਿੰਘ, ਗੁਰਪ੍ਰੀਤ ਸਿੰਘ, ਗੁਰਵਿੰਦਰ ਸਿੰਘ ਭਾਊ, ਗੋਰਾ ਸਿੰਘ, ਚਰਨਜੀਤ ਸਿੰਘ ਤੇ ਜਗਸੀਰ ਸਿੰਘ ਸ਼ਾਮਲ ਸਨ।ਇਸ ਮੌਕੇ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਵਿੱਚ ਪੰਜਾਬ ਤਰੱਕੀ ਦੀਆਂ ਲੀਹਾਂ 'ਤੇ ਚੱਲ ਪਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹਰ ਵਰਗ ਨੂੰ ਮੁੱਖ ਰੱਖ ਕੇ ਨਵੀਆਂ ਯੋਜਨਾਵਾਂ ਤੇ ਨਵੀਆਂ ਸਹੂਲਤਾਂ ਦੇਣ ਲਈ ਹਰ ਸਮੇਂ ਤਤਪਰ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਗਿੱਦੜਬਾਹਾ ਹਲਕੇ ਦੀ ਤਰੱਕੀ ਲਈ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਬਲਾਕ ਪ੍ਰਧਾਨ ਜਗਸੀਰ ਸਿੰਘ ਸਰਪੰਚ, ਰਾਜਾ ਸਿੰਘ ਸਰਪੰਚ ਮੱਲਣ, ਗੁਰਵਿੰਦਰ ਸਿੰਘ ਢਿੱਲੋਂ, ਗੁਰਮੀਤ ਸਿੰਘ, ਹਰਜੀਤ ਸਿੰਘ ਘੱਪੀ, ਸੁਖਦੀਪ ਸਿੰਘ, ਬਲਜਿੰਦਰ ਸਿੰਘ, ਸਤਿਗੁਰ ਸਿੰਘ, ਗੁਰਪਿਆਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਗੂ ਤੇ ਵਰਕਰ ਹਾਜ਼ਰ ਸਨ।

## ਵਿਅਕਤੀ ਨੂੰ ਅਗਵਾ ਕਰਨ ਦੇ ਦੋਸ਼ 'ਚ 12 ਵਿਰੁੱਧ ਮੁਕੱਦਮਾ ਦਰਜ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ ਇਕ ਵਿਅਕਤੀ ਨੂੰ ਅਗਵਾ ਕਰਨ ਦੇ ਦੋਸ਼ ਵਿੱਚ 12 ਲੋਕਾਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਗੁਰਨਾਮ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਰਾਣੋ ਬਾਈ ਪਤਨੀ ਗੁਰਨਾਮ ਸਿੰਘ ਵਾਸੀ ਗਜਨੀ ਵਾਲਾ ਉਰਫ ਦੋਨਾ ਮੱਤੜ ਵੱਲੋਂ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ 12 ਅਪ੍ਰੈਲ 2026 ਨੂੰ ਵਿਆਹ ਦੇ ਪ੍ਰੋਗਰਾਮ ਸਬੰਧੀ ਆਪਣੀ ਰਿਸ਼ਤੇਦਾਰੀ ਪਿੰਡ ਚੱਕ ਬਜੀਦਾ ਗਈ ਹੋਈ ਸੀ ਅਤੇ ਮਿਤੀ 14 ਅਪ੍ਰੈਲ ਨੂੰ ਦੁਪਹਿਰ ਕਰੀਬ 1.30 ਵਜੇ ਉਸ ਦੇ (ਮੁੱਦਈ) ਦੇ ਲੜਕੇ ਭੁਪਿੰਦਰ ਸਿੰਘ ਜੋ ਕਿ ਕਿਸੇ ਕੰਮਕਾਰ ਲਈ ਟਾਹਲੀਵਾਲਾ ਤੋਂ ਘੁਬਾਇਆ ਜਾ ਰਿਹਾ ਸੀ, ਦਾ ਕੁਝ ਸਮੇਂ ਬਾਅਦ ਫੋਨ ਬੰਦ ਹੋ ਗਿਆ ਅਤੇ ਅਗਲੇ ਦਿਨ 15 ਅਪ੍ਰੈਲ ਨੂੰ ਪਤਾ ਲੱਗਾ ਕਿ ਲਵਪ੍ਰੀਤ ਸਿੰਘ ਵਗੈਰਾ ਨੇ ਉਸ ਦੇ ਲੜਕੇ ਭੁਪਿੰਦਰ ਸਿੰਘ ਨੂੰ ਅਗਵਾ ਕਰਕੇ ਰਾਤ ਨੂੰ ਫੱਤੂਵਾਲਾ ਵਿਖੇ ਰੱਖਿਆ ਅਤੇ ਉਸ ਤੋਂ ਬਾਅਦ ਥਾਣਾ ਮਮਦੋਟ ਵਿਖੇ ਮੁਕੱਦਮਾ ਨੰਬਰ 190/2025 ਵਿਚ ਬੰਦੀ ਪੁਆ ਦਿੱਤੀ, ਜਿਸ ਤੇ ਪੁਲਸ ਵੱਲੋਂ ਸ਼ਿਕਾਇਤਕਰਤਾ ਰਾਣੋ ਬਾਈ ਦੇ ਬਿਆਨਾਂ ਦੇ ਅਧਾਰ 'ਤੇ ਲਵਪ੍ਰੀਤ ਸਿੰਘ, ਜੋਗਿੰਦਰ ਸਿੰਘ ਵਾਸੀ ਬੇਟੂ ਕਦੀਮ, ਸੁਨੀਲ ਸਿੰਘ ਵਾਸੀ ਫੱਤੂ ਵਾਲਾ, ਹਰਜਿੰਦਰ ਸਿੰਘ, ਸੋਨਾ ਸਿੰਘ, ਮਿਠਣ ਸਿੰਘ ਵਾਸੀਆਨ ਗਜਨੀ ਵਾਲਾ ਉਰਫ ਦੋਨਾ ਮੱਤੜ ਅਤੇ 5-6 ਅਣਪਛਾਤੇ ਵਿਅਕਤੀਆਂ ਵਿਰੁੱਧ ਥਾਣਾ ਸਦਰ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

## ਭਾਜਪਾ ਆਗੂ ਮੋਹਨ ਲਾਲ ਸ਼ਰਮਾ ਵੱਲੋਂ ਹਰਿਆਣਾ ਦੇ ਮੁੱਖ ਮੰਤਰੀ ਨਾਲ ਖੇਤਰੀ ਤੇ ਸਿਆਸੀ ਮੁੱਦਿਆਂ 'ਤੇ ਚਰਚਾ



ਸਮਾਣਾ (ਇਕਬਾਲ ਸਿੰਘ ਬੱਲ)-ਬੀਤੇ ਦਿਨੀਂ ਹਰਿਆਣਾ ਦੇ ਮਾਣਯੋਗ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਭਾਜਪਾ ਪੰਜਾਬ ਦੇ ਸੀਨੀਅਰ ਆਗੂ ਪ੍ਰਿੰਸੀਪਲ ਮੋਹਨ ਲਾਲ ਸ਼ਰਮਾ ਦੀ ਇੱਕ ਮੀਟਿੰਗ ਹੋਈ।ਇਸ ਮੀਟਿੰਗ ਵਿੱਚ ਪੰਜਾਬ ਦੇ ਮੁਦਿਆਂ ਤੇ ਵਿਸਥਾਰ ਪੂਰਵਕ ਗੱਲਬਾਤ ਹੋਈ। ਇਸ ਮੌਕੇ ਵਿਕਸਤ ਭਾਰਤ ਜੀ ਰਾਮ ਜੀ ਸੈੱਲ ਪੰਜਾਬ ਦੇ ਪ੍ਰਧਾਨ ਚਮਕੀਲਾ ਸਿੰਘ ਤੇ ਮੁੱਖ ਮੰਤਰੀ ਨਾਇਬ ਸਿੰਘ ਦੇ ਮੁੱਖ ਸਲਾਹਕਾਰ ਵੀ ਹਾਜ਼ਰ ਸਨ। ਇਸ ਮੁਲਾਕਾਤ ਦੌਰਾਨ ਦੋਵਾਂ ਰਾਜਾਂ ਨਾਲ ਜੁੜੇ ਕਈ ਅਹਿਮ ਮੁੱਦਿਆਂ 'ਤੇ ਡੂੰਘਾਈ ਨਾਲ ਵਿਚਾਰ-ਵਟਾਂਦਰਾ ਹੋਇਆ। ਪ੍ਰਿੰਸੀਪਲ ਮੋਹਨ ਲਾਲ ਸ਼ਰਮਾ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸਾਰੇ ਮੁੱਦਿਆਂ ਨੂੰ ਗੰਭੀਰਤਾ ਨਾਲ ਸੁਣਿਆ ਤੇ ਸਕਾਰਾਤਮਕ ਹੁੰਗਾਰਾ ਦਿੱਤਾ।ਮੀਤ ਪ੍ਰਧਾਨ ਚਮਕੀਲਾ ਸਿੰਘ ਨੇ ਦੱਸਿਆ ਕਿ ਇਹ ਮੀਟਿੰਗ ਦੋਵਾਂ ਰਾਜਾਂ ਦੇ ਲੋਕਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖ ਕੇ ਕੀਤੀ ਗਈ ਹੈ ਤੇ ਆਉਣ ਵਾਲੇ ਦਿਨਾਂ ਵਿੱਚ ਇਸ ਦੇ ਸਾਰਥਕ ਨਤੀਜੇ ਸਾਹਮਣੇ ਆਉਣਗੇ।ਮੀਟਿੰਗ ਨੂੰ ਸਦਭਾਵਨਾ ਤੇ ਖੇਤਰੀ ਸਮੱਸਿਆਵਾਂ ਦੇ ਹੱਲ ਵੱਲ ਇੱਕ ਉਸਾਰੂ ਪਹਿਲ ਵਜੋਂ ਦੇਖਿਆ ਜਾ ਰਿਹਾ ਹੈ।

## ਫ਼ੌਜੀ ਟ੍ਰੇਨਿੰਗ ਪੂਰੀ ਕਰਕੇ ਹੁਸਨਪ੍ਰੀਤ ਦਾ ਪਿੰਡ ਪੁੱਜਣ 'ਤੇ ਸ਼ਾਨਦਾਰ ਸਵਾਗਤ



ਭਵਾਨੀਗੜ੍ਹ (ਰਾਜ ਖੁਰਮੀ)-ਅੱਜ ਦੇ ਸਮੇਂ ਵਿੱਚ ਜਿੱਥੇ ਨੌਜਵਾਨ ਪੀੜ੍ਹੀ ਦਾ ਵੱਡਾ ਹਿੱਸਾ ਮੋਬਾਈਲ ਸਕ੍ਰੀਨਾਂ ਅਤੇ ਸੋਸ਼ਲ ਮੀਡੀਆ ਦੀ ਦੁਨੀਆ ਵਿੱਚ ਰੁੱਝਿਆ ਨਜ਼ਰ ਆਉਂਦਾ ਹੈ, ਉੱਥੇ ਸੰਗਰੂਰ ਜ਼ਿਲ੍ਹੇ ਦੇ ਪਿੰਡ ਘਾਬਦਾ ਦੇ ਇੱਕ ਨੌਜਵਾਨ ਨੇ ਦੇਸ਼-ਸੇਵਾ, ਅਨੁਸ਼ਾਸਨ ਅਤੇ ਮਿਹਨਤ ਦੀ ਅਜਿਹੀ ਮਿਸਾਲ ਪੇਸ਼ ਕੀਤੀ ਹੈ, ਜਿਸ ਨੇ ਪੂਰੇ ਇਲਾਕੇ ਦਾ ਮਾਣ ਵਧਾ ਦਿੱਤਾ ਹੈ। ਪਿੰਡ ਦੇ ਹੋਣਹਾਰ ਨੌਜਵਾਨ ਹੁਸਨਪ੍ਰੀਤ ਸਿੰਘ ਵੱਲੋਂ ਭਾਰਤੀ ਫ਼ੌਜ ਦੀ ਮੁੱਢਲੀ ਅਤੇ ਸਖ਼ਤ ਟ੍ਰੇਨਿੰਗ ਸਫ਼ਲਤਾਪੂਰਵਕ ਪੂਰੀ ਕਰਨ ਉਪਰੰਤ ਜਦੋਂ ਉਹ ਪਹਿਲੀ ਵਾਰ ਆਪਣੇ ਜੱਦੀ ਪਿੰਡ ਪਰਤਿਆ ਤਾਂ ਪੂਰੇ ਪਿੰਡ ਨੇ ਉਸ ਦਾ ਨਿੱਘਾ ਅਤੇ ਯਾਦਗਾਰੀ ਸਵਾਗਤ ਕੀਤਾ।ਇਹ ਮੌਕਾ ਸਿਰਫ਼ ਇੱਕ ਨੌਜਵਾਨ ਦੀ ਕਾਮਯਾਬੀ ਦਾ ਜਸ਼ਨ ਨਹੀਂ ਸੀ, ਸਗੋਂ ਨੌਜਵਾਨਾਂ ਨੂੰ ਨਸ਼ਿਆਂ ਅਤੇ ਭਟਕਾਵੇ ਤੋਂ ਦੂਰ ਰਹਿ ਕੇ ਦੇਸ਼-ਸੇਵਾ ਅਤੇ ਖੇਡਾਂ ਵੱਲ ਪ੍ਰੇਰਿਤ ਕਰਨ ਵਾਲਾ ਸੁਨੇਹਾ ਵੀ ਸੀ।ਜਵਾਨ ਦੀ ਇਸ ਉਪਲਬਧੀ ਨੂੰ ਪਰਿਵਾਰ ਅਤੇ ਪਿੰਡ ਵਾਸੀਆਂ ਨੇ ਵਾਹਿਗੁਰੂ ਦੀ ਬਖ਼ਸ਼ਿਸ਼ ਮੰਨਦਿਆਂ ਉਸ ਦੇ ਗ੍ਰਹਿ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ।ਇਸ ਮੌਕੇ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਵਿਸ਼ੇਸ਼ ਤੌਰ 'ਤੇ ਪਹੁੰਚੇ।ਉਨ੍ਹਾਂ ਨੇ ਗੁਰੂ ਚਰਨਾਂ ਵਿੱਚ ਨਤਮਸਤਕ ਹੋ ਕੇ ਜਵਾਨ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਭੋਗ ਉਪਰੰਤ ਗ੍ਰਾਮ ਪੰਚਾਇਤ ਅਤੇ ਪਿੰਡ ਦੇ ਪਤਵੰਤਿਆਂ ਵੱਲੋਂ ਹੁਸਨਪ੍ਰੀਤ ਸਿੰਘ ਨੂੰ ਸਿਰੋਪਾਓ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ।ਸਮਾਗਮ ਦੌਰਾਨ ਪੂਰਾ ਪਿੰਡ ਇੱਕ ਮੰਚ 'ਤੇ ਇਕੱਠਾ ਨਜ਼ਰ ਆਇਆ।ਮੌਜੂਦਾ ਸਰਪੰਚ ਸਤਨਾਮ ਸਿੰਘ, ਸਾਬਕਾ ਸਰਪੰਚ ਅਮਰਜੀਤ ਸਿੰਘ, ਗੁਰੂ ਘਰ ਦੇ ਪ੍ਰਧਾਨ ਸੁੱਖਦੇਵ ਸਿੰਘ ਨੰਬਰਦਾਰ, ਸਮੁੱਚੀ ਗ੍ਰਾਮ ਪੰਚਾਇਤ, ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀਆਂ ਨੇ ਹਾਜ਼ਰੀ ਭਰੀ।

## ਪੈਟਰੋਲ ਤੇ ਤੀਲੀਆਂ ਲੈ ਕੇ ਟਾਵਰ 'ਤੇ ਚੜ੍ਹੇ ਬੇਰੁਜ਼ਗਾਰ ਅਧਿਆਪਕ ਦੀ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਹਮਾਇਤ ਦਾ ਐਲਾਨ



ਧੂਰੀ (ਸੁਖਦੇਵ ਧੂਰੀ)-ਬੇਰੁਜ਼ਗਾਰ ਈਟੀਟੀ ਅਧਿਆਪਕ ਯੂਨੀਅਨ ਵੱਲੋਂ ਬਾਕੀ ਰਹਿੰਦੇ ਅਧਿਆਪਕ ਭਰਤੀ ਕਰਨ ਲਈ ਸਰਕਾਰ ਖ਼ਿਲਾਫ਼ ਮੋਰਚਾ ਖੋਲ੍ਹ ਦਿੱਤਾ ਗਿਆ।ਧੂਰੀ ਦੇ ਬੀ ਐੱਸ ਐੱਨ ਐੱਲ ਟਾਵਰ 'ਤੇ ਮਾਨਸਾ ਦਾ ਹਰਜੀਤ ਸਿੰਘ ਪੈਟਰੋਲ ਦੀ ਬੋਤਲ ਲੈ ਕੇ ਜਾ ਚੜ੍ਹਿਆ।ਪੁਲਸ ਪ੍ਰਸ਼ਾਸਨ ਨੂੰ ਉਸ ਮੌਕੇ ਹੱਥਾਂ ਪੈਰਾਂ ਦੀ ਪੈ ਗਈ, ਜਦੋਂ ਬੇਰੋਜ਼ਗਾਰ ਈਟੀਟੀ ਅਧਿਆਪਕਾਂ ਵੱਲੋਂ ਟਾਵਰ ਹੇਠਾਂ ਪੱਕਾ ਮੋਰਚਾ ਲਾ ਦਿੱਤਾ ਗਿਆ।ਇਸ ਧਰਨੇ ਦੀ ਹਮਾਇਤ ਵਿੱਚ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੇ ਆਗੂ ਡਾਕਟਰ ਅਮਰਜੀਤ ਸਿੰਘ ਜਨਰਲ ਸਕੱਤਰ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਪਹੁੰਚੇ।ਉਨ੍ਹਾਂ ਨਾਲ ਸੀਨੀਅਰ ਆਗੂ ਚਰਨਜੀਤ ਸਿੰਘ ਕੈਂਥ, ਦਰਸ਼ਨ ਸਿੰਘ ਧਾਂਦਰਾ, ਵਿਲਕਸ਼ਣ ਦੱਤ, ਭਗਵਾਨ ਸਿੰਘ ਰਟੌਲ, ਮਿਸਰਾ ਸਿੰਘ, ਰਤਨ ਭੰਡਾਰੀ ਸਮੇਤ ਅਨੇਕਾਂ ਮੈਂਬਰਾਂ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਰਣਜੀਤ ਸਿੰਘ ਰੰਧਾਵਾ ਕਾਤਰੋਂ ਆਪਣੇ ਸਾਥੀਆਂ ਸਮੇਤ ਸ਼ਮੂਲੀਅਤ ਕੀਤੀ ਤੇ ਨਿਕੰਮੀ ਸਰਕਾਰ ਖ਼ਿਲਾਫ਼ ਜੰਮ ਕੇ ਭੜਾਸ ਕੱਢੀ।ਭਰਾਤਰੀ ਜਥੇਬੰਦੀਆਂ ਵੱਲੋਂ ਇਸ ਮੌਕੇ ਡੀਟੀਐੱਫ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ ਆਪਣੇ ਸਾਥੀਆਂ ਸਮੇਤ ਧਰਨੇ ਵਿੱਚ ਸ਼ਮੂਲੀਅਤ ਕੀਤੀ ਤੇ ਪੂਰਨ ਸਮਰਥਨ ਦਾ ਐਲਾਨ ਕੀਤਾ।ਉਨ੍ਹਾਂ ਕਿਹਾ ਕਿ ਸਰਕਾਰ ਮੁਲਾਜ਼ਮ ਤੇ ਪੈਨਸ਼ਨਰ ਵਰਗ ਨਾਲ ਵੀ ਧੱਕਾ ਕਰ ਰਹੀ ਹੈ, ਡੀਏ ਨਾ ਦੇਣ ਦੀਆਂ ਵਿਉਂਤਾਂ ਬਣਾ ਰਹੀ ਹੈ। ਬੇਰੋਜ਼ਗਾਰ ਈਟੀਟੀ ਅਧਿਆਪਕਾਂ ਦੀ ਰਹਿੰਦੀ ਭਰਤੀ ਤੁਰੰਤ ਸ਼ੁਰੂ ਕਰਨ ਦੀ ਮੰਗ ਨੂੰ ਪੂਰੀ ਤਰ੍ਹਾਂ ਜਾਇਜ਼ ਦੱਸਿਆ ਤੇ ਧਰਨੇ ਨੂੰ ਪੂਰਨ ਸਹਿਯੋਗ ਦੇਣ ਦਾ ਐਲਾਨ ਕੀਤਾ।ਇਸੇ ਦੌਰਾਨ ਡੀ ਟੀ ਐੱਫ (ਦਿਗਵਿਜੇ) ਵੱਲੋਂ ਵੀ ਸੰਘਰਸ਼ ਦੀ ਪੁਰਜ਼ੋਰ ਹਮਾਇਤ ਕਰਨ ਦਾ ਐਲਾਨ ਕੀਤਾ ਗਿਆ ਤੇ ਭਰਵੀਂ ਸ਼ਮੂਲੀਅਤ ਦਾ ਐਲਾਨ ਕੀਤਾ।

## ਨਸ਼ੀਲੀਆਂ ਗੋਲੀਆਂ ਸਮੇਤ 3 ਕਾਬੂ

ਹਠੂਰ (ਲਵਲੀ ਕੁਮਾਰ)-ਪੰਜਾਬ ਪੁਲਸ ਥਾਣਾ ਹਠੂਰ ਵੱਲੋਂ ਤਿੰਨ ਨੌਜਵਾਨਾਂ ਨੂੰ 20 ਨਸ਼ੀਲੀਆਂ ਗੋਲੀਆਂ ਸਮੇਤ ਕਾਬੂ ਕੀਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਸ ਥਾਣਾ ਹਠੂਰ ਦੇ ਐੱਸ ਆਈ ਗੁਰਸੇਵਕ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਹਠੂਰ ਤੋਂ ਰਾਮੇ ਵਾਲੀ ਸੜਕ 'ਤੇ ਜਠੇਰਿਆਂ ਦੀ ਜਗ੍ਹਾ ਕੋਲ ਤਿੰਨ ਨੌਜਵਾਨ ਨਸ਼ੀਲੀਆਂ ਗੋਲੀਆਂ ਵੇਚਦੇ ਹਨ ਅਤੇ ਖੁਦ ਵੀ ਖਾਣ ਦੇ ਆਦੀ ਹਨ, ਜਿਸ ਦੇ ਅਧਾਰ 'ਤੇ ਪੁਲਸ ਨੇ ਮੌਕੇ ਤੋਂ ਹੀ ਪ੍ਰਿਤਪਾਲ ਸਿੰਘ ਉਰਫ ਪ੍ਰਿਤਾ ਪੁੱਤਰ ਹਰਦੇਵ ਸਿੰਘ ਪਿੰਡ ਚਕਰ, ਪ੍ਰਦੀਪ ਸਿੰਘ ਉਰਫ ਡਿੰਪੀ ਪੁੱਤਰ ਸੁਖਵਿੰਦਰ ਸਿੰਘ ਵਾਸੀ ਰਣਧੀਰਗੜ੍ਹ ਅਤੇ ਨਰਿੰਦਰ ਸਿੰਘ ਉਰਫ ਨਿੰਦੀ ਪੁੱਤਰ ਨਾਥੀ ਰਾਮ ਪਿੰਡ ਭੰਮੀਪੁਰਾ ਕਲਾਂ ਨੂੰ ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫਤਾਰ ਕਰ ਲਿਆ ਹੈ।ਜਿਨ੍ਹਾਂ ਖਿਲਾਫ ਥਾਣਾ ਹਠੂਰ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ ਅਤੇ ਬਾਕੀ ਪੁੱਛਗਿੱਛ ਕੀਤੀ ਜਾ ਰਹੀ ਹੈ।ਇਸ ਮੌਕੇ ਉਨ੍ਹਾ ਨਾਲ ਏ ਐੱਸ ਆਈ ਸੁਲੱਖਣ ਸਿੰਘ, ਏ ਐੱਸ ਆਈ ਕੁਲਵੰਤ ਸਿੰਘ, ਹੌਲਦਾਰ ਸਤਿੰਦਰ ਸਿੰਘ, ਮੁੱਖ ਮੁਨਸ਼ੀ ਕੁਲਵੰਤ ਸਿੰਘ ਆਦਿ ਕਰਮਚਾਰੀ ਹਾਜ਼ਰ ਸਨ।

## ਹਲਵਾਰਾ ਹਵਾਈ ਅੱਡਾ ਐੱਨ ਆਰ ਆਈਜ਼ ਲਈ ਵਰਦਾਨ ਸਾਬਿਤ ਹੋਵੇਗਾ : ਸਿੱਧੂ, ਗਿੱਲ, ਬਾਵਾ



ਜਗਰਾਉਂ (ਅਮਿਤ ਖੰਨਾ)

ਹਲਵਾਰਾ ਅੰਤਰਰਾਸ਼ਟਰੀ ਹਵਾਈ ਅੱਡਾ ਪੰਜਾਬੀਆਂ ਤੇ ਐੱਨ ਆਰ ਆਈ ਵੀਰਾਂ ਲਈ ਵਰਦਾਨ ਸਾਬਿਤ ਹੋਵੇਗਾ।ਇਸ ਗੱਲ ਦਾ ਪ੍ਰਗਟਾਵਾ ਪ੍ਰਿੰਸੀਪਲ ਬਲਦੇਵ ਬਾਵਾ, ਬਹਾਦਰ ਸਿੰਘ ਸਿੱਧੂ (ਯੂ. ਐੱਸ. ਏ.) ਤੇ ਗੁਰਮੀਤ ਸਿੰਘ ਗਿੱਲ (ਪ੍ਰਧਾਨ ਇੰਡੀਅਨ ਓਵਰਸੀਜ਼ ਕਾਂਗਰਸ) ਨੇ ਇੱਕ ਵਿਸ਼ੇਸ਼ ਇਕੱਤਰਤਾ ਦੌਰਾਨ ਨਿਊਜਰਸੀ (ਯੂ. ਐੱਸ. ਏ.) ਵਿਖੇ ਕੀਤਾ।ਪਹਿਲਾਂ ਵਿਦੇਸ਼ਾਂ ਵਿੱਚ ਜਾਣ ਲਈ ਇੰਟਰਨੈਸ਼ਨਲ ਏਅਰਪੋਰਟ ਦਿੱਲੀ ਪਹੁੰਚਣ ਤੇ ਵਾਪਸ ਜਾਣ ਵਾਲਾ ਸਫ਼ਰ ਪੰਜਾਬ ਦੇ ਵਿਦੇਸ਼ ਜਾਣ ਵਾਲੇ ਲੋਕਾਂ ਨੂੰ ਥਕਾਵਟ ਕਰਵਾ ਦਿੰਦਾ ਸੀ ਤੇ ਦਿੱਲੀ ਜਾ ਕੇ ਬੋਰਡਿੰਗ ਪਾਸ ਲੈਣ ਲਈ ਘੱਟੋ-ਘੱਟ ਦੋ ਘੰਟੇ ਲੰਬੀ ਪ੍ਰਕਿਰਿਆ ਦਾ ਸਾਹਮਣਾ ਕਰਨਾ ਪੈਂਦਾ ਸੀ, ਪਰ ਹੁਣ ਜੇਕਰ ਅਸੀਂ ਏਅਰ ਇੰਡੀਆ ਦੀ ਫਲਾਈਟ ਰਾਹੀਂ ਯਾਤਰਾ ਕਰਦੇ ਹਾਂ ਤਾਂ ਬਿਨਾਂ ਕਿਸੇ ਦੇਰੀ ਦੇ ਬੋਰਡਿੰਗ ਪਾਸ ਹਾਸਿਲ ਕਰਨ ਤੇ ਸਮਾਨ ਦੇ ਅਟੈਚੀ ਜਮ੍ਹਾਂ ਕਰਵਾਉਣ ਦੀ ਸਾਰੀ ਪ੍ਰਕਿਰਿਆ ਹਲਵਾਰਾ ਹਵਾਈ ਅੱਡੇ ਉੱਪਰ ਹੀ ਪੂਰੀ ਹੋ ਜਾਂਦੀ ਹੈ। ਦਿੱਲੀ ਜਾ ਕੇ ਸਿਰਫ ਇਮੀਗਰੇਸ਼ਨ ਤੇ ਸਕਿਉਰਟੀ ਚੈੱਕ ਹੀ ਹੁੰਦੀ ਹੈ ਅਤੇ ਮੰਜ਼ਿਲ 'ਤੇ ਪਹੁੰਚ ਕੇ ਅਟੈਚੀ ਮਿਲ ਜਾਂਦੇ ਹਨ।ਹਰ ਯਾਤਰੀ ਦਾ ਦਿੱਲੀ ਤੱਕ ਪਹੁੰਚਣ ਤੇ ਬੋਰਡਿੰਗ ਦਾ ਸਮਾਂ ਬਚ ਜਾਂਦਾ ਹੈ, ਜੋ ਲਗਭਗ ਪੂਰੇ ਇੱਕ ਦਿਨ ਦੀ ਪ੍ਰਕਿਰਿਆ ਹੈ।ਪਿੰਸੀਪਲ ਬਲਦੇਵ ਬਾਵਾ ਨੇ ਨਿਊਜਰਸੀ (ਯੂ. ਐੱਸ. ਏ.) ਪਹੁੰਚ ਕੇ ਵਿਸ਼ੇਸ਼ ਇਕੱਤਰਤਾ ਦੌਰਾਨ ਬਾਬਾ ਬੰਦਾ ਸਿੰਘ ਬਹਾਦਰ ਅੰਤਰ-ਰਾਸ਼ਟਰੀ ਫਾਊਂਡੇਸ਼ਨ ਦੇ ਅਹੁਦੇਦਾਰਾਂ ਨਾਲ ਜਾਣਕਾਰੀ ਸਾਂਝੀ ਕੀਤੀ ਤੇ ਸਾਰਿਆਂ ਨੇ ਬੇਹੱਦ ਖੁਸ਼ੀ ਮਹਿਸੂਸ ਕੀਤੀ।ਯੂ. ਐੱਸ. ਏ. ਵਿੱਚ ਵਸਦੇ ਪੰਜਾਬੀਆਂ ਨੇ ਹਲਵਾਰਾ ਏਅਰਪੋਰਟ ਸ਼ੁਰੂ ਕਰਨ ਤੇ ਪੰਜਾਬੀਆਂ ਨੂੰ ਦਿੱਲੀ ਤੱਕ ਦੇ ਸਫ਼ਰ ਤੋਂ ਨਿਜਾਤ ਦਿਵਾਉਣ ਲਈ ਪੰਜਾਬ ਤੇ ਕੇਂਦਰ ਸਰਕਾਰ ਦਾ ਧੰਨਵਾਦ ਕੀਤਾ।

ਗੁਰਮੀਤ ਸਿੰਘ ਗਿੱਲ (ਪ੍ਰਧਾਨ ਇੰਡੀਅਨ ਓਵਰਸੀਜ਼ ਕਾਂਗਰਸ) ਤੇ ਬਹਾਦਰ ਸਿੰਘ ਸਿੱਧੂ (ਯੂ. ਐੱਸ. ਏ.) ਨੇ ਸਮੂਹ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਹਲਵਾਰਾ ਅੰਤਰ-ਰਾਸ਼ਟਰੀ ਹਵਾਈ ਅੱਡੇ ਨੂੰ ਵੱਧ ਤੋਂ ਵੱਧ ਕਾਮਯਾਬ ਕਰਨ ਦੇ ਯਤਨ ਕਰਨ।ਇਸ ਮੌਕੇ ਬਾਬਾ ਬੰਦਾ ਸਿੰਘ ਬਹਾਦਰ ਅੰਤਰ-ਰਾਸ਼ਟਰੀ ਫਾਊਂਡੇਸ਼ਨ ਦੇ ਅਹੁਦੇਦਾਰਾਂ ਨੇ ਪ੍ਰਿੰਸੀਪਲ ਬਲਦੇਵ ਬਾਵਾ ਨੂੰ ਯੂ. ਐੱਸ. ਏ. ਪਹੁੰਚਣ 'ਤੇ ਜੀ ਆਇਆਂ ਕਿਹਾ ਤੇ ਹਲਵਾਰਾ ਹਵਾਈ ਅੱਡੇ ਦੇ ਸ਼ੁਰੂ ਹੋਣ ਦੀ ਸਾਰੇ ਪੰਜਾਬੀ ਭਾਈਚਾਰੇ ਨੂੰ ਮੁਬਾਰਕਬਾਦ ਦਿੱਤੀ।

## ਜਤਿੰਦਰਪਾਲ ਸਿੰਘ ਬਣੇ ਡੀ ਸੀ ਦਫਤਰ ਕਰਮਚਾਰੀ ਯੂਨੀਅਨ ਸੁਨਾਮ ਦੇ ਪ੍ਰਧਾਨ



ਸੁਨਾਮ ਊਧਮ ਸਿੰਘ ਵਾਲਾ (ਹਾਕਮ ਸਿੰਘ ਭੱਟੀ)-ਡੀ. ਸੀ. ਦਫ਼ਤਰ ਕਰਮਚਾਰੀ ਯੂਨੀਅਨ ਦੀ ਇਕਾਈ ਸਬ ਡਵੀਜ਼ਨ ਸੁਨਾਮ ਊਧਮ ਸਿੰਘ ਵਾਲਾ ਦੀ ਚੋਣ ਵਾਈਸ ਚੇਅਰਮੈਨ ਸੁਰਿੰਦਰ ਸਿੰਘ ਚੀਮਾਂ ਤੇ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਕੌਰ ਦੀ ਅਗਵਾਈ ਵਿੱਚ ਕਰਵਾਈ ਗਈ।ਇਸ ਮੌਕੇ ਸਮੂਹ ਕਰਮਚਾਰੀਆਂ ਵੱਲੋਂ ਸਰਬਸੰਮਤੀ ਨਾਲ ਜਤਿੰਦਰਪਾਲ ਸਿੰਘ ਨੂੰ ਸਬ ਡਵੀਜ਼ਨ ਇਕਾਈ ਸੁਨਾਮ ਦਾ ਪ੍ਰਧਾਨ ਚੁਣਿਆ ਗਿਆ।ਇਨ੍ਹਾਂ ਤੋਂ ਇਲਾਵਾ ਮਨਦੀਪ ਸਿੰਘ ਵਾਈਸ ਪ੍ਰਧਾਨ, ਸੁਖਵੰਤ ਸਿੰਘ ਜਨਰਲ ਸਕੱਤਰ, ਕੁਲਵੰਤ ਸਿੰਘ ਖਜ਼ਾਨਚੀ, ਹਰਪਾਲ ਸਿੰਘ ਪ੍ਰੈੱਸ ਸਕੱਤਰ, ਬਲਕਾਰ ਸਿੰਘ ਕਾਨੂੰਨੀ ਸਲਾਹਕਾਰ ਦੀ ਚੋਣ ਕੀਤੀ ਗਈ।ਇਸ ਮੌਕੇ ਨਵ-ਨਿਯੁਕਤ ਪ੍ਰਧਾਨ ਜਤਿੰਦਰਪਾਲ ਸਿੰਘ ਨੇ ਕਿਹਾ ਕਿ ਉਹ ਸੂਬਾ ਤੇ ਜ਼ਿਲ੍ਹਾ ਯੂਨੀਅਨ ਦੇ ਪ੍ਰੋਗਰਾਮਾਂ ਨੂੰ ਸਬ ਡਵੀਜ਼ਨ ਸੁਨਾਮ ਵਿੱਚ ਲਾਗੂ ਕਰਵਾਉਣਗੇ ਤੇ ਹਰੇਕ ਕਰਮਚਾਰੀ ਨੂੰ ਯੂਨੀਅਨ ਵਿੱਚ ਮਾਣ ਸਤਿਕਾਰ ਦਿੱਤਾ ਜਾਵੇਗਾ ਅਤੇ ਕਰਮਚਾਰੀਆਂ ਦੀਆਂ ਮੰਗਾਂ ਨੂੰ ਯੂਨੀਅਨ ਦੇ ਨੁਮਾਇੰਦਿਆਂ ਤੱਕ ਪਹੁੰਚਾਇਆ ਜਾਵੇਗਾ ਤੇ ਕਿਸੇ ਵੀ ਕਰਮਚਾਰੀ ਨੂੰ ਕਿਸੇ ਵੀ ਕਿਸਮ ਦੀ ਦਿੱਕਤ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਜ਼ਿਲ੍ਹਾ ਬਾਡੀ ਤੋਂ ਰਣਜੀਤ ਕੌਰ, ਕਰਮਜੀਤ ਸਿੰਘ, ਕਰਮਿੰਦਰ ਸਿੰਘ ਤੇ ਸਬ ਡਵੀਜ਼ਨ ਸੁਨਾਮ ਤੋਂ ਸੁਖਵਿੰਦਰ ਸਿੰਘ, ਜੀਤਿਨ ਗਰੋਵਰ, ਰਵਿੰਦਰ ਸਿੰਘ, ਗੁਰਵਿੰਦਰ ਸਿੰਘ, ਦੀਪਇੰਦਰ ਕੌਰ, ਮਨਜਿੰਦਰ ਕੌਰ ਤੇ ਹੋਰ ਕਰਮਚਾਰੀ ਮੌਜੂਦ ਸਨ।

## ਫਿਰੋਜ਼ਪੁਰ ਮੰਡਲ 'ਚ ਮਨਾਇਆ ਅੰਤਰਰਾਸ਼ਟਰੀ ਫਾਟਕ ਜਾਗਰੂਕਤਾ ਦਿਵਸ



ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਰੇਲਵੇ ਕਰਾਸਿੰਗਾਂ 'ਤੇ ਹੋਣ ਵਾਲੀਆਂ ਦੁਰਘਟਨਾਵਾਂ ਨੂੰ ਰੋਕਣ ਲਈ ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਅਤੇ ਸੀਨੀਅਰ ਮੰਡਲ ਸੁਰੱਖਿਆ ਅਧਿਕਾਰੀ ਰੋਹਿਤ ਵਰਮਾ ਦੇ ਮਾਰਗਦਰਸ਼ਨ ਵਿਚ ਫਿਰੋਜ਼ਪੁਰ ਮੰਡਲ ਦੁਆਰਾ ਅੰਤਰਰਾਸ਼ਟਰੀ ਸਮਪਾਰ (ਲੈਵਲ ਕਰਾਸਿੰਗ) ਫਾਟਕ ਜਾਗਰੂਕਤਾ ਦਿਵਸ ਮਨਾਇਆ ਗਿਆ, ਜਿਸ ਦਾ ਉਦੇਸ਼ ਰੇਲਵੇ ਲੈਵਲ ਕਰਾਸਿੰਗ 'ਤੇ ਸੁਰੱਖਿਆ ਨੂੰ ਉਤਸ਼ਾਹਿਤ ਕਰਨਾ ਅਤੇ ਲੈਵਲ ਕਰਾਸਿੰਗ ਦੇ ਗਲਤ ਇਸਤੇਮਾਲ ਨਾਲ ਜੁੜੇ ਜੋਖਮਾਂ ਬਾਰੇ ਆਮ ਲੋਕਾਂ ਵਿਚ ਜਾਗਰੂਕਤਾ ਵਧਾਉਣਾ ਹੈ। ਇਸ ਮੌਕੇ ਉੱਤਰ ਰੇਲਵੇ ਦੇ ਫਿਰੋਜ਼ਪੁਰ ਮੰਡਲ ਦੇ ਸੁਰੱਖਿਆ ਸੰਗਠਨ ਦੁਆਰਾ ਮੰਡਲ ਦੇ ਵੱਖ-ਵੱਖ ਸਮਪਾਰ ਫਾਟਕਾਂ 'ਤੇ ਗੇਟਮੈਨਾਂ, ਸੜਕ ਉਪਭੋਗਤਾਵਾਂ ਅਤੇ ਆਮ ਨਾਗਰਿਕਾਂ ਨੂੰ ਜਾਗਰੂਕ ਕਰਨ ਲਈ ਸੁਰੱਖਿਆ ਮੁਹਿੰਮ ਚਲਾਈ ਗਈ। ਇਸ ਦੌਰਾਨ ਪੈਂਫਲੇਟ ਵੰਡੇ ਗਏ। ਸੜਕ ਉਪਭੋਗਤਾਵਾਂ ਅਤੇ ਆਮ ਜਨਤਾ ਦੀ ਕਾਉਂਸਲਿੰਗ ਕੀਤੀ ਗਈ, ਉਨ੍ਹਾਂ ਨੂੰ ਜਾਣਕਾਰੀ ਦਿੱਤੀ ਗਈ ਕਿ ਬੰਦ ਕਰਾਸਿੰਗ ਦੇ ਹੇਠਾਂ ਤੋਂ ਲੰਘਣਾ ਦੰਡਯੋਗ ਅਪਰਾਧ ਹੈ। ਅਜਿਹੇ ਵਿੱਚ ਧੀਰਜ ਰੱਖੋ ਅਤੇ ਫਾਟਕ ਖੁੱਲ੍ਹਣ 'ਤੇ ਹੀ ਰੇਲਵੇ ਟਰੈਕ ਨੂੰ ਪਾਰ ਕਰੋ। ਰੇਲਵੇ ਟਰੈਕ ਪਾਰ ਕਰਦੇ ਸਮੇਂ ਈਅਰਫੋਨ ਦੀ ਵਰਤੋਂ, ਮੋਬਾਈਲ ਫੋਨ 'ਤੇ ਗੱਲਬਾਤ ਅਤੇ ਮਿਊਜ਼ਿਕ ਸਿਸਟਮ ਦੀ ਵਰਤੋਂ ਨਹੀਂ ਕਰਨੀ ਚਾਹੀਦੀ।

## ਸਰਕਾਰ ਦੀਆਂ ਮੁਲਾਜ਼ਮ ਤੇ ਪੈਨਸ਼ਨਰ ਵਿਰੋਧੀ ਨੀਤੀਆਂ ਖ਼ਿਲਾਫ਼ ਸਾਂਝੇ ਫਰੰਟ ਵੱਲੋਂ ਤਿੱਖੇ ਸੰਘਰਸ਼ ਦਾ ਐਲਾਨ

### 19 ਨੂੰ ਡੀ ਸੀ ਰਾਹੀਂ ਮੁੱਖ ਮੰਤਰੀ ਨੂੰ ਦਿੱਤਾ ਜਾਵੇਗਾ ਚਿਤਾਵਨੀ ਪੱਤਰ



ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)

ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਦੀ ਸੂਬਾ ਪੱਧਰੀ ਕਨਵੈਨਸ਼ਨ ਦੌਰਾਨ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਨੂੰ ਜ਼ਿਲ੍ਹਾ ਫ਼ਰੀਦਕੋਟ ਵਿੱਚ ਜ਼ੋਰ-ਸ਼ੋਰ ਨਾਲ ਲਾਗੂ ਕਰਨ ਲਈ ਸਥਾਨਕ ਪੈਨਸ਼ਨਰ ਭਵਨ ਵਿਖੇ ਜ਼ਿਲ੍ਹਾ ਕਮੇਟੀ ਦੀ ਇੱਕ ਅਹਿਮ ਮੀਟਿੰਗ ਹੋਈ। ਪੈਨਸ਼ਨਰ ਆਗੂ ਇੰਦਰਜੀਤ ਸਿੰਘ ਖੀਵਾ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿੱਚ ਮਾਨ ਸਰਕਾਰ ਦੀਆਂ ਮੁਲਾਜ਼ਮ ਤੇ ਪੈਨਸ਼ਨਰ ਵਿਰੋਧੀ ਨੀਤੀਆਂ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਆਰ-ਪਾਰ ਦੀ ਲੜਾਈ ਦਾ ਬਿਗਲ ਵਜਾ ਦਿੱਤਾ ਗਿਆ ਹੈ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਪੈਨਸ਼ਨਰ ਆਗੂ ਪ੍ਰੇਮ ਚਾਵਲਾ, ਮੁਲਾਜ਼ਮ ਆਗੂ ਜਤਿੰਦਰ ਕੁਮਾਰ, ਨਵਪ੍ਰੀਤ ਸਿੰਘ, ਨਰਿੰਦਰ ਸਿੰਘ (ਟੀ.ਐੱਸ.ਯੂ.), ਸਿਮਰਜੀਤ ਸਿੰਘ ਬਰਾੜ, ਸੁਖਮੰਦਰ ਸਿੰਘ ਗਿੱਲ (ਪੀ.ਆਰ.ਟੀ.ਸੀ.), ਦਰਜਾ ਚਾਰ ਮੁਲਾਜ਼ਮ ਆਗੂ ਬਲਕਾਰ ਸਿੰਘ ਸਹੋਤਾ ਤੇ ਪੈਨਸ਼ਨਰ ਆਗੂ ਕੁਲਵੰਤ ਸਿੰਘ ਚਾਨੀ ਨੇ ਕਿਹਾ ਕਿ ਬੀਤੇ ਦਿਨੀਂ ਪਟਿਆਲਾ ਵਿਖੇ ਬੇਰੁਜ਼ਗਾਰ ਲਾਈਨਮੈਨ ਮੁਲਾਜ਼ਮਾਂ 'ਤੇ ਮੁੱਖ ਮੰਤਰੀ ਦੀ ਸ਼ਹਿ 'ਤੇ ਪੰਜਾਬ ਪੁਲਸ ਵੱਲੋਂ ਕੀਤੇ ਗਏ ਅੰਨ੍ਹੇਵਾਹ ਤਸ਼ੱਦਦ ਨੇ ਜ਼ੁਲਮ ਦੇ ਸਾਰੇ ਰਿਕਾਰਡ ਮਾਤ ਪਾ ਦਿੱਤੇ ਹਨ।ਉਨ੍ਹਾਂ ਸੱਤਾਧਾਰੀ ਧਿਰ 'ਤੇ ਤਨਜ਼ ਕਸਦਿਆਂ ਕਿਹਾ ਕਿ ਸਰਕਾਰ ਦੇ 95 'ਗੂੰਗੇ ਪਹਿਲਵਾਨਾਂ' ਵਿੱਚੋਂ ਕਿਸੇ ਇੱਕ ਦੀ ਵੀ ਜ਼ਮੀਰ ਨਹੀਂ ਜਾਗੀ।ਆਗੂਆਂ ਨੇ ਚਿਤਾਵਨੀ ਦਿੱਤੀ ਕਿ ਇਨ੍ਹਾਂ ਸੁੱਤੀਆਂ ਜ਼ਮੀਰਾਂ ਵਾਲੇ ਲੋਕਾਂ ਨੂੰ ਪੰਜਾਬ ਦੇ ਲੋਕ ਆਉਂਦੀਆਂ ਵਿਧਾਨ ਸਭਾ ਚੋਣਾਂ ਵਿੱਚ ਤਕੜਾ ਸਬਕ ਸਿਖਾਉਣਗੇ।

ਆਗੂਆਂ ਨੇ ਦੋਸ਼ ਲਾਇਆ ਕਿ ਡੀ.ਏ. (ਮਹਿੰਗਾਈ ਭੱਤੇ) ਦੇ ਮਾਮਲੇ ਨੂੰ ਲੈ ਕੇ ਪੰਜਾਬ ਦੀ ਕੈਬਨਿਟ ਸਬ-ਕਮੇਟੀ ਦੇ ਮੈਂਬਰਾਂ-ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਅਮਨ ਅਰੋੜਾ ਤੇ ਡਾਕਟਰ ਬਲਜੀਤ ਕੌਰ ਦੇ ਹਸਤਾਖ਼ਰਾਂ ਹੇਠ ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਵਿੱਚ ਦਾਖ਼ਲ ਕੀਤੀ ਗਈ ਰਿਪੋਰਟ ਨੇ ਭਗਵੰਤ ਮਾਨ ਸਰਕਾਰ ਦਾ ਮੁਲਾਜ਼ਮ ਤੇ ਪੈਨਸ਼ਨਰ ਵਿਰੋਧੀ ਚਿਹਰਾ ਲੋਕਾਂ ਦੀ ਕਚਹਿਰੀ ਵਿੱਚ ਬਿਲਕੁਲ ਨੰਗਾ ਕਰਕੇ ਰੱਖ ਦਿੱਤਾ ਹੈ।ਮੀਟਿੰਗ ਦੌਰਾਨ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ 19 ਜੂਨ ਸਵੇਰੇ ਠੀਕ 10 ਵਜੇ ਮੁੱਖ ਮੰਤਰੀ ਪੰਜਾਬ ਦੇ ਨਾਂ ਚਿਤਾਵਨੀ ਪੱਤਰ ਡਿਪਟੀ ਕਮਿਸ਼ਨਰ ਫ਼ਰੀਦਕੋਟ ਨੂੰ ਸੌਂਪਿਆ ਜਾਵੇਗਾ।20 ਜੂਨ ਸਵੇਰੇ 10 ਵਜੇ ਮਹਾਤਮਾ ਗਾਂਧੀ ਸੀਨੀਅਰ ਸੈਕੰਡਰੀ ਸਕੂਲ ਫ਼ਰੀਦਕੋਟ ਵਿਖੇ ਇੱਕ ਵਿਸ਼ਾਲ ਜ਼ਿਲ੍ਹਾ ਪੱਧਰੀ ਕਨਵੈਨਸ਼ਨ ਕੀਤੀ ਜਾਵੇਗੀ।ਇਸ ਕਨਵੈਨਸ਼ਨ ਦੌਰਾਨ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਦੇ ਘਰਾਂ ਸਾਹਮਣੇ ਕੀਤੇ ਜਾਣ ਵਾਲੇ 'ਘੜੇ ਭੰਨ ਮੁਜ਼ਾਹਰਿਆਂ' ਦੀਆਂ ਤਰੀਕਾਂ ਦਾ ਰਸਮੀ ਐਲਾਨ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਵੱਖ-ਵੱਖ ਜਥੇਬੰਦੀਆਂ ਦੇ ਪ੍ਰਮੁੱਖ ਆਗੂ ਹਾਜ਼ਰ ਸਨ।

## ਸਰਕਾਰ ਤੇਲ ਤੇ ਗੈਸ ਕੀਮਤਾਂ 'ਚ ਵਾਧਾ ਵਾਪਸ ਲਵੇ : ਲੱਖੋਵਾਲ



ਸਮਰਾਲਾ (ਸੁਰਜੀਤ ਸਿੰਘ)-ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੀ ਮਾਸਿਕ ਬੈਠਕ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਯੂਨੀਅਨ ਦੇ ਕਾਰਜਕਾਰੀ ਮੈਂਬਰ ਤੇ ਜ਼ਿਲ੍ਹਾ ਪ੍ਰਧਾਨਾਂ ਨੇ ਕਿਸਾਨੀ ਮੁੱਦਿਆਂ 'ਤੇ ਚਰਚਾ ਕੀਤੀ।ਮੀਟਿੰਗ ਦੀ ਜਾਣਕਾਰੀ ਇਥੇ ਪ੍ਰੈੱਸ ਨੂੰ ਦਿੰਦੇ ਹੋਏ ਸਰਪ੍ਰਸਤ ਅਵਤਾਰ ਸਿੰਘ ਮੇਹਲੋਂ ਤੇ ਸੂਬਾ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ ਨੇ ਸਾਂਝਾ ਬਿਆਨ ਜਾਰੀ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਦੁਆਰਾ ਪੈਟਰੋਲ ਤੇ ਡੀਜ਼ਲ ਦੀਆਂ ਕੀਮਤਾਂ ਵਿੱਚ ਵਾਧਾ ਕਰਕੇ ਦੇਸ਼ ਭਰ ਵਿੱਚ ਕਿਸਾਨਾਂ, ਮਜ਼ਦੂਰਾਂ ਤੇ ਆਮ ਲੋਕਾਂ ਦਾ ਜਿਊਣਾ ਮੁਹਾਲ ਕਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਪੰਜ ਰਾਜਾਂ ਦੀਆਂ ਚੋਣਾਂ ਉਪਰੰਤ ਕੇਂਦਰ ਸਰਕਾਰ ਨੇ ਕੰਪਨੀਆਂ ਨੂੰ ਤੇਲ ਕੀਮਤਾਂ ਵਧਾਉਣ ਦੀ ਖੁੱਲ੍ਹ ਦੇ ਕੇ ਲੋਕਾਂ ਉੱਪਰ ਵੱਡਾ ਆਰਥਿਕ ਬੋਝ ਪਾ ਦਿੱਤਾ ਹੈ।ਉਨ੍ਹਾਂ ਕਿਹਾ ਕਿ ਵਿਸ਼ੇਸ਼ ਤੌਰ 'ਤੇ ਡੀਜ਼ਲ ਦੇ ਰੇਟ ਵਧਾ ਕੇ ਕਿਸਾਨਾਂ ਲਈ ਖੇਤੀ ਕਰਨਾ ਬਹੁਤ ਔਖਾ ਹੋ ਗਿਆ ਹੈ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਤੇਲ ਪਦਾਰਥਾਂ ਵਿੱਚ ਕੀਤਾ ਵਾਧਾ ਵਾਪਸ ਲਵੇ।ਉਨ੍ਹਾਂ ਕਿਹਾ ਕਿ ਗੁਆਂਢੀ ਸੂਬਿਆਂ ਦੇ ਮੁਕਾਬਲੇ ਪੰਜਾਬ ਸਰਕਾਰ ਦੇ ਪੈਟਰੋਲ ਤੇ ਡੀਜ਼ਲ ਦੇ ਰੇਟਾਂ ਵਿੱਚ ਭਾਰੀ ਅੰਤਰ ਹੈ।ਪੰਜਾਬ ਸਰਕਾਰ ਆਪਣੇ ਟੈਕਸ ਘਟਾ ਕੇ ਗੁਆਂਢੀ ਸੂਬਿਆਂ ਦੇ ਬਰਾਬਰ ਡੀਜ਼ਲ ਤੇ ਪੈਟਰੋਲ ਦੇ ਰੇਟ ਕਰੇ, ਜਿਸ ਨਾਲ ਪੰਜਾਬ ਦੇ ਲੋਕਾਂ ਦਾ ਭਲਾ ਹੋ ਸਕੇ।

## ਮਨੀਰ ਅਹਿਮਦ ਆਲ ਇੰਡੀਆ ਮੁਸਲਿਮ ਬੋਰਡ ਦੇ ਜ਼ਿਲ੍ਹਾ ਚੇਅਰਮੈਨ ਨਿਯੁਕਤ



ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮਨੀਰ ਅਹਿਮਦ ਨੂੰ ਆਲ ਇੰਡੀਆ ਮੁਸਲਿਮ ਬੋਰਡ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦਾ ਚੇਅਰਮੈਨ ਨਿਯੁਕਤ ਕੀਤਾ ਹੈ।ਮਨੀਰ ਅਹਿਮਦ ਦੀ ਇਸ ਨਿਯੁਕਤੀ ਦਾ ਸਵਾਗਤ ਕਰਦਿਆਂ ਡਾਕਟਰ ਤਨਵੀਰ, ਮੁਹੰਮਦ ਸਲੀਮ, ਮੌਲਾਨਾ ਮੁਹੰਮਦ ਸ਼ਮਸ਼ੁਦੀਨ, ਮੁਹੰਮਦ ਸ਼ਹਿਜ਼ਾਦ, ਕੇਵਲ ਖਾਨ, ਅਮਨ ਖਾਨ, ਬਲਵੀਰ ਖਾਨ, ਡਾਕਟਰ ਸਰਾਜ ਤੇ ਅਬਦੁਲ ਬਸ਼ੀਰ ਵੱਲੋਂ ਮਨੀਰ ਅਹਿਮਦ ਨੂੰ ਆਲ ਇੰਡੀਆ ਮੁਸਲਿਮ ਬੋਰਡ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦਾ ਚੇਅਰਮੈਨ ਬਣਨ 'ਤੇ ਵਧਾਈ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਗਿਆ।ਉੱਧਰ ਨਵ-ਨਿਯੁਕਤ ਚੇਅਰਮੈਨ ਮਨੀਰ ਅਹਿਮਦ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਮੁਸਲਿਮ ਭਾਈਚਾਰੇ ਦੀਆਂ ਮੁਸ਼ਕਲਾਂ ਦੇ ਹੱਲ ਲਈ ਹਮੇਸ਼ਾ ਤਤਪਰ ਰਹਿਣਗੇ ਤੇ ਆਪਣਾ ਕੰਮ ਪੂਰੀ ਇਮਾਨਦਾਰੀ ਨਾਲ ਕਰਨਗੇ।

## ਲੁਟੇਰੇ ਮੋਟਰਸਾਈਕਲ ਸਵਾਰ ਤੋਂ 20 ਹਜ਼ਾਰ ਦੀ ਨਕਦੀ ਖੋਹ ਕੇ ਫਰਾਰ

ਧੂਰੀ (ਮਨੋਹਰ ਸਿੰਘ ਸੱਗੂ)-ਬੀਤੀ ਸ਼ਾਮ ਧੂਰੀ-ਬਾਗੜੀਆਂ ਸੜਕ 'ਤੇ ਇੱਕ ਮੋਟਰਸਾਈਕਲ ਸਵਾਰ ਨਾਲ ਲੁੱਟ-ਖੋਹ ਦੀ ਘਟਨਾ ਵਾਪਰਨ ਦੀ ਖਬਰ ਹੈ।ਜਾਣਕਾਰੀ ਅਨੁਸਾਰ ਬੁੱਧਵਾਰ ਬਾਅਦ ਦੁਪਹਿਰ ਕਰੀਬ 4/5 ਵਜੇ ਧੂਰੀ-ਬਾਗੜੀਆਂ ਸੜਕ 'ਤੇ ਪਿੰਡ ਸ਼ੇਰਪੁਰ ਸੋਢੀਆਂ ਨੇੜੇ ਧੂਰੀ ਤੋਂ ਆਪਣੇ ਪਿੰਡ ਬੁਰਜ ਗੋਹਰਾ ਨੂੰ ਜਾ ਰਹੇ ਮੋਟਰਸਾਈਕਲ ਸਵਾਰ ਬਹਾਦਰ ਸਿੰਘ ਪੁੱਤਰ ਲਾਲ ਸਿੰਘ ਤੋਂ ਪਿੱਛੋਂ ਆ ਰਹੇ ਤਿੰਨ ਮੋਟਰਸਾਈਕਲ ਸਵਾਰ ਲੁਟੇਰੇ ਕਰੀਬ 20 ਹਜ਼ਾਰ ਦੀ ਨਕਦੀ ਖੋਹ ਕੇ ਫਰਾਰ ਹੋ ਗਏ। ਜਾਣਕਾਰੀ ਅਨੁਸਾਰ ਇਸ ਲੁੱਟ-ਖੋਹ ਦੀ ਘਟਨਾ ਸਮੇਂ ਖੋਹ ਦਾ ਸ਼ਿਕਾਰ ਹੋਏ ਬਹਾਦਰ ਸਿੰਘ ਦੀ ਲੁਟੇਰਿਆਂ ਨਾਲ ਹੱਥੋਂ ਪਾਈ ਵੀ ਹੋਈ, ਪਰ ਲੁਟੇਰ ਘਟਨਾ ਨੂੰ ਅੰਜਾਮ ਦੇਣ 'ਚ ਸਫ਼ਲ ਰਹੇ।ਫੋਨ 'ਤੇ ਸੰਪਰਕ ਕਰਨ 'ਤੇ ਖੋਹ ਦਾ ਸ਼ਿਕਾਰ ਹੋਏ ਬਹਾਦਰ ਸਿੰਘ ਨੇ ਆਪਣੇ ਨਾਲ ਵਾਪਰੀ ਘਟਨਾ ਦੀ ਪੁਸ਼ਟੀ ਕਰਦਿਆਂ ਕਿਹਾ ਕਿ ਵਾਰਦਾਤ ਸਬੰਧੀ ਉਸ ਵੱਲੋਂ ਥਾਣਾ ਸਦਰ ਧੂਰੀ ਦੀ ਪੁਲਸ ਨੂੰ ਸੂਚਿਤ ਕੀਤਾ ਗਿਆ।

# ਦੋ ਨਾਬਾਲਗਾਂ ਸਮੇਤ 6 ਮੁਲਜ਼ਮ 30 ਕਿੱਲੋ ਹੈਰੋਇਨ ਸਣੇ ਕਾਬੂ



**ਛੇਹਰਟਾ/ਖਾਸਾ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)**- ਅੰਮ੍ਰਿਤਸਰ ਕਮਿਸ਼ਨਰੇਟ ਪੁਲਸ ਨੇ ਛੇ ਵਿਅਕਤੀਆਂ, ਜਿਨ੍ਹਾਂ ਵਿਚੋਂ ਦੋ ਨਬਾਲਗ ਹਨ, ਨੂੰ 30.045 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਨਸ਼ਾ ਤਸਕਰੀ ਵਾਲੇ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਡਾਇਰੈਕਟਰ ਜਨਰਲ ਆਫ ਪੁਲਸ ਪੰਜਾਬ ਗੌਰਵ ਯਾਦਵ ਨੇ ਦੱਸਿਆਂ ਕਿ ਗ੍ਰਿਫ਼ਤਾਰ ਮੁਲਜ਼ਮਾਂ ਦੀ ਪਛਾਣ ਅੰਮ੍ਰਿਤਸਰ ਦੀ ਫਤਿਹ ਸਿੰਘ ਕਾਲੋਨੀ ਦੇ ਰਹਿਣ ਵਾਲੇ ਗੌਤਮ (24), ਅੰਮ੍ਰਿਤਸਰ ਦੇ ਛੇਹਰਟਾ ਦੇ ਰਹਿਣ ਵਾਲੇ ਕਬੀਰ ਉਰਫ਼ ਕਾਕੂ (22), ਅੰਮ੍ਰਿਤਸਰ ਦੇ ਰਹਿਣ ਵਾਲੇ ਸਮੀਰ ਉਰਫ਼ ਸਭਰਵਾਲ (18), ਅੰਮ੍ਰਿਤਸਰ ਦੀ ਔਰਚਿਡ ਵੈਲੀ ਦੇ ਰਹਿਣ ਵਾਲੇ ਗੁਰਪ੍ਰੀਤ ਸਿੰਘ ਉਰਫ਼ ਕੀੜਾ (18) ਵਜੋਂ ਹੋਈ ਹੈ। ਇਸ ਤੋਂ ਇਲਾਵਾ ਗ੍ਰਿਫ਼ਤਾਰ ਮੁਲਜ਼ਮਾਂ ਵਿੱਚ ਦੋ ਨਬਾਲਗ ਵੀ ਸ਼ਾਮਲ ਹਨ। ਗ੍ਰਿਫ਼ਤਾਰ ਮੁਲਜ਼ਮ ਕਬੀਰ ਉਰਫ਼ ਕਾਕੂ ਦਾ ਪੁਰਾਣਾ ਅਪਰਾਧਕ ਰਿਕਾਰਡ ਹੈ ਜਿਸ ਖ਼ਿਲਾਫ਼ ਥਾਣਾ ਛੇਹਰਟਾ ਵਿਚ ਐੱਨ.ਡੀ.ਪੀ.ਐੱਸ. ਤਹਿਤ ਪਹਿਲਾਂ ਹੀ ਕੇਸ ਦਰਜ ਹੈ। ਨਸ਼ਿਆਂ ਦੀ ਖੇਪ ਬਰਾਮਦ ਕਰਨ ਤੋਂ ਇਲਾਵਾ ਪੁਲਸ ਟੀਮਾਂ ਨੇ ਉਨ੍ਹਾਂ ਦਾ ਮੋਟਰਸਾਈਕਲ ਵੀ ਜ਼ਬਤ ਕੀਤਾ ਹੈ, ਜਿਸ ਦੀ ਵਰਤੋਂ ਉਹ ਨਸ਼ਾ ਤਸਕਰੀ ਲਈ ਕਰ ਰਹੇ ਸਨ। ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਮੁਢਲੀ ਜਾਂਚ ਅਨੁਸਾਰ ਗ੍ਰਿਫ਼ਤਾਰ ਮੁਲਜ਼ਮ ਦੁਬਈ ਅਧਾਰਤ ਤਸਕਰ ਨਾਲ ਸੰਪਰਕ ਵਿਚ ਸਨ ਜੋ ਸਰਹੱਦ ਪਾਰੋਂ ਹੈਰੋਇਨ ਤਸਕਰੀ ਵਿਚ ਉਨ੍ਹਾਂ ਦੀ ਸਹਾਇਤਾ ਕਰ ਰਿਹਾ ਸੀ।

ਉਨ੍ਹਾਂ ਦੱਸਿਆ ਕਿ ਦੁਬਈ ਅਧਾਰਤ ਤਸਕਰ ਦੇ ਨਿਰਦੇਸ਼ਾਂ 'ਤੇ ਕੰਮ ਕਰਦਿਆਂ ਉਕਤ ਮੁਲਜ਼ਮ ਨਿਰਧਾਰਤ ਥਾਵਾਂ ਤੋਂ ਖੇਪਾਂ ਪ੍ਰਾਪਤ ਕਰ ਕੇ ਉਨ੍ਹਾਂ ਨੂੰ ਅੱਗੇ ਪੰਜਾਬ ਭਰ 'ਚ ਸਪਲਾਈ ਕਰਦੇ ਸਨ। ਆਪ੍ਰੇਸ਼ਨ ਦੇ ਵੇਰਵੇ ਸਾਂਝੇ ਕਰਦਿਆਂ ਪੁਲਸ ਕਮਿਸ਼ਨਰ ਅੰਮ੍ਰਿਤਸਰ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿ ਖੁਫੀਆ ਜਾਣਕਾਰੀ 'ਤੇ ਅਧਾਰਤ ਕਾਰਵਾਈ ਵਿਚ ਪੁਲਸ ਟੀਮਾਂ ਨੇ ਮੁਲਜ਼ਮ ਗੌਤਮ ਨੂੰ ਉਸਦੇ ਦੋ ਨਾਬਾਲਗ ਸਾਥੀਆਂ ਸਮੇਤ ਗ੍ਰਿਫ਼ਤਾਰ ਕਰ ਲਿਆ ਅਤੇ ਉਨ੍ਹਾਂ ਕੋਲੋਂ 30.045 ਕਿਲੋ ਹੈਰੋਇਨ ਬਰਾਮਦ ਹੋਈ। ਉਨ੍ਹਾਂ ਦੱਸਿਆ ਕਿ ਮੁਲਜ਼ਮ ਗੌਤਮ ਦੇ ਖੁਲਾਸੇ 'ਤੇ ਤਿੰਨ ਹੋਰ ਮੁਲਜ਼ਮਾਂ ਜਿਨ੍ਹਾਂ ਦੀ ਪਛਾਣ ਕਬੀਰ ਉਰਫ਼ ਕਾਕੂ, ਸਮੀਰ ਉਰਫ਼ ਸਭਰਵਾਲ ਤੇ ਗੁਰਪ੍ਰੀਤ ਸਿੰਘ ਉਰਫ਼ ਕੀੜਾ ਵਜੋਂ ਹੋਈ ਹੈ, ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਜਾਂਚ ਅਨੁਸਾਰ ਦੁਬਈ ਅਧਾਰਤ ਬਦਨਾਮ ਸਮੱਗਲਰ ਕਰਨ ਇਸ ਮਡਿਊਲ ਦਾ ਮਾਸਟਰਮਾਈਂਡ ਹੈ, ਜੋ ਪੁਲਸ ਨੂੰ ਪਹਿਲਾਂ ਹੀ 42 ਕਿਲੋ ਹੈਰੋਇਨ ਰਿਕਵਰੀ ਕੇਸ ਤੇ 10 ਕਿਲੋ ਆਈ ਸੀ ਈ ਰਿਕਵਰੀ ਕੇਸ ਸਮੇਤ ਤਿੰਨ ਵੱਡੇ ਐਨ ਡੀ ਪੀ ਐਸ ਮਾਮਲਿਆਂ ਵਿਚ ਲੋੜੀਂਦਾ ਹੈ। ਉਨ੍ਹਾਂ ਦੱਸਿਆ ਕਿ ਦੁਬਈ 'ਚ ਬੈਠ ਕੇ ਕੰਮ ਕਰਦਿਆਂ ਉਕਤ ਮੁਲਜ਼ਮ ਨੌਜਵਾਨਾਂ, ਜਿਨ੍ਹਾਂ ਵਿਚ ਨਬਾਲਗ ਵੀ ਸ਼ਾਮਲ ਹਨ, ਨੂੰ ਪੈਸੇ ਦਾ ਲਾਲਚ ਦੇ ਕੇ ਲੁਭਾਉਂਦਾ ਸੀ ਅਤੇ ਫਿਰ ਉਨ੍ਹਾਂ ਨੂੰ ਨਸ਼ਿਆਂ ਦੀ ਖੇਪ ਹਾਸਲ ਕਰਨ ਤੋਂ ਲੈ ਕੇ ਇਨ੍ਹਾਂ ਦੀ ਅੱਗੇ ਸਪਲਾਈ ਵਰਗੇ ਕੰਮਾਂ ਲਈ ਵਰਤਦਾ ਸੀ। ਇਸ ਸੰਬੰਧੀ ਅੰਮ੍ਰਿਤਸਰ ਦੇ ਥਾਣਾ ਛੇਹਰਟਾ ਵਿੱਚ ਮਾਮਲਾ ਦਰਜ ਕੀਤਾ ਗਿਆ ਹੈ।

## ਸੀਟੂ ਵੱਲੋਂ ਇਨਸਾਫ਼ ਲਈ 17 ਨੂੰ ਥਾਣਾ ਛੇਹਰਟਾ ਦੇ ਘਿਰਾਓ ਦਾ ਐਲਾਨ



ਛੇਹਰਟਾ/ਖਾਸਾ (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)-ਸੀਟੂ ਦੇ ਵਰਕਰ ਜਸਪਾਲ ਸ਼ਰਮਾ ਨੂੰ ਇਨਸਾਫ਼ ਦਿਵਾਉਣ ਤੇ ਪੁਲਸ ਪ੍ਰਸ਼ਾਸਨ ਦੀ ਢਿੱਲੀ ਕਾਰਵਾਈ ਖ਼ਿਲਾਫ਼ ਸੀਟੂ ਵੱਲੋਂ 17 ਜੂਨ ਨੂੰ ਥਾਣਾ ਛੇਹਰਟਾ ਦਾ ਰੋਸ ਪ੍ਰਦਰਸ਼ਨ ਕਰਕੇ ਘਿਰਾਓ ਕੀਤਾ ਜਾਵੇਗਾ। ਇਹ ਫ਼ੈਸਲਾ ਪੁਤਲੀਘਰ ਸਥਿਤ ਸੀਟੂ ਦਫ਼ਤਰ ਵਿਚ ਅਹੁਦੇਦਾਰਾਂ ਦੀ ਹੰਗਾਮੀ ਮੀਟਿੰਗ ਦੌਰਾਨ ਲਿਆ ਗਿਆ।? ਮੀਟਿੰਗ ਦੌਰਾਨ ਜਸਪਾਲ ਸ਼ਰਮਾ ਦੇ ਮਾਮਲੇ 'ਤੇ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਸੀਟੂ ਦੇ ਸੂਬਾਈ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਦੱਸਿਆ ਕਿ ਜਸਪਾਲ ਸ਼ਰਮਾ ਦੇ ਨੂੰਹ-ਪੁੱਤ ਵੱਲੋਂ ਮਕਾਨ ਤੇ ਜਾਇਦਾਦ 'ਤੇ ਨਾਜਾਇਜ਼ ਕਬਜ਼ਾ ਕਰਨ ਲਈ ਪਿਛਲੇ ਲੰਬੇ ਸਮੇਂ ਤੋਂ ਉਨ੍ਹਾਂ ਨਾਲ ਕਥਿਤ ਤੌਰ 'ਤੇ ਬਦਸਲੂਕੀ, ਗਾਲੀ-ਗਲੋਚ ਅਤੇ ਕੁੱਟਮਾਰ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ?ਪੀੜਤ ਜਸਪਾਲ ਸ਼ਰਮਾ ਨੂੰ 7 ਮਾਰਚ 2024 ਤੋਂ ਘਰੋਂ ਕੱਢ ਦਿੱਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਕਰੀਬ ਢਾਈ ਸਾਲਾਂ ਤੋਂ ਨੂੰਹ-ਪੁੱਤ ਵੱਲੋਂ ਕੀਤੇ ਜਾ ਰਹੇ ਕਥਿਤ ਮਾਨਸਿਕ ਤੇ ਸਰੀਰਕ ਤਸ਼ੱਦਦ ਕਾਰਨ ਉਹ ਆਪਣੇ ਹੀ ਘਰ ਤੋਂ ਬਾਹਰ ਕਿਰਾਏ ਦੇ ਮਕਾਨ ਵਿਚ ਰਹਿਣ ਲਈ ਮਜਬੂਰ ਹਨ। ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਦੋਸ਼ ਲਾਇਆ ਕਿ ਜਸਪਾਲ ਸ਼ਰਮਾ ਵੱਲੋਂ ਇਸ ਸਬੰਧੀ ਥਾਣਾ ਛੇਹਰਟਾ ਵਿਚ ਲਿਖਤੀ ਦਰਖ਼ਾਸਤ ਦਿੱਤੀ ਗਈ ਸੀ, ਪਰ ਪੁਲਸ ਵੱਲੋਂ ਪੀੜਤ ਨੂੰ ਇਨਸਾਫ਼ ਦਿਵਾਉਣ ਲਈ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਦੱਸਿਆ ਕਿ ਪੁਲਸ ਦੀ ਇਸੇ ਨਾਕਾਮੀ ਤੇ ਢਿੱਲੀ ਕਾਰਗੁਜ਼ਾਰੀ ਦੇ ਰੋਸ ਵਜੋਂ ਜਥੇਬੰਦੀ ਨੇ ਤਿੱਖੇ ਸੰਘਰਸ਼ ਦਾ ਰਾਹ ਚੁਣਿਆ ਹੈ। ਇਸ ਹੰਗਾਮੀ ਮੀਟਿੰਗ ਵਿਚ ਸੀਟੂ ਦੇ ਜ਼ਿਲ੍ਹਾ ਪ੍ਰਧਾਨ ਚਰਨਜੀਤ ਮਜੀਠਾ, ਕਿਰਪਾ ਰਾਮ, ਵਿਜੇ ਕੁਮਾਰ, ਮਹਿੰਦਰ ਖੈਹਰਾ ਤੇ ਪ੍ਰਤਾਪ ਸਿੰਘ ਖਾਪੜਖੇੜੀ ਸਮੇਤ ਕਈ ਪ੍ਰਮੁੱਖ ਸਾਥੀ ਹਾਜ਼ਰ ਸਨ। ਉਨ੍ਹਾਂ ਚਿਤਾਵਨੀ ਦਿੱਤੀ ਕਿ ਜਦੋਂ ਤੱਕ ਬਜ਼ੁਰਗ ਵਰਕਰ ਨੂੰ ਇਨਸਾਫ਼ ਨਹੀਂ ਮਿਲਦਾ, ਸੰਘਰਸ਼ ਲਗਾਤਾਰ ਜਾਰੀ ਰਹੇਗਾ।

## ਪੰਜਾਬ ਪੈਨਸ਼ਨਰਜ਼ ਯੂਨੀਅਨ ਵੱਲੋਂ ਵੱਡਾ ਫੈਸਲਾ, ਜੇ ਡੀ ਏ ਨਹੀਂ ਤਾਂ ਵੋਟ ਨਹੀਂ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪੰਜਾਬ ਪੈਨਸ਼ਨਰਜ ਯੂਨੀਅਨ (ਰਜਿ) ਜ਼ਿਲ੍ਹਾ ਅੰਮ੍ਰਿਤਸਰ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਬਲਰਾਜ ਸਿੰਘ ਭੰਗੂ, ਜਨਰਲ ਸਕੱਤਰ ਕੁਲਵੰਤ ਸਿੰਘ ਘੂਕੇਵਾਲੀ, ਵਿਤ ਸਕੱਤਰ ਨਿਰਵੈਰ ਸਿੰਘ, ਪ੍ਰੈੱਸ ਸਕੱਤਰ ਮੇਲਾ ਰਾਮ ਅਤੇ ਜਥੇਬੰਦਕ ਸਕੱਤਰ ਭੈਣ ਰਜਿੰਦਰ ਪਾਲ ਕੌਰ ਦੀ ਪ੍ਰਧਾਨਗੀ ਹੇਠ ਹੋਈ। ਸ਼ੁਰੂਆਤ ਵਿਚ ਵਿਛੜੇ ਸੀਨੀਅਰ ਸਾਥੀ ਗੁਰਚਰਨ ਸਿੰਘ ਸੰਧੂ ਅਤੇ ਰਵਿੰਦਰ ਸਿੰਘ ਭਕਨਾ ਨੂੰ ਯਾਦ ਕਰਦਿਆਂ ਸ਼ਰਧਾ ਦੇ ਫੁੱਲ ਭੇਟ ਕੀਤੇ। ਮੀਟਿੰਗ ਵਿੱਚ ਸੂਬਾਈ ਡਿਪਟੀ ਜਨਰਲ ਸਕੱਤਰ ਸਤਿਆ ਪਾਲ ਗੁਪਤਾ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ ਜਿਨ੍ਹਾ ਵਲੋਂ ਤਿੰਨ ਨਵੇਂ ਸਾਥੀਆਂ ਹੈਡਮਾਸਟਰ ਬਲਜੀਤ ਸਿੰਘ ਲੈਕਚਰਾਰ ਸੁਖਚੈਨ ਸਿੰਘ ਗਿੱਲ ਨੂੰ ਹਾਰ ਪਾ ਕੇ ਪੈਨਸ਼ਨ ਯੂਨੀਅਨ ਵਿਚ ਸ਼ਾਮਲ ਕੀਤਾ। ਗੁਪਤਾ ਨੇ ਆਪਣੇ ਸੰਬੋਧਨ ਵਿਚ ਪੈਨਸ਼ਨਰ ਸਾਥੀਆਂ ਤੋਂ ਅਹਿਦ ਲਿਆ ਕਿ ਜੇ ਡੀ ਏ ਨਹੀਂ ਤਾਂ ਵੋਟ ਵੀ ਨਹੀਂ ਅਤੇ ਪੁਰਜ਼ੋਰ ਅਪੀਲ ਕੀਤੀ ਕਿ ਜੇ ਪੰਜਾਬ ਸਰਕਾਰ ਨੇ ਹਾਈਕੋਰਟ ਵੱਲੋਂ ਮਹਿੰਗਾਈ ਭੱਤੇ ਦੇ ਫੈਸਲੇ ਨੂੰ ਇਨ ਬਿਨ ਲਾਗੂ ਨਾ ਕੀਤਾ ਤਾਂ 2027 ਦੀਆਂ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਹਰਾਉਣ ਲਈ ਪੂਰਾ ਲਾਇਆ ਜਾਵੇ। ਵੱਖ-ਵੱਖ ਬੁਲਾਰਿਆ ਸਾਥੀ ਸੁੱਚਾ ਸਿੰਘ ਜਨਰਲ ਸਕੱਤਰ ਤਰਨ ਤਾਰਨ, ਬਲਦੇਵ ਰਾਜ ਸ਼ਰਮਾ, ਰਾਮ ਮੂਰਤੀ, ਪ੍ਰਿੰਸੀਪਲ ਸੁਖਦੇਵ ਸਿੰਘ ਢਿੱਲੋਂ, ਪਰਮਜੀਤ ਸਿੰਘ ਨਿੱਝਰ, ਪ੍ਰਿੰਸੀਪਲ ਜਗਤਾਰ ਸਿੰਘ, ਹਰਜੀਤ ਸਿੰਘ ਉਪਲ ਅਤੇ ਭੈਣ ਨਰਿੰਦਰ ਪਾਲ ਨੇ ਪੰਜਾਬ ਸਰਕਾਰ ਵਿਰੁੱਧ ਸਖਤ ਦੋਸ਼ ਲਾਇਆ ਕਿ ਪੈਨਸ਼ਨਰਾਂ ਦੇ ਅਧਿਕਾਰਾਂ ਤੇ ਡਾਕਾ ਮਾਰ ਰਹੀ ਹੈ।

ਪੇ ਕਮਿਸ਼ਨ ਵੱਲੋ ਸਿਫਾਰਸ਼ ਕੀਤਾ 2.59 ਪੈਨਸ਼ਨ ਸੋਧ ਫਾਰਮੂਲਾ ਲਾਗੂ ਨਹੀਂ ਕੀਤਾ ਪੁਰਾਣੀ ਪੈਨਸ਼ਨ ਸਕੀਮ ਬਹਾਲ ਨਹੀਂ ਹੋਈ, ਕੱਚੇ ਕਰਮਚਾਰੀ ਪੱਕੇ ਨਹੀਂ ਕੀਤੇ, ਮੈਡੀਕਲ ਸਕੀਮ ਬਾਰੇ ਕੋਰਾ ਝੂਠ ਬੋਲਿਆ ਜਾ ਰਿਹਾ ਮੁਲਾਜ਼ਮ ਨਿਗੂਣੀਆਂ ਤਨਖ਼ਾਹਾਂ ਤੇ ਕੰਮ ਕਰ ਰਹੇ ਹਨ। ਮੀਟਿੰਗ ਵਿੱਚ ਭਵਾਨੀ ਫੇਰ, ਤਿਲਕ ਰਾਜ, ਸੁਖਦੇਵ ਸਿੰਘ ਪੱਟੀ, ਪ੍ਰਿੰਸੀਪਲ ਵਿਜੇ ਰਾਣਾ ਪ੍ਰਿੰਸੀਪਲ ਗੁਲਬਰਗ ਸਿੰਘ, ਮਨਮੋਹਨ ਸਿੰਘ, ਕੇਵਲ ਸਿੰਘ, ਬਲੌਰ ਸਿੰਘ, ਅਸ਼ੋਕ ਕੁਮਾਰ, ਹਰਪਾਲ ਸਿੰਘ, ਅੰਚਲ ਕੁਮਾਰ, ਜੋਗਿੰਦਰ ਸਿੰਘ, ਸਲਵਿੰਦਰ ਪਾਲ, ਗੁਰਦੀਪ ਸਿੰਘ ਅਤੇ ਸਜਣ ਸਿੰਘ ਚੋਗਾਵਾਂ ਆਦਿ ਵੱਡੀ ਗਿਣਤੀ ਵਿੱਚ ਪੈਨਸ਼ਨਰ ਹਾਜ਼ਰ ਸਨ।

## ਅਨੁਜ ਖੇਮਕਾ ਨੂੰ ਸਨਮਾਨਤ ਕੀਤਾ

**ਛੇਹਰਟਾ, (ਮਨੋਜ ਕੁਮਾਰ)** : ਸ਼ਿਵਾਲਾ ਮੰਦਰ, ਗੰਜ ਦੀ ਮੋਰੀ ਵਿਖੇ ਸ੍ਰੀ ਸ਼ਿਵ ਮਹਾਪੁਰਾਣ ਕਥਾ ਕਰਵਾਈ ਜਾ ਰਹੀ ਹੈ। ਇਹ ਜਾਣਕਾਰੀ ਦਿੰਦੇ ਹੋਏ ਮੰਦਰ ਦੇ ਪੰਡਿਤ ਮਹੇਸ਼ ਨੇ ਦੱਸਿਆ ਕਿ ਵਰਿੰਦਾਵਨ ਵਾਲੇ ਗੋਵਿੰਦ ਕ੍ਰਿਸ਼ਨ ਸ਼ਾਸਤਰੀ 7 ਜੂਨ ਤੋਂ 13 ਜੂਨ ਤੱਕ ਸ਼ਾਮ 3 ਵਜੇ ਤੋਂ 7 ਵਜੇ ਤੱਕ ਕਥਾ ਸੁਣਾ ਰਹੇ ਹਨ। ਵੀਰਵਾਰ ਨੂੰ ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਪੰਜਾਬ ਪ੍ਰਧਾਨ ਅਨੁਜ ਖੇਮਕਾ ਤੇ ਮਾਂ ਕਾਂਗੜਾ ਦੇਵੀ ਸੇਵਾ ਸਮਿਤੀ ਦੇ ਚੇਅਰਮੈਨ ਰਾਜੀਵ ਰੱਤੜਾ ਵੀ ਕਥਾ ਸੁਣਨ ਲਈ ਮੰਦਰ ਪੁੱਜੇ ਅਤੇ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਸਮਾਜ ਸੇਵਕ ਅਸ਼ਵਨੀ ਜੋਸ਼ੀ, ਰਿਸ਼ੀ ਖੰਨਾ, ਰਾਜੀਵ ਮਹਿਰਾ ਵੀ ਮੌਜੂਦ ਸਨ। ਅੰਤ ਵਿਚ ਸ਼ਰਧਾਲੂਆਂ ਨੂੰ ਪ੍ਰਸ਼ਾਦ ਵੰਡਿਆ ਗਿਆ।



## ਚੇਅਰਮੈਨ ਸਰਹਾਲੀ ਨੇ ਕਬੱਡੀ ਖਿਡਾਰੀ ਦੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ



**ਚੋਹਲਾ ਸਾਹਿਬ (ਰਮਨ ਚੱਡਾ)**- ਚੇਅਰਮੈਨ ਗੁਰ ਮਹਾਵੀਰ ਸਿੰਘ ਸਰਹਾਲੀ ਵੱਲੋਂ ਕਬੱਡੀ ਪਹਿਲਵਾਨ ਜੋਬਨ ਸਿੰਘ ਦੁਬਲੀ ਜੋ ਕਿ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਵੀਰਵਾਰ ਉਨ੍ਹਾਂ ਦੇ ਗ੍ਰਹਿ ਪਿੰਡ ਦੁਬਲੀ ਵਿਖੇ ਪਹੁੰਚ ਕੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਪਰਮਾਤਮਾ ਅੱਗੇ ਅਰਦਾਸ ਕੀਤੀ ਪਰਮਾਤਮਾ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ।

## ਹਲਕਾ ਸ਼ੁਤਰਾਣਾ ਦੇ ਲੋਕਾਂ ਦੀ ਹਰ ਸਮੱਸਿਆ ਨੂੰ ਕਰਾਵਾਂਗੇ ਹੱਲ : ਡਾ. ਮੱਟੂ

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਹਲਕਾ ਸ਼ੁਤਰਾਣਾ ਦੇ ਮਜ਼ਦੂਰਾਂ ਦੀਆਂ ਸਮੱਸਿਆਵਾਂ ਜਾਨਣ ਤੋਂ ਬਾਅਦ ਹਲਕਾ ਸ਼ੁਤਰਾਣਾ ਦੇ ਸਰਗਰਮ ਨੌਜਵਾਨ ਲੋਕ ਆਗੂ ਡਾ ਜਤਿੰਦਰ ਸਿੰਘ ਮੱਟੂ ਵਲੋਂ ਕਿਰਤ ਵਿਭਾਗ ਦੇ ਐਸਿਸਟੈਂਟ ਲੇਬਰ ਕਮਿਸ਼ਨਰ ਪਵਨੀਤ ਕੌਰ ਨਾਲ ਮੁਲਾਕਾਤ ਕੀਤੀ ਗਈ। ਇਸ ਦੌਰਾਨ ਡਾ ਜਤਿੰਦਰ ਸਿੰਘ ਮੱਟੂ ਨੇ ਹਲਕਾ ਸ਼ੁਤਰਾਣਾ ਦੇ ਵੱਖ ਵੱਖ ਪਿੰਡਾਂ ਘੱਗਾ, ਅਰਨੇਟੂ, ਚਿੱਚੜਵਾਲਾ, ਸ਼ੁਤਰਾਣਾ, ਅਤਾਲਾਂ ਤੋਂ ਆਏ ਮਜ਼ਦੂਰਾਂ ਨੂੰ ਵਿਭਾਗ ਵਲੋਂ ਮਿਲਦੀਆਂ ਸਹੂਲਤਾਂ ਜਿਵੇਂ ਲੜਕੀਆਂ ਲਈ ਸ਼ਗਨ ਸਕੀਮ, ਮਜ਼ਦੂਰਾਂ ਦੇ ਬੱਚਿਆਂ ਨੂੰ ਸਿੱਖਿਆ ਹਾਸਿਲ ਕਰਨ ਲਈ ਮਿਲਦੇ ਵਜੀਫਿਆਂ ਆਦਿ ਲਾਭ ਮਿਲਨ ਵਿੱਚ ਹੋ ਰਹੀ ਦੇਰੀ ਦੀ ਸਮੱਸਿਆ ਐਡੀਸ਼ਨਲ ਕਮਿਸ਼ਨਰ ਸਾਹਮਣੇ ਰੱਖੀ ਜਿਸ ਨੂੰ ਕਮਿਸ਼ਨਰ ਨੇ ਗੰਭੀਰਤਾ ਨਾਲ ਸੁਣਿਆ ਅਤੇ ਕਿਰਤ ਵਿਭਾਗ ਵਲੋਂ ਮਿਲਦੇ ਲਾਭ ਲਾਭਪਾਤਰੀਆਂ ਤੱਕ ਪਹੁੰਚਾਉਣ ਲਈ ਸੰਬੰਧਤ ਅਧਿਕਾਰੀਆਂ ਨੂੰ ਤਾਕੀਦ ਕੀਤੀ। ਵਿਭਾਗ ਦੇ ਅਧਿਕਾਰੀਆਂ ਨਾਲ ਗੱਲਬਾਤ ਕਰਦਿਆਂ ਡਾ. ਜਤਿੰਦਰ ਮੱਟੂ ਨੇ ਕਿਹਾ ਕਿ ਕਿਰਤ ਵਿਭਾਗ ਨਾਲ ਸਬੰਧਿਤ ਮਜ਼ਦੂਰ ਵਿਭਾਗੀ ਲਾਭ ਪ੍ਰਾਪਤ ਕਰਨ ਵਿੱਚ ਖੱਜਲ ਨਾ ਹੋਣ ਇਸ ਲਈ ਕਿਰਤ ਵਿਭਾਗ ਦੇ ਅਧਿਕਾਰੀ ਤੇ ਡੀਲਿੰਗ ਹੈਂਡ ਕਰਮਚਾਰੀ ਮਜ਼ਦੂਰਾਂ ਦੇ ਫਾਰਮਾਂ ਵਿੱਚ ਅਜਿਹੀਆਂ ਤਰੁਟੀਆਂ ਨੂੰ ਵਿਭਾਗ ਵਿੱਚ ਦਰੁਸਤ ਕਰਨ।



## ਸਰਕਾਰ ਨੂੰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨਾਲ ਬੇਈਮਾਨੀ ਦਾ ਖਮਿਆਜ਼ਾ ਭੁਗਤਣਾ ਪਵੇਗਾ : ਸਕਿੰਦਰ ਸਿੰਘ ਪ੍ਰਧਾਨ

ਸਮਰਾਲਾ (ਸੁਰਜੀਤ ਸਿੰਘ)-ਪਾਵਰਕਾਮ ਪੈਨਸ਼ਨਰਜ਼ ਐਸੋਸੀਏਸ਼ਨ ਮੰਡਲ ਸਮਰਾਲਾ ਦੀ ਮਹੀਨਾਵਾਰ ਮੀਟਿੰਗ ਸਕਿੰਦਰ ਸਿੰਘ ਮੰਡਲ ਪ੍ਰਧਾਨ ਦੀ ਪ੍ਰਧਾਨਗੀ ਹੇਠ ਕੀਤੀ ਗਈ। ਸਭ ਤੋਂ ਪਹਿਲਾਂ ਵਿਛੜ ਗਏ ਪੈਨਸ਼ਨਰ ਸਾਥੀਆਂ ਜਸਪਾਲ ਕੌਰ ਵਿਧਵਾ ਬਲਵੀਰ ਸਿੰਘ ਕੈਸ਼ੀਅਰ ਪੂੰਨੀਆਂ, ਸਤਪਾਲ ਢੰਡੇ ਦੀ ਪਤਨੀ ਪੁਸ਼ਪਾ ਦੇਵੀ, ਬਲਜਿੰਦਰ ਸਿੰਘ ਲਾਈਨਮੈਨ ਮੱਲ ਮਾਜਰਾ (ਸਮਰਾਲਾ) ਦੀ ਬੇਵਕਤੀ ਮੌਤ ਤੇ ਗਹਿਰੇ ਦੁੱਖ ਦਾ ਇਜ਼ਹਾਰ ਕਰਦੇ ਹੋਏ ਦੋ ਮਿੰਟ ਦਾ ਮੋਨ ਧਾਰਨ ਕਰਕੇ ਸ਼ਰਧਾਂਜਲੀ ਭੇਂਟ ਕੀਤੀ ਗਈ।



ਮੀਟਿੰਗ ਦੌਰਾਨ ਪਿਛਲੇ ਅਰਸੇ ਦੌਰਾਨ ਪਾਵਰਕਾਮ ਪੈਨਸ਼ਨਰਾਂ ਵੱਲੋਂ ਕੀਤੇ ਸੰਘਰਸ਼ਾਂ ਦੀ ਪੜਚੋਲ ਕਰਦੇ ਹੋਏ ਮੀਟਿੰਗ ਨੂੰ ਸੰਬੋਧਨ ਹੁੰਦੇ ਹੋਏ ਸਿਕੰਦਰ ਸਿੰਘ ਨੇ ਕਿਹਾ ਕਿ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਮੰਨ ਕੇ ਲਾਗੂ ਨਹੀਂ ਕੀਤੀਆਂ ਜਾ ਰਹੀਆਂ। ਮੈਨੇਜਮੈਂਟ ਵੱਲੋਂ ਪੈਨਸ਼ਨਰਾਂ ਨੂੰ ਅਦਾਲਤੀ ਫੈਸਲਾ ਹੋਣ ਦੇ ਬਾਵਜੂਦ ਵੀ ਬਣਦਾ ਡੀ ਏ ਨਹੀਂ ਦਿੱਤਾ ਜਾ ਰਿਹਾ ਅਤੇ ਸਰਕਾਰ ਵੱਲੋਂ ਮਾਨਯੋਗ ਅਦਾਲਤ ਨੂੰ ਗੁੰਮਰਾਹ ਕਰਦੇ ਹੋਏ ਮੰਗੇ ਗਏ ਡੀ ਏ ਦੇਣ ਦੇ ਤਰੀਕੇ ਦੀ ਗੁੰਮਰਾਹਕੁੰਨ ਸੂਚਨਾ ਦਿੱਤੀ ਗਈ। ਸਰਕਾਰ ਸਿਰਫ਼ ਆਪਣਾ ਟਾਈਮ ਪਾਸ ਕਰਨ ਵਿੱਚ ਸਮਾਂ ਬਰਬਾਦ ਕਰ ਰਹੀ ਹੈ ਅਤੇ ਮਾਨਯੋਗ ਅਦਾਲਤ ਦਾ ਵੀ ਸਮਾਂ ਖਰਾਬ ਕਰ ਰਹੀ ਹੈ।

ਜੇਕਰ ਸਰਕਾਰ ਨੇ ਜਲਦੀ ਹੀ ਇਸ ਸੰਬੰਧੀ ਕੋਈ ਫੈਸਲਾ ਨਾ ਕੀਤਾ ਤਾਂ ਪਾਵਰਕਾਮ ਦੇ ਪੈਨਸ਼ਨਰਾਂ ਵੱਲੋਂ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਖਿਲਾਫ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ। ਮੀਟਿੰਗ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਇੰਜ: ਪ੍ਰੇਮ ਸਿੰਘ ਰਿਟਾ: ਐੱਸ ਡੀ ਓ, ਇੰਜ: ਜੁਗਲ ਕਿਸ਼ੋਰ ਸਾਹਨੀ ਸਹਾਇਕ ਸਕੱਤਰ, ਜਗਤਾਰ ਸਿੰਘ ਪ੍ਰੈਸ ਸਕੱਤਰ, ਇੰਜ: ਦਰਸ਼ਨ ਸਿੰਘ ਵਿੱਤ ਸਕੱਤਰ, ਭੁਪਿੰਦਰਪਾਲ ਸਿੰਘ ਚਹਿਲਾ, ਦਰਸ਼ਨ ਸਿੰਘ ਕੋਟਾਲਾ, ਪ੍ਰੇਮ ਚੰਦ ਭਲਾ ਲੋਕ, ਜਸਵੰਤ ਸਿੰਘ ਢੰਡਾ, ਮਹੇਸ਼ ਕੁਮਾਰ ਖਮਾਣੋਂ, ਗੁਰਦੀਪ ਸਿੰਘ ਕਟਾਣੀ, ਅਮਰੀਕ ਸਿੰਘ ਮੁਸ਼ਕਾਬਾਦ, ਹਰਪਾਲ ਸਿੰਘ ਸਿਹਾਲਾ, ਅਮਰਜੀਤ ਮਾਛੀਵਾੜਾ ਆਦਿ ਨੇ ਸੰਬੋਧਨ ਕੀਤਾ।

## ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਤ ਨਗਰ ਕੀਰਤਨ 14 ਨੂੰ



ਧਾਰੀਵਾਲ (ਮਨਦੀਪ ਵਿੱਕੀ)- ਸ਼ਹੀਦਾਂ ਦੇ ਸਿਰਤਾਜ, ਸ਼ਾਂਤੀ ਦੇ ਪੁੰਜ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਤ ਸ੍ਰੀ ਸੁਖਮਨੀ ਸਾਹਿਬ ਦੇ ਪਾਠਾਂ ਦੀ ਲੜੀ 21 ਅਪ੍ਰੈਲ ਤੋਂ ਨਿਰੰਤਰ ਚੱਲ ਰਹੀ ਹੈ।

ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੇ ਮੁੱਖ ਸੇਵਾਦਾਰ ਡਾਕਟਰ ਗੁਰਜਿੰਦਰ ਸਿੰਘ ਨੇ ਦੱਸਿਆ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਗੁਰਪੁਰਬ ਨੂੰ ਸਮਰਪਤ ਮਹਾਨ ਸ਼ਹੀਦੀ ਨਗਰ ਕੀਰਤਨ 14 ਜੂਨ ਨੂੰ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਚਰਨ ਛੋਹ ਪ੍ਰਾਪਤ ਇਤਿਹਾਸਿਕ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਧਾਰੀਵਾਲ ਤੋਂ ਸਵੇਰੇ 6 ਵਜੇ ਆਰੰਭ ਹੋ ਕੇ ਪਿੰਡ ਅਹਿਮਦਾਬਾਦ, ਦਾਣਾ ਮੰਡੀ ਧਾਰੀਵਾਲ, ਨਵੀਂ ਆਬਾਦੀ , ਬੱਸ ਸਟੈਂਡ ਤੋਂ ਨਹਿਰ ਦੀ ਪਟੜੀ, ਪੁਰਾਣਾ ਧਾਰੀਵਾਲ ਤੋਂ ਹੁੰਦਾ ਹੋਇਆ ਮੁੜ ਵਾਪਸ ਗੁਰਦੁਆਰਾ ਸ੍ਰੀ ਬੁਰਜ ਸਾਹਿਬ ਵਿਖੇ ਸਮਾਪਤ ਹੋਵੇਗਾ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੇ ਸਮੂਹ ਪ੍ਰਬੰਧਕਾਂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਸੰਗਤਾਂ ਕੇਸਰੀ ਦਸਤਾਰਾਂ, ਕੇਸਰੀ ਚੁੰਨੀਆਂ ਪਹਿਨ ਕੇ ਪਰਵਾਰਾਂ ਸਮੇਤ ਇਸ ਮਹਾਨ ਸ਼ਹੀਦੀ ਨਗਰ ਕੀਰਤਨ ਵਿੱਚ ਸ਼ਾਮਲ ਹੋਣ।

## ਭੈਣੀ ਮਟੂਆ ਦੇ ਵਰਕਰ ਸਿੱਕੀ ਦੀ ਅਗਵਾਈ ਹੇਠ ਕਾਂਗਰਸ 'ਚ ਹੋਏ ਸ਼ਾਮਲ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਵਿਧਾਨ ਸਭਾ ਹਲਕਾ ਖਡੂਰ ਸਾਹਿਬ ਅਧੀਨ ਆਉਂਦੇ ਪਿੰਡ ਭੈਣੀ ਮਟੂਆ ਦੇ ਆਮ ਆਦਮੀ ਪਾਰਟੀ ਸ਼੍ਰੋਮਣੀ, ਅਕਾਲੀ ਦਲ ਅਤੇ ਬੀ.ਜੇ.ਪੀ ਨਾਲ 54 ਸਰਗਰਮ ਵਰਕਰ ਆਪੋ-ਆਪਣੀਆਂ ਪਾਰਟੀਆਂ ਨੂੰ ਫਤਿਹ ਬੁਲਾ ਕੇ ਪਿੰਡ ਤੇ ਇਲਾਕੇ ਦੇ ਸੀਨੀਅਰ ਕਾਂਗਰਸੀ ਆਗੂ ਜਿਨ੍ਹਾਂ 'ਚ ਸਾਬਕਾ ਸਰਪੰਚ ਹਰਜਿੰਦਰ ਸਿੰਘ, ਸਾਬਕਾ ਸਰਪੰਚ ਕੁਲਬੀਰ ਸਿੰਘ, ਬਲਜਿੰਦਰ ਸਿੰਘ ਅਤੇ ਦਿਲਬਾਗ ਸਿੰਘ ਲਾਡੀ ਦੀ ਪ੍ਰੇਰਨਾ ਨਾਲ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸੀਨੀਅਰ ਆਗੂ ਤੇ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਦੀ ਅਗਵਾਈ ਹੇਠ ਜੈਕਾਰਿਆਂ ਤੇ ਨਾਅਰਿਆਂ ਦੀ ਗੂੰਜ ਵਿੱਚ ਕਾਂਗਰਸ ਪਾਰਟੀ 'ਚ ਸ਼ਾਮਲ ਹੋ ਗਏ।ਕਾਂਗਰਸ ਪਾਰਟੀ 'ਚ ਸ਼ਾਮਲ ਹੋਣ 'ਤੇ ਸਾਬਕਾ ਵਿਧਾਇਕ ਸਿੱਕੀ ਸਾਹਿਬ ਨੇ ਉਹਨਾਂ ਨੂੰ ਸਿਰੋਪਾਓ ਤੇ ਕਾਂਗਰਸ ਪਾਰਟੀ ਦੇ ਚਿੰਨ੍ਹ ਦੇ ਕੇ ਸਨਮਾਨਤ ਕੀਤਾ । ਜਸਬੀਰ ਸਿੰਘ ਮੈਂਬਰ ਪੰਚਾਇਤ, ਬਿਕਰਮਜੀਤ ਸਿੰਘ ਮੈਂਬਰ ਪੰਚਾਇਤ, ਹਰਦੀਪ ਸਿੰਘ ਮੈਂਬਰ ਪੰਚਾਇਤ, ਖਜਾਨ ਸਿੰਘ, ਹਰਪ੍ਰੀਤ ਸਿੰਘ ਸਰਾਂ, ਰਣਜੀਤ ਸਿੰਘ ਸਰਾਂ, ਸੁਬੇਗ ਸਿੰਘ ਚਾਹਲ, ਦਲਜੀਤ ਸਿੰਘ ਚਾਹਲ, ਵਰਿੰਦਰ ਸਿੰਘ ਚਾਹਲ, ਸੁਖਵਿੰਦਰ ਸਿੰਘ ਚਾਹਲ, ਹਰਜਿੰਦਰ ਸਿੰਘ ਚਾਹਲ, ਰਮੇਸ਼ ਸਿੰਘ, ਹੀਰਾ ਸਿੰਘ, ਬਲਜੀਤ ਸਿੰਘ, ਅਮਰਜੀਤ ਸਿੰਘ, ਸੁਖਮਣ ਸਿੰਘ, ਮਨਜੀਤ ਸਿੰਘ ਆਦਿ ਪਿੰਡ ਦੇ 54 ਪਤਵੰਤੇ ਆਪੋ-ਆਪਣੇ ਪਰਵਾਰਾਂ ਸਮੇਤ ਕਾਂਗਰਸ ਪਾਰਟੀ 'ਚ ਸ਼ਾਮਲ ਹੋ ਗਏ। ਇਸ ਮੌਕੇ ਸਾਬਕਾ ਵਿਧਾਇਕ ਸਿੱਕੀ ਨੇ ਕਿਹਾ ਕਿ ਅੱਜ ਪੰਜਾਬ ਤੇ ਖਾਸ ਕਰਕੇ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਸੂਝਵਾਨ ਤੇ ਬਹਾਦਰ ਵੋਟਰ ਪੰਜਾਬ ਤੇ ਆਪਣੇ ਹਲਕੇ 'ਚ ਰੁਕੇ ਵਿਕਾਸ ਕਾਰਜਾਂ ਨੂੰ ਚਲਾਉਣ ਲਈ ਕਾਂਗਰਸ ਪਾਰਟੀ 'ਚ ਸ਼ਾਮਲ ਹੋ ਰਹੇ ਹਨ।ਇਹ ਪੰਜਾਬ ਦੇ ਬਹਾਦਰ ਵੋਟਰ 2027 ਵਿੱਚ ਮੁੜ ਆਪਣੀ ਕਾਂਗਰਸ ਪਾਰਟੀ ਦੀ ਅਗਵਾਈ ਵਾਲੀ ਆਪਣੀ ਕਾਂਗਰਸ ਸਰਕਾਰ ਬਣਾਉਣਗੇ। ਹਾਕਮ ਸਰਕਾਰ 'ਤੇ ਵਰ੍ਹਦਿਆਂ ਸਿੱਕੀ ਨੇ ਕਿਹਾ ਕਿ ਇਸ ਬੇਦਰਦ ਸਰਕਾਰ ਨੇ ਪੰਜਾਬ ਦੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੋਜ਼ਗਾਰ ਦੇਣ ਦੀ ਬਜਾਏ ਥਾਂ-ਥਾਂ ਜਲੀਲ ਕਰਕੇ ਬਿਨਾਂ ਕਿਸੇ ਕਸੂਰੋਂ ਪਟਿਆਲੇ 'ਚ ਡਾਂਗਾਂ ਨਾਲ ਸੱਟਾਂ ਮਾਰੀਆਂ, ਉਸ ਨੂੰ ਪੰਜਾਬ ਦੇ ਲੋਕ ਕਦੇ ਨਹੀਂ ਭੁੱਲਣਗੇ, ਉਹ ਇਸ ਦਾ ਜਵਾਬ 2027 'ਚ ਹੋ ਰਹੀਆਂ ਵਿਧਾਨ ਸਭਾ ਚੋਣਾਂ ਵਿਆਜ ਸਮੇਤ ਦੇਣਗੇ। ਉਨਾ ਸਮੂਹ ਹਲਕਾ ਖਡੂਰ ਸਾਹਿਬ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਕਾਂਗਰਸ ਪਾਰਟੀ ਦਾ ਸਾਥ ਦੇ ਕੇ ਉਨਾਂ ਨੂੰ ਵਿਧਾਨ ਸਭਾ 'ਚ ਭੇਜਣ ਤੇ ਉਹ ਇਸੇ ਤਰ੍ਹਾਂ ਹਲਕੇ ਦੇ ਲੋਕਾਂ ਦੀ ਸੇਵਾ ਕਰਦੇ ਰਹਿਣ। ਇਸ ਮੌਕੇ ਉਹਨਾਂ ਨਾਲ ਸਰਪੰਚ ਸੁਖਵੰਤ ਸਿੰਘ ਕੈਪਟਨ, ਗੁਰਵਿੰਦਰ ਸਿੰਘ ਗਿੰਦਰ, ਚੇਅਰਮੈਨ ਸੁਖਚੈਨ ਸਿੰਘ, ਸਨਦੀਪ ਸਿੰਘ ਜੀਓਬਾਲਾ, ਬਾਬਾ ਗੁਰਜੰਟ ਸਿੰਘ ਜੀਓਬਾਲਾ ਅਤੇ ਸਿੱਕੀ ਦੇ ਸਿਆਸੀ ਸਕੱਤਰ ਰਣਜੀਤ ਸਿੰਘ ਰਾਣਾ ਪਵਾਰ ਹਾਜ਼ਰ ਸਨ ।

## ਅਣ-ਅਧਿਕਾਰਤ ਕਲੋਨੀ ਕੱਟਣ 'ਤੇ 5 ਵਿਰੁੱਧ ਕੇਸ ਦਰਜ

ਧਾਰੀਵਾਲ (ਮਨਦੀਪ ਵਿੱਕੀ)-ਤਰੀਜਾ ਨਗਰ ਧਾਰੀਵਾਲ ਵਿਖੇ ਕਲੋਨੀ ਦਾ ਲਾਇਸੈਂਸ ਪ੍ਰਾਪਤ ਨਾ ਕਰਕੇ ਅਤੇ ਅਣ-ਅਧਿਕਾਰਤ ਕਲੋਨੀ ਕੱਟ ਕੇ ਪੰਜਾਬ ਅਪਾਰਟਮੈਂਟ ਅਤੇ ਪ੍ਰਾਪਰਟੀ ਰੈਗੂਲੇਸ਼ਨ ਐਕਟ 1995 ਦੀ ਉਲੰਘਣਾ ਕਰਨ ਦੇ ਦੋਸ਼ ਹੇਠ ਥਾਣਾ ਧਾਰੀਵਾਲ ਵਿੱਚ ਪੁਲਸ ਨੇ ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ ਗੁਰਸਿਮਰਨ ਸਿੰਘ ਢਿੱਲੋਂ ਦੇ ਹੁਕਮਾਂ ਅਨੁਸਾਰ 5 ਜਣਿਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਹੈ।

ਥਾਣਾ ਧਾਰੀਵਾਲ ਦੇ ਐਸ ਐਚ ਓ ਸਬ ਇੰਸਪੈਕਟਰ ਪਰਮਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਸਪਨਾ ਪਤਨੀ ਮਕਬੂਲ ਗਿੱਲ, ਸੁਖਬਿੰਦਰ ਸਿੰਘ ਪੁੱਤਰ ਸੁਰਜੀਤ ਸਿੰਘ, ਇਸਟੈਲਾ ਪਤਨੀ ਵਜੀਰ ਮਸੀਹ, ਸਿੰਦੀ ਪਤਨੀ ਬਲਵਿੰਦਰ, ਰਤਨੀ ਪਤਨੀ ਛਿੰਦਾ ਪੁੱਤਰ ਅੰਬਾ ਵਾਸੀਆਨ ਰਣੀਆ ਵਲੋਂ ਉਕਤ ਐਕਟ ਦੀ ਧਾਰਾ 5 ਤਹਿਤ ਸਮਰੱਥ ਅਧਿਕਾਰੀ ਪਾਸੋਂ ਸ਼ਰਤਾਂ ਦੀ ਪੂਰਤੀ ਨਾ ਕਰਕੇ, ਕਲੋਨੀ ਦਾ ਲਾਇਸੈਂਸ ਪ੍ਰਾਪਤ ਨਾ ਕਰਕੇ ਅਤੇ ਅਣ-ਅਧਿਕਾਰਤ ਕਲੋਨੀ ਕੱਟ ਕੇ ਪੰਜਾਬ ਅਪਾਰਟਮੈਂਟ ਅਤੇ ਪ੍ਰਾਪਰਟੀ ਰੈਗੂਲੇਸ਼ਨ ਐਕਟ 1995 ਦੀ ਉਲੰਘਣਾ ਕੀਤੀ ਹੈ।

ਇਸ ਸਬੰਧੀ ਵਧੀਕ ਡਿਪਟੀ ਕਮਿਸਨਰ (ਜ) ਗੁਰਦਾਸਪੁਰ ਗੁਰਸਿਮਰਨ ਸਿੰਘ ਢਿੱਲੋਂ ਦੇ ਹੁਕਮਾਂ ਅਨੁਸਾਰ ਥਾਣਾ ਧਾਰੀਵਾਲ ਵਿੱਚ ਏ ਐਸ ਆਈ ਕੁਲਦੀਪ ਸਿੰਘ ਨੇ ਸਪਨਾ, ਸੁਖਬਿੰਦਰ ਸਿੰਘ, ਇਸਟੈਲਾ, ਸਿੰਦੀ ਅਤੇ ਰਤਨੀ ਵਿਰੁੱਧ ਧਾਰਾ 420,120-ਬੀ ਆਈਪੀਸੀ, 3,5,6,9,36(1), ਪੰਜਾਬ ਅਤੇ 20, 21 ਅਪਾਰਟਮੈਂਟ ਪ੍ਰਾਪਟੀ ਰੈਗੂਲੇਸ਼ਨ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਹੈ।

## ਨਗਰ ਨਿਗਮ ਨੇ ਨਜਾਇਜ਼ ਕਬਜ਼ਿਆਂ ਖ਼ਿਲਾਫ਼ ਮੁਹਿੰਮ ਚਲਾਈ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਅਤੇ ਵਧੀਕ ਨਗਰ ਨਿਗਮ ਕਮਿਸ਼ਨਰ ਡਾ. ਜੈ ਇੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਗਰ ਨਿਗਮ ਅੰਮ੍ਰਿਤਸਰ ਵੱਲੋਂ ਸਕੱਤਰ-ਕਮ-ਐਸਟੇਟ ਅਫਸਰ ਸੁਸ਼ਾਂਤ ਭਾਟੀਆ ਦੀ ਨਿਗਰਾਨੀ ਹੇਠ ਸ਼ਹਿਰ ਵਿੱਚ ਵਿਸਤ੍ਰਿਤ ਐਂਟੀ-ਇੰਕਰੋਚਮੈਂਟ ਮੁਹਿੰਮ ਚਲਾਈ ਗਈ। ਇਹ ਕਾਰਵਾਈ ਘਾਲਾ ਮਾਲਾ ਚੌਕ ਤੋਂ ਈ.ਐੱਸ.ਆਈ. ਹਸਪਤਾਲ ਤੱਕ ਅਤੇ ਸ਼ਹੀਦਾਂ ਸਾਹਿਬ ਦੇ ਬਾਹਰ, ਸਕੱਤਰੀ ਬਾਗ ਇਲਾਕੇ ਵਿੱਚ ਕੀਤੀ ਗਈ। ਇਸ ਮੁਹਿੰਮ ਵਿੱਚ ਐਸਟੇਟ ਵਿਭਾਗ ਦੀ ਟੀਮ ਨੇ ਇੰਸਪੈਕਟਰ ਅਮਨ ਸ਼ਰਮਾ ਅਤੇ ਇੰਸਪੈਕਟਰ ਪ੍ਰੀਤੀ ਚੌਹਾਨ ਦੀ ਅਗਵਾਈ ਹੇਠ ਭਾਗ ਲਿਆ, ਜਦਕਿ ਨਗਰ ਨਿਗਮ ਦੇ ਪੁਲਸ ਵਿੰਗ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਵੀ ਸਰਗਰਮ ਸਹਿਯੋਗ ਦਿੱਤਾ। ਮੁਹਿੰਮ ਦੌਰਾਨ ਸਰਕਾਰੀ ਸੜਕਾਂ, ਫੁੱਟਪਾਥਾਂ ਅਤੇ ਨਗਰ ਨਿਗਮ ਦੀਆਂ ਹੋਰ ਜਨਤਕ ਥਾਵਾਂ 'ਤੇ ਕੀਤੇ ਗਏ ਨਾਜਾਇਜ਼ ਕਬਜ਼ਿਆਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਹਟਾਇਆ ਗਿਆ। ਇਹ ਕਾਰਵਾਈ ਜਨਤਕ ਥਾਵਾਂ ਨੂੰ ਮੁੜ ਬਹਾਲ ਕਰਨ, ਟ੍ਰੈਫਿਕ ਜਾਮ ਘਟਾਉਣ ਅਤੇ ਨਾਗਰਿਕ ਸਹੂਲਤਾਂ ਵਿੱਚ ਸੁਧਾਰ ਲਿਆਉਣ ਦੇ ਉਦੇਸ਼ ਨਾਲ ਕੀਤੀ ਗਈ। ਅਧਿਕਾਰੀਆਂ ਨੇ ਕਿਹਾ ਕਿ ਨਾਜਾਇਜ਼ ਕਬਜ਼ੇ ਨਾ ਸਿਰਫ਼ ਲੋਕਾਂ ਲਈ ਪਰੇਸ਼ਾਨੀ ਦਾ ਕਾਰਨ ਬਣਦੇ ਹਨ, ਸਗੋਂ ਸੁਰੱਖਿਆ ਲਈ ਖਤਰਾ ਵੀ ਪੈਦਾ ਕਰਦੇ ਹਨ ਅਤੇ ਐਮਰਜੈਂਸੀ ਸੇਵਾਵਾਂ ਅਤੇ ਟ੍ਰੈਫਿਕ ਪ੍ਰਬੰਧਨ ਵਿੱਚ ਰੁਕਾਵਟ ਪੈਦਾ ਕਰਦੇ ਹਨ। ਨਗਰ ਨਿਗਮ ਨੇ ਸਪੱਸ਼ਟ ਕੀਤਾ ਹੈ ਕਿ ਅਜਿਹੀਆਂ ਮੁਹਿੰਮਾਂ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਨਿਯਮਿਤ ਤੌਰ 'ਤੇ ਜਾਰੀ ਰਹਿਣਗੀਆਂ ਅਤੇ ਜਨਤਕ ਜ਼ਮੀਨ ਅਤੇ ਨਿਗਮ ਦੀ ਸੰਪਤੀ 'ਤੇ ਗੈਰਕਾਨੂੰਨੀ ਕਬਜ਼ਾ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ। ਨਗਰ ਨਿਗਮ ਅੰਮ੍ਰਿਤਸਰ ਸਮੂਹ ਦੁਕਾਨਦਾਰਾਂ, ਰੇਹੜੀ-ਫੜੀ ਵਾਲਿਆਂ, ਕਾਰੋਬਾਰੀ ਅਦਾਰਿਆਂ ਅਤੇ ਨਾਗਰਿਕਾਂ ਨੂੰ ਅਪੀਲ ਕਰਦਾ ਹੈ ਕਿ ਉਹ ਸੜਕਾਂ, ਫੁੱਟਪਾਥਾਂ ਅਤੇ ਜਨਤਕ ਥਾਵਾਂ 'ਤੇ ਕਬਜ਼ਾ ਨਾ ਕਰਕੇ ਪ੍ਰਸ਼ਾਸਨ ਦਾ ਸਹਿਯੋਗ ਕਰਨ। ਨਾਗਰਿਕਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਸਫ਼ਾਈ ਬਣਾਈ ਰੱਖਣ ਅਤੇ ਇਹ ਯਕੀਨੀ ਬਣਾਉਣ ਕਿ ਜਨਤਕ ਢਾਂਚਾ ਹਰ ਇੱਕ ਲਈ ਸੁਗਮ ਅਤੇ ਪਹੁੰਚਯੋਗ ਰਹੇ।

## 24 ਨੂੰ ਲੱਗੇਗਾ ਮੈਗਾ ਰੋਜ਼ਗਾਰ ਮੇਲਾ

ਮਾਲੇਰਕੋਟਲਾ (ਅਸਗਰ ਪਰਿਹਾਰ)-ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਜਿਲ੍ਹੇ ਦੇ ਬੇਰੋਜ਼ਗਾਰ ਪ੍ਰਾਰਥੀਆਂ ਨੂੰ ਵੱਧ ਤੋਂ ਵੱਧ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਲਈ ਜਿਲ੍ਹਾ ਰੋਜਗਾਰ, ਉਤਪਤੀ, ਹੁਨਰ ਵਿਕਾਸ ਅਤੇ ਕਾਰੋਬਾਰ ਬਿਉਰੋ ਮਾਲੇਰਕੋਟਲਾ ਵੱਲੋਂ 24 ਜੂਨ ਦਿਨ ਬੁੱਧਵਾਰ ਨੂੰ ਸਵੇਰੇ 7:30 ਵਜੇ ਤੋਂ ਦੁਪਹਿਰ 12 ਵਜੇ ਤੱਕ ਸਥਾਨਕ ਸਰਕਾਰੀ ਆਈ.ਟੀ.ਆਈ (ਲੜਕੇ) ਵਿਖੇ ਮੈਗਾ ਰੋਜਗਾਰ ਮੇਲਾ ਲਗਾਇਆ ਜਾ ਰਿਹਾ ਹੈ। ਇਸ ਮੇਲੇ ਵਿੱਚ ਨੌਜਵਾਨਾਂ ਨੂੰ ਵੱਖ-ਵੱਖ ਖੇਤਰਾਂ ਦੀਆਂ ਪ੍ਰਮੁੱਖ ਕੰਪਨੀਆਂ ਨਾਲ ਸਿੱਧੇ ਤੌਰ 'ਤੇ ਜੁੜਨ ਅਤੇ ਰੋਜ਼ਗਾਰ ਪ੍ਰਾਪਤ ਕਰਨ ਦਾ ਮੌਕਾ ਮਿਲੇਗਾ।ਜ਼ਿਲ੍ਹਾ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਕੰਵਲਪੁਨੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਰੋਜ਼ਗਾਰ ਮੇਲੇ ਵਿੱਚ 30 ਤੋਂ ਵੱਧ ਨਾਮਵਰ ਕੰਪਨੀਆਂ ਭਾਗ ਲੈਣਗੀਆਂ ਅਤੇ ਉਹ ਆਪਣੀ ਲੋੜ ਅਨੁਸਾਰ ਯੋਗ ਉਮੀਦਵਾਰਾਂ ਦੀ ਚੋਣ ਲਈ ਇੰਟਰਵਿਊ ਕਰਨਗੀਆਂ।ਉਨ੍ਹਾਂ ਦੱਸਿਆ ਕਿ ਪ੍ਰਾਰਥੀਆਂ ਦੀ ਉਮਰ ਸੀਮਾ 18 ਤੋਂ 37 ਸਾਲ ਹੋਣੀ ਚਾਹੀਦੀ ਹੈ ਅਤੇ ਇਸ ਰੋਜਗਾਰ ਮੇਲੇ ਵਿੱਚ 10+2 ਤੋਂ ਪੋਸਟ ਗਰੈਜੂਏਟ ਤੱਕ ਦੇ ਪ੍ਰਾਰਥੀ ਹਿੱਸਾ ਲੈ ਸਕਦੇ ਹਨ।

## ਰੈੱਡ ਕਰਾਸ ਸੁਸਾਇਟੀ ਨੂੰ ਦਿੱਲੀ ਜੀ ਐੱਸ ਟੀ ਪ੍ਰੋਫੈਸ਼ਨਲਜ਼ ਗਰੁੱਪ ਨੇ ਸਨਮਾਨਤ ਕੀਤਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਮਾਨਵਤਾ ਦੀ ਸੇਵਾ ਅਤੇ ਸਮਾਜ ਭਲਾਈ ਦੇ ਖੇਤਰ ਵਿੱਚ ਨਿਭਾਈਆਂ ਜਾ ਰਹੀਆਂ ਸ਼ਾਨਦਾਰ ਸੇਵਾਵਾਂ ਲਈ ਰੈਡ ਕਰਾਸ ਸੁਸਾਇਟੀ ਅੰਮ੍ਰਿਤਸਰ ਨੂੰ ਦਿੱਲੀ ਜੀ ਐਸ ਟੀ ਪ੍ਰੋਫੈਸ਼ਨਲਜ਼ ਗਰੁੱਪ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਇਹ ਸਨਮਾਨ ਸਮਾਗਮ ਨਵੀਂ ਦਿੱਲੀ ਵਿਖੇ ਲੋਕ ਸਭਾ ਮੈਂਬਰ ਪ੍ਰਵੀਣ ਖੰਡੇਲਵਾਲ ਦੀ ਪ੍ਰਧਾਨਗੀ ਹੇਠ ਕਰਵਾਇਆ ਗਿਆ। ਡਿਪਟੀ ਕਮਿਸ਼ਨਰ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ ਨੇ ਦੱਸਿਆ ਕਿ ਪਿਛਲੇ ਸਾਲ ਅੰਮ੍ਰਿਤਸਰ ਜ਼ਿਲ੍ਹੇ ਦੇ ਅਜਨਾਲਾ, ਲੋਪੋਕੇ, ਰਮਦਾਸ ਅਤੇ ਬਾਬਾ ਬਕਾਲਾ ਸਾਹਿਬ ਖੇਤਰਾਂ ਵਿੱਚ ਆਏ ਹੜ੍ਹਾਂ ਦੌਰਾਨ ਰਾਹਤ ਅਤੇ ਮੁੜ ਵਸੇਬੇ ਦੇ ਕੰਮਾਂ ਵਿੱਚ ਰੈਡ ਕਰਾਸ ਸੁਸਾਇਟੀ ਅੰਮ੍ਰਿਤਸਰ ਅਤੇ ਦਿੱਲੀ ਜੀ ਐਸ ਟੀ ਪ੍ਰੋਫੈਸ਼ਨਲਜ਼ ਗਰੁੱਪ ਵੱਲੋਂ ਸਾਂਝੇ ਤੌਰ 'ਤੇ ਮਹੱਤਵਪੂਰਨ ਭੂਮਿਕਾ ਨਿਭਾਈ ਗਈ ਸੀ। ਜ਼ਿਲ੍ਹਾ ਪ੍ਰਸ਼ਾਸਨ ਦੀ ਅਗਵਾਈ ਹੇਠ ਪ੍ਰਭਾਵਿਤ ਪਰਵਾਰਾਂ ਤੱਕ ਰਾਹਤ ਸਮੱਗਰੀ ਪਹੁੰਚਾਉਣ, ਲੋੜਵੰਦਾਂ ਦੀ ਸਹਾਇਤਾ ਕਰਨ ਅਤੇ ਮੁੜ ਵਸੇਬੇ ਦੇ ਕਾਰਜਾਂ ਨੂੰ ਸਫਲਤਾਪੂਰਵਕ ਨੇਪਰੇ ਚੜ੍ਹਾਉਣ ਵਿੱਚ ਦੋਵਾਂ ਸੰਸਥਾਵਾਂ ਨੇ ਅਹਿਮ ਯੋਗਦਾਨ ਪਾਇਆ। ਸਮਾਗਮ ਦੌਰਾਨ ਬੁਲਾਰਿਆਂ ਨੇ ਕਿਹਾ ਕਿ ਡਿਪਟੀ ਕਮਿਸ਼ਨਰ-ਕਮ-ਪ੍ਰਧਾਨ, ਰੈਡ ਕਰਾਸ ਸੁਸਾਇਟੀ ਅੰਮ੍ਰਿਤਸਰ ਦਲਵਿੰਦਰਜੀਤ ਸਿੰਘ ਦੀ ਯੋਗ ਅਗਵਾਈ ਹੇਠ ਹੜ੍ਹ ਪ੍ਰਭਾਵਿਤ ਖੇਤਰਾਂ ਵਿੱਚ ਮੁੜ ਵਸੇਬੇ ਦੇ ਕੰਮ ਸਫਲਤਾਪੂਰਵਕ ਮੁਕੰਮਲ ਕੀਤੇ ਗਏ। ਸਮਾਗਮ ਦੇ ਸਫਲ ਆਯੋਜਨ ਵਿੱਚ ਦਿੱਲੀ ਜੀ ਐਸ ਟੀ ਪ੍ਰੋਫੈਸ਼ਨਲਜ਼ ਗਰੁੱਪ ਦੇ ਪ੍ਰਧਾਨ ਐਡਵੋਕੇਟ ਸੁਸ਼ੀਲ ਵਰਮਾ, ਐਡਵੋਕੇਟ ਨਰਿੰਦਰ ਅਹੂਜਾ, ਸ੍ਰੀਮਤੀ ਰਸ਼ਮੀ ਜੈਨ, ਸ੍ਰੀਮਤੀ ਰਾਜਮਾਨੀ ਜਿੰਦਲ, ਐਡਵੋਕੇਟ ਵਰਸ਼ਾ ਜੈਨ ਅਤੇ ਐਡਵੋਕੇਟ ਹਰੀਸ਼ ਚੰਦਰ ਭਾਟੀਆ ਦੀ ਭੂਮਿਕਾ ਨੂੰ ਵਿਸ਼ੇਸ਼ ਤੌਰ 'ਤੇ ਸਰਾਹਿਆ ਗਿਆ। ਇਸ ਮੌਕੇ ਐਡਵੋਕੇਟ ਸੁਸ਼ੀਲ ਵਰਮਾ, ਐਡਵੋਕੇਟ ਹਰੀਸ਼ ਚੰਦਰ ਭਾਟੀਆ, ਐਡਵੋਕੇਟ ਨਰਿੰਦਰ ਅਹੂਜਾ ਅਤੇ ਰਸ਼ਮੀ ਜੈਨ ਨੇ ਵੀ ਸਮਾਜ ਸੇਵਾ ਅਤੇ ਮਾਨਵ ਭਲਾਈ ਨਾਲ ਸੰਬੰਧਤ ਕਾਰਜਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਸਮਾਗਮ ਦੌਰਾਨ ਰੈਡ ਕਰਾਸ ਸੁਸਾਇਟੀ ਅੰਮ੍ਰਿਤਸਰ ਦੇ ਸਕੱਤਰ ਸੈਮਸਨ ਮਸੀਹ ਨੂੰ ਵਿਸ਼ੇਸ਼ ਸਨਮਾਨ ਨਾਲ ਨਿਵਾਜਿਆ ਗਿਆ।

## ਟੈਕਨੀਕਲ ਸਰਵਿਸ ਯੂਨੀਅਨ ਦੇ ਸੇਵਾ ਮੁਕਤ ਬਿਜਲੀ ਮੁਲਾਜ਼ਮਾਂ ਵੱਲੋਂ ਰੋਸ ਮੁਜ਼ਾਹਰਾ



ਅਜਨਾਲਾ(ਸੁਖਜਿੰਦਰ ਸਿੰਘ ਰਾਜੂ)- ਇੱਥੇ ਟੈਕਨੀਕਲ ਸਰਵਿਸ ਯੂਨੀਅਨ ਦੇ ਸੇਵਾ ਮੁਕਤ ਬਿਜਲੀ ਮੁਲਾਜ਼ਮ ਆਗੂਆਂ ਤੇ ਵਰਕਰਾਂ ਵੱਲੋਂ ਸੀਨੀਅਰ ਆਗੂ ਅਮਰਜੀਤ ਸਿੰਘ ਸਰਕਾਰੀਆ ਦੀ ਵਿਸ਼ੇਸ਼ ਹਾਜ਼ਰੀ ਤੇ ਪ੍ਰਧਾਨ ਸਰਬਜੀਤ ਸਿੰਘ ਪੰਨੂ ਦੀ ਅਗਵਾਈ ਹੇਠ ਹੋਈ ਭਰਵੀਂ ਮੀਟਿੰਗ ਦੌਰਾਨ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਰੋਜ਼ਗਾਰ ਮੰਗਦੇ ਸਹਾਇਕ ਲਾਈਨਮੈਨਾਂ ਤੇ ਲਾਈਨਮੈਨਾਂ 'ਤੇ ਅੰਨ੍ਹੇਵਾਹ ਲਾਠੀਚਾਰਜ ਕੀਤੇ ਜਾਣ ਦੀ ਘੋਰ ਨਿੰਦਾ ਕੀਤੀ ਗਈ ਅਤੇ ਮੰਗ ਕੀਤੀ ਕਿ ਅੰਨ੍ਹੇਵਾਹ ਲਾਠੀਚਾਰਜ ਕਰਨ ਵਾਲੇ ਡੀ.ਐਸ.ਪੀ. ਨੂੰ ਤੁਰੰਤ ਮੁਅੱਤਲ ਕੀਤਾ ਜਾਵੇ । ਇਸ ਮੌਕੇ ਸੀਨੀਅਰ ਪੈਨਸ਼ਨਰਜ਼ ਆਗੂ ਅਮਰਜੀਤ ਸਿੰਘ ਸਰਕਾਰੀ ਤੇ ਪ੍ਰਧਾਨ ਸਰਬਜੀਤ ਸਿੰਘ ਪੰਨੂ ਨੇ ਕਿਹਾ ਕਿ ਭਗਵੰਤ ਮਾਨ ਦੀ ਸਰਕਾਰ ਨੇ ਬੇਰੋਜ਼ਗਾਰ ਸਹਾਇਕ ਲਾਈਨਮੈਨਾਂ ਉੱਪਰ ਜਬਰ ਕਰਨ ਦੀਆਂ ਸਾਰੀਆਂ ਹੱਦਾਂ ਪਾਰ ਕਰ ਦਿੱਤੀਆਂ ਹਨ । ਬਿਜਲੀ ਬੋਰਡ ਅੰਦਰ 72 ਹਜ਼ਾਰ ਅਸਾਮੀਆਂ ਮਨਜ਼ੂਰ ਹਨ ਜਦੋਂ ਕਿ 28000 ਕਰਮਚਾਰੀ ਹੀ ਕੰਮ ਕਰ ਰਹੇ ਹਨ । ਇੰਨੇ ਘੱਟ ਮੁਲਾਜ਼ਮ ਦਿਨ ਰਾਤ ਬਹੁਤ ਹੀ ਔਖੇ ਹਾਲਾਤ ਵਿੱਚ ਆਪਣੀ ਡਿਊਟੀ ਕਰ ਰਹੇ ਹਨ ਜਦੋਂ ਕਿ ਵਰਕ ਲੋਡ ਜ਼ਿਆਦਾ ਹੋਣ ਕਾਰਨ ਬਹੁਤ ਸਾਰੇ ਮੁਲਾਜ਼ਮ ਹਾਦਸਿਆਂ ਦਾ ਸ਼ਿਕਾਰ ਹੋ ਰਹੇ ਹਨ, 26000 ਦੇ ਕਰੀਬ ਪ੍ਰੈਕਟਿਸ ਪਾਸ ਲੜਕੇ - ਲੜਕੀਆਂ ਨੂੰ ਤੁਰੰਤ ਬਿਜਲੀ ਬੋਰਡ ਵਿੱਚ ਭਰਤੀ ਕੀਤਾ ਜਾਵੇ । ਇਸ ਮੌਕੇ ਗੁਰਲਾਲ ਸਿੰਘ, ਜਗਦੀਸ਼ ਲਾਲ, ਪਰਮਜੀਤ ਸਿੰਘ ਪੰਡੋਰੀ, ਗੁਰਨਾਮ ਸਿੰਘ ਚਮਿਆਰੀ, ਗੁਰਮੁਖ ਸਿੰਘ ਰੰਧਾਵਾ ਕੈਸ਼ੀਅਰ, ਮਲਕੀਤ ਸਿੰਘ ਈਸਾਪੁਰ, ਦਲਬੀਰ ਸਿੰਘ ਪੰਨੂ, ਕੰਵਲਜੀਤ ਸਿੰਘ ਜੌਹਲ, ਹਰਦੇਵ ਸਿੰਘ ਜੇ.ਈ., ਜਗਜੀਤ ਸਿੰਘ ਚਮਿਆਰੀ, ਦਲਬੀਰ ਸਿੰਘ ਡੋਗਰਾਂ, ਪ੍ਰਤਾਪ ਸਿੰਘ , ਸਤਨਾਮ ਸਿੰਘ ਝੰਜੀਆਂ, ਨਿਸ਼ਾਨ ਸਿੰਘ ਚੱਡਾ, ਬਾਬਾ ਦਿਲਬਾਗ ਸਿੰਘ , ਕਸ਼ਮੀਰ ਸਿੰਘ, ਸਤਨਾਮ ਸਿੰਘ, ਕੰਵਲਜੀਤ ਸਿੰਘ ਚਾਹਲ ਆਦਿ ਹਾਜ਼ਰ ਸਨ ।

## ਭਾਈ ਦਵਿੰਦਰ ਸਿੰਘ ਖਾਲਸਾ ਵੱਲੋਂ ਮੇਅਰ ਦਾ ਸਨਮਾਨ



ਮੋਹਾਲੀ (ਗੁਰਜੀਤ ਬਿੱਲਾ)-ਭਾਈ ਸਾਹਿਬ ਭਾਈ ਦਵਿੰਦਰ ਸਿੰਘ ਖਾਲਸਾ ਅਤੇ ਜੱਥੇ ਨੂੰ ਤਿੰਨ ਮਹੀਨੇ ਦੇ ਕਨੇਡਾ, ਇੰਗਲੈਂਡ ਅਤੇ ਯੂਰਪੀ ਦੇਸ਼ਾਂ ਦੇ ਗੁਰਮਤਿ ਪ੍ਰਚਾਰ ਦੌਰੇ ਲਈ ਪ੍ਰੇਮ ਸਹਿਤ ਵਿਦਾਇਗੀ ਦਿੱਤੀ। ਇਸ ਮੌਕੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਮੋਹਾਲੀ ਦੇ ਐਮ ਐਲ ਏ ਕੁਲਵੰਤ ਸਿੰਘ ਅਤੇ ਮੇਅਰ ਸਰਬਜੀਤ ਸਿੰਘ ਸਮਾਣਾ ਉਚੇਚੇ ਤੌਰ 'ਤੇ ਹਾਜ਼ਰ ਹੋਏ । ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਪਰਮਾਤਮਾ ਦਾ ਉਹ ਸ਼ੁਕਰਾਨਾ ਕਰਦੇ ਹਨ ਜਿਨਾਂ ਦੀ ਬਖਸ਼ਿਸ਼ ਅਤੇ ਓਟ ਆਸਰੇ ਤੇ ਚੱਲਦਿਆਂ ਸਰਬਜੀਤ ਸਿੰਘ ਸਮਾਣਾ ਨੂੰ ਮੋਹਾਲੀ ਕਾਰਪੋਰੇਸ਼ਨ ਦੇ ਬਤੌਰ ਮੇਹਰ ਵਜੋਂ ਜਿੰਮੇਵਾਰੀ ਮਿਲੀ ਹੈ, ਇਹ ਸਭ ਸੰਗਤਾਂ ਵੱਲੋਂ ਕੀਤੀ ਗਈ ਸਮੂਹਿਕ ਅਰਦਾਸ ਦੇ ਚਲਦਿਆਂ ਹੀ ਸੰਭਵ ਹੋ ਸਕਿਆ ਹੈ।

## ਵਿਕਾਸ ਕਾਰਜਾਂ 'ਚ ਕਮੀ ਨਹੀਂ ਆਉਣ ਦਿੱਤੀ ਜਾਵੇਗੀ : ਕਟਾਰੂਚੱਕ



ਪਠਾਨਕੋਟ (ਦਵਿੰਦਰ ਸਿੰਘ)- ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਜਸਵਾਲੀ 'ਚ ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਕਰੀਬ 10 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਜਾਣ ਵਾਲੇ ਕਮਿਊਨਿਟੀ ਹਾਲ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਪਿੰਡ ਵਾਸੀਆਂ ਵੱਲੋਂ ਕੈਬਨਿਟ ਮੰਤਰੀ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਅਤੇ ਵਿਕਾਸ ਕਾਰਜਾਂ ਲਈ ਪੰਜਾਬ ਸਰਕਾਰ ਦਾ ਧੰਨਵਾਦ ਪ੍ਰਗਟਾਇਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਵਰਨ ਸਲਾਰਿਆ ਚੇਅਰਮੈਨ ਰਾਜਪੂਤ ਕਲਿਆਣ ਬੋਰਡ, ਅਮਨਦੀਪ ਸੰਧੂ ਜ਼ਿਲ੍ਹਾ ਪ੍ਰਧਾਨ, ਰਵੀ ਕੁਮਾਰ ਸਰਪੰਚ ਨਵੀਂ ਜਸਵਾਲੀ, ਬਲਜਿੰਦਰ ਕੌਰ, ਸ਼ਮਸ਼ੇਰ ਝਾਖੋਲਾਹੜੀ, ਆਮ ਆਦਮੀ ਪਾਰਟੀ ਦੇ ਅਹੁਦੇਦਾਰ, ਵਰਕਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ। ਸਮਾਗਮ ਦੌਰਾਨ ਕੈਬਨਿਟ ਮੰਤਰੀ ਕਟਾਰੂ ਚੱਕ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕੀਤਾ ਜਾ ਰਿਹਾ ਹੈ ਅਤੇ ਵਿਕਾਸ ਕਾਰਜਾਂ ਨੂੰ ਤਰਜੀਹ ਦੇ ਕੇ ਹਰ ਵਰਗ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਪ੍ਰੋਜੈਕਟਾਂ ਦਾ ਉਦੇਸ਼ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਅਤੇ ਪਿੰਡ ਵਾਸੀਆਂ ਦੀਆਂ ਲੋੜਾਂ ਨੂੰ ਪੂਰਾ ਕਰਨਾ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਭੋਆ ਦੇ ਹਰੇਕ ਪਿੰਡ ਵਿੱਚ ਵਿਕਾਸ ਕਾਰਜ ਲਗਾਤਾਰ ਕਰਵਾਏ ਜਾ ਰਹੇ ਹਨ। ਸੜਕਾਂ, ਗਲੀਆਂ-ਨਾਲੀਆਂ, ਪੀਣ ਵਾਲੇ ਪਾਣੀ, ਖੇਡ ਮੈਦਾਨਾਂ ਅਤੇ ਹੋਰ ਜਨਤਕ ਸਹੂਲਤਾਂ ਨੂੰ ਬਿਹਤਰ ਬਣਾਉਣ ਲਈ ਵੱਡੇ ਪੱਧਰ 'ਤੇ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਹਲਕੇ ਦੇ ਵਿਕਾਸ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਲੋਕਾਂ ਦੀ ਹਰ ਜਾਇਜ਼ ਮੰਗ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ।

## ਮਨਰੇਗਾ ਕਰਮਚਾਰੀ ਯੂਨੀਅਨ ਦੀ ਕਲਮ ਛੋੜ ਹੜਤਾਲ ਜਾਰੀ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਮਨਰੇਗਾ ਕਰਮਚਾਰੀ ਯੂਨੀਅਨ ਪੰਜਾਬ ਦੀ ਕਲਮ ਛੋੜ ਹੜਤਾਲ ਜਾਰੀ ਹੈ। ਹੜਤਾਲ ਕਾਰਨ ਪਿੰਡਾਂ 'ਚ ਵਿਕਾਸ ਕਾਰਜ ਬੰਦ ਹੋ ਗਏ ਹਨ। ਜ਼ਿਲ੍ਹਾ ਹੁਸ਼ਿਆਰਪੁਰ ਦੇ ਉਪ ਪ੍ਰਧਾਨ ਏ ਪੀ ਓ ਮੋਹਿਤ ਕੁਮਾਰ ਨੇ ਜਾਣਕਾਰੀ ਦਿੰਦੇ ਹੋਇਆਂ ਦਸਿਆ ਕਿ ਸਿਵਲ ਸਕੱਤਰੇਤ ਚੰਡੀਗੜ੍ਹ ਵਿਖੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਪ੍ਰਧਾਨਗੀ ਹੇਠ ਜਥੇਬੰਦੀ ਦੇ ਵਫ਼ਦ ਦੀ ਮੀਟਿੰਗ ਵਿੱਤ ਸਕੱਤਰ ਅਜੀਤ ਬਾਲਾ ਜੋਸ਼ੀ, ਸੰਯੁਕਤ ਵਿਕਾਸ ਕਮਿਸ਼ਨਰ ਸੇਨਾ ਅਗਰਵਾਲ, ਸਟੇਟ ਪ੍ਰਾਜੈਕਟ ਮੈਨੇਜ਼ਰ ਰਜਨੀ ਮਾਰੀਆ ਤੇ ਹਰਜਿੰਦਰ ਸਿੰਘ ਉੱਚ ਅਧਿਕਾਰੀਆਂ ਨਾਲ ਸੁਖਾਵੇਂ ਮਾਹੌਲ 'ਚ ਹੋਈ। ਵਫਦ ਨੇ ਪੰਜਾਬ ਭਰ 'ਚ ਮਨਰੇਗਾ ਤਹਿਤ ਕੰਮ ਕਰਦੇ 2100 ਆਊਟਸੋਰਸਡ ਮੁਲਜ਼ਮਾਂ ਨੂੰ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ 'ਚ ਮਰਜ਼ ਕਰਨ ਦੀ ਮੰਗ ਤੱਥਾਂ ਸਹਿਤ ਰੱਖੀ। ਪਿਛਲੇ ਸੱਤ ਮਹੀਨਿਆਂ ਤੋਂ ਰੁਕੀਆਂ ਤਨਖ਼ਾਹਾਂ ਵੀ ਪਹਿਲ ਦੇ ਅਧਾਰ 'ਤੇ ਜ਼ਾਰੀ ਕਰਨ ਦੀ ਮੰਗ ਕੀਤੀ। ਉੱਚ ਅਧਿਕਾਰੀਆਂ ਨੇ ਵਫ਼ਦ ਮੈਂਬਰਾਂ ਨੂੰ ਦੱਸਿਆ ਕਿ ਮਨਰੇਗਾ ਮੁਲਾਜ਼ਮਾਂ ਨੂੰ ਪੰਚਾਇਤੀ ਵਿਭਾਗ 'ਚ ਮਰਜ਼ ਕਰਨ ਦੀ ਫਾਈਲ ਪਹਿਲਾਂ ਹੀ ਪ੍ਰਸੋਨਲ ਵਿਭਾਗ ਕੋਲ ਵਿਚਾਰਅਧੀਨ ਹੈ। ਵਿੱਤੀ ਮੰਤਰੀ ਚੀਮਾ ਨੇ ਅਗਲੇ ਵੀਰਵਾਰ 18 ਤਾਰੀਕ ਨੂੰ ਪੈਨਲ ਮੀਟਿੰਗ ਜਿਸ ਵਿੱਚ ਵਿੱਤੀ ਵਿਭਾਗ, ਪ੍ਰਸੋਨਲ ਵਿਭਾਗ,ਪੰਚਾਇਤ ਵਿਭਾਗ ਤੋਂ ਇਲਾਵਾ ਜਥੇਬੰਦੀ ਦੇ ਨੁੰਮਾਇੰਦਿਆਂ ਨੂੰ ਸ਼ਾਮਲ ਕਰਨ ਦੇ ਨਿਰਦੇਸ਼ ਦਿੱਤੇ ਹਨ।

## ਦਵਿੰਦਰ ਸਿੰਘ ਸਿੱਧੂ ਹਲਕਾ ਲਹਿਰਾ ਦੇ ਅਬਜ਼ਰਵਰ ਨਿਯੁਕਤ



ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)-ਆਉਂਦੀਆਂ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਸੂਬੇ ਦੇ ਵੱਖ-ਵੱਖ ਵਿਧਾਨ ਸਭਾ ਹਲਕਿਆਂ ਵਿੱਚ ਕੀਤੀਆਂ ਗਈਆਂ ਨਿਯੁਕਤੀਆਂ ਦੌਰਾਨ ਯੂਥ ਅਕਾਲੀ ਦਲ ਦੇ ਸੂਬਾ ਕੋਰ ਕਮੇਟੀ ਮੈਂਬਰ ਦਵਿੰਦਰ ਸਿੰਘ ਸਿੱਧੂ ਨੂੰ ਵਿਧਾਨ ਸਭਾ ਹਲਕਾ ਲਹਿਰਾ ਦਾ ਅਬਜ਼ਰਵਰ ਨਿਯੁਕਤ ਕੀਤਾ ਗਿਆ ਹੈ। ਪਾਰਟੀ ਵੱਲੋਂ ਕੀਤੀ ਗਈ ਦਵਿੰਦਰ ਸਿੰਘ ਸਿੱਧੂ ਦੀ ਇਸ ਨਿਯੁਕਤੀ ਨੂੰ ਲੈ ਕੇ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਸਮੂਹ ਅਕਾਲੀ ਆਗੂਆਂ ਅਤੇ ਵਰਕਰਾਂ ਵਿੱਚ ਖੁਸ਼ੀ ਤੇ ਲਹਿਰ ਪਾਈ ਜਾ ਰਹੀ ਹੈ। ਇਸ ਨਿਯੁਕਤੀ ਨੂੰ ਲੈ ਕੇ ਦਵਿੰਦਰ ਸਿੰਘ ਸਿੱਧੂ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਪਾਰਟੀ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਦਵਿੰਦਰ ਸਿੰਘ ਸਿੱਧੂ ਦੇ ਅਬਜ਼ਰਵਰ ਵਜੋਂ ਨਿਯੁਕਤ ਹੋਣ ਤੋਂ ਬਾਅਦ ਐਨ ਕੇ ਸ਼ਰਮਾ ਜ਼ਿਲ੍ਹਾ ਕੁਆਰਡੀਨੇਟਰ ਸ਼੍ਰੋਮਣੀ ਅਕਾਲੀ ਦਲ, ਗੁਰਪ੍ਰੀਤ ਸਿੰਘ ਰਾਜੂ ਖੰਨਾ ਜਰਨਲ ਸਕੱਤਰ ਸ਼੍ਰੋਮਣੀ ਅਕਾਲੀ ਦਲ, ਸਰਬਜੀਤ ਸਿੰਘ ਝਿੰਜਰ ਪ੍ਰਧਾਨ ਯੂਥ ਅਕਾਲੀ ਦਲ ਪੰਜਾਬ, ਮਹਿੰਦਰ ਸਿੰਘ ਲਾਲਵਾ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਕਬੀਰ ਦਾਸ ਹਲਕਾ ਇੰਚਾਰਜ ਸ਼ੁਤਰਾਣਾ, ਅਮਿਤ ਰਾਠੀ ਜਿਲਾ ਪ੍ਰਧਾਨ ਪਟਿਆਲਾ ਅਤੇ ਜੋਗਾ ਸਿੰਘ ਸਿੱਧੂ ਸਾਬਕਾ ਚੇਅਰਮੈਨ ਖਾਦੀ ਬੋਰਡ ਪੰਜਾਬ ਵੱਲੋਂ ਜਿੱਥੇ ਦਵਿੰਦਰ ਸਿੰਘ ਸਿੱਧੂ ਨੂੰ ਵਧਾਈਆਂ ਦਿੱਤੀਆਂ ਉੱਥੇ ਹੀ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ 2 ਬੱਸਾਂ ਰਵਾਨਾ



ਮੋਹਾਲੀ (ਗੁਰਜੀਤ ਬਿੱਲਾ)- ਵਿਧਾਨ ਸਭਾ ਹਲਕਾ ਮੋਹਾਲੀ ਤੋਂ ਵਿਧਾਇਕ ਕੁਲਵੰਤ ਸਿੰਘ ਦੀ ਦੇਖ-ਰੇਖ ਹੇਠ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ 2 ਬੱਸਾਂ ਨੂੰ ਰਵਾਨਾ ਕੀਤਾ ਗਿਆ, 55ਵੀਂ ਬੱਸ ਨੂੰ ਹਲਕਾ ਕੁਆਰਡੀਨੇਟਰ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ- ਫੂਲਰਾਜ ਸਿੰਘ ਜਦਕਿ ਇਸੇ ਤਰ੍ਹਾਂ 56ਵੀਂ ਵੱਸ ਨੂੰ ਮੋਹਾਲੀ ਕਾਰਪੋਰੇਸ਼ਨ ਦੇ ਸੀਨੀਅਰ ਡਿਪਟੀ ਮੇਅਰ -ਆਰ.ਪੀ. ਸ਼ਰਮਾ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਸੀਨੀਅਰ ਸਿਟੀਜਨ ਐਸੋਸੀਏਸ਼ਨ ਮੋਹਾਲੀ ਦੇ ਸ਼ਰਧਾਲੂਆਂ ਨਾਲ ਭਰੀ ਇਹ ਬੱਸ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਨਾ ਮੰਦਰ, ਰਾਮ ਤੀਰਥ ਵਾਲਮੀਕੀ ਮੰਦਰ, ਵਾਘਾ ਬਾਰਡਰ, ਅਤੇ ਜਲ੍ਹਿਆਂਵਾਲਾ ਬਾਗ ਦੇ ਦਰਸ਼ਨ ਕਰਕੇ ਆਵੇਗੀ। ਉਹਨਾਂ ਦੱਸਿਆ ਕਿ ਸ਼ਰਧਾਲੂਆਂ ਦੀ ਇਸ ਬੱਸ ਦੇ ਨਾਲ ਜਿੱਥੇ ਗਾਈਡ ਹਰ ਵੇਲੇ ਮੌਜੂਦ ਰਹੇਗਾ, ਉੱਥੇ ਸੀਨੀਅਰ ਸਿਟੀਜਨ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ ਮਾਹਿਰ ਡਾਕਟਰ ਵੀ ਨਾਲ ਹਾਜ਼ਰ ਰਹਿਣਗੇ।

ਸਟੇਟ ਅਵਾਰਡੀ- ਫੂਲਰਾਜ ਸਿੰਘ ਹੋਰਾਂ ਦੱਸਿਆ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਨੂੰ ਲੈ ਕੇ ਪੰਜਾਬ ਭਰ ਦੇ ਸ਼ਰਧਾਲੂਆਂ ਵਿੱਚ ਪਾਇਆ ਜਾ ਰਿਹਾ ਉਤਸ਼ਾਹ ਵੇਖਿਆ ਹੀ ਬਣਦਾ ਹੈ। ਸ਼ਰਧਾਲੂ ਆਪ- ਮੁਹਾਰੇ ਇੱਕ ਦੂਸਰੇ ਤੋਂ ਅਗਾਂਹ ਹੋ ਕੇ ਰਜਿਸਟਰੇਸ਼ਨ ਕਰਵਾ ਰਹੇ ਹਨ, ਅਤੇ ਇਹ ਸਭ ਕੁਝ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀਆਂ ਗਈਆਂ ਲੋਕ- ਪੱਖੀ ਸਕੀਮਾਂ ਦੇ ਮਿਲ ਰਹੇ ਭਰਮੇ ਹੁੰਗਾਰ ਹੁੰਗਾਰੇ ਦੇ ਚੱਲਦਿਆਂ ਹੀ ਰਿਹਾ ਹੈ।

## ਭੁਪਿੰਦਰ ਸਿੰਘ ਬਾਜਵਾ ਬਟਾਲਾ ਨਗਰ ਨਿਗਮ ਦੇ ਨਵੇਂ ਮੇਅਰ



**ਬਟਾਲਾ (ਤਰਲੋਕ ਬੱਗਾ/ਡਾ. ਮਲਵਿੰਦਰ ਸਿੰਘ)**-ਬਟਾਲਾ ਨਗਰ ਨਿਗਮ ਦੇ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੀ ਚੋਣ ਵੀਰਵਾਰ ਚੁਣੇ ਗਏ ਕੌਂਸਲਰਾਂ ਦੀ ਸਰਬਸੰਮਤੀ ਨਾਲ ਸਫਲਤਾਪੂਰਵਕ ਸੰਪੰਨ ਹੋਈ।ਇਸ ਮੌਕੇ ਕੈਬਨਿਟ ਮੰਤਰੀ ਲਾਲ ਸਿੰਘ ਕਟਾਰੂਚੱਕ, ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ, ਕਮਿਸ਼ਨਰ ਜਲੰਧਰ ਡਵੀਜ਼ਨ ਸ੍ਰੀ ਰਾਮ ਅਤੇ ਕਮਿਸ਼ਨਰ ਨਗਰ ਨਿਗਮ ਬਟਾਲਾ ਗੁਰਸਿਮਰਨ ਸਿੰਘ ਢਿੱਲੋਂ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।ਨਗਰ ਨਿਗਮ ਦੇ ਨਵ-ਚੁਣੇ ਕੌਂਸਲਰਾਂ ਵੱਲੋਂ ਸਰਬਸੰਮਤੀ ਨਾਲ ਭੁਪਿੰਦਰ ਸਿੰਘ ਬਾਜਵਾ ਨੂੰ ਬਟਾਲਾ ਨਗਰ ਨਿਗਮ ਦਾ ਮੇਅਰ ਚੁਣਿਆ ਗਿਆ। ਇਸ ਦੇ ਨਾਲ ਹੀ ਸੁਖਰਾਜ ਕੌਰ ਸੀਨੀਅਰ ਡਿਪਟੀ ਮੇਅਰ ਅਤੇ ਨੀਲਮ ਚੌਹਾਨ ਡਿਪਟੀ ਮੇਅਰ ਦੀ ਜ਼ਿੰਮੇਵਾਰੀ ਸੌਂਪੀ ਗਈ।ਇਸ ਮੌਕੇ ਕੈਬਨਿਟ ਮੰਤਰੀ ਕਟਾਰੂਚੱਕ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਨਵੇਂ ਚੁਣੇ ਗਏ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਬਟਾਲਾ ਸ਼ਹਿਰ ਦੇ ਸਰਵਪੱਖੀ ਵਿਕਾਸ ਲਈ ਆਮ ਆਦਮੀ ਪਾਰਟੀ ਦੀ ਟੀਮ ਪੂਰੀ ਇਮਾਨਦਾਰੀ ਅਤੇ ਵਚਨਬੱਧਤਾ ਨਾਲ ਕੰਮ ਕਰੇਗੀ। ਉਨ੍ਹਾਂ ਕਿਹਾ ਕਿ ਲੋਕਾਂ ਨੇ ਪਾਰਟੀ 'ਤੇ ਜੋ ਭਰੋਸਾ ਜਤਾਇਆ ਹੈ, ਉਸ 'ਤੇ ਖਰਾ ਉਤਰਦਿਆਂ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਇਆ ਜਾਵੇਗਾ।ਨਵੇਂ ਮੇਅਰ ਭੁਪਿੰਦਰ ਸਿੰਘ ਬਾਜਵਾ ਨੇ ਪਾਰਟੀ ਹਾਈਕਮਾਂਡ, ਕੈਬਨਿਟ ਮੰਤਰੀ ਲਾਲ ਸਿੰਘ ਕਟਾਰੂਚੱਕ, ਵਿਧਾਇਕ ਸ਼ੈਰੀ ਕਲਸੀ ਅਤੇ ਸਮੂਹ ਕੌਂਸਲਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਬਟਾਲਾ ਦੇ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਦਿਨ-ਰਾਤ ਮਿਹਨਤ ਕਰਨਗੇ ਅਤੇ ਸ਼ਹਿਰ ਦੇ ਵਿਕਾਸ ਨੂੰ ਨਵੀਆਂ ਉਚਾਈਆਂ ਤੱਕ ਲੈ ਕੇ ਜਾਣਗੇ।ਇਸ ਤੋਂ ਪਹਿਲਾਂ ਸਵੇਰੇ ਨਗਰ ਨਿਗਮ ਬਟਾਲਾ ਦੇ ਮੇਅਰ ਦੀ ਚੋਣ ਤੋਂ ਪਹਿਲਾਂ ਵਿਧਾਇਕ ਸ਼ੈਰੀ ਕਲਸੀ ਵਲੋਂ ਨਵ-ਨਿਯੁਕਤ ਸਮੂਹ ਕੌਂਸਲਰਾਂ ਨਾਲ ਗੁਰਦੁਆਰਾ ਸ੍ਰੀ ਕੰਧ ਸਾਹਿਬ ਅਤੇ ਮਾਤਾ ਕਾਲੀ ਦੁਆਰਾ ਮੰਦਰ ਵਿਖੇ ਨਤਮਸਤਕ ਹੋ ਕੇ ਆਸ਼ੀਰਵਾਦ ਲਿਆ।ਨਗਰ ਨਿਗਮ ਬਟਾਲਾ ਦੇ ਮੇਅਰ ਦੀ ਚੋਣ ਉਪਰੰਤ ਪਹਿਲੇ ਦਿਨ ਹੀ ਸਟਰੀਟ ਲਾਈਟਾਂ ਠੀਕ ਕਰਨ ਵਾਲੀ ਅਤਿ ਆਧੁਨਿਕ ਟੈਲੀਸਕੋਪਿਕ ਸਕਾਈ ਲਿਫਟ ਮਸ਼ੀਨ ਬਟਾਲਾ ਵਾਸੀਆਂ ਨੂੰ ਸਮਰਪਤ ਕੀਤੀ ਗਈ ।

## ਡੀ ਜੀ ਪੀ ਗੌਰਵ ਯਾਦਵ ਵੱਲੋਂ 'ਸਾਂਝ ਸਿਟੀਜ਼ਨ ਪੋਰਟਲ' ਦੀ ਸ਼ੁਰੂਆਤ

**ਫ਼ਿਲੌਰ (ਨਿਰਮਲ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਦਰਸ਼ੀ ਸੋਚ ਅਨੁਸਾਰ ਨਾਗਰਿਕ-ਕੇਂਦਰਿਤ ਅਤੇ ਤਕਨਾਲੋਜੀ ਅਧਾਰਿਤ ਪੁਲਿਸਿੰਗ ਨੂੰ ਹੋਰ ਮਜ਼ਬੂਤ ਕਰਨ ਵੱਲ ਇਕ ਅਹਿਮ ਕਦਮ ਚੁੱਕਦਿਆਂ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਗੌਰਵ ਯਾਦਵ ਵੱਲੋਂ ਫਿਲੌਰ ਵਿਖੇ ਸਥਿਤ ਮਹਾਰਾਜਾ ਰਣਜੀਤ ਸਿੰਘ ਪੰਜਾਬ ਪੁਲਿਸ ਅਕੈਡਮੀ ਵਿੱਚ ਨਵੇਂ 'ਸਾਂਝ ਸਿਟੀਜ਼ਨ ਪੋਰਟਲ' ਦੀ ਸ਼ੁਰੂਆਤ ਕੀਤੀ ਗਈ।



ਇਸ ਮੌਕੇ ਕਮਿਊਨਿਟੀ ਅਫੇਅਰਜ਼ ਡਿਵੀਜ਼ਨ ਦੀ ਸਪੈਸ਼ਲ ਡੀ ਜੀ ਪੀ ਗੁਰਪ੍ਰੀਤ ਕੌਰ ਦਿਓ ਵੀ ਮੌਜੂਦ ਸਨ। ਡੀ ਜੀ ਪੀ ਵੱਲੋਂ ਇਸ ਮੌਕੇ ਪੰਜਾਬ ਪੁਲਿਸ ਮਹਿਲਾ ਮਿੱਤਰ ਅਤੇ ਵੂਮੈਨ ਹੈਲਪ ਡੈਸਕਾਂ ਵਿੱਚ ਸੇਵਾ ਨਿਭਾ ਰਹੀਆਂ ਮਹਿਲਾ ਪੁਲਿਸ ਕਰਮਚਾਰੀਆਂ ਲਈ 93 ਇਲੈਕਟ੍ਰਿਕ ਸਕੂਟਰਾਂ ਦੇ ਬੇੜੇ ਨੂੰ ਵੀ ਹਰੀ ਝੰਡੀ ਦਿਖਾਈ ਗਈ, ਜਿਸ ਨਾਲ ਉਨ੍ਹਾਂ ਦੀ ਕਾਰਗੁਜ਼ਾਰੀ ਅਤੇ ਲੋਕਾਂ ਤੱਕ ਤੁਰੰਤ ਸੇਵਾਵਾਂ ਪਹੁੰਚਾਉਣ ਦੀ ਸਮਰੱਥਾ ਵਿੱਚ ਵਾਧਾ ਹੋਵੇਗਾ। ਅੱਪਗ੍ਰੇਡ ਕੀਤੇ ਗਏ 'ਸਾਂਝ ਸਿਟੀਜ਼ਨ ਪੋਰਟਲ' ਵਿੱਚ 530 ਤੋਂ ਵੱਧ ਸਾਂਝ ਕੇਂਦਰਾਂ ਰਾਹੀਂ ਮਿਲ ਰਹੀਆਂ ਸੇਵਾਵਾਂ ਨੂੰ ਹੋਰ ਸੁਧਾਰਿਆ ਗਿਆ ਹੈ। ਇਸ ਵਿੱਚ 14 ਨਵੀਆਂ ਡਿਜੀਟਲ ਸੇਵਾਵਾਂ ਸ਼ਾਮਲ ਕੀਤੀਆਂ ਗਈਆਂ ਹਨ, ਜਿਵੇਂ ਕਿ ਆਧਾਰ-ਅਧਾਰਿਤ ਈ-ਕੇ ਵਾਈ ਸੀ, ਕਯੂ ਆਰ ਕੋਡ ਪ੍ਰਮਾਣਿਤ ਸਰਟੀਫਿਕੇਟ, ਡਿਜੀਟਲ ਰਸੀਦਾਂ, ਗੁੰਮ ਹੋਏ ਮੋਬਾਈਲ ਦੀ ਰਿਪੋਰਟਿੰਗ, ਪੂਰੀ ਤਰ੍ਹਾਂ ਪੇਪਰਲੈੱਸ ਕਿਰਾਏਦਾਰ ਤਸਦੀਕ ਅਤੇ ਸੀਨੀਅਰ ਨਾਗਰਿਕਾਂ ਲਈ ਵਿਸ਼ੇਸ਼ ਸਹੂਲਤਾਂ ਤੋਂ ਇਲਾਵਾ ਪਾਸਪੋਰਟ ਤਸਦੀਕ ਪ੍ਰਕਿਰਿਆ ਲਈ ਨਾਗਰਿਕ ਫੀਡਬੈਕ ਪ੍ਰਣਾਲੀ ਵੀ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਫਰਵਰੀ 2025 ਤੋਂ ਹੁਣ ਤੱਕ 90 ਹਜ਼ਾਰ ਤੋਂ ਵੱਧ ਫੀਡਬੈਕ ਪ੍ਰਾਪਤ ਹੋ ਚੁੱਕੇ ਹਨ।

## ਐੱਚ ਐੱਮ ਵੀ ਦੀ ਵਿਦਿਆਰਥਣ ਨੇ ਸੰਸਥਾ ਦਾ ਮਾਣ ਵਧਾਇਆ



**ਜਲੰਧਰ (ਸ਼ੈਲੀ ਐਲਬਰਟ)**- ਹੰਸ ਰਾਜ ਮਹਿਲਾ ਮਹਾ ਵਿਦਿਆਲਿਆ, ਜਲੰਧਰ ਦੀ ਬੀ.ਵੋਕ. (ਈ-ਕਾਮਰਸ ਅਤੇ ਡਿਜ਼ਿਟਲ ਮਾਰਕੀਟਿੰਗ) ਸਮੈਸਟਰ-3 ਦੀ ਵਿਦਿਆਰਥਣ ਰੀਆ ਸ਼ਰਮਾ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਪ੍ਰੀਖਿਆਵਾਂ ਵਿੱਚ 8.73 ਐੱਸ ਜੀ ਪੀ ਏ ਪ੍ਰਾਪਤ ਕਰਕੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ। ਇਸ ਸ਼ਾਨਦਾਰ ਉਪਲਬਧੀ 'ਤੇ ਪ੍ਰਿੰਸੀਪਲ ਪ੍ਰੋ. ਡਾ. ਏਕਤਾ ਖੋਸਲਾ ਨੇ ਵਿਦਿਆਰਥਣ ਅਤੇ ਫੈਕਲਟੀ ਮੈਂਬਰਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਅਜਿਹੇ ਵਿਦਿਆਰਥੀ ਜਿੱਥੇ ਸੰਸਥਾ ਦਾ ਮਾਣ ਵਧਾਉਂਦੇ ਹਨ ਉੱਥੇ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਸਰੋਤ ਵੀ ਬਣਦੇ ਹਨ। ਉਨ੍ਹਾਂ ਨੇ ਰੀਆ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਮੀਨੂ ਕੋਹਲੀ, ਬੀਨੂ ਗੁਪਤਾ ਅਤੇ ਡਾ. ਸੰਗੀਤਾ ਅਰੋੜਾ ਨੇ ਵੀ ਰੀਆ ਸ਼ਰਮਾ ਨੂੰ ਇਸ ਸ਼ਾਨਦਾਰ ਸਫਲਤਾ ਲਈ ਵਧਾਈ ਦਿੱਤੀ।

## ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਨਿਭਾਇਆ ਵਾਅਦਾ

### 8ਵੀਂ ਜਮਾਤ ਦੇ ਇਤਿਹਾਸ ਦੇ ਕੋਰਸ 'ਚ ਸ਼ਾਮਲ ਹੋਇਆ ਸਿੱਖ ਗੁਰੂਆਂ ਦਾ ਇਤਿਹਾਸ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸਿੱਖ ਸਮਾਜ ਅਤੇ ਸੂਬਾ ਵਾਸੀਆਂ ਨਾਲ ਕੀਤਾ ਇੱਕ ਮਹੱਤਵਪੂਰਨ ਵਾਅਦਾ ਪੂਰਾ ਕਰਦਿਆਂ ਰਾਜ ਦੇ ਸਕੂਲਾਂ ਦੀ ਜਮਾਤ 8ਵੀਂ ਦੇ ਇਤਿਹਾਸ ਦੇ ਕੋਰਸ ਵਿੱਚ ਸਿੱਖ ਗੁਰੂਆਂ ਅਤੇ ਬਾਬਾ ਬੰਦਾ ਸਿੰਘ ਬਹਾਦਰ ਨਾਲ ਜੁੜੇ ਇਤਿਹਾਸ ਨੂੰ ਸ਼ਾਮਲ ਕੀਤਾ ਹੈ। ਹੁਣ ਸਕੂਲੀ ਬੱਚੇ ਸਿੱਖ ਗੁਰੂਆਂ ਦੇ ਨਾਲ-ਨਾਲ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਤਿਆਗ, ਕੁਰਬਾਨੀ ਅਤੇ ਆਦਰਸ਼ਾਂ ਤੋਂ ਜਾਣੂ ਹੋਣਗੇ।



ਮੁੱਖ ਮੰਤਰੀ ਨੇ ਹਰਿਆਣਾ ਵਿੱਚ ਮਨਾਏ ਗਏ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਸਮਾਗਮ ਦੇ ਮੌਕੇ 'ਤੇ ਐਲਾਨ ਕੀਤਾ ਸੀ ਕਿ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਿੱਖ ਇਤਿਹਾਸ, ਗੁਰੂਆਂ ਦੇ ਆਦਰਸ਼ਾਂ ਅਤੇ ਉਨ੍ਹਾਂ ਦੀਆਂ ਮਹਾਨ ਕੁਰਬਾਨੀਆਂ ਤੋਂ ਜਾਣੂ ਕਰਵਾਉਣ ਲਈ ਇਨ੍ਹਾਂ ਨੂੰ ਸਕੂਲੀ ਸਿੱਖਿਆ ਦਾ ਹਿੱਸਾ ਬਣਾਇਆ ਜਾਵੇਗਾ। ਹੁਣ ਸਰਕਾਰ ਨੇ ਇਸ ਐਲਾਨ ਨੂੰ ਅਮਲੀ ਜਾਮਾ ਪਹਿਨਾਉਂਦੇ ਹੋਏ ਇਸ ਨੂੰ ਕੋਰਸ ਵਿੱਚ ਸ਼ਾਮਲ ਕਰ ਦਿੱਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਗੁਰੂ ਨਾਨਕ ਦੇਵ ਜੀ ਤੋਂ ਲੈ ਕੇ ਗੁਰੂ ਗੋਬਿੰਦ ਸਿੰਘ ਜੀ ਤੱਕ ਸਾਰੇ ਸਿੱਖ ਗੁਰੂਆਂ ਨੇ ਮਨੁੱਖਤਾ, ਸਮਾਨਤਾ, ਸੇਵਾ, ਕਰੁਣਾ, ਭਾਈਚਾਰੇ ਅਤੇ ਸਮਾਜਿਕ ਨਿਆਂ ਦਾ ਸੰਦੇਸ਼ ਦਿੱਤਾ।

ਉਨ੍ਹਾਂ ਨੇ ਸਮਾਜ ਨੂੰ ਜਾਤ, ਧਰਮ ਅਤੇ ਵਰਗ ਦੇ ਭੇਦਭਾਵ ਤੋਂ ਉੱਪਰ ਉੱਠ ਕੇ ਮਨੁੱਖੀ ਭਲਾਈ ਲਈ ਕੰਮ ਕਰਨ ਦੀ ਪ੍ਰੇਰਨਾ ਦਿੱਤੀ।

ਮੁੱਖ ਮੰਤਰੀ ਦੇ ਓ.ਐਸ.ਡੀ. ਡਾ. ਪ੍ਰਭਲੀਨ ਸਿੰਘ ਨੇ ਹਰਿਆਣਾ ਸਰਕਾਰ ਦੀ ਇਸ ਮਹੱਤਵਪੂਰਨ ਪਹਿਲ ਲਈ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਨਹਿਰਾਂ ਵਿੱਚ ਪਾਣੀ ਛੱਡਣ ਦੀ ਮੰਗ

**ਫਿਲੌਰ (ਨਿਰਮਲ)**- ਫਿਲੌਰ ਇਲਾਕੇ ਦੇ ਕਿਸਾਨ ਬਲਦੇਵ ਸਿੰਘ, ਮਹਿੰਦਰ ਸਿੰਘ, ਜੋਗਿੰਦਰ, ਹਰਬੰਸ ਸਿੰਘ ,ਤੇਜਾ ਸਿੰਘ, ਮੱਖਣ ਸਿੰਘ ਆਦਿ ਨੇ ਨਹਿਰੀ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਫਿਲੌਰ ਇਲਾਕੇ ਦੀਆਂ ਸਾਰੀਆਂ ਨਹਿਰਾਂ ਵਿੱਚ ਤੁਰੰਤ ਪਾਣੀ ਛੱਡਿਆ ਜਾਵੇ ਤਾਂ ਜੋ ਕਿਸਾਨ ਖੇਤਾਂ ਨੂੰ ਪਾਣੀ ਲਾ ਕੇ ਅੱਗੋਂ ਝੋਨੇ ਦੀ ਫਸਲ ਲਈ ਤਿਆਰ ਕਰ ਸਕਣ। ਨਹਿਰਾਂ ਵਿੱਚ ਸਫਾਈ ਵੀ ਤੁਰੰਤ ਕੀਤੀ ਜਾਵੇ ਤਾਂ ਜੋ ਕਿਸਾਨਾਂ ਨੂੰ ਨਹਿਰਾਂ ਦਾ ਪਾਣੀ ਆਸਾਨੀ ਨਾਲ ਮਿਲ ਸਕੇ।

## ਰੋਟਰੀ ਆਈ ਬੈਂਕ ਨੇ ਵਿਸ਼ਵ ਨੇਤਰਦਾਨ ਦਿਵਸ ਮਨਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰੋਟਰੀ ਆਈ ਬੈਂਕ ਐਂਡ ਕੋਰਨੀਅਲ ਟ੍ਰਾਂਸਪਲਾਂਟੇਸ਼ਨ ਸੋਸਾਇਟੀ, ਹੁਸ਼ਿਆਰਪੁਰ ਵੱਲੋਂ ਅੰਤਰਰਾਸ਼ਟਰੀ ਨੇਤਰ ਦਾਨ ਦਿਵਸ ਆਪਣੇ ਦਫ਼ਤਰ ਸੁੰਦਰ ਆਸ਼ਰਮ ਵਿਖੇ ਪ੍ਰਧਾਨ ਜੇ ਬੀ ਬਹਿਲ ਦੀ ਅਗਵਾਈ ਹੇਠ ਮਨਾਇਆ ਗਿਆ। ਇਸ ਸਮਾਗਮ ਵਿੱਚ ਸਾਬਕਾ ਰਾਜ ਸਭਾ ਮੈਂਬਰ ਅਵਿਨਾਸ਼ ਰਾਏ ਖੰਨਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।



ਇਸ ਮੌਕੇ ਪ੍ਰਧਾਨ ਜੇ. ਬੀ. ਬਹਿਲ ਨੇ ਦੱਸਿਆ ਕਿ ਦੁਨੀਆ ਭਰ ਵਿੱਚ ਨੇਤਰਹੀਨ ਲੋਕਾਂ ਦੀ ਗਿਣਤੀ ਲੱਖਾਂ ਤੋਂ ਵੱਧ ਕੇ ਕਰੋੜਾਂ ਤੱਕ ਪਹੁੰਚ ਚੁੱਕੀ ਹੈ।ਇਸ ਮੌਕੇ ਈਸ਼ਾਨ ਜੈਨ, ਮੁਕੇਸ਼ ਵਰਮਾ ਅਤੇ ਅਨੀਸ਼ਾ ਵਾਲੀਆ ਨੇ ਨੇਤਰ ਦਾਨ ਕਰਨ ਦਾ ਸੰਕਲਪ ਲਿਆ। ਅਵਿਨਾਸ਼ ਰਾਏ ਖੰਨਾ ਨੇ ਉਨ੍ਹਾਂ ਨੂੰ ਪ੍ਰਮਾਣ ਪੱਤਰ ਦੇ ਕੇ ਸਨਮਾਨਤ ਕੀਤਾ। ਆਪਣੇ ਸੰਬੋਧਨ ਦੌਰਾਨ ਖੰਨਾ ਨੇ ਨੇਤਰ ਦਾਨ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਅਤੇ ਨੇਤਰ ਦਾਨੀਆ ਦਾ ਧੰਨਵਾਦ ਕੀਤਾ।ਇਸ ਮੌਕੇ ਸੋਸਾਇਟੀ ਦੇ ਸਕੱਤਰ ਪ੍ਰੋ. ਦਲਜੀਤ ਸਿੰਘ ਨੇ ਦੱਸਿਆ ਕਿ ਸੰਸਥਾ ਹੁਣ ਤੱਕ ਦੇਸ਼ ਦੇ ਵੱਖ-ਵੱਖ ਰਾਜਾਂ ਦੇ 4,168 ਨੇਤਰਹੀਨ ਵਿਅਕਤੀਆਂ ਨੂੰ ਮੁਫ਼ਤ ਰੌਸ਼ਨੀ ਪ੍ਰਦਾਨ ਕਰਵਾ ਚੁੱਕੀ ਹੈ। ਇਸ ਮੌਕੇ ਵਿਜੇ ਅਰੋੜਾ, ਅਸ਼ਵਨੀ ਕੁਮਾਰ ਦੱਤਾ, ਜਸਵੀਰ ਕੰਵਰ, ਕ੍ਰਿਸ਼ਨ ਕਿਸ਼ੋਰ, ਜਗਦੀਸ਼ ਅਗਰਵਾਲ, ਅਮ੍ਰਿਤਜੋਤ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।

## ਡਿਪਟੀ ਸਪੀਕਰ ਨੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਕੀਤੀ ਰਵਾਨਾ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਦੇਸ਼ ਦੇ ਪ੍ਰਮੁੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਚਲਾਈ ਜਾ ਰਹੀ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਹਲਕਾ ਗੜ੍ਹਸ਼ੰਕਰ ਦੇ ਪਿੰਡ ਰਾਮਪੁਰ ਤੋਂ ਸ਼ਰਧਾਲੂਆਂ ਦੀ ਇੱਕ ਬੱਸ ਨੂੰ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਜੈ ਕ੍ਰਿਸ਼ਨ ਸਿੰਘ ਰੌੜੀ ਦੇ ਦਫ਼ਤਰ ਤੋਂ ਰਵਾਨਾ ਕੀਤਾ ਗਿਆ। ਇਸ ਮੌਕੇ ਸ਼ਰਧਾਲੂਆਂ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਵਿੱਚ ਖੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਦੇਖਣ ਨੂੰ ਮਿਲਿਆ।



ਬੱਸ ਨੂੰ ਹਰੀ ਝੰਡੀ ਦਿਖਾਉਣ ਉਪਰੰਤ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਪੂਰਾ ਸਤਿਕਾਰ ਕਰਦੀ ਹੈ ਅਤੇ ਇਸੇ ਸੋਚ ਤਹਿਤ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸ਼ੁਰੂ ਕੀਤੀ ਗਈ ਹੈ। ਇਸ ਮੌਕੇ ਸ਼ਰਧਾਲੂਆਂ ਨੇ ਪੰਜਾਬ ਸਰਕਾਰ ਅਤੇ ਡਿਪਟੀ ਸਪੀਕਰ ਸ. ਜੈ ਕ੍ਰਿਸ਼ਨ ਸਿੰਘ ਰੌੜੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਦੀ ਇਸ ਉਪਰਾਲੇ ਨਾਲ ਉਨ੍ਹਾਂ ਦੀ ਲੰਬੇ ਸਮੇਂ ਤੋਂ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦੀ ਇੱਛਾ ਪੂਰੀ ਹੋ ਰਹੀ ਹੈ।

## ਸੁਤੰਤਰਤਾ ਸੰਗਰਾਮੀਆਂ ਦੇ ਵਫਦ ਵੱਲੋਂ ਡੀ ਸੀ ਨਾਲ ਮੁਲਾਕਾਤ

**ਬੰਗਾ (ਅਵਤਾਰ ਕਲੇਰ)**- ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਆਪਣੇ ਦਫਤਰ ਵਿੱਚ ਸੁਤੰਤਰਤਾ ਸੰਗਰਾਮੀਆਂ ਦੇ ਇੱਕ ਵਫ਼ਦ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਮੰਗਾਂ ਧਿਆਨ ਨਾਲ ਸੁਣੀਆਂ। ਵਫ਼ਦ ਨੇ ਡਿਪਟੀ ਕਮਿਸ਼ਨਰ ਨੂੰ ਰੇਲਵੇ ਵਿੱਚ ਫਰੀ ਸਫਰ ਸਹੂਲਤ, ਪੈਨਸ਼ਨ, ਮੈਡੀਕਲ ਸਹੂਲਤਾਂ, 300 ਯੂਨਿਟ ਬਿਜਲੀ ਫਰੀ ਅਤੇ ਹੋਰ ਭਲਾਈ ਸਕੀਮਾਂ ਨਾਲ ਸਬੰਧਤ ਮੁੱਦਿਆਂ ਤੋਂ ਜਾਣੂ ਕਰਵਾਇਆ।



ਸੰਗਰਾਮੀਆਂ ਨੇ ਆਜ਼ਾਦੀ ਦੀ ਲੜਾਈ ਵਿੱਚ ਆਪਣੇ ਯੋਗਦਾਨ ਦਾ ਜ਼ਿਕਰ ਕੀਤੀ। ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਕਿਹਾ ਕਿ ਸੁਤੰਤਰਤਾ ਸੰਗਰਾਮੀਆਂ ਵੱਲੋਂ ਜੋ ਮੰਗਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ ਹਨ, ਉਨ੍ਹਾਂ ਵਿਚੋਂ ਕੁਝ ਮੰਗਾਂ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਨਾਲ ਸਬੰਧਤ ਹਨ ਅਤੇ ਬਹੁਤ ਸਾਰੀਆਂ ਮੰਗਾਂ ਪਹਿਲਾਂ ਤੋਂ ਹੀ ਸਰਕਾਰ ਵੱਲੋਂ ਸੁਤੰਤਰਤਾ ਸੰਗਰਾਮੀਆਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਡਿਪਟੀ ਕਮਿਸ਼ਨਰ ਨੇ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਜਾਇਜ਼ ਮੰਗਾਂ ਦੇ ਨਿਪਟਾਰੇ ਲਈ ਪ੍ਰਸ਼ਾਸਨ ਵੱਲੋਂ ਤਰਜੀਹੀ ਆਧਾਰ 'ਤੇ ਕਾਰਵਾਈ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸੁਤੰਤਰਤਾ ਸੰਗਰਾਮੀਆਂ ਦੀਆਂ ਅਰਜ਼ੀਆਂ ਦੀ ਛੇਤੀ ਪੜਤਾਲ ਕਰਕੇ ਰਿਪੋਰਟ ਪੇਸ਼ ਕੀਤੀ ਜਾਵੇ।

## ਪੈਨਸ਼ਨਰਾਂ ਦੀਆਂ ਮੰਗਾਂ ਪ੍ਰਵਾਨ ਨਾ ਕੀਤੀਆਂ ਤਾਂ ਸੰਘਰਸ਼ ਹੋਰ ਤੇਜ਼ ਕਰਾਂਗੇ : ਸ਼ਿੰਗਾਰਾ ਸੈਣੀ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਮਿਊਨਸੀਪਲ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਦੀਆਂ ਮੰਗਾਂ ਪ੍ਰਵਾਨ ਨਾ ਕਰਨ ਤੇ ਸਰਕਾਰ ਖਿਲਾਫ਼ ਸੰਘਰਸ਼ ਨੂੰ ਹੋਰ ਤੇਜ਼ ਕਰਨ ਦੀ ਨਵੀਂ ਰਣਨੀਤੀ ਸਬੰਧੀ ਵਿਚਾਰ ਵਿਟਾਂਦਰਾ ਕਰਨ ਲਈ ਪੈਨਸ਼ਨਰਜ਼ ਐਸੋਸੀਏਸ਼ਨ ਟਾਂਡਾ ਉੜਮੁੜ ਦੇ ਪ੍ਰਧਾਨ ਸ਼ਿੰਗਾਰਾ ਸਿੰਘ ਸੈਣੀ ਦੀ ਅਗਵਾਈ ਵਿੱਚ ਨਗਰ ਕੌਂਸਲ ਦਫ਼ਤਰ ਟਾਂਡਾ ਵਿਖੇ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵੱਖ-ਵੱਖ ਯੂਨੀਅਨ ਦੇ ਅਹੁਦੇਦਾਰਾਂ ਤੋਂ ਇਲਾਵਾ ਇਲਾਕੇ ਦੇ ਬੁੱਧੀਜੀਵੀਆਂ ਨੇ ਭਾਗ ਲਿਆ। ਮੀਟਿੰਗ ਚ ਸ਼ਾਮਿਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਸ਼ਿੰਗਾਰਾ ਸਿੰਘ ਸੈਣੀ ਨੇ ਕਿਹਾ ਸਰਕਾਰ ਮੁਲਾਜ਼ਮਾਂ ਨੂੰ ਦਰਪੇਸ਼ ਆ ਰਹੀਆਂ ਔਕੜਾਂ ਨੂੰ ਵੀ ਖਤਮ ਕਰਨ ਦੇ ਹਰ ਸੰਭਵ ਯਤਨ ਕਰੇ।ਸ਼ਿੰਗਾਰਾ ਸਿੰਘ ਸੈਣੀ ਨੇ ਕਿਹਾ ਕਿ ਜੇਕਰ ਸਾਡੀ ਐਸੋਸੀਏਸ਼ਨ ਦੀਆਂ ਜਾਇਜ਼ ਮੰਗਾਂ ਜਲਦ ਪ੍ਰਵਾਨ ਨਾ ਹੋਈਆਂ ਅਤੇ ਪੈਨਸ਼ਨਰਾਂ ਦੇ ਬਕਾਇਆ ਮਸਲੇ ਹੱਲ ਨਾ ਕੀਤੇ ਤਾਂ ਐਸੋਸੀਏਸ਼ਨ ਹੋਰ ਸਹਯੋਗੀ ਸੰਸਥਾਵਾਂ ਦੇ ਸਹਿਯੋਗ ਨਾਲ ਸੰਘਰਸ਼ ਹੋਰ ਤੇਜ਼ ਕਰਦੇ ਹੋਏ ਪੁਤਲੇ ਫੂਕ ਪ੍ਰਦਰਸ਼ਨ ਸ਼ੁਰੂ ਕਰ ਦੇਵੇਗੀ। ਇਸ ਮੌਕੇ ਤੇ ਚੌਧਰੀ ਰਤਨ ਸਿੰਘ ਸੈਣੀ, ਸੋਮਨਾਥ ਭੱਟੀ, ਐੱਨ ਪੀ ਸਿੰਘ, ਕੇਵਲ ਕ੍ਰਿਸ਼ਨ, ਅਮਰੀਕ ਸਿੰਘ, ਇਕਬਾਲ ਸਿੰਘ, ਅੱਛਰ ਰਾਮ, ਤਰਸੇਮ ਲਾਲ, ਸਦਾ ਨੰਦ, ਦੇਵਰਾਜ ਅਤੇ ਸੁਦਰਸ਼ਨ ਕੁਮਾਰ ਤੋਂ ਇਲਾਵਾ ਹੋਰ ਐਸੋਸੀਏਸ਼ਨ ਮੈਂਬਰ ਹਜਨ ਸਨ।



## ਵਿਦਿਆਰਥੀਆਂ ਨੇ ਇਨੋਟੈਕ 2026 'ਚ ਬਣਾਈ ਟੌਪ-5 'ਚ ਜਗ੍ਹਾ

**ਜਲੰਧਰ (ਸ਼ੈਲੀ ਐਲਬਰਟ)**- ਮੇਹਰ ਚੰਦ ਪੌਲੀਟੈਕਨਿਕ ਕਾਲਜ ਜਲੰਧਰ ਦੇ ਆਟੋਮੋਬਾਈਲ ਇੰਜੀਨੀਅਰਿੰਗ ਵਿਭਾਗ ਦੇ ਵਿਦਿਆਰਥੀਆਂ ਨੇ ਪੁਸ਼ਪਾ ਗੁਜਰਾਲ ਸਾਇੰਸ ਸਿਟੀ, ਕਪੂਰਥਲਾ ਵਿਖੇ ਆਯੋਜਿਤ ਇਨੋ ਟੈਕ 2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਟੌਪ-5 ਵਿੱਚ ਆਪਣੀ ਜਗ੍ਹਾ ਬਣਾਈ। ਵਿਦਿਆਰਥੀਆਂ ਵੱਲੋਂ ਤਿਆਰ ਕੀਤਾ ਗਿਆ ਫਲੈਕਸੀਵੀਲ ਮੋਬਿਲਿਟੀ ਸਿਸਟਮ ਪ੍ਰੋਜੈਕਟ ਸਮਾਗਮ ਦਾ ਖਾਸ ਆਕਰਸ਼ਣ ਬਣਿਆ। ਇਸ ਪ੍ਰੋਜੈਕਟ ਰਾਹੀਂ ਵਿਦਿਆਰਥੀਆਂ ਨੇ ਇੱਕ ਐਸਾ ਆਧੁਨਿਕ ਮੋਬਿਲਿਟੀ ਸਿਸਟਮ ਤਿਆਰ ਕੀਤਾ ਹੈ ਜੋ ਵੱਖ-ਵੱਖ ਤਰ੍ਹਾਂ ਦੀਆਂ ਸੜਕਾਂ ਅਤੇ ਔਖੇ ਰਸਤੇ 'ਤੇ ਵੀ ਆਸਾਨੀ ਨਾਲ ਚੱਲ ਸਕਦਾ ਹੈ। ਫਲੈਕਸੀਵੀਲ ਮੋਬਿਲਿਟੀ ਸਿਸਟਮ ਵਿੱਚ ਖਾਸ ਤਰੀਕੇ ਨਾਲ ਡਿਜ਼ਾਇਨ ਕੀਤੇ ਗਏ ਪਹੀਏ ਅਤੇ ਸਮਾਰਟ ਮਕੈਨਿਜ਼ਮ ਦੀ ਵਰਤੋਂ ਕੀਤੀ ਗਈ ਹੈ।




ਇਸ ਪ੍ਰੋਜੈਕਟ ਦੀ ਖਾਸ ਵਿਸ਼ੇਸ਼ਤਾ ਇਹ ਹੈ ਕਿ ਇਹ ਵਾਹਨ ਨੂੰ ਘੱਟ ਜਗ੍ਹਾ ਵਿੱਚ ਵੀ ਆਸਾਨੀ ਨਾਲ ਪੈਰਾਲਲ ਪਾਰਕਿੰਗ ਕਰਨ ਵਿੱਚ ਮਦਦ ਕਰਦਾ ਹੈ। ਇਹ ਸਿਸਟਮ ਭੀੜਭਾੜ ਵਾਲੇ ਇਲਾਕਿਆਂ ਅਤੇ ਤੰਗ ਪਾਰਕਿੰਗ ਸਥਾਨਾਂ ਵਿੱਚ ਕਾਫੀ ਲਾਭਦਾਇਕ ਸਾਬਤ ਹੋ ਸਕਦਾ ਹੈ।

ਇਹ ਪ੍ਰੋਜੈਕਟ ਜਸ਼ਨਪ੍ਰੀਤ ਸਿੰਘ, ਜਸਕਰਨ, ਮਨੀ ਕੁਮਾਰ ਅਤੇ ਅਭਿਸ਼ੇਕ ਭੰਡਾਰੀ ਵੱਲੋਂ ਤਿਆਰ ਕੀਤਾ ਗਿਆ। ਪ੍ਰੋਜੈਕਟ ਇੰਚਾਰਜ ਵਰਿੰਦਰ ਸਿੰਘ ਦੀ ਰਹਿਨੁਮਾਈ ਹੇਠ ਵਿਦਿਆਰਥੀਆਂ ਨੇ ਇਸ ਨਵੀਂ ਤਕਨੀਕ 'ਤੇ ਸਫਲਤਾਪੂਰਵਕ ਕੰਮ ਕੀਤਾ। ਵਿਦਿਆਰਥੀਆਂ ਦੀ ਇਸ ਉਪਲਬਧੀ 'ਤੇ ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਪ੍ਰਾਪਤੀਆਂ ਨਾਲ ਕਾਲਜ ਦਾ ਨਾਂਅ ਰੌਸ਼ਨ ਹੁੰਦਾ ਹੈ ਅਤੇ ਵਿਦਿਆਰਥੀਆਂ ਨੂੰ ਨਵੀਂ ਸੋਚ ਨਾਲ ਅੱਗੇ ਵਧਣ ਦੀ ਪ੍ਰੇਰਨਾ ਮਿਲਦੀ ਹੈ।

## ਗਰਭਵਤੀ ਔਰਤਾਂ ਨੂੰ ਪੌਸ਼ਟਿਕ ਤੱਤਾਂ ਬਾਰੇ ਕਰਵਾਇਆ ਜਾਗਰੂਕ

**ਨਕੋਦਰ (ਮਨਜੀਤ ਮਾਨ)**- ਸਰਕਾਰੀ ਹਸਪਤਾਲ ਮਹਿਤਪੁਰ ਦੇ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਸੰਤ ਮੀਤ ਸਿੰਘ ਵੱਲੋਂ ਸੈਕਟਰ ਪੰਡੋਰੀ ਖ਼ਾਸ ਜੋ ਕਿ ਪੀ ਐਚ ਸੀ ਮਹਿਤਪੁਰ ਅਧੀਨ ਪੈਂਦਾ ਹੈ। ਇਸ ਮੌਕੇ ਡਾਕਟਰ ਰਾਜਦੀਪ ਤੇ ਸੀ ਐਚ ਓ ਨੈਂਸੀ ਦੇ ਤਾਲਮੇਲ ਨਾਲ ਗਰਭਵਤੀ ਔਰਤਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪ੍ਰਧਾਨ ਮੰਤਰੀ ਮਾਤਰ ਵੰਦਨਾ ਯੋਜਨਾ ਦੌਰਾਨ ਗਰਭਵਤੀ ਮਾਵਾਂ ਦੀ ਸਰਕਾਰ ਵੱਲੋਂ ਸਕੈਨਿੰਗ ਬਿਲਕੁਲ ਫਰੀ ਕੀਤੀ ਜਾਂਦੀ ਹੈ ਅਤੇ ਨਾਲ ਹੀ ਆਇਰਨ ਅਤੇ ਕੈਲਸ਼ੀਅਮ ਦੀਆਂ ਗੋਲੀਆਂ ਵੀ ਹਰ ਮਹੀਨੇ ਫ੍ਰੀ ਦਿੱਤੀਆਂ ਜਾਂਦੀਆਂ ਹਨ ਅਤੇ ਨਾਲ ਹੀ ਹਰ ਮਹੀਨੇ ਦੀ 9 ਤਰੀਕ ਨੂੰ ਪੋਸ਼ਣ ਸਬੰਧੀ ਜਾਣਕਾਰੀ ਦਿਤੀ ਗਈ। ਇਸ ਯੋਜਨਾ ਦਾ ਮੁੱਖ ਉਦੇਸ਼ ਗਰਭ ਅਵਸਥਾ ਦੌਰਾਨ ਗਰਭਵਤੀ ਮਾਵਾਂ ਨੂੰ ਬਿਹਤਰ ਪੋਸ਼ਣ ਪ੍ਰਦਾਨ ਕਰਨਾ ਹੈ। ਇਸ ਮੌਕੇ ਤੁਰਨ ਬੀ ਬੀ ਏ, ਬਲਾਕ ਅਤੇ ਆਸ਼ਾ ਵਰਕਰਾਂ ਮੌਜੂਦ ਸਨ।



## ਕੁਝ ਦਿਨਾਂ 'ਚ ਸ਼ੁਰੂ ਹੋਵੇਗਾ ਬੰਗਾ ਰੋਡ ਦਾ ਨਿਰਮਾਣ ਕਾਰਜ : ਚੱਬੇਵਾਲ

### 5.20 ਕਰੋੜ ਦੀ ਲਾਗਤ ਨਾਲ ਬਣੇਗੀ 5.20 ਕਿਲੋਮੀਟਰ ਲੰਮੀ ਸੜਕ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਆਮ ਆਦਮੀ ਪਾਰਟੀ ਦੇ ਲੋਕ ਸਭਾ ਵਿੱਚ ਉਪ ਨੇਤਾ, ਸੰਸਦ ਮੈਂਬਰ ਅਤੇ ਫਗਵਾੜਾ ਵਿਧਾਨ ਸਭਾ ਹਲਕੇ ਦੇ ਇੰਚਾਰਜ ਡਾ. ਰਾਜ ਕੁਮਾਰ ਚੱਬੇਵਾਲ ਵੱਲੋਂ ਫਗਵਾੜਾ ਵਾਸੀਆਂ ਦੀ ਪਿਛਲੇ ਲੰਬੇ ਸਮੇਂ ਤੋਂ ਬੰਗਾ ਰੋਡ ਸੜਕ ਦਾ ਨਿਰਮਾਣ ਕਰਵਾਉਣ ਦੀ ਮੰਗ ਪੂਰੀ ਕਰ ਦਿੱਤੀ ਗਈ ਹੈ। ਸੰਸਦ ਮੈਂਬਰ ਡਾ. ਰਾਜ ਦੇ ਯਤਨਾਂ ਸਦਕਾ ਸਰਕਾਰ ਵੱਲੋਂ ਸੜਕ ਦੇ ਨਿਰਮਾਣ ਕਾਰਜ ਨੂੰ ਮਨਜ਼ੂਰੀ ਦੇ ਦਿੱਤੀ ਗਈ ਹੈ। ਇਸ ਦੌਰਾਨ ਸੜਕ ਨਿਰਮਾਣ ਕਾਰਜ ਨੂੰ ਮਨਜ਼ੂਰੀ ਮਿਲਣ ਅਤੇ ਜਲਦ ਹੀ ਸੜਕ ਦਾ ਕੰਮ ਸ਼ੁਰੂ ਹੋਣ ਦੀ ਜਾਣਕਾਰੀ ਮਿਲਦਿਆਂ ਹੀ ਬੰਗਾ ਰੋਡ ਦੇ ਸਮੂਹ ਦੁਕਾਨਦਾਰਾਂ, ਵਪਾਰੀਆਂ ਅਤੇ ਨਿਵਾਸੀਆਂ ਨੇ ਸੰਸਦ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਦਾ ਸਵਾਗਤ ਕਰਕੇ ਉਨ੍ਹਾਂ ਦਾ ਧੰਨਵਾਦ ਪ੍ਰਗਟਾਇਆ। ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਫਗਵਾੜਾ ਵਾਸੀ ਉਨ੍ਹਾਂ ਦੇ ਸ਼ਹਿਰ ਦੀਆਂ ਦੋ ਮੁੱਖ ਸੜਕਾਂ-ਪਲਾਹੀ ਰੋਡ ਅਤੇ ਬੰਗਾ ਰੋਡ ਦੀ ਖਸਤਾ ਹਾਲਤ ਦਾ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਲਿਆਏ ਸਨ ਅਤੇ ਲੋਕ ਹਿੱਤ ਵਿੱਚ ਇਨ੍ਹਾਂ ਸੜਕਾਂ ਦਾ ਨਿਰਮਾਣ ਕਰਵਾਉਣ ਦੀ ਮੰਗ ਕੀਤੀ ਸੀ। ਲੋਕਾਂ ਦੀ ਇਸ ਮੰਗ ਨੂੰ ਉਨ੍ਹਾਂ ਨੇ ਗੰਭੀਰਤਾ ਨਾਲ ਲੈਂਦਿਆਂ ਪੰਜਾਬ ਸਰਕਾਰ ਤੱਕ ਪਹੁੰਚਾਇਆ ਜਿਸ ਤੋਂ ਬਾਅਦ ਪਹਿਲਾਂ ਪਲਾਹੀ ਰੋਡ ਦੀ ਸੜਕ ਨੂੰ ਮਨਜ਼ੂਰ ਕਰਵਾ ਕੇ ਉਸ ਦਾ ਨਿਰਮਾਣ ਕਾਰਜ ਮੁਕੰਮਲ ਕਰਵਾਇਆ ਗਿਆ ਅਤੇ ਹੁਣ ਬੰਗਾ ਰੋਡ ਦੀ ਸੜਕ ਦੇ ਨਿਰਮਾਣ ਕਾਰਜ ਨੂੰ ਮਨਜ਼ੂਰੀ ਮਿਲ ਗਈ ਹੈ।ਸੰਸਦ ਮੈਂਬਰ ਨੇ ਦੱਸਿਆ ਕਿ ਇਸ ਸੜਕ ਦਾ ਨਿਰਮਾਣ ਕਾਰਜ ਅਗਲੇ ਹਫ਼ਤੇ ਤੱਕ ਸ਼ੁਰੂ ਹੋ ਜਾਵੇਗਾ। ਉਨ੍ਹਾਂ ਦੱਸਿਆ ਕਿ 5.20 ਕਿਲੋਮੀਟਰ ਲੰਬੀ ਬਣਨ ਵਾਲੀ ਇਸ ਸੜਕ 'ਤੇ 5 ਕਰੋੜ 20 ਲੱਖ ਰੁਪਏ ਖ਼ਰਚ ਹੋਣਗੇ।



## 60 ਕਰੋੜ ਨਾਲ ਸ੍ਰੀ ਅਨੰਦਪੁਰ ਸਾਹਿਬ ਵਿਚ ਵਿਛੇਗਾ ਪੁਲਾਂ ਦਾ ਜਾਲ : ਬੈਂਸ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਮੇਰੀ ਧਰਤੀ ਮੇਰਾ ਜਨੂੰਨ ਮੁਹਿੰਮ ਤਹਿਤ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਹਲਕਾ ਸ੍ਰੀ ਅਨੰਦਪੁਰ ਸਾਹਿਬ ਵਿੱਚ ਕਰੀਬ 60 ਕਰੋੜ ਰੁਪਏ ਦੀ ਲਾਗਤ ਨਾਲ ਨਵੇਂ ਪੁਲਾਂ ਦੇ ਨਿਰਮਾਣ ਦਾ ਐਲਾਨ ਕੀਤਾ ਹੈ। ਇਹ ਪ੍ਰੋਜੈਕਟ ਇਲਾਕੇ ਦੀ ਪੁਰਾਣੀ ਮੰਗ ਨੂੰ ਪੂਰਾ ਕਰੇਗਾ ਅਤੇ ਦਰਜਨਾਂ ਪਿੰਡਾਂ ਦੀ ਕਨੈਕਟੀਵਿਟੀ ਨੂੰ ਮਜ਼ਬੂਤ ਬਣਾਵੇਗਾ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਨ੍ਹਾਂ ਸਾਰੇ ਪ੍ਰੋਜੈਕਟਾਂ ਦੇ ਟੈਂਡਰ ਜਾਰੀ ਹੋ ਚੁੱਕੇ ਹਨ ਤੇ 9 ਜੁਲਾਈ ਨੂੰ ਖੋਲ੍ਹੇ ਜਾਣਗੇ, ਜਿਸ ਤੋਂ ਬਾਅਦ ਅਗਸਤ ਮਹੀਨੇ ਵਿੱਚ ਕੰਮ ਸ਼ੁਰੂ ਹੋਣ ਦੀ ਸੰਭਾਵਨਾ ਹੈ। ਪ੍ਰੋਜੈਕਟਾਂ ਦੇ ਵੇਰਵੇ ਦਿੰਦਿਆਂ ਬੈਂਸ ਨੇ ਦੱਸਿਆ ਕਿ ਚੰਦਪੁਰ ਵਿੱਚ 26 ਕਰੋੜ ਰੁਪਏ ਦੀ ਲਾਗਤ ਨਾਲ ਆਧੁਨਿਕ ਪੁਲ ਬਣਾਇਆ ਜਾਵੇਗਾ, ਜੋ ਪੁਰਾਣੇ 40-50 ਸਾਲ ਪੁਰਾਣੇ ਪੁਲ ਦਾ ਬਦਲ ਹੋਵੇਗਾ। ਇਸ ਦੇ ਨਾਲ ਹੀ ਸ਼ਾਹਪੁਰ ਬੇਲਾ ਵਿੱਚ 6 ਕਰੋੜ ਰੁਪਏ ਦੀ ਲਾਗਤ ਨਾਲ ਨਵਾਂ ਪੁਲ ਤਿਆਰ ਕੀਤਾ ਜਾਵੇਗਾ। ਨੱਕੀਆਂ ਪਿੰਡ ਵਿੱਚ 4 ਕਰੋੜ ਨਾਲ ਪੁਲ ਬਣੇਗਾ, ਜਦਕਿ ਪੀਘਬੜੀ ਵਿੱਚ 6 ਕਰੋੜ ਦੀ ਲਾਗਤ ਨਾਲ ਵੱਡਾ ਪੁਲ ਤਿਆਰ ਕੀਤਾ ਜਾਵੇਗਾ। ਗੰਭੀਰਪੁਰ ਵਿੱਚ 1 ਕਰੋੜ ਨਾਲ ਢਾਂਚਾਗਤ ਸੁਧਾਰ ਕੀਤੇ ਜਾਣਗੇ ਅਤੇ ਬੇਲਾ ਧਿਆਨੀ ਵਿੱਚ 16 ਕਰੋੜ ਨਾਲ ਨਵਾਂ ਪੁਲ ਬਣੇਗਾ ਜੋ ਇਲਾਕਿਆਂ ਨੂੰ ਸਿੱਧਾ ਜੋੜੇਗਾ।ਉਨ੍ਹਾਂ ਕਿਹਾ ਕਿ ਸੜਕਾਂ ਨੂੰ ਵੀ 18 ਫੁੱਟ ਤੱਕ ਚੌੜਾ ਕੀਤਾ ਜਾ ਰਿਹਾ ਹੈ ਤਾਂ ਜੋ ਆਵਾਜਾਈ ਸੁਗਮ ਬਣ ਸਕੇ ਅਤੇ ਪਿੰਡਾਂ ਦੇ ਲੋਕਾਂ ਨੂੰ ਸ਼ਹਿਰਾਂ ਨਾਲ ਸਿੱਧੀ ਪਹੁੰਚ ਮਿਲੇ।

## ਪੰਜਾਬ 'ਵਰਸਿਟੀ ਚੰਡੀਗੜ੍ਹ ਦੇ ਪੈਨਸ਼ਨ-ਧਾਰਕਾਂ ਨੂੰ ਬਕਾਇਆ ਰਾਸ਼ੀ ਅਦਾ ਕਰਨ ਦੀ ਮੰਗ

**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਪ੍ਰਸ਼ਾਸਨ ਵੱਲੋਂ ਯੂਨੀਵਰਸਿਟੀ ਵਿੱਚ ਕੰਮ ਕਰ ਰਹੇ ਆਪਣੇ ਟੀਚਿੰਗ ਅਤੇ ਨਾਨ-ਟੀਚਿੰਗ ਕਰਮਚਾਰੀਆਂ ਨੂੰ 2016 ਤੋਂ ਨਵੇਂ ਸੋਧੇ ਹੋਏ ਤਨਖਾਹ ਸਕੇਲਾਂ ਨਾਲ ਹੋਏ ਵਾਧੇ ਦਾ ਬਣਦਾ ਬਕਾਇਆ ਮਾਰਚ 2025 ਵਿੱਚ ਜਾਰੀ ਕਰ ਦਿੱਤਾ ਗਿਆ ਸੀ। ਦੱਸਣਯੋਗ ਹੈ ਕਿ ਪੰਜਾਬ ਯੂਨੀਵਰਸਿਟੀ ਨੇ ਆਪਣੇ ਪੈਨਸ਼ਨ- ਧਾਰਕਾਂ ਨੂੰ ਉਨ੍ਹਾਂ ਦੇ ਬਣਦੇ ਬਕਾਏ ਦੀ ਰਾਸ਼ੀ ਅਜੇ ਤੱਕ ਅਦਾ ਨਹੀਂ ਕੀਤੀ। ਪੰਜਾਬ ਯੂਨੀਵਰਸਿਟੀ ਪੈਨਸ਼ਨਰਜ਼ ਵੈਲਫੇਅਰ ਐਸੋਸ਼ੀਏਸ਼ਨ ਦੇ ਪ੍ਰਧਾਨ ਤਿਲਕ ਰਾਜ ਵਧਵਾ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਪਿਛਲੇ ਸਮੇਂ ਦੌਰਾਨ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਨੂੰ ਲਿਖੇ ਅਨੇਕਾਂ ਪੱਤਰਾਂ ਅਤੇ ਭੇਜੀਆਂ ਈਮੇਲਜ਼ ਰਾਹੀਂ ਪੈਨਸ਼ਨ-ਧਾਰਕਾਂ ਦਾ ਬਣਦਾ ਬਕਾਇਆ ਤੁਰੰਤ ਜਾਰੀ ਕਰਨ ਲਈ ਬੇਨਤੀਆਂ ਕੀਤੀਆਂ ਗਈਆਂ ਹਨ। ਉਨ੍ਹਾਂ ਅਫ਼ਸੋਸ ਜ਼ਾਹਿਰ ਕਰਦਿਆਂ ਕਿਹਾ ਕਿ ਯੂਨੀਵਰਸਿਟੀ ਪ੍ਰਸ਼ਾਸਨ ਵੱਲੋ ਇਨ੍ਹਾਂ ਪੱਤਰਾਂ ਅਤੇ ਈਮੇਲਜ਼ ਦਾ ਹਾਲ ਦੀ ਘੜੀ ਕਦੇ ਵੀ ਕੋਈ ਜਵਾਬ ਨਹੀਂ ਦਿੱਤਾ ਗਿਆ। ਉਨ੍ਹਾਂ ਅੱਗੇ ਕਿਹਾ ਕਿ ਯੂਨੀਵਰਸਿਟੀ ਦੇ ਇਸ ਵਕਤ ਲਗਭਗ ਤਿੰਨ ਹਜ਼ਾਰ ਪੈਨਸ਼ਨ-ਧਾਰਕ ਹਨ। ਇਨ੍ਹਾਂ ਪੈਨਸ਼ਨ-ਧਾਰਕਾਂ ਦੀਆਂ ਮੁਸ਼ਕਿਲਾਂ ਸੁਣਨ ਲਈ ਯੂਨੀਵਰਸਿਟੀ ਵੱਲੋਂ ਹਾਲੇ ਤੱਕ ਕੋਈ ਵੀ ਸ਼ਿਕਾਇਤ ਸੈੱਲ ਸਥਾਪਿਤ ਨਹੀਂ ਕੀਤਾ ਗਿਆ। ਉਨ੍ਹਾਂ ਯੂਨੀਵਰਸਿਟੀ ਪ੍ਰਸ਼ਾਸਨ ਨੂੰ ਸਪੱਸ਼ਟ ਲਿਖਿਆ ਹੈ ਕਿ ਇਸ ਵਿਤਕਰੇ-ਭਰਪੂਰ ਅਤੇ ਤਾਨਾਸ਼ਾਹੀ ਰਵੱਈਏ ਕਾਰਨ ਯੂਨੀਵਰਸਿਟੀ ਦੇ ਪੈਨਸ਼ਨ-ਧਾਰਕਾਂ ਦੇ ਮਨਾਂ ਅੰਦਰ ਬੇਗਾਨਗੀ ਅਤੇ ਰੋਹ ਦੀ ਭਾਵਨਾ ਪੈਦਾ ਹੋ ਗਈ ਹੈ। ਉਨ੍ਹਾਂ ਕਿਹਾ ਕਿ ਜੇਕਰ ਯੂਨੀਵਰਸਿਟੀ ਅਧਿਕਾਰੀ ਸਾਡੀਆਂ ਹੱਕੀ ਮੰਗਾਂ ਨਹੀਂ ਮੰਨਦੇ ਤਾਂ ਅਸੀਂ ਆਪਣੇ ਹੱਕ ਲੈਣ ਲਈ ਕਾਨੂੰਨੀ ਚਾਰਾਜੋਈ ਕਰਨ ਲਈ ਮਜਬੂਰ ਹੋਵਾਂਗੇ।



## ਅਰਨੌਲੀ ਵਿਖੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ



**ਮੋਰਿੰਡਾ (ਨਿਹਾਲ ਸਿੰਘ ਕਲਸੀ)** ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਪਿੰਡ ਅਰਨੌਲੀ ਵਿਖੇ ਹਰ ਸਾਲ ਦੀ ਤਰ੍ਹਾਂ ਠੰਡੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਸੁਖਵਿੰਦਰ ਸਿੰਘ ਡੋਗਰ, ਨੰਬਰਦਾਰ ਰਣਜੀਤ ਸਿੰਘ, ਸਰਪੰਚ ਨਰਾਤਾ ਸਿੰਘ, ਦੇਸ ਰਾਜ ਸਿੰਘ, ਡਾਕਟਰ ਧਰਮਿੰਦਰ ਸਿੰਘ, ਰਣਧੀਰ ਸਿੰਘ ਧੀਰਾ, ਨਿਰਮਲ ਸਿੰਘ ਨਿੰਮਾ, ਸੁਖਵਿੰਦਰ ਸਿੰਘ, ਬਿਕਰਮਜੀਤ ਸਿੰਘ ਲੈਲਾ, ਸੋਡੀ, ਮੋਨੂ ਨੂੰ ਆਦਿ ਪਿੰਡ ਨਿਵਾਸੀਆਂ ਨੇ ਸੇਵਾ ਨਿਭਾਈ।

## ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀਆਂ ਦੋ ਬੱਸਾਂ ਰਵਾਨਾ



**ਲਾਲੜੂ (ਵਿਨੈ ਕੁਮਾਰ ਜੈਨ)**- ਹਲਕਾ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਵੱਲੋਂ ਲਾਲੜੂ ਦੇ ਵਾਰਡ ਨੰਬਰ 6 ਅਤੇ 13 ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਅਧੀਨ ਸ਼ਰਧਾਲੂਆਂ ਦੀਆਂ 55ਵੀਂ ਅਤੇ 56ਵੀਂ ਬੱਸ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਬਜ਼ੁਰਗ ਸ਼ਰਧਾਲੂਆਂ ਦੇ ਚਿਹਰਿਆਂ 'ਤੇ ਖੁਸ਼ੀ, ਮਨਾਂ ਵਿੱਚ ਸ਼ਰਧਾ ਅਤੇ ਮਾਹੌਲ ਵਿੱਚ ਆਤਮਿਕ ਉਤਸ਼ਾਹ ਦੀ ਵਿਲੱਖਣ ਝਲਕ ਵੇਖਣ ਨੂੰ ਮਿਲੀ। ਸ਼ਰਧਾਲੂਆਂ ਨੇ ਪੰਜਾਬ ਸਰਕਾਰ ਵੱਲੋਂ ਮੁਫ਼ਤ ਤੀਰਥ ਯਾਤਰਾ ਦੀ ਸਹੂਲਤ ਮੁਹੱਈਆ ਕਰਵਾਉਣ ਲਈ ਧੰਨਵਾਦ ਪ੍ਰਗਟਾਇਆ।

## ਡੇਰਾ ਚੋਲੀਪੁਰ ਦਾ ਜੋੜ ਮੇਲਾ 21 ਨੂੰ



**ਅੱਡਾ ਸਰਾਂ (ਜਸਵੀਰ ਕਾਜਲ)** ਦੁਆਬੇ ਦੇ ਮੋਹਰੀ ਸੂਫੀਆਨ ਜੋੜ ਮੇਲਿਆਂ ਵਿੱਚ ਆਪਣਾ ਅਹਿਮ ਸਥਾਨ ਰੱਖਣ ਵਾਲੇ ਧੰਨ ਧੰਨ ਬਾਬਾ ਹਰਸ਼ੇਅ ,ਧੰਨ ਧੰਨ ਬਾਬਾ ਅਮੀਰ ਸ਼ਾਹ, ਧੰਨ ਧੰਨ ਬਾਬਾ ਮਿਹਰ ਸ਼ਾਹ ਦੇ ਦਰਬਾਰ ਡੇਰਾ ਚੌਲੀਪੁਰ ਦੇ ਸੂਫੀਆਨਾ ਜੋੜ ਮੇਲੇ ਪ੍ਰਤੀ ਡੇਰੇ, ਇਲਕੇ ਦੁਆਬੇ ਤੋਂ ਇਲਾਵਾ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਸਬੰਧੀ ਡੇਰੇ ਚੌਲੀਪੁਰ ਦੇ ਗੱਦੀ ਨਸ਼ੀਨ ਹਜ਼ੂਰ ਸੋਢੀ ਸ਼ਾਹ ਨੇ ਦੱਸਿਆ ਕਿ 21 ਜੂਨ ਨੂੰ ਹੋਣ ਵਾਲੇ ਜੋੜ ਮੇਲੇ ਸਬੰਧੀ ਤਿਆਰੀਆ ਜ਼ੋਰਾਂ ਨਾਲ ਚੱਲ ਰਹੀਆਂ ਹਨ। ਇਸ ਦਿਨ ਪੰਜਾਬ ਸੂਬੇ ਤੋਂ ਇਲਾਵਾ ਦੇਸ਼ ਵਿਦੇਸ਼ ਦੀਆਂ ਸੰਗਤਾਂ ਪਹੁੰਚ ਰਹੀਆਂ ਹਨ ਜੋ ਕਿ ਇਸ ਜੋੜ ਮੇਲੇ ਦੀ ਰੌਣਕ ਨੂੰ ਵਧਾਉਣਗੀਆਂ। ਸੰਗਤਾਂ ਦੇ ਸਹਿਯੋਗ ਲਈ ਡੇਰੇ ਦੇ ਸੇਵਾਦਾਰ ਡੱਟ ਕੇ ਸੇਵਾ ਕਰ ਰਹੇ ਹਨ ਤਾਂ ਜੋ ਡੇਰਾ ਚੋਲੀਪੁਰ ਵਿਖੇ ਪਹੁੰਚਣ ਵਾਲੀਆਂ ਸੰਗਤਾਂ ਨੂੰ ਕੋਈ ਦਿੱਕਤ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਇਸ ਦਿਨ ਆਰਜੀ ਬਾਜ਼ਾਰ, ਵੱਡੇ ਵੱਡੇ ਝੂਲੇ ਅਤੇ ਹੋਰ ਬਾਜ਼ਾਰ ਮੇਲੇ ਦੀ ਰੌਣਕ ਨੂੰ ਵਧਾਉਣਗੇ। ਇਸ ਦਿਨ ਉੱਚ ਕੋਟੀ ਦੇ ਸੂਫੀ ਕਲਾਕਾਰ ਪਹੁੰਚ ਕੇ ਸੰਗਤਾਂ ਦੇ ਰੂਬਰੂ ਹੋ ਕੇ ਬਾਬਾ ਜੀ ਦੇ ਦਰਬਾਰ ਨਾਲ ਸੰਗਤਾਂ ਜੋੜਨਗੇ। 20 ਜੂਨ ਨੂੰ ਡੇਰਾ ਚੋਲੀਪੁਰ ਵਿਖੇ ਝੰਡੇ ਅਤੇ ਚਾਦਰ ਦੀ ਰਸਮ ਅਦਾ ਕੀਤੀ ਜਾਵੇਗੀ ਅਤੇ ਸ਼ਾਮ ਨੂੰ ਇੱਕ ਵਿਸ਼ੇਸ਼ ਮਹਿਫਲ ਮਹਿਫਲੇ ਕਵਾਲੀ ਦਾ ਆਯੋਜਨ ਕੀਤਾ ਜਾਵੇਗਾ।

## ਬੇਰੁਜ਼ਗਾਰ ਨੌਜਵਾਨਾਂ 'ਤੇ ਲਾਠੀਚਾਰਜ ਦੀ ਨਿੰਦਾ

**ਕਪੂਰਥਲਾ (ਮਨਜੀਤ ਮਾਨ)**- ਪਾਵਰ ਕਾਮ ਪੈਨਸ਼ਨਰ ਐਸੋਸੀਏਸ਼ਨ ਦੇ ਸ਼ਹਿਰੀ ਮੰਡਲ ਕਪੂਰਥਲਾ ਕਮੇਟੀ ਦੇ ਪ੍ਰਧਾਨ ਰੇਸ਼ਮ ਸਿੰਘ ਮਾਨ ਪ੍ਰੈੱਸ ਦੇ ਨਾਂਅ ਇਕ ਲਿਖਤੀ ਬਿਆਨ ਜਾਰੀ ਕਰਦਿਆਂ ਕਿਹਾ ਕਿ ਬੀਤੇ ਦਿਨ ਪਟਿਆਲਾ 'ਚ ਪਾਵਰ ਕਾਮ ਦੇ ਮੁੱਖ ਦਫਤਰ ਦੇ ਬਾਹਰ ਬੇਰੁਜ਼ਗਾਰ ਨੌਜਵਾਨ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਸੀ ਜਿਸ ਉੱਪਰ ਪੰਜਾਬ ਪੁਲਿਸ ਵੱਲੋਂ 2600 ਪ੍ਰੈਕਟਿਸਿਪ ਯੂਨੀਅਨ ਦੇ ਨੌਜਵਾਨਾਂ ਤੇ ਲਾਠੀ ਚਾਰਜ ਕੀਤਾ ਗਿਆ ਜਿਸ ਦੀ ਉਹ ਕਰੜੇ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਪ੍ਰਧਾਨ ਰੇਸ਼ਮ ਸਿੰਘ ਮਾਨ ਨੇ ਕਿਹਾ ਕਿ ਤਸ਼ੱਦਦ ਨਾਲ ਨਾਲ ਨਹੀਂ ਗੱਲਬਾਤ ਰਾਹੀਂ ਵੀ ਮਸਲਾ ਹੱਲ ਕੀਤਾ ਜਾ ਸਕਦਾ ਹੈ। ਰੇਸ਼ਮ ਸਿੰਘ ਮਾਨ ਨੇ ਦੱਸਿਆ ਕਿ ਇੱਕ ਜੂਨ ਤੋਂ ਆਪਣੀਆਂ ਹੱਕੀ ਮੰਗਾਂ ਦੇ ਚਲਦੇ ਨੌਜਵਾਨਾਂ ਵੱਲੋਂ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਸੀ ਯੂਨੀਅਨ ਦਾ ਇਲਜ਼ਾਮ ਹੈ ਕਿ ਪਿਛਲੇ ਕਈ ਦਿਨਾਂ ਤੋਂ ਪਾਵਰ ਕਾਮ ਮੈਨੇਜਮੈਂਟ ਨਾਲ ਲਗਾਤਾਰ ਮੀਟਿੰਗਾਂ ਹੋ ਰਹੀਆਂ ਹਨ ਪਰ ਕੋਈ ਸਾਰਥਕ ਹੱਲ ਨਹੀਂ ਨਿਕਲਿਆ ਵਿਰੋਧ ਪ੍ਰਦਰਸ਼ਨ ਦੌਰਾਨ ਪੁਲਿਸ ਨੇ ਨੌਜਵਾਨਾਂ ਤੇ ਲਾਠੀ ਚਾਰਜ ਕਰਦਿਆਂ ਔਰਤਾਂ ਨੂੰ ਡੰਡਿਆਂ ਨਾਲ ਮਾਰਦੇ ਵੀ ਦੇਖਿਆ ਗਿਆ ਜੋ ਕਿ ਬਹੁਤ ਹੀ ਨਿੰਦਣਯੋਗ ਹੈ। ਉਹਨਾਂ ਨੇ ਕਿਹਾ ਕਿ ਸਰਕਾਰ ਨੂੰ ਬੇਰੁਜ਼ਗਾਰਾਂ ਨਾਲ ਗੱਲਬਾਤ ਕਰਕੇ ਉਹਨਾਂ ਦਾ ਸਹੀ ਹੱਲ ਕੱਢਿਆ ਜਾਵੇ।



## ਐੱਸ ਆਈ ਆਰ ਕੋ-ਆਰਡੀਨੇਟਰ ਵੱਲੋਂ ਕਾਂਗਰਸੀ ਵਰਕਰਾਂ ਨਾਲ ਮੀਟਿੰਗ

**ਬਲਾਚੌਰ (ਜਸਵਿੰਦਰ ਬੈਂਸ)**- ਬੀਤੇ ਦਿਨੀ ਐੱਸ ਆਈ ਆਰ ਨਾਲ ਸੰਬੰਧਿਤ ਕਾਂਗਰਸ ਦਫਤਰ ਵਿਖੇ ਇੱਕ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੀ ਅਗਵਾਈ ਕਰਦਿਆਂ ਵਿਕਾਸ ਸੰਗਰ ਐੱਸ ਆਈ ਆਰ ਕੋ-ਆਰਡੀਨੇਟਰ ਵੱਲੋਂ ਸਾਰੇ ਹੀ ਕਾਂਗਰਸੀ ਸਾਥੀਆਂ ਨੂੰ ਉਨ੍ਹਾਂ ਦੀਆਂ ਡਿਊਟੀਆਂ ਤੋਂ ਜਾਣੂ ਕਰਾਇਆ ਗਿਆ।



ਇਸ ਉਪਰੰਤ ਅੰਮ੍ਰਿਤਪਾਲ ਭੋਸਲੇ ਵੱਲੋਂ ਵਿਸਥਾਰ ਪੂਰਵਕ ਐੱਸ ਆਈ ਆਰ ਬਾਰੇ ਸਮਝਾਇਆ ਗਿਆ ਅਤੇ ਇਸ ਦੀ ਮੱਹਤਤਾ ਬਾਰੇ ਦੱਸਿਆ ਗਿਆ। ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਵੱਲੋਂ ਆਪਣੇ ਸਾਰੇ ਹੀ ਸਾਥੀਆਂ ਨੂੰ ਭਵਿੱਖ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਦੀਆਂ ਚੋਣਾਂ ਸੰਬੰਧੀ ਮਿਹਨਤ ਕਰਨ ਲਈ ਪ੍ਰੇਰਿਆ ਗਿਆ।

ਜਿਸ ਤੇ ਸਾਰੇ ਹੀ ਸਾਥੀਆਂ ਵੱਲੋਂ ਹੱਥ ਖੜੇ ਕਰ ਉਨ੍ਹਾਂ ਨੂੰ ਮਨਜ਼ੂਰੀ ਅਤੇ ਆਸ਼ਵਾਸਨ ਦਿੱਤਾ ਗਿਆ ਕਿ ਕਾਂਗਰਸ ਪਾਰਟੀ ਦਾ ਹਰ ਇੱਕ ਵਰਕਰ ਅਜੇ ਮੰਗੂਪੁਰ ਅਤੇ ਕਾਂਗਰਸ ਪਾਰਟੀ ਲਈ ਦਿਨ-ਰਾਤ ਇੱਕ ਕਰ ਦੇਵੇਗਾ। ਇਸ ਮੀਟਿੰਗ ਉਪਰੰਤ ਐੱਸ ਆਈ ਆਰ ਨਾਲ ਸੰਬੰਧਿਤ ਇੱਕ ਪ੍ਰੈਸ ਕਾਨਫਰੰਸ ਵੀ ਕੀਤੀ ਗਈ ਜਿਸ ਵਿੱਚ ਐੱਸ ਆਈ ਆਰ ਬਾਰੇ ਤੱਥਾਂ ਨੂੰ ਜਨਤਕ ਕੀਤਾ ਗਿਆ।

ਇਸ ਮੌਕੇ ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ, ਵਿਕਾਸ ਸੰਗਰ ਐੱਸ ਆਈ ਆਰ ਕੋ-ਆਰਡੀਨੇਟਰ, ਅੰਮ੍ਰਿਤਪਾਲ ਭੋਸਲੇ, ਮੋਹਨ ਲਾਲ ਸੰਧੂ ਬਲਾਕ ਪ੍ਰਧਾਨ ਬਲਾਚੌਰ, ਤਿਲਕ ਰਾਜ ਸੂਦ ਬਲਾਕ ਪ੍ਰਧਾਨ ਸੜੋਆ, ਧਰਮਪਾਲ ਸਾਬਕਾ ਚੇਅਰਮੈਨ, ਨਾਨਕ ਸਿੰਘ ਜੰਡੀ ਚੇਅਰਮੈਨ ਬਲਾਕ ਸੰਮਤੀ ਬਲਾਚੌਰ, ਪ੍ਰੇਮ ਕੁਮਾਰ ਚੇਅਰਮੈਨ ਜਵਾਹਰ ਬਾਲ ਮੰਚ, ਰਾਜਿੰਦਰ ਸਿੰਘ ਸ਼ਿੰਦੀ ਦਫਤਰ ਸੱਕਤਰ ਡੀ ਸੀ ਸੀ, ਸੁਰਿੰਦਰ ਸ਼ਿੰਦਾ ਬੁਲਾਰਾ ਡੀ ਸੀ ਸੀ ਤੇ ਕਾਂਗਰਸ ਪਾਰਟੀ ਦੇ ਮਿਹਨਤੀ ਵਰਕਰ ਹਾਜ਼ਰ ਸਨ।

## ਗੁਰਦਿਆਲ ਸਿੰਘ ਹੋਠੀ ਨੂੰ ਸ਼ਰਧਾ ਦੇ ਫੁੱਲ ਕੀਤੇ ਭੇਟ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਗਾਇਕ ਗੈਰੀ ਹੋਠੀ, ਹਰਨੇਕ ਸਿੰਘ ਹੋਠੀ ਦੇ ਪਿਤਾ ਗੁਰਦਿਆਲ ਸਿੰਘ ਹੋਠੀ ਜੋ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦਾ ਭੋਗ ਤੇ ਅੰਤਿਮ ਅਰਦਾਸ ਪਿੰਡ ਪੱਬਵਾ ਨੇੜੇ ਨੂਰਮਹਿਲ ਵਿਖੇ ਹੋਈ। ਇਸ ਮੌਕੇ ਭਾਈ ਸਾਹਿਬ ਭਾਈ ਦਵਿੰਦਰ ਸਿੰਘ ਸੋਢੀ ਲੁਧਿਆਣਾ ਵਾਲਿਆਂ ਵੱਲੋਂ ਸ਼ੋਕ ਤੇ ਵੈਰਾਗਮਈ ਕੀਰਤਨ ਕੀਤਾ ਗਿਆ। ਇਸ ਮੌਕੇ ਗਾਇਕ ਦੁਰਗਾ ਰੰਗੀਲਾ, ਸਰਪੰਚ ਅਵਤਾਰ ਸਿੰਘ, ਸੀਨੀਅਰ ਆਗੂ ਹੰਸ ਰਾਜ ਪੱਬਵਾ , ਭਜਨ ਲਾਲ, ਸੋਮਪਾਲ ਸਿੰਘ ਪੰਚ , ਭਜਨ ਦਾਸ, ਬਲਰਾਜ ਸਿੰਘ ਲੰਬੜਦਾਰ, ਨਿਰਮਲ ਸਿੰਘ ਤੇ ਹੋਰ ਵੱਖ ਵੱਖ ਸਮਾਜ ਸੇਵਕ ਅਤੇ ਧਾਰਮਿਕ ਜਥੇਬੰਦੀਆਂ ਦੇ ਆਗੂਆਂ ਸਮੇਤ ਅਨੇਕਾਂ ਗਾਇਕਾਂ, ਰਾਜਨੀਤੀ, ਧਾਰਮਿਕ ਸਮਾਜਿਕ ਸ਼ਖ਼ਸੀਅਤਾਂ, ਇਲਾਕੇ ਦੀਆਂ ਪ੍ਰਮੁੱਖ ਹਸਤੀਆਂ ਦੇ ਨਾਲ ਨਾਲ ਸਮੂਹ ਪਿੰਡ ਵਾਸੀਆਂ ਨੇ ਸ਼ਿਰਕਤ ਕਰਕੇ ਗੁਰਦਿਆਲ ਸਿੰਘ ਹੋਠੀ ਨੂੰ ਆਪਣੇ ਸ਼ਰਧਾ ਦੇ ਫੁੱਲ ਭੇਟ ਕੀਤੇ।



## ਗੁਰਦੁਆਰਾ ਬਾਬਾ ਬਿਸ਼ਨ ਸਿੰਘ ਵਿਖੇ ਦੁਮਾਲੇ ਤੇ ਦਸਤਾਰ ਸਿਖਲਾਈ ਕੈਂਪ ਸੰਪੰਨ

**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਕੰਧਾਲਾ ਜੱਟਾਂ ਵਿਖੇ ਸਥਿਤ ਅਸਥਾਨ ਗੁਰਦੁਆਰਾ ਧੰਨ ਧੰਨ ਬਾਬਾ ਬਿਸ਼ਨ ਸਿੰਘ ਜੀ ਪ੍ਰਬੰਧਕ ਕਮੇਟੀ ਨਗਰ ਨਿਵਾਸੀ ਅਤੇ ਐੱਨ ਆਰ ਆਈ ਵੀਰਾਂ ਦੇ ਸਹਿਯੋਗ ਦੁਮਾਲਾ ਅਤੇ ਦਸਤਾਰ ਸਿਖਲਾਈ ਕੈਂਪ ਲਗਾਇਆ ਗਿਆ। ਪ੍ਰਬੰਧਕ ਨੇ ਦੱਸਿਆ ਕਿ ਇਹ ਕੈਂਪ 3 ਜੂਨ ਤੋਂ ਆਰੰਭ ਹੋਇਆ ਸੀ ਅੱਜ ਸੰਪੂਰਨਤਾ ਹੋਈ ਹੈ। ਕੈਂਪ ਵਿੱਚ 41 ਬੱਚਿਆਂ ਨੇ ਹਿੱਸਾ ਲਿਆ। ਬੱਚਿਆਂ ਦਾ ਦੁਮਾਲਾ ਅਤੇ ਦਸਤਾਰ ਦੇ ਤਿੰਨ ਗਰੁੱਪਾਂ ਵਿੱਚ ਮੁਕਾਬਲੇ ਕਰਵਾਏ ਗਏ। ਤਿੰਨਾਂ ਗਰੁੱਪਾਂ ਦੇ ਪਹਿਲਾ, ਦੂਸਰਾ ਅਤੇ ਤੀਸਰਾ ਸਥਾਨ ਪ੍ਰਾਪਤ ਕਰਨ ਵਾਲਿਆਂ ਨੂੰ ਟਰੌਫੀ ਅਤੇ ਸਮਾਰਟ ਘੜੀਆਂ ਦੇ ਕੇ ਸਨਮਾਨਤ ਕੀਤਾ ਗਿਆ। ਕੈਂਪ ਵਿੱਚ ਦੁਮਾਲੇ ਮੁਕਾਬਲੇ ਵਿੱਚ ਮਨਪ੍ਰੀਤ ਕੌਰ ਪਹਿਲਾ ਸਥਾਨ, ਹਰਸਿਮਰਨ ਕੌਰ ਦੂਸਰਾ ਅਤੇ ਜਵਗੜ੍ਹ ਸਿੰਘ ਨੇ ਤੀਸਰਾ। ਏਸੇ ਤਰਾਂ 12 ਸਾਲ ਤੋਂ ਘੱਟ ਉਮਰ ਵਾਲੇ ਬੱਚਿਆਂ ਦੇ ਦਸਤਾਰ ਮੁਕਾਬਲੇ 'ਚ ਪ੍ਰਭਨੂਰ ਸਿੰਘ ਪਹਿਲਾ ਸਥਾਨ , ਹਰਨੂਰ ਸਿੰਘ ਦੂਸਰਾ, ਹਰਜੋਤ ਸਿੰਘ ਨੇ ਤੀਸਰਾ ਸਥਾਨ ਅਤੇ 12 ਸਾਲ ਤੋ ਉੱਪਰ ਉਮਰ ਵਾਲੇ ਬੱਚਿਆਂ ਦੇ ਦਸਤਾਰ ਮੁਕਾਬਲੇ ਵਿਚ ਅਰਜਨਵੀਰ ਸਿੰਘ ਨੇ ਪਹਿਲਾ ਸਥਾਨ , ਮਨਰਾਜ ਸਿੰਘ ਨੇ ਦੂਸਰਾ ਅਤੇ ਤਲਪ੍ਰੀਤ ਸਿੰਘ ਨੇ ਤੀਸਰਾ ਸਥਾਨ ਪ੍ਰਾਪਤ ਕੀਤਾ ਅਤੇ ਇਨਾਮ ਪ੍ਰਾਪਤ ਕੀਤੇ ਅਤੇ ਹੋਰ ਬੱਚਿਆਂ ਨੂੰ ਵਿਸ਼ੇਸ਼ ਸਨਮਾਨ ਟਰੌਫੀਆ ਦਿੱਤੀਆਂ ਗਈਆਂ। ਇਸ ਮੌਕੇ ਚਾਹ, ਸਮੋਸੇ ਅਤੇ ਫਲਾਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਅੰਮ੍ਰਿਤਪਾਲ ਸਿੰਘ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਕੈਪਟਨ ਸੁਰਿੰਦਰ ਸਿੰਘ ਸੀ ਏ, ਮਨਜੀਤ ਸਿੰਘ ਖਜਾਨਚੀ, ਤਜਿੰਦਰ ਸਿੰਘ ਬਿੱਲਾ ਉੱਪ ਖਜਾਨਚੀ, ਸੁਖਨਿੰਦਰ ਸਿੰਘ, ਇੰਦਰਜੀਤ ਸਿੰਘ, ਦਰਸ਼ਨ ਸਿੰਘ, ਗੁਰਮੇਲ ਸਿੰਘ, ਬਲਸਾਹਿਬ ਸਿੰਘ, ਤਨਵਪ੍ਰੀਤ ਸਿੰਘ, ਹੈਡ ਗ੍ਰੰਥੀ ਰਣਜੀਤ ਸਿੰਘ, ਗ੍ਰੰਥੀ ਦਾਨ ਸਿੰਘ, ਗਿਆਨੀ ਗੁਰਮੁੱਖ ਸਿੰਘ,ਦਾਤਾਰ ਸਿੰਘ, ਗੁਰਸਿਮਰਨ ਸਿੰਘ,ਕਲਵਿੰਦਰ ਸਿੰਘ, ਦਲਜੀਤ ਸਿੰਘ, ਦਸਤਾਰ ਕੋਚ ਦਿਲਪ੍ਰੀਤ ਸਿੰਘ ਬੁਲੋਵਾਲ ਆਦਿ ਹਾਜ਼ਰ ਸਨ।



## ਵਿੱਤ ਮੰਤਰੀ ਵੱਲੋਂ ਸਿਹਤ ਵਿਭਾਗ ਨੂੰ ਆਸ਼ਾ ਵਰਕਰਾਂ ਲਈ ਬੀਮਾ ਕਵਰ ਯਕੀਨੀ ਬਣਾਉਣ ਦੇ ਨਿਰਦੇਸ਼

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵੱਖ-ਵੱਖ ਵਿਭਾਗਾਂ ਦੀਆਂ ਕਰਮਚਾਰੀ ਯੂਨੀਅਨਾਂ ਨਾਲ ਉਨ੍ਹਾਂ ਦੀਆਂ ਸ਼ਿਕਾਇਤਾਂ ਬਾਰੇ ਚਰਚਾ ਕਰਨ ਤੇ ਉਨ੍ਹਾਂ ਦੇ ਮੁੱਦਿਆਂ ਦੇ ਠੋਸ ਹੱਲ ਲੱਭਣ ਲਈ ਵੱਖ-ਵੱਖ ਮੀਟਿੰਗਾਂ ਕੀਤੀਆਂ।ਇਹਨਾਂ ਮੀਟਿੰਗਾਂ ਵਿੱਚ ਵੈਟਰਨਰੀ ਫਾਰਮਾਸਿਸਟ ਐਕਸ਼ਨ ਕਮੇਟੀ, ਓਵਰਏਜ ਬੇਰੋਜ਼ਗਾਰ ਯੂਨੀਅਨ, ਆਦਰਸ਼ ਸਕੂਲ ਟੀਚਿੰਗ ਐਂਡ ਨਾਨ-ਟੀਚਿੰਗ ਐਸੋਸੀਏਸ਼ਨ, ਪੰਜਾਬ ਏਡਜ਼ ਕੰਟਰੋਲ ਇੰਪਲਾਈਜ਼ ਵੈਲਫੇਅਰ ਐਸੋਸੀਏਸ਼ਨ ਅਤੇ ਆਸ਼ਾ ਵਰਕਰ ਅਤੇ ਆਸ਼ਾ ਫੈਸੀਲੀਟੇਟਰ ਯੂਨੀਅਨ ਦੇ ਵਫ਼ਦ ਨਾਲ ਵਿਚਾਰ ਚਰਚਾ ਕੀਤੀ ਗਈ।ਪੰਜਾਬ ਸਰਕਾਰ ਦੀ ਮੁਲਾਜ਼ਮਾਂ ਪ੍ਰਤੀ ਸਕਾਰਾਤਮਕ ਰਵਈਏ ਬਾਰੇ ਕਰਮਚਾਰੀ ਯੂਨੀਅਨਾਂ ਨੂੰ ਭਰੋਸਾ ਦਿੰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਰਮਚਾਰੀਆਂ ਦੇ ਜਾਇਜ਼ ਮੁੱਦਿਆਂ ਨੂੰ ਰਚਨਾਤਮਕ ਢੰਗ ਨਾਲ ਹੱਲ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਸਾਰੀਆਂ ਜਾਇਜ਼ ਮੰਗਾਂ ਦਾ ਪਹਿਲ ਦੇ ਆਧਾਰ 'ਤੇ ਨਿਰੀਖਣ ਕਰਦਿਆਂ ਇਹਨਾਂ ਦੇ ਹੱਲ ਲਈ ਪ੍ਰਕਿਰਿਆ ਵਿੱਚ ਤੇਜ਼ੀ ਲਿਆਂਦੀ ਜਾਵੇਗੀ। ਆਸ਼ਾ ਵਰਕਰ ਅਤੇ ਆਸ਼ਾ ਫੈਸੀਲੀਟੇਟਰ ਯੂਨੀਅਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ, ਵਿੱਤ ਮੰਤਰੀ ਨੇ ਸਿਹਤ ਅਤੇ ਪਰਵਾਰ ਭਲਾਈ ਵਿਭਾਗ ਨੂੰ ਆਸ਼ਾ ਵਰਕਰਾਂ ਲਈ ਸਿਹਤ ਅਤੇ ਜੀਵਨ ਬੀਮਾ ਕਵਰੇਜ ਪ੍ਰਦਾਨ ਕਰਨ ਵਾਸਤੇ ਇੱਕ ਵਿਆਪਕ ਢਾਂਚਾ ਤਿਆਰ ਕਰਨ ਦੇ ਨਿਰਦੇਸ਼ ਵੀ ਦਿੱਤੇ ਤਾਂ ਜੋ ਉਨ੍ਹਾਂ ਦੀ ਸਮਾਜਿਕ ਸੁਰੱਖਿਆ ਅਤੇ ਭਲਾਈ ਨੂੰ ਯਕੀਨੀ ਬਣਾਇਆ ਜਾ ਸਕੇ। ਕਰਮਚਾਰੀ ਯੂਨੀਅਨਾਂ ਵੱਲੋਂ ਸੌਂਪੇ ਗਏ ਮੰਗ ਪੱਤਰਾਂ ਦੀ ਸਮੀਖਿਆ ਕਰਦਿਆਂ ਹਰਪਾਲ ਸਿੰਘ ਚੀਮਾ ਨੇ ਲੰਬੇ ਸਮੇਂ ਤੋਂ ਸੇਵਾ ਨਿਭਾ ਰਹੇ ਠੇਕਾ ਅਧਾਰਤ ਅਤੇ ਅਸਥਾਈ ਕਰਮਚਾਰੀਆਂ ਨੂੰ ਰੈਗੂਲਰ ਕਰਨ, ਆਉਣ ਵਾਲੀਆਂ ਮਾਸਟਰ ਕਾਡਰ ਦੀਆਂ ਭਰਤੀਆਂ ਲਈ ਉਮਰ ਵਿੱਚ ਛੋਟ, ਤਨਖਾਹ ਵਿੱਚ ਸੋਧ, ਪਾਰਦਰਸ਼ੀ ਢੰਗ ਨਾਲ ਤਬਾਦਲਾ ਅਤੇ ਸੇਵਾ ਨੀਤੀਆਂ ਅਤੇ ਭਲਾਈ ਲਾਭਾਂ ਦੀ ਬਹਾਲੀ ਨਾਲ ਸਬੰਧਤ ਮੁੱਦਿਆਂ ਨੂੰ ਗੰਭੀਰਤਾ ਨਾਲ ਸੁਣਿਆ। ਵਿਆਪਕ ਵਿਚਾਰ-ਵਟਾਂਦਰੇ ਉਪਰੰਤ, ਉਨ੍ਹਾਂ ਨੇ ਸਬੰਧਤ ਪ੍ਰਸ਼ਾਸਨਿਕ ਵਿਭਾਗਾਂ ਨੂੰ ਯੂਨੀਅਨ ਦੀਆਂ ਸਾਰੀਆਂ ਜਾਇਜ਼ ਮੰਗਾਂ ਦਾ ਜਲਦ ਤੋਂ ਜਲਦ ਨਿਪਟਾਰਾ ਕਰਨ ਦੇ ਨਿਰਦੇਸ਼ ਦਿੱਤੇ।



## ਫਗਵਾੜਾ ਵਿਖੇ ਬੇਗਮਪੁਰਾ ਖਾਲਸਾ ਕਾਨਫਰੰਸ ਭਲਕੇ

**ਫਗਵਾੜਾ (ਜਸਵਿੰਦਰ ਢੱਡਾ)**- ਸ਼੍ਰੋਮਣੀ ਅਕਾਲੀਦਲ ਅੰਮ੍ਰਿਤਸਰ ਦੇ ਕੇਂਦਰੀ ਵਰਕਿੰਗ ਕਮੇਟੀ ਮੈਂਬਰ ਜੱਥੇ, ਗੁਰਦਿਆਲ ਸਿੰਘ ਮਾਨਾਂਵਾਲੀ, ਸ਼ਹਿਰੀ ਪ੍ਰਧਾਨ ਜੱਥੇ ਰੇਸ਼ਮ ਸਿੰਘ ਪੱਪੀ, ਦਿਹਾਤੀ ਪ੍ਰਧਾਨ ਜੱਥੇ, ਸੁੱਚਾ ਸਿੰਘ ਬਿਸ਼ਨਪੁਰ, ਯੂਥ ਪ੍ਰਧਾਨ ਜੱਥੇ, ਕੁਲਦੀਪ ਸਿੰਘ ਨੂਰ, ਜੱਥੇ ਗੁਰਚਰਨ ਸਿੰਘ ਖਾਲਸਾ, ਗਿਆਨ ਸਿੰਘ ਕੁਲਥਮ ਨੇ ਪ੍ਰੈਸ ਨੂੰ ਜਾਰੀ ਬਿਆਨ ਵਿੱਚ ਦੱਸਿਆ ਕਿ ਸ਼੍ਰੋਮਣੀ ਅਕਾਲੀਦਲ ਅੰਮ੍ਰਿਤਸਰ ਤੇ ਦਲਿਤ ਜੱਥੇਬੰਦੀ ਜੈ ਭੀਮ ਯੂਨਾਈਟਡ ਵੁਆਇਸ ਆਫ ਪੰਜਾਬ ਵਲੋਂ 13 ਜੂਨ ਨੂੰ ਫਗਵਾੜਾ ਵਿਖੇ ਬੇਗਮਪੁਰਾ ਪੰਥਕ ਇਕੱਠ ਕਾਨਫਰੰਸ ਸਥਾਨਕ ਦਾਣਾ ਮੰਡੀ ਵਿਖੇ ਕੀਤੀ ਜਾ ਰਹੀ ਹੈ, ਜਿਸ ਵਿਚ ਪਾਰਟੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ, ਪਾਰਟੀ ਦੇ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ ਪਹੁੰਚ ਰਹੇ ਹਨ। ਆਗੂਆਂ ਵਲੋਂ ਦਲਿਤਾਂ ਤੇ ਸਿੱਖ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਬਣਾਉਣ ਲਈ ਬੇਗਮਪੁਰਾ ਖਾਲਸਾ ਲਹਿਰ ਦੀ ਸ਼ੁਰੂਆਤ ਕੀਤੀ ਜਾਵੇਗੀ। ਆਗੂਆਂ ਨੇ ਇਲਾਕੇ ਦੀਆਂ ਸਮੂੰਹ ਦਲਿਤ ਜੱਥੇਬੰਦੀਆ ਸੰਸਥਾਵਾਂ, ਸਮੂੰਹ ਸਿੱਖ ਜੱਥੇਬੰਦੀਆ ਸੰਸਥਾਵਾਂ ਤੇ ਸੰਗਤਾਂ ਨੂੰ ਵੱਡੀ ਗਿਣਤੀ ਵਿਚ ਹਾਜ਼ਰੀਆਂ ਭਰਨ ਦੀ ਬੇਨਤੀ ਕੀਤੀ।

## ਜਨਮ ਦਿਨ ਮੁਬਾਰਕ



ਗੁਰਸੰਗਮਜੋਤ ਸਿੰਘ
ਨੱਥੂ ਖੈਹਿਰਾ



ਯੁਵਰਾਜ ਸਿੰਘ
ਖੋਸਾ ਪਾਂਡੋ